ਬੁੱਧਵਾਰ, 12 ਅਗਸਤ, 2026
28 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 72

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 12 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12

# ਭੱਜੀ ਪੰਜਾਬ ਨੂੰ ਬਦਨਾਮ ਕਰ ਰਿਹੈ : ਚੀਮਾ, ਪੰਨੂ

## ਅਕਾਵਾਂ ਨੂੰ ਖ਼ੁਸ਼ ਕਰਨ ਲਈ ਰਾਜਸਥਾਨ ਦੇ ਨਸ਼ੇੜੀਆਂ ਦੀ ਵੀਡੀਓ ਵਾਇਰਲ ਕੀਤੀ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

ਕ੍ਰਿਕਟਰ ਤੋਂ ਸਿਆਸਤ ਵਿੱਚ ਆਏ ਰਾਜ ਸਭਾ ਮੈਂਬਰ ਹਰਭਜਨ ਸਿੰਘ ਵੱਲੋਂ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਐਕਸ' 'ਤੇ ਨਸ਼ੇ ਦੀ ਹਾਲਤ ਵਿੱਚ ਧੁੱਤ ਦੋ ਨੌਜਵਾਨਾਂ ਦੀ ਵੀਡੀਓ ਸਾਂਝੀ ਕਰਦਿਆਂ ਪੰਜਾਬ ਸਰਕਾਰ ਨੂੰ ਘੇਰਨ ਦੀ ਕੋਸ਼ਿਸ਼ ਕੀਤੀ ਗਈ, ਜਿਸ 'ਤੇ ਪੰਜਾਬ ਪੁਲਸ ਨੇ ਤੁਰੰਤ ਵੱਡਾ ਪਲਟਵਾਰ ਕੀਤਾ ਹੈ। ਪੰਜਾਬ ਪੁਲਸ ਨੇ ਹਰਭਜਨ ਸਿੰਘ ਦੇ ਦਾਅਵਿਆਂ ਦਾ ਖੰਡਨ ਕਰਦਿਆਂ ਉਨ੍ਹਾਂ ਨੂੰ ਕੋਈ ਵੀ ਸਮੱਗਰੀ ਸਾਂਝੀ ਕਰਨ ਤੋਂ ਪਹਿਲਾਂ ਤੱਥਾਂ ਦੀ ਜਾਂਚ ਕਰਨ ਦੀ ਸਲਾਹ ਦਿੱਤੀ ਹੈ। ਹਰਭਜਨ ਸਿੰਘ ਨੇ ਵੀਡੀਓ ਪੋਸਟ ਕਰਦਿਆਂ ਲਿਖਿਆ ਸੀ, "ਨਜ਼ਰ ਲੱਗ ਗਈ ਯਾਰ ਸਾਡੇ ਪੰਜਾਬ ਨੂੰ... ਸਰਕਾਰਾਂ ਨੇ ਕੀ ਹਾਲ ਬਣਾ ਦਿੱਤਾ ਪੰਜਾਬ ਦਾ ਤੇ ਪੰਜਾਬੀ ਨੌਜਵਾਨਾਂ ਦਾ। ਰੋਣਾ ਆਉਂਦਾ ਏ ਇਹ ਸਭ ਦੇਖ ਕੇ। ਬਖ਼ਸ਼ ਦਿਓ ਮੇਰੇ ਪੰਜਾਬ ਨੂੰ ਮਾਫ਼ ਕਰੋ ਪੰਜਾਬ ਨੂੰ। ਕਿੱਥੇ ਲੈ ਆਏ ਓ ਪੰਜਾਬ ਨੂੰ? ਜਿਹੜਾ ਪੰਜਾਬ ਕਦੇ ਚੜ੍ਹਦੀ ਕਲਾ, ਹਿੰਮਤ ਤੇ ਬਹਾਦਰੀ ਲਈ ਜਾਣਿਆ ਜਾਂਦਾ ਸੀ, ਅੱਜ ਉਸੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਨੇ ਘੇਰ ਲਿਆ ਏ। ਹਾਲੇ ਵੀ ਵੇਲਾ ਹੈ-ਮੇਰੇ ਪੰਜਾਬ ਨੂੰ ਬਚਾ ਲਓ। ਇਹ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਗਈ, ਜਿਸ ਤੋਂ ਬਾਅਦ ਕਈ ਵਰਤੋਂਕਾਰਾਂ ਨੇ ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਸਰਕਾਰ ਅਤੇ ਪੰਜਾਬ ਪੁਲਸ 'ਤੇ ਨਸ਼ਿਆਂ ਦੀ ਰੋਕਥਾਮ ਵਿੱਚ ਅਸਫ਼ਲ ਰਹਿਣ ਦੇ ਦੋਸ਼ ਲਗਾਉਣੇ ਸ਼ੁਰੂ ਕਰ ਦਿੱਤੇ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਜਦੋਂ ਪੰਜਾਬ ਪੁਲਸ ਨੇ ਜਾਂਚ ਕੀਤੀ ਤਾਂ ਸਾਹਮਣੇ ਆਇਆ ਕਿ ਵਾਇਰਲ ਹੋ ਰਹੀ ਵੀਡੀਓ ਪੰਜਾਬ ਦੀ ਨਹੀਂ, ਸਗੋਂ ਗੁਆਂਢੀ ਰਾਜ ਰਾਜਸਥਾਨ ਦੇ ਸ੍ਰੀ ਗੰਗਾਨਗਰ ਦੀ ਹੈ। ਪੰਜਾਬ ਪੁਲਸ ਨੇ ਹਰਭਜਨ ਸਿੰਘ ਨੂੰ ਟੈਗ ਕਰਦਿਆਂ ਲਿਖਿਆ, "ਜੋ ਵੀਡੀਓ ਸਾਂਝੀ ਕੀਤੀ ਜਾ ਰਹੀ ਹੈ, ਉਹ ਰਾਜਸਥਾਨ ਦੇ ਸ੍ਰੀ ਗੰਗਾਨਗਰ ਦੀ ਹੈ, ਪੰਜਾਬ ਦੀ ਨਹੀਂ। ਇਸ ਦਾ ਪੰਜਾਬ ਪੁਲਸ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਵੀਡੀਓ ਉੱਪਰ ਪੰਜਾਬੀ ਆਡੀਓ ਟਰੈਕ ਲਗਾ ਦੇਣ ਨਾਲ ਕੋਈ ਘਟਨਾ ਪੰਜਾਬ ਦੀ ਨਹੀਂ ਬਣ ਜਾਂਦੀ। ਅਸੀਂ ਸੋਸ਼ਲ ਮੀਡੀਆ ਵਰਤੋਂਕਾਰਾਂ ਨੂੰ ਅਪੀਲ ਕਰਦੇ



ਹਾਂ ਕਿ ਗੁੰਮਰਾਹਕੁੰਨ ਸਮੱਗਰੀ ਪੋਸਟ ਕਰਨ ਜਾਂ ਪੰਜਾਬ ਪੁਲਸ ਨੂੰ ਟੈਗ ਕਰਨ ਤੋਂ ਪਹਿਲਾਂ ਸਥਾਨ ਅਤੇ ਤੱਥਾਂ ਦੀ ਪੜਤਾਲ ਜ਼ਰੂਰ ਕਰਨ। ਜ਼ਿੰਮੇਵਾਰੀ ਨਾਲ ਜਾਣਕਾਰੀ ਸਾਂਝੀ ਕਰਨਾ ਜ਼ਰੂਰੀ ਹੈ।" ਪੁਲਸ ਦੇ ਇਸ ਸਪੱਸ਼ਟੀਕਰਨ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਨੌਜਵਾਨਾਂ ਵੱਲੋਂ ਹਰਭਜਨ ਸਿੰਘ 'ਤੇ ਝੂਠੀਆਂ ਅਫ਼ਵਾਹਾਂ ਫੈਲਾਉਣ ਅਤੇ ਸਿਆਸੀ ਹਿੱਤਾਂ ਲਈ ਪੰਜਾਬ ਦਾ ਅਕਸ ਖ਼ਰਾਬ ਕਰਨ ਦੇ ਦੋਸ਼ ਲਗਾਏ ਜਾ ਰਹੇ ਹਨ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਰਾਜ ਸਭਾ ਮੈਂਬਰ ਅਤੇ ਸਾਬਕਾ ਕ੍ਰਿਕਟਰ ਹਰਭਜਨ ਸਿੰਘ ਭੱਜੀ ਵੱਲੋਂ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਗਈ ਵੀਡੀਓ 'ਤੇ ਤਿੱਖਾ ਪਲਟਵਾਰ ਕੀਤਾ ਹੈ। ਚੀਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਰਭਜਨ ਸਿੰਘ ਦੇ ਸੂਬੇ ਦੇ ਯੋਗਦਾਨ ਨੂੰ ਦੇਖਦਿਆਂ ਉਨ੍ਹਾਂ ਨੂੰ ਪੰਜਾਬ ਦੇ ਨੌਜਵਾਨਾਂ ਲਈ ਰੋਲ ਮਾਡਲ ਮੰਨਿਆ ਸੀ। ਅਸੀਂ ਉਨ੍ਹਾਂ ਨੂੰ ਸੰਸਦ ਦੇ ਉਪਰਲੇ ਸਦਨ (ਰਾਜ ਸਭਾ) ਵਿੱਚ ਆਪ ਦੀ ਵਿਚਾਰਧਾਰਾ ਅਤੇ ਪੰਜਾਬ ਦੀ ਪ੍ਰਤੀਨਿਧਤਾ ਕਰਨ ਲਈ ਭੇਜਿਆ ਸੀ, ਪਰ ਇਹ ਬੇਹੱਦ ਹੈਰਾਨੀਜਨਕ ਹੈ ਕਿ ਇਸੇ ਸਾਲ ਪਾਰਟੀ ਬਦਲ ਕੇ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਉਹ ਇਸ ਦੇ ਬਿਲਕੁਲ ਉਲਟ ਕੰਮ ਕਰ ਰਹੇ ਹਨ। ਚੀਮਾ ਨੇ ਕਿਹਾ ਕਿ ਰਾਜਸਥਾਨ ਦੀ ਵੀਡੀਓ ਨੂੰ ਪੰਜਾਬ ਦੀ ਦੱਸ ਕੇ ਪੋਸਟ ਕਰਨਾ ਭਾਜਪਾ ਦੀ ਪੰਜਾਬ ਨੂੰ ਬਦਨਾਮ ਕਰਨ ਅਤੇ ਨਸ਼ਿਆਂ ਦੇ ਮੁੱਦੇ 'ਤੇ ਪੰਜਾਬੀ ਵਿਰੋਧੀ ਬਿਰਤਾਂਤ ਘੜਨ ਦੀ ਡੂੰਘੀ ਸਾਜ਼ਿਸ਼ ਹੈ।

ਇਸੇ ਦੌਰਾਨ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸਾਬਕਾ ਕ੍ਰਿਕਟਰ ਅਤੇ ਰਾਜ ਸਭਾ ਮੈਂਬਰ ਹਰਭਜਨ ਸਿੰਘ ਭੱਜੀ ਅਤੇ ਹੋਰ ਸੈਲੀਬ੍ਰਿਟੀਜ਼ ਵੱਲੋਂ ਸੋਸ਼ਲ ਮੀਡੀਆ 'ਤੇ ਪੰਜਾਬ ਨੂੰ ਬਦਨਾਮ ਕਰਨ ਲਈ ਚਲਾਈ ਜਾ ਰਹੀ ਮੁਹਿੰਮ 'ਤੇ ਤਿੱਖਾ ਹਮਲਾ ਬੋਲਿਆ ਹੈ। ਉਨ੍ਹਾ ਕਿਹਾ ਕਿ ਜਿਸ ਪਾਰਟੀ ਨੇ ਭੱਜੀ ਨੂੰ ਇੱਜ਼ਤ ਬਖ਼ਸ਼ ਕੇ ਰਾਜ ਸਭਾ ਦੀ ਕੁਰਸੀ 'ਤੇ ਬਿਠਾਇਆ, ਉਸੇ ਦੀ ਪਿੱਠ ਵਿੱਚ ਛੁਰਾ ਮਾਰ ਕੇ ਉਹ ਭਾਜਪਾ ਦੀ ਗੋਦ ਵਿੱਚ ਜਾ ਬੈਠੇ ਹਨ।ਅੱਜ ਇਹ ਵਿਕਾਊ ਨੇਤਾ ਤੇ ਸੈਲੀਬ੍ਰਿਟੀਜ਼ ਭਾਜਪਾ ਦੇ ਇਸ਼ਾਰਿਆਂ 'ਤੇ ਨੱਚ ਰਹੇ ਹਨ ਅਤੇ ਉਨ੍ਹਾਂ ਵੱਲੋਂ ਪਰੋਸੇ ਗਏ ਝੂਠ ਦੇ ਪੁਲੰਦੇ ਨੂੰ ਅੱਖਾਂ ਮੀਚ ਕੇ ਵਾਇਰਲ ਕਰਕੇ ਪੰਜਾਬ, ਪੰਜਾਬ ਪੁਲਸ ਅਤੇ ਸਰਕਾਰ ਵਿਰੁੱਧ ਗੰਦੀ ਸਾਜ਼ਿਸ਼ ਰਚ ਰਹੇ ਹਨ।

ਪੰਨੂ ਨੇ ਸਪੱਸ਼ਟ ਕੀਤਾ ਕਿ ਹਰਭਜਨ ਭੱਜੀ ਅਤੇ ਸੋਨੂ ਸੂਦ ਵਰਗੇ ਸੈਲੀਬ੍ਰਿਟੀਜ਼ ਵੱਲੋਂ ਬਿਨਾਂ ਕੋਈ ਤੱਥ ਜਾਣੇ ਬੋਗਸ ਵੀਡੀਓ ਪਾ ਕੇ ਪੰਜਾਬ ਨੂੰ ਬਦਨਾਮ ਕੀਤਾ ਜਾ ਰਿਹਾ ਹੈ।

ਪੰਨੂ ਨੇ ਸਵਾਲ ਕੀਤਾ ਕਿ ਜਦੋਂ ਮੁੰਦਰਾ ਪੋਰਟ (ਗੁਜਰਾਤ) ਤੋਂ ਬਰਾਮਦ ਹਜ਼ਾਰਾਂ ਕਿੱਲੋ ਨਸ਼ੇ ਬਾਰੇ, ਜਿਸ ਬਾਰੇ ਖ਼ਬਰਾਂ ਆਈਆਂ ਸਨ ਕਿ ਉਸ ਨੂੰ ਚੂਹੇ ਖਾ ਗਏ, ਉਦੋਂ ਇਹ ਨੇਤਾ ਅਤੇ ਸੈਲੀਬ੍ਰਿਟੀ ਚੁੱਪ ਕਿਉਂ ਰਹੇ?



ਹਰਭਜਨ ਸਿੰਘ ਭੱਜੀ ਵੱਲੋਂ ਵਾਇਰਲ ਕੀਤੀ ਵੀਡੀਓ।

## ਚੀਨ ਨੂੰ ਭਾਰਤ ਦਾ ਮੋੜਵਾਂ ਜਵਾਬ

**ਨਵੀਂ ਦਿੱਲੀ** : ਭਾਰਤ ਨੇ ਮੰਗਲਵਾਰ ਨੂੰ ਅਰੁਣਾਚਲ ਪ੍ਰਦੇਸ਼ ਵਿੱਚ 27 ਥਾਵਾਂ ਅਤੇ ਭੂਗੋਲਿਕ ਵਿਸ਼ੇਸ਼ਤਾਵਾਂ ਨੂੰ ਰਸਮੀ ਤੌਰ 'ਤੇ ਪਛਾਣਨ ਦੇ ਨਵੀਂ ਦਿੱਲੀ ਦੇ ਫ਼ੈਸਲੇ ਨੂੰ ਚੀਨ ਵੱਲੋਂ ਰੱਦ ਕੀਤੇ ਜਾਣ 'ਤੇ ਪਲਟਵਾਰ ਕਰਦਿਆਂ ਜ਼ੋਰ ਦੇ ਕੇ ਕਿਹਾ ਹੈ ਕਿ ਉੱਤਰ-ਪੂਰਬੀ ਰਾਜ ਭਾਰਤ ਦਾ ਅਨਿੱਖੜਵਾਂ ਅਤੇ ਅਟੁੱਟ ਅੰਗ ਹੈ। ਹਫ਼ਤਾਵਾਰੀ ਪ੍ਰੈੱਸ ਬ੍ਰੀਫਿੰਗ ਦੌਰਾਨ ਵਿਦੇਸ਼ ਵਿਭਾਗ ਦੇ ਬੁਲਾਰੇ ਰੰਧੀਰ ਜੈਸਵਾਲ ਨੇ ਕਿਹਾ, "ਅਰੁਣਾਚਲ ਪ੍ਰਦੇਸ਼ ਭਾਰਤ ਦਾ ਅਨਿੱਖੜਵਾਂ ਅਤੇ ਅਟੁੱਟ ਅੰਗ ਹੈ ਅਤੇ ਇਹ ਇੱਕ ਅਜਿਹਾ ਤੱਥ ਹੈ ਜੋ ਆਪਣੇ ਆਪ ਵਿੱਚ ਸਪੱਸ਼ਟ ਹੈ। ਇਸ ਦੇ ਨਾਲ ਹੀ, ਮੈਂ ਇਹ ਵੀ ਸਪੱਸ਼ਟ ਕਰ ਦੇਵਾਂ ਕਿ ਇਸ ਅਟੱਲ ਹਕੀਕਤ ਨੂੰ ਕੋਈ ਵੀ ਨਹੀਂ ਬਦਲ ਸਕਦਾ।" ਉਨ੍ਹਾਂ ਦੀਆਂ ਇਹ ਟਿੱਪਣੀਆਂ ਭਾਰਤ ਵੱਲੋਂ ਸਰਵੇ ਆਫ਼ ਇੰਡੀਆ ਦੇ ਨਕਸ਼ੇ 'ਤੇ ਅਰੁਣਾਚਲ ਪ੍ਰਦੇਸ਼ ਵਿੱਚ 27 ਥਾਵਾਂ ਨੂੰ ਉਨ੍ਹਾਂ ਦੇ ਮਿਆਰੀ ਨਾਵਾਂ ਦੀ ਵਰਤੋਂ ਕਰਕੇ ਰਸਮੀ ਤੌਰ 'ਤੇ ਪਛਾਣਨ ਤੋਂ ਕੁਝ ਦਿਨ ਬਾਅਦ ਆਈਆਂ ਹਨ, ਜੋ ਕਿ ਰਾਜ ਵਿੱਚ ਥਾਵਾਂ ਦੇ ਨਾਮ ਬਦਲਣ ਦੀਆਂ ਪੇਈਚਿੰਗ ਦੀਆਂ ਵਾਰ-ਵਾਰ ਕੋਸ਼ਿਸ਼ਾਂ ਦੇ ਮੱਦੇਨਜ਼ਰ ਮਹੱਤਵ ਰੱਖਦਾ ਹੈ।

# ਸ਼ਾਹ ਨੂੰ ਸੁੱਕਾ ਨਹੀਂ ਜਾਣ ਦੇਵਾਂਗੇ : ਖੜਗੇ

## ਸੰਸਦ 'ਚ ਸਾਰੇ ਸਵਾਲਾਂ ਦੇ ਜਵਾਬ ਦੇਣੇ ਪੈਣਗੇ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**



ਕਾਂਗਰਸ ਪ੍ਰਧਾਨ ਮਲਿਕ ਅਰਜੁਨ ਖੜਗੇ ਨੇ ਮੰਗਲਵਾਰ ਨੂੰ ਕਿਹਾ ਕਿ ਵਿਰੋਧੀ ਧਿਰ ਸ਼ੁਰੂ ਤੋਂ ਹੀ ਆਪਣੀਆਂ ਮੰਗਾਂ 'ਤੇ ਅਡੋਲ ਰਹੀ ਹੈ ਅਤੇ ਆਪਣਾ ਟੀਚਾ ਨਹੀਂ ਬਦਲ ਰਹੀ, ਕਿਉਂਕਿ ਸੰਸਦ ਵਿੱਚ ਰੁਕਾਵਟ ਜਾਰੀ ਹੈ। ਖੜਗੇ ਨੇ ਕਿਹਾ ਕਿ ਵਿਰੋਧੀ ਧਿਰ ਚਾਹੁੰਦੀ ਹੈ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਵਿਰੁੱਧ ਪੁਲਸ ਕਾਰਵਾਈ, ਜਿਸ ਵਿੱਚ ਪੈਲੇਟ ਗੰਨਾਂ ਦੀ ਵਰਤੋਂ ਵੀ ਸ਼ਾਮਲ ਹੈ, 'ਤੇ ਬਿਆਨ ਦੇਣ। ਉਨ੍ਹਾ ਕਿਹਾ ਕਿ ਇਹ ਮੁੱਦਾ 18 ਦਿਨਾਂ ਤੋਂ ਅਣਸੁਲਝਿਆ ਹੋਇਆ ਹੈ। ਅਸੀਂ ਆਪਣਾ ਗੋਲਪੋਸਟ ਨਹੀਂ ਬਦਲ ਰਹੇ ਹਾਂ। ਸਾਡੀ ਸਥਿਤੀ ਸ਼ੁਰੂ ਤੋਂ ਹੀ ਇਕਸਾਰ ਰਹੀ ਹੈ ਅਤੇ ਸਾਡੇ ਕੋਲ ਤਿੰਨ ਖਾਸ ਮੁੱਦੇ ਹਨ। ਪਹਿਲਾ ਲਾਠੀਚਾਰਜ ਅਤੇ ਵਿਦਿਆਰਥੀਆਂ 'ਤੇ ਗੋਲੀਬਾਰੀ ਨਾਲ ਸੰਬੰਧਤ ਹੈ। ਅਸੀਂ ਜਾਨਣਾ ਚਾਹੁੰਦੇ ਹਾਂ ਕਿ ਹੁਕਮ ਕਿਸ ਨੇ ਜਾਰੀ ਕੀਤੇ ਅਤੇ ਇਹ ਕਿਵੇਂ ਹੋਇਆ; ਅਸੀਂ ਇਸ ਬਾਰੇ ਸਦਨ ਵਿੱਚ ਬਿਆਨ ਚਾਹੁੰਦੇ ਹਾਂ। ਦੂਜਾ, ਲਾਠੀਚਾਰਜ ਦੇ ਨਤੀਜੇ ਵਜੋਂ ਬਹੁਤ ਸਾਰੇ ਵਿਦਿਆਰਥੀ ਬਿਮਾਰ ਹੋ ਗਏ ਜਾਂ ਹਸਪਤਾਲ ਵਿੱਚ ਦਾਖਲ ਹੋਏ; 100 ਤੋਂ ਵੱਧ ਨੂੰ ਮਾਮੂਲੀ ਸੱਟਾਂ ਲੱਗੀਆਂ ਅਤੇ ਬਹੁਤ ਸਾਰੇ ਪੈਲੇਟ ਗੰਨ ਨਾਲ ਜ਼ਖਮੀ ਹੋਏ। ਅਸੀਂ ਇਸ ਮਾਮਲੇ 'ਤੇ ਵੀ ਬਿਆਨ ਚਾਹੁੰਦੇ ਹਾਂ। ਖੜਗੇ ਨੇ ਸੰਸਦ ਭਵਨ ਕੰਪਲੈਕਸ ਵਿੱਚ ਪੱਤਰਕਾਰਾਂ ਨੂੰ ਕਿਹਾ ਕਿ ਦੂਜਾ ਮੁੱਦਾ 'ਚੰਦਾ ਚੋਰੀ' (ਦਾਨ ਚੋਰੀ) ਮਾਮਲਾ ਹੈ ਅਤੇ ਤੀਜਾ ਪ੍ਰਧਾਨ ਮੰਤਰੀ ਤੋਂ ਮੁਆਫ਼ੀ ਦੀ ਮੰਗ ਹੈ। ਇਹ ਤਿੰਨੇ ਮੁੱਦੇ ਸ਼ੁਰੂ ਤੋਂ ਹੀ ਉਠਾਏ ਗਏ ਹਨ, ਹੁਣ ਵੀ ਢੁਕਵੇਂ ਹਨ ਅਤੇ ਜਦੋਂ ਤੱਕ ਇਨ੍ਹਾਂ ਦਾ ਹੱਲ ਨਹੀਂ ਹੋ ਜਾਂਦਾ, ਉਦੋਂ ਤੱਕ ਜਾਰੀ ਰਹਿਣਗੇ। ਖੜਗੇ ਨੇ ਕਿਹਾ ਕਿ ਝਾਰਖੰਡ ਵਿੱਚ ਵਿਦਿਆਰਥੀਆਂ ਦਾ ਵਿਰੋਧ ਇੱਕ ਵੱਖਰਾ ਮੁੱਦਾ ਹੈ ਅਤੇ ਸਵਾਲ ਕੀਤਾ ਕਿ ਕੀ ਸਾਰੇ ਮਾਮਲਿਆਂ ਨੂੰ ਇੱਕੋ ਸਮੇਂ ਚੁੱਕਿਆ ਜਾ ਸਕਦਾ ਹੈ? ਖੜਗੇ ਦੀ ਇਹ ਟਿੱਪਣੀ ਉਨ੍ਹਾਂ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵੱਲੋਂ ਸੰਸਦ ਵਿੱਚ ਜਾਰੀ ਰੁਕਾਵਟ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸ਼ਾਹ ਨੂੰ ਜ਼ਿੰਮੇਵਾਰ ਠਹਿਰਾਉਣ ਤੋਂ ਇੱਕ ਦਿਨ ਬਾਅਦ ਆਈ ਹੈ। ਗਾਂਧੀ ਨੇ ਕਿਹਾ ਸੀ ਕਿ ਵਿਰੋਧੀ ਧਿਰ ਚਾਹੁੰਦੀ ਹੈ ਕਿ ਸ਼ਾਹ ਸਪੱਸ਼ਟ ਕਰਨ ਕਿ ਕੀ ਉਨ੍ਹਾਂ ਨੇ ਪ੍ਰਦਰਸ਼ਨਕਾਰੀ ਵਿਦਿਆਰਥੀਆਂ 'ਤੇ ਪੈਲੇਟ ਗੰਨ ਚਲਾਉਣ ਦਾ ਹੁਕਮ ਦਿੱਤਾ ਸੀ? ਗਾਂਧੀ ਨੇ ਇਹ ਵੀ ਕਿਹਾ ਸੀ ਕਿ ਮੋਦੀ ਅਤੇ ਸ਼ਾਹ ਕੋਲ ਸੰਸਦ ਵਿੱਚ ਆਉਣ ਅਤੇ ਆਪਣੇ ਕੀਤੇ ਲਈ ਸਾਹਮਣਾ ਕਰਨ ਦੀ ਹਿੰਮਤ ਨਹੀਂ ਹੈ।

# ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਲਈ ਇੱਕ ਕਰੋੜ ਰੁਪਏ ਜਾਰੀ

**ਚੰਡੀਗੜ੍ਹ** : ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਰੋਕਥਾਮ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਵਿੱਤੀ ਸਾਲ 2026-27 ਲਈ ਇੱਕ ਕਰੋੜ ਰੁਪਏ ਦੀ ਟੋਕਨ ਗਰਾਂਟ ਜਾਰੀ ਕਰ ਦਿੱਤੀ ਹੈ। ਇਸ ਵਿੱਚੋਂ 12 ਜ਼ਿਲ੍ਹਿਆਂ ਵਿੱਚ ਜਾਗਰੂਕਤਾ ਅਤੇ ਰੋਕਥਾਮ ਗਤੀਵਿਧੀਆਂ ਲਈ 85 ਲੱਖ ਰੁਪਏ ਜਾਰੀ ਕੀਤੇ ਗਏ ਹਨ, ਜਦੋਂ ਕਿ ਅਗਸਤ 2026 ਦੌਰਾਨ ਸ੍ਰੀ ਮੁਕਤਸਰ ਸਾਹਿਬ ਦੇ ਮਲੋਟ ਵਿਖੇ ਕਰਵਾਏ ਜਾਣ ਵਾਲੇ ਸੂਬਾ ਪੱਧਰੀ ਨਸ਼ਾ ਵਿਰੋਧੀ ਸਮਾਗਮ ਲਈ 15 ਲੱਖ ਰੁਪਏ ਰਾਖਵੇਂ ਰੱਖੇ ਗਏ ਹਨ। ਇਸ ਬਾਰੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖ਼ਾਤਮੇ ਲਈ ਜਾਗਰੂਕਤਾ, ਰੋਕਥਾਮ, ਮੁੜ ਵਸੇਬੇ ਅਤੇ ਲੋਕ ਭਾਗੀਦਾਰੀ ਨੂੰ ਬਰਾਬਰ ਮਹੱਤਵ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਉਨ੍ਹਾ ਦੱਸਿਆ ਕਿ ਫਾਜ਼ਿਲਕਾ, ਤਰਨ ਤਾਰਨ, ਫਿਰੋਜ਼ਪੁਰ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ, ਰੂਪਨਗਰ, ਐੱਸ.ਏ.ਐੱਸ. ਨਗਰ (ਮੁਹਾਲੀ), ਪਠਾਨਕੋਟ, ਕਪੂਰਥਲਾ, ਗੁਰਦਾਸਪੁਰ, ਲੁਧਿਆਣਾ ਅਤੇ ਪਟਿਆਲਾ ਜ਼ਿਲ੍ਹਿਆਂ ਵਿੱਚ ਵਿਸ਼ੇਸ਼ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣਗੀਆਂ। ਇਨ੍ਹਾਂ ਤਹਿਤ ਸਕੂਲਾਂ, ਕਾਲਜਾਂ, ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾਵੇਗਾ।

# ਜੱਜ ਦੇ ਘਰੋਂ ਸਿਲੰਡਰ ਚੋਰੀ ਕਰਕੇ ਲੈ ਗਿਆ ਚੋਰ

**ਲੁਧਿਆਣਾ** : ਚੋਰ ਅਤੇ ਲੁਟੇਰੇ ਐਨੇ ਬੇਖੌਫ਼ ਹੋ ਗਏ ਹਨ ਕਿ ਹੁਣ ਵੀ ਆਈ ਪੀ ਇਲਾਕੇ ਵੀ ਸੁਰੱਖਿਅਤ ਨਹੀਂ ਹਨ। ਚੋਰਾਂ ਨੇ ਇੱਕ ਜੱਜ ਦੇ ਘਰ ਨੂੰ ਨਿਸ਼ਾਨਾ ਬਣਾਇਆ ਹੈ। ਇਹ ਘਟਨਾ ਲੁਧਿਆਣਾ ਦੇ ਸਭ ਤੋਂ ਸੁਰੱਖਿਅਤ ਇਲਾਕਿਆਂ ਵਿੱਚੋਂ ਇੱਕ ਸਰਾਭਾ ਨਗਰ ਵਿੱਚ ਵਾਪਰੀ ਹੈ ਜਿੱਥੇ ਦਿਨ ਦਿਹਾੜੇ ਇੱਕ ਜੱਜ ਦੇ ਘਰੋਂ ਰਸੋਈ ਗੈਸ ਦਾ ਸਿਲੰਡਰ ਚੋਰੀ ਹੋ ਗਿਆ। ਇਹ ਘਟਨਾ ਜੇ ਐੱਮ ਆਈ ਸੀ ਗੌਰਵ ਗੁਪਤਾ ਦੇ ਘਰ ਵਾਪਰੀ ਹੈ। ਸੀ ਆਰ ਪੀ ਐੱਫ ਕਲੋਨੀ, ਦੁੱਗਰੀ ਦੇ ਰਹਿਣ ਵਾਲੇ ਸ਼ੰਕਰ ਸਿੰਘ, ਜੋ ਜੱਜ ਦੇ ਘਰ ਰਸੋਈਏ ਵਜੋਂ ਕੰਮ ਕਰਦਾ ਹੈ, ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਸ਼ਾਮ ਕਰੀਬ 4 ਵਜੇ, ਜਦੋਂ ਉਹ ਟਿਊਸ਼ਨ ਟੀਚਰ ਲਈ ਚਾਹ ਬਣਾਉਣ ਗਿਆ ਤਾਂ ਗੈਸ ਸਿਲੰਡਰ ਨਹੀਂ ਚੱਲਿਆ। ਜਦੋਂ ਉਸ ਨੇ ਜਾਂਚ ਕੀਤੀ ਤਾਂ ਸਿਲੰਡਰ ਗਾਇਬ ਸੀ।

ਘਰ ਦੀ ਸੀ.ਸੀ.ਟੀ.ਵੀ. ਫੁਟੇਜ ਵਿੱਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਇੱਕ ਅਣਪਛਾਤਾ ਵਿਅਕਤੀ ਦੁਪਹਿਰ ਕਰੀਬ 3:22 ਵਜੇ ਮੁੱਖ ਗੇਟ ਰਾਹੀਂ ਘਰ ਵਿੱਚ ਦਾਖਲ ਹੋਇਆ। ਉਸ ਨੇ ਅਰਾਮ ਨਾਲ ਗੈਸ ਸਿਲੰਡਰ ਚੁੱਕਿਆ, ਇਸ ਨੂੰ ਆਪਣੇ ਚਿੱਟੇ ਰੰਗ ਦੇ ਐਕਟਿਵਾ ਉੱਤੇ ਰੱਖਿਆ ਅਤੇ ਫ਼ਰਾਰ ਹੋ ਗਿਆ।

## ਪਿਆਰੇ ਦੋਸਤੋ ! ਮੈਂ ਵੋਟਰ ਨਹੀਂ ਰਿਹਾ



**ਬੇਂਗਲੁਰੂ** : ਅਦਾਕਾਰ ਪ੍ਰਕਾਸ਼ ਰਾਜ ਨੇ ਦਾਅਵਾ ਕੀਤਾ ਕਿ ਕਰਨਾਟਕ ਵਿੱਚ ਚੱਲ ਰਹੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਅਭਿਆਸ ਦੌਰਾਨ ਉਸ ਦਾ ਨਾਂਅ ਬੇਂਗਲੁਰੂ ਦੀ ਵੋਟਰ ਸੂਚੀ ਵਿੱਚੋਂ ਹਟਾ ਦਿੱਤਾ ਗਿਆ ਹੈ। ਸਿੰਘਮ ਅਦਾਕਾਰ ਨੇ ਇੱਕ ਵੀਡੀਓ ਸਾਂਝਾ ਕਰਦਿਆਂ ਕਿਹਾ ਹੈ, 'ਪਿਆਰੇ ਦੋਸਤੋ, ਮੈਂ ਤੁਹਾਡੇ ਨਾਲ ਇੱਕ ਮਜ਼ਾਕ ਸਾਂਝਾ ਕਰਨਾ ਚਾਹੁੰਦਾ ਹਾਂ। ਮੈਂ ਸੂਬੇ ਦੇ ਉਨ੍ਹਾਂ ਪੈਂਹਠ ਲੱਖ ਵੋਟਰਾਂ ਵਿੱਚੋਂ ਇੱਕ ਹਾਂ, ਜਿਸ ਦਾ ਵੋਟ ਅਧਿਕਾਰ ਬੇਂਗਲੁਰੂ ਹਲਕੇ 'ਚ ਖਤਮ ਕਰ ਦਿੱਤਾ ਗਿਆ ਹੈ। ਵਧੀਆ ਮਜ਼ਾਕ, ਹੈ ਕਿ ਨਹੀਂ? ਮੇਰਾ ਜਨਮ ਇਸ ਹਲਕੇ ਵਿੱਚ ਹੋਇਆ ਸੀ। ਮੈਂ ਇਸੇ ਹਲਕੇ ਵਿੱਚ ਰਿਹਾ। ਮੇਰੀ ਸਕੂਲ ਤੇ ਕਾਲਜ ਦੀ ਪੜ੍ਹਾਈ ਇੱਥੇ ਕੀਤੀ ਤੇ ਥੀਏਟਰ ਵੀ ਇੱਥੇ ਕੀਤਾ ਅਤੇ ਤੁਹਾਡੀ ਜਾਣਕਾਰੀ ਲਈ, ਮੈਂ ਇਸ ਹਲਕੇ ਤੋਂ ਲੋਕ ਸਭਾ ਲਈ ਉਮੀਦਵਾਰ ਵੀ ਰਿਹਾ।' ਉਸ ਨੇ ਕਿਹਾ, 'ਖੈਰ, ਮਜ਼ਾਕ ਵਧੀਆ ਹੈ। ਖੇਡ ਜਾਰੀ ਰੱਖੋ। ਮੈਨੂੰ ਦੇਖਣ ਦਿਓ ਕਿ ਮੈਨੂੰ ਆਪਣੀ ਵੋਟਰ ਆਈ ਡੀ ਵਾਪਸ ਲੈਣ ਲਈ ਕਿਹੜੀ ਪ੍ਰਕਿਰਿਆ ਵਿੱਚੋਂ ਲੰਘਣਾ ਪਵੇਗਾ। ਇੱਕ ਛੋਟਾ ਜਿਹਾ ਸ਼ਬਦ, ਮੇਰੇ ਦੋਸਤੋ, ਤੁਸੀਂ ਆਪਣੀਆਂ ਸ਼ਕਤੀਆਂ ਦੀ ਵਰਤੋਂ ਕੁਝ ਨਾਗਰਿਕਾਂ ਨੂੰ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝਾ ਕਰਨ ਲਈ ਕਰ ਸਕਦੇ ਹੋ, ਜੋ ਤੁਹਾਨੂੰ ਚੁਣ ਨਹੀਂ ਸਕਦੇ, ਪਰ ਕੀ ਤੁਸੀਂ ਸਾਨੂੰ, ਮੇਰੇ ਪਿਆਰੇ ਦੋਸਤੋ, ਤੁਹਾਨੂੰ ਭੁੰਜੇ ਲਾਹੁਣ ਦੀ ਸਾਡੀ ਸ਼ਕਤੀ ਤੋਂ ਰੋਕ ਸਕਦੇ ਹੋ? ਬਸ ਪੁੱਛ ਰਿਹਾ ਹਾਂ। ਅਲਵਿਦਾ।'

## ਬਸ਼ਰ ਅਲ-ਅਸਦ ਨੂੰ ਸੁਣਾਈ ਮੌਤ ਦੀ ਸਜ਼ਾ

**ਦਮਿਸ਼ਕ** : ਸੀਰੀਆ ਦੀ ਅਦਾਲਤ ਨੇ ਗੱਦੀਉਂ ਲਾਹੇ ਸ਼ਾਸਕ ਬਸ਼ਰ ਅਲ-ਅਸਦ ਨੂੰ ਉਸ ਦੀ ਗੈਰਹਾਜ਼ਰੀ ਵਿੱਚ ਮੌਤ ਦੀ ਸਜ਼ਾ ਸੁਣਾਈ ਹੈ। ਅਦਾਲਤ ਨੇ ਅਸਦ ਜਿਸ ਦਾ ਦਸੰਬਰ 2024 ਵਿੱਚ ਤਖਤਾ ਪਲਟ ਦਿੱਤਾ ਗਿਆ ਸੀ, ਸੀਰੀਆ ਦੀ ਖਾਨਾਜੰਗੀ ਦੌਰਾਨ ਯੁੱਧ ਅਪਰਾਧ ਅਤੇ ਮਨੁੱਖਤਾ ਵਿਰੁੱਧ ਅਪਰਾਧ ਦੇ ਦੋਸ਼ਾਂ ਤਹਿਤ ਦੋਸ਼ੀ ਠਹਿਰਾਇਆ। ਅਸਦ ਆਪਣੇ ਪਰਵਾਰ ਨਾਲ ਮਾਸਕੋ ਭੱਜ ਗਿਆ ਸੀ, ਕਿਉਂਕਿ ਇਸਲਾਮਿਕ ਫੌਜਾਂ ਨੇ ਉਸ ਦੇ ਸ਼ਾਸਨ ਦੇ ਅੰਤ ਵਿੱਚ ਰਾਜਧਾਨੀ ਦਮਿਸ਼ਕ ਨੂੰ ਘੇਰ ਲਿਆ ਸੀ। ਅਦਾਲਤ ਨੇ ਦੱਖਣੀ ਸੀਰੀਆ ਦੇ ਡੇਰਾ ਪ੍ਰਾਂਤ ਵਿੱਚ ਰਾਜਨੀਤਿਕ ਸੁਰੱਖਿਆ ਦੇ ਸਾਬਕਾ ਮੁਖੀ ਅਤੇਫ਼ ਨਜੀਬ ਨੂੰ ਵੀ ਮੌਤ ਦੀ ਸਜ਼ਾ ਸੁਣਾਈ। ਅਸਦ ਦੇ ਚਚੇਰੇ ਭਰਾ ਨਜੀਬ 'ਤੇ ਬੱਚਿਆਂ ਸਮੇਤ ਨਜ਼ਰਬੰਦਾਂ 'ਤੇ ਤਸ਼ੱਦਦ ਦੀ ਨਿਗਰਾਨੀ ਕਰਨ ਅਤੇ ਸੰਘਰਸ਼ ਦੌਰਾਨ ਕਈ ਮੌਤਾਂ ਲਈ ਜ਼ਿੰਮੇਵਾਰ ਹੋਣ ਦਾ ਦੋਸ਼ ਲਗਾਇਆ ਗਿਆ ਸੀ।

# 80 ਸਾਲ ਪਿੰਡਾਂ ਦੇ ਸਕੂਲਾਂ ਦੀ ਅਣਦੇਖੀ ਹੋਈ : ਦੀਪਕੇ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਕਾਕਰੋਚ ਜਨਤਾ ਪਾਰਟੀ ਦੇ ਮੁਖੀ ਅਭਿਜੀਤ ਦੀਪਕੇ ਨੇ ਦੇਸ਼ ਭਰ ਦੇ ਪਿੰਡਾਂ ਵਿੱਚ ਸਥਿਤ ਸਰਕਾਰੀ ਸਕੂਲਾਂ ਦੀ ਹਾਲਤ ਸੁਧਾਰਨ ਲਈ ਇੱਕ ਵੱਡੀ ਦੇਸ਼-ਵਿਆਪੀ ਮੁਹਿੰਮ ਚਲਾਉਣ ਦਾ ਐਲਾਨ ਕੀਤਾ ਹੈ। ਇਸ ਮੁਹਿੰਮ ਤਹਿਤ ਉਨ੍ਹਾਂ ਨੇ ਬੱਚਿਆਂ ਦੇ ਮਾਪਿਆਂ ਨੂੰ ਸਕੂਲਾਂ ਦੀਆਂ ਬੁਨਿਆਦੀ ਸਹੂਲਤਾਂ ਦਾ 'ਸੋਸ਼ਲ ਆਡਿਟ' ਕਰਨ ਅਤੇ ਪਿੰਡਾਂ ਦੇ ਸਰਪੰਚਾਂ ਨੂੰ ਸਕੂਲਾਂ ਦੀ ਨੁਹਾਰ ਬਦਲਣ ਦੀ ਜ਼ਿੰਮੇਵਾਰੀ ਚੁੱਕਣ ਦੀ ਅਪੀਲ ਕੀਤੀ ਹੈ। ਇਹ ਮੁਹਿੰਮ 15 ਅਗਸਤ ਤੋਂ ਸ਼ੁਰੂ ਕੀਤੀ ਜਾਵੇਗੀ, ਜਿਸ ਦਾ ਮੁੱਖ ਮਕਸਦ ਦਿਹਾਤੀ ਖੇਤਰਾਂ ਵਿੱਚ ਸਿੱਖਿਆ ਢਾਂਚੇ ਦੀ ਲਗਾਤਾਰ ਹੋ ਰਹੀ ਅਣਦੇਖੀ ਵੱਲ ਧਿਆਨ ਦਿਵਾਉਣਾ ਹੈ। ਇੱਕ ਵੀਡੀਓ ਵਿੱਚ ਦੀਪਕੇ ਨੇ ਦੱਸਿਆ ਕਿ ਉਹ ਇਸ ਪਹਿਲਕਦਮੀ ਦੀ ਸ਼ੁਰੂਆਤ ਮਹਾਰਾਸ਼ਟਰ ਵਿੱਚ ਸਥਿਤ ਆਪਣੇ ਪਿੰਡ ਹਿੰਗੋਲੀ ਤੋਂ ਕਰਨਗੇ। ਉਹ ਪਿੰਡ ਦੇ ਸਰਪੰਚ ਨੂੰ ਮਿਲ ਕੇ ਸਥਾਨਕ ਸਰਕਾਰੀ ਸਕੂਲ ਦੀ ਹਾਲਤ ਸੁਧਾਰਨ ਦੀ ਬੇਨਤੀ ਕਰਨਗੇ। ਉਨ੍ਹਾਂ ਕਿਹਾ, "15 ਅਗਸਤ ਨੂੰ ਅਸੀਂ ਆਪਣਾ 80ਵਾਂ ਆਜ਼ਾਦੀ ਦਿਵਸ ਮਨਾਉਣ ਜਾ ਰਹੇ ਹਾਂ, ਪਰ ਪਿਛਲੇ 80 ਸਾਲਾਂ ਵਿੱਚ ਜੇਕਰ ਕਿਸੇ ਚੀਜ਼ ਦੀ ਸਭ ਤੋਂ ਵੱਧ ਅਣਦੇਖੀ ਹੋਈ ਹੈ, ਤਾਂ ਉਹ ਸਾਡੇ ਪਿੰਡਾਂ

• ਬਾਕੀ ਸਫਾ 2 'ਤੇ

# ਧਨ ਹੈ ਅਧਿਆਪਕਾ ਜਸਵੀਰ ਕੌਰ



**ਲੁਧਿਆਣਾ (ਨ ਜ਼ ਸ)**

ਸਰਕਾਰੀ ਪ੍ਰਾਇਮਰੀ ਸਕੂਲ ਮਿਆਣੀ 'ਚ ਸਵੇਰੇ ਘੰਟੀ ਵੱਜਣ ਦਾ ਮਤਲਬ ਹਮੇਸ਼ਾ ਪੜ੍ਹਾਈ ਦੀ ਸ਼ੁਰੂਆਤ ਨਹੀਂ ਹੁੰਦਾ। ਇਕਲੌਤੀ ਅਧਿਆਪਕਾ ਲਈ, ਇਸ ਦਾ ਮਤਲਬ ਬੱਚਿਆਂ ਨੂੰ ਸਕੂਲ ਲਿਆਉਣ ਲਈ ਘਰ-ਘਰ ਜਾਣਾ ਵੀ ਹੋ ਸਕਦਾ ਹੈ।

ਇਹ ਸਕੂਲ ਕਈ ਸਾਲਾਂ ਤੋਂ ਇੱਕ ਅਧਿਆਪਕ ਨਾਲ ਚੱਲ ਰਿਹਾ ਹੈ। ਇਸ ਵੇਲੇ ਤਾਇਨਾਤ ਅਧਿਆਪਕਾ 37 ਵਿਦਿਆਰਥੀਆਂ ਨੂੰ ਪੜ੍ਹਾਉਣ ਦੇ ਨਾਲ-ਨਾਲ ਪੂਰੇ ਸਕੂਲ ਦਾ ਪ੍ਰਬੰਧ ਚਲਾਉਂਦੀ ਅਤੇ ਸਕੂਲ ਨਾਲ ਸੰਬੰਧਤ ਹੋਰ ਡਿਊਟੀਆਂ ਕਰਦੀ ਹੈ। ਜ਼ਿਆਦਾਤਰ ਵਿਦਿਆਰਥੀ ਪ੍ਰਵਾਸੀ ਪਰਵਾਰਾਂ ਨਾਲ ਸੰਬੰਧਤ ਹਨ। ਉਨ੍ਹਾਂ ਦੇ ਮਾਪੇ ਕੰਮ ਲਈ ਬਾਹਰ ਚਲੇ ਜਾਂਦੇ ਹਨ ਤੇ ਬੱਚੇ ਕਈ ਵਾਰ ਸਕੂਲ ਨਹੀਂ ਜਾਂਦੇ। ਜਦੋਂ ਵੀ ਕੁਝ ਵਿਦਿਆਰਥੀ ਨਹੀਂ ਆਉਂਦੇ, ਤਾਂ ਅਧਿਆਪਕਾਂ ਉਨ੍ਹਾਂ ਦੇ ਘਰ ਜਾ ਕੇ ਉਨ੍ਹਾਂ ਨੂੰ ਖੁਦ ਸਕੂਲ ਲੈ ਕੇ ਆਉਂਦੀ ਹੈ। ਬੱਚਿਆਂ ਲਈ ਉਸ ਨੇ ਸਕੂਲ ਨੂੰ ਹੋਰ ਆਕਰਸ਼ਕ ਬਣਾਉਣ ਦਾ

• ਬਾਕੀ ਸਫਾ 2 'ਤੇ

# ਸਬਰ ਦਾ ਏਨਾ ਇਮਤਿਹਾਨ ਵੀ ਠੀਕ ਨਹੀਂ : ਥਰੂਰ

**ਨਵੀਂ ਦਿੱਲੀ (ਨ ਜ਼ ਸ)**

ਸੀਨੀਅਰ ਕਾਂਗਰਸ ਨੇਤਾ ਸ਼ਸ਼ੀ ਥਰੂਰ ਨੇ ਕਿਸੇ ਵੀ ਸਰਕਾਰੀ ਸਮਾਗਮ ਦੇ ਸ਼ੁਰੂ ਅਤੇ ਅੰਤ ਵਿੱਚ ਰਾਸ਼ਟਰੀ ਗਾਣ ਤੋਂ ਇਲਾਵਾ ਪੂਰਾ ਰਾਸ਼ਟਰੀ ਗੀਤ ਗਾਉਣਾ ਲਾਜ਼ਮੀ ਬਣਾਉਣ ਲਈ ਕੇਂਦਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਵੰਦੇ ਮਾਤਰਮ ਲਈ ਵਧੇਰੇ ਸਤਿਕਾਰ ਨੂੰ ਉਤਸ਼ਾਹਤ ਕਰਨ ਦੇ ਸੋਧੇ ਹੋਏ ਕਾਨੂੰਨ ਦਾ ਉਦੇਸ਼ ਪ੍ਰਾਪਤ ਨਹੀਂ ਹੋ ਸਕਦਾ। ਉਨ੍ਹਾ ਕਿਹਾ, 'ਇੱਕ ਵਿਅਕਤੀ ਦੇ ਤੌਰ 'ਤੇ ਜੋ ਦੋਵਾਂ ਦਾ ਬਹੁਤ ਸਤਿਕਾਰ ਕਰਦਾ ਹੈ ਅਤੇ ਗੀਤ ਦੀਆਂ ਪਹਿਲੀਆਂ ਦੋ ਪਉੜੀਆਂ (ਪਰ ਬਾਕੀ ਚਾਰ ਨਹੀਂ, ਜਿਨ੍ਹਾਂ ਦੀ ਹੁਣ ਤੱਕ ਕਦੇ ਲੋੜ ਨਹੀਂ ਸੀ) ਦੇ ਨਾਲ-ਨਾਲ ਪੂਰੇ ਗੀਤ ਨੂੰ ਗਾ ਸਕਦਾ ਹੈ, ਮੈਂ ਸਿਰਫ ਇੱਕ ਵਿਹਾਰਕ ਵਿਚਾਰ ਵੱਲ ਇਸ਼ਾਰਾ ਕਰਨਾ ਚਾਹੁੰਦਾ ਹਾਂ, ਜੋ ਸਾਡੇ ਕੱਟੜਪੰਥੀਆਂ ਨੇ ਨਜ਼ਰਅੰਦਾਜ਼ ਕੀਤਾ ਜਾਪਦਾ ਹੈ—ਮਨੁੱਖੀ ਸੁਭਾਅ।' ਉਨ੍ਹਾ ਕਿਹਾ ਕਿ 'ਜਨ ਗਣ ਮਨ' ਲਈ ਦਰਸ਼ਕਾਂ ਨੂੰ ਸਤਿਕਾਰ ਨਾਲ ਖੜ੍ਹੇ ਹੋਣ ਅਤੇ 52 ਸਕਿੰਟਾਂ ਲਈ ਆਪਣਾ ਧਿਆਨ ਕੇਂਦਰਤ ਕਰਨ ਦੀ ਲੋੜ ਹੈ। ਪੂਰਾ ਰਾਸ਼ਟਰੀ ਗੀਤ 3 ਮਿੰਟ ਅਤੇ 10 ਸਕਿੰਟ ਲੈਂਦਾ ਹੈ।

ਉਨ੍ਹਾ ਕਿਹਾ ਹੈ, 'ਤਾਮਿਲਨਾਡੂ ਨੇ ਹੁਣੇ ਹੀ ਫੈਸਲਾ ਕੀਤਾ ਹੈ ਕਿ ਦੋਵਾਂ ਤੋਂ ਪਹਿਲਾਂ ਤਾਮਿਲ ਵਿੱਚ ਰਾਜ ਗੀਤ 2 ਮਿੰਟ ਲਈ ਹੋਰ ਹੋਵੇਗਾ। ਕੀ ਅਸੀਂ ਸੱਚਮੁੱਚ ਉਮੀਦ ਕਰਦੇ ਹਾਂ ਕਿ ਦਰਸ਼ਕ ਹਰ ਫੰਕਸ਼ਨ ਤੋਂ ਪਹਿਲਾਂ ਅਤੇ ਬਾਅਦ ਵਿੱਚ ਛੇ ਮਿੰਟ, ਕੁੱਲ 12 ਵਾਧੂ ਮਿੰਟ ਲਈ ਸਥਿਰ ਅਤੇ ਸਤਿਕਾਰ ਨਾਲ ਖੜ੍ਹੇ ਰਹਿਣਗੇ? ਕੀ ਸਤਿਕਾਰ ਅਤੇ ਸਬਰ ਨੂੰ ਕਾਨੂੰਨ ਬਣਾਇਆ ਜਾ ਸਕਦਾ ਹੈ? ਮੈਨੂੰ ਡਰ ਹੈ ਕਿ ਬਿੱਲ ਦਾ ਉਦੇਸ਼ (ਰਾਸ਼ਟਰੀ ਗੀਤ ਲਈ ਵਧੇਰੇ ਸਤਿਕਾਰ ਨੂੰ ਉਤਸ਼ਾਹਤ ਕਰਨਾ) ਪ੍ਰਾਪਤ ਨਹੀਂ ਹੋਵੇਗਾ, ਪਰ ਇਸ ਦੇ ਉਲਟ ਹੋ ਸਕਦਾ ਹੈ।'

ਰਾਸ਼ਟਰਪਤੀ ਮੁਰਮੂ ਨੇ ਰਾਸ਼ਟਰੀ ਸਨਮਾਨ ਦੇ ਅਪਮਾਨ ਦੀ ਰੋਕਥਾਮ (ਸੋਧ) ਬਿੱਲ ਨੂੰ ਰਸਮੀ ਮਨਜ਼ੂਰੀ ਦੇ ਦਿੱਤੀ ਹੈ, ਜਿਸ ਨਾਲ ਰਾਸ਼ਟਰੀ ਗਾਣ ਦੇ ਨਾਲ-ਨਾਲ ਵੰਦੇ ਮਾਤਰਮ ਨੂੰ ਬਰਾਬਰ ਕਾਨੂੰਨੀ ਦੰਡ ਸੁਰੱਖਿਆ ਪ੍ਰਦਾਨ ਕੀਤੀ ਗਈ ਹੈ। ਉਲੰਘਣਾ ਕਰਨ 'ਤੇ ਤਿੰਨ ਸਾਲ ਤੱਕ ਦੀ ਕੈਦ, ਜੁਰਮਾਨਾ ਜਾਂ ਦੋਵੇਂ ਸਜ਼ਾਵਾਂ ਹੋ ਸਕਦੀਆਂ ਹਨ। ਦੂਜੀ ਅਤੇ ਹਰ ਵਾਰ ਦੋਸ਼ੀ ਠਹਿਰਾਏ ਜਾਣ 'ਤੇ ਘੱਟੋ-ਘੱਟ ਇੱਕ ਸਾਲ ਦੀ ਕੈਦ ਦੀ ਸਜ਼ਾ ਹੈ।

## ਕੋਲੰਬੀਆ 'ਚ ਜ਼ਬਰਦਸਤ ਭੂਚਾਲ, 132 ਮੌਤਾਂ

**ਪੇਰੇਇਰਾ** : ਮੀਡੀਆ ਦੇ ਹਵਾਲੇ ਨਾਲ ਕੋਲੰਬੀਆਈ ਐਸੋਸੀਏਸ਼ਨ ਆਫ਼ ਕੈਪੀਟਲ ਸਿਟੀਜ਼ ਨੇ ਦੱਸਿਆ ਕਿ ਕੋਲੰਬੀਆ ਵਿੱਚ 7.4 ਤੀਬਰਤਾ ਦਾ ਭੂਚਾਲ ਆਉਣ ਤੋਂ ਬਾਅਦ ਘੱਟੋ-ਘੱਟ 132 ਲੋਕਾਂ ਦੀ ਮੌਤ ਹੋ ਗਈ ਹੈ ਅਤੇ 570 ਜ਼ਖ਼ਮੀ ਹੋ ਗਏ ਹਨ। ਰਾਸ਼ਟਰਪਤੀ ਨਾਲ ਆਫ਼ਤ ਪ੍ਰਤੀਕਿਰਿਆ ਮੀਟਿੰਗ ਵਿੱਚ ਹਿੱਸਾ ਲੈਣ ਉਪਰੰਤ ਐਸੋਸੀਏਸ਼ਨ ਨੇ ਕਿਹਾ ਕਿ ਇਕੱਲੇ ਪੇਰੇਇਰਾ ਸ਼ਹਿਰ ਵਿੱਚ 60 ਮੌਤਾਂ ਦੀ ਰਿਪੋਰਟ ਹੈ। ਐਸੋਸੀਏਸ਼ਨ ਅਨੁਸਾਰ ਦੇਸ਼ ਭਰ ਵਿੱਚ ਪੰਜ ਰਾਜਧਾਨੀ ਸ਼ਹਿਰ ਰੈੱਡ ਅਲਰਟ ਹੇਠ ਹਨ ਅਤੇ 86 ਇਮਾਰਤਾਂ ਢਹਿ ਗਈਆਂ ਹਨ ਅਤੇ ਸੱਤ ਹਵਾਈ ਅੱਡਿਆਂ 'ਤੇ ਸੰਚਾਲਨ ਮੁਅੱਤਲ ਕਰ ਦਿੱਤਾ ਗਿਆ ਹੈ।

## 10 ਤੇ 20 ਰੁਪਏ ਦੇ ਪੋਲੀਮਰ ਨੋਟਾਂ ਦੇ ਟ੍ਰਾਇਲ ਨੂੰ ਮਨਜ਼ੂਰੀ

**ਨਵੀਂ ਦਿੱਲੀ (ਨ ਜ਼ ਸ)**-ਸਰਕਾਰ ਨੇ 10 ਅਤੇ 20 ਰੁਪਏ ਦੇ ਇੱਕ ਅਰਬ ਪੋਲੀਮਰ ਨੋਟਾਂ ਦੇ ਟ੍ਰਾਇਲ ਨੂੰ ਮਨਜ਼ੂਰੀ ਦੇ ਦਿੱਤੀ ਹੈ।

ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਰਾਜ ਸਭਾ ਨੂੰ ਇੱਕ ਲਿਖਤੀ ਜਵਾਬ ਵਿੱਚ ਦੱਸਿਆ ਕਿ ਭਾਰਤੀ ਰਿਜ਼ਰਵ ਬੈਂਕ ਨੇ ਆਪਣੇ ਕੇਂਦਰੀ ਬੋਰਡ ਦੀ ਸਿਫਾਰਸ਼ ਨਾਲ ਭਾਰਤੀ ਰਿਜ਼ਰਵ ਬੈਂਕ ਐਕਟ, 1934 ਦੀ ਧਾਰਾ 25 ਦੇ ਮੁਤਾਬਕ ਸਰਕਾਰ ਨੂੰ ਫੀਲਡ ਟ੍ਰਾਇਲਾਂ ਲਈ 10 ਰੁਪਏ ਅਤੇ 20 ਰੁਪਏ ਦੇ ਪੋਲੀਮਰ ਬੈਂਕ ਨੋਟਾਂ ਦੇ ਇੱਕ-ਇੱਕ ਅਰਬ ਟੁਕੜੇ ਪੇਸ਼ ਕਰਨ ਅਤੇ ਫੀਲਡ ਟ੍ਰਾਇਲ ਦੇ ਸਫਲਤਾਪੂਰਵਕ ਸੰਪੂਰਨ ਹੋਣ ਤੋਂ ਬਾਅਦ ਇਨ੍ਹਾਂ ਦੋਵਾਂ ਨੋਟਾਂ ਵਿੱਚ ਪੋਲੀਮਰ ਬੈਂਕ ਨੋਟਾਂ ਨੂੰ ਨਿਯਮਤ ਤੌਰ 'ਤੇ ਜਾਰੀ ਕਰਨ ਦਾ ਪ੍ਰਸਤਾਵ ਭੇਜਿਆ ਸੀ। ਸਰਕਾਰ ਨੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਹੈ।

# ਕੇਂਦਰੀ ਹਕੂਮਤ ਲੋਕ ਵਿਰੋਧੀ ਨੀਤੀਆਂ 'ਤੇ ਚੱਲ ਰਹੀ : ਜਗਰੂਪ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**



21 ਅਗਸਤ ਦੀ ਮੁਕਤਸਰ ਸਾਹਿਬ ਵਿਖੇ ਨਰੇਗਾ ਹੱਕ ਦੀ ਪ੍ਰਾਪਤੀ ਰੈਲੀ ਅਤੇ ਇੱਕ ਸਤੰਬਰ ਨੂੰ ਦਿੱਲੀ ਰੈਲੀ ਵਿੱਚ ਪਹੁੰਚਣ ਦੀ ਤਿਆਰੀ ਲਈ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਪਿੰਡਾਂ ਵਿੱਚ ਜਥਾ ਮਾਰਚ ਕੱਢਿਆ ਜਾ ਰਿਹਾ ਹੈ। ਮੰਗਲਵਾਰ ਪਿੰਡ ਦੂਹੇਵਾਲਾ, ਗਿਲਜੇਵਾਲਾ ਅਤੇ ਚੋਟੀਆਂ ਵਿੱਚ ਮਾਰਚ ਕੀਤਾ ਗਿਆ।ਇਸ ਸਮੇਂ ਜ਼ਿਲ੍ਹਾ ਸਕੱਤਰ ਹਰਲਾਭ ਸਿੰਘ ਦੂਹੇਵਾਲਾ, ਜ਼ਿਲ੍ਹਾ ਮੀਤ ਸਕੱਤਰ ਬੋਹੜ ਸਿੰਘ ਸੁਖਨਾ, ਬਲਾਕ ਸਕੱਤਰ ਗੁਰਦੀਪ ਸਿੰਘ ਸੁਖਨਾ, ਸੁਰਜੀਤ ਸਿੰਘ ਛੱਤਿਆਣਾ, ਜਸਵਿੰਦਰ ਸਿੰਘ ਸਾਹਿਬ ਚੰਦ, ਬਲਵੀਰ ਸਿੰਘ ਕੋਠੇ ਦਸਮੇਸ਼ ਨਗਰ, ਗਰਬਚਨ ਸਿੰਘ ਛੱਤਿਆਣਾ ਅਤੇ ਬਰਾਂਚਾਂ ਦੇ ਸਾਥੀ ਸ਼ਾਮਲ ਸਨ।ਇਹ ਮਾਰਚ ਸਪੀਕਰ ਵਾਲੀ ਗੱਡੀ ਨੇ ਸਪੈਸ਼ਲ ਪ੍ਰਚਾਰ ਕੈਸਿਟ ਨਾਲ ਪਿੰਡਾਂ ਦਾ ਚੱਕਰ ਲਾ ਕੇ ਇਕ ਸਤੰਬਰ ਦਿੱਲੀ ਮਾਰਚ ਦਾ ਸੁਨੇਹਾ ਦਿੱਤਾ।

ਜਗਰੂਪ ਸਿੰਘ ਨੇ ਆਪਣੇ ਸੰਬੋਧਨ ਵਿਚ ਦਿੱਲੀ ਵਿਖੇ ਕੀਤੀ ਜਾ ਰਹੀ 'ਬਦਲਾਓ ਜ਼ਰੂਰੀ ਹੈ' ਰੈਲੀ ਦੇ ਮਹੱਤਵ ਬਾਰੇ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਵੜਿੰਗ ਤੇ ਚੰਨੀ ਦਾ ਜਿਵੇਂ ਖਿਚਾਅ ਚੋਖਾ,
ਲੱਗਦੀ ਸਿਰੇ ਨਾ ਕਿਸੇ ਕੋਈ ਗੱਲ ਬੇਲੀ।
ਹਾਈ ਕਮਾਂਡ ਤੋਂ ਸਾਰੇ ਪਏ ਆਸ ਕਰਦੇ,
ਤੋੜੇਗੀ ਚੁੱਪ ਫਿਰ ਨਿਕਲੂਗਾ ਹੱਲ ਬੇਲੀ।
ਹਫਤੇ ਕਈਆਂ ਤੋਂ ਚੱਲਦਾ ਪਿਆ ਚੱਕਰ,
ਲੀਡਰਾਂ-ਵਰਕਰਾਂ ਪਾਸੇ ਲਏ ਮੱਲ ਬੇਲੀ।
ਵਧਦੀ ਜਾਂਦੀ ਨਿਰਾਸ਼ਾ ਕੁਝ ਸਫਾਂ ਅੰਦਰ,
ਲਹਿੰਦੀ ਦਿੱਸ ਰਹੀ ਵਾਲ਼ ਦੀ ਖੱਲ ਬੇਲੀ।
ਤੋੜੀ ਚੁੱਪ ਅੱਜ ਪ੍ਰਤਾਪ ਸਿੰਘ ਬਾਜਵੇ ਵੀ,
ਵਿਧਾਇਕਾਂ ਪੰਦਰਾਂ ਨੇ ਬੈਠਕ ਕਰੀ ਬੇਲੀ।
ਭੇਜ'ਤੀ ਚਿੱਠੀ ਆ ਹਾਈ ਕਮਾਂਡ ਦੇ ਵੱਲ,
ਗੰਢ ਦੀ ਗੁੰਝਲ ਸਭ ਖੋਲ੍ਹ ਕੇ ਧਰੀ ਬੇਲੀ।

-ਤੀਸ ਮਾਰ ਖਾਂ

# ਪੀ ਆਰ ਟੀ ਸੀ ਦੇ ਸੇਵਾ-ਮੁਕਤ ਮੁਲਾਜ਼ਮਾਂ ਪ੍ਰਤੀ ਮੈਨੇਜਮੈਂਟ ਦਾ ਅਣਮਨੁੱਖੀ ਰਵੱਈਆ : ਧਾਲੀਵਾਲ

**ਪਟਿਆਲਾ (ਰਜਿੰਦਰ ਸਿੰਘ ਥਿੰਦ)**



ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਦੀ ਮਹੀਨਾਵਾਰ ਜਨਰਲ ਮੀਟਿੰਗ ਮੰਗਲਵਾਰ ਬੱਸ ਸਟੈਂਡ ਵਿਖੇ ਹੋਈ, ਜਿਸ ਵਿੱਚ 300 ਤੋਂ ਵੱਧ ਸੇਵਾ-ਮੁਕਤ ਕਰਮਚਾਰੀਆਂ ਨੇ ਭਾਗ ਲਿਆ। ਯੂਨੀਅਨ ਦੇ ਸਰਪ੍ਰਸਤ ਨਿਰਮਲ ਸਿੰਘ ਧਾਲੀਵਾਲ ਮੀਟਿੰਗ ਨੂੰ ਸੰਬੋਧਨ ਕਰਨ ਲਈ ਵਿਸ਼ੇਸ਼ ਤੌਰ 'ਤੇ ਪੁੱਜੇ। ਮੀਟਿੰਗ ਦੀ ਪ੍ਰਧਾਨਗੀ ਉੱਤਮ ਸਿੰਘ ਬਾਗੜੀ, ਮੁਹੰਮਦ ਖਲੀਲ, ਰਾਮ ਸਰੂਪ ਅਗਰਵਾਲ ਅਤੇ ਗੁਰਵਿੰਦਰ ਸਿੰਘ ਗੋਲਡੀ ਨੇ ਕੀਤੀ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਧਾਲੀਵਾਲ ਨੇ ਕਿਹਾ ਕਿ ਪੀ ਆਰ ਟੀ ਸੀ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵੱਲੋਂ ਜਿੱਥੇ ਪੀ ਆਰ ਟੀ ਸੀ ਦੇ ਮੌਜੂਦਾ ਵਰਕਰਾਂ ਦੀਆਂ ਸਮੱਸਿਆਵਾਂ ਅਤੇ ਵਿੱਤੀ ਮੁਸ਼ਕਲਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ, ਉੱਥੇ ਹੀ ਸੇਵਾ-ਮੁਕਤ ਕਰਮਚਾਰੀਆਂ ਦੀਆਂ ਅਨੇਕਾਂ ਸਮੱਸਿਆਵਾਂ ਅਤੇ ਮੰਗਾਂ ਨੂੰ ਵੀ ਬੜੀ ਹੀ ਬੇਪਰਵਾਹੀ ਨਾਲ ਅੱਖੋਂ-ਪਰੋਖੇ ਕੀਤਾ ਜਾ ਰਿਹਾ ਹੈ। ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਮੁਫਤ ਸਫਰ ਸਹੂਲਤਾਂ ਬਦਲੇ ਬਣਦੇ 700 ਕਰੋੜ ਰੁਪਏ ਦੇ ਕਰੀਬ ਸਾਲਾਂਬੱਧੀ ਤੋਂ ਪੀ ਆਰ ਟੀ ਸੀ ਨੂੰ ਨਹੀਂ ਦੇ ਰਹੀ, ਜਿਸ ਕਰਕੇ ਪਿਛਲੇ ਡੇਢ ਸਾਲ ਤੋਂ ਰਿਟਾਇਰ ਹੋਏ ਵਰਕਰਾਂ ਦੀਆਂ ਪੇਮੈਂਟ ਨਹੀਂ ਕੀਤੀ ਜਾ ਰਹੀ। ਸਮੁੱਚੇ ਵਰਕਰਾਂ ਦੇ ਕਰੋੜਾਂ ਰੁਪਏ ਦੇ ਵੱਖ-ਵੱਖ ਕਿਸਮ ਦੇ ਬਕਾਏ ਨਹੀਂ ਦਿੱਤੇ ਜਾ ਰਹੇ, ਪੇ ਕਮਿਸ਼ਨ ਦੇ ਬਕਾਏ ਸਰਕਾਰ ਦੁਆਰਾ ਜਾਰੀ ਕੀਤੇ ਸ਼ਡਿਊਲ ਦੇ ਬਾਵਜੂਦ ਇਸ ਅਦਾਰੇ ਵਿੱਚ ਪੇਮੈਂਟ ਸ਼ੁਰੂ ਹੀ ਨਹੀਂ ਕੀਤੀ ਗਈ, ਤਨਖਾਹ ਅਤੇ ਪੈਨਸ਼ਨ ਕਦੇ ਵੀ ਸਮੇਂ ਸਿਰ ਨਹੀਂ ਮਿਲਦੀ, ਸੇਵਾ-ਮੁਕਤ ਕਰਮਚਾਰੀਆਂ ਨੂੰ ਦੋ ਸਾਲ ਬਾਅਦ ਇੱਕ ਬੇਸਿਕ ਪੇ ਦੇ ਬਰਾਬਰ ਮਿਲਣ ਵਾਲਾ ਯਾਤਰੀ ਭੱਤਾ ਨਹੀਂ ਦਿੱਤਾ ਜਾ ਰਿਹਾ, ਕੁਝ ਬਜ਼ੁਰਗ ਸੇਵਾ-ਮੁਕਤ ਕਰਮਚਾਰੀਆਂ ਨੂੰ 1992 ਦੀ ਪੈਨਸ਼ਨ ਦਾ ਲਾਭ ਨਾ ਦੇ ਕੇ ਮੈਨੇਜਮੈਂਟ ਨੇ ਅਣਮਨੁੱਖੀ ਰਵੱਈਆ ਧਾਰਨ ਕੀਤਾ ਹੋਇਆ ਹੈ। ਮਹਿਕਮੇ ਵਿੱਚ ਕੋਈ ਯੋਜਨਾਬੰਦੀ ਸਹੀ ਤਰੀਕੇ ਦੀ ਨਾ ਹੋਣ ਕਾਰਨ ਭਾਰੀ ਮਾਲੀ ਨੁਕਸਾਨ ਹੋ ਰਿਹਾ ਹੈ। 250 ਬੱਸਾਂ ਦਾ ਫਲੀਟ ਵਿੱਚ ਵਾਧਾ ਹੋਣ ਦੇ ਬਾਵਜੂਦ ਆਮਦਨ ਵਿੱਚ ਉਕਾ ਹੀ ਕੋਈ ਵਾਧਾ ਨਹੀਂ ਹੋਇਆ, ਜਦ ਕਿ ਇਹਨਾਂ ਬੱਸਾਂ ਦਾ ਰੋਜ਼ਾਨਾ ਦਾ 35 ਲੱਖ ਰੁਪਏ ਦਾ ਬੋਝ ਪ੍ਰਤੀ ਦਿਨ ਪੈ ਰਿਹਾ ਹੈ।

ਪ੍ਰਧਾਨ ਉੱਤਮ ਸਿੰਘ ਬਾਗੜੀ ਅਤੇ ਜਨਰਲ ਸਕੱਤਰ ਮੁਹੰਮਦ ਖਲੀਲ ਨੇ ਕਿਹਾ ਕਿ ਜੇਕਰ ਮੈਨੇਜਮੈਂਟ ਨੇ ਸੇਵਾ-ਮੁਕਤ ਵਰਕਰਾਂ ਦੀਆਂ ਮੰਗਾਂ ਮੰਨਣ ਵਿੱਚ ਕੋਈ ਦੇਰੀ ਕੀਤੀ ਜਾਂ ਅਣਦੇਖੀ ਕੀਤੀ ਤਾਂ ਆਉਣ ਵਾਲੇ ਸਮੇਂ ਵਿੱਚ ਸੇਵਾ-ਮੁਕਤ ਕਰਮਚਾਰੀਆਂ ਨੂੰ ਮਜਬੂਰ ਹੋ ਕੇ ਵੱਖ-ਵੱਖ ਤਰੀਕਿਆਂ ਨਾਲ ਸੰਘਰਸ਼ ਕਰਨਾ ਪਏਗਾ। ਇਕੱਠ ਨੂੰ ਗੁਰਵਿੰਦਰ ਸਿੰਘ, ਗੋਲਡੀ, ਰਮੇਸ਼ ਕੁਮਾਰ ਅਤੇ ਰਾਮ ਸਰੂਪ ਅਗਰਵਾਲ ਨੇ ਵੀ ਸੰਬੋਧਨ ਕੀਤਾ।

# ਮੀਤ ਹੇਅਰ ਤੇ ਸੁਖਾਨੰਦ ਨੂੰ ਬਣਾਇਆ ਚੋਣ ਇੰਚਾਰਜ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ ਪੰਜਾਬ ਨੇ ਮੰਗਲਵਾਰ ਪੰਜਾਬ ਯੂਨੀਵਰਸਿਟੀ ਕੈਂਪਸ ਸਟੂਡੈਂਟਸ ਕੌਂਸਲ (ਪੀ ਯੂ ਸੀ ਐੱਸ ਸੀ) ਦੀਆਂ ਆਗਾਮੀ ਚੋਣਾਂ ਲਈ ਐੱਮ ਪੀ ਗੁਰਮੀਤ ਸਿੰਘ ਮੀਤ ਹੇਅਰ ਅਤੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੂੰ ਚੋਣ ਇੰਚਾਰਜ ਨਿਯੁਕਤ ਕਰਨ ਦਾ ਐਲਾਨ ਕੀਤਾ ਹੈ।ਇਹ ਨਿਯੁਕਤੀਆਂ ਆਪ ਦੇ ਵਿਦਿਆਰਥੀ ਵਿੰਗ ਐਸੋਸੀਏਸ਼ਨ ਆਫ਼ ਸਟੂਡੈਂਟਸ ਫ਼ਾਰ ਆਲਟਰਨੇਟਿਵ ਪੋਲੀਟਿਕਸ (ਏ ਐੱਸ ਏ ਪੀ) ਲਈ ਕੀਤੀਆਂ ਗਈਆਂ ਹਨ, ਕਿਉਂਕਿ ਪਾਰਟੀ ਨੇ ਪੰਜਾਬ ਯੂਨੀਵਰਸਿਟੀ ਵਿੱਚ ਆਗਾਮੀ ਵਿਦਿਆਰਥੀ ਚੋਣਾਂ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਚੋਣਾਂ ਅਗਲੇ ਮਹੀਨੇ ਹੋਣ ਦੀ ਉਮੀਦ ਹੈ।

## ਰੇਲਵੇ ਫਾਟਕ ਬੰਦ ਹੋਣ ਕਾਰਨ ਲੋਕ ਪ੍ਰੇਸ਼ਾਨ



**ਬਰੇਟਾ (ਗੀਤਵਾਲ)**-ਸਥਾਨਕ ਸ਼ਹਿਰ ਦੇ ਗਊਸ਼ਾਲਾ ਵਾਲੇ ਰੇਲਵੇ ਫਾਟਕ 'ਤੇ ਅੰਡਰ ਬ੍ਰਿਜ ਦਾ ਨਿਰਮਾਣ ਕਾਰਜ ਚੱਲਣ ਕਾਰਨ ਇਹ ਫਾਟਕ ਪਿਛਲੇ ਕਈ ਦਿਨਾਂ ਤੋਂ ਬੰਦ ਪਿਆ ਹੈ, ਜਿਸ ਕਾਰਨ ਆਵਾਜਾਈ ਦਾ ਸਾਰਾ ਬੋਝ ਦੂਜੇ ਜਲਵੇੜਾ ਰੋਡ ਵਾਲੇ ਰੇਲਵੇ ਫਾਟਕ 'ਤੇ ਪੈ ਗਿਆ ਹੈ।ਇਸ ਕਾਰਨ ਇਸ ਫਾਟਕ 'ਤੇ ਹਰ ਰੋਜ਼ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ ਰਹੀਆਂ ਹਨ, ਜਿਸ ਨਾਲ ਰਾਹਗੀਰਾਂ ਤੇ ਵਾਹਨ ਚਾਲਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ, ਇਹ ਫਾਟਕ ਦਿਨ ਵਿੱਚ ਕਈ ਵਾਰ ਟਰੇਨਾਂ ਦੀ ਆਵਾਜਾਈ ਕਾਰਨ ਬੰਦ ਹੁੰਦਾ ਹੈ, ਪਰ ਦੂਜੇ ਪਾਸੇ ਵਿਕਲਪਿਕ ਰਸਤਾ ਬੰਦ ਹੋਣ ਕਾਰਨ ਹੁਣ ਇਹੀ ਇੱਕੋ-ਇੱਕ ਰਸਤਾ ਬਚਿਆ ਹੈ।ਦੱਸਣਯੋਗ ਹੈ ਕਿ ਸਕੂਲੀ ਬੱਚਿਆਂ ਦੀਆਂ ਬੱਸਾਂ, ਦਫ਼ਤਰ ਜਾਣ ਵਾਲੇ ਲੋਕਾਂ, ਐਂਬੂਲੈਂਸਾਂ ਤੇ ਹੋਰ ਜ਼ਰੂਰੀ ਵਾਹਨਾਂ ਨੂੰ ਵੀ ਫਾਟਕ ਖੁੱਲ੍ਹਣ ਦੀ ਉਡੀਕ ਵਿੱਚ ਲੰਮਾ ਸਮਾਂ ਖੜ੍ਹੇ ਰਹਿਣਾ ਪੈਂਦਾ ਹੈ।ਕਈ ਵਾਰ ਇਹ ਕਤਾਰਾਂ ਅੱਧਾ ਕਿਲੋਮੀਟਰ ਤੋਂ ਵੀ ਵੱਧ ਲੰਮੀਆਂ ਹੋ ਜਾਂਦੀਆਂ ਹਨ।ਸਥਾਨਕ ਵਸਨੀਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਤੇ ਰੇਲਵੇ ਵਿਭਾਗ ਨੂੰ ਇਸ ਸਮੱਸਿਆ ਦੇ ਹੱਲ ਲਈ ਤੁਰੰਤ ਕਦਮ ਚੁੱਕਣੇ ਚਾਹੀਦੇ ਹਨ। ਉਨ੍ਹਾਂ ਮੰਗ ਕੀਤੀ ਕਿ ਟ੍ਰੈਫਿਕ ਪੁਲਸ ਦੀ ਤਾਇਨਾਤੀ ਕੀਤੀ ਜਾਵੇ ਤਾਂ ਜੋ ਵਾਹਨਾਂ ਦੀ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ।

## ਕੁਲਦੀਪ ਸਿੰਘ ਤੇ ਅਮਰਜੀਤ ਸਿੰਘ ਸ਼੍ਰੋਅਦ ਦੇ ਕੌਮੀ ਮੀਤ ਪ੍ਰਧਾਨ ਤੇ ਕੌਮੀ ਜਥੇਬੰਧਕ ਸਕੱਤਰ ਬਣੇ



**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਹਲਕੇ ਲਈ ਇਹ ਮਾਣ ਤੇ ਖੁਸ਼ੀ ਦੀ ਗੱਲ ਹੈ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕੇ ਦੇ ਦੋ ਟਕਸਾਲੀ ਤੇ ਮਿਹਨਤੀ ਅਕਾਲੀ ਆਗੂਆਂ ਨੂੰ ਪਾਰਟੀ ਦੀ ਕੌਮੀ ਪੱਧਰ ਦੀਆਂ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਕੁਲਦੀਪ ਸਿੰਘ ਨੱਤੂਪੁਰ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਕੌਮੀ ਮੀਤ ਪ੍ਰਧਾਨ ਤੇ ਸ. ਅਮਰਜੀਤ ਸਿੰਘ ਟੋਡਰਪੁਰ ਸਾਬਕਾ ਚੇਅਰਮੈਨ ਨੂੰ ਕੌਮੀ ਜਥੇਬੰਦਕ ਸਕੱਤਰ ਨਿਯੁਕਤ ਕੀਤਾ ਗਿਆ ਹੈ।ਦੋਵਾਂ ਆਗੂਆਂ ਦੀ ਨਿਯੁਕਤੀ ਦੀ ਖ਼ਬਰ ਮਿਲਦਿਆਂ ਹੀ ਸਮਾਣਾ ਹਲਕੇ ਦੇ ਅਕਾਲੀ ਆਗੂਆਂ, ਵਰਕਰਾਂ ਤੇ ਸਮਰਥਕਾਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਅਕਾਲੀ ਆਗੂਆਂ ਤੇ ਵਰਕਰਾਂ ਵੱਲੋਂ ਦੋਵਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈਆਂ ਦੇਣ ਦਾ ਸਿਲਸਿਲਾ ਜਾਰੀ ਹੈ।ਇਸ ਮੌਕੇ ਸਮਾਣਾ ਹਲਕੇ ਦੇ ਅਕਾਲੀ ਆਗੂਆਂ ਤੇ ਵਰਕਰਾਂ ਨੇ ਕਿਹਾ ਕਿ ਦੋਵਾਂ ਆਗੂਆਂ ਨੂੰ ਕੌਮੀ ਪੱਧਰ 'ਤੇ ਅਹਿਮ ਅਹੁਦੇ ਮਿਲਣਾ ਪੂਰੇ ਸਮਾਣਾ ਹਲਕੇ ਲਈ ਮਾਣ ਵਾਲੀ ਗੱਲ ਹੈ।ਸਮਾਣਾ ਹਲਕੇ ਦੇ ਇੰਚਾਰਜ ਸੁਖਵਿੰਦਰ ਜਗਮੀਤ ਸਿੰਘ ਹਰਿਆਊ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਵੱਲੋਂ ਸਮਾਣਾ ਹਲਕੇ ਦੇ ਦੋ ਮਿਹਨਤੀ ਤੇ ਟਕਸਾਲੀ ਆਗੂਆਂ ਨੂੰ ਕੌਮੀ ਪੱਧਰ ਦੀਆਂ ਜ਼ਿੰਮੇਵਾਰੀਆਂ ਸੌਂਪ ਕੇ ਉਨ੍ਹਾਂ ਦਾ ਮਾਣ ਵਧਾਇਆ ਗਿਆ ਹੈ।ਇਸ ਲਈ ਪਾਰਟੀ ਪ੍ਰਧਾਨ ਦਾ ਵੀ ਧੰਨਵਾਦ ਕੀਤਾ ਗਿਆ।ਇਸ ਮੌਕੇ ਦੋਵਾਂ ਨਵ-ਨਿਯੁਕਤ ਕੌਮੀ ਅਹੁਦੇਦਾਰਾਂ ਨੂੰ ਸਮਾਣਾ ਹਲਕੇ ਦੇ ਅਕਾਲੀ ਆਗੂਆਂ, ਵਰਕਰਾਂ ਤੇ ਸਮਰਥਕਾਂ ਵੱਲੋਂ ਲੱਖ-ਲੱਖ ਵਧਾਈਆਂ ਤੇ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ।

## ਗਾਰਡਨ ਵੈਲੀ ਸਕੂਲ ਵਿਖੇ ਖੇਡ ਕਿੱਟਾਂ ਵੰਡੀਆਂ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਡੇਹਲੋਂ ਵਿਖੇ ਵਿਦਿਆਰਥੀਆਂ ਨੂੰ ਖੇਡ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸੁਖਵਿੰਦਰ ਸਿੰਘ ਬਿੰਦਰਾ ਮੈਂਬਰ (ਐੱਨ.ਆਈ.ਐੱਸ.ਡੀ) ਤੇ ਸਪੈਸ਼ਲ ਮੈਂਬਰ (ਐੱਨ.ਸੀ.ਸੀ.ਡੀ.ਆਰ.), ਸਮਾਜਿਕ ਨਿਆਂ ਤੇ ਸਸ਼ਕਤੀਕਰਨ ਮੰਤਰਾਲਾ ਭਾਰਤ ਸਰਕਾਰ ਨੇ ਸ਼ਿਰਕਤ ਕੀਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਗਾਰਡਨ ਵੈਲੀ ਸਕੂਲ ਵੱਲੋਂ ਆਪਣੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਕੇ 10 ਮੈਂਬਰੀ ਟੀਮਾਂ ਬਣਾਈਆਂ ਹਨ, ਜੋ ਕਿ ਘਰ-ਘਰ ਜਾ ਕੇ ਨਸ਼ਿਆਂ ਖਿਲਾਫ਼ ਲੋਕਾਂ ਨੂੰ ਜਾਗਰੂਕ ਕਰ ਰਹੀਆਂ ਹਨ, ਉਹ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਅੱਜ ਜ਼ਰੂਰਤ ਹੈ ਕਿ ਬੱਚਿਆਂ ਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਉਨ੍ਹਾਂ ਨੂੰ ਖੇਡਾਂ ਨਾਲ ਜੋੜਿਆ ਜਾਵੇ, ਵਧੀਆ ਸਿੱਖਿਆ ਮੁਹੱਈਆ ਕਰਵਾਈ ਜਾਵੇ ਤੇ ਫਿਰ ਰੋਜ਼ਗਾਰ ਦਿੱਤੇ ਜਾਣ ਤਾਂ ਹੀ ਇਕ ਵਧੀਆ ਸਮਾਜ ਸਿਰਜਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਲਈ ਕੇਂਦਰ ਸਰਕਾਰ ਵੱਲੋਂ ਖੇਡ ਕਿੱਟਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਤਹਿਤ ਉਨ੍ਹਾਂ ਵੱਖ-ਵੱਖ ਖੇਡਾਂ ਨਾਲ ਸਬੰਧਤ ਕਿੱਟਾਂ ਬੱਚਿਆਂ ਨੂੰ ਸੌਂਪੀਆਂ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਲਈ ਵਿਦਿਆਰਥੀਆਂ, ਮਾਪਿਆਂ ਤੇ ਸਮਾਜ ਦੇ ਹਰ ਵਰਗ ਦਾ ਸਹਿਯੋਗ ਜ਼ਰੂਰੀ ਹੈ। ਇਸ ਮੌਕੇ ਵਿਦਿਆਰਥੀਆਂ ਨੇ ਨਸ਼ਿਆਂ ਖਿਲਾਫ਼ ਜਾਗਰੂਕ ਕਰਦੀਆਂ ਕੋਰਿਓਗ੍ਰਾਫੀਆਂ ਪੇਸ਼ ਕੀਤੀਆਂ, ਜਿਸ ਨੂੰ ਦਰਸ਼ਕਾਂ ਨੇ ਬਹੁਤ ਸਰਾਹਿਆ। ਸਕੂਲ ਦੀ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਮੁੱਖ ਮਹਿਮਾਨ ਦਾ ਸਵਾਗਤ ਕਰਦਿਆਂ ਕਿਹਾ ਕਿ ਸਕੂਲ ਵਿਦਿਆਰਥੀਆਂ ਵਿੱਚ ਖੇਡ ਭਾਵਨਾ ਵਿਕਸਿਤ ਕਰਨ ਲਈ ਲਗਾਤਾਰ ਯਤਨ ਕਰ ਰਿਹਾ ਹੈ।

## ਮੋਤੀ ਬਾਗ 'ਚ ਤੀਆਂ ਦਾ ਤਿਉਹਾਰ ਮਨਾਇਆ



**ਜਗਰਾਉਂ (ਨਛੱਤਰ ਸੰਧੂ)**-ਮੋਤੀ ਬਾਗ ਵਿਖੇ ਤੀਆਂ ਦਾ ਤਿਉਹਾਰ ਸੁੱਖਪ੍ਰੀਤ ਕੌਰ, ਜੋਤੀ ਬੱਬਰ, ਅਮਨ ਬਤਰਾ, ਗੁਰਮੀਤ ਕੌਰ (ਰਾਜੂ) ਤੇ ਸਿਮਰਨ ਕੌਰ ਦੀ ਅਗਵਾਈ 'ਚ ਤੀਆਂ ਦਾ ਤਿਉਹਾਰ ਬਹੁਤ ਹੀ ਸੁਚੱਜੇ ਢੰਗ ਨਾਲ ਮਨਾਇਆ ਗਿਆ।ਦਵਿੰਦਰਜੀਤ ਸਿੰਘ ਸਿੱਧੂ ਐੱਮ ਸੀ ਮੋਤੀ ਬਾਗ ਦੀ ਧਰਮ ਪਤਨੀ ਰਣਜੀਤ ਕੌਰ ਨੂੰ ਮੁੱਖ ਮਹਿਮਾਨ ਵਜੋਂ ਜੀ ਆਇਆ ਕਿਹਾ ਗਿਆ।ਤੀਆਂ ਦੇ ਤਿਉਹਾਰ ਦੇ ਵਿੱਚ ਸਾਰਿਆਂ ਨੇ ਬਹੁਤ ਹੀ ਵਨ ਸਵੰਨੀਆਂ ਖੇਡਾਂ ਖੇਡੀਆਂ, ਕਿੱਕਲੀ ਪਾਈ, ਗਿੱਧਾ ਪਾਇਆ ਤੇ ਤੰਬੋਲਾ ਦੀਆਂ ਖੇਡਾਂ ਵੀ ਖੇਡੀਆਂ।ਵੀਰਪਾਲ ਕੌਰ 'ਤੀਆਂ ਦੀ ਰਾਣੀ' ਵਜੋਂ ਚੁਣੇ ਗਏ।ਅਖੀਰ ਵਿੱਚ ਸਾਰਿਆਂ ਨੇ ਸ਼ਾਮ ਦਾ ਖਾਣਾ ਖਾਧਾ ਤੇ ਨੱਚ ਟੱਪ ਕੇ ਆਪਣਾ ਤੀਆਂ ਦਾ ਤਿਉਹਾਰ ਸਮਾਪਤ ਕੀਤਾ।

## ਓ ਐੱਸ ਡੀ ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ ਪਿੰਡਾਂ ਦਾ ਦੌਰਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਤੂਫ਼ਾਨੀ ਦੌਰਾ ਕਰਦਿਆਂ ਪਿੰਡਾਂ ਦੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੁਸ਼ਕਲਾਂ ਨੂੰ ਗੰਭੀਰਤਾ ਨਾਲ ਸੁਣਿਆ।ਓ.ਐੱਸ.ਡੀ. ਸੁਖਵੀਰ ਸਿੰਘ ਨੇ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਹਰ ਆਮ ਨਾਗਰਿਕ ਦੇ ਨਾਲ ਚੱਟਾਨ ਵਾਂਗ ਖੜ੍ਹੀ ਹੈ ਤੇ ਹਲਕੇ ਦੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ।ਦੌਰੇ ਦੌਰਾਨ ਵੱਖ-ਵੱਖ ਪਿੰਡਾਂ ਵਿੱਚ ਜਨ-ਸਭਾਵਾਂ ਤੇ ਲੋਕ-ਮਿਲਣੀ ਪ੍ਰੋਗਰਾਮਾਂ ਵਿੱਚ ਓ.ਐੱਸ.ਡੀ. ਨੇ ਲੋਕਾਂ ਦੀਆਂ ਪੀਣ ਵਾਲੇ ਪਾਣੀ, ਸੀਵਰੇਜ, ਸੜਕਾਂ ਦੀ ਮੁਰੰਮਤ, ਬਿਜਲੀ ਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਸਮੱਸਿਆਵਾਂ ਦਾ ਮੌਕੇ 'ਤੇ ਹੀ ਜਾਇਜ਼ਾ ਲਿਆ।ਉਨ੍ਹਾਂ ਮੌਕੇ 'ਤੇ ਮੌਜੂਦ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀਆਂ ਜਾਇਜ਼ ਮੰਗਾਂ ਤੇ ਸਮੱਸਿਆਵਾਂ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ ਤੇ ਕੰਮ ਵਿੱਚ ਕਿਸੇ ਵੀ ਕਿਸਮ ਦੀ ਢਿੱਲ-ਮੱਠ ਜਾਂ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨਵਾ ਕਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਮਨੋਰਥ ਹਰ ਪਿੰਡ ਤੇ ਸ਼ਹਿਰ ਦਾ ਸਰਬਪੱਖੀ ਵਿਕਾਸ ਕਰਨਾ ਹੈ।ਇਸ ਮੌਕੇ ਡਾ. ਅਨਵਰ ਭਸੌੜ, ਰਛਪਾਲ ਸਿੰਘ ਭੁੱਲਰ, ਰਣਜੋਧ ਸਿੰਘ ਕਾਂਝਲਾ, ਰੂਬਲ ਬਾਜਵਾ, ਹਰਜਿੰਦਰ ਸਿੰਘ ਕਾਂਝਲਾ, ਅੰਮ੍ਰਿਤਪਾਲ ਸਿੰਘ ਘਨੌਰ ਆਦਿ ਹਾਜ਼ਰ ਸਨ।

## ਬੁੜੈਮਾਜਰਾ ਤੇ ਮੀਰਾਂਪੁਰ 'ਚ ਵਿਕਾਸ ਕਾਰਜਾਂ ਦੇ ਉਦਘਾਟਨ



**ਭੁੰਨਰਹੇੜੀ/ਪਟਿਆਲਾ (ਰਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਬੁੜੈਮਾਜਰਾ ਤੇ ਮੀਰਾਂਪੁਰ ਵਿਖੇ ਵੱਖ-ਵੱਖ ਨਵੇਂ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।ਉਨ੍ਹਾਂ ਪਿੰਡ ਵਾਸੀਆਂ ਨਾਲ ਉਚੇਚੇ ਤੌਰ 'ਤੇ ਮੁਲਾਕਾਤ ਕੀਤੀ ਅਤੇ ਮਾਨ ਸਰਕਾਰ ਵੱਲੋਂ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਕਰਾਏ ਜਾ ਰਹੇ ਇਤਿਹਾਸਕ ਕੰਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ, ਪਰਮਪਾਲ ਸਿੰਘ ਬਲਾਕ ਇੰਚਾਰਜ, ਕੁਲਬੀਰ ਸਿੰਘ ਸਰਪੰਚ, ਖੁਸ਼ਪਿੰਦਰ ਕੌਰ ਸਰਪੰਚ, ਲਖਵੀਰ ਸਿੰਘ ਸੀਨੀਅਰ ਮੀਤ ਪ੍ਰਧਾਨ, ਗੁਰਜੀਤ ਨਿਜਾਮਪੁਰ ਸਰਪੰਚ, ਗੁਰਿੰਦਰ ਅਦਾਲਤੀਵਾਲਾ ਮੈਂਬਰ ਬਲਾਕ ਸੰਮਤੀ, ਭੁਪਿੰਦਰ ਸਿੰਘ ਪ੍ਰਧਾਨ, ਅਮਨਦੀਪ ਸਿੰਘ ਆਪ ਆਗੂ ਤੋਂ ਇਲਾਵਾ 'ਆਪ' ਦੇ ਸੀਨੀਅਰ ਆਗੂ, ਸਥਾਨਕ ਸਰਪੰਚ-ਪੰਚ, ਪਾਰਟੀ ਵਰਕਰ ਅਤੇ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਪੱਖੀ ਕੰਮਾਂ ਬਦੌਲਤ ਜਨਤਾ ਦਾ 'ਆਪ' 'ਤੇ ਭਰੋਸਾ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਸਾਡਾ ਮੁੱਖ ਟੀਚਾ ਹਲਕਾ ਸਨੌਰ ਦੇ ਹਰ ਪਿੰਡ ਨੂੰ ਬੁਨਿਆਦੀ ਸਹੂਲਤਾਂ ਨਾਲ ਲੈਸ ਕਰਨਾ ਹੈ ਤੇ ਲੋਕਾਂ ਵੱਲੋਂ ਮਿਲ ਰਿਹਾ ਇਹ ਅਥਾਹ ਸਹਿਯੋਗ 2027 ਦੀ ਜਿੱਤ ਦਾ ਹੁਣ ਤੋਂ ਜਿੱਤ ਦਾ ਫਤਵਾ ਦੇ ਰਹੀ ਹੈ।

## ਪੈਪਸੀਕੋ ਦੇ ਗੇਟ ਅੱਗੇ ਲੱਗ ਰਹੇ ਧਰਨਿਆਂ ਕਾਰਨ ਆਲੂ ਉਤਪਾਦਕ ਚਿੰਤਤ



**ਭਵਾਨੀਗੜ੍ਹ (ਰਾਜ ਖੁਰਮੀ)**

ਪਿੰਡ ਚੰਨੋ ਵਿਖੇ ਗੁਰਦੁਆਰਾ ਸਾਹਿਬ 'ਚ ਆਲੂ ਉਤਪਾਦਕ ਕਿਸਾਨਾਂ ਦੀ ਮੀਟਿੰਗ ਹੋਈ, ਜਿਸ ਵਿੱਚ ਅਮਲੋਹ, ਖੰਨਾ, ਨਾਭਾ, ਮੁੱਲਾਂਪੁਰ, ਬਰਨਾਲਾ, ਪਟਿਆਲਾ, ਮੋਗਾ, ਮਾਛੀਵਾੜਾ ਤੇ ਬਲਾਕ ਭਵਾਨੀਗੜ੍ਹ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕੀਤੀ।ਕਿਸਾਨ ਆਗੂਆਂ ਪਰਮਿੰਦਰ ਸਿੰਘ ਗਿੱਲ, ਸੁਖਵਿੰਦਰ ਸਿੰਘ, ਜਗਜੀਤ ਸਿੰਘ ਪੂਨੀਆ, ਗੁਰਜੀਤ ਸਿੰਘ, ਸਤਿਗੁਰ ਸਿੰਘ, ਗੁਰਵਿੰਦਰ ਸਿੰਘ, ਹਰਪਿੰਦਰ ਸਿੰਘ ਤੇ ਮਨਜੀਤ ਸਿੰਘ ਨੇ ਕਿਹਾ ਕਿ ਪਿਛਲੇ ਦਿਨੀਂ ਪੈਪਸੀਕੋ ਕੰਪਨੀ ਚੰਨੋ ਦੇ ਕੱਚੇ ਵਰਕਰਾਂ ਦੀਆਂ ਮੰਗਾਂ ਦੇ ਸਮਰਥਨ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਕੰਪਨੀ ਦੇ ਗੇਟ ਅੱਗੇ ਧਰਨਾ ਦਿੱਤਾ ਗਿਆ ਸੀ।ਉਨ੍ਹਾਂ ਦੱਸਿਆ ਕਿ ਕੰਪਨੀ ਵੱਲੋਂ ਕੱਚੇ ਵਰਕਰਾਂ ਦੀਆਂ ਕਈ ਮੰਗਾਂ ਮੰਨ ਲਏ ਜਾਣ ਦੀ ਜਾਣਕਾਰੀ ਦਿੱਤੀ ਗਈ ਹੈ।ਕਿਸਾਨ ਆਗੂਆਂ ਨੇ ਦੱਸਿਆ ਕਿ ਪੈਪਸੀਕੋ ਦੇ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਕਥਿਤ ਤੌਰ 'ਤੇ ਕਿਹਾ ਗਿਆ ਹੈ ਕਿ ਕੰਪਨੀ ਦੇ ਗੇਟ ਅੱਗੇ ਲਗਾਤਾਰ ਹੋ ਰਹੇ ਧਰਨਿਆਂ ਕਾਰਨ ਕੰਪਨੀ ਪ੍ਰਬੰਧਨ ਪ੍ਰੇਸ਼ਾਨ ਹੈ ਤੇ ਇਸ ਕਾਰਨ ਪਲਾਂਟ ਦੀ ਗਤੀਵਿਧੀ ਨੂੰ ਹੌਲੀ-ਹੌਲੀ ਘਟਾਇਆ ਜਾ ਰਿਹਾ ਹੈ।ਕਿਸਾਨਾਂ ਅਨੁਸਾਰ ਅਧਿਕਾਰੀਆਂ ਨੇ ਇਹ ਵੀ ਕਿਹਾ ਕਿ ਜੇਕਰ ਇਸੇ ਤਰ੍ਹਾਂ ਧਰਨੇ ਜਾਰੀ ਰਹੇ ਤਾਂ ਭਵਿੱਖ ਵਿੱਚ ਪਲਾਂਟ ਨੂੰ ਬੰਦ ਕਰਕੇ ਕਿਸੇ ਹੋਰ ਥਾਂ ਤਬਦੀਲ ਕਰਨ ਬਾਰੇ ਵੀ ਵਿਚਾਰ ਕੀਤਾ ਜਾ ਸਕਦਾ ਹੈ।ਆਲੂ ਉਤਪਾਦਕ ਕਿਸਾਨਾਂ ਨੇ ਕਿਹਾ ਕਿ ਪੈਪਸੀਕੋ ਕੰਪਨੀ ਨਾਲ ਇਲਾਕੇ ਦੇ ਵੱਡੀ ਗਿਣਤੀ ਆਲੂ ਉਤਪਾਦਕ ਕਿਸਾਨਾਂ ਦਾ ਕਾਰੋਬਾਰ ਜੁੜਿਆ ਹੋਇਆ ਹੈ।ਇਸ ਤੋਂ ਇਲਾਵਾ ਭਵਾਨੀਗੜ੍ਹ ਦੀ ਟਰੱਕ ਯੂਨੀਅਨ ਸਮੇਤ ਹੋਰ ਵਰਗਾਂ ਦਾ ਵੀ ਕੰਪਨੀ ਨਾਲ ਵਪਾਰਕ ਸਬੰਧ ਹੈ।ਕਿਸਾਨਾਂ ਦਾ ਕਹਿਣਾ ਹੈ ਕਿ ਜੇਕਰ ਪਲਾਂਟ ਦੀ ਕਾਰਗੁਜ਼ਾਰੀ ਪ੍ਰਭਾਵਤ ਹੁੰਦੀ ਹੈ ਤਾਂ ਇਸ ਦਾ ਸਿੱਧਾ ਅਸਰ ਉਨ੍ਹਾਂ ਦੀ ਆਮਦਨ ਤੇ ਇਲਾਕੇ ਦੀ ਆਰਥਿਕਤਾ 'ਤੇ ਪੈ ਸਕਦਾ ਹੈ।ਕਿਸਾਨਾਂ ਨੇ ਕਿਹਾ ਕਿ ਜੇਕਰ ਕੋਈ ਯੂਨੀਅਨ ਇਸ ਮਾਮਲੇ 'ਚ ਧੱਕੇਸ਼ਾਹੀ ਕਰਦੀ ਹੈ ਤਾਂ ਉਹ ਇਸ ਦਾ ਵਿਰੋਧ ਕਰਨਗੇ। ਮੀਟਿੰਗ ਦੌਰਾਨ ਆਲੂ ਉਤਪਾਦਕ ਕਿਸਾਨਾਂ ਵੱਲੋਂ 13 ਮੈਂਬਰੀ ਤਾਲਮੇਲ ਕਮੇਟੀ ਦਾ ਗਠਨ ਵੀ ਕੀਤਾ ਗਿਆ।

## ਵਿਕਾਸ ਮਿਸ਼ਨ ਨੇ ਐੱਸ ਐੱਚ ਓ ਰਵਿੰਦਰ ਕੌਰ ਨਾਲ ਮੁਲਾਕਾਤ ਕੀਤੀ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**

ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਉੱਚ ਪੱਧਰੀ ਵਫ਼ਦ ਨੇ ਪੁਲਸ ਥਾਣਾ ਸਿਟੀ ਦੀ ਐੱਸ.ਐੱਚ.ਓ. ਇੰਸਪੈਕਟਰ ਰਵਿੰਦਰ ਕੌਰ ਬਰਾੜ ਨਾਲ ਮੁਲਾਕਾਤ ਕੀਤੀ।ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠਲੇ ਇਸ ਵਫ਼ਦ ਵਿੱਚ ਡਾ. ਸੁਰਿੰਦਰ ਗਿਰਧਰ ਤੇ ਪ੍ਰਦੀਪ ਧੂੜੀਆ (ਦੋਵੇਂ ਪੈਟਰਨ), ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਉਪ ਪ੍ਰਧਾਨ ਚੌ. ਬਲਬੀਰ ਸਿੰਘ, ਮਿਸ਼ਨ-ਪ੍ਰਸ਼ਾਸਨ ਕੁਆਰਡੀਨੇਟਰ ਰਾਜਿੰਦਰ ਖੁਰਾਣਾ, ਸਹਾਇਕ ਸਕੱਤਰ ਬਲਜੀਤ ਸਿੰਘ ਅਰੋੜਾ, ਸੀਨੀਅਰ ਮੈਂਬਰ ਬਲਜੀਤ ਸਿੰਘ ਬਰਾੜ, ਮਿਸ਼ਨ ਫੋਟੋ ਗ੍ਰਾਫਰ ਨਰਿੰਦਰ ਕਾਕਾ ਤੇ ਨੌਜਵਾਨ ਸਮਾਜ ਸੇਵਕ ਅਤੇ ਮਿਸ਼ਨ ਸਹਿਯੋਗੀ ਕੇਸ਼ਵ ਧੂੜੀਆ ਆਦਿ ਸ਼ਾਮਿਲ ਸਨ।ਨੌਜਵਾਨ ਤੇ ਆਪਣੀ ਡਿਊਟੀ ਨੂੰ ਪੂਰੀ ਤਰ੍ਹਾਂ ਸਮਰਪਤ ਇੰਸ. ਰਵਿੰਦਰ ਕੌਰ ਬਰਾੜ ਨੇ ਕੁਝ ਸਮਾਂ ਪਹਿਲਾਂ ਬਤੌਰ ਐੱਸ.ਐੱਚ.ਓ. ਆਪਣਾ ਅਹੁਦਾ ਸੰਭਾਲਿਆ ਸੀ।ਇਨ੍ਹਾਂ ਦੀ ਨਿਯੁਕਤੀ 'ਤੇ ਵਿਕਾਸ ਮਿਸ਼ਨ ਨੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਮੈਡਮ ਨੂੰ ਵਧਾਈ ਦਿੱਤੀ ਹੈ।ਮੈਡਮ ਐੱਸ.ਐੱਚ.ਓ. ਨੇ ਕਿਹਾ ਕਿ ਉਹ ਆਪਣੀ ਡਿਊਟੀ ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਜ਼ਿਲ੍ਹਾ ਪੁਲਸ ਮੁਖੀ ਅਭਿਮੰਨਿਊ ਰਾਣਾ ਆਈ.ਪੀ.ਐੱਸ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੂਰੀ ਤਨਦੇਹੀ ਨਾਲ ਨਿਭਾਉਣਗੇ।

ਉਨ੍ਹਾਂ ਅੱਗੇ ਕਿਹਾ ਕਿ ਉਹ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਤੇ ਭ੍ਰਿਸ਼ਟਾਚਾਰ ਵਿਰੁੱਧ ਛੇੜੀ ਮੁਹਿੰਮ ਨੂੰ ਮਾਨਯੋਗ ਜ਼ਿਲ੍ਹਾ ਪੁਲਸ ਮੁਖੀ ਦੇ ਨਿਰਦੇਸ਼ਾਂ ਅਨੁਸਾਰ ਸਫ਼ਲ ਬਣਾਉਣ ਲਈ ਯਤਨਸ਼ੀਲ ਹਨ।ਮੈਡਮ ਐੱਸ.ਐੱਚ.ਓ. ਨੇ ਆਮ ਲੋਕਾਂ ਨੂੰ ਕਿਸੇ ਵੀ ਗੈਰ ਸਮਾਜੀ ਕਾਰਵਾਈ ਦੀ ਸਮੇਂ-ਸਿਰ ਅਤੇ ਸਹੀ ਸੂਚਨਾ ਦੇਣ ਦੀ ਅਪੀਲ ਵੀ ਕੀਤੀ। ਮੁਲਾਕਾਤ ਦੌਰਾਨ ਪ੍ਰਧਾਨ ਢੋਸੀਵਾਲ ਨੇ ਸਮੁੱਚੇ ਮਿਸ਼ਨ ਵੱਲੋਂ ਆਮ ਲੋਕਾਂ ਨੂੰ ਅਮਨ ਦੀ ਸਥਿਤੀ ਕਾਇਮ ਰੱਖਣ ਲਈ ਪੁਲਿਸ ਪ੍ਰਸ਼ਾਸ਼ਨ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ਹੈ।ਢੋਸੀਵਾਲ ਨੇ ਕਿਹਾ ਕਿ ਲੋਕਾਂ ਦੇ ਸਾਰਥਿਕ ਸਹਿਯੋਗ ਤੋਂ ਬਿਨਾਂ ਪੁਲਸ ਨੂੰ ਆਪਣੀ ਡਿਊਟੀ ਸਹੀ ਢੰਗ ਨਾਲ ਨਿਭਾਉਣ 'ਚ ਕਾਫ਼ੀ ਮੁਸ਼ਕਲ ਪੇਸ਼ ਆਉਂਦੀ ਹੈ।ਪ੍ਰਧਾਨ ਢੋਸੀਵਾਲ ਨੇ ਐੱਸ.ਐੱਚ.ਓ. ਇੰਸਪੈਕਟਰ ਰਵਿੰਦਰ ਕੌਰ ਬਰਾੜ ਨੂੰ ਆਪਣੀ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਬਾਰੇ ਸਰਸਰੀ ਜਾਣਕਾਰੀ ਵੀ ਦਿੱਤੀ। ਮੁਲਾਕਾਤ ਦੌਰਾਨ ਮਿਸ਼ਨ ਪੈਟਰਨ ਪ੍ਰਦੀਪ ਧੂੜੀਆ ਦੇ ਸਪੁੱਤਰ ਤੇ ਮਿਸ਼ਨ ਸਹਿਯੋਗੀ ਕੇਸ਼ਵ ਧੂੜੀਆ ਦੁਆਰਾ ਸਮੁੱਚੀ ਸੰਸਥਾ ਵੱਲੋਂ ਐੱਸ.ਐੱਚ.ਓ. ਰਵਿੰਦਰ ਕੌਰ ਬਰਾੜ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ।

## ਵਾਟਰ ਵਰਕਸ ਦੇ ਟਰਾਂਸਫਾਰਮਰ 'ਚੋਂ ਤਾਂਬਾ ਤੇ ਤੇਲ ਚੋਰੀ



**ਜਲਾਲਾਬਾਦ (ਜੀਤ ਕੁਮਾਰ)**-ਬੀਤੀ ਰਾਤ ਪਿੰਡ ਚੱਕ ਅਰਾਈਆਂਵਾਲਾ ਦੇ ਵਾਟਰ ਵਰਕਸ ਤੇ ਆਰ.ਓ. ਪਲਾਂਟ ਦੇ ਬਿਜਲੀ ਵਾਲਾ ਟਰਾਂਸਫਾਰਮਰ ਵਿਚਲਾ ਤੇਲ ਤੇ ਕੀਮਤੀ ਸਾਮਾਨ ਚੋਰੀ ਹੋ ਜਾਣ ਦਾ ਸਮਾਚਾਰ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸਤਨਾਮ ਸਿੰਘ ਵਾਸੀ ਚੱਕ ਅਰਾਈਆਂਵਾਲਾ (ਫਲੀਆਂਵਾਲਾ) ਨੇ ਦੱਸਿਆ ਕਿ ਉਸਦੀ ਡਿਊਟੀ ਪਿੰਡ ਦੇ ਵਾਟਰ ਵਰਕਸ 'ਤੇ ਹੈ। ਅੱਜ ਮੰਗਲਵਾਰ ਨੂੰ ਹਰ ਰੋਜ਼ ਦੀ ਤਰ੍ਹਾਂ ਟੰਕੀ ਭਰਨ ਲਈ ਮੋਟਰ ਚਲਾਉਣ ਵਾਸਤੇ ਸਵੇਰੇ ਕਰੀਬ ਸਾਢੇ 5 ਵਜੇ ਵਾਟਰ ਵਰਕਸ ਤੇ ਗਿਆ ਤਾਂ ਉਸ ਨੇ ਦੇਖਿਆ ਕਿ ਆਰ. ਓ. ਪਲਾਟ ਨੂੰ ਬਿਜਲੀ ਸਪਲਾਈ ਦੇਣ ਵਾਲਾ ਟ੍ਰਾਂਸਫਾਰਮਰ ਦਾ ਖਾਲੀ, ਜੋਕਿ ਖੰਭੇ ਦੇ ਥੱਲੇ ਖਿਲਰਿਆ ਪਿਆ ਸੀ, ਜਿਸੋਂ ਤੇਲ ਤੇ ਕਾਪਰ ਗਾਇਬ ਸੀ, ਜਿਸ ਨੂੰ ਚੋਰਾਂ ਨੇ ਚੋਰੀ ਕੀਤਾ ਹੈ। ਇਸ ਦੇ ਇਲਾਵਾ ਵਾਟਰ ਵਰਕਸ ਦੇ ਪੰਪ ਚੈਂਬਰ (ਕਮਰੇ) ਦਾ ਦਰਵਾਜ਼ਾ ਵੀ ਖੁੱਲ੍ਹਿਆ ਹੋਇਆ ਸੀ, ਚੋਰਾਂ ਨੇ ਦਰਵਾਜ਼ੇ ਦੇ ਜਿੰਦਰੇ ਵਾਲੀ ਕੁੰਡੀ ਨੂੰ ਤੋੜ ਦਿੱਤਾ ਤੇ ਅੰਦਰ ਪਿਆ ਕਾਫੀ ਸਾਮਾਨ ਚੋਰੀ ਕੀਤਾ ਗਿਆ ਹੈ। ਉਸਨੇ ਕਿਹਾ ਕਿ ਇਸ ਚੋਰੀ ਦੀ ਸੂਚਨਾ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਸਬ ਡਵਿਜਨ ਜਲਾਲਾਬਾਦ ਦੇ ਉਪ ਮੰਡਲ ਇੰਜੀਨੀਅਰ, ਜੇਈ ਅਤੇ ਦਫਤਰ ਵਿਚ ਲਿਖਤੀ ਤੌਰ ਤੇ ਦੇ ਦਿੱਤੀ ਗਈ ਹੈ, ਗ੍ਰਾਮ ਪੰਚਾਇਤ ਚੱਕ ਅਰਾਈਆਂਵਾਲਾ ਨੂੰ ਵੀ ਇਸ ਚੋਰੀ ਬਾਰੇ ਜਾਣਕਾਰੀ ਦੇ ਦਿੱਤੀ ਗਈ ਹੈ। ਉਸ ਨੇ ਦੱਸਿਆ ਕਿ ਇਸ ਦੇ ਪਹਿਲਾਂ ਵੀ ਵਾਟਰ ਵਰਕਸ ਤੇ ਆਰ.ਓ. ਪਲਾਂਟ ਤੋਂ 2-3 ਵਾਰ ਚੋਰੀ ਹੋ ਚੁੱਕੀ ਹੈ। ਆਰ.ਓ. ਦੀਆਂ ਮੋਟਰਾਂ ਦੀ ਚੋਰੀ ਹੋਈ ਸੀ ਤੇ ਅੱਜ ਫਿਰ ਚੋਰਾਂ ਨੇ ਇਸ ਚੋਰੀ ਨੂੰ ਅੰਜਾਮ ਦਿੱਤਾ ਗਿਆ ਹੈ।

## ਕੌਂਸਲਰ ਅਮਨ ਦੁੱਗਲ ਵੱਲੋਂ ਕਾਵੜੀਆਂ ਦਾ ਸਵਾਗਤ



**ਗੁਰੂ ਹਰ ਸਹਾਇ (ਸਿਕਰੀ)**-ਨਵੇਂ ਬਣੇ ਕੌਂਸਲਰ ਅਮਨ ਦੁੱਗਲ ਵੱਲੋਂ ਹਰਿਦਵਾਰ ਤੋਂ ਗੰਗਾ ਜਲ ਲੈ ਕੇ ਆਏ ਕਾਵੜੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਰੇਲਵੇ ਬਸਤੀ ਵਿਖੇ ਬਣੇ ਸ਼ਿਵ ਮੰਦਿਰ ਵਿੱਚ ਸਵੇਰ ਸਮੇਂ ਕਾਵੜੀਆਂ ਦੇ ਪਹੁੰਚਣ 'ਤੇ 14 ਨੰਬਰ ਵਾਰਡ ਦੇ ਕੌਂਸਲਰ ਅਮਨ ਦੁੱਗਲ ਵੱਲੋਂ ਕਾਵੜੀਆਂ ਨੂੰ ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਇਸ ਤੋਂ ਬਾਅਦ ਕਾਵੜੀਆਂ ਵੱਲੋਂ ਹਰਿਦੁਆਰ ਤੋਂ ਲਿਆਂਦਾ ਗਿਆ ਗੰਗਾ ਜਲ ਸ਼ਿਵਲਿੰਗ ਉੱਪਰ ਚੜ੍ਹਾਇਆ ਗਿਆ ਅਤੇ ਬਮ ਬਮ ਭੋਲੇ ਦੇ ਜੈਕਾਰੇ ਲਗਾਏ ਗਏ।

## ਸਫਾ 1 ਦੇ ਬਾਕੀ...

### 80 ਸਾਲ ਪਿੰਡਾਂ ਦੇ ...

ਦੇ ਸਰਕਾਰੀ ਸਕੂਲ ਹਨ। ਅਸੀਂ ਨਵੀਂ ਸੰਸਦ ਅਤੇ ਨਵਾਂ ਪ੍ਰਧਾਨ ਮੰਤਰੀ ਨਿਵਾਸ ਬਣਾ ਲਿਆ ਹੈ, ਪਰ ਅਸੀਂ ਆਪਣੇ ਪਿੰਡਾਂ ਵਿੱਚ ਨਵੇਂ ਸਕੂਲ ਕਿਉਂ ਨਹੀਂ ਬਣਾ ਸਕੇ? ਕੀ ਅਸੀਂ ਕਿਸਾਨਾਂ ਅਤੇ ਮਜ਼ਦੂਰਾਂ ਦੇ ਬੱਚਿਆਂ ਨੂੰ ਦੇਸ਼ ਦਾ ਭਵਿੱਖ ਨਹੀਂ ਮੰਨਦੇ? ਦੀਪਕੇ ਨੇ ਦਿਹਾਤੀ ਖੇਤਰਾਂ ਦੀਆਂ ਸਮੱਸਿਆਵਾਂ ਉਜਾਗਰ ਕਰਦਿਆਂ ਕਿਹਾ ਕਿ ਅੱਜ ਵੀ ਪਿੰਡਾਂ ਦੇ ਬੱਚਿਆਂ ਨੂੰ ਸਕੂਲ ਜਾਣ ਲਈ ਲੰਮਾ ਪੈਂਡਾ ਤੈਅ ਕਰਨਾ ਪੈਂਦਾ ਹੈ ਅਤੇ ਉੱਥੇ ਪੀਣ ਵਾਲੇ ਸਾਫ਼ ਪਾਣੀ ਅਤੇ ਬੁਨਿਆਦੀ ਸਹੂਲਤਾਂ ਤੱਕ ਮੁਹੱਈਆ ਨਹੀਂ ਹਨ। ਇਸ ਕਾਰਨ ਵਿਸ਼ੇਸ਼ ਤੌਰ 'ਤੇ ਲੜਕੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਇਸ ਆਜ਼ਾਦੀ ਦਿਹਾੜੇ 'ਤੇ ਸਭ ਤੋਂ ਵੱਡੀ ਨਵੀਂ ਸ਼ੁਰੂਆਤ ਸਰਕਾਰੀ ਸਕੂਲਾਂ ਦੀ ਹਾਲਤ ਸੁਧਾਰ ਕੇ ਹੀ ਕੀਤੀ ਜਾਣੀ ਚਾਹੀਦੀ ਹੈ।

### ਧਨ ਹੈ ਅਧਿਆਪਕਾ...

ਇੱਕ ਸੌਖਾ ਤਰੀਕਾ ਵੀ ਲੱਭਿਆ ਹੈ, ਮਿਡ-ਡੇਅ ਮੀਲ। ਉਹ ਅਕਸਰ ਉਨ੍ਹਾਂ ਨੂੰ ਉਸ ਦਿਨ ਤਿਆਰ ਕੀਤੇ ਜਾ ਰਹੇ ਖਾਣੇ ਬਾਰੇ ਦੱਸਦੀ ਹੈ ਅਤੇ ਉਨ੍ਹਾਂ ਨਾਲ ਮੀਨੂ 'ਤੇ ਵੱਖ-ਵੱਖ ਪਕਵਾਨਾਂ ਬਾਰੇ ਗੱਲ ਕਰਦੀ ਹੈ। ਖਾਣੇ ਦੇ ਆਲੇ-ਦੁਆਲੇ ਦਾ ਉਤਸ਼ਾਹ, ਉਸ ਦੀਆਂ ਨਿੱਜੀ ਕੋਸ਼ਿਸ਼ਾਂ ਦੇ ਨਾਲ ਕੁਝ ਬੱਚਿਆਂ ਨੂੰ ਆਪਣੇ ਘਰ ਛੱਡਣ ਅਤੇ ਸਕੂਲ ਜਾਣ ਲਈ ਮਨਾਉਣ ਵਿੱਚ ਮਦਦ ਕਰਦਾ ਹੈ। ਇਨ੍ਹਾਂ ਚੁਣੌਤੀਆਂ ਦੇ ਬਾਵਜੂਦ ਅਧਿਆਪਕਾ ਜਸਵੀਰ ਕੌਰ ਨੇ ਸਕੂਲ ਨੂੰ ਚਲਦਾ ਰੱਖਿਆ ਹੈ ਅਤੇ ਇਸ ਤੋਂ ਵੀ ਮਹੱਤਵਪੂਰਨ ਉਨ੍ਹਾਂ ਬੱਚਿਆਂ ਤੱਕ ਪਹੁੰਚ ਜਾਰੀ ਰੱਖੀ ਹੈ, ਜੋ ਸ਼ਾਇਦ ਸਿੱਖਿਆ ਤੋਂ ਦੂਰ ਰਹਿ ਸਕਦੇ ਹਨ। ਉਹ ਆਪਣੇ 37 ਵਿਦਿਆਰਥੀਆਂ ਦੇ ਸਕੂਲ ਦੇ ਗੇਟ ਵਿੱਚੋਂ ਲੰਘਣ ਦੀ ਉਡੀਕ ਨਹੀਂ ਕਰਦੀ, ਸਗੋਂ ਉਹ ਕਈ ਵਾਰ ਪਹਿਲਾਂ ਉਨ੍ਹਾਂ ਦੇ ਘਰ ਵੀ ਪਹੁੰਚ ਜਾਂਦੀ ਹੈ।

### ਕੇਂਦਰੀ ਹਕੂਮਤ ਲੋਕ ...

ਦੱਸਦਿਆਂ ਕਿਹਾ ਕਿ ਦੇਸ਼ ਦੀ ਹਕੂਮਤ ਲੋਕ ਵਿਰੋਧੀ ਨੀਤੀਆਂ 'ਤੇ ਚੱਲ ਰਹੀ ਹੈ। ਸੰਵਿਧਾਨ ਨਾਲ ਲੋਕ ਵਿਰੋਧੀ ਛੇੜਛਾੜ ਕੀਤੀ ਜਾ ਰਹੀ ਹੈ। ਵੋਟਾਂ ਕੱਟੀਆਂ ਜਾ ਰਹੀਆਂ ਹਨ। ਨਰੇਗਾ ਦਾ ਕੇਵਲ ਨਾਂਅ ਹੀ ਨਹੀਂ ਬਦਲਿਆ, ਸੂਬਿਆਂ 'ਤੇ ਭਾਰ ਵਧਾ ਦਿੱਤੈ, ਉਜਰਤਾਂ ਘਟਾਈਆਂ ਜਾ ਰਹੀਆਂ ਤੇ ਕੰਮ ਬੋਝ ਵਧਾਇਆ ਜਾ ਰਿਹੈ। ਨਵੇਂ ਕਾਨੂੰਨ 'ਚ ਕੰਮ ਦਿਨ 12 ਘੰਟੇ ਕਰਨ ਦੀ ਧਾਰਾ ਜੋੜ ਦਿੱਤੀ ਹੈ, ਜਦੋਂ ਕਿ ਲੋੜ ਨਰੇਗਾ-2005 ਵਾਲਾ ਕੰਮ ਦਿਹਾੜੀ ਸਮਾਂ 6 ਘੰਟੇ ਬਹਾਲ ਕਰਨ ਦੀ ਹੈ।ਇਸ ਮੌਕੇ ਕਿਸਾਨੀ ਮਸਲਿਆਂ ਦੇ ਹੱਲ ਬਾਰੇ, ਮੁਲਾਜ਼ਮਾਂ, ਔਰਤਾਂ ਦੇ ਹੱਕਾਂ ਬਾਰੇ ਖੁੱਲ੍ਹ ਕੇ ਵਿਚਾਰਾਂ ਹੋਈਆਂ। ਲੋਕਾਂ ਦਾ ਹਾਂ-ਪੱਖੀ ਹੁੰਗਾਰਾ ਮਿਲਿਆ।ਅਖੀਰ ਵਿੱਚ 21 ਅਗਸਤ ਦੀ ਮੁਕਤਸਰ ਨਰੇਗਾ ਹੱਕ ਪ੍ਰਾਪਤੀ ਰੈਲੀ ਅਤੇ ਇਕ ਸਤੰਬਰ ਦਿੱਲੀ ਰੈਲੀ ਵਿਚ ਵਧ-ਚੜ੍ਹ ਕੇ ਪੁੱਜਣ ਦਾ ਸੱਦਾ ਦਿੱਤਾ ਗਿਆ।ਇਸ ਸਮੇਂ ਲੋਕਾਂ ਦਾ ਭਾਰੀ ਇਕੱਠ ਰਿਹਾ।

## ਲਾਇਨਜ਼ ਕਲੱਬ ਵੱਲੋਂ ਸਿਵਲ ਹਸਪਤਾਲ ਦੇ ਡਾਕਟਰਾਂ ਦਾ ਸਨਮਾਨ

**ਜਗਰਾਉਂ (ਸੰਜੀਵ ਅਰੋੜਾ)**-ਲਾਇਨਜ਼ ਕਲੱਬ ਜਗਰਾਉਂ ਮੇਨ ਵੱਲੋਂ ਡਾਕਟਰਜ਼ ਡੇ ਮੌਕੇ ਸਿਵਲ ਹਸਪਤਾਲ ਜਗਰਾਓਂ ਵਿਖੇ ਵਿਸ਼ੇਸ਼ ਸਨਮਾਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹਸਪਤਾਲ ਵਿੱਚ ਆਪਣੀਆਂ ਸਮਰਪਤ ਸੇਵਾਵਾਂ ਨਿਭਾਉਣ ਵਾਲੇ ਡਾਕਟਰਾਂ ਨੂੰ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਸਿਵਲ ਹਸਪਤਾਲ ਜਗਰਾਓਂ ਦੇ ਐੱਸ ਐੱਮ ਓ ਡਾ. ਅਮਨ ਸ਼ਰਮਾ ਨੂੰ ਉਨ੍ਹਾਂ ਦੀ ਸ਼ਾਨਦਾਰ ਅਗਵਾਈ, ਸਮਰਪਣ ਤੇ ਲੋਕਾਂ ਪ੍ਰਤੀ ਨਿਭਾਈਆਂ ਜਾ ਰਹੀਆਂ ਸੇਵਾਵਾਂ ਲਈ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਇਸ ਤੋਂ ਇਲਾਵਾ ਡਾ. ਧੀਰਜ ਸਿੰਗਲਾ, ਡਾ. ਨਵਦੀਪ ਬਰਾੜ, ਡਾ. ਵਿਵੇਕ ਚੋਪੜਾ, ਡਾ. ਵਿਵੇਕ ਗੋਇਲ, ਡਾ. ਸੁਖਜਿੰਦਰ ਸਿੰਘ, ਡਾ. ਆਰਚੂ, ਡਾ. ਅਰਸ਼ਦੀਪ ਕੌਰ, ਡਾ. ਗੁਰਿੰਦਰਦੀਪ ਸਿੰਘ, ਡਾ. ਸਗੀਨਾ ਗਰਗ ਤੇ ਡਾ. ਮਨਪ੍ਰੀਤ ਸਿੰਘ ਸੀਹਰਾ ਨੂੰ ਵੀ ਉਨ੍ਹਾਂ ਦੀਆਂ ਸਮਰਪਤ ਸੇਵਾਵਾਂ ਲਈ ਸਨਮਾਨਤ ਕੀਤਾ ਗਿਆ। ਇਸ ਮੌਕੇ ਐੱਸ ਐੱਮ ਓ ਡਾ. ਅਮਨ ਸ਼ਰਮਾ ਨੇ ਲਾਇਨਜ਼ ਕਲੱਬ ਜਗਰਾਓਂ ਮੇਨ ਵੱਲੋਂ ਡਾਕਟਰਾਂ ਦੇ ਸਨਮਾਨ ਲਈ ਕੀਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਲਾਇਨਜ਼ ਕਲੱਬ ਜਗਰਾਓਂ ਮੇਨ ਦੇ ਪ੍ਰਧਾਨ ਐਡਵੋਕੇਟ ਮਹਿੰਦਰ ਸਿੰਘ ਸਿੱਧਵਾਂ ਨੇ ਐੱਸ.ਐੱਮ.ਓ. ਡਾ. ਅਮਨ ਸ਼ਰਮਾ, ਸਨਮਾਨਤ ਸਮੂਹ ਡਾਕਟਰਾਂ ਤੇ ਹਸਪਤਾਲ ਦੇ ਸਟਾਫ਼ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਡਾਕਟਰ ਸਮਾਜ ਦੀ ਸਿਹਤ ਸੰਭਾਲ ਵਿੱਚ ਬੇਹੱਦ ਅਹਿਮ ਭੂਮਿਕਾ ਨਿਭਾਅ ਰਹੇ ਹਨ ਤੇ ਉਨ੍ਹਾਂ ਦੀਆਂ ਸੇਵਾਵਾਂ ਦਾ ਸਨਮਾਨ ਕਰਨਾ ਕਲੱਬ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਕਲੱਬ ਦੇ ਪ੍ਰਧਾਨ ਐਡਵੋਕੇਟ ਮਹਿੰਦਰ ਸਿੰਘ ਸਿੱਧਵਾਂ, ਸੈਕਟਰੀ ਲਾਇਨ ਪਰਮਬੀਰ ਸਿੰਘ ਗਿੱਲ, ਕੈਸ਼ੀਅਰ ਲਾਇਨ ਗੁਰਜੋਤ ਸਿੰਘ ਗਰੇਵਾਲ, ਲਾਇਨ ਦਵਿੰਦਰ ਸਿੰਘ ਤੂਰ, ਲਾਇਨ ਅਮਰਿੰਦਰ ਸਿੰਘ, ਲਾਇਨ ਕੰਵਲਜੀਤ ਸਿੰਘ ਮੱਲ੍ਹਾ, ਲਾਇਨ ਸ਼ਰਨਦੀਪ ਸਿੰਘ ਬੈਨੀਪਾਲ, ਲਾਇਨ ਡਾ. ਮਾਨਵ ਰਤਨ ਗੁਪਤਾ, ਲਾਇਨ ਗੁਰਪ੍ਰੀਤ ਸਿੰਘ ਛੀਨਾ, ਲਾਇਨ ਜਸਜੀਤ ਸਿੰਘ ਮੱਲੀ ਅਤੇ ਲਾਇਨ ਜਗਮੇਲ ਸਿੰਘ ਸਮੇਤ ਕਲੱਬ ਦੇ ਹੋਰ ਮੈਂਬਰ ਹਾਜ਼ਰ ਸਨ।

## ਝਾਂਸਾ ਦੇ ਕੇ 13 ਲੱਖ ਰੁਪਏ ਤੇ ਸੋਨਾ ਲਿਜਾਣ ਦੇ ਮਾਮਲੇ 'ਚ ਦੋ ਨਾਮਜ਼ਦ


**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਇੱਕ ਵਿਅਕਤੀ ਨੂੰ ਝਾਂਸਾ ਦੇ ਕੇ 13 ਲੱਖ ਰੁਪਏ ਤੇ ਸੋਨਾ ਲੈ ਜਾਣ ਦੇ ਕਥਿਤ ਮਾਮਲੇ ਵਿੱਚ ਅਮਲੋਹ ਪੁਲਸ ਵੱਲੋਂ ਇੱਕ ਮਹਿਲਾ ਸਮੇਤ ਦੋ ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਦਰਜ ਕੀਤੇ ਜਾਣ ਦੀ ਸੂਚਨਾ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਪੁਲਸ ਨੂੰ ਦਿੱਤੀ ਦਰਖ਼ਾਸਤ ਵਿੱਚ ਹਰਪ੍ਰੀਤ ਸਿੰਘ ਵਾਸੀ ਅਮਲੋਹ ਨੇ ਦੋਸ਼ ਲਾਏ ਸਨ ਕਿ ਮਿਤੀ 18/2/25 ਨੂੰ ਲਖਵਿੰਦਰ ਸਿੰਘ ਤੇ ਕਾਜਲ ਵਾਸੀਆਨ ਅਮਲੋਹ ਨੇ ਉਸ ਨੂੰ ਝਾਂਸਾ ਦੇ ਕੇ ਉਸ ਤੋਂ 10 ਲੱਖ ਰੁਪਏ ਆਪਣੇ ਬੈਂਕ ਖਾਤੇ ਵਿੱਚ ਟਰਾਂਸਫਰ ਕਰਵਾ ਲਏ, ਜਿਸ ਤੋਂ ਬਾਅਦ ਮਿਤੀ 2/3/25 ਨੂੰ ਉਕਤ ਵਿਅਕਤੀ ਉਸ ਦੇ ਘਰ ਤੋਂ 5.5 ਤੋਲੇ ਸੋਨਾ ਤੇ 13 ਲੱਖ ਰੁਪਏ ਦੀ ਨਕਦੀ ਇਹ ਕਹਿ ਕੇ ਲੈ ਗਏ ਕਿ ਉਨ੍ਹਾਂ ਨੇ ਆਪਣੀ ਫਰਮ ਲਈ ਬੈਂਕ ਲੋਨ ਲੈਣਾ ਹੈ, ਜਿਸ ਦਾ ਸਿੱਬਲ ਅੱਪ ਕਰਵਾਉਣ ਲਈ ਉਨ੍ਹਾਂ ਨੂੰ ਕੁਝ ਦਿਨ ਲਈ ਪੈਸਿਆਂ ਦੀ ਅਤੇ ਸੋਨੇ ਦੀ ਲੋੜ ਹੈ ਤੇ ਲੋਨ ਹੋ ਜਾਣ ਤੋਂ ਬਾਅਦ ਉਹ ਉਸ ਦੇ ਸਾਰੇ ਪੈਸੇ ਅਤੇ ਸੋਨਾ ਸਮੇਤ ਵਿਆਜ਼ ਵਾਪਸ ਕਰ ਕੇ ਜਾਣਗੇ।ਪਰ ਹੁਣ ਵਾਰ-ਵਾਰ ਮੰਗਣ ਦੇ ਬਾਵਜੂਦ ਉਕਤ ਵਿਅਕਤੀ ਪੈਸੇ ਤੇ ਸੋਨਾ ਵਾਪਸ ਕਰਨ ਤੋਂ ਇਨਕਾਰ ਕਰ ਰਹੇ ਹਨ ਤੇ ਉਲਟਾ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਰਹੇ ਹਨ।ਦਰਖ਼ਾਸਤ ਕਰਤਾ ਦੇ ਬਿਆਨਾਂ 'ਤੇ ਲਖਵਿੰਦਰ ਸਿੰਘ ਤੇ ਕਾਜਲ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਅਮਲੋਹ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਅਨਾਜ ਮੰਡੀ ਧੂਰੀ 'ਚ 9 ਕਰੋੜ ਦੇ ਵਿਕਾਸ ਕਾਰਜ ਸ਼ੁਰੂ



**ਧੂਰੀ (ਬਿੰਨੀ ਗਰਗ, ਮਨੋਹਰ ਸੱਗੂ, ਅਮਿਤ ਗਰਗ)**-ਪੰਜਾਬ ਸਰਕਾਰ ਵੱਲੋਂ ਧੂਰੀ ਦੀ ਅਨਾਜ ਮੰਡੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਰੀਬ 9 ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਅੱਜ ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਰਵਾਈ।ਇਸ ਮੌਕੇ ਉਨ੍ਹਾਂ ਕਿਹਾ ਕਿ ਇਨ੍ਹਾਂ ਕੰਮਾਂ ਨਾਲ ਆੜ੍ਹਤੀਆਂ, ਕਿਸਾਨਾਂ, ਮਜ਼ਦੂਰਾਂ ਤੇ ਮੰਡੀ ਵਿੱਚ ਆਉਣ ਵਾਲੇ ਲੋਕਾਂ ਨੂੰ ਸਹੂਲਤ ਮਿਲੇਗੀ।ਉਨ੍ਹਾਂ ਦੱਸਿਆ ਕਿ ਪ੍ਰਾਜੈਕਟ ਤਹਿਤ ਸੀ.ਸੀ. ਸੜਕਾਂ, ਫੜਾਂ ਤੇ ਪਾਰਕਿੰਗ ਦੀ ਡੀ.ਬੀ. ਫਲੋਰਿੰਗ, ਸੜਕਾਂ ਦੀ ਉਸਾਰੀ ਤੇ ਪੈਚਵਰਕ, ਚਾਰਦੀਵਾਰੀ ਤੇ ਗੇਟ, ਪਾਈਪ ਲਾਈਨ, ਪਰਨਾਲੇ ਤੇ ਟਾਇਲਟ ਬਣਾਏ ਜਾਣਗੇ।ਸਬਜ਼ੀ ਮੰਡੀ ਦੀ ਮੁਰੰਮਤ ਤੋਂ ਇਲਾਵਾ ਨਵੀਂ ਅਨਾਜ ਮੰਡੀ ਵਿੱਚ ਟਾਇਲਟ ਬਲਾਕ ਤੇ ਕੈਟਲ ਕੈਚਰ ਵੀ ਬਣੇਗਾ।ਫੜਾਂ ਨੂੰ ਉੱਚਾ ਕਰਨ ਤੇ ਪਾਣੀ ਦੀ ਨਿਕਾਸੀ ਲਈ ਵੀ ਪ੍ਰਬੰਧ ਕੀਤੇ ਜਾਣਗੇ।ਇਸ ਮੌਕੇ ਡਾ. ਅਨਵਰ ਭਸੌੜ, ਜਤਿੰਦਰ ਸਿੰਘ ਮੰਡੇਰ, ਪਵਨ ਕੁਮਾਰ ਵਰਮਾ ਤੇ ਹੋਰ ਪਤਵੰਤੇ ਹਾਜ਼ਰ ਸਨ।

## ਨੈਸ਼ਨਲ ਕਾਲਜ ਦਾ ਪੀ ਜੀ ਡੀ ਸੀ ਏ ਦਾ ਨਤੀਜਾ ਸ਼ਾਨਦਾਰ



**ਭੀਖੀ (ਗੁਰਿੰਦਰ ਸਿੰਘ ਔਲਖ)**-ਸਥਾਨਕ ਨੈਸ਼ਨਲ ਕਾਲਜ ਦਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਕੋਰਸ ਪੀ ਜੀ ਡੀ ਸੀ ਏ ਸਮੈਸਟਰ ਦੂਜੇ ਦਾ ਨਤੀਜਾ ਸ਼ਾਨਦਾਰ ਰਿਹਾ।ਕਾਲਜ ਪ੍ਰਿੰਸੀਪਲ ਡਾ. ਐੱਮ ਕੇ ਮਿਸ਼ਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਵਿਦਿਆਰਥਣ ਸੋਨੀਆ ਨੇ 425 ਅੰਕਾਂ ਨਾਲ ਪਹਿਲਾ, ਸਨੇਹਾ ਰਾਣੀ ਨੇ 419 ਅੰਕਾਂ ਨਾਲ ਦੂਜਾ, ਜਗਦੀਪ ਸਿੰਘ ਤੇ ਅਰਸ਼ ਗੋਇਲ ਨੇ 409 ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ।ਕਾਲਜ ਪ੍ਰਿੰਸੀਪਲ ਡਾ. ਐੱਮ ਕੇ ਮਿਸ਼ਰਾ ਨੇ ਕਿਹਾ ਕਿ ਹਰ ਵਾਰ ਦੀ ਤਰ੍ਹਾਂ ਯੂਨੀਵਰਸਿਟੀ ਦੇ ਨਤੀਜਿਆਂ ਵਿੱਚ ਕਾਲਜ ਦਾ ਨਾਮ ਇਲਾਕੇ ਦੀਆਂ ਨਾਮਵਰ ਸੰਸਥਾਵਾਂ ਵਿੱਚ ਆਉਂਦਾ ਹੈ।ਕਾਲਜ ਦੇ ਸਾਰੇ ਕੋਰਸਾਂ ਦੇ ਨਤੀਜੇ ਕਾਲਜ ਸਟਾਫ਼ ਦੀ ਮਿਹਨਤ ਦਾ ਨਤੀਜਾ ਹੈ।ਕਾਲਜ ਦਾ ਨਤੀਜਾ ਹਰ ਸਾਲ ਸੌ ਫ਼ੀਸਦੀ ਆਉਂਦਾ ਹੈ।ਕਾਲਜ ਪ੍ਰਧਾਨ ਹਰਬੰਸ ਦਾਸ ਬਾਵਾ ਨੇ ਪਾਸ ਹੋਏ ਸਾਰੇ ਵਿਦਿਆਰਥੀਆਂ ਨੂੰ ਇਨ੍ਹਾਂ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੰਦੇ ਹੋਏ ਉੱਜਵਲ ਭਵਿੱਖ ਲਈ ਕਾਮਨਾ ਕੀਤੀ।ਇਸ ਮੌਕੇ ਪ੍ਰੋ. ਗੁਰਤੇਜ ਸਿੰਘ ਤੇਜੀ, ਕਲਾਸ ਇੰਚਾਰਜ ਪ੍ਰੋ. ਨਵਦੀਪ ਕੌਰ, ਪ੍ਰੋ. ਗਗਨਦੀਪ ਕੌਰ, ਪ੍ਰੋ. ਕਰਮਜੀਤ ਕੌਰ, ਪ੍ਰੋ. ਜਸਵਿੰਦਰ ਸਿੰਘ ਤੇ ਸਮੂਹ ਸਟਾਫ਼ ਹਾਜ਼ਰ ਸਨ।

## ਤੀਆਂ 'ਤੇ ਰੌਣਕਾਂ ਲਾਈਆਂ



**ਬਠਿੰਡਾ (ਰਾਜੀਵ ਗੋਇਲ)**-ਪ੍ਰਸਿੱਧ ਗਾਇਕ ਤੇ ਫ਼ਿਲਮ ਅਭਿਨੇਤਾ ਹਰਭਜਨ ਮਾਨ ਦੀ ਮਾਮੀ ਤੇ ਉੱਘੇ ਸਮਾਜ ਸੇਵੀ ਨਛੱਤਰ ਸਿੰਘ ਸਿੱਧੂ ਦੀ ਧਰਮ ਪਤਨੀ ਮੈਡਮ ਪਰਮਜੀਤ ਕੌਰ ਸਿੱਧੂ ਵੱਲੋਂ ਸਾਉਣ ਦੇ ਮਹੀਨੇ ਨੂੰ ਮੁੱਖ ਰੱਖਦਿਆਂ ਔਰਤਾਂ ਨਾਲ ਇਕੱਤਰ ਹੋ ਕੇ ਤੀਆਂ ਦਾ ਤਿਉਹਾਰ ਮਨਾਇਆ ਗਿਆ ਤੇ ਰੌਣਕਾਂ ਲਾਈਆਂ ਗਈਆਂ। ਨਗਰ ਪੰਚਾਇਤ ਭਗਤਾ ਦੇ ਵਾਰਡ ਨੰਬਰ 1 ਤੋਂ ਨਵੇਂ ਚੁਣੇ ਗਏ ਕੌਂਸਲਰ ਮਨਦੀਪ ਕੌਰ ਗਰੇਵਾਲ ਵੀ ਹਾਜ਼ਿਰ ਸਨ। ਔਰਤਾਂ ਵੱਲੋਂ ਰੱਜ ਕੇ ਆਨੰਦ ਮਾਣਦੇ ਹੋਏ ਗਿੱਧਾ, ਬੋਲੀਆਂ ਤੇ ਸਿੱਠਣੀਆਂ ਗਾਉਂਦੇ ਹੋਏ ਨਵੀਆਂ ਵਿਆਹੀਆਂ ਤੇ ਅਜੋਕੇ ਯੁੱਗ ਨਾਲ ਜੁੜੀਆਂ ਬੱਚੀਆਂ ਨੂੰ ਪੁਰਾਣੇ ਤਿਉਹਾਰਾਂ ਬਾਰੇ ਜਾਣੂ ਕਰਾ ਦਿੱਤਾ ਗਿਆ।

## ਸਮਰਜੋਤ ਸਿੰਘ ਦੀ ਯੂ-21 ਵਿਸ਼ਵ ਕੋਰਫਬਾਲ ਚੈਂਪੀਅਨਸ਼ਿਪ ਲਈ ਚੋਣ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਕਾਨੂੰਨ ਵਿਭਾਗ ਦੇ ਵਿਦਿਆਰਥੀ ਸਮਰਜੋਤ ਸਿੰਘ ਦੀ ਮਲੇਸ਼ੀਆ ਦੇ ਨੀਲਾਈ ਵਿਖੇ 8 ਤੋਂ 16 ਅਗਸਤ ਤੱਕ ਹੋਣ ਵਾਲੀ ਯੂ-21 ਵਿਸ਼ਵ ਕੋਰਫਬਾਲ ਚੈਂਪੀਅਨਸ਼ਿਪ ਲਈ ਭਾਰਤੀ ਟੀਮ ਵਿੱਚ ਚੋਣ ਹੋਈ ਹੈ।ਹਰਿੰਦਰ ਸਿੰਘ ਦੇ ਪੁੱਤਰ ਸਮਰਜੋਤ ਸਿੰਘ ਪਿੰਡ ਨੰਡਿਆਲੀ, ਜ਼ਿਲ੍ਹਾ ਫ਼ਤਿਹਗੜ੍ਹ ਸਾਹਿਬ ਦੇ ਵਸਨੀਕ ਹਨ ਤੇ ਇਸ ਅੰਤਰਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਭਾਰਤ ਦੀ ਪ੍ਰਤੀਨਿਧਤਾ ਕਰ ਰਹੇ ਹਨ।ਸਮਰਜੋਤ ਸਿੰਘ ਦੀ ਇਹ ਪ੍ਰਾਪਤੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਤੇ ਉਨ੍ਹਾਂ ਦੇ ਪਰਵਾਰ ਲਈ ਮਾਣ ਵਾਲੀ ਗੱਲ ਹੈ।ਇਹ ਉਪਲਬਧੀ ਯੂਨੀਵਰਸਿਟੀ ਵੱਲੋਂ ਖੇਡਾਂ, ਅਕਾਦਮਿਕ ਉੱਤਮਤਾ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਨੂੰ ਦਰਸਾਉਂਦੀ ਹੈ।ਸਮਰਜੋਤ ਸਿੰਘ ਨੂੰ ਸਰੀਰਕ ਸਿੱਖਿਆ ਵਿਭਾਗ ਦੇ ਸਹਾਇਕ ਪ੍ਰੋਫੈਸਰ ਸ੍ਰੀ ਗੁਰਪ੍ਰੀਤ ਸਿੰਘ ਚੀਮਾ ਵੱਲੋਂ ਕੋਚਿੰਗ ਦਿੱਤੀ ਗਈ ਹੈ। ਸ੍ਰੀ ਗੁਰਪ੍ਰੀਤ ਸਿੰਘ ਚੀਮਾ ਪੰਜਾਬ ਕੋਰਫਬਾਲ ਕੋਚ ਵਜੋਂ ਵੀ ਸੇਵਾਵਾਂ ਨਿਭਾਅ ਰਹੇ ਹਨ।

## ਪੇ ਕਮਿਸ਼ਨ ਦਾ ਬਕਾਇਆ ਨਾ ਦੇਣ ਤੋਂ ਭੜਕੇ ਕਰਮਚਾਰੀਆਂ ਵੱਲੋਂ ਰੋਸ ਪ੍ਰਦਰਸ਼ਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੀ.ਡਬਲਿਊ.ਡੀ. ਤੇ ਵਰਕਸ਼ਾਪ ਵਰਕਰ ਯੂਨੀਅਨ ਪਟਿਆਲਾ ਬ੍ਰਾਂਚ ਵੱਲੋਂ ਪ੍ਰਧਾਨ ਧਰਮਪਾਲ ਲੋਟ ਤੇ ਗੁਰਚਰਨ ਸਿੰਘ ਧਨੋਆ ਦੀ ਅਗਵਾਈ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਮੰਡਲ ਮਕੈਨੀਕਲ ਵੱਲੋਂ ਫੀਲਡ ਕਰਮਚਾਰੀਆਂ ਦਾ ਸਾਲ 01.01.2016 ਪੇ ਕਮਿਸ਼ਨ ਬਕਾਇਆ ਨਾ ਦੇਣ 'ਤੇ ਰੋਸ ਵਜੋਂ ਕਾਰਜਕਾਰੀ ਇੰਜੀਨੀਅਰ ਜਲ ਸਪਲਾਈ ਤੇ ਸੈਨੀਟੇਸ਼ਨ ਮਕੈਨੀਕਲ ਮੰਡਲ ਦਫਤਰ ਦਾ ਘਿਰਾਓ ਕਰਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਸੰਘਰਸ਼ ਦੇ ਦਬਾਓ 'ਚ ਦਫਤਰ ਦੇ ਅਧਿਕਾਰੀਆਂ ਵੱਲੋਂ ਦੋ ਦਿਨਾਂ 'ਚ ਬਕਾਇਆ ਦੇਣ ਦਾ ਵਿਸ਼ਵਾਸ ਦਿਵਾਇਆ ਗਿਆ ਅਤੇ ਕਾਰਜਕਾਰੀ ਇੰਜੀਨੀਅਰ ਮੰਡਲ ਮਕੈਨੀਕਲ ਵੱਲੋਂ ਮੰਗਾਂ ਦੇ ਸਮਾਧਾਨ ਲਈ ਮਿਤੀ 12.08.2026 ਨੂੰ ਦੁਪਹਿਰ ਦੇ ਸਮੇਂ ਮੀਟਿੰਗ ਦਾ ਸਮਾਂ ਦਿੱਤਾ ਗਿਆ।ਰੋਸ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਪੰਜਾਬ ਆਗੂ ਰਾਜਪਾਲ ਸਿੰਘ ਲਸੋਈ, ਜਸਵੀਰ ਸਿੰਘ ਖੋਖਰ, ਹਰਬੀਰ ਸਿੰਘ ਸੁਨਾਮ, ਗੁਰਮੀਤ ਸਿੰਘ ਪਸਿਆਣਾ, ਜਰਨੈਲ ਸਿੰਘ ਭੁੰਨਰਹੇੜੀ, ਦੀਪਕ ਕੁਮਾਰ, ਹਰਵਿੰਦਰ ਸਿੰਘ, ਜਸਵਿੰਦਰ ਸਿੰਘ, ਸਵਰਨ ਸਿੰਘ, ਗੁਰਮੁਖ ਸਿੰਘ ਆਦਿ ਆਗੂਆਂ ਨੇ ਦੱਸਿਆ ਕਿ ਉਕਤ ਦਫਤਰ ਵੱਲੋਂ ਫੀਲਡ ਕਰਮਚਾਰੀਆਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਦਿਆਂ ਇਨ੍ਹਾਂ ਦਾ ਬਕਾਇਆ ਨਹੀਂ ਦਿੱਤਾ ਗਿਆ, ਜਦੋਂ ਕਿ ਦਫਤਰੀ ਅਮਲੇ ਦਾ ਸੇਵਾਦਾਰ ਤੋਂ ਲੈ ਕੇ ਕਾਰਜਕਾਰੀ ਇੰਜੀਨੀਅਰ ਤੱਕ ਦਾ ਸਾਰੇ ਅਮਲੇ ਦਾ ਬਕਾਇਆ ਖਾਤਿਆਂ ਵਿੱਚ ਪਾ ਦਿੱਤਾ ਹੈ, ਜਿਸ ਕਾਰਨ ਫੀਲਡ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ। ਬੁਲਾਰਿਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਬਕਾਇਆ ਤੇ ਹੋਰ ਮੰਗਾਂ ਦਾ ਹੱਲ 12 ਅਗਸਤ ਦੀ ਮੀਟਿੰਗ ਵਿੱਚ ਨਾ ਕੀਤਾ ਗਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

## ਵਾਰਿਸ ਪੰਜਾਬ 'ਚ ਸ਼ਾਮਲ ਹੋਣ ਵਾਲਿਆਂ ਦਾ ਅਕਾਲੀ ਦਲ ਨਾਲ ਕੋਈ ਸਬੰਧ ਨਹੀਂ ਸੀ : ਨਿਹਾਲ ਸਿੰਘ



**ਅਜੀਤਵਾਲ (ਨਛੱਤਰ ਸੰਧੂ)**-ਮੋਗਾ ਜ਼ਿਲ੍ਹੇ ਦੇ ਬਾਘਾ ਪੁਰਾਣਾ ਵਿਖੇ ਬੀਤੇ ਦਿਨ ਅਕਾਲੀ ਦਲ ਵਾਰਿਸ ਪੰਜਾਬ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਦੇ ਮਾਮਲੇ 'ਤੇ ਸਪੱਸ਼ਟੀਕਰਨ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਨੇ ਸਪੱਸ਼ਟ ਕੀਤਾ ਕਿ ਇਹ ਆਗੂ ਪਹਿਲਾਂ ਹੀ ਸ਼੍ਰੋਮਣੀ ਅਕਾਲੀ ਦਲ ਦਾ ਹਿੱਸਾ ਨਹੀਂ ਸਨ।ਉਨ੍ਹਾਂ ਕਿਹਾ ਕਿ ਇਹ ਆਗੂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਅਲਵਿਦਾ ਆਖ ਕੇ ਵਾਰਿਸ ਪੰਜਾਬ ਵਿੱਚ ਸ਼ਾਮਲ ਹੋਏ ਹਨ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਮੋਗਾ ਦੇ ਚਾਰੇ ਹਲਕਿਆਂ ਵਿੱਚ ਦਿਨੋਂ ਦਿਨ ਮਜ਼ਬੂਤ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਸਮੇਂ ਸਮੇਂ 'ਤੇ ਪੰਜਾਬ ਵਿੱਚ ਪੰਥ ਤੇ ਪੰਜਾਬੀਅਤ ਦੇ ਨੁਕਸਾਨ ਲਈ ਕਈ ਅਕਾਲੀ ਦਲ ਬਣੇ, ਪ੍ਰੰਤੂ ਪੰਜਾਬੀਆਂ ਨੇ ਪੰਥ ਤੇ ਪੰਜਾਬ ਦੀ ਜਾਮਨ ਜਮਾਤ ਸ਼੍ਰੋਮਣੀ ਅਕਾਲੀ ਦਲ ਦਾ ਹਮੇਸ਼ਾ ਸਾਥ ਦਿੱਤਾ ਹੈ ਤੇ ਭਵਿੱਖ ਵਿੱਚ ਵੀ ਦਿੰਦੇ ਰਹਿਣਗੇ।ਉਨ੍ਹਾਂ ਕਿਹਾ ਕਿ ਹਲਕਾ ਬਾਘਾ ਪੁਰਾਣਾ ਦੇ ਸਮੁੱਚੇ ਆਗੂ ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਦੇ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਅਕਾਲੀ ਦਲ ਦੇ ਨਾਲ ਚੱਟਾਨ ਦੀ ਤਰ੍ਹਾਂ ਖੜ੍ਹੇ ਹਨ।

## ਨਰੇਸ਼ ਘੱਗਾ ਪਟਿਆਲਾ ਜ਼ਿਲ੍ਹਾ ਰਾਈਸ ਮਿੱਲਰਜ਼ ਦੇ ਬਣੇ ਨਵੇਂ ਜ਼ਿਲ੍ਹਾ ਪ੍ਰਧਾਨ



**ਸਮਾਣਾ (ਇਕਬਾਲ ਸਿੰਘ ਬੱਲ)**-ਪਟਿਆਲਾ ਜ਼ਿਲ੍ਹੇ ਦੇ ਸ਼ੈਲਰ ਉਦਯੋਗ ਨਾਲ ਜੁੜੀਆਂ ਗੰਭੀਰ ਮੁਸ਼ਕਲਾਂ ਤੇ ਆਉਣ ਵਾਲੇ ਝੋਨੇ ਦੇ ਸੀਜ਼ਨ ਦੀਆਂ ਤਿਆਰੀਆਂ ਨੂੰ ਲੈ ਕੇ ਰਾਈਸ ਮਿੱਲਰਜ਼ ਐਸੋਸੀਏਸ਼ਨ ਦੀ ਇੱਕ ਵਿਸ਼ੇਸ਼ ਮੀਟਿੰਗ ਅਰੁਸ਼ਾ ਪੈਲੇਸ ਸਮਾਣਾ ਵਿਖੇ ਕੀਤੀ ਗਈ।ਇਸ ਮੀਟਿੰਗ ਵਿੱਚ ਜ਼ਿਲ੍ਹੇ ਭਰ ਦੇ ਰਾਈਸ ਮਿੱਲਰਾਂ ਨੇ ਉਤਸ਼ਾਹਪੂਰਵਕ ਸ਼ਮੂਲੀਅਤ ਕੀਤੀ।ਇਹ ਅਹਿਮ ਇਕੱਤਰਤਾ ਸ਼ੈਲਰ ਐਸੋਸੀਏਸ਼ਨ ਆਲ ਇੰਡੀਆ ਦੇ ਪ੍ਰਧਾਨ ਸ੍ਰ. ਤਰਸੇਮ ਸੈਣੀ, ਜ਼ਿਲ੍ਹਾ ਪ੍ਰਧਾਨ ਸ੍ਰ. ਗੁਰਦੀਪ ਚੀਮਾ ਤੇ ਸਮਾਣਾ ਐਸੋਸੀਏਸ਼ਨ ਦੇ ਪ੍ਰਧਾਨ ਸ੍ਰ. ਸੁਰੇਸ਼ ਸਿੰਗਲਾ ਭੋਲਾ ਦੀ ਸਾਂਝੀ ਰਹਿਨੁਮਾਈ ਹੇਠ ਹੋਈ।ਮੀਟਿੰਗ ਦਾ ਮੁੱਖ ਆਕਰਸ਼ਣ ਜ਼ਿਲ੍ਹਾ ਇਕਾਈ ਦੀ ਨਵੀਂ ਚੋਣ ਰਹੀ, ਜਿਸ ਵਿੱਚ ਸਰਬਸੰਮਤੀ ਨਾਲ ਨਰੇਸ਼ ਘੱਗਾ ਨੂੰ ਸ਼ੈਲਰ ਐਸੋਸੀਏਸ਼ਨ ਪਟਿਆਲਾ ਜ਼ਿਲ੍ਹਾ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਦੇ ਨਾਲ ਹੀ ਸਮਾਣਾ ਦੇ ਕਿੱਟੀ ਗਰਗ ਨੂੰ ਵਾਈਸ ਪ੍ਰਧਾਨ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ।ਮੀਟਿੰਗ 'ਚ ਮੌਜੂਦ ਸਮੂਹ ਮੈਂਬਰਾਂ ਨੇ ਤਾੜੀਆਂ ਦੀ ਗੂੰਜ ਨਾਲ ਨਵੇਂ ਚੁਣੇ ਗਏ ਅਹੁਦੇਦਾਰਾਂ ਦਾ ਸਵਾਗਤ ਕੀਤਾ ਤੇ ਫੁੱਲ-ਮਾਲਾਵਾਂ ਪਹਿਨਾ ਕੇ ਵਧਾਈ ਦਿੱਤੀ। ?ਮੀਟਿੰਗ ਦੌਰਾਨ ਰਾਈਸ ਮਿੱਲਰਾਂ ਨੇ ਆਉਣ ਵਾਲੇ ਸੀਜ਼ਨ ਦੀਆਂ ਚੁਣੌਤੀਆਂ 'ਤੇ ਚਰਚਾ ਕਰਦਿਆਂ ਸਰਕਾਰ ਤੇ ਸਬੰਧਤ ਵਿਭਾਗ ਪਾਸੋਂ ਮੰਗਾਂ ਦੇ ਤੁਰੰਤ ਹੱਲ ਦੀ ਮੰਗ ਕੀਤੀ। ਨਿਯੁਕਤੀ ਤੋਂ ਬਾਅਦ ਨਰੇਸ਼ ਘੱਗਾ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੇਰੇ 'ਤੇ ਪ੍ਰਗਟਾਏ ਗਏ ਵਿਸ਼ਵਾਸ ਲਈ ਮੈਂ ਆਲ ਇੰਡੀਆ ਤੇ ਜ਼ਿਲ੍ਹਾ ਲੀਡਰਸ਼ਿਪ ਸਮੇਤ ਸਮੂਹ ਰਾਈਸ ਮਿੱਲਰਾਂ ਦਾ ਰਣੀ ਹਾਂ।ਮੈਂ ਵਾਅਦਾ ਕਰਦਾ ਹਾਂ ਕਿ ਸ਼ੈਲਰ ਉਦਯੋਗ ਦੀਆਂ ਸਮੱਸਿਆਵਾਂ ਤੇ ਮਿੱਲਰਾਂ ਦੇ ਹੱਕਾਂ ਲਈ ਪੂਰੀ ਤਨਦੇਹੀ, ਇਮਾਨਦਾਰੀ ਤੇ ਇਕਜੁੱਟਤਾ ਨਾਲ ਆਪਣੀ ਜ਼ਿੰਮੇਵਾਰੀ ਨਿਭਾਵਾਂਗਾ।

## ਕਿਰਤੀ ਕਿਸਾਨ ਯੂਨੀਅਨ ਦੀ ਬਲਾਕ ਪੱਧਰੀ ਮੀਟਿੰਗ



**ਬੱਧਨੀ ਕਲਾਂ (ਲਵਲੀ ਕੁਮਾਰ)**-ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਨਿਹਾਲ ਸਿੰਘ ਵਾਲਾ ਦੀ ਮਹੀਨਾਵਾਰੀ ਮੀਟਿੰਗ ਬੱਧਨੀ ਕਲਾਂ ਵਿਖੇ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ ਦੀ ਅਗਵਾਈ ਹੇਠ ਕੀਤੀ ਗਈ।ਬਲਾਕ ਸਰਪ੍ਰਸਤ ਨਾਜ਼ਰ ਸਿੰਘ ਖਾਈ ਨੇ ਦੱਸਿਆ ਕਿ ਜੋ ਚੰਡੀਗੜ੍ਹ ਵਿਖੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਤੇ ਸਿਆਸੀ ਕੈਦੀਆਂ ਦੀ ਰਿਹਾਈ ਲਈ ਮੋਰਚਾ ਲੱਗਾ, ਉਸ ਮੋਰਚੇ ਦੀ ਕਾਲ 'ਤੇ ਜੋ 15 ਅਗਸਤ ਨੂੰ ਚੰਡੀਗੜ੍ਹ ਵਿਖੇ ਗਵਰਨਰ ਹਾਊਸ ਵੱਲ ਨੂੰ ਮਾਰਚ ਦਾ ਸੱਦਾ ਦਿੱਤਾ ਗਿਆ ਹੈ, ਉਸ ਵਿੱਚ ਕਿਰਤੀ ਕਿਸਾਨ ਯੂਨੀਅਨ ਵੱਲੋਂ ਵੱਡੀ ਪੱਧਰ ਤੇ ਸ਼ਮੂਲੀਅਤ ਕੀਤੀ ਜਾਵੇਗੀ।ਮੀਤ ਪ੍ਰਧਾਨ ਬਲਦੇਵ ਸਿੰਘ ਭੰਗੂ, ਪ੍ਰੈੱਸ ਸਕੱਤਰ ਨਛੱਤਰ ਸਿੰਘ ਦੌਧਰ, ਬਲਾਕ ਸਕੱਤਰ ਅਵਤਾਰ ਸਿੰਘ ਖਾਈ ਤੇ ਬਲਾਕ ਖਜ਼ਾਨਚੀ ਬਲਕਰਨ ਸਿੰਘ ਮੱਲੇਆਣਾ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ 1 ਸਤੰਬਰ ਤੋਂ ਪੰਜਾਬ ਦੀਆਂ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਵਿੱਚ ਇੱਕ ਹਫ਼ਤੇ ਦਾ ਧਰਨਾ ਲਾਇਆ ਜਾਵੇਗਾ, ਜਿਸ ਤਹਿਤ ਹਰੇਕ ਖੇਤ ਤੱਕ ਨਹਿਰੀ ਪਾਣੀ ਤੇ ਹਰ ਘਰ ਤੱਕ ਪੀਣ ਯੋਗ ਸਾਫ ਪਾਣੀ ਮੁਹੱਈਆਂ ਕਰਾਉਣ ਲਈ ਤੇ ਪਾਣੀ ਨਾਲ ਸੰਬੰਧਿਤ ਹੋਰ ਮਸਲੇ ਹੱਲ ਕਰਾਉਣ ਲਈ ਅਤੇ ਲੈਂਡ ਪੂਲਿੰਗ ਨੀਤੀ ਦੇ ਖਿਲਾਫ਼ ਲਾਏ ਜਾ ਰਹੇ ਧਰਨੇ 'ਚ ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਮੋਗਾ ਵੱਲੋਂ ਟਰੈਕਟਰ-ਟਰਾਲੀਆਂ ਨਾਲ ਵੱਡੀ ਗਿਣਤੀ ਵਿੱਚ ਕਾਫਲੇ ਦੇ ਰੂਪ ਵਿੱਚ ਚੰਡੀਗੜ੍ਹ 'ਚ ਸ਼ਮੂਲੀਅਤ ਕੀਤੀ ਜਾਵੇਗੀ।ਸਹਾਇਕ ਸਕੱਤਰ ਜਗਸੀਰ ਸਿੰਘ ਮਾਛੀਕੇ ਨੇ ਦੱਸਿਆ ਕਿ 17 ਤੇ 18 ਅਗਸਤ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਸੂਬੇ ਦਾ ਇਜਲਾਸ ਜ਼ਿਲ੍ਹਾ ਕਪੂਰਥਲਾ ਦੇ ਪਿੰਡ ਸੰਗੋਜਲਾ ਵਿੱਚ ਕੀਤਾ ਜਾਵੇਗਾ।

## ਪੰਚ ਪਰਵਰਤਨ ਵਿਸ਼ੇ 'ਤੇ ਵਰਕਸ਼ਾਪ ਲਾਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਂ ਸ਼ਾਰਦੇ ਬਾਲ ਸੰਸਕਾਰ ਕੇਂਦਰ 'ਚ ਗੁਰੂ ਰਵਿਦਾਸ ਜੀ ਦੇ 650ਵੇਂ ਜਨਮ ਉਤਸਵ ਤੇ 'ਪੰਚ ਪਰਿਵਰਤਨ' ਵਿਸ਼ੇ 'ਤੇ ਵਿਸ਼ੇਸ਼ ਵਰਕਸ਼ਾਪ ਕਰਾਈ ਗਈ।ਇਹ ਵਰਕਸ਼ਾਪ ਲਾਲਾ ਕਸਤੂਰੀ ਲਾਲ ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਦੀ ਦੇਖ-ਰੇਖ ਹੇਠ ਹੋਈ।ਮੈਨੇਜਰ ਗੁਰਪ੍ਰੀਤ ਸਿੰਘ ਤੇ ਉਨ੍ਹਾਂ ਦੀ ਧਰਮ ਪਤਨੀ ਗਗਨਦੀਪ ਕੌਰ, ਗੁਰੂ ਰਾਮਦਾਸ ਮੰਦਰ ਦੇ ਪੁਜਾਰੀ ਨਾਥੂਰਾਮ, ਸ਼ਿਸ਼ੂ ਵਾਟਿਕਾ ਸੰਕੁਲ ਪ੍ਰਮੁੱਖ ਦੀਦੀ ਸੰਤੋਸ਼, ਸੰਸਕਾਰ ਕੇਂਦਰ ਸੰਚਾਲਿਕਾ ਦੀਦੀ ਰਜਨੀ, ਕਮੇਟੀ ਦੀਆਂ ਦੀਦੀਆਂ, ਸੰਸਕਾਰ ਕੇਂਦਰ ਦੇ ਬੱਚੇ ਤੇ ਉਨ੍ਹਾਂ ਦੀਆਂ ਮਾਤਾਵਾਂ ਹਾਜ਼ਰ ਰਹੀਆਂ।ਵਰਕਸ਼ਾਪ ਦੌਰਾਨ ਗੁਰਪ੍ਰੀਤ ਸਿੰਘ ਨੇ 'ਪੰਚ ਪਰਿਵਰਤਨ' ਦੇ ਵੱਖ-ਵੱਖ ਪੱਖਾਂ ਬਾਰੇ ਜਾਣਕਾਰੀ ਦਿੰਦਿਆਂ ਪਰਿਵਾਰਕ ਸੰਸਕਾਰਾਂ, ਵਾਤਾਵਰਣ ਸੰਭਾਲ, ਸੇਵਾ ਭਾਵ, ਸਮਾਜਿਕ ਜ਼ਿੰਮੇਵਾਰੀ ਤੇ ਨਾਗਰਿਕ ਕਰਤੱਵਾਂ ਦੀ ਮਹੱਤਤਾ ਬਾਰੇ ਬੱਚਿਆਂ ਨੂੰ ਜਾਗਰੂਕ ਕੀਤਾ।ਉਨ੍ਹਾਂ ਬੱਚਿਆਂ ਨੂੰ ਮਾਤਾ-ਪਿਤਾ ਤੇ ਵੱਡਿਆਂ ਦਾ ਸਤਿਕਾਰ ਕਰਨ, ਵੱਧ ਤੋਂ ਵੱਧ ਰੁੱਖ ਲਾਉਣ ਅਤੇ ਕੁਦਰਤ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।ਬੱਚਿਆਂ ਤੋਂ ਪ੍ਰਸ਼ਨ ਪੁੱਛ ਕੇ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਵੀ ਯਕੀਨੀ ਬਣਾਈ ਗਈ।ਪੁਜਾਰੀ ਨਾਥੂਰਾਮ ਨੇ ਗੁਰੂ ਰਵਿਦਾਸ ਜੀ ਦੇ ਜੀਵਨ ਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਜਾਣਕਾਰੀ ਦਿੰਦਿਆਂ ਸਮਾਨਤਾ, ਸਦਭਾਵਨਾ ਤੇ ਮਨੁੱਖਤਾ ਦਾ ਸੰਦੇਸ਼ ਦਿੱਤਾ।ਬੱਚਿਆਂ ਵੱਲੋਂ ਸੁੰਦਰ ਗੀਤ ਵੀ ਪੇਸ਼ ਕੀਤੇ ਗਏ।ਅੰਤ ਵਿੱਚ ਬੱਚਿਆਂ ਨੂੰ ਖਾਣ-ਪੀਣ ਦੀਆਂ ਵਸਤਾਂ ਵੰਡੀਆਂ ਗਈਆਂ।

## ਡਾ. ਡੀ ਸੀ ਸ਼ਰਮਾ ਦਾ ਭਾਰਤ ਸਿੱਖਿਆ ਸ਼੍ਰੋਮਣੀ ਪੁਰਸਕਾਰ ਨਾਲ ਸਨਮਾਨ



**ਨਾਭਾ (ਅਮਨ ਗਰਗ)**-ਪੰਜਾਬ ਪਬਲਿਕ ਸਕੂਲ ਦੇ ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੂੰ ਇੰਟਰਨੈਸ਼ਨਲ ਇੰਸਟੀਚਿਊਟ ਆਫ਼ ਐਜੂਕੇਸ਼ਨ ਐਂਡ ਮੈਨੇਜਮੈਂਟ ਦੁਆਰਾ, ਇਕਨਾਮਿਕ ਗ੍ਰੋਥ ਫਾਊਂਡੇਸ਼ਨ ਦੇ ਸਹਿਯੋਗ ਨਾਲ, ਉਤਰਾਖੰਡ ਦੇ ਦੇਹਰਾਦੂਨ ਵਿੱਚ ਆਯੋਜਤ ਇੱਕ ਸਮਾਰੋਹ ਵਿੱਚ ਵੱਕਾਰੀ 'ਭਾਰਤ ਸਿੱਖਿਆ ਸ਼੍ਰੋਮਣੀ ਪੁਰਸਕਾਰ 2026' ਨਾਲ ਸਨਮਾਨਤ ਕੀਤਾ ਗਿਆ।ਇਹ ਪੁਰਸਕਾਰ ਡਾ. ਸ਼ਰਮਾ ਦੀਆਂ ਸ਼ਾਨਦਾਰ ਪ੍ਰਾਪਤੀਆਂ, ਦੂਰਦਰਸ਼ੀ ਅਗਵਾਈ ਤੇ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਨੂੰ ਮਾਨਤਾ ਦਿੰਦਾ ਹੈ।ਡਾ. ਸ਼ਰਮਾ ਨੇ ਇਹ ਸਨਮਾਨ ਫੈਕਲਟੀ, ਵਿਦਿਆਰਥੀਆਂ ਤੇ ਪੂਰੇ ਪੀਪੀਐਸ ਭਾਈਚਾਰੇ ਨੂੰ ਸਮਰਪਤ ਕੀਤਾ, ਜਿਨ੍ਹਾਂ ਦੇ ਸਮੂਹਿਕ ਯਤਨਾਂ ਨਾਲ ਸਿੱਖਿਆ ਖੇਤਰ ਵਿੱਚ ਸੰਸਥਾ ਦੀ ਵਿਰਾਸਤ ਹੋਰ ਮਜ਼ਬੂਤ ਹੋਈ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਨਗਰ ਨਿਗਮ ਨੇ 5 ਗੈਰ-ਕਾਨੂੰਨੀ ਡੇਅਰੀਆਂ ਖ਼ਿਲਾਫ਼ ਕੀਤੀ ਵੱਡੀ ਕਾਰਵਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਨਗਰ ਨਿਗਮ ਅੰਮ੍ਰਿਤਸਰ ਵੱਲੋਂ ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਅਤੇ ਵਧੀਕ ਨਗਰ ਨਿਗਮ ਕਮਿਸ਼ਨਰ ਡਾ. ਜੈ ਇੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਨਗਰ ਨਿਗਮ ਦੀ ਹੱਦ ਅੰਦਰ ਚੱਲ ਰਹੀਆਂ ਗੈਰ-ਅਧਿਕਾਰਤ ਡੇਅਰੀਆਂ ਨੂੰ ਹਟਾਉਣ ਸੰਬੰਧੀ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਕੋਟ ਖਾਲਸਾ ਦੇ ਆਦਰਸ਼ ਨਗਰ-ਇੰਦਰਪੁਰੀ ਇਲਾਕੇ ਵਿੱਚ 5 ਗੈਰ-ਕਾਨੂੰਨੀ ਤੌਰ 'ਤੇ ਚੱਲ ਰਹੀਆਂ ਡੇਅਰੀਆਂ ਖ਼ਿਲਾਫ਼ ਵੱਡੀ ਕਾਰਵਾਈ ਕੀਤੀ ਗਈ। ਕਾਰਵਾਈ ਦੌਰਾਨ ਟੀਮ ਨੂੰ ਭਾਰੀ ਵਿਰੋਧ ਦਾ ਸਾਹਮਣਾ ਕਰਨਾ ਪਿਆ, ਪਰੰਤੂ ਇਨਫੋਰਸਮੈਂਟ ਟੀਮ ਨੇ ਗੈਰ-ਅਧਿਕਾਰਤ ਡੇਅਰੀਆਂ ਵਿੱਚੋਂ ਪਸ਼ੂ ਸਫਲਤਾਪੂਰਵਕ ਜ਼ਬਤ ਕੀਤੇ ਅਤੇ ਨਿਰਧਾਰਤ ਨਿਯਮਾਂ ਅਨੁਸਾਰ ਉਨ੍ਹਾਂ ਨੂੰ ਨਗਰ ਨਿਗਮ ਦੀ ਗਊਸ਼ਾਲਾ ਵਿੱਚ ਤਬਦੀਲ ਕਰ ਦਿੱਤਾ ਗਿਆ। ਇਹ ਕਾਰਵਾਈ ਮੈਡੀਕਲ ਅਫਸਰ ਆਫ ਹੈਲਥ ਡਾ. ਰਮਾ, ਡਿਊਟੀ ਮੈਜਿਸਟ੍ਰੇਟ ਨਾਇਬ ਤਹਿਸੀਲਦਾਰ ਅੰਗਦ ਸਿੰਘ ਅਤੇ ਚੀਫ਼ ਸੈਨੇਟਰੀ ਅਫਸਰ ਜੇ.ਪੀ. ਬੱਬਰ ਦੀ ਨਿਗਰਾਨੀ ਹੇਠ ਕੀਤੀ ਗਈ। ਇਨਫੋਰਸਮੈਂਟ ਟੀਮ ਵਿੱਚ ਸੀ ਐਸ ਓ ਸਰਬਜੀਤ ਸਿੰਘ, ਅਨਿਲ ਡੋਗਰਾ, ਸੀ ਐਸ ਓ ਸਰਬਜੀਤ ਸਿੰਘ, ਸ਼ੀ ਬ੍ਰਹਮ ਦਾਸ, ਰਵਿੰਦਰ ਕੁਮਾਰ, ਅਸ਼ੋਕ ਕੁਮਾਰ ਅਤੇ ਸ਼ਾਮ ਸਿੰਘ ਸ਼ਾਮਲ ਸਨ। ਪੁਲਿਸ ਟੀਮ ਵੱਲੋਂ ਵੀ ਸਮੇਂ ਸਿਰ ਪੂਰਾ ਸਹਿਯੋਗ ਦਿੱਤਾ ਗਿਆ, ਜਿਸ ਨਾਲ ਕਾਰਵਾਈ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਗਿਆ। ਨਗਰ ਨਿਗਮ ਅਧਿਕਾਰੀਆਂ ਨੇ ਦੱਸਿਆ ਕਿ ਨਗਰ ਨਿਗਮ ਦੀ ਹੱਦ ਅੰਦਰ ਚੱਲ ਰਹੀਆਂ ਗੈਰ-ਅਧਿਕਾਰਤ ਡੇਅਰੀਆਂ ਸਫਾਈ-ਸਵੱਛਤਾ, ਵਾਤਾਵਰਣ ਅਤੇ ਜਨਤਕ ਸਿਹਤ ਲਈ ਗੰਭੀਰ ਚਿੰਤਾਵਾਂ ਪੈਦਾ ਕਰਦੀਆਂ ਹਨ। ਇਸ ਤੋਂ ਇਲਾਵਾ, ਇਨ੍ਹਾਂ ਕਾਰਨ ਇਲਾਕਾ ਨਿਵਾਸੀਆਂ ਨੂੰ ਵੀ ਕਾਫ਼ੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਵਧੀਕ ਨਗਰ ਨਿਗਮ ਕਮਿਸ਼ਨਰ ਡਾ. ਜੈ ਇੰਦਰ ਸਿੰਘ ਨੇ ਨਗਰ ਨਿਗਮ ਦੀ ਹੱਦ ਅੰਦਰ ਗੈਰ-ਕਾਨੂੰਨੀ ਤੌਰ 'ਤੇ ਡੇਅਰੀਆਂ ਚਲਾਉਣ ਵਾਲੇ ਸਾਰੇ ਡੇਅਰੀ ਮਾਲਕਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਤੁਰੰਤ ਬੰਦ ਕਰਨ।

# ਏਅਰ ਪਿਸਤੌਲ ਮੁਕਾਬਲਿਆਂ 'ਚ 200 ਤੋਂ ਵੱਧ ਵਿਦਿਆਰਥੀਆਂ ਨੇ ਲਿਆ ਹਿੱਸਾ

**ਧਾਰੀਵਾਲ (ਮਨਦੀਪ ਵਿੱਕੀ)**- ਸ਼ੂਟਿੰਗ ਖੇਡ ਨੂੰ ਪ੍ਰਫੁੱਲਿਤ ਕਰਨ ਵਾਲਾ ਜ਼ਿਲ੍ਹੇ ਦਾ ਮੋਢੀ ਸਕੂਲ ਰਿਆੜਕੀ ਪਬਲਿਕ ਸਕੂਲ ਹਰ ਨਿਸ਼ਾਨਾ ਉਦੋਂ ਹੀ ਸਹੀ ਲੱਗਦਾ ਹੈ ਜਦੋਂ ਅੱਖ ਸਥਿਰ, ਸਾਹ ਸੰਜਮੀ ਅਤੇ ਮਨ ਇਕਾਗਰ ਹੋਵੇ – ਇਹੀ ਸਿੱਖਿਆ ਲੈ ਕੇ ਜ਼ਿਲ੍ਹਾ ਗੁਰਦਾਸਪੁਰ ਦੇ ਸੈਂਕੜੇ ਨੌਜਵਾਨ ਨਿਸ਼ਾਨੇਬਾਜ਼ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ, ਤੁਗਲਵਾਲ ਵਿਖੇ ਇਕੱਠੇ ਹੋਏ।ਮੌਕਾ ਸੀ ਜ਼ਿਲ੍ਹਾ ਪੱਧਰੀ ਸਕੂਲ ਸ਼ੂਟਿੰਗ ਖੇਡਾਂ (ਲੜਕੇ ਵਰਗ) ਦੇ ਇਕ-ਰੋਜ਼ਾ ਮੁਕਾਬਲਿਆਂ ਦਾ, ਜਿਨ੍ਹਾਂ ਦੀ ਸ਼ੁਰੂਆਤ ਬੜੀ ਸ਼ਾਨ ਅਤੇ ਉਤਸ਼ਾਹ ਨਾਲ ਹੋਈ। ਸੰਸਥਾ ਵਿੱਚ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀਆਂ ਗਈਆਂ ਆਧੁਨਿਕ ਸ਼ੂਟਿੰਗ ਰੇਂਜਾਂ ਵਿੱਚ 10 ਮੀਟਰ ਏਅਰ ਰਾਈਫਲ ਅਤੇ 10 ਮੀਟਰ ਏਅਰ ਪਿਸਤੌਲ ਵਰਗਾਂ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਖਿਡਾਰੀਆਂ ਨੇ ਆਪਣੀ ਨਿਸ਼ਾਨੇਬਾਜ਼ੀ ਦੀ ਕਾਬਲੀਅਤ ਦਾ ਭਰਪੂਰ ਪ੍ਰਦਰਸ਼ਨ ਕੀਤਾ।ਜ਼ਿਲ੍ਹੇ ਦੇ ਸਰਕਾਰੀ ਅਤੇ ਪ੍ਰਾਈਵੇਟ ਸਕੂਲ- ਰਿਆੜਕੀ ਪਬਲਿਕ ਸਕੂਲ ਤੁਗਲਵਾਲ, ਐਚ.ਐਸ.ਡੀ ਗੀਤਾ ਭਵਨ ਸਕੂਲ, ਲਿਟਲ ਫਲਾਵਰ ਕਾਨਵੈਂਟ ਸਕੂਲ ਪੁਰਾਣਾ ਸ਼ਾਲਾ, ਦੂਨ ਇੰਟਰਨੈਸ਼ਨਲ ਸਕੂਲ ਗੁਰਦਾਸਪੁਰ, ਆਰਮੀ ਪਬਲਿਕ ਸਕੂਲ ਤਿਬੜੀ ਕੈਂਟ, ਦਿੱਲੀ ਪਬਲਿਕ ਸਕੂਲ, ਜੀਆ ਲਾਲ ਮਿੱਤਲ ਡੀ.ਏ.ਵੀ ਸਕੂਲ ਗੁਰਦਾਸਪੁਰ, ਸਕੂਲ ਆਫ਼ ਐਮੀਨੈਂਸ ਸ੍ਰੀ ਹਰਗੋਬਿੰਦਪੁਰ ਸਾਹਿਬ, ਸੇਂਟ ਫਰਾਂਸਿਸ ਸਕੂਲ, ਪੀ.ਐਮ ਸ੍ਰੀ ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ ਦਕੋਹਾ, ਗੁਰੂ ਨਾਨਕ ਦੇਵ ਅਕੈਡਮੀ ਸੀ.ਸੈਕੰਡਰੀ ਸਕੂਲ ਬਟਾਲਾ, ਪੀ.ਐਮ ਸ੍ਰੀ ਐਸ.ਐਸ.ਐਸ ਸਕੂਲ ਬਹਾਦਰਪੁਰ ਰਜ਼ੋਆ, ਜੀ.ਐਸ.ਐਸ.ਐਸ ਮਾੜੀ ਬੁੱਚਿਆਂ, ਜੀ.ਐਸ.ਐਸ.ਐਸ ਕਾਲਾ ਨੰਗਲ, ਸਟੀਵਰਟ ਇੰਟਰਨੈਸ਼ਨਲ ਸਕੂਲ ਬਟਾਲਾ, ਜੀ.ਐਸ.ਐਸ.ਐਸ ਦਕੋਹਾ, ਸ੍ਰੀ ਗੁਰੂ ਨਾਨਕ ਦੇਵ ਅਕੈਡਮੀ ਕੰਡਿਆਲ, ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਡਾਲਾ ਗ੍ਰੰਥੀਆਂ, ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਡਾਲਾ ਗ੍ਰੰਥੀਆਂ, ਵੁੱਡਸਟੌਕ ਪਬਲਿਕ ਸਕੂਲ ਬਟਾਲਾ ਅਤੇ ਸਟਾਲਵਾਰਟ ਇੰਟਰਨੈਸ਼ਨਲ ਸਕੂਲ ਬਟਾਲਾ ਸਮੇਤ ਕਰੀਬ 200 ਤੋਂ ਵੱਧ ਵਿਦਿਆਰਥੀਆਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲਿਆ। ਸੰਸਥਾ ਦੇ ਪ੍ਰਿੰਸੀਪਲ ਡਾਇਰੈਕਟਰ ਮੈਡਮ ਮਨਪ੍ਰੀਤ ਕੌਰ ਨੇ ਆਏ ਹੋਏ ਮਹਿਮਾਨਾਂ ਅਤੇ ਖਿਡਾਰੀਆਂ ਦਾ ਨਿੱਘਾ ਸਵਾਗਤ ਕੀਤਾ। ਸਕੂਲ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਸਰਗਰਮ ਰਹਿਣਾ ਚਾਹੀਦਾ ਹੈ। ਇਸ ਮੌਕੇ ਸ਼ੂਟਿੰਗ ਲੈਕਚਰਾਰ ਗੁਰਵਿੰਦਰ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਕੋਹਾ, ਗੁਰਵਿੰਦਰ ਸਿੰਘ ਪੁਰਾਣਾ ਸ਼ਾਲਾ , ਅਮਰਿੰਦਰ ਸਿੰਘ ਲੈਕਚਰਾਰ, ਕੋਚ ਮਨਦੀਪ ਸਿੰਘ, ਡੀ.ਪੀ.ਈ ਜਤਿੰਦਰ ਕੁਮਾਰ, ਮੈਡਮ ਰਾਜਵਿੰਦਰ ਕੌਰ, ਵੱਖ-ਵੱਖ ਸਕੂਲਾਂ ਤੋਂ ਆਏ ਵਿਦਿਆਰਥੀ, ਉਨ੍ਹਾਂ ਦੇ ਮਾਪੇ ਅਤੇ ਅਧਿਆਪਕ ਸਾਹਿਬਾਨ ਸਮੇਤ ਰਿਆੜਕੀ ਸੰਸਥਾ ਦਾ ਸਮੂਹ ਸਟਾਫ਼ ਹਾਜ਼ਰ ਸੀ।



# ਸ਼ੈਰੀ ਕਲਸੀ ਦੀ ਅਗਵਾਈ 'ਚ ਲੋਕਾਂ ਦੀ ਸਹੂਲਤ ਲਈ ਲੱਗਾ ਵਿਸ਼ੇਸ਼ ਕੈਂਪ



**ਬਟਾਲਾ (ਡਾਕਟਰ ਮਲਵਿੰਦਰ ਸਿੰਘ)** ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਲੋਕਾਂ ਦੀ ਸਹੂਲਤ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਸ ਵਿੱਚ ਬਿਨਾ ਕਿਸੇ ਫੀਸ ਦੇ ਰਾਸ਼ਨ ਕਾਰਡ ਦੇ ਫਾਰਮ ਭਰੇ ਗਏ। ਉਨ੍ਹਾਂ ਸਪੱਸ਼ਟ ਕੀਤਾ ਕਿ ਰਾਸ਼ਨ ਕਾਰਡ ਬਣਾਉਣ ਲਈ ਕੋਈ ਫੀਸ ਨਹੀਂ ਲਈ ਜਾਂਦੀ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਚੇਅਰਮੈਨ ਮਾਣਿਕ ਮਹਿਤਾ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਨਹਿਰੂ ਗੇਟ ਦਫ਼ਤਰ ਵਿਖੇ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਲੋੜਵੰਦ ਲੋਕਾਂ ਦੇ ਲਈ ਰਾਸ਼ਨ ਕਾਰਡ ਦੇ ਫਾਰਮ ਭਰੇ ਗਏ ਅਤੇ ਆਨਲਾਈਨ ਪ੍ਰਕਿਰਿਆ ਵੀ ਕਰਵਾਈ ਗਈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਕੀਤੇ ਜਾ ਰਹੇ ਇਸ ਉਪਰਾਲੇ ਤੋਂ ਲੋਕ ਬੇਹੱਦ ਖੁਸ਼ ਹਨ।ਲੋਕਾਂ ਨੂੰ ਸਰਕਾਰੀ ਸਹੂਲਤਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਅਤੇ ਆਸਾਨ ਤਰੀਕੇ ਨਾਲ ਮਿਲਣੀਆਂ ਹੀ ਲੋਕ ਸੇਵਾ ਦਾ ਅਸਲ ਮਕਸਦ ਹੈ।ਉਨ੍ਹਾਂ ਕਿਹਾ ਕਿ ਉਹ ਲੋਕਾਂ ਦੀ ਸੇਵਾ ਲਈ ਹਮੇਸ਼ਾ ਹਾਜ਼ਰ ਹਨ। ਉਨ੍ਹਾਂ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਵੱਖ ਵੱਖ ਵਿਕਾਸ ਕਾਰਜ ਜਾਰੀ ਹਨ ਅਤੇ ਉਨ੍ਹਾਂ ਵੱਲੋਂ ਲੋਕਾਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾ ਰਹੀਆਂ ਹਨ।

# ਸੇਵਾ ਕੇਂਦਰ ਯੂਨੀਅਨ ਇਕਾਈ ਤਰਨ ਤਾਰਨ ਵੱਲੋਂ ਮੁਲਾਜ਼ਮਾਂ 'ਤੇ ਕੀਤੇ ਤਸ਼ੱਦਦ ਦੀ ਨਿੰਦਾ

**ਝਬਾਲ (ਹਰਜਿੰਦਰ ਸਿੰਘ ਸੋਨੀ)** ਸੇਵਾ ਕੇਂਦਰ ਯੂਨੀਅਨ ਇਕਾਈ ਤਰਨ ਤਾਰਨ ਵੱਲੋਂ ਚੰਡੀਗੜ੍ਹ ਵਿਖੇ ਪੰਜਾਬ ਭਰ ਦੇ ਮੁਲਾਜ਼ਮਾਂ ਉਪਰ ਕੀਤੇ ਤਸ਼ੱਦਦ ਦੀ ਸਖ਼ਤ ਨਿੰਦਾ ਕਰਦੀ ਹੈ।ਇਸ ਸਮੇਂ ਜ਼ਿਲ੍ਹਾ ਪ੍ਰਧਾਨ ਗੁਰਸੇਵਕ ਸਿੰਘ ਨੇ ਦੱਸਿਆ ਕਿ ਪੰਜਾਬ ਭਰ ਦੇ ਮੁਲਾਜ਼ਮਾਂ ਨੇ [illegible] ਵਿੱਚ ਆਉਣ 'ਤੇ ਪਹਿਲਾਂ ਸਰਕਾਰ ਨੇ ਜੋ ਮੁਲਾਜ਼ਮ ਵਰਗ ਨਾਲ ਵਾਅਦੇ ਕੀਤੇ ਸਨ ਉਹਨਾਂ ਤੋਂ ਹੁਣ ਭੱਜ ਰਹੀ ਹੈ।ਇਸ ਦਾ ਅਸਲ ਨਤੀਜਾ ਆਪਣੇ ਹੱਕ ਮੰਗਣ ਲਈ ਚੰਡੀਗੜ੍ਹ ਗਏ ਮੁਲਾਜ਼ਮ ਸਾਥੀਆਂ ਉਪਰ ਜੋ ਵਾਟਰ ਕੈਨਨ ਅਤੇ ਲਾਠੀਚਾਰਜ ਕੀਤਾ ਗਿਆ।ਇਸ ਸਮੇਂ ਸਕੱਤਰ ਵਰਿੰਦਰ ਕੁਮਾਰ ਨੇ ਦੱਸਿਆ ਕਿ ਸਰਕਾਰ ਨੇ ਆਪਣੇ ਹੱਕ ਮੰਗਣ ਲਈ ਗਏ ਮੁਲਾਜ਼ਮਾਂ ਨੂੰ ਵੀ ਨਹੀਂ ਬਖ਼ਸ਼ਿਆ ਉਨ੍ਹਾਂ 'ਤੇ ਵੀ ਤਾਨਾਸ਼ਾਹੀ ਰਵੱਈਆ ਅਪਣਾਉਂਦੇ ਹੋਏ ਪ੍ਰਸ਼ਾਸਨ ਨੇ ਤਸ਼ੱਦਦ ਢਾਹਿਆ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਇਨ੍ਹਾਂ ਮੁਲਾਜ਼ਮਾਂ ਦੇ ਹੱਕਾਂ ਪ੍ਰਤੀ ਸਹੀ ਫ਼ੈਸਲਾ ਨਾ ਲਿਆ ਤਾਂ ਆਉਣ ਵਾਲੇ ਸਮੇਂ ਵਿੱਚ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਵੀ ਆਪਣੇ ਇਨ੍ਹਾਂ ਮੁਲਾਜ਼ਮ ਸਾਥੀਆਂ ਦੇ ਨਾਲ ਮੋਢਾ ਜੋੜ ਕੇ ਖੜਨਗੇ।ਇਸ ਸਮੇਂ ਸਰਪ੍ਰਸਤ ਕਰਨਬੀਰ ਸਿੰਘ ਨੇ ਦੱਸਿਆ ਕਿ ਸਰਕਾਰ ਆਪਣੇ ਵਾਅਦਿਆਂ 'ਤੇ ਖਰੀ ਨਹੀਂ ਉਤਰੀ। ਇਸ ਸਮੇਂ ਸੇਵਾ ਕੇਂਦਰ ਯੂਨੀਅਨ ਇਕਾਈ ਤਰਨ ਤਾਰਨ ਵੱਲੋਂ ਮੁਲਾਜ਼ਮ ਸਾਥੀਆਂ ਦੇ ਉਪਰ ਹੋਏ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।



# ਵਧੀਆ ਬੁਲੇਟੀਨ ਸਾਬਤ ਹੋਇਆ 'ਸਟਾਰ ਹੈਲਥ'

**ਬਠਿੰਡਾ** : ਪੰਜਾਬ ਵਿੱਚ ਮੌਨਸੂਨ ਸੀਜ਼ਨ ਸ਼ੁਰੂ ਹੋ ਗਿਆ ਹੈ, ਜੋ ਆਮ ਤੌਰ ਤੇ ਡੇਂਗੂ, ਮਲੇਰੀਆ, ਬੁਖਾਰ ਅਤੇ ਹੋਰ ਛੂਤ ਦੀਆਂ ਬਿਮਾਰੀਆਂ ਵਿੱਚ ਵਾਧਾ ਕਰਦਾ ਹੈ।ਭਾਰਤ ਦੀਆਂ ਪ੍ਰਮੁੱਖ ਸਟੈਂਡਅਲੋਨ ਸਿਹਤ ਬੀਮਾ ਕੰਪਨੀਆਂ ਵਿੱਚੋਂ ਇੱਕ ਸਟਾਰ ਹੈਲਥ ਐਂਡ ਅਲਾਈਡ ਇੰਸ਼ੋਰੈਂਸ ਕੰਪਨੀ ਲਿਮਿਟਿਡ (ਐਨਐਸਈ : ਸਟਾਰਹੈਲਥ : ਬੀਐੱਸਈ : 543412), ਰਾਜ ਭਰ ਵਿੱਚ ਆਪਣੀਆਂ ਮੌਨਸੂਨ ਸਿਹਤ ਸੰਭਾਲ ਸੇਵਾਵਾਂ ਦਾ ਵਿਸਤਾਰ ਕਰ ਰਹੀ ਹੈ।ਵਿੱਤੀ ਸਾਲ 2025-26 ਲਈ ਸਟਾਰ ਹੈਲਥ ਦਾ ਪੰਜਾਬ ਡੇਟਾ ਬੁਖਾਰ ਅਤੇ ਛੂਤ ਦੀਆਂ ਬਿਮਾਰੀਆਂ ਲਈ ਘਰੇਲੂ ਸਿਹਤ ਸੰਭਾਲ ਸੇਵਾਵਾਂ ਦੀ ਵਰਤੋਂ ਵਿੱਚ ਤੇਜ਼ੀ ਨਾਲ ਵਾਧਾ ਦਰਸਾਉਂਦਾ ਹੈ।

ਇਸ ਵਾਧੇ ਦੇ ਨਾਲ, ਕੰਪਨੀ ਨੇ ਦੇਸ਼ ਭਰ ਵਿੱਚ ਘਰੇਲੂ ਸਿਹਤ ਸੰਭਾਲ ਸੇਵਾਵਾਂ ਦੀ ਵਧਦੀ ਮੰਗ ਦੇਖੀ ਹੈ, ਜਿਸ ਵਿੱਚ ਵੱਧ ਤੋਂ ਵੱਧ ਗਾਹਕ ਇਸਨੂੰ ਡਾਕਟਰੀ ਸਲਾਹ ਲਈ ਆਪਣੀ ਪਸੰਦੀਦਾ ਪਸੰਦ ਵਜੋਂ ਚੁਣ ਰਹੇ ਹਨ।ਸਟਾਰ ਹੈਲਥ ਨੇ ਵਿੱਤੀ ਸਾਲ 2025-26 ਦੌਰਾਨ ਪੰਜਾਬ ਵਿੱਚ ਬੁਖਾਰ ਅਤੇ ਛੂਤ ਦੀਆਂ ਬਿਮਾਰੀਆਂ ਲਈ ਘਰੇਲੂ ਸਿਹਤ ਸੰਭਾਲ ਸੇਵਾਵਾਂ ਦੀ ਵਰਤੋਂ ਵਿੱਚ 23 ਗੁਣਾ ਤੋਂ ਵੱਧ ਵਾਧਾ ਦੇਖਿਆ।

# 'ਸੁਰੱਖਿਅਤ ਮਾਤਰਤਵ' ਮੁਹਿੰਮ ਤਹਿਤ ਗਰਭਵਤੀ ਔਰਤਾਂ ਦਾ ਚੈੱਕਅੱਪ ਕੀਤਾ : ਡਾ. ਗਿੱਲ

**ਚੋਹਲਾ ਸਾਹਿਬ (ਰਮਨ ਚੱਢਾ)**- ਸਿਵਲ ਸਰਜਨ ਤਰਨ ਤਾਰਨ ਡਾਕਟਰ ਸੰਦੀਪ ਧਵਨ, ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾਕਟਰ ਭਾਰਤੀ ਧਵਨ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾਕਟਰ ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਰਹਿਨੁਮਾਈ ਹੇਠ ਡਾਕਟਰ ਸੰਦੀਪ ਕੌਰ ਮੈਡੀਕਲ ਅਫਸਰ ਵੱਲੋਂ ਗਰਭਵਤੀ ਔਰਤਾਂ ਦਾ ਚੈੱਕਅੱਪ ਕੀਤਾ ਗਿਆ। ਇਸ ਸਮੇਂ ਜਾਣਕਾਰੀ ਦਿੰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰਤਵ ਅਭਿਆਨ ਤਹਿਤ ਡਾਕਟਰ ਸੰਦੀਪ ਕੌਰ ਵੱਲੋਂ ਗਰਭਵਤੀ ਔਰਤਾਂ ਦਾ ਚੈੱਕਅੱਪ ਕੀਤਾ ਗਿਆ ਅਤੇ ਗਰਭਵਤੀ ਔਰਤਾਂ ਨੂੰ ਆਪਣੀ ਅਤੇ ਪਲ ਰਹੇ ਬੱਚੇ ਦੀ ਸਾਂਭ ਸੰਭਾਲ ਸਬੰਧੀ ਜਾਣਕਾਰੀ ਦਿੱਤੀ। ਡਾਕਟਰ ਸੰਦੀਪ ਕੌਰ ਨੇ ਦੱਸਿਆ ਕਿ ਗਰਭਵਤੀ ਔਰਤਾਂ ਨੂੰ ਖੁਰਾਕ ਵਿੱਚ ਦੁੱਧ, ਦਾਲਾਂ ਆਦਿ ਦਾ ਸੇਵਨ ਕਰਨਾ ਚਾਹੀਦਾ ਹੈ, ਹਰੀਆਂ ਪੱਤੇਦਾਰ ਸਬਜ਼ੀਆਂ, ਫਲ ਅਤੇ ਸਲਾਦ ਆਦਿ ਦਾ ਸੇਵਨ ਕਰਨਾ ਚਾਹੀਦਾ ਹੈ ਤਾਂ ਜੋ ਜੱਚਾ ਅਤੇ ਬੱਚੇ ਦੀ ਤੰਦਰੁਸਤੀ ਬਰਕਰਾਰ ਰਹਿ ਸਕੇ। ਇਸ ਸਮੇਂ ਡਾਕਟਰ ਜਤਿੰਦਰ ਸਿੰਘ ਗਿੱਲ ਨੇ ਨਜਦੀਕੀ ਸਿਹਤ ਕੇਂਦਰ ਵਿੱਚ ਉਪਲਬਧ ਮੁਫ਼ਤ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਗਰਭਵਤੀ ਔਰਤਾਂ ਦਾ ਮਾਹਿਰ ਡਾਕਟਰਾਂ ਦੁਆਰਾ ਚੈੱਕਅੱਪ ਕੀਤਾ ਜਾਂਦਾ ਹੈ, ਉੱਚ ਜੋਖਮ ਵਾਲੀ ਗਰਭ ਅਵਸਥਾ ਦੀ ਪਛਾਣ ਅਤੇ ਪ੍ਰਬੰਧਨ ਕੀਤਾ ਜਾਂਦਾ ਹੈ, ਗਰਭਵਤੀ ਔਰਤਾਂ ਦੇ ਮੁਫ਼ਤ ਲੈਬ ਟੈਸਟ ਕੀਤੇ ਜਾਂਦੇ ਹਨ, ਆਇਰਨ ਅਤੇ ਫੋਲਿਕ ਐਸਿਡ ਦੀ ਸਪਲਾਈ ਕੀਤੀ ਜਾਂਦੀ ਹੈ,ਖ਼ੂਨ ਅਤੇ ਪਿਸ਼ਾਬ ਦੀ ਜਾਂਚ ਕੀਤੀ ਜਾਂਦੀ ਹੈ, ਖੁਰਾਕ, ਜੀਵਨਸ਼ੈਲੀ ਅਤੇ ਟੀਕਾਕਰਨ ਬਾਰੇ ਸਲਾਹ ਦਿੱਤੀ ਜਾਂਦੀ ਹੈ। ਉਨ੍ਹਾਂ ਅਪੀਲ ਕੀਤੀ ਕਿ ਗਰਭਵਤੀ ਔਰਤਾਂ ਹਰ ਮਹੀਨੇ ਦੀ 9 ਤਾਰੀਖ ਨੂੰ ਨਜ਼ਦੀਕੀ ਸਿਹਤ ਕੇਂਦਰ ਵਿੱਚ ਪਹੁੰਚ ਕੇ ਆਪਣੀ ਜਾਂਚ ਕਰਵਾਉਣ।



# ਯਾਦਗਾਰੀ ਹੋ ਨਿੱਬੜਿਆ ਸੇਂਟ ਸੋਲਜਰ ਸਕੂਲ 'ਚ ਤੀਆਂ ਦਾ ਤਿਉਹਾਰ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** – ਸੇਂਟ ਸੋਲਜਰ ਇਲੀਟ ਕੋਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਤੀਜ ਦਾ ਤਿਉਹਾਰ ਬੜੇ ਚਾਹ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਬੰਧੀ ਸਕੂਲ ਦੇ ਸ਼ਾਨਦਾਰ ਆਡੋਟੋਰੀਅਮ ਵਿੱਚ ਇੱਕ ਵਿਸ਼ੇਸ਼ ਕਲਚਰਲ ਪ੍ਰੋਗਰਾਮ ਰੱਖਿਆ ਗਿਆ ਜਿਸ ਵਿੱਚ ਕਿੰਡਰਗਾਰਟਨ ਸੈਕਸ਼ਨ ਦੇ ਬੱਚਿਆਂ ਦੀਆਂ ਮਾਵਾਂ ਨੂੰ ਵੀ ਵਿਸ਼ੇਸ਼ ਤੌਰ ਤੇ ਸੱਦਾ ਦਿੱਤਾ ਗਿਆ। ਸਾਰਿਆਂ ਅਧਿਆਪਕਾਂ, ਮੈਨੇਜਮੈਂਟ ਅਤੇ ਬਾਹਰੋਂ ਆਏ ਮਹਿਮਾਨਾਂ ਨੇ ਰਵਾਇਤੀ ਪੰਜਾਬੀ ਪਹਿਰਾਵੇ, (ਪੰਜਾਬੀ ਸੂਟ, ਪੰਜਾਬੀ ਕੁੜਤੇ ਪਜਾਮੇ) ਨਾਲ ਸਮਾਗਮ ਨੂੰ ਪੰਜਾਬੀ ਸੱਭਿਆਚਾਰ ਨਾਲ ਭਰ ਦਿੱਤਾ।ਇਸੇ ਤਰ੍ਹਾਂ ਪੰਜਾਬੀ ਲੋਕ ਨਾਚ ਗਿੱਧੇ ਅਤੇ ਭੰਗੜੇ ਨਾਲ ਮਾਹੌਲ ਖੁਸ਼ੀਆਂ ਨਾਲ ਭਰ ਗਿਆ।ਇਸ ਸਮਾਗਮ ਵਿੱਚ ਸ. ਸਰਬਜੀਤ ਸਿੰਘ ਡਿੱਲੋਂ (ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ) ਅਤੇ ਉਨ੍ਹਾਂ ਦੀ ਧਰਮ ਪਤਨੀ ਜਤਿੰਦਰ ਕੌਰ ਵੀ ਵਿਸ਼ੇਸ਼ ਤੌਰ ਤੇ ਪਹੁੰਚੇ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਮੈਡਮ ਅਮਰਪ੍ਰੀਤ ਕੌਰ ਨੇ ਇਸ ਸਮਾਗਮ ਵਿੱਚ ਪਹੁੰਚੇ ਸਾਰਿਆਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਅਤੇ ਸਾਰਿਆਂ ਨੂੰ ਪੰਜਾਬੀ ਵਿਰਾਸਤ ਪੰਜਾਬੀ ਸੱਭਿਆਚਾਰ ਨਾਲ ਜੁੜੇ ਹਰ ਤਿਉਹਾਰ ਨੂੰ ਖੁਸ਼ੀਆਂ ਖੇੜਿਆਂ ਨਾਲ ਮਨਾਉਣ ਨੂੰ ਕਿਹਾ ਤਾਂ ਕਿ ਅਸੀਂ ਆਪਣੇ ਅਮੀਰ ਪੰਜਾਬੀ ਵਿਰਸੇ ਨਾਲ ਜੁੜ ਸਕੀਏ।ਇਹ ਸਮਾਗਮ ਪੰਜਾਬੀ ਸੱਭਿਆਚਾਰ, ਹਾਸੇ ਅਤੇ ਖੁਸ਼ੀਆਂ ਖੇੜਿਆਂ ਦੇ ਇੱਕ ਗੁਲਦਸਤੇ ਦੇ ਰੂਪ ਵਿੱਚ ਯਾਦਗਾਰੀ ਹੋ ਨਿੱਬੜਿਆ।

# ਗੁਰੂ ਗੋਬਿੰਦ ਸਿੰਘ ਮਾਡਲ ਸਕੂਲ ਬਖਤਪੁਰ 'ਚ ਤੀਆਂ ਦਾ ਤਿਉਹਾਰ ਮਨਾਇਆ

**ਧਾਰੀਵਾਲ (ਮਨਦੀਪ ਵਿੱਕੀ)** ਗੁਰੂ ਗੋਬਿੰਦ ਸਿੰਘ (ਜੀ ਜੀ ਐਸ) ਮਾਡਲ ਸਕੂਲ ਬਖਤਪੁਰ ਵਿਖੇ ਸਕੂਲ ਸਟਾਫ ਤੇ ਵਿਦਿਆਰਥੀਆਂ ਵੱਲੋਂ ਮਿਲ ਕੇ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ। ਇਸ ਸੰਬੰਧੀ ਸਕੂਲ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਕਿਹਾ ਆਉਣ ਵਾਲੀ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜ ਕੇ ਰੱਖਣ ਲਈ ਅਜਿਹੇ ਵਿਰਾਸਤੀ ਤਿਉਹਾਰ ਮਨਾਉਣੇ ਬਹੁਤ ਜ਼ਰੂਰੀ ਹਨ। ਇਸ ਦੌਰਾਨ ਬੱਚਿਆਂ ਅਤੇ ਅਧਿਆਪਕਾਂ ਨੇ ਗਿੱਧਾ ਭੰਗੜਾ ਪਾਇਆ ਤੇ ਪੀਂਘਾਂ ਵੀ ਝੂਟੀਆਂ। ਪ੍ਰੋਗਰਾਮ ਦੌਰਾਨ ਅਧਿਆਪਕਾ ਰਣਜੀਤ ਕੌਰ ਨੇ ਬੱਚਿਆਂ ਕੋਲੋਂ ਪੰਜਾਬ ਵਿੱਚੋਂ ਅਲੋਪ ਹੋ ਰਹੀਆਂ ਪੁਰਾਤਨ ਵਿਰਸੇ ਨਾਲ ਸਬੰਧਿਤ ਵਸਤੂਆਂ ਅਤੇ ਦੇਸੀ ਮਹੀਨਿਆਂ ਬਾਰੇ ਸਵਾਲ ਪੁੱਛੇ ਅਤੇ ਲੋੜੀਂਦੀ ਜਾਣਕਾਰੀ ਦਿੱਤੀ। ਇਸ ਮੌਕੇ ਬੱਚਿਆਂ ਦੇ ਪੰਜਾਬੀ ਪਹਿਰਾਵੇ ਦੇ ਮੁਕਾਬਲੇ ਵੀ ਕਰਵਾਏ। ਇਹਨਾਂ ਗਹਿਗੱਚ ਮੁਕਾਬਲਿਆਂ ਵਿੱਚ ਕੇਜੀ ਗਰੁੱਪ ਵਿੱਚੋਂ ਗੁਰਬਾਣੀਦੀਪ ਕੌਰ, ਮਨਕੀਰਤ ਸਿੰਘ, ਸੁਖਮਨਦੀਪ ਕੌਰ ਤੇ ਗੁਰਸਾਹਿਬ ਸਿੰਘ ਨੇ ਪਹਿਲਾ, ਈਸ਼ਾ ਸ਼ਰਮਾ ਤੇ ਗੁਰਤੇਜ ਸਿੰਘ ਨੇ ਦੂਜਾ ਅਤੇ ਜਪਰੀਤ ਕੌਰ ਤੇ ਅਭੀਜੋਤ ਸਿੰਘ ਨੇ ਤੀਜਾ; ਸਬ-ਜੂਨੀਅਰ ਗਰੁੱਪ ਵਿੱਚੋਂ ਹਰਸਮਨਪ੍ਰੀਤ ਕੌਰ, ਦਿਲਪ੍ਰੀਤ ਕੌਰ ਤੇ ਚਾਹਤਪ੍ਰੀਤ ਸਿੰਘ ਨੇ ਪਹਿਲਾ, ਅਨਮੋਲ ਸੂਰੀ ਤੇ ਗੁਰਲੀਨ ਕੌਰ ਨੇ ਦੂਜਾ ਅਤੇ ਨਵਿਆ ਤੇ ਮਨਕੀਰਤ ਸਿੰਘ ਨੇ ਤੀਜਾ; ਜੂਨੀਅਰ ਗਰੁੱਪ ਵਿੱਚੋਂ ਅਵਾਦਪ੍ਰੀਤ ਕੌਰ, ਜੀਆ ਤੇ ਹਰਸਦੀਪ ਸਿੰਘ ਨੇ ਪਹਿਲਾ, ਗੁਰਨੂਰ ਕੌਰ, ਸੁਖਪ੍ਰੀਤ ਸਿੰਘ ਤੇ ਸਿਮਰਨਜੀਤ ਕੌਰ ਨੇ ਦੂਜਾ ਅਤੇ ਜਸ਼ਕੀਰਤ ਸਿੰਘ, ਨਵਪ੍ਰੀਤ ਸਿੰਘ ਤੇ ਸਹਿਜਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸੀਨੀਅਰ ਗਰੁੱਪ ਵਿੱਚੋਂ ਹਰਨੀਤ ਕੌਰ ਨੇ ਪਹਿਲਾ, ਸਿਮਰਨਜੀਤ ਕੌਰ ਤੇ ਹਰਸਿਮਰਨਜੀਤ ਕੌਰ ਨੇ ਦੂਜਾ ਅਤੇ ਗੁਰਲੀਨਪ੍ਰੀਤ ਕੌਰ ਤੇ ਈਸ਼ਿਕਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੱਜਮੈਂਟ ਦੀ ਭੂਮਿਕਾ ਮੈਡਮ ਮਨਪ੍ਰੀਤ ਕੌਰ, ਮੈਡਮ ਯਾਦਪ੍ਰੀਤ ਕੌਰ ਅਤੇ ਮੈਡਮ ਰੇਖਾ ਰਾਣੀ ਵੱਲੋਂ ਬਾਖ਼ੂਬੀ ਨਿਭਾਹੀ ਗਈ। ਇਸ ਮੌਕੇ ਮੈਡਮ ਸਰਿਤਾ, ਮੈਡਮ ਕਿਰਨ, ਮੈਡਮ ਅਮਨਦੀਪ ਕੌਰ, ਮੈਡਮ ਪਲਵੀ, ਮੈਡਮ ਮਨਪ੍ਰੀਤ ਕੌਰ, ਮੈਡਮ ਕੁਲਦੀਪ ਕੌਰ, ਮੈਡਮ ਪਰਮਿੰਦਰ ਕੌਰ, ਮੈਡਮ ਪਲਕਦੀਪ ਕੌਰ, ਮੈਡਮ ਸ਼ਰਨਪ੍ਰੀਤ ਕੌਰ, ਮੈਡਮ ਸ਼ਿਲਪੀ, ਮੈਡਮ ਰੁਪਿੰਦਰ ਕੌਰ ਅਤੇ ਮੈਡਮ ਸੁਖਵੰਤ ਕੌਰ ਆਦਿ ਹਾਜ਼ਿਰ ਸਨ।



# ਸ੍ਰੀ ਗੋਇੰਦਵਾਲ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ 13 ਸਤੰਬਰ ਨੂੰ

**ਚੋਹਲਾ ਸਾਹਿਬ (ਰਮਨ ਚੱਢਾ)** ਸ਼੍ਰੋਮਣੀ ਅਕਾਲੀ ਦਲ ਨੂੰ ਜਥੇਬੰਦਕ ਤੌਰ 'ਤੇ ਹੋਰ ਮਜ਼ਬੂਤ ਕਰਨ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਵੱਲੋਂ ਕੀਤੇ ਜਾਣ ਵਾਲੇ ਪ੍ਰੋਗਰਾਮਾਂ ਦੀ ਰੂਪ-ਰੇਖਾ ਤਿਆਰ ਕਰਨ ਸੰਬੰਧੀ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਅਵਤਾਰ ਸਿੰਘ ਬਿੱਲਾ ਦੀ ਅਗਵਾਈ ਹੇਠ ਅਹਿਮ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਸਰਕਲ ਗੋਇੰਦਵਾਲ ਸਾਹਿਬ ਨਾਲ ਸਬੰਧਤ ਮੋਹਤਬਰ ਸੱਜਣਾਂ, ਸੀਨੀਅਰ ਆਗੂਆਂ ਅਤੇ ਅਕਾਲੀ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਲਾਹੌਰੀਆ ਨੇ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਹਰੇਕ ਅਕਾਲੀ ਵਰਕਰ ਨੂੰ ਪੂਰੀ ਤਨਦੇਹੀ, ਇਕਜੁੱਟਤਾ ਅਤੇ ਅਨੁਸ਼ਾਸਨ ਨਾਲ ਕੰਮ ਕਰਨ ਦੀ ਲੋੜ ਹੈ।ਮੀਟਿੰਗ ਦੌਰਾਨ ਆਉਣ ਵਾਲੇ ਦਿਨਾਂ ਵਿੱਚ ਪਾਰਟੀ ਵੱਲੋਂ ਉਲੀਕੇ ਜਾਣ ਵਾਲੇ ਵੱਖ-ਵੱਖ ਜਥੇਬੰਦਕ ਅਤੇ ਲੋਕ-ਹਿੱਤ ਪ੍ਰੋਗਰਾਮਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਅਵਤਾਰ ਸਿੰਘ ਬਿੱਲਾ ਵੱਲੋਂ ਸਮੂਹ ਅਕਾਲੀ ਵਰਕਰਾਂ ਅਤੇ ਆਗੂਆਂ ਦੇ ਸਹਿਯੋਗ ਨਾਲ ਇਨ੍ਹਾਂ ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਰੂਪ-ਰੇਖਾ ਤਿਆਰ ਕੀਤੀ ਗਈ।13 ਸਤੰਬਰ ਨੂੰ ਹਲਕਾ ਖਡੂਰ ਸਾਹਿਬ ਵਿੱਚ ਹੋਵੇਗੀ ਵਿਸ਼ਾਲ ਰੈਲੀ ਮੀਟਿੰਗ ਦੌਰਾਨ ਵਿਸ਼ੇਸ਼ ਤੌਰ 'ਤੇ ਐਲਾਨ ਕੀਤਾ ਗਿਆ ਕਿ 13 ਸਤੰਬਰ ਨੂੰ ਹਲਕਾ ਖਡੂਰ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਵਿਸ਼ਾਲ ਰੈਲੀ ਕੀਤੀ ਜਾਵੇਗੀ। ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ ਨੇ ਕਿਹਾ ਕਿ ਇਸ ਵਿਸ਼ਾਲ ਰੈਲੀ ਨੂੰ ਸਫਲ ਬਣਾਉਣ ਲਈ ਉਹ ਪਾਰਟੀ ਵਰਕਰਾਂ ਨਾਲ ਮਿਲ ਕੇ ਦਿਨ-ਰਾਤ ਮਿਹਨਤ ਕਰਨਗੇ।ਇਸ ਮੌਕੇ ਹਰਭਜਨ ਸਿੰਘ ਜੀ ਰਾਠੌਰ ਵੱਲੋ ਸਟੇਜ ਸਕੱਤਰ ਦੀ ਸੇਵਾ ਨਿਭਾਉਦਿਆ ਸਾਰਿਆ ਵਰਕਰਾ ਦਾ ਧੰਨਵਾਦ ਕੀਤਾ ਗਿਆ ।

# 'ਕਾਰਪੋਰੇਟੋ ਭਾਰਤ ਛੱਡੋ' ਮੁਹਿੰਮ ਅਧੀਨ ਰੋਸ ਪ੍ਰਦਰਸ਼ਨ

**ਅਜਨਾਲਾ (ਸੁਖਜਿੰਦਰ ਸਿੰਘ ਰਾਜੂ)** ਸੰਯੁਕਤ ਕਿਸਾਨ ਮੋਰਚਾ ਅਤੇ ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਜਮੂਹਰੀ ਕਿਸਾਨ ਸਭਾ ਪੰਜਾਬ ਅਤੇ ਪੰਜਾਬ ਕਿਸਾਨ ਯੂਨੀਅਨ ਦੀ ਅਗਵਾਈ 'ਚ ਸੈਂਕੜੇ ਕਿਸਾਨਾਂ-ਮਜ਼ਦੂਰਾਂ ਅਤੇ ਹੋਰ ਮਿਹਨਤਕਸ਼ਾਂ ਨੇ ਭਾਰਤ ਛੱਡੋ ਅੰਦੋਲਨ ਦੀ 84ਵੀਂ ਵਰ੍ਹੇਗੰਢ ਇਨਕਲਾਬੀ ਜੋਸ਼ੋ ਖਰੋਸ਼ ਨਾਲ ਮਨਾਈ। ਇਸ ਸਮੇਂ ਕਿਸਾਨ ਮਜ਼ਦੂਰ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਕੁਲਵੰਤ ਸਿੰਘ ਮੱਲੂਨੰਗਲ, ਸੁਰਜੀਤ ਸਿੰਘ ਭੂਰੇ ਗਿੱਲ ਤੇ ਹਰਦੀਪ ਸਿੰਘ ਬੱਗਾ ਦੀ ਪ੍ਰਧਾਨਗੀ ਹੇਠ ਰੋਹ ਭਰਿਆ ਮੁਜ਼ਾਹਰਾ ਕੀਤਾ, ਜਿਸ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਤੇ ਪੰਜਾਬ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਮੰਗਲ ਸਿੰਘ ਧਰਮਕੋਟ ਨੇ ਕਿਹਾ ਕਿ ਆਰ ਐਸ ਐਸ ਦੀ ਵਿਚਾਰਧਾਰਾ ਤੇ ਕੰਮ ਕਰਦੀ ਮੋਦੀ ਸਰਕਾਰ ਨੇ ਸਾਡੇ ਦੇਸ਼ ਭਾਰਤ ਦੇ ਹਿਤਾਂ ਨੂੰ ਅਣਗੌਲਿਆਂ ਕਰਕੇ ਅਮਰੀਕਾ ਦੀ ਟਰੰਪ ਸਰਕਾਰ ਅੱਗੇ ਅੰਦਰ ਖਾਤੇ ਖੇਤੀ ਅਤੇ ਪ੍ਰਚੂਨ ਵਪਾਰ ਨੂੰ ਤਬਾਹ ਕਰਨ ਵਾਲਾ ਕਰਮੁੱਕਤ ਸਮਝੌਤਾ ਕਰਨ ਜਾ ਰਹੀ ਹੈ ਅਜਿਹਾ ਹੋਣ ਨਾਲ ਸਾਡੇ ਦੇਸ਼ ਦੀ ਖੇਤੀ-ਫਲ, ਸਬਜ਼ੀਆਂ, ਮੱਛੀ ਪਾਲਣ ਤੇ ਦੁੱਧ ਉਤਪਾਦਕਾਂ ਅਤੇ ਪ੍ਰਚੂਨ ਵਪਾਰੀਆਂ ਦਾ ਧੰਦਾ ਚੌਪਟ ਹੋ ਜਾਵੇਗਾ। ਇਸ ਮੌਕੇ ਮਜ਼ਦੂਰ ਆਗੂਆਂ ਨੇ ਇਹ ਵੀ ਮੰਗ ਕੀਤੀ ਮਨਰੇਗਾ ਕਾਨੂੰਨ ਨੂੰ ਬਹਾਲ ਕਰੋ, ਸਾਲ ਵਿੱਚ 200 ਦਿਨ ਦੀ ਗਰੰਟੀ ਅਤੇ 700 ਰੁਪਏ ਦਿਹਾੜੀ ਪ੍ਰਤੀ ਦਿਨ ਘੱਟੋ ਘੱਟ ਉਜਰਤ ਯਕੀਨੀ ਬਣਾਈ ਜਾਵੇ ਅਤੇ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡਾ ਰੱਦ ਕੀਤੀਆਂ ਜਾਣ। ਸੀਨੀਅਰ ਕਿਸਾਨ ਆਗੂਆਂ ਲਖਬੀਰ ਸਿੰਘ ਤੇੜਾ ਰਾਜਪੂਤਾਂ, ਬਲਕਾਰ ਸਿੰਘ ਗੁਲਗੜ੍ਹ, ਸਤਵਿੰਦਰ ਸਿੰਘ ਉਠੀਆ ਤੇ ਰਸ਼ਪਾਲ ਸਿੰਘ ਬੱਲ ਲਵੇ ਦਰਿਆ, ਜਤਿੰਦਰ ਸਿੰਘ ਜਾਫਰਕੋਟ ਨੇ ਮੰਗ ਕੀਤੀ ਕਿ ਲੋਕ ਵਿਰੋਧੀ ਕਾਲੇ ਕਾਨੂੰਨ ਬਿਜਲੀ ਸੋਧ ਬਿਲ ਤੇ ਬੀਜ਼ ਬਿੱਲ 2025 ਵਾਪਸ ਲਏ ਜਾਣ।

ਮੁਜ਼ਾਹਰੇ ਉਪਰੰਤ ਅਜਨਾਲਾ ਦੇ ਮੁੱਖ ਬਜ਼ਾਰਾਂ ਚੋ ਹੱਥਾਂ ਚੋ ਬੈਨਰ ਤੇ ਮੰਗਾਂ ਦੀਆਂ ਤਖ਼ਤੀਆਂ ਲੈਕੇ ਆਪਣੇ ਵਾਹਨਾਂ ਤੇ ਐਸ ਡੀ ਐਮ ਅਜਨਾਲਾ ਦੇ ਦਫ਼ਤਰ ਤੱਕ 3 ਕਿਲੋਮੀਟਰ ਲੰਬਾ ਜਲੂਸ ਕੱਢਿਆ ਜਿੱਥੇ ਕੇਂਦਰ ਤੇ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।



# ਟੀ ਸੀ ਇੰਟਰਨੈਸ਼ਨਲ ਸਕੂਲ ਵਿਖੇ ਤੀਜ ਤਿਉਹਾਰ ਮਨਾਇਆ

**ਗੁਰਦਾਸਪੁਰ (ਦਿਨੇਸ਼ ਕੁਮਾਰ)** ਟੀ ਸੀ ਇੰਟਰਨੈਸ਼ਨਲ ਸਕੂਲ ਵਿਖੇ ਤੀਜ ਤਿਉਹਾਰ ਰਵਾਇਤੀ ਅੰਦਾਜ਼ ਨਾਲ ਮਨਾਇਆ ਗਿਆ। ਸਕੂਲ ਕੈਂਪਸ ਨੂੰ ਰਵਾਇਤੀ ਤੀਜ ਸਜਾਵਟ ਨਾਲ ਸਜਾਇਆ ਗਿਆ ਸੀ ਅਤੇ ਵਿਸ਼ੇਸ਼ ਝੂਲੇ ਲਗਾਏ ਗਏ ਸਨ, ਜਿਸਦਾ ਵਿਦਿਆਰਥੀਆਂ ਅਤੇ ਅਧਿਆਪਕਾਂ ਦੋਵਾਂ ਨੇ ਭਰਪੂਰ ਆਨੰਦ ਮਾਣਿਆ। ਇਸ ਪ੍ਰੋਗਰਾਮ ਦੌਰਾਨ, ਗਿੱਧੇ ਅਤੇ ਪੰਜਾਬੀ ਲੋਕ ਨਾਚਾਂ ਦੇ ਸ਼ਾਨਦਾਰ ਪ੍ਰਦਰਸ਼ਨ ਨੇ ਸਾਰਿਆਂ ਨੂੰ ਮੋਹਿਤ ਕਰ ਦਿੱਤਾ। ਰਵਾਇਤੀ ਪੰਜਾਬੀ ਪਹਿਰਾਵੇ ਵਿੱਚ ਸਜੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਆਪਣੇ ਪ੍ਰਦਰਸ਼ਨਾਂ ਰਾਹੀਂ ਪੰਜਾਬ ਦੇ ਅਮੀਰ ਸੱਭਿਆਚਾਰ ਅਤੇ ਲੋਕ ਪਰੰਪਰਾਵਾਂ ਨੂੰ ਜੀਵਨ ਵਿੱਚ ਲਿਆਂਦਾ। ਇਸ ਮੌਕੇ ਇੱਕ 'ਮਿਸ ਤੀਜ' ਮੁਕਾਬਲਾ ਵੀ ਆਯੋਜਿਤ ਕੀਤਾ ਗਿਆ, ਜਿੱਥੇ ਭਾਗੀਦਾਰਾਂ ਨੇ ਆਪਣੇ ਸੁੰਦਰ ਰਵਾਇਤੀ ਪਹਿਰਾਵੇ, ਆਤਮਵਿਸ਼ਵਾਸ ਅਤੇ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਮਿਸ ਤੀਜ ਜੂਨੀਅਰ ਹਰਗੁਣ, ਕਲਾਸ 5, ਮਿਸ ਤੀਜ ਮਿਡਲ ਸੈਕਸ਼ਨ ਐਸ਼ਲੀਨ, ਕਲਾਸ 7 ਅਤੇ ਮਿਸ ਤੀਜ ਸੀਨੀਅਰ ਸੈਕਸ਼ਨ ਰਿਕਸ਼ਿਕਾ, ਕਲਾਸ 12 ਨੂੰ ਚੁਣਿਆ ਗਿਆ । ਸਕੂਲ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਤੀਜ ਤਿਉਹਾਰ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਪ੍ਰਬੰਧਕ ਨੇ ਦੱਸਿਆ ਕਿ ਟੀ ਸੀ ਇੰਟਰਨੈਸ਼ਨਲ ਸਕੂਲ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਭਾਰਤੀ ਸੱਭਿਆਚਾਰ ਅਤੇ ਪਰੰਪਰਾਵਾਂ ਨਾਲ ਜੋੜਨ ਲਈ ਨਿਯਮਿਤ ਤੌਰ 'ਤੇ ਅਜਿਹੇ ਸੱਭਿਆਚਾਰਕ ਸਮਾਗਮਾਂ ਦਾ ਆਯੋਜਨ ਕਰਦਾ ਹੈ।ਇਹ ਸਮਾਗਮ ਖੁਸ਼ੀ, ਲੋਕ ਸੱਭਿਆਚਾਰ ਦੀਆਂ ਸੁੰਦਰ ਝਲਕਾਂ ਅਤੇ ਤੀਜ ਤਿਉਹਾਰ ਲਈ ਨਿੱਘੀਆਂ ਸ਼ੁਭਕਾਮਨਾਵਾਂ ਨਾਲ ਭਰੇ ਇੱਕ ਉੱਚੇ ਨੋਟ 'ਤੇ ਸਮਾਪਤ ਹੋਇਆ।



# ਲੁੱਟ-ਖੋਹਾਂ, ਚੋਰੀ ਦੀਆਂ ਘਟਨਾਵਾਂ 'ਤੇ ਰੋਕ ਲਾਉਣ ਦੀ ਮੰਗ

**ਵੇਰਕਾ (ਰਾਣਾ)** ਪੁਲਿਸ ਚੌਕੀ ਜੈਂਤੀਪੁਰ ਦੇ ਅਧੀਨ ਪੈਂਦੇ ਖੇਤਰ 'ਚ ਸ਼ਰੇਆਮ ਲੁੱਟਖੋਹਾਂ, ਹੁੰਦੀਆਂ ਚੋਰੀਆਂ ਅਤੇ ਨਸ਼ਾ ਵਿਕਣ ਦੇ ਗੰਭੀਰ ਦੋਸ਼ ਲਾਉਂਦੇ ਹੋਏ ਬਲਾਕ ਪ੍ਰਧਾਨ ਬਾਬਾ ਜਗਜੀਵਨ ਸਿੰਘ ਤਲਵੰਡੀ ਖੁੰਮਣ ਭਾਰਤੀ ਕਿਸਾਨ ਯੂਨੀਅਨ ਏਕਤਾ ਪੰਜਾਬ (ਉਗਰਾਹਾਂ) ਨੇ ਮੁੱਖ ਮੰਤਰੀ ਪੰਜਾਬ ਸਰਕਾਰ, ਡੀ.ਜੀ.ਪੀ ਸਾਹਿਬ ਪੰਜਾਬ ਪੁਲਸ ਚੰਡੀਗੜ੍ਹ, ਮਾਨਯੋਗ ਡੀ.ਆਈ.ਜੀ ਸਾਹਿਬ ਪੰਜਾਬ ਪੁਲਸ ਬਾਰਡਰ ਜੋਨ ਅੰਮ੍ਰਿਤਸਰ ਅਤੇ ਐਸ.ਐਸ.ਪੀ.ਸਾਹਿਬ ਅੰਮ੍ਰਿਤਸਰ (ਦਿਹਾਤੀ) ਪਾਸੋਂ ਫੌਰੀ ਇਨਸਾਫ ਦਿਵਾਉਣ ਦੀ ਮੰਗ ਕੀਤੀ ਹੈ।ਇਸ ਬਾਬਤ ਉਨ੍ਹਾਂ ਦੱਸਿਆ ਕਿ ਜੈਂਤੀਪੁਰ ਦੇ ਇਲਾਕੇ ਅੰਦਰ ਦਿਨ ਦਿਹਾੜੇ ਵਾਪਰ ਰਹੀਆਂ ਵਾਰਦਾਤਾਂ ਨੂੰ ਠੱਲ੍ਹ ਪਾਉਣ ਲਈ ਲਿਖਤੀ ਸ਼ਿਕਾਇਤਾਂ ਐਸ.ਡੀ.ਐਮ ਮਜੀਠਾ, ਡੀ.ਐੱਸ.ਪੀ ਮਜੀਠਾ, ਐਸ.ਐਚ.ਓ ਪੁਲਸ ਥਾਣਾ ਕੱਥੂਨੰਗਲ ਅਤੇ ਪੁਲਸ ਚੌਕੀ ਜੈਂਤੀਪੁਰ ਵਿਖੇ ਕੀਤੀਆਂ ਗਈਆਂ ਹਨ।ਪ੍ਰੰਤੂ ਸਾਡੀ ਕੋਈ ਸੁਣਵਾਈ ਨਹੀਂ ਹੋਈ ਹੈ। ਸਗੋਂ ਹੀ ਸਾਡੇ ਕਿਸਾਨ ਭਰਾਵਾਂ ਦੀਆਂ ਮੱਝਾਂ ਚੋਰੀ, ਮੋਟਰਾਂ ਚੋਰੀ, ਮੋਟਰਾਂ ਦੀਆਂ ਤਾਰਾਂ ਚੋਰੀ ਅਤੇ ਲੁੱਟ-ਖੋਹ ਸਣੇ ਨਸ਼ੇ ਵਿਕਣ ਵਿੱਚ ਭਾਰੀ ਵਾਧਾ ਹੋਇਆ ਹੈ।ਇਸ ਦੌਰਾਨ ਪ੍ਰਧਾਨ ਬਾਬਾ ਜਗਜੀਵਨ ਸਿੰਘ ਨੇ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਹੋਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੀ ਭਰਪੂਰ ਸ਼ਲਾਘਾ ਕਰਦੇ ਹੋਏ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਪਾਸੋਂ ਉਪਰੋਕਤ ਵਾਪਰਦੀਆਂ ਘਟਨਾਵਾਂ ਨੂੰ ਤੁਰੰਤ ਰੋਕਣ ਦੀ ਗੁਹਾਰ ਲਗਾਈ ਹੈ।ਇਸ ਮੌਕੇ ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਹੈ ਕਿ ਨੇੜੇ ਭਵਿੱਖ 'ਚ ਸਾਡੇ ਕਿਸੇ ਵੀ ਕਿਸਾਨ ਜਾਂ ਮਜਦੂਰ ਭਰਾਵਾਂ ਦਾ ਕੋਈ ਵੀ ਨੁਕਸਾਨ ਹੁੰਦਾ ਹੈ ਤਾਂ ਇਸ ਦੀ ਨਿਰੋਲ ਜਿੰਮੇਵਾਰੀ ਪੁਲਸ ਥਾਣਾ ਕੱਥੂਨੰਗਲ ਦੀ ਹੋਵੇਗੀ।

# ਗੁਰਦੁਆਰਾ ਕੱਥੂਨੰਗਲ ਵਿਖੇ ਨਵੀਂ ਇਮਾਰਤ ਦਾ ਲੈਂਟਰ ਪਾਇਆ



**ਜੈਂਤੀਪੁਰ (ਸਿੱਧੂ ਜੈਂਤੀਪੁਰ)** ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਜੀ ਕੱਥੂਨੰਗਲ ਵਿਖੇ ਬਾਬਾ ਸਰਦਾਰਾ ਸਿੰਘ ਮੱਖਣਵਿੰਡੀ ਕਾਰ ਸੇਵਾ ਵਾਲਿਆ ਨੇ ਸੰਗਤਾਂ ਦੇ ਸਹਿਯੋਗ ਨਾਲ ਇਮਾਰਤ ਦਾ ਲੈਂਟਰ ਪਵਾਉਂਦਿਆਂ ਕਿਹਾ ਕਿ ਬ੍ਰਹਮ ਗਿਆਨੀ ਤੇ ਪੁੱਤਰਾਂ ਦੇ ਦਾਨੀ ਬਾਬਾ ਬੁੱਢਾ ਸਾਹਿਬ ਦੀ ਪਵਿੱਤਰ ਧਰਤੀ ਜਿੱਥੇ ਉਨ੍ਹਾਂ ਨੇ ਪਹਿਲੀ ਪਾਤਸਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਦੁੱਧ ਛਕਾ ਕੇ ਸੇਵਾ ਕੀਤੀ ਅਤੇ ਉਨਾਂ ਨੇ ਬਾਬਾ ਬੁੱਢਾ ਜੀ ਨੂੰ ਅਸੀਸ ਦੇ ਰੂਪ ਚ ਬਹੁਤ ਸਾਰੀ ਸੇਵਾ ਬਖਸਿਸ ਕੀਤੀਆਂ ਜਿਸ ਕਰਕੇ ਵੱਡੀ ਗਿਣਤੀ ਸੰਗਤਾਂ ਇੱਥੇ ਗੁਰੂ ਨਤਮਸਤਕ ਹੁੰਦੀਆਂ ਹਨ। ਬਾਬਾ ਸਰਦਾਰਾ ਸਿੰਘ ਜੀ ਨੇ ਸੰਗਤਾਂ ਨੂੰ ਕਿਹਾ ਕਿ ਉਹ ਆਪਣੀ ਕਿਰਤ ਕਮਾਈ ਵਿੱਚੋਂ ਜਿੱਥੇ ਲੋੜਵੰਦਾਂ ਦੀ ਮਦਦ ਕਰਨ ਉੱਥੇ ਗੁਰੂ ਘਰਾਂ ਦੀ ਸੇਵਾ ਵਿੱਚ ਵੀ ਵੱਧ ਤੋਂ ਵੱਧ ਸਹਿਯੋਗ ਪਾਉਣ।ਇਸ ਮੌਕੇ ਬਾਬਾ ਜਗੀਰ ਸਿੰਘ ਮਰੜੀ ਕਲਾ, ਬਾਪੂ ਗੁਰਦਿਆਲ ਸਿੰਘ ਡੇਹਰੀਕੇ, ਮੈਨਜਰ ਜਗਰੂਪ ਸਿੰਘ ਮਜੀਠਾ, ਹੈੱਡ ਗ੍ਰੰਥੀ ਬਾਬਾ ਜਗਬੀਰ ਸਿੰਘ ਪੰਨਵਾ, ਬਾਬਾ ਸੁਖਦੇਵ ਸਿੰਘ, ਬਾਬਾ ਬਲਦੇਵ ਸਿੰਘ, ਬਾਬਾ ਅਮੋਲਕ ਸਿੰਘ, ਬਾਬਾ ਮੇਜਰ ਸਿੰਘ, ਬਾਬਾ ਸਤਨਾਮ ਸਿੰਘ, ਅੰਗਰੇਜ ਸਿੰਘ ਮੱਖਣਵਿੰਡੀ, ਪ੍ਰਿਤਪਾਲ ਸਿੰਘ ਅਬਦਾਲ, ਲਖਵਿੰਦਰ ਸਿੰਘ ਸਹਿਣੇਵਾਲੀ, ਬਾਬਾ ਬਿਕਾਸ ਸਿੰਘ ਸੰਕਰਪੁਰਾ, ਚਾਚਾ ਸੁਭਾਸ ਚਵਿੰਡਾ ਦੇਵੀ, ਸਰਪੰਚ ਚਾਚਾ ਹਰਪਾਲ ਸਿੰਘ ਮੱਘੇ ਸੋਹੀ, ਕੇਵਲ ਸਿੰਘ ਭੋਆ, ਗੁਰਕੀਰਤ ਸਿੰਘ ਬੱਲ, ਦਿਲਜੋਤ ਸਿੰਘ, ਸੰਤੋਖ ਸਿੰਘ ਢੱਡੇ ਸਮੇਤ ਵੱਡੀ ਗਿਣਤੀ ਚ ਪ੍ਰੇਮੀ ਸੇਵਾਦਾਰ ਸਾਮਲ ਸਨ।

### ਜਹਾਂਗੀਰ 'ਚ 'ਆਪ' ਤੇ ਅਕਾਲੀ ਦਲ ਨੂੰ ਵੱਡਾ ਝਟਕਾ

# ਕਈ ਪਰਵਾਰ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ ਕਾਂਗਰਸ 'ਚ ਸ਼ਾਮਲ

**ਚੋਹਲਾ ਸਾਹਿਬ (ਰਮਨ ਚੱਢਾ)** ਹਲਕੇ ਦੇ ਪਿੰਡ ਜਹਾਂਗੀਰ ਵਿਖੇ ਆਮ ਆਦਮੀ ਪਾਰਟੀ (ਆਪ) ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਦੋਵਾਂ ਪਾਰਟੀਆਂ ਨੂੰ ਅਲਵਿਦਾ ਆਖ ਕੇ ਸੈਂਕੜੇ ਪਰਵਾਰ ਮੁੜ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ। ਇਹ ਸ਼ਮੂਲੀਅਤ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਬਹੁਤ ਹੀ ਖਾਸ ਗਵਾਹੀ ਅਤੇ ਅਗਵਾਈ ਹੇਠ ਨੇਪਰੇ ਚੜ੍ਹੀ।ਇਸ ਮੌਕੇ ਕਾਂਗਰਸ ਪਰਵਾਰ ਵਿੱਚ ਹੋਏ ਇਸ ਵੱਡੇ ਵਾਧੇ ਦਾ ਸਿਹਰਾ ਇਲਾਕੇ ਦੇ ਸਤਿਕਾਰਯੋਗ ਮੋਹਤਬਰ ਸਾਥੀਆਂ ਜਸਪ੍ਰੀਤ ਸਿੰਘ ਰਾਣਾ, ਬਲਜਿੰਦਰ ਸਿੰਘ, ਸੁਖਚੈਨ ਸਿੰਘ ਸੋਨੀ, ਹਰਭੇਜ ਸਿੰਘ ਨੰਬਰਦਾਰ ਅਤੇ ਕੁਲਜੀਤ ਸਿੰਘ ਥਿੰਦ ਦੇ ਸਿਰ ਬੱਝਦਾ ਹੈ, ਜਿਨ੍ਹਾਂ ਦੇ ਅਣਥੱਕ ਯਤਨਾਂ ਸਦਕਾ ਇਹ ਸਾਰੇ ਪਰਿਵਾਰ ਕਾਂਗਰਸ ਨਾਲ ਜੁੜੇ ਹਨ।

ਪਰਵਾਰਾਂ ਸਮੇਤ ਕਾਂਗਰਸ 'ਚ ਸ਼ਾਮਲ ਹੋਣ ਵਾਲਿਆਂ 'ਚ ਤਾਰਾ ਸਿੰਘ, ਗੁਰਦੀਪ ਸਿੰਘ, ਦਲਬੀਰ ਸਿੰਘ, ਜਸਵੰਤ ਸਿੰਘ, ਮੋਤਾ ਸਿੰਘ, ਖਜਾਨ ਸਿੰਘ, ਸਰਦੂਲ ਸਿੰਘ, ਗੁਰਦੀਪ ਸਿੰਘ, ਦਰਸ਼ਨ ਸਿੰਘ, ਬੱਬਲ ਸਿੰਘ, ਸਰਵਨ ਸਿੰਘ, ਹੈਪੀ ਸਿੰਘ, ਸੋਨੂੰ ਸਿੰਘ, ਸ਼ਿਵਾ ਸਿੰਘ, ਜੋਬਨ ਸਿੰਘ, ਵਾਰਸ ਸਿੰਘ, ਰਣਜੀਤ ਸਿੰਘ, ਗੁਰਪ੍ਰੀਤ ਸਿੰਘ, ਸੁਖਦੇਵ ਸਿੰਘ, ਹਰਪ੍ਰੀਤ ਸਿੰਘ ਹੈਪੀ, ਰਾਜਾ ਸਿੰਘ, ਗੱਗੂ ਭਲਵਾਨ, ਪਰਮਜੀਤ ਸਿੰਘ, ਅਵਤਾਰ ਸਿੰਘ, ਬਾਬਾ ਗੁਰਦੇਵ ਸਿੰਘ, ਬਾਬਾ ਸੋਨੀ, ਰਸਪਾਲ ਸਿੰਘ ਪਾਲਾ, ਕਰਨਵੀਰ ਸਿੰਘ ਅਤੇ ਸਤਪਾਲ ਸਿੰਘ ਸੇਵਾ ਸ਼ਾਮਲ ਹਨ।

ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਅਤੇ ਸਮੁੱਚੀ ਕਾਂਗਰਸ ਲੀਡਰਸ਼ਿਪ ਵੱਲੋਂ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਸਾਥੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਦਾ ਦਿਲੋਂ ਸਵਾਗਤ ਕੀਤਾ।



# ਨਗਰ ਕੌਂਸਲ ਕਾਦੀਆਂ ਦੀ ਪਲੇਠੀ ਮੀਟਿੰਗ 'ਚ ਲਏ ਵਿਕਾਸ ਸੰਬੰਧੀ ਅਹਿਮ ਫ਼ੈਸਲੇ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਨਗਰ ਕੌਂਸਲ ਕਮੇਟੀ ਦੀ ਪਲੇਠੀ ਮੀਟਿੰਗ ਪ੍ਰਧਾਨ ਪਲਵਿੰਦਰ ਕੌਰ ਮਾਹਲ ਦੀ ਪ੍ਰਧਾਨਗੀ ਹੇਠ ਨਗਰ ਕੌਂਸਲ ਦਫ਼ਤਰ ਵਿੱਚ ਹੋਈ।ਮੀਟਿੰਗ ਵਿੱਚ ਉਪ ਪ੍ਰਧਾਨ ਗੁਰਦਿਲਬਾਗ ਸਿੰਘ ਮਾਹਲ, ਸੀਨੀਅਰ ਵਾਈਸ ਪ੍ਰਿੰਸੀਪਲ ਰਾਜ ਕੁਮਾਰ ਸਮੇਤ ਸਮੂਹ ਕੌਂਸਲਰਾਂ ਨੇ ਸ਼ਮੂਲੀਅਤ ਕੀਤੀ।ਮੀਟਿੰਗ ਦੀ ਸ਼ੁਰੂਆਤ ਵਿੱਚ ਪ੍ਰਧਾਨ ਪਲਵਿੰਦਰ ਕੌਰ ਮਾਹਲ ਨੇ ਸਮੂਹ ਕੌਂਸਲਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਸ਼ਹਿਰ ਦੇ ਵਿਕਾਸ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ।ਉਨ੍ਹਾਂ ਕਿਹਾ ਕਿ ਜਨਤਾ ਵੱਲੋਂ ਦਿੱਤੇ ਭਰੋਸੇ ਤੇ ਖਰਾ ਉਤਰਨਾ ਸਾਡੀ ਜ਼ਿੰਮੇਵਾਰੀ ਹੈ।ਮੀਟਿੰਗ ਦੌਰਾਨ ਸ਼ਹਿਰ ਦੀਆਂ ਵੱਖ-ਵੱਖ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।ਵਿਸ਼ੇਸ਼ ਤੌਰ ਤੇ ਗਲੀਆਂ-ਨਾਲੀਆਂ ਦੀ ਮੁਰੰਮਤ, ਨਾਲੀਆਂ ਦੀ ਸਫ਼ਾਈ, ਕੂੜਾ ਸੁੱਟਣ ਅਤੇ ਸਟਰੀਟ ਲਾਈਟਾਂ ਦੇ ਪ੍ਰਬੰਧ ਸਬੰਧੀ ਤਜਵੀਜ਼ਾਂ ਪੇਸ਼ ਕੀਤੀਆਂ ਗਈਆਂ । ਸਾਰੀਆਂ ਤਜਵੀਜ਼ਾਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਇਨ੍ਹਾਂ ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ। ਜਾਣਕਾਰੀ ਦਿੰਦਿਆਂ ਪ੍ਰਧਾਨ ਪਲਵਿੰਦਰ ਕੌਰ ਮਾਹਲ ਨੇ ਦੱਸਿਆ ਕਿ ਸ਼ਹਿਰ ਨੂੰ ਸਾਫ਼ ਸੁਥਰਾ ਤੇ ਸੁੰਦਰ ਬਣਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਪ ਪ੍ਰਧਾਨ ਗੁਰਦਿਲਬਾਗ ਸਿੰਘ ਮਾਹਲ ਨੇ ਕਿਹਾ ਕਿ ਸ਼ਹਿਰ ਦੀਆਂ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਪ੍ਰਸ਼ਾਸਨ ਦੇ ਸਹਿਯੋਗ ਨਾਲ ਕਾਰਜ ਯੋਜਨਾ ਬਣਾਈ ਜਾਵੇਗੀ।ਉਨ੍ਹਾਂ ਕਿਹਾ ਕਿ ਸਮੂਹ ਕੌਂਸਲਰਾਂ ਦੇ ਸੁਝਾਵਾਂ ਨੂੰ ਪਹਿਲ ਦੇ ਆਧਾਰ 'ਤੇ ਲਾਗੂ ਕੀਤਾ ਜਾਵੇਗਾ।



# ਡੇਂਗੂ ਤੇ ਚਿਕਨਗੁਨੀਆ ਦੀ ਰੋਕਥਾਮ ਲਈ ਚਾਰਾਜੋਈ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਸਿਵਲ ਸਰਜਨ ਤਰਨ ਤਾਰਨ ਡਾ. ਸੰਦੀਪ ਧਵਨ, ਜ਼ਿਲ੍ਹਾ ਐਪੀਡਮੋਲੋਜਿਸਟ ਡਾ. ਲਾਜਵੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੀਨੀਅਰ ਮੈਡੀਕਲ ਅਫਸਰ ਕਸੇਲ ਡਾ. ਅਮਿਤਾ ਸੋਧੀ ਦੀ ਅਗਵਾਈ ਹੇਠ ਸੀਐੱਚਸੀ ਕਸੇਲ ਅਧੀਨ ਆਉਂਦੇ ਸਬ ਸੈਂਟਰ ਜਿਵੇਂ ਢੰਡ, ਕਸੇਲ, ਛੀਨਾ ਬਿਧੀਚੰਦ, ਨੌਸ਼ਹਿਰਾ ਢਾਲਾ ਆਦਿ ਵਿਖੇ ਡੇਂਗੂ ਤੇ ਚਿਕਨਗੁਨੀਆ ਸਬੰਧੀ ਗਤੀਵਿਧੀਆਂ ਕੀਤੀਆਂ ਗਈਆਂ ਅਤੇ ਲੋਕਾਂ ਨੂੰ ਡੇਂਗੂ ਤੇ ਮਲੇਰੀਏ ਤੋਂ ਬਚਾ ਸੰਬੰਧੀ ਜਾਣਕਾਰੀ ਦਿੱਤੀ ਗਈ।ਇਸ ਮੌਕੇ ਐੱਸ ਆਈ ਗੁਰਵਿੰਦਰ ਸਿੰਘ, ਹਰਜੀਤ ਸਿੰਘ, ਸਾਹਿਲ ਮੱਟੂ, ਹਰਿੰਦਰ ਸਿੰਘ, ਯਾਦਵਿੰਦਰ ਸਿੰਘ ਅਤੇ ਮਨਜੀਤ ਸਿੰਘ ਹਾਜ਼ਰ ਸਨ ।



ਸੀ ਆਈ ਡੀ ਯੂਨਿਟ ਪੁਰਾਣਾ ਸ਼ਾਲਾ ਦੇ ਸਬ ਇੰਸਪੈਕਟਰ ਜਸਬੀਰ ਸਿੰਘ ਨੜਾਂਵਾਲੀ ਨੂੰ ਬਟਾਲੀਅਨ 4 ਆਰ ਆਈ ਬੀ ਸ਼ਾਹਪੁਰ ਕੰਢੀ ਪਠਾਨਕੋਟ ਵਲੋਂ ਤਰੱਕੀ ਦੇ ਕੇ ਇੰਸਪੈਕਟਰ ਬਣਾ ਦਿੱਤਾ ਗਿਆ ਹੈ। ਉਨ੍ਹਾਂ ਨੂੰ ਸਟਾਰ ਲਗਾਉਂਦੇ ਹੋਏ ਡੀ ਐਸ ਪੀ ਪਲਵਿੰਦਰ ਸਿੰਘ ਅਤੇ ਨਾਲ ਹੋਰ ਅਧਿਕਾਰੀ। (ਫੋਟੋ ਤੇ ਵੇਰਵਾ : ਜਨਕ ਮਹਾਜਨ)

# ਪੰਧੇਰ ਕਾਲਜ ਦੇ ਵਿਹੜੇ ਪੰਜਾਬੀ ਵਿਰਸੇ ਦੀ ਖ਼ੁਸ਼ਬੂ ਬਿਖੇਰਦਾ ਤੀਆਂ ਦਾ ਮੇਲਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਸ੍ਰੀ ਗੁਰੂ ਰਾਮਦਾਸ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਪੰਧੇਰ ਵਿਖੇ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨੂੰ ਸਮਰਪਿਤ ਤੀਆਂ ਦਾ ਮੇਲਾ-2026 ਬੜੀ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਚੇਅਰਪਰਸਨ ਸ਼੍ਰੀਮਤੀ ਹਰਜਿੰਦਰਪਾਲ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਦੀ ਅਗਵਾਈ ਅਤੇ ਗੁਰੂ ਸਾਗਰ ਪਬਲਿਕ ਸਕੂਲ ਦੇ ਮੈਨੇਜ਼ਿੰਗ ਡਾਇਰੈਕਟਰ ਡਾ. ਆਨੰਦਜੀਤ ਕੌਰ ਦੇ ਪ੍ਰਬੰਧਾਂ ਹੇਠ ਹੋਏ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼੍ਰੀਮਤੀ ਅਮਨਦੀਪ ਕੌਰ ਧਾਲੀਵਾਲ ਸ਼ਿਰਕਤ ਕੀਤੀ।ਵਿਸ਼ੇਸ਼ ਮਹਿਮਾਨ ਵਜੋਂ ਪ੍ਰਸਿੱਧ ਲੋਕ ਗਾਇਕਾ ਸ਼੍ਰੀਮਤੀ ਗਲੋਰੀ ਬਾਵਾ ਅਤੇ ਡਾ. ਭਾਰਤੀ ਸਿਵਲ ਸਰਜਨ ਤਰਨ ਤਾਰਨ ਹਾਜ਼ਰ ਹੋਏ।ਮੁੱਖ ਮਹਿਮਾਨ ਦੇ ਨਾਲ ਗੈਸਟ ਆਫ਼ ਆਨਰ ਵਜੋਂ ਕੈਪਟਨ ਸਕੂਲ ਦੇ ਸ਼੍ਰੀਮਤੀ ਗੁਰਦੀਪ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸਮਾਗਮ ਦੀ ਸਭ ਤੋਂ ਖ਼ਾਸ ਖਿੱਚ ਰਹੀ ਸ਼੍ਰੀਮਤੀ ਗਲੋਰੀ ਬਾਵਾ ਨੇ ਪੰਜਾਬੀ ਲੋਕ-ਗੀਤ ਪੇਸ਼ ਕੀਤੇ।ਪ੍ਰਿੰਸੀਪਲ ਸ਼੍ਰੀਮਤੀ ਚੈਰੀ ਭਾਟੀਆ , ਡਾ: ਮਿਰਨਾਲ ਗੁਪਤਾ, ਸ਼੍ਰੀਮਤੀ ਵਰਿੰਦਰ ਕੌਰ, ਸ਼੍ਰੀਮਤੀ ਜਸਮੀਤ ਕੌਰ ਅਤੇ ਸ਼੍ਰੀਮਤੀ ਰਾਜਬੀਰ ਕੌਰ ਗਰੇਵਾਲ, ਖ਼ਾਲਸਾ ਇੰਟਰਨੈਸ਼ਨਲ ਪਬਲਿਕ ਸਕੂਲ, ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਗਰੁੱਪ ਦੀਆਂ ਹੋਰ ਸੰਸਥਾਵਾਂ ਵੱਲੋਂ ਡਾ: ਮੀਨੂ ਚੌਧਰੀ, ਡਾ: ਅਨਮੋਲਦੀਪ ਕੌਰ, ਡਾ: ਸੰਦੀਪ ਜੈਸਵਾਲ ਅਤੇ ਸ਼੍ਰੀਮਤੀ ਮੀਨਾਕਸ਼ੀ ਮਹਿਤਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਹਰਮਨਪ੍ਰੀਤ ਕੌਰ, ਨੇਹਾ, ਹਰਸਿਮਰਨਜੀਤ ਕੌਰ, ਸੁਖਮਨੀ ਗਿੱਲ, ਐਡਵੋਕੇਟ ਮਨਦੀਪ ਸਿੰਘ ਅਤੇ ਜਗਦੀਪ ਕੌਰ, ਸ਼੍ਰੀਮਤੀ ਕਿਰਨਦੀਪ ਕੌਰ ਅਤੇ ਸ਼੍ਰੀਮਤੀ ਮਨਦੀਪ ਕੌਰ ਨੇ ਜੱਜ ਵਜੋਂ ਭੂਮਿਕਾ ਨਿਭਾਈ।ਓਵਰਆਲ ਟਰਾਫੀ ਸ੍ਰੀ ਗੁਰੂ ਰਾਮਦਾਸ ਇੰਸਟੀਚਿਊਟ ਆਫ਼ ਨਰਸਿੰਗ ਨੇ ਜਿੱਤੀ। ਮਿਸ ਤੀਆਂ ਦਾ ਖ਼ਿਤਾਬ ਨਰਸਿੰਗ ਕਾਲਜ ਦੀ ਰਵਨਾਜ ਕੌਰ ਨੇ ਜਿੱਤਿਆ ਜਦੋ ਕਿ ਸ੍ਰੀ ਗੁਰੂ ਰਾਮਦਾਸ ਫਾਰਮੇਸੀ ਕਾਲਜ ਦੀ ਸ਼ਹਿਨਾਜ਼ ਰਨਰ ਅੱਪ ਰਹੀ। ਰੈਂਪ ਵਾਕ ਮੁਕਾਬਲੇ ਅੰਡਰ 20 ਵਿੱਚ ਸ੍ਰੀ ਗੁਰੂ ਰਾਮਦਾਸ ਨਰਸਿੰਗ ਦੀ ਅਰਸ਼ਪ੍ਰੀਤ ਕੌਰ ਪਹਿਲੇ, ਕਿਰਨਦੀਪ ਕੌਰ ਦੂਜੇ ਅਤੇ ਬੀ.ਐੱਡ ਦੀ ਹਰਮਨਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੀ। ਗਿੱਧਾ ਮੁਕਾਬਲੇ ਵਿੱਚ ਸ੍ਰੀ ਗੁਰੂ ਰਾਮਦਾਸ ਫਾਰਮੇਸੀ ਕਾਲਜ ਪਹਿਲੇ, ਸ੍ਰੀ ਗੁਰੂ ਰਾਮਦਾਸ ਨਰਸਿੰਗ ਕਾਲਜ ਦੂਜੇ ਅਤੇ ਸ੍ਰੀ ਗੁਰੂ ਰਾਮਦਾਸ ਡਿਗਰੀ ਕਾਲਜ ਤੀਜੇ ਸਥਾਨ 'ਤੇ ਰਿਹਾ। ਅੰਡਰ-17 ਅਤੇ ਅੰਡਰ 20 ਵਰਗ ਦੇ ਮਹਿੰਦੀ ਮੁਕਾਬਲੇ ਵਿੱਚ ਸ੍ਰੀ ਗੁਰੂ ਰਾਮਦਾਸ ਡਿਗਰੀ ਕਾਲਜ ਦੀ ਰੂਪਨਦੀਪ ਕੌਰ ਪਹਿਲੇ, ਗੁਰੂ ਸਾਗਰ ਪਬਲਿਕ ਦੀ ਹਰਸਿਰਤ ਕੌਰ ਦੂਜੇ ਅਤੇ ਅਨਮੋਲ ਤੀਜੇ ਸਥਾਨ 'ਤੇ ਰਹੀਆਂ।ਬੋਲੀਆਂ/ਲੋਕ-ਗੀਤ ਮੁਕਾਬਲੇ ਵਿੱਚ ਸ੍ਰੀ ਗੁਰੂ ਰਾਮਦਾਸ ਐਜੂਕੇਸ਼ਨ ਕਾਲਜ ਦੀ ਕਾਜਲਪ੍ਰੀਤ ਕੌਰ ਪਹਿਲੇ, ਸ੍ਰੀ ਗੁਰੂ ਰਾਮਦਾਸ ਡਿਗਰੀ ਕਾਲਜ ਦੀ ਜਸ਼ਨਦੀਪ ਕੌਰ ਦੂਜੇ ਅਤੇ ਨਰਸਿੰਗ ਕਾਲਜ ਦੀ ਅਮਨਦੀਪ ਤੀਜੇ ਸਥਾਨ 'ਤੇ ਰਹੀ। ਅੰਡਰ-17 ਵਰਗ ਵਿੱਚ ਗਿੱਧਾ ਮੁਕਾਬਲੇ 'ਚ ਕੈਪਟਨ ਸਕੂਲ ਆਫ਼ ਐਕਸੀਲੈਂਸ ਪਹਿਲੇ ਅਤੇ ਗੁਰੂ ਸਾਗਰ ਪਬਲਿਕ ਸਕੂਲ ਦੂਜੇ ਸਥਾਨ 'ਤੇ ਰਿਹਾ।ਬੋਲੀਆਂ/ਲੋਕ-ਗੀਤ ਮੁਕਾਬਲੇ ਵਿੱਚ ਐਸ.ਡੀ. ਕਾਲਜ ਪਹਿਲੇ ਅਤੇ ਕੈਪਟਨ ਸਕੂਲ ਆਫ਼ ਐਕਸੀਲੈਂਸ ਦੂਜੇ ਸਥਾਨ 'ਤੇ ਰਿਹਾ। ਰੈਂਪ ਵਾਕ ਮੁਕਾਬਲੇ ਵਿੱਚ ਗੁਰੂ ਸਾਗਰ ਪਬਲਿਕ ਸਕੂਲ ਦੀਆਂ ਪਰਨੀਤ ਕੌਰ, ਜਸਕੀਰਤ ਕੌਰ ਅਤੇ ਜਸਜੀਵਨ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ।

ਸਾਰੇ ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮ, ਸਰਟੀਫਿਕੇਟ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਚੇਅਰਪਰਸਨ ਹਰਜਿੰਦਰਪਾਲ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਪੰਜਾਬੀ ਸੱਭਿਆਚਾਰ ਅਤੇ ਅਮੀਰ ਵਿਰਸੇ ਨਾਲ ਜੋੜਨ ਲਈ ਬੇਹੱਦ ਜ਼ਰੂਰੀ ਹਨ।

ਪ੍ਰਬੰਧਕੀ ਸਕੱਤਰ ਅਤੇ ਗੁਰੂ ਸਾਗਰ ਪਬਲਿਕ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਆਨੰਦਜੀਤ ਕੌਰ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।



# ਸਬ ਡਵੀਜ਼ਨ ਪੁਰਾਣਾ ਸ਼ਾਲਾ ਤੇ ਪੈਨਸ਼ਨਰਾਂ ਦੀ ਮੀਟਿੰਗ ਹੋਈ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੇ ਪੁਰਾਣਾ ਸਬ ਡਿਵੀਜ਼ਨ ਦੇ ਪੈਨਸ਼ਨਰਾਂ ਦੀ ਜਰੂਰੀ ਮੀਟਿੰਗ 66 ਕੇ. ਵੀ. ਬਿਜਲੀ ਘਰ ਪੁਰਾਣਾ ਸ਼ਾਲਾ ਵਿਖੇ ਸੁਰਿੰਦਰ ਪੱਪੂ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੈਨਸ਼ਨਰਾਂ ਨੇ ਵੱਧ ਚੜ ਕੇ ਹਿੱਸਾ ਲਿਆ। ਇਸ ਮੀਟਿੰਗ ਵਿੱਚ ਪੈਨਸ਼ਨਰਾਂ ਦੀਆਂ ਲੰਮੇ ਸਮਾਂ ਤੋਂ ਲਮਕਦੀਆਂ ਮੰਗਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਉਨ੍ਹਾਂ ਮੰਗਾਂ ਦਾ ਨਿਪਟਾਰਾ ਵਧੀਕ ਨਿਗਰਾਨ ਇੰਜੀਨੀਅਰ ਮੰਡਲ ਗੁਰਦਾਸਪੁਰ ਤੋਂ ਕਰਵਾਉਣ ਲਈ ਮੰਡਲ ਕਮੇਟੀ ਗੁਰਦਾਸਪੁਰ ਨੂੰ ਮੰਗ ਪੱਤਰ ਪੇਸ਼ ਕੀਤਾ ਗਿਆ।

ਇਸ ਮੀਟਿੰਗ ਨੂੰ ਦਰਸ਼ਨ ਸਿੰਘ ਬਾਜਵਾ ਸਾਬਕਾ ਪ੍ਰਧਾਨ ਟੀਐਸਯੂ, ਸੁਖਜੀਤ ਸਿੰਘ ਚਾਵਾ, ਇੰਜੀਨੀਅਰ ਜਗਤ ਸਿੰਘ, ਸੁਰਿੰਦਰ ਪੱਪੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਸਟੇਟ ਕਮੇਟੀ ਵੱਲੋਂ ਮੰਗਾਂ ਪੰਜਾਬ ਸਰਕਾਰ ਕੋਲੋਂ ਮਨਵਾਉਣ ਲਈ ਜੋ ਵੀ ਸੰਘਰਸ਼ ਆਉਂਦਾ ਹੈ, ਉਸ ਨੂੰ ਤਨਦੇਹੀ ਨਾਲ ਲਾਗੂ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਜਿਵੇਂ ਪਹਿਲਾਂ ਸੰਘਰਸ਼ ਵਿਚ ਵੱਧ ਚੜ੍ਹ ਹਿੱਸਾ ਪਾਇਆ ਹੈ ਇਸ ਸਮੇਂ ਉਨ੍ਹਾਂ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਉਹ ਆਪਣਾ ਆੜੀਅਲ ਵਤੀਰਾ ਛੱਡ ਕੇ ਪੈਨਸ਼ਨਰਾਂ ਦਾ 18 ਫੀਸਦੀ ਡੀਏ ਉਸ ਦਾ ਬਕਾਇਆ ਤੁਰੰਤ ਜਾਰੀ ਕਰੇ, 23 ਸਾਲਾਂ ਪ੍ਰਮੋਸ਼ਨ ਇੰਕਰੀਮੈਂਟ ਬਿਨਾਂ ਸ਼ਰਤ ਹਰੇਕ ਪੈਨਸ਼ਨਰ ਨੂੰ ਦੇਵੇ ਤੇ ਪੁਰਾਣੀ ਪੈਨਸ਼ਨ 1972 ਨਿਯਮ ਤਹਿਤ ਸੋਧ ਕਰਕੇ ਨਵਾਂ ਨੋਟੀਫਿਕੇਸ਼ਨ ਜਾਰੀ ਕਰੇ ਤਾਂ ਜੋ ਪੈਨਸ਼ਨਰਾਂ ਅੰਦਰ ਪੰਜਾਬ ਸਰਕਾਰ ਖਿਲਾਫ ਪਾਇਆ ਜਾ ਰਿਹਾ ਰੋਹ ਦੂਰ ਹੋ ਸਕੇ। ਇਸ ਸਮੇਂ ਉਨ੍ਹਾਂ ਪੈਨਸ਼ਨਰਾਂ ਨੂੰ ਆਉਣ ਵਾਲੇ ਤਿੱਖੇ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਜੀਨੀਅਰ ਮਨੀ ਸਿੰਘ, ਇੰਜੀਨੀਅਰ ਮਲਕੀਤ ਸਿੰਘ, ਸਤਨਾਮ ਸਿੰਘ, ਸੁਰਜੀਤ ਸਿੰਘ ਸੈਦੋਵਾਲ, ਸੁਖਵਿੰਦਰ ਸਿੰਘ, ਮਨਜੀਤ ਕੌਰ ਬਾਜਵਾ, ਸੈਮੂਅਲ ਮਸੀਹ, ਸੁਰਜੀਤ ਸਿੰਘ ਭੱਟੀਆਂ, ਹਰਭਜਨ ਸਿੰਘ ਮੰਡ, ਪੂਰਨ ਸਿੰਘ, ਮੋਹਨ ਸਿੰਘ, ਠਾਕੁਰ ਮਦਨ ਲਾਲ, ਹੀਰਾ ਸਿੰਘ, ਸੁਰਿੰਦਰ ਸਿੰਘ ਸੈਣੀ, ਨਿਸ਼ਾਨ ਸਿੰਘ, ਪਿਆਰਾ ਸਿੰਘ, ਜਸਵੰਤ ਸਿੰਘ, ਨਿਰਮਲ ਸਿੰਘ, ਸੁੱਖਾ ਸਿੰਘ, ਹਰਭਜਨ ਸਿੰਘ, ਜੋਗਾ ਸਿੰਘ ਆਦ ਹਾਜ਼ਰ ਸਨ।



# ਜੋੜ ਮੇਲੇ ਸੰਬੰਧੀ ਗੁਰਦੁਆਰਾ ਸਿੰਘ ਸਭਾ ਕਮੇਟੀ ਵੱਲੋਂ ਵਿਚਾਰ-ਵਟਾਂਦਰਾ



**ਬਟਾਲਾ (ਡਾਕਟਰ ਮਲਵਿੰਦਰ ਸਿੰਘ)** ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਾਲਾਨਾ ਜੋੜ ਮੇਲੇ ਸੰਬੰਧੀ ਗੁਰਦੁਆਰਾ ਸਿੰਘ ਸਭਾ ਕਾਹਨੂੰਵਾਨ ਰੋਡ ਸ਼ਾਸਤਰੀ ਨਗਰ ਬਟਾਲਾ ਵਿਖੇ ਕਮੇਟੀ ਵੱਲੋਂ ਵਿਚਾਰ ਵਟਾਂਦਰਾ ਕੀਤਾ ਗਿਆ ।

ਇਸ ਸੰਬੰਧ ਵਿੱਚ ਕਮੇਟੀ ਦੇ ਪ੍ਰਧਾਨ ਸੁਲੱਖਣ ਸਿੰਘ, ਜਨਰਲ ਸਕੱਤਰ ਬਾਵਾ ਸਿੰਘ, ਪ੍ਰੀਤਮ ਸਿੰਘ ਅਤੇ ਹਰਪਾਲ ਸਿੰਘ ਮੀਤ ਪ੍ਰਧਾਨ, ਕੈਸ਼ੀਅਰ ਸਵਿੰਦਰ ਪਾਲ ਸਿੰਘ, ਡਾਕਟਰ ਮਲਵਿੰਦਰ ਸਿੰਘ, ਡਾਕਟਰ ਪ੍ਰੇਮ ਸਿੰਘ, ਕੁਲਵੰਤ ਸਿੰਘ ਸਾਬਕਾ ਐਮ ਸੀ, ਭੁਪਿੰਦਰ ਸਿੰਘ ਅਤੇ ਹੋਰ ਮੈਂਬਰ ਹਾਜ਼ਰ ਸਨ।

ਇਸ ਮੀਟਿੰਗ ਵਿੱਚ ਕੁਝ ਮੈਂਬਰਾਂ ਦੀਆਂ ਅਹਿਮ ਡਿਊਟੀਆਂ ਲਗਾਈਆਂ ਗਈਆਂ।

# ਕਸ਼ਮੀਰ ਦੀ ਹਲਚਲ

ਜੰਮੂ-ਕਸ਼ਮੀਰ ਨੂੰ ਵਿਸ਼ੇਸ਼ ਦਰਜਾ ਦਿੰਦੀ ਧਾਰਾ 370 ਖ਼ਤਮ ਕਰਨ ਦੇ ਸੱਤ ਸਾਲ ਪੂਰੇ ਹੋਣ ਦਾ ਜਸ਼ਨ ਮਨਾਉਂਦਿਆਂ ਅਨੰਤਨਾਗ 'ਚ ਭਾਜਪਾ ਦੀ ਇੱਕ ਰੈਲੀ ਵਿੱਚ ਸ਼ਾਮਲ ਲੋਕਾਂ ਨੇ ਕਸ਼ਮੀਰੀ ਮਾਵਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਇਤਰਾਜ਼ਯੋਗ ਨਾਅਰਾ ਲਾਇਆ। ਇਹ ਘਟਨਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਜੰਤਰ-ਮੰਤਰ 'ਤੇ 'ਗੁੰਮਰਾਹਕੁੰਨ' ਪ੍ਰਦਰਸ਼ਨਕਾਰੀਆਂ ਵੱਲੋਂ ਆਪਣੀ ਸਵਰਗੀ ਮਾਂ ਵਿਰੁੱਧ ਕੀਤੀਆਂ ਗਈਆਂ ਅਪਮਾਨਜਨਕ ਟਿੱਪਣੀਆਂ 'ਤੇ ਜਨਤਕ ਤੌਰ 'ਤੇ ਅਫਸੋਸ ਪ੍ਰਗਟ ਕਰਨ ਤੋਂ ਕੁਝ ਦਿਨ ਬਾਅਦ ਵਾਪਰੀ। 5 ਅਗਸਤ ਨੂੰ ਭਾਜਪਾ ਨੇ ਧਾਰਾ 370 ਨੂੰ ਰੱਦ ਕਰਨ ਦੀ ਸੱਤਵੀਂ ਵਰ੍ਹੇਗੰਢ ਮਨਾਉਣ ਲਈ ਦੱਖਣੀ ਕਸ਼ਮੀਰ ਦੇ ਅਨੰਤਨਾਗ ਵਿੱਚ 'ਤਿਰੰਗਾ ਰੈਲੀ' ਕੀਤੀ। ਰੈਲੀ ਵਿੱਚ ਕਸ਼ਮੀਰ 'ਚ ਨਾਅਰਾ ਲਾਇਆ ਗਿਆ—ਮੋਕਲਯੋਵ ਆਜ਼ੀ ਹੁੰਡ ਤੇ ਫਾਜ਼ੀ ਹੁੰਡ ਇੱਜ਼ਤ। ਜਿਸ ਦਾ ਅਰਥ ਹੈ ਕਿ ਆਜ਼ੀ ਅਤੇ ਫਾਜ਼ੀ ਦੇ ਸਨਮਾਨ ਦੀ ਬਦਨਾਮੀ ਖ਼ਤਮ ਹੋ ਗਈ ਹੈ। ਆਜ਼ੀ ਅਤੇ ਫਾਜ਼ੀ ਕਸ਼ਮੀਰੀ ਲੋਕ ਸੱਭਿਆਚਾਰ ਵਿੱਚ ਔਰਤਾਂ/ਮਾਵਾਂ ਲਈ ਪ੍ਰਤੀਕਾਤਮਕ ਨਾਂਅ ਹਨ। ਇਸ ਨਾਅਰੇ ਨੂੰ ਵਾਦੀ ਵਿੱਚ 'ਕਸ਼ਮੀਰੀ ਮਾਵਾਂ ਦੀ ਇੱਜ਼ਤ ਦਾ ਅਪਮਾਨ' ਵਜੋਂ ਵਿਆਪਕ ਤੌਰ 'ਤੇ ਸਮਝਿਆ ਗਿਆ। ਦਰਅਸਲ, ਸ਼ੇਖ ਅਬਦੁੱਲਾ ਦੇ ਸਮੇਂ ਦੌਰਾਨ ਧਾਰਾ 370 ਨੂੰ 'ਕਸ਼ਮੀਰੀ ਮਾਂ ਦਾ ਸਨਮਾਨ' ਵਰਗੇ ਸੱਭਿਆਚਾਰਕ ਰੂਪਕ ਨਾਲ ਜੋੜਿਆ ਗਿਆ ਸੀ ਅਤੇ ਵਰਤਿਆ ਗਿਆ ਨਾਅਰਾ ਸੀ : 'ਆਜ਼ੀ ਹੁੰਡ ਯਜ਼ਤ ਤੇ ਫਾਜ਼ੀ ਹੁੰਡ ਯਜ਼ਤ—ਦਫਾਹ ਤ੍ਰੇ ਹਥ ਸੱਤ...' ਭਾਵ 'ਆਜ਼ੀ ਦਾ ਸਨਮਾਨ ਅਤੇ ਫਾਜ਼ੀ ਦਾ ਸਨਮਾਨ... ਧਾਰਾ 370।' ਭਾਜਪਾ ਦੀ ਰੈਲੀ ਵਿੱਚ ਲਗਾਇਆ ਗਿਆ ਨਾਅਰਾ ਇਸ ਪੁਰਾਣੇ ਨਾਅਰੇ ਦਾ ਉਲਟਾ ਜਵਾਬ ਸੀ।

ਇਹ ਅਪਮਾਨਜਨਕ ਨਾਅਰਾ ਇੱਕ ਡੂੰਘੇ ਸਵਾਲ ਨਾਲ ਜੁੜਿਆ ਹੋਇਆ ਹੈ : ਕੀ ਦਿੱਲੀ ਆਪਣੇ ਲਈ ਜੋ ਸਤਿਕਾਰ ਅਤੇ ਮਾਣ-ਸਨਮਾਨ ਦੀ ਉਮੀਦ ਕਰਦੀ ਹੈ, ਉਹ ਕਸ਼ਮੀਰ ਦੇ ਨਾਗਰਿਕਾਂ 'ਤੇ ਵੀ ਬਰਾਬਰ ਲਾਗੂ ਹੁੰਦਾ ਹੈ? ਜਿੱਥੇ ਇਹ ਨਾਅਰਾ ਲਾਇਆ ਗਿਆ, ਉਹ ਇਲਾਕਾ ਸੱਤ ਸਾਲਾਂ ਦੇ ਰੁਜ਼ਗਾਰ ਦੇ ਮੁੱਦਿਆਂ, ਰਾਜ ਦੀ ਬਹਾਲੀ ਦਾ ਅਧੂਰਾ ਵਾਅਦਾ, ਚੁਣੀ ਹੋਈ ਸਰਕਾਰ ਦੀ ਸੀਮਤ ਸ਼ਕਤੀ ਅਤੇ ਸਿਆਸੀ ਅਸਹਿਮਤੀ ਪ੍ਰਤੀ ਕੇਂਦਰ ਸਰਕਾਰ ਦੇ ਰਵੱਈਏ ਦੇ ਅਨੁਭਵ ਨਾਲ ਭਰਿਆ ਹੋਇਆ ਹੈ ਅਤੇ ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਕਸ਼ਮੀਰ ਵਿੱਚ ਇੱਕ ਪੀੜ੍ਹੀ ਜਵਾਨ ਹੋ ਰਹੀ ਹੈ, ਜਿਸ ਦੀ ਸਿਆਸੀ ਯਾਦ ਆਪਣੇ ਮਾਪਿਆਂ ਤੋਂ ਬਿਲਕੁਲ ਵੱਖਰੀ ਹੈ। ਪੁਰਾਣੀ ਪੀੜ੍ਹੀ ਲਈ ਧਾਰਾ 370 ਨੂੰ ਸ਼ੇਖ ਅਬਦੁੱਲਾ, ਸ਼ੇਖ-ਇੰਦਿਰਾ ਸਮਝੌਤੇ, ਖ਼ੁਦਮੁਖ਼ਤਿਆਰੀ, ਨਹਿਰੂ ਜਾਂ ਕਸ਼ਮੀਰੀਅਤ ਬਾਰੇ ਇਤਿਹਾਸਕ ਬਹਿਸ ਨਾਲ ਜੋੜਿਆ ਜਾ ਸਕਦਾ ਹੈ। ਜਨਰਲ ਜ਼ੈੱਡ ਲਈ, ਇਸ ਦਾ ਅਰਥ ਬਹੁਤ ਸਿੱਧਾ ਹੈ। ਧਾਰਾ 370 ਉਨ੍ਹਾਂ ਦੀ ਯਾਦ ਵਿੱਚ ਉੱਕਰਿਆ ਹੋਇਆ ਹੈ, ਇੰਟਰਨੈੱਟ ਬੰਦ ਹੋਣ, ਸਿਆਸੀ ਨੇਤਾਵਾਂ ਤੇ ਨੌਜਵਾਨਾਂ ਦੀ ਗ੍ਰਿਫ਼ਤਾਰੀ, ਮਹੀਨਿਆਂ ਤੋਂ ਜਨਤਕ ਸਿਆਸਤ ਦਾ ਲੱਗਭੱਗ ਰੁਕਣਾ, ਜੰਮੂ-ਕਸ਼ਮੀਰ ਦੀ ਇੱਕ ਰਾਜ ਤੋਂ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਕਦਰ-ਘਟਾਈ, ਨਿਵਾਸ ਸਥਾਨ ਅਤੇ ਸਥਾਨਕ ਨੌਕਰੀਆਂ ਦੇ ਆਲੇ-ਦੁਆਲੇ ਅਸੁਰੱਖਿਆ ਅਤੇ 2024 ਵਿੱਚ ਵਿਧਾਨ ਸਭਾ ਚੋਣਾਂ ਦੇ ਬਾਵਜੂਦ ਰਾਜ ਦਾ ਦਰਜਾ ਬਹਾਲ ਕਰਨ ਵਿੱਚ ਲਗਾਤਾਰ ਅਸਫਲਤਾ ਦੇ ਨਾਲ। ਇਸ ਦਾ ਮਤਲਬ ਹੈ ਕਿ ਧਾਰਾ 370 ਉਨ੍ਹਾਂ ਲਈ ਸਿਰਫ ਅਜਿਹੀ ਚੀਜ਼ ਨਹੀਂ ਹੈ, ਜਿਸ ਨੂੰ ਖੋਹ ਲਿਆ ਗਿਆ ਸੀ। ਧਾਰਾ 370 ਖ਼ਤਮ ਕਰਨ ਵਾਲੇ ਦਿਨ ਨੇ ਉਨ੍ਹਾਂ ਦਾ ਪੂਰਾ ਜੀਵਨ ਬਦਲ ਦਿੱਤਾ ਅਤੇ ਸ਼ਾਇਦ ਇਸੇ ਲਈ ਕੇਂਦਰ ਦੀ ਸਭ ਤੋਂ ਮਜ਼ਬੂਤ ਇਹ ਸਿਆਸੀ ਦਲੀਲ ਇਸ ਪੀੜ੍ਹੀ 'ਤੇ ਲੋੜੀਂਦਾ ਪ੍ਰਭਾਵ ਨਹੀਂ ਪਾ ਰਹੀ ਹੈ ਕਿ ਦੇਖੋ ਕਸ਼ਮੀਰ ਪਹਿਲਾਂ ਕਿੰਨਾ ਮਾੜਾ ਸੀ। ਉਹ ਕਹਿੰਦੀ ਹੈ, "ਮੈਨੂੰ ਇਹ 'ਪਹਿਲਾ' ਯਾਦ ਨਹੀਂ। ਮੈਨੂੰ ਦੱਸੋ ਕਿ ਤੁਸੀਂ ਮੇਰੀ ਮੌਜੂਦਾ ਸਥਿਤੀ ਵਿੱਚ ਕਿੰਨਾ ਸੁਧਾਰ ਕੀਤਾ ਹੈ?" ਇਹ ਇੱਕ ਅਜਿਹਾ ਸਵਾਲ ਹੈ, ਜਿਸ ਨੂੰ ਡੇਟਾ ਅਤੇ ਸਬੂਤਾਂ ਨਾਲ ਪਰਖਣ ਦੀ ਲੋੜ ਹੈ। ਸਰਕਾਰ ਦੇ ਪੀਰੀਅਡਿਕ ਲੇਬਰ ਫੋਰਸ ਸਰਵੇਖਣ (ਪੀ ਐੱਲ ਐੱਫ ਐੱਸ) ਦੇ 2025 ਦੇ ਅੰਕੜਿਆਂ ਮੁਤਾਬਕ ਜੰਮੂ ਅਤੇ ਕਸ਼ਮੀਰ ਵਿੱਚ 15-29 ਉਮਰ ਸਮੂਹ ਵਿੱਚ ਬੇਰੁਜ਼ਗਾਰੀ 14.1 ਪ੍ਰਤੀਸ਼ਤ ਸੀ, ਜਦੋਂ ਕਿ ਰਾਸ਼ਟਰੀ ਦਰ 9.9 ਪ੍ਰਤੀਸ਼ਤ ਸੀ। ਸ਼ਹਿਰੀ ਮਹਿਲਾਵਾਂ ਵਿੱਚ ਇਹ 43.8 ਪ੍ਰਤੀਸ਼ਤ ਸੀ। ਸਪੱਸ਼ਟ ਤੌਰ 'ਤੇ ਨੌਜਵਾਨਾਂ ਦਾ ਰੁਜ਼ਗਾਰ ਸੰਕਟ ਆਮ ਰਾਸ਼ਟਰੀ ਸਮੱਸਿਆ ਨਾਲੋਂ ਵਧੇਰੇ ਗੰਭੀਰ ਹੈ ਅਤੇ ਨੌਜਵਾਨ ਮਹਿਲਾਵਾਂ ਲਈ ਸਥਿਤੀ ਖਾਸ ਤੌਰ 'ਤੇ ਗੰਭੀਰ ਹੈ। ਇਹ ਉਹ ਨੁਕਤਾ ਹੈ ਜਿੱਥੇ ਕਸ਼ਮੀਰ ਦੀ ਸੰਭਾਵੀ ਜਨਰਲ ਜ਼ੈੱਡ ਅੰਦੋਲਨ ਦਾ ਚਿਹਰਾ ਬਦਲਦਾ ਹੈ। ਇਹ ਜ਼ਰੂਰੀ ਨਹੀਂ ਕਿ ਪੱਥਰ ਮਾਰਨ ਵਾਲਾ ਨੌਜਵਾਨ ਹੋਵੇ। ਨਵਾਂ ਚਿਹਰਾ ਇੱਕ ਬੇਰੁਜ਼ਗਾਰ ਤੇ ਭਰਤੀ ਪ੍ਰੀਖਿਆ ਦੀ ਤਿਆਰੀ ਕਰਨ ਵਾਲਾ ਵਿਦਿਆਰਥੀ ਹੋ ਸਕਦਾ ਹੈ। ਜੋ ਪੁੱਛ ਰਿਹਾ ਹੈ ਕਿ 'ਨਵਾਂ ਕਸ਼ਮੀਰ' ਵਿੱਚ ਉਸ ਲਈ ਨੌਕਰੀਆਂ ਕਿੱਥੇ ਹਨ, ਜਿਸ ਦਾ ਵਾਅਦਾ ਉਸ ਨੂੰ ਕਿਸ਼ੋਰ ਅਵਸਥਾ ਵਿੱਚ ਕੀਤਾ ਗਿਆ ਸੀ। ਸਿੱਖਿਆ ਦੀ ਕਹਾਣੀ ਵੀ ਆਸ਼ਾਵਾਦੀ ਨਹੀਂ ਹੈ। 2019-20 ਵਿੱਚ ਜੰਮੂ-ਕਸ਼ਮੀਰ ਅਤੇ ਲੱਦਾਖ ਲਈ ਉੱਚ ਸਿੱਖਿਆ ਵਿੱਚ ਕੁੱਲ ਦਾਖਲਾ ਅਨੁਪਾਤ 24.7 ਪ੍ਰਤੀਸ਼ਤ ਸੀ। 2023-24 ਵਿੱਚ ਇਹ ਘਟ ਕੇ 21.2 ਪ੍ਰਤੀਸ਼ਤ ਹੋ ਗਿਆ । ਇਸ ਦਾ ਮਤਲਬ ਹੈ ਕਿ ਇੱਕ ਅਜਿਹੇ ਸਮੇਂ ਵਿੱਚ, ਜਿਸ ਨੂੰ ਨੌਜਵਾਨਾਂ ਲਈ ਖੁੱਲ੍ਹੇ ਮੌਕਿਆਂ ਦੇ ਸਮੇਂ ਵਜੋਂ ਪੇਸ਼ ਕੀਤਾ ਗਿਆ ਸੀ, ਉੱਚ ਸਿੱਖਿਆ ਵਿੱਚ ਭਾਗੀਦਾਰੀ ਵਧਣ ਦੀ ਬਜਾਏ ਘਟ ਗਈ। ਇਹ ਅੰਕੜੇ ਕੇਂਦਰ ਤੋਂ ਇੱਕ ਸਵਾਲ ਪੁੱਛ ਰਹੇ ਹਨ—ਜੇ ਕੇਂਦਰ ਨੇ 5 ਅਗਸਤ, 2019 ਨੂੰ ਮੌਕਿਆਂ ਦੀਆਂ ਰੁਕਾਵਟਾਂ ਨੂੰ ਦੂਰ ਕਰ ਦਿੱਤਾ ਸੀ, ਤਾਂ ਉਸ ਤੋਂ ਬਾਅਦ ਨਤੀਜੇ ਮੌਕਿਆਂ ਦੇ ਹੜ੍ਹ ਵਰਗੇ ਕਿਉਂ ਨਹੀਂ ਹਨ?

ਕੇਂਦਰ ਸਰਕਾਰ ਨੇ ਸੰਸਦ ਵਿੱਚ ਅਤੇ ਬਾਅਦ ਵਿੱਚ ਸੁਪਰੀਮ ਕੋਰਟ ਦੇ ਸਾਹਮਣੇ ਰਾਜ ਦਾ ਦਰਜਾ ਬਹਾਲ ਕਰਨ ਦਾ ਵਾਅਦਾ ਕੀਤਾ ਸੀ। ਸੱਤ ਸਾਲ ਬਾਅਦ ਵੀ ਪੂਰਨ ਰਾਜ ਦਾ ਦਰਜਾ ਅਜੇ ਤੱਕ ਨਹੀਂ ਦਿੱਤਾ ਗਿਆ ਹੈ। ਜਨਰਲ ਜ਼ੈੱਡ ਲਈ ਇਸ ਦੇ ਸਿਆਸੀ ਪ੍ਰਭਾਵ ਸਰਲ ਹਨ-ਮੈਂ ਵੋਟ ਪਾ ਸਕਦਾ ਹਾਂ, ਪਰ ਮੇਰੇ ਵੱਲੋਂ ਚੁਣੀ ਗਈ ਸਰਕਾਰ ਪੂਰੀ ਸਰਕਾਰ ਨਹੀਂ ਹੈ। ਪੁਲਸ, ਕਾਨੂੰਨ ਵਿਵਸਥਾ ਅਤੇ ਮੁੱਖ ਪ੍ਰਸ਼ਾਸਕੀ ਸ਼ਕਤੀਆਂ ਉਪ ਰਾਜਪਾਲ ਅਤੇ ਕੇਂਦਰ ਸਰਕਾਰ ਕੋਲ ਹਨ। ਇਹ ਲੋਕਤੰਤਰ ਦਾ ਇੱਕ ਅਜੀਬ ਰੂਪ ਹੈ-ਸ੍ਰੀਨਗਰ ਵਿੱਚ ਜਵਾਬਦੇਹੀ, ਦਿੱਲੀ ਵਿੱਚ ਫੈਸਲਾਕੁੰਨ ਸ਼ਕਤੀ। ਆਮ ਸਿਆਸੀ ਸਮੇਂ ਵਿੱਚ ਮਾੜਾ ਨਾਅਰਾ ਕੁਝ ਦਿਨ ਚਰਚਾ ਵਿੱਚ ਰਹਿੰਦਾ ਹੈ, ਪਰ ਇੱਥੇ ਇਹ ਸੱਤ ਸਾਲਾਂ ਦੀਆਂ ਸਿਆਸੀ ਯਾਦਾਂ 'ਤੇ ਬਿਜਲੀ ਵਾਂਗ ਡਿੱਗਿਆ ਹੈ। ਜੇ ਨੌਕਰੀਆਂ, ਸਿੱਖਿਆ, ਸਿਆਸੀ ਅਧਿਕਾਰਾਂ ਅਤੇ ਸਨਮਾਨ ਦੇ ਇਨ੍ਹਾਂ ਵੱਖੋ-ਵੱਖਰੇ ਮੁੱਦਿਆਂ ਨੂੰ ਜੋੜ ਕੇ ਦੇਖਿਆ ਜਾਵੇ ਤਾਂ ਕਸ਼ਮੀਰ ਦੀ ਅਗਲੀ ਵੱਡੀ ਸਿਆਸੀ ਲੜਾਈ ਪੁਰਾਣੇ ਨਾਅਰਿਆਂ ਦਾ ਦੁਹਰਾਅ ਨਹੀਂ ਹੋਵੇਗੀ। ਇਹ ਸੰਭਾਵਤ ਤੌਰ 'ਤੇ ਭਵਿੱਖ ਦੇ ਸਵਾਲ ਨਾਲ ਸ਼ੁਰੂ ਹੋਵੇਗੀ। ਇਸੇ ਕਰਕੇ ਅੱਜ ਕਸ਼ਮੀਰ ਨੂੰ ਸਿਰਫ ਸ਼ਾਂਤਮਈ ਗਲੀਆਂ ਤੋਂ ਪੜ੍ਹਨਾ ਇੱਕ ਵੱਡੀ ਗਲਤੀ ਹੋਵੇਗੀ, ਕਿਉਂਕਿ ਭਾਵੇਂ ਇਹ ਅੰਦੋਲਨ ਇਸ ਸਮੇਂ ਦਿਖਾਈ ਨਹੀਂ ਦੇ ਰਿਹਾ, ਪਰ ਇਸ ਦੇ ਕਾਰਨ ਤੇਜ਼ੀ ਨਾਲ ਇੱਕ-ਦੂਜੇ ਦੇ ਨੇੜੇ ਆ ਰਹੇ ਹਨ।

# ਕੀ ਅਮਿਤ ਸ਼ਾਹ ਦੇ ਸਿਆਸੀ ਪਤਨ ਦੀ ਸ਼ੁਰੂਆਤ ਹੋ ਚੁੱਕੀ ਹੈ ?

**ਹਰੀਸ਼ ਖਰੇ**

ਅਮਿਤ ਸ਼ਾਹ ਲਈ ਇੱਕ ਹੋਰ ਮਾੜੀ ਖ਼ਬਰ ਹੈ, ਜਿਹੜੀ ਇਸ ਵਾਰ ਉਸ ਦੇ ਆਪਣੇ ਹੀ ਭਗਵੇਂ ਖੇਮੇ ਵਿਚੋਂ ਆਈ ਹੈ ਅਤੇ ਸਭ ਤੋਂ ਵੱਧ ਹੈਰਾਨੀ ਦੀ ਗੱਲ ਹੈ ਕਿ ਇਹ ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) ਦੇ ਮੁਖੀ ਮੋਹਨ ਭਾਗਵਤ ਵੱਲੋਂ ਆਈ ਹੈ, ਜਿਨ੍ਹਾਂ ਨੇ ਜੰਤਰ-ਮੰਤਰ 'ਤੇ ਜੈਨ-ਜ਼ੀ (ਨਵੀਂ ਪੀੜ੍ਹੀ ਦੇ) ਪ੍ਰਦਰਸ਼ਨਕਾਰੀਆਂ ਉੱਤੇ ਸ਼ਾਹ ਦੇ ਸੁਰੱਖਿਆ ਬਲਾਂ ਵੱਲੋਂ ਵਰਤੇ ਗਏ ਤੌਰ-ਤਰੀਕਿਆਂ ਅਤੇ ਤਲਖ਼ ਰਵੱਈਏ ਤੋਂ ਜਨਤਕ ਤੌਰ 'ਤੇ ਦੂਰੀ ਬਣਾ ਲਈ ਹੈ।

ਸੰਸਦ ਦੇ ਮੌਜੂਦਾ ਮਾਨਸੂਨ ਇਜਲਾਸ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਕਈ ਦਿਨਾਂ ਦੀ ਗ਼ੈਰਹਾਜ਼ਰੀ ਵੱਡਾ ਮੁੱਦਾ ਬਣ ਕੇ ਉੱਭਰੀ। ਕਈ ਦਿਨ ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ ਵਿਰੋਧੀ ਧਿਰ ਦੇ ਹੰਗਾਮੇ ਕਾਰਨ ਮੁਲਤਵੀ ਕਰਨੀ ਪਈ। ਮਾਨਸੂਨ ਸੈਸ਼ਨ ਦਾ ਸਮਾਂ ਇਸੇ ਤਰ੍ਹਾਂ ਬਰਬਾਦ ਹੁੰਦਾ ਰਿਹਾ, ਪਰ ਅਮਿਤ ਸ਼ਾਹ ਕਈ ਦਿਨ ਸਦਨ ਵਿੱਚ ਨਹੀਂ ਆਏ। ਵਿਰੋਧੀ ਧਿਰ ਨੇ ਲਗਾਤਾਰ ਮੰਗ ਕੀਤੀ ਕਿ ਉਹ 20 ਜੁਲਾਈ ਨੂੰ ਜੰਤਰ-ਮੰਤਰ ਵਿਖੇ ਦਿੱਲੀ ਪੁਲਸ ਵੱਲੋਂ ਕੀਤੀ ਗਈ ਬੇਰਹਿਮ ਕਾਰਵਾਈ ਬਾਰੇ ਸੰਸਦ ਵਿੱਚ ਆ ਕੇ ਸਪੱਸ਼ਟੀਕਰਨ ਦੇਣ।

ਹਰ ਕੋਈ ਆਪਣੇ ਹਿਸਾਬ ਨਾਲ ਇਹ ਅੰਦਾਜ਼ਾ ਲਗਾ ਸਕਦਾ ਹੈ ਕਿ ਕੀ ਇਹ ਵਿਰੋਧੀ ਧਿਰ ਅੱਗੇ ਨਾ ਝੁਕਣ ਦਾ ਕੋਈ ਸਿਆਸੀ ਫ਼ੈਸਲਾ ਸੀ ? ਜੇਕਰ ਹਾਕਮ ਧਿਰ ਇਸ ਡਰੋਂ ਜ਼ਿੱਦ 'ਤੇ ਅੜੀ ਰਹੀ ਕਿ ਕਿਤੇ ਵਿਰੋਧੀ ਧਿਰ ਧਰਮਿੰਦਰ ਪ੍ਰਧਾਨ ਵਾਲੀ ਮਿਸਾਲ ਮੁੜ ਨਾ ਦੁਹਰਾਉਣ ਲੱਗ ਪਵੇ, ਤਾਂ ਇਹ ਗੱਲ ਸਮਝ ਆਉਂਦੀ ਹੈ, ਜਾਂ ਫਿਰ ਕੀ ਗ੍ਰਹਿ ਮੰਤਰੀ ਨੂੰ ਦੇਸ਼ ਦੇ ਬਦਲਦੇ ਮਿਜ਼ਾਜ ਦੀ ਭਿਣਕ ਪੈ ਗਈ ਹੈ ਤੇ ਉਸ ਦੇ ਪੈਰ ਠੰਢੇ ਹੋ ਗਏ ਹਨ ? ਜਾਂ ਫਿਰ ਅਸੀਂ ਇੱਕ ਖ਼ਾਸ ਸਿਆਸੀ ਸ਼ਖ਼ਸੀਅਤ ਦੇ ਢਹਿ-ਢੇਰੀ ਹੋਣ ਦੇ ਗਵਾਹ ਬਣ ਰਹੇ ਹਾਂ ?

ਅਮਿਤ ਸ਼ਾਹ ਨੂੰ ਲੰਮੇ ਸਮੇਂ ਤੋਂ ਨੇੜਿਓਂ ਜਾਨਣ ਵਾਲਿਆਂ ਦਾ ਕਹਿਣਾ ਹੈ ਕਿ ਉਹ-ਨਰਿੰਦਰ ਮੋਦੀ ਤੋਂ ਵੱਖ—ਸਿਆਸੀ ਡਰਪੋਕਪੁਣੇ ਦਾ ਪ੍ਰਦਰਸ਼ਨ ਕਰਨ ਲਈ ਨਹੀਂ ਜਾਣਿਆ ਜਾਂਦਾ। ਜਿੱਥੇ ਇੱਕ ਪਾਸੇ ਉਸ ਦੇ ਅੰਦਾਜ਼ ਵਿੱਚ ਹਮੇਸ਼ਾ ਮੈਨੂੰ ਤੁਹਾਡੇ ਸਭ ਨਾਲੋਂ ਵੱਧ ਪਤਾ ਹੈ ਵਾਲੀ ਆਕੜ ਝਲਕਦੀ ਹੈ, ਤਾਂ ਦੂਜੇ ਪਾਸੇ ਛੋਟੇ ਜਿਹੇ ਸ਼ਹਿਰ ਤੋਂ ਹੋਣ ਦੇ ਬਾਵਜੂਦ ਉਸ ਅੰਦਰ ਆਤਮ-ਵਿਸ਼ਵਾਸ ਕੁੱਟ-ਕੁੱਟ ਕੇ ਭਰਿਆ ਹੋਇਆ ਹੈ। ਉਹ ਸਮਝਦਾ ਹੈ ਕਿ ਉਸ ਦੇ ਪ੍ਰਸ਼ੰਸਕਾਂ ਵੱਲੋਂ ਉਸ ਨੂੰ 'ਚਾਣਕਿਆ' ਕਹਿ ਕੇ ਬੁਲਾਉਣਾ ਗ਼ਲਤ ਨਹੀਂ ਹੈ। ਅਜਿਹੇ ਇਨਸਾਨ ਦਾ ਵਿਰੋਧੀ ਧਿਰ ਦੇ ਇਸ ਇਲਜ਼ਾਮ ਕਿ ਉਹ ਸੰਸਦ 'ਚ ਉਨ੍ਹਾਂ ਦਾ ਸਾਹਮਣਾ ਕਰਨ ਤੋਂ ਭੱਜ ਰਿਹਾ ਹੈ, 'ਤੇ ਕੋਈ ਪ੍ਰਤੀਕਿਰਿਆ ਨਾ ਦੇਣਾ ਬੜਾ ਅਜੀਬ ਲੱਗਦਾ ਰਿਹਾ।

ਦੂਜੇ ਪਾਸੇ, ਰਾਇਸੀਨਾ ਹਿੱਲ ਦਾ ਪੂਰਾ ਸੱਤਾ-ਤੰਤਰ ਅਮਿਤ ਸ਼ਾਹ ਦੀ ਸੰਸਦ ਤੋਂ ਇਸ ਸੋਚੀ-ਸਮਝੀ ਗ਼ੈਰ-ਹਾਜ਼ਰੀ ਨੂੰ ਸਮਝਣ ਵਿੱਚ ਅਸਮਰੱਥ ਰਿਹਾ । 2019 'ਚ ਕੇਂਦਰੀ ਗ੍ਰਹਿ ਮੰਤਰੀ ਬਣਨ ਤੋਂ ਬਾਅਦ ਉਸ ਨੇ 'ਦੁਸ਼ਮਣ' ਖ਼ਿਲਾਫ਼ ਤਾਕਤ ਤੇ ਧੱਕੇਸ਼ਾਹੀ ਦੀ ਵਰਤੋਂ ਕਰਨ ਵਾਲੀ ਆਪਣੀ 'ਫਰੰਟ-ਫੁੱਟ' ਨੀਤੀ ਨਾਲ ਸੀਨੀਅਰ ਪੁਲਸ ਅਫ਼ਸਰਾਂ ਅਤੇ 'ਲਾਅ ਐਂਡ ਆਰਡਰ' ਤੇ 'ਰਾਸ਼ਟਰੀ ਸੁਰੱਖਿਆ' ਦੇ ਹੋਰ ਨਿਗਰਾਨਾਂ ਨੂੰ ਖ਼ਾਸਾ ਪ੍ਰਭਾਵਿਤ ਕੀਤਾ ਸੀ। ਇੰਜ ਲੱਗਦਾ ਸੀ ਜਿਵੇਂ ਵੀਰੇਂਦਰ ਸਹਿਵਾਗ ਨਾਰਥ ਬਲਾਕ 'ਚ ਤੀਹਰਾ ਸੈਂਕੜਾ ਜੜਨ ਲਈ ਪੈਡ ਬੰਨ੍ਹ ਕੇ ਉੱਤਰ ਆਇਆ ਹੋਵੇ, ਜਿਸ ਨੂੰ ਸਾਹਮਣੇ ਵਾਲੇ ਗੇਂਦਬਾਜ਼ ਦਾ ਕੋਈ ਖ਼ੌਫ਼ ਜਾਂ ਲਿਹਾਜ਼ ਨਹੀਂ ਹੈ। ਇਸ ਤੋਂ ਪਹਿਲਾਂ ਕਿ ਕੋਈ 'ਉੱਤਰਾਧਿਕਾਰੀ' ਸ਼ਬਦ ਵੀ ਬੋਲਦਾ, ਸ਼ਾਹ ਨੇ ਹਕੂਮਤ 'ਚ ਨੰਬਰ-2 ਵਜੋਂ ਆਪਣੀ ਪਕੜ ਮਜ਼ਬੂਤ ਕਰ ਲਈ ਸੀ, ਜਿਸ ਨੇ ਰਾਜਨਾਥ ਸਿੰਘ ਅਤੇ ਨਿਤਿਨ ਗਡਕਰੀ ਵਰਗੇ ਤਜਰਬੇਕਾਰ ਸਾਥੀਆਂ ਨੂੰ ਵੀ ਸਿਆਸੀ ਤੌਰ 'ਤੇ ਬੇਵੱਸ ਕਰਕੇ ਛੱਡ ਦਿੱਤਾ।

ਉਸ ਨੂੰ ਮਿਲਣ ਵਾਲਾ ਹਰ ਸ਼ਖ਼ਸ —ਭਾਵੇਂ ਉਹ ਨੌਕਰਸ਼ਾਹ ਹੋਵੇ, ਖ਼ੁਫ਼ੀਆ ਏਜੰਸੀਆਂ ਦਾ ਅਧਿਕਾਰੀ, ਕਿਸੇ ਰਾਜ ਦਾ ਡੀ ਜੀ ਪੀ, ਪੁਲਸ ਕਮਿਸ਼ਨਰ ਜਾਂ ਸੰਪਾਦਕ (ਰਾਜਨੀਤੀ)-ਉਸ ਦੀ ਸਾਫ਼ ਸੋਚ, ਬੇਲਾਗ ਸਪੱਸ਼ਟਤਾ ਅਤੇ ਹਰ ਹਾਲਤ ਵਿੱਚ ਹਮਲਾਵਰ ਰੁਖ਼ ਅਪਣਾਉਣ ਦੀ ਪ੍ਰਵਿਰਤੀ ਤੋਂ ਪ੍ਰਭਾਵਿਤ ਹੋ ਕੇ ਹੀ ਵਾਪਸ ਮੁੜਦਾ ਸੀ। ਮਾਮਲਾ ਕੋਈ ਵੀ ਹੋਵੇ, ਮੌਕਾ ਕਿਹੋ ਜਿਹਾ ਵੀ ਹੋਵੇ, ਉਸ ਦੀ ਪਹਿਲੀ ਪਸੰਦ ਸਖ਼ਤ ਤਾਕਤ ਦੀ ਵਰਤੋਂ ਹੁੰਦੀ ਸੀ। ਪਹਿਲਾਂ ਡੰਡਾ ਚਲਾਓ, ਬਾਕੀ ਗੱਲਾਂ ਬਾਅਦ ਵਿੱਚ। ਉਸ ਨੇ ਆਪਣੇ ਆਪ ਨੂੰ ਦੇਸ਼ ਦੇ 'ਥਾਣੇਦਾਰ' ਵਜੋਂ ਪੇਸ਼ ਕੀਤਾ ਅਤੇ ਦੇਸ਼ ਦੇ ਹਰ ਐੱਸ ਐੱਚ ਓ ਨੂੰ ਤਾਕਤ ਦਾ ਇੱਕ ਨਵਾਂ ਅਹਿਸਾਸ ਕਰਵਾਇਆ । ਪੁਲਸ ਰਾਜ ਕਦੇ ਵੀ ਪਿੱਛੇ ਹਟ ਕੇ ਨਹੀਂ ਖੇਡਦਾ।

20 ਜੁਲਾਈ ਨੂੰ ਦਿੱਲੀ ਪੁਲਸ ਨੇ ਜਿਸ ਢੰਗ ਨਾਲ ਕਾਰਵਾਈ ਕੀਤੀ ਅਤੇ ਹਾਲਾਤ ਨਾਲ ਨਜਿੱਠਿਆ, ਉਹ ਪੂਰੀ ਤਰ੍ਹਾਂ ਸਿਆਸੀ ਲੀਡਰਸ਼ਿਪ ਦੇ ਉਸ ਭਰੋਸੇ ਅਤੇ ਥਾਪੜੇ ਦਾ ਨਤੀਜਾ ਸੀ, ਜਿਹੜਾ ਪੁਲਸ ਨੂੰ ਸਖ਼ਤ ਰਵੱਈਆ ਅਪਣਾਉਣ ਲਈ ਮਿਲਦਾ ਰਿਹਾ ਹੈ। 'ਲਾਅ ਐਂਡ ਆਰਡਰ' ਦੇ ਤਜਰਬੇਕਾਰ ਮਾਹਰਾਂ ਨੂੰ ਇਹ ਮੰਨਣ 'ਚ ਕੋਈ ਝਿਜਕ ਨਹੀਂ ਕਿ ਪੁਲਸ ਅਤੇ ਆਰ.ਏ.ਐੱਫ. ਨੇ ਬਿਨਾਂ ਕਿਸੇ ਖ਼ੌਫ਼ ਦੇ ਮਨਮਾਨੀ ਕੀਤੀ। ਸ਼ਾਇਦ ਵੱਡੇ ਅਫ਼ਸਰਾਂ ਨੂੰ ਲੱਗਿਆ ਕਿ ਉਨ੍ਹਾਂ ਦੇ ਆਕਾ ਇਹੀ ਚਾਹੁੰਦੇ ਹਨ ਕਿ ਇਨ੍ਹਾਂ 'ਕਾਕਰੋਚਾਂ' ਨੂੰ ਸਬਕ ਸਿਖਾਇਆ ਜਾਵੇ। ਫੁੱਟਪਾਥਾਂ 'ਤੇ ਜੇਕਰ ਖ਼ੂਨ ਵੀ ਵਹਿ ਜਾਵੇ ਤਾਂ ਵੀ ਕੋਈ ਗੱਲ ਨਹੀਂ।



ਨਵੀਂ ਦਿੱਲੀ 5 ਅਗਸਤ ਨੂੰ ਸੰਸਦ ਦੇ ਮਾਨਸੂਨ ਸੈਸ਼ਨ ਦੌਰਾਨ ਕੇਂਦਰੀ ਮੰਤਰੀ ਅਮਿਤ ਸ਼ਾਹ, ਉਹ ਸਦਨ ਦੀ ਕਾਰਵਾਈ ਤੋਂ ਗੈਰ ਹਾਜ਼ਰ ਰਹੇ।

ਆਪਣੇ ਸਿਆਸੀ ਆਕਾ ਵੱਲੋਂ ਮਿਲੀ ਇਸ ਖੁੱਲ੍ਹੀ ਛੋਟ ਦਾ ਹੀ ਨਤੀਜਾ ਸੀ ਕਿ ਦਿੱਲੀ ਪੁਲਿਸ ਦੇ ਉੱਚ ਅਧਿਕਾਰੀ ਆਪਣੇ ਸਾਧਨਾਂ ਦੀ ਸਹੀ ਵਰਤੋਂ ਕਰਨ 'ਚ ਨਾਕਾਮ ਰਹੇ ਅਤੇ ਭੀੜ ਨੂੰ ਕਾਬੂ ਕਰਨ ਦੇ ਪੁਰਾਣੇ ਤੇ ਅਜ਼ਮਾਏ ਹੋਏ ਤਰੀਕਿਆਂ ਨੂੰ ਨਜ਼ਰਅੰਦਾਜ਼ ਕਰ ਬੈਠੇ। ਇਨ੍ਹਾਂ ਸਾਰੀਆਂ ਭੁੱਲਾਂ ਤੇ ਗ਼ਲਤੀਆਂ ਦੀ ਜਵਾਬਦੇਹੀ ਆਖ਼ਰਕਾਰ ਗ੍ਰਹਿ ਮੰਤਰੀ ਦੇ ਦਫ਼ਤਰ 'ਤੇ ਹੀ ਆ ਕੇ ਟਿਕਦੀ ਹੈ। ਜਵਾਬਦੇਹੀ ਦਾ ਸਿਧਾਂਤ ਤਾਂ ਧਰਮਿੰਦਰ ਪ੍ਰਧਾਨ ਦੇ ਮਾਮਲੇ 'ਚ ਪਹਿਲਾਂ ਹੀ ਕਬੂਲਿਆ ਜਾ ਚੁੱਕਾ ਹੈ।

ਜੰਤਰ-ਮੰਤਰ ਦੀ ਇਸ ਦਰਦਨਾਕ ਘਟਨਾ 'ਤੇ ਤਿੱਖੀ ਨਜ਼ਰ ਰੱਖਣ ਵਾਲੇ ਲੋਕ ਇੱਕ ਹੋਰ ਗੱਲ ਵੀ ਨੋਟ ਕਰਦੇ ਹਨ ਕਿ ਭਾਵੇਂ ਹਾਲਾਤ ਵਿਗਾੜਨ ਲਈ ਅਮਿਤ ਸ਼ਾਹ ਦਾ ਚੁਣਿਆ ਹੋਇਆ ਤੰਤਰ ਜ਼ਿੰਮੇਵਾਰ ਸੀ, ਪਰ ਲੋਕਾਂ ਦਾ ਗੁੱਸਾ ਤੇ ਨਫ਼ਰਤ ਪੂਰੀ ਤਰ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਖ਼ਿਲਾਫ਼ ਹੈ। ਇਹ ਪ੍ਰਧਾਨ ਮੰਤਰੀ ਹੀ ਹਨ ਜਿਨ੍ਹਾਂ ਨੂੰ ਹੁਣ ਇਹ ਸਿੱਖਣ ਲਈ ਮਜਬੂਰ ਕੀਤਾ ਜਾ ਰਿਹਾ ਹੈ ਕਿ ਨੌਜਵਾਨ ਪੀੜ੍ਹੀ ਦੇ ਭਾਰਤੀਆਂ ਨਾਲ ਸੰਵਾਦ ਕਿਵੇਂ ਕੀਤਾ ਜਾਵੇ। ਦੂਜੇ ਪਾਸੇ ਗ੍ਰਹਿ ਮੰਤਰੀ, ਅਜੀਤ ਡੋਵਾਲ ਨੂੰ ਤਿਲਕ ਪੁਰਸਕਾਰ ਨਾਲ ਸਨਮਾਨਿਤ ਕਰਨ ਦੇ ਸਮਾਰੋਹ ਵਿੱਚ ਰੁੱਝਿਆ ਹੋਇਆ ਹੈ।

ਸੰਘ ਇਹ ਗੱਲ ਚੰਗੀ ਤਰ੍ਹਾਂ ਜਾਣਦਾ ਹੈ ਕਿ ਜੰਤਰ-ਮੰਤਰ ਵਿੱਚ ਇਕੱਠੇ ਹੋਏ ਅਤੇ ਪ੍ਰਧਾਨ ਮੰਤਰੀ ਤੇ ਉਨ੍ਹਾਂ ਦੀ ਸਰਕਾਰ ਖ਼ਿਲਾਫ਼ ਨਾਅਰੇ ਲਗਾਉਣ ਵਾਲੇ ਲੋਕਾਂ ਵਿੱਚ ਬਹੁਗਿਣਤੀ ਹਿੰਦੂਆਂ ਦੀ ਸੀ। ਇਸ ਤੋਂ ਇਲਾਵਾ ਪਾਰਟੀ ਦੇ ਅੰਦਰ ਪਹਿਲਾਂ ਹੀ ਇਸ ਗੱਲ ਨੂੰ ਲੈ ਕੇ ਕਾਫ਼ੀ ਬੇਚੈਨੀ ਹੈ ਕਿ 'ਨੰਬਰ ਦੋ' ਭਾਜਪਾ ਨੇਤਾਵਾਂ ਅਤੇ ਉਨ੍ਹਾਂ ਦੇ ਚਰਚਿਤ 'ਕਾਰਜਕਰਤਾਵਾਂ' ਨਾਲ ਬੇਹੱਦ ਹੰਕਾਰੀ ਢੰਗ ਨਾਲ ਪੇਸ਼ ਆਉਂਦਾ ਹੈ ।

ਅਮਿਤ ਸ਼ਾਹ ਲਈ ਇਹ ਕਿਸੇ ਵੀ ਤਰ੍ਹਾਂ ਸੁਖਾਵਾਂ ਨਹੀਂ ਹੋ ਸਕਦਾ ਕਿ ਜੰਤਰ-ਮੰਤਰ ਦੇ ਮਾਮਲੇ ਨੂੰ ਸੰਭਾਲਣ ਜਾਂ ਵਿਗਾੜਨ 'ਚ ਭਾਗਵਤ ਅਤੇ ਉਨ੍ਹਾਂ ਦਾ ਸਭ ਤੋਂ ਮੁਖਰ ਅਤੇ ਤਿੱਖਾ ਆਲੋਚਕ ਰਾਹੁਲ ਗਾਂਧੀ, ਦੋਵੇਂ ਇੱਕੋ ਸੁਰ ਵਿੱਚ ਬੋਲਦੇ ਨਜ਼ਰ ਆ ਰਹੇ ਹਨ।ਅਮਿਤ ਸ਼ਾਹ ਹੁਣ ਇਨ੍ਹਾਂ ਦੋਵਾਂ ਸ਼ਖ਼ਸੀਅਤਾਂ ਦੇ ਨਿਸ਼ਾਨੇ 'ਤੇ ਹੈ। ਕੀ ਉਹ ਸਮਾਂ ਆ ਸਕਦਾ ਹੈ ਜਦੋਂ ਪ੍ਰਧਾਨ ਮੰਤਰੀ ਨੂੰ ਭਾਗਵਤ ਅਤੇ ਵਿਰੋਧੀ ਧਿਰ ਦੇ ਨੇਤਾ, ਦੋਵਾਂ ਨੂੰ ਸੰਤੁਸ਼ਟ ਕਰਨ ਲਈ ਇੱਕ 'ਬਲੀ ਦਾ ਬੱਕਰਾ' ਲੱਭਣ ਦੀ ਲੋੜ ਮਹਿਸੂਸ ਹੋਵੇ ?

ਜੇਕਰ ਗ੍ਰਹਿ ਮੰਤਰੀ ਆਪਣੀ ਕੁਰਸੀ ਬਚਾਉਣ ਵਿੱਚ ਕਾਮਯਾਬ ਹੋ ਵੀ ਜਾਵੇ, ਤਾਂ ਵੀ ਉਹ ਸਿਆਸੀ ਤੌਰ 'ਤੇ ਅਪਾਹਜ ਹੋ ਚੁੱਕਾ ਹੈ। ਉਸ ਦੀ 'ਤੀਜੇ ਸਰਦਾਰ ਪਟੇਲ' ਵਜੋਂ ਬਣੀ ਛਵੀ ਬੁਰੀ ਤਰ੍ਹਾਂ ਤਾਰ-ਤਾਰ ਹੋ ਗਈ ਹੈ।ਸੰਸਦ ਤੋਂ ਗ਼ੈਰ-ਹਾਜ਼ਰੀ ਨੇ ਇਹ ਸਾਬਤ ਕਰ ਦਿੱਤਾ ਕਿ ਉਹ ਇੱਕ ਡਟੀ ਹੋਈ ਵਿਰੋਧੀ ਧਿਰ ਦਾ ਸਾਹਮਣਾ ਕਰਨ ਦੇ ਯੋਗ ਨਹੀਂ ਹੈ। ਬੜੀ ਸੋਚ-ਸਮਝ ਕੇ ਬਣਾਈ ਗਈ ਜਨਤਕ ਛਵੀ ਜਿਸ ਨੇ ਬੇਅੰਤ ਆਤਮ-ਵਿਸ਼ਵਾਸ ਅਤੇ ਹੱਦੋਂ ਵੱਧ ਸਿਆਣਪ ਦਾ ਮਖੌਟਾ ਧਾਰਨ ਕੀਤਾ ਸੀ, ਹੁਣ ਪਿਘਲਣ ਲੱਗ ਪਈ ਹੈ। ਇਤਿਹਾਸ ਉਨ੍ਹਾਂ ਨੂੰ ਕਦੇ ਮਾਫ਼ ਨਹੀਂ ਕਰਦਾ, ਜੋ ਲੋੜੋਂ ਵੱਧ ਹੁਸ਼ਿਆਰੀ ਦਿਖਾਉਂਦੇ ਹਨ ਜਾਂ ਬੇਰਹਿਮ ਹੁੰਦੇ ਹਨ। ਜੋ ਲੋਕ ਕਦੇ ਸ਼ਾਹ ਦੇ ਦਬਦਬੇ ਤੋਂ ਡਰਦੇ ਸਨ, ਹੁਣ ਉਹ ਉਸ ਦੀ ਅਸਲੀਅਤ ਸਮਝ ਚੁੱਕੇ ਹਨ। ਉਹ ਭਰਮ ਹੁਣ ਟੁੱਟ ਚੁੱਕਾ ਹੈ।

ਇੱਕ ਮਹੀਨਾ ਪਹਿਲਾਂ ਤੱਕ ਅਮਿਤ ਸ਼ਾਹ ਦੇ ਸਮਰਥਕ ਹੌਲੀ-ਹੌਲੀ ਇਹ ਗੱਲ ਫੈਲਾ ਰਹੇ ਸਨ ਕਿ ਉਸ ਨੂੰ ਉਪ ਪ੍ਰਧਾਨ ਮੰਤਰੀ ਬਣਾਉਣ ਦੀ ਤਿਆਰੀ ਚੱਲ ਰਹੀ ਹੈ। ਪਰ ਹੁਣ ਹਵਾ ਦਾ ਰੁਖ਼ ਬਦਲ ਚੁੱਕਾ ਹੈ।ਪ੍ਰਧਾਨ ਮੰਤਰੀ ਲਈ ਉਸ ਦੀ ਅਹਿਮੀਅਤ ਹੁਣ ਪਹਿਲਾਂ ਵਾਂਗ ਅਟੱਲ ਨਹੀਂ ਜਾਪਦੀ।

ਹੁਣ ਤਾਂ ਇਸ ਦੀ ਥਾਂ ਇਹ ਲੱਗਦਾ ਹੈ ਕਿ ਅਮਿਤ ਸ਼ਾਹ ਦੇ ਸਿਆਸੀ ਪਤਨ ਦੀ ਘੜੀ ਨੇੜੇ ਆ ਰਹੀ ਹੈ।

*ਲੇਖਕ 'ਦਿ ਟ੍ਰਿਬਿਊਨ' ਦੇ ਮੁੱਖ ਸੰਪਾਦਕ ਰਹਿ ਚੁੱਕੇ, ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਮੀਡੀਆ ਸਲਾਹਕਾਰ ਵੀ ਰਹੇ। ਉਨ੍ਹਾ ਦਾ ਇਹ ਲੇਖ 7 ਅਗਸਤ 2026 ਨੂੰ 'ਦ ਵਾਇਰ' ਵਿੱਚ ਪ੍ਰਕਾਸ਼ਿਤ ਹੋਇਆ ਹੈ।*

# ਸਵੈ-ਇੱਛਾ ਨਾਲ ਕਰੋ ਖ਼ੂਨਦਾਨ

ਖ਼ੂਨ ਦਾ ਕੋਈ ਬਦਲ ਨਹੀਂ, ਖ਼ੂਨ ਦਾ ਕੋਈ ਵੀ ਵਿਕਲਪ ਅੱਜ ਤੱਕ ਵਿਗਿਆਨ ਨਹੀਂ ਬਣਾ ਸਕਿਆ । ਸਵੈ-ਇੱਛਾ ਨਾਲ ਖ਼ੂਨਦਾਨ ਕਰਨਾ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਦਾ ਸੰਦੇਸ਼ ਹੈ । ਦੁਰਘਟਨਾਵਾਂ, ਵੱਡੀਆਂ ਸਰਜਰੀਆਂ, ਕੈਂਸਰ, ਥੈਲੇਸੀਮੀਆ, ਜਣੇਪੇ ਦੌਰਾਨ-ਜੱਚਾ-ਬੱਚਾ ਸੰਬੰਧੀ ਐਮਰਜੈਂਸੀ, ਹਾਦਸਿਆਂ ਦੌਰਾਨ ਖ਼ੂਨ ਵਹਿਣ ਅਤੇ ਹੋਰ ਗੰਭੀਰ ਬਿਮਾਰੀਆਂ ਨਾਲ ਜੂਝ ਰਹੇ ਹਜ਼ਾਰਾਂ ਮਰੀਜ਼ਾਂ ਨੂੰ ਖ਼ੂਨ ਦੀ ਲੋੜ ਪੈਂਦੀ ਹੈ। ਅਜਿਹੇ ਸਮੇਂ ਸਿਰਫ ਸਵੈ-ਇੱਛਾ ਨਾਲ ਕੀਤਾ ਗਿਆ ਖ਼ੂਨਦਾਨ ਹੀ ਕਿਸੇ ਦੀ ਜ਼ਿੰਦਗੀ ਬਚਾ ਸਕਦਾ ਹੈ।

ਸਿਹਤ ਵਿਭਾਗ ਦੇ ਮਾਸ ਮੀਡੀਆ ਵੱਲੋਂ ਲੋਕਾਂ ਨੂੰ ਅਪੀਲ ਅਤੇ ਜਾਗਰੂਕ ਕੀਤਾ ਜਾਂਦਾ ਹੈ ਕਿ ਉਹ ਨਿਯਮਿਤ ਤੌਰ 'ਤੇ ਸਵੈ-ਇੱਛਾ ਨਾਲ ਖ਼ੂਨਦਾਨ ਕਰਨ। ਇੱਕ ਯੂਨਿਟ ਖ਼ੂਨ ਨੂੰ ਵੱਖ-ਵੱਖ ਭਾਗਾਂ, ਜਿਵੇਂ ਕਿ ਲਾਲ ਰਕਤ ਕਣ, ਪਲੇਟਲੈਟਸ ਅਤੇ ਪਲਾਜ਼ਮਾ ਵਿੱਚ ਵੰਡਿਆ ਜਾ ਸਕਦਾ ਹੈ, ਜਿਸ ਨਾਲ ਇੱਕ ਖ਼ੂਨਦਾਨ ਤਿੰਨ ਤੱਕ ਮਰੀਜ਼ਾਂ ਦੀ ਜਾਨ ਬਚਾਉਣ ਵਿੱਚ ਮਦਦਗਾਰ ਹੋ ਸਕਦਾ ਹੈ।

**ਸਵੈ-ਇੱਛਾ ਨਾਲ ਖ਼ੂਨਦਾਨ ਕਿਉਂ ਜ਼ਰੂਰੀ ਹੈ ?**

ਸਵੈ-ਇੱਛਾ ਨਾਲ ਖ਼ੂਨਦਾਨ ਕਰਨ ਵਾਲੇ ਵਿਅਕਤੀ ਆਮ ਤੌਰ 'ਤੇ ਸਿਹਤਮੰਦ ਹੁੰਦੇ ਹਨ ਅਤੇ ਕਿਸੇ ਲਾਲਚ ਜਾਂ ਦਬਾਅ ਤੋਂ ਬਿਨਾਂ ਮਨੁੱਖਤਾ ਦੀ ਭਲਾਈ ਲਈ ਖ਼ੂਨ ਦਾਨ ਕਰਦੇ ਹਨ। ਅਜਿਹੇ ਖ਼ੂਨ ਦੀ ਗੁਣਵੱਤਾ ਅਤੇ ਸੁਰੱਖਿਆ ਵਧੀਆ ਮੰਨੀ ਜਾਂਦੀ ਹੈ। ਇਸ ਨਾਲ ਹਸਪਤਾਲਾਂ ਵਿੱਚ ਸੁਰੱਖਿਅਤ ਖ਼ੂਨ ਦੀ ਲਗਾਤਾਰ ਉਪਲੱਬਧਤਾ ਬਣੀ ਰਹਿੰਦੀ ਹੈ ਅਤੇ ਐਮਰਜੈਂਸੀ ਸਮੇਂ ਕਿਸੇ ਵੀ ਮਰੀਜ਼ ਨੂੰ ਖ਼ੂਨ ਦੀ ਕਮੀ ਦਾ ਸਾਹਮਣਾ ਨਹੀਂ ਕਰਨਾ ਪੈਂਦਾ।

**ਕੀ ਖ਼ੂਨਦਾਨ ਸੁਰੱਖਿਅਤ ਹੈ ?**

ਬਿਲਕੁਲ,ਰਜਿਸਟਰਡ ਅਤੇ ਮਾਨਤਾ ਪ੍ਰਾਪਤ ਬਲੱਡ ਸੈਂਟਰਾਂ ਵਿੱਚ ਖ਼ੂਨਦਾਨ ਦੀ ਪੂਰੀ ਪ੍ਰਕਿਰਿਆ ਵਿਗਿਆਨਕ ਅਤੇ ਸੁਰੱਖਿਅਤ ਢੰਗ ਨਾਲ ਕੀਤੀ ਜਾਂਦੀ ਹੈ। ਹਰ ਖ਼ੂਨਦਾਨ ਲਈ ਨਵੀਂ ਅਤੇ ਇੱਕ ਵਾਰ ਵਰਤੋਂ ਵਾਲੀ ਸੂਈ ਤੇ ਸਾਜ਼ੋ-ਸਾਮਾਨ ਦੀ ਵਰਤੋਂ ਕੀਤੀ ਜਾਂਦੀ ਹੈ, ਇਸ ਕਰਕੇ ਖ਼ੂਨਦਾਨ ਕਰਨ ਵਾਲੇ ਨੂੰ ਕਿਸੇ ਵੀ ਤਰ੍ਹਾਂ ਦੀ ਲਾਗ ਲੱਗਣ ਦਾ ਕੋਈ ਖ਼ਤਰਾ ਨਹੀਂ ਹੁੰਦਾ। ਸਿਹਤਮੰਦ ਵਿਅਕਤੀ ਨਿਰਧਾਰਤ ਅੰਤਰਾਲ ਤੋਂ ਬਾਅਦ ਦੁਬਾਰਾ ਖ਼ੂਨਦਾਨ ਕਰ ਸਕਦਾ ਹੈ।



ਡਾ. ਪ੍ਰਭਦੀਪ ਸਿੰਘ ਚਾਵਲਾ

**ਖ਼ੂਨ ਲੈਣ ਸਮੇਂ ਇਹ ਗੱਲ ਕਦੇ ਨਾ ਭੁੱਲੋ**

ਖ਼ੂਨਦਾਨ ਜਿੰਨਾ ਮਹੱਤਵਪੂਰਨ ਹੈ, ਓਨਾ ਹੀ ਮਹੱਤਵਪੂਰਨ ਹੈ ਸੁਰੱਖਿਅਤ ਅਤੇ ਜਾਂਚਿਆ ਹੋਇਆ ਖ਼ੂਨ ਪ੍ਰਾਪਤ ਕਰਨਾ । ਹਮੇਸ਼ਾ ਯਾਦ ਰੱਖੋ ਕਿ ਖ਼ੂਨ ਸਿਰਫ਼ ਰਜਿਸਟਰਡ ਬਲੱਡ ਸੈਂਟਰ ਜਾਂ ਸਰਕਾਰੀ ਮਾਨਤਾ ਪ੍ਰਾਪਤ ਬਲੱਡ ਬੈਂਕ ਤੋਂ ਹੀ ਲਵੋ। ਉੱਥੇ ਹਰ ਯੂਨਿਟ ਖ਼ੂਨ ਦੀ ਸਖਤ ਜਾਂਚ ਕੀਤੀ ਜਾਂਦੀ ਹੈ ਅਤੇ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਉਹ ਵਰਤੋਂ ਲਈ ਪੂਰੀ ਤਰ੍ਹਾਂ ਸੁਰੱਖਿਅਤ ਹੈ। ਹਰ ਯੂਨਿਟ ਖ਼ੂਨ ਨੂੰ ਸੰਕਰਾਮਕ ਬਿਮਾਰੀਆਂ, ਜਿਵੇਂ ਕਿ ਐੱਚ.ਆਈ.ਵੀ, ਹੈਪੇਟਾਈਟਸ-ਬੀ, ਹੈਪੇਟਾਈਟਸ-ਸੀ ਅਤੇ ਮਲੇਰੀਆ ਲਈ ਲਾਜ਼ਮੀ ਤੌਰ 'ਤੇ ਲੋੜੀਂਦੇ ਟੈਸਟ ਅਤੇ ਸਕ੍ਰੀਨਿੰਗ ਕੀਤੀ ਜਾਂਦੀ ਹੈ। ਇਸ ਤੋਂ ਬਾਅਦ ਹੀ ਇਹ ਖ਼ੂਨ ਮਰੀਜ਼ ਨੂੰ ਚੜ੍ਹਾਇਆ ਜਾਂਦਾ ਹੈ।ਕਦੇ ਵੀ ਅਣਅਧਿਕਾਰਤ ਜਾਂ ਗੈਰ-ਰਜਿਸਟਰਡ ਸਰੋਤ ਤੋਂ ਖ਼ੂਨ ਪ੍ਰਾਪਤ ਨਾ ਕਰੋ, ਕਿਉਂਕਿ ਅਜਿਹਾ ਖ਼ੂਨ ਮਰੀਜ਼ ਲਈ ਗੰਭੀਰ ਸਿਹਤ ਖ਼ਤਰਾ ਬਣ ਸਕਦਾ ਹੈ।

**ਕੌਣ ਕਰ ਸਕਦਾ ਹੈ ਖ਼ੂਨਦਾਨ ?**

18 ਤੋਂ 65 ਸਾਲ ਦੀ ਉਮਰ ਦਾ ਸਿਹਤਮੰਦ ਵਿਅਕਤੀ, ਜਿਸ ਦਾ ਵਜ਼ਨ ਘੱਟੋ-ਘੱਟ 45 ਤੋਂ 50 ਕਿਲੋਗ੍ਰਾਮ ਹੋਵੇ ਅਤੇ ਜਿਸ ਦਾ ਹੀਮੋਗਲੋਬਿਨ ਨਿਰਧਾਰਤ ਮਿਆਰ ਅਨੁਸਾਰ ਹੋਵੇ, ਡਾਕਟਰੀ ਜਾਂਚ ਤੋਂ ਬਾਅਦ ਖ਼ੂਨਦਾਨ ਕਰ ਸਕਦਾ ਹੈ। ਖ਼ੂਨਦਾਨ ਤੋਂ ਪਹਿਲਾਂ ਸਿਹਤ ਕਰਮਚਾਰੀ ਦਾਤਾ ਦੀ ਪੂਰੀ ਸਿਹਤ ਜਾਂਚ ਕਰਦੇ ਹਨ ਤਾਂ ਜੋ ਦਾਤਾ ਅਤੇ ਮਰੀਜ਼ ਦੋਵੇਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।ਖ਼ੂਨਦਾਨ ਦੀ ਪ੍ਰਕਿਰਿਆ ਸੁਰੱਖਿਅਤ ਹੈ ਅਤੇ ਸਰੀਰ ਕੁਝ ਹੀ ਸਮੇਂ ਵਿੱਚ ਦਾਨ ਕੀਤਾ ਗਿਆ ਖ਼ੂਨ ਦੁਬਾਰਾ ਬਣਾ ਲੈਂਦਾ ਹੈ, ਇਸ ਨਾਲ ਸਿਹਤਮੰਦ ਵਿਅਕਤੀ ਨੂੰ ਕੋਈ ਨੁਕਸਾਨ ਨਹੀਂ ਹੁੰਦਾ, ਸਗੋਂ ਕਿਸੇ ਲੋੜਵੰਦ ਲਈ ਇਹ ਜੀਵਨ ਦਾਨ ਸਾਬਤ ਹੁੰਦਾ ਹੈ।

**ਸਮਾਜ ਦੀ ਸਾਂਝੀ ਜ਼ਿੰਮੇਵਾਰੀ**

ਅੱਜ ਦੇ ਸਮੇਂ ਵਿੱਚ ਲੋੜ ਇਹ ਹੈ ਕਿ ਹਰ ਸਿਹਤਮੰਦ ਨਾਗਰਿਕ ਸਾਲ ਵਿੱਚ ਘੱਟੋ-ਘੱਟ ਇੱਕ ਜਾਂ ਦੋ ਵਾਰ ਸਵੈ-ਇੱਛਾ ਨਾਲ ਖ਼ੂਨਦਾਨ ਕਰਨ ਦਾ ਸੰਕਲਪ ਲਵੇ। ਜੇਕਰ ਹਰ ਯੋਗ ਵਿਅਕਤੀ ਨਿਯਮਿਤ ਖ਼ੂਨਦਾਨ ਕਰੇ, ਤਾਂ ਕਿਸੇ ਵੀ ਮਰੀਜ਼ ਨੂੰ ਖ਼ੂਨ ਦੀ ਘਾਟ ਕਾਰਨ ਇਲਾਜ ਤੋਂ ਵਾਂਝਾ ਨਹੀਂ ਰਹਿਣਾ ਪਵੇਗਾ। ਨੌਜਵਾਨਾਂ, ਕਲੱਬਾਂ, ਪੰਚਾਇਤਾਂ, ਸਮਾਜਿਕ ਸੰਸਥਾਵਾਂ,ਸਿੱਖਿਆ ਸੰਸਥਾਵਾਂ, ਉਦਯੋਗਿਕ ਇਕਾਈਆਂ ਅਤੇ ਧਾਰਮਿਕ ਸੰਸਥਾਵਾਂ ਨੂੰ ਵੀ ਸਮੇਂ-ਸਮੇਂ 'ਤੇ ਸਵੈ-ਇੱਛਾ ਖ਼ੂਨਦਾਨ ਕੈਂਪ ਲਗਾ ਕੇ ਇਸ ਮੁਹਿੰਮ ਨੂੰ ਹੋਰ ਮਜ਼ਬੂਤ ਬਣਾਉਣਾ ਚਾਹੀਦਾ ਹੈ।

**ਆਓ, ਅੱਜ ਹੀ ਸੰਕਲਪ ਕਰੀਏ**

ਖ਼ੂਨਦਾਨ ਨੂੰ ਕਿਸੇ ਖ਼ਾਸ ਮੌਕੇ ਤੱਕ ਸੀਮਿਤ ਨਾ ਰੱਖੋ, ਇਸ ਨੂੰ ਸਮਾਜਿਕ ਜ਼ਿੰਮੇਵਾਰੀ ਸਮਝਦਿਆਂ ਨਿਯਮਿਤ ਆਦਤ ਬਣਾਓ। ਖ਼ੂਨਦਾਨ ਸਿਰਫ ਇੱਕ ਮੈਡੀਕਲ ਲੋੜ ਨਹੀਂ, ਸਗੋਂ ਮਨੁੱਖਤਾ ਪ੍ਰਤੀ ਸਾਡੀ ਸਮਾਜਿਕ ਜ਼ਿੰਮੇਵਾਰੀ ਵੀ ਹੈ। ਤੁਹਾਡੇ ਵੱਲੋਂ ਕੀਤਾ ਗਿਆ ਇੱਕ ਛੋਟਾ ਜਿਹਾ ਉਪਰਾਲਾ ਕਿਸੇ ਮਾਂ ਦੀ ਗੋਦ ਉਜੜਨ ਤੋਂ ਬਚਾ ਸਕਦਾ ਹੈ, ਕਿਸੇ ਬੱਚੇ ਨੂੰ ਨਵੀਂ ਜ਼ਿੰਦਗੀ ਦੇ ਸਕਦਾ ਹੈ ਜਾਂ ਕਿਸੇ ਪਰਵਾਰ ਦੀਆਂ ਉਮੀਦਾਂ ਨੂੰ ਦੁਬਾਰਾ ਜਗਾ ਸਕਦਾ ਹੈ।

ਅੱਜ ਵੀ ਕਈ ਲੋਕ ਗਲਤ ਧਾਰਨਾਵਾਂ ਕਾਰਨ ਖ਼ੂਨਦਾਨ ਤੋਂ ਕਤਰਾਉਂਦੇ ਹਨ। ਕੁਝ ਲੋਕਾਂ ਨੂੰ ਲੱਗਦਾ ਹੈ ਕਿ ਖ਼ੂਨਦਾਨ ਨਾਲ ਸਰੀਰ ਕਮਜ਼ੋਰ ਹੋ ਜਾਂਦਾ ਹੈ ਜਾਂ ਸਿਹਤ 'ਤੇ ਮਾੜਾ ਅਸਰ ਪੈਂਦਾ ਹੈ। ਇਹ ਧਾਰਨਾਵਾਂ ਵਿਗਿਆਨਕ ਤੱਥਾਂ 'ਤੇ ਆਧਾਰਤ ਨਹੀਂ ਹਨ। ਜੇਕਰ ਖ਼ੂਨਦਾਨ ਮੈਡੀਕਲ ਮਾਪਦੰਡਾਂ ਅਨੁਸਾਰ ਕੀਤਾ ਜਾਵੇ ਤਾਂ ਇਹ ਪੂਰੀ ਤਰ੍ਹਾਂ ਸੁਰੱਖਿਅਤ ਹੈ। ਇਸ ਲਈ ਹਰ ਤੰਦਰੁਸਤ ਨਾਗਰਿਕ ਨੂੰ ਨਿਯਮਿਤ ਤੌਰ 'ਤੇ ਸਵੈ-ਇੱਛਾ ਨਾਲ ਖ਼ੂਨਦਾਨ ਕਰਨ ਦਾ ਸੰਕਲਪ ਲੈਣਾ ਚਾਹੀਦਾ ਹੈ ਅਤੇ ਦੂਜਿਆਂ ਨੂੰ ਵੀ ਇਸ ਮਹਾਨ ਕਾਰਜ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ, ਤੁਹਾਡਾ ਅੱਜ ਦਾ ਖ਼ੂਨਦਾਨ ਕਿਸੇ ਦੀ ਕੱਲ੍ਹ ਦੀ ਜ਼ਿੰਦਗੀ ਬਣ ਸਕਦਾ ਹੈ।

**# ਸੰਪਰਕ : 98146-56257**


# ਪੰਜਾਬ ਕਾਂਗਰਸ ਵਿੱਚ ਅਨੁਸ਼ਾਸਨਹੀਣਤਾ ਸਿਖਰਾਂ 'ਤੇ

ਜਿਉਂ-ਜਿਉਂ ਪੰਜਾਬ ਵਿਧਾਨ ਸਭਾ ਚੋਣਾਂ 2027 ਨੇੜੇ ਆ ਰਹੀਆਂ ਹਨ, ਤਿਉਂ-ਤਿਉਂ ਪੰਜਾਬ ਕਾਂਗਰਸ ਪਾਰਟੀ ਅੰਦਰਲੀ ਧੜੇਬੰਦੀ ਅਤੇ ਆਪਸੀ ਕਲੇਸ਼ ਵਧਦਾ ਨਜ਼ਰ ਆ ਰਿਹਾ ਹੈ । ਕਦੇ ਕਦੇ ਤਾਂ ਇਉਂ ਮਹਿਸੂਸ ਹੋਣ ਲੱਗ ਜਾਂਦਾ ਹੈ ਕਿ ਕਿਧਰੇ ਚੋਣਾਂ ਦੇ ਐਲਾਨ ਤੋਂ ਪਹਿਲਾਂ ਹੀ ਪਾਰਟੀ ਦੇ ਖੇਡਣੇ ਜਿਹੇ ਨਾ ਖਿੰਡ ਜਾਣ ?

ਪਾਰਟੀ ਵਿੱਚ ਇਸ ਸਥਿਤੀ ਦਾ ਮੁੱਢ ਬੱਝਿਆ ਪਾਰਟੀ ਵਿਚਲੇ ਸੰਗਠਨਾਤਮਿਕ ਢਾਂਚੇ ਦੇ ਪੁਨਰਗਠਨ ਨਾਲ । ਪਹਿਲੀ ਜੁਲਾਈ 2026 ਨੂੰ ਕਾਂਗਰਸ ਹਾਈ ਕਮਾਂਡ ਨੇ ਰਾਜਾ ਵੜਿੰਗ ਨੂੰ ਪਾਰਟੀ ਪ੍ਰਧਾਨ ਅਤੇ ਪ੍ਰਤਾਪ ਸਿੰਘ ਬਾਜਵਾ ਨੂੰ ਵਿਰੋਧੀ ਪਾਰਟੀ ਦੇ ਅਹੁਦਿਆਂ ਉੱਪਰ ਬਰਕਰਾਰ ਰੱਖਦਿਆਂ ਹੋਰ ਕਈ ਕਮੇਟੀਆਂ ਬਣਾ ਦਿੱਤੀਆਂ ਅਤੇ ਇੱਕ ਤੋਂ ਵੱਧ ਕਾਰਜਕਾਰੀ ਪ੍ਰਧਾਨ ਬਣਾ ਦਿੱਤੇ ਸਨ । ਅਜਿਹਾ ਕੀਤਾ ਤਾਂ ਇਸ ਲਈ ਗਿਆ ਸੀ ਕਿ ਪ੍ਰਮੁੱਖ ਨੇਤਾਵਾਂ ਨੂੰ ਪ੍ਰਤੀਨਿਧਤਾ ਦੇ ਕੇ ਰੁਸਣ ਦੀ ਗੁੰਜਾਇਸ਼ ਘਟਾਈ ਜਾਵੇ ਅਤੇ ਅਗਾਮੀ ਚੋਣਾਂ ਇੱਕਜੁੱਟਤਾ ਨਾਲ ਲੜੀਆਂ ਜਾਣ, ਪ੍ਰੰਤੂ ਇਸ ਨਾਲ ਆਪਸੀ ਵਿਰੋਧ ਸ਼ੁਰੂ ਹੋ ਗਿਆ ਅਤੇ ਦਾਅ ਪੁੱਠਾ ਪੈ ਗਿਆ।

ਦਰਅਸਲ ਪਾਰਟੀ ਅੰਦਰ ਇਹ ਧਾਰਨਾ ਭਾਰੂ ਹੈ ਕਿ ਪੰਜਾਬ ਅੰਦਰ ਪਾਰਟੀ ਦੇ ਜਿੱਤ ਜਾਣ ਦੀ ਸੂਰਤ ਵਿੱਚ ਮੁੱਖ ਮੰਤਰੀ ਦੀ ਕੁਰਸੀ ਨੂੰ ਰਸਤਾ ਪ੍ਰਧਾਨ ਦੀ ਕੁਰਸੀ ਰਾਹੀਂ ਹੋ ਕੇ ਜਾਵੇਗਾ, ਪ੍ਰੰਤੂ ਜਿਹੋ ਜਿਹੇ ਹਾਲਾਤ ਬਣੇ ਹੋਏ ਹਨ ਕਿ ਲਗਦਾ ਹੈ ਕਿ ਕਿਤੇ ਕਾਂਗਰਸ ਦੀ ਜਿੱਤ ਦਾ ਰਸਤਾ ਗੁੰਮ ਹੀ ਨਾ ਹੋ ਜਾਵੇ । ਮੁੱਖ ਮੰਤਰੀ ਦੀ ਕੁਰਸੀ ਦੇ ਇੱਕ ਤੋਂ ਵੱਧ ਦਾਅਵੇਦਾਰਾਂ ਵਿੱਚ ਆਪਣੇ-ਆਪਣੇ ਧੜੇ ਦੇ ਵੱਧ ਤੋਂ ਵੱਧ ਉਮੀਦਵਾਰਾਂ ਨੂੰ ਟਿਕਟਾਂ ਨਾਲ ਨਿਵਾਜ਼ ਕੇ ਅਤੇ ਜਿਤਾ ਕੇ ਮੁੱਖ ਮੰਤਰੀ ਦੀ ਕੁਰਸੀ ਤੱਕ ਪਹੁੰਚਣ ਦੀ ਦੌੜ ਨੇ ਹੀ ਟੁੱਟ-ਭੱਜ ਦਾ ਇਹ ਸਿਲਸਿਲਾ ਸ਼ੁਰੂ ਕੀਤਾ ਹੋਇਆ ਹੈ ।

ਨਵੇਂ ਸੰਗਠਨ ਦਾ ਐਲਾਨ ਹੁੰਦਿਆਂ ਹੀ ਚੰਨੀ ਅਤੇ ਵੜਿੰਗ ਧੜਿਆਂ ਵਿੱਚ ਡਿਨਰ ਅਤੇ ਲੰਚ ਡਿਪਲੋਮੇਸੀ ਦਾ ਸ਼ੁਰੂ ਹੋਇਆ ਦੌਰ ਰੁਕਣ ਦਾ ਨਾਂਅ ਹੀ ਨਹੀਂ ਲੈ ਰਿਹਾ । ਪਾਰਟੀ ਦੀਆਂ ਮੀਟਿੰਗਾਂ ਵਿੱਚ ਪਾਰਟੀ ਪ੍ਰਧਾਨ ਅਤੇ ਪੰਜਾਬ ਕਾਂਗਰਸ ਇੰਚਾਰਜ ਭੁਪੇਸ਼ ਬਘੇਲ ਦੀ ਹਾਜ਼ਰੀ ਵਿੱਚ 'ਚੰਨੀ ਜ਼ਿੰਦਾਬਾਦ' ਦੇ ਨਾਹਰੇ ਲਾਏ ਜਾ ਰਹੇ ਹਨ । ਪਟਿਆਲਾ ਅਤੇ ਸੰਗਰੂਰ ਵਿੱਚ ਪਾਰਟੀ ਦੀਆਂ ਮੀਟਿੰਗਾਂ ਵਿੱਚ ਅਜਿਹਾ ਹੁੰਦਾ ਸਭ ਨੇ ਦੇਖ ਲਿਆ ਹੈ । ਸਾਰੀ ਪਾਰਟੀ ਦੋ ਧੜਿਆਂ, ਚੰਨੀ ਧੜਾ ਅਤੇ ਵੜਿੰਗ ਧੜੇ ਦੇ ਦੁਆਲੇ ਵੰਡੀ ਜਾਣ ਲੱਗੀ ਹੈ । ਕਲੇਸ਼ ਵਧਦਾ ਦੇਖ ਹਾਈ ਕਮਾਂਡ ਨੇ ਪੰਜਾਬ ਕਾਂਗਰਸ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਦੀ ਡਿਊਟੀ ਲਗਾਈ ਅਤੇ ਉਸ ਨੇ ਵੱਖ-ਵੱਖ ਧੜਿਆਂ ਨੂੰ ਸਮਝਾ ਬੁਝਾ ਕੇ ਆਲ ਇਜ਼ ਵੈੱਲ ਦਾ ਸੁਨੇਹਾ ਦੇਣ ਦੀ ਕੋਸ਼ਿਸ਼ ਵੀ ਕੀਤੀ, ਪ੍ਰੰਤੂ ਸਭ ਜਾਣਦੇ ਹਨ ਕਿ ਅਸਲ ਵਿੱਚ ਆਲ ਇਜ਼ ਵੈੱਲ ਹੈ ਕਿ ਨਹੀਂ । ਹੁਣ ਤਾਂ ਵੜਿੰਗ ਨੇ ਵੀ ਪਾਰਟੀ ਅੰਦਰ ਕਲੇਸ਼ ਦੀ ਗੱਲ ਕਬੂਲੀ ਹੈ । ਸੀਨੀਅਰ ਕਾਂਗਰਸੀ ਨੇਤਾ ਧਰਮਵੀਰ ਗਾਂਧੀ ਨੇ ਵੀ ਪਾਰਟੀ ਨੂੰ ਸੰਭਾਲਣ ਦੀ ਤਾਕੀਦ ਕੀਤੀ ਹੈ ਅਤੇ ਪਾਰਟੀ ਦਾ ਅਕਸ ਖਰਾਬ ਨਾ ਕਰਨ ਦੀ ਚਿਤਾਵਨੀ ਦਿੱਤੀ ਹੈ ।



ਜਗਦੇਵ ਸ਼ਰਮਾ ਬੁਗਰਾ

ਵੱਖ-ਵੱਖ ਧੜਿਆਂ ਦੀਆਂ ਵੱਖ-ਵੱਖ ਮੀਟਿੰਗਾਂ ਤੋਂ ਸ਼ੁਰੂ ਹੋਇਆ ਇਹ ਸਿਲਸਿਲਾ ਆਪਣੇ ਨੇਤਾ ਦੇ ਹੱਕ ਵਿੱਚ ਅਤੇ ਵਿਰੋਧੀ ਧੜੇ ਦੇ ਆਗੂ ਦੇ ਵਿਰੋਧ ਵਿੱਚ ਨਾਹਰੇ ਅਤੇ ਹੁਣ ਇੱਕ-ਦੂਜੇ ਦੀ ਬਦਨਾਮੀ ਕਰਦੇ ਪੋਸਟਰਾਂ 'ਤੇ ਪਹੁੰਚ ਚੁੱਕਿਆ ਹੈ ।ਇੱਕ ਪੋਸਟਰ ਵਿੱਚ 'ਰਾਜਾ ਬਘੇਲ ਵਾਪਸ ਜਾਓ' ਅਤੇ ਦੂਜੇ ਪੋਸਟਰ ਵਿੱਚ ਚੰਨੀ ਨੂੰ ਆਰ ਐੱਸ ਐੱਸ ਦਾ ਏਜੰਟ ਦਿਖਾਇਆ ਗਿਆ ਹੈ । ਕਿਸੇ ਵੇਲੇ ਕੈਪਟਨ ਨੂੰ ਵੀ ਭਾਜਪਾ ਦਾ ਏਜੰਟ ਕਿਹਾ ਗਿਆ ਸੀ, ਜੋ ਬਾਅਦ ਵਿੱਚ ਸੱਚ ਵੀ ਸਾਬਤ ਹੋ ਗਿਆ । ਪਿਛਲੇ ਲੱਗਭੱਗ ਡੇਢ ਮਹੀਨੇ ਤੋਂ ਪੰਜਾਬ ਕਾਂਗਰਸ ਅੰਦਰਲਾ ਕਲੇਸ਼ ਅਖ਼ਬਾਰਾਂ ਦੀਆਂ ਸੁਰਖੀਆਂ ਬਣਦਾ ਆ ਰਿਹਾ ਹੈ ।

6 ਅਗਸਤ ਨੂੰ ਰਾਜਾ ਵੜਿੰਗ ਦੇ ਅਪਦੇ ਸੰਸਦੀ ਹਲਕੇ ਲੁਧਿਆਣਾ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਖ਼ੂਬ ਹੰਗਾਮਾ ਦੇਖਣ ਨੂੰ ਮਿਲਿਆ । ਗੁਰੂ ਨਾਨਕ ਦੇਵ ਭਵਨ ਲੁਧਿਆਣਾ ਵਿੱਚ ਰੱਖੀ ਇਸ ਮੀਟਿੰਗ ਵਿੱਚ ਵੜਿੰਗ ਅਤੇ ਆਸ਼ੂ ਸਮਰਥਕ ਆਪਸ ਵਿੱਚ ਉਲਝਦੇ ਨਜ਼ਰ ਆਏ ਅਤੇ ਅਨੁਸ਼ਾਸਨਹੀਣਤਾ ਦਾ ਖ਼ੂਬ ਨਜ਼ਾਰਾ ਦੇਖਣ ਨੂੰ ਮਿਲਿਆ । ਭੁਪੇਸ਼ ਬਘੇਲ , ਜਿਸ ਨੂੰ ਸਾਲਸੀ ਦੇ ਤੌਰ 'ਤੇ ਦੇਖਿਆ ਜਾਣਾ ਚਾਹੀਦਾ ਹੈ , ਲਈ ਲੋਕਾਂ ਨੇ 'ਬਘੇਲ ਗੋ ਬੈਕ' ਦੇ ਨਾਹਰੇ ਲਗਾਏ । ਕਈ ਵਰਕਰਾਂ ਨੇ ਤਾਂ ਬਘੇਲ ਨੂੰ ਜਨਰਲ ਡਾਇਰ ਦਿਖਾਉਂਦੀਆਂ ਤਸਵੀਰਾਂ ਵਾਲੀਆਂ ਟੀ ਸ਼ਰਟਾਂ ਪਹਿਨੀਆਂ ਹੋਈਆਂ ਸਨ । ਜਦੋਂ ਮਾਈਕ ਸਿਮਰਜੀਤ ਸਿੰਘ ਬੈਂਸ ਦੇ ਹੱਥ ਆਇਆ ਤਾਂ ਉਸ ਨੇ ਇਹ ਸਨਸਨੀਖ਼ੇਜ਼ ਪ੍ਰਗਟਾਵਾ ਕੀਤਾ ਕਿ ਲੋਕ ਸਭਾ ਚੋਣਾਂ ਵੇਲੇ ਵੜਿੰਗ ਨੂੰ ਹਰਾਉਣ ਲਈ ਉਸ ਨੂੰ ਕਈ ਸੀਨੀਅਰ ਨੇਤਾਵਾਂ ਦੇ ਫੋਨ ਆਏ ਸਨ ।

ਇਹ ਪ੍ਰਭਾਵ ਜਾ ਰਿਹਾ ਹੈ ਕਿ ਜਦੋਂ ਨੇਤਾ ਅੱਜ ਸੰਗਠਨ ਦੀ ਪ੍ਰਵਾਹ ਕੀਤੇ ਬਗੈਰ ਪਾਰਟੀ ਨੂੰ ਖੇਰੂੰ-ਖੇਰੂੰ ਕਰਨ 'ਤੇ ਤੁਲੇ ਹੋਏ ਹਨ , ਉਦੋਂ ਆਮ ਪਾਰਟੀ ਵਰਕਰ ਕੀ ਸਟੈਂਡ ਲਵੇ । ਟਿਕਟਾਂ ਦੀ ਵੰਡ ਤੋਂ ਵੀ ਅੱਧੀ ਪਾਰਟੀ ਸੰਤੁਸ਼ਟ ਨਹੀਂ ਹੋਵੇਗੀ ਅਤੇ ਇੱਕ-ਇੱਕ ਸੀਟ ਤੋਂ ਇੱਕ ਤੋਂ ਵੱਧ ਕਾਂਗਰਸੀਆਂ ਦੀ ਚੋਣਾਂ ਲੜਨ ਦੀ ਉਮੀਦ ਬਣੀ ਰਹੇਗੀ । ਪਾਰਟੀ ਦੇ ਪ੍ਰਤੀਬੱਧ ਵੋਟਰ ਚਾਹ ਕੇ ਵੀ ਪਾਰਟੀ ਦੇ ਹੱਕ ਵਿੱਚ ਨਹੀਂ ਭੁਗਤ ਸਕਣਗੇ, ਸਗੋਂ ਦੁਬਿਧਾ ਵਿੱਚ ਘਰ ਬੈਠਣ ਨੂੰ ਪਹਿਲ ਦੇਣਗੇ ਜਾਂ ਵਿਰੋਧੀ ਉਮੀਦਵਾਰ ਦੇ ਹੱਕ ਵਿੱਚ ਭੁਗਤਣਗੇ । 2024 ਲੋਕ ਸਭਾ ਚੋਣਾਂ ਵਿੱਚ 13 ਵਿੱਚੋਂ ਸਾਰੀਆਂ ਪਾਰਟੀਆਂ ਤੋਂ ਵੱਧ 8 ਉਮੀਦਵਾਰ ਜਿਤਾ ਕੇ ਪਾਰਟੀ ਵਿੱਚ ਪੁਨਰ-ਸੁਰਜੀਤੀ ਦੀ ਆਸ ਬੱਝੀ ਸੀ, ਪਰ 2024 ਤੋਂ ਬਾਅਦ ਬਹੁਤ ਸਾਰਾ ਪਾਣੀ ਪੁਲਾਂ ਹੇਠੋਂ ਗੁਜ਼ਰ ਚੁੱਕਾ ਹੈ ਅਤੇ ਇਸ ਸਮੇਂ ਪਾਰਟੀ ਅੰਦਰ ਬੇਉਮੀਦੀ ਭਾਰੂ ਹੈ । ਭੁਪੇਸ਼ ਬਘੇਲ ਤਾਂ ਸੁਲਘਦੀ ਅੱਗ ਨੂੰ ਠੰਢਾ ਨਹੀਂ ਕਰ ਸਕੇ । ਲਗਦਾ ਹੈ ਪਾਰਟੀ ਹਿੱਤ ਵਿਚ ਹਾਈ ਕਮਾਂਡ ਨੂੰ ਹੀ ਕੋਈ ਸਖ਼ਤ ਫੈਸਲਾ ਲੈਣਾ ਪਵੇਗਾ । ਚੰਨੀ ਧੜੇ ਦੀ ਸਪੱਸ਼ਟ ਮੰਗ ਹੈ ਕਿ ਰਾਜਾ ਵੜਿੰਗ ਪਾਰਟੀ ਪ੍ਰਧਾਨਗੀ ਤੋਂ ਅਸਤੀਫਾ ਦੇਵੇ, ਜਦ ਕਿ ਰਾਜਾ ਵੜਿੰਗ ਨੇ ਅਸਤੀਫਾ ਦੇਣ ਤੋਂ ਕੋਰਾ ਇਨਕਾਰ ਕਰ ਦਿੱਤਾ ਹੈ । ਬਘੇਲ ਵੀ ਰਾਜਾ ਵੜਿੰਗ ਨਾਲ ਖੜੇ ਦਿਖਾਈ ਦਿੰਦੇ ਹਨ । ਕੁਝ ਸੀਨੀਅਰ ਨੇਤਾ, ਜਿਨ੍ਹਾਂ ਤੋਂ ਉਮੀਦ ਸੀ ਕਿ ਉਹ ਵਿੱਚ ਪੈ ਕੇ ਸਮਝੌਤਾ ਕਰਵਾ ਦੇਣਗੇ ,ਉਹ ਵੀ ਪਤਾ ਨਹੀਂ ਕਿਉਂ ਦੂਰੀ ਬਣਾਈ ਬੈਠੇ ਹਨ । ਕਾਂਗਰਸ ਦੀ ਉੱਚ ਲੀਡਰਸ਼ਿਪ ਵਿਦਿਆਰਥੀ ਅੰਦੋਲਨ ਸਹਾਰੇ ਮੋਦੀ ਨੂੰ ਘੇਰਨ ਵਿੱਚ ਰੁੱਝੀ ਹੋਈ ਜਾਪਦੀ ਹੈ ਅਤੇ ਲਗਦਾ ਹੈ ਉਸ ਲਈ ਪੰਜਾਬ ਵਿਚਲੀ ਅੰਦਰੂਨੀ ਲੜਾਈ ਦਾ ਹੱਲ ਦੂਜੇ ਨੰਬਰ 'ਤੇ ਖਿਸਕ ਗਿਆ ਹੈ, ਜਦਕਿ ਲੋੜ ਹੈ ਇਸ ਵਬਾ ਦੇ ਫੌਰੀ ਇਲਾਜ ਦੀ ।

ਇਸੇ ਭੱਜ-ਨੱਠ ਵਿੱਚ ਕਾਂਗਰਸੀ ਨੇਤਾ ਕੁਲਬੀਰ ਸਿੰਘ ਜ਼ੀਰਾ ਨੇ ਸੁਝਾਅ ਦਿੱਤਾ ਹੈ ਕਿ ਪਾਰਟੀ ਦੇ ਟਾਪ ਦੇ ਲੀਡਰਾਂ ਨੂੰ ਵਿਰੋਧੀ ਪਾਰਟੀਆਂ ਦੇ ਟਾਪ ਦੇ ਲੀਡਰਾਂ ਖਿਲਾਫ ਟਿਕਟ ਦਿੱਤੀ ਜਾਵੇ । ਭਾਵੇਂ ਤਨਜ਼ ਵਿੱਚ ਹੀ ਸਹੀ , ਰਾਜਾ ਵੜਿੰਗ ਨੇ ਤਾਂ ਇਸ ਮੰਗ ਦੇ ਜਵਾਬ ਵਿੱਚ ਸੁਖਬੀਰ ਬਾਦਲ ਦੇ ਖਿਲਾਫ ਨਹੀਂ, ਸਗੋਂ ਭਗਵੰਤ ਮਾਨ ਦੇ ਖਿਲਾਫ ਚੋਣ ਟਿਕਟ ਲੈਣ ਦੀ ਮੰਗ ਵੀ ਰੱਖ ਦਿੱਤੀ ਹੈ । ਇਸ ਤਰ੍ਹਾਂ ਕਈ ਦਿੱਗਜ਼ਾਂ ਦੇ ਸੀਨ ਤੋਂ ਲਾਂਭੇ ਹੋ ਜਾਣ ਦੀ ਸੰਭਾਵਨਾ ਬਣ ਜਾਵੇਗੀ ਅਤੇ ਦੂਜੀ ਕਤਾਰ ਦੇ ਨੇਤਾਵਾਂ ਦਾ ਦਾਅ ਲੱਗ ਜਾਵੇਗਾ । ਕਿੱਕੀ ਢਿੱਲੋਂ ਵੀ ਇਹ ਕਹਿ ਕੇ ਮੈਦਾਨ ਵੱਚ ਕੁੱਦੇ ਹਨ ਕਿ ਸਟੇਜਾਂ ਤੋਂ ਟਿਕਟਾਂ ਨਾ ਵੰਡੀਆਂ ਜਾਣ ।

ਇਹ ਵੀ ਇੱਕ ਕੌੜੀ ਸਚਾਈ ਹੈ ਕਿ ਸਾਡੀ ਰਾਜਨੀਤੀ ਗੰਧਲੀ ਹੋ ਗਈ ਹੈ । ਰਾਤੋ-ਰਾਤ ਅਮੀਰ ਲੋਕਾਂ ਦੀ ਕਤਾਰ ਵਿੱਚ ਸ਼ਾਮਲ ਹੋਣ ਦੀ ਹੋੜ ਨੇ ਅਸੂਲ, ਵਿਚਾਰਧਾਰਾ, ਇਖਲਾਕ, ਨੈਤਿਕਤਾ ਨੂੰ ਪਿੱਛੇ ਧੱਕ ਦਿੱਤਾ ਹੈ । ਆਪਣੀ ਵਿਰੋਧੀ ਪਾਰਟੀ ਦੇ ਨੇਤਾਵਾਂ ਨੂੰ ਕਿਸੇ ਵੇਲੇ ਪਾਣੀ ਪੀ-ਪੀ ਕੇ ਕੋਸਣ ਵਾਲਾ ਵਿਅਕਤੀ ਪਤਾ ਨਹੀਂ ਕਦੋਂ ਉਸੇ ਵਿਰੋਧੀ ਨੇਤਾ ਦੀ ਗੋਦੀ ਚੜ੍ਹ ਜਾਵੇ ਅਤੇ ਉਸ ਦੇ ਔਗੁਣ ਉਸ ਲਈ ਸਦਗੁਣ ਬਣ ਜਾਣ । ਚੋਣਾਂ ਨੇੜੇ ਆਉਂਦਿਆਂ ਹੀ ਕਈਆਂ ਦਾ ਆਪਣੀ ਪਾਰਟੀ ਅੰਦਰ ਦਮ ਘੁੱਟਣ ਲੱਗ ਜਾਂਦਾ ਹੈ ਅਤੇ ਮਾਂ ਪਾਰਟੀ ਅਸੂਲਾਂ ਤੋਂ ਥਿੜਕਦੀ ਨਜ਼ਰ ਆਉਣ ਲੱਗ ਜਾਂਦੀ ਹੈ । ਹੋਰ ਕਈ ਆਪਣੀ ਮਾਂ ਪਾਰਟੀ ਵਿੱਚ ਵਾਪਸੀ ਕਰਨ ਲਈ ਤਰਲੋਮੱਛੀ ਹੁੰਦੇ ਦਿਖਾਈ ਦਿੰਦੇ ਹਨ । ਅਸਲ ਵਿੱਚ ਸਾਰਾ ਕਿੱਸਾ ਕੁਰਸੀ ਦਾ ਹੁੰਦਾ ਹੈ । ਪਾਰਟੀ ਨੂੰ ਨਹੀਂ, ਕੁਰਸੀ ਪ੍ਰਾਪਤੀ ਦੀ ਸੰਭਾਵਨਾ ਨੂੰ ਪਹਿਲ ਦਿੱਤੀ ਜਾਂਦੀ ਹੈ । ਦੂਜੀਆਂ ਪਾਰਟੀਆਂ ਵਾਂਗ ਅਜਿਹੇ ਦਲਬਦਲੂਆਂ ਦਾ ਕਾਂਗਰਸ ਪਾਰਟੀ ਵਿੱਚ ਵੀ ਕੋਈ ਤੋੜਾ ਨਹੀਂ। ਆਇਆ ਰਾਮ ਗਇਆ ਰਾਮ ਵੀ ਪਾਰਟੀ ਦੀ ਜਿੱਤ ਦੀਆਂ ਸੰਭਾਵਨਾਵਾਂ ਨੂੰ ਪ੍ਰਭਾਵਤ ਕਰਨਗੇ । ਕਾਂਗਰਸੀਆਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਵਿਰੋਧੀ ਪਾਰਟੀਆਂ ਤਾਂ ਕੈਚ ਬੋਚਣ ਲਈ ਘਾਤ ਲਗਾਈ ਬੈਠੀਆਂ ਹੀ ਹਨ । ਬਚੋ ! ਨਹੀਂ ਤਾਂ ਵਿਰੋਧੀ ਪਾਰਟੀਆਂ ਤੁਹਾਡੀ ਅੰਦਰੂਨੀ ਲੜਾਈ ਦਾ ਫਾਇਦਾ ਚੁੱਕ ਜਾਣਗੀਆਂ। ਲੋਕ ਕਾਂਗਰਸ ਦੀ ਅੰਦਰੂਨੀ ਲੜਾਈ ਤੋਂ ਅੱਕੇ ਪਏ ਹਨ ਅਤੇ ਵੱਖ ਵੱਖ ਰਾਵਾਂ ਪ੍ਰਗਟ ਕਰ ਰਹੇ ਹਨ । ਇੱਕ ਅਖ਼ਬਾਰ ਨੇ ਤਾਂ ਇਥੋਂ ਤੱਕ ਲਿਖ ਦਿੱਤਾ ਹੈ ਕਿ ਜੇਕਰ ਚੰਨੀ ਬਨਾਮ ਵੜਿੰਗ ਕਲੇਸ਼ ਖਤਮ ਨਹੀਂ ਹੁੰਦਾ ਤਾਂ ਕਾਂਗਰਸੀਆਂ ਨੂੰ ਪੰਜਾਬ ਵਿੱਚ ਆਪਣੀ ਸਰਕਾਰ ਬਣਾਉਣ ਦਾ ਸੁਪਨਾ ਛੱਡ ਦੇਣਾ ਚਾਹੀਦਾ ਹੈ।

ਅੱਜ ਜਦੋਂ ਸਮੇਂ ਦੀ ਮੰਗ ਹੈ ਵਿਰੋਧੀਆਂ 'ਤੇ ਹੱਲਾ ਬੋਲਣ ਦੀ, ਤੁਸੀਂ ਆਪਸ ਵਿੱਚ ਹੀ ਉਲਝ ਰਹੇ ਹੋ । ਲੋੜ ਹੈ ਮਿਹਨਤ ਕਰਕੇ ਹਵਾ ਦਾ ਰੁੱਖ ਆਪਣੀ ਪਾਰਟੀ ਦੇ ਹੱਕ ਵਿੱਚ ਕਰਨ ਦੀ । ਯਾਦ ਰੱਖਿਉ, ਮੁੱਖ ਮੰਤਰੀ ਤਾਂ ਹੀ ਬਣਾਉਗੇ, ਜੇਕਰ ਪਾਰਟੀ ਜਿੱਤੇਗੀ । ਪਾਰਟੀ ਤਾਂ ਜਿੱਤੇਗੀ ਜੇਕਰ ਚੋਣਾਂ ਇੱਕ ਝੰਡੇ ਥੱਲੇ ਇੱਕਜੁੱਟ ਹੋ ਕੇ ਲੜੋਗੇ।

**# ਸੰਪਰਕ : 98727-87243**

# ਸੀ ਪੀ ਆਈ ਦੀ ਕੌਮੀ ਰੈਲੀ 'ਬਦਲਾਅ ਜ਼ਰੂਰੀ ਹੈ' ਦੀ ਤਿਆਰੀ ਲਈ ਜਨ-ਸੰਪਰਕ ਮੁਹਿੰਮ ਸ਼ੁਰੂ



ਕੋਟਕਪੂਰਾ (ਰਛਪਾਲ ਭੁੱਲਰ)-ਭਾਰਤੀ ਕਮਿਊਨਿਸਟ ਪਾਰਟੀ ਵੱਲੋਂ 1 ਸਤੰਬਰ ਨੂੰ ਰਾਮ ਲੀਲਾ ਮੈਦਾਨ ਨਵੀਂ ਦਿੱਲੀ ਵਿਖੇ 'ਬਦਲਾਅ ਜ਼ਰੂਰੀ ਹੈ' ਦੇ ਨਾਅਰੇ ਨੂੰ ਮੁੱਖ ਰੱਖਦਿਆਂ ਕੌਮੀ ਰੈਲੀ ਕੀਤੀ ਜਾ ਰਹੀ ਹੈ। ਇਸ ਰੈਲੀ ਦੀ ਤਿਆਰੀ ਵਾਸਤੇ ਪਿੰਡਾਂ ਵਿੱਚ ਜਨ ਸੰਪਰਕ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਗਿਆ ਸੀ।ਪਾਰਟੀ ਵੱਲੋਂ ਉਲੀਕੇ ਗਏ ਪ੍ਰੋਗਰਾਮ ਨੂੰ ਲਾਗੂ ਕਰਦੇ ਹੋਏ ਅੱਜ ਇਸ ਦੀ ਸ਼ੁਰੂਆਤ ਜ਼ਿਲ੍ਹਾ ਫਰੀਦਕੋਟ ਦੇ ਪਿੰਡ ਔਲਖ ਵਿਖੇ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਦੀ ਯਾਦਗਾਰ ਤੋਂ ਕੀਤੀ ਗਈ।

ਇਸ ਤੋਂ ਬਾਅਦ ਨੇੜਲੇ ਪਿੰਡ ਜੀਵਨ ਵਾਲਾ ਤੇ ਘਣੀਏ ਵਾਲਾ ਵਿਖੇ ਵੀ ਲੋਕਾਂ ਦੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਕਾਰਜਕਾਰੀ ਸਕੱਤਰ ਪ੍ਰੇਮ ਚਾਵਲਾ, ਵਿੱਤ ਸਕੱਤਰ ਗੁਰਚਰਨ ਸਿੰਘ ਮਾਨ, ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਸੁਖਜਿੰਦਰ ਸਿੰਘ ਤੂੰਬੜਭੰਨ, ਨਰੇਗਾ ਰੋਜ਼ਗਰ ਪ੍ਰਾਪਤੀ ਮਜ਼ਦੂਰ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਸਕੱਤਰ ਕਾਮਰੇਡ ਗੋਰਾ ਪਿਪਲੀ, ਪਿੰਡ ਔਲਖ ਦੇ ਆਗੂ ਬੋਹੜ ਸਿੰਘ ਔਲਖ ਤੇ ਜਸਵੰਤ ਸਿੰਘ ਨਿੱਕਾ ਔਲਖ ਨੇ ਆਪਣੇ ਆਪਣੇ ਸੰਬੋਧਨ ਵਿੱਚ ਦੇਸ਼ ਦੇ ਮੌਜੂਦਾ ਹਾਲਾਤਾਂ ਬਾਰੇ ਵਿਚਾਰ ਪੇਸ਼ ਕੀਤੇ।ਆਗੂਆਂ ਨੇ ਦੋਸ਼ ਲਗਾਇਆ ਕਿ ਪਿਛਲੇ 12 ਸਾਲਾਂ ਦੇ ਰਾਜ ਭਾਗ ਦੌਰਾਨ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਦੀ ਦਬਾਅ ਹੇਠ ਲਗਾਤਾਰ ਮਜ਼ਦੂਰ ਵਿਰੋਧੀ ਨੀਤੀਆਂ ਨੂੰ ਲਾਗੂ ਕੀਤਾ ਹੈ।ਇਸ ਸਰਕਾਰ ਨੇ 29 ਕਿਰਤ ਕਾਨੂੰਨ ਖਤਮ ਕਰਕੇ ਚਾਰ ਲੇਬਰ ਕੋਡ ਲਾਗੂ ਕਰਕੇ ਕਾਰਪੋਰੇਟਾਂ ਦੇ ਹਿੱਤਾਂ ਦੀ ਪੂਰਤੀ ਕੀਤੀ ਹੈ।ਨਰੇਗਾ ਕਾਨੂੰਨ ਖਤਮ ਕਰਕੇ ਨਵਾਂ ਵੀ ਬੀ ਜੀ ਰਾਮ ਜੀ ਕਾਨੂੰਨ ਲਾਗੂ ਕਰ ਦਿੱਤਾ ਹੈ ਤੇ ਨਰੇਗਾ ਕਾਮਿਆਂ ਨੂੰ 125 ਦਿਨ ਕੰਮ ਦੇਣ ਦਾ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ, ਜਦ ਕਿ ਅਸਲ ਵਿੱਚ ਕੰਮ ਮਿਲਣ ਦੇ ਦਿਨ 35-40 ਦਿਨਾਂ ਤੋਂ ਵੱਧ ਨਹੀਂ ਹਨ।ਇਸ ਤੋਂ ਇਲਾਵਾ ਦੇਸ਼ ਵਿੱਚ ਫਿਰਕਾਪ੍ਰਸਤੀ ਜਾਤ-ਪਾਤ ਤੇ ਨਫਰਤ ਦੀ ਰਾਜਨੀਤੀ ਲਾਗੂ ਕੀਤੀ ਜਾ ਰਹੀ ਹੈ।ਸਾਡੇ ਦੇਸ਼ ਦੇ ਧਰਮ ਨਿਰਪੱਖ ਸੰਵਿਧਾਨ ਨੂੰ ਖਤਰਾ ਪੈਦਾ ਹੋ ਗਿਆ ਹੈ।ਵੱਖ ਵੱਖ ਵਿਭਾਗਾਂ ਦਾ ਤੇਜ਼ੀ ਨਾਲ ਨਿੱਜੀਕਰਨ ਕੀਤਾ ਜਾ ਰਿਹਾ ਹੈ।ਬੇਰੁਜ਼ਗਾਰੀ ਤੇ ਮਹਿੰਗਾਈ ਦਿਨੋਂ ਦਿਨ ਵੱਧ ਰਹੀ ਹੈ। ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਵੱਖ ਵੱਖ ਫਸਲਾਂ ਤੇ ਐੱਮ ਐੱਸ ਪੀ ਦੀ ਗਰੰਟੀ ਦਾ ਕਾਨੂੰਨੀ ਪਾਸ ਕਰਨ, ਬਨੇਗਾ ਦਾ ਕਾਨੂੰਨ ਪਾਰਲੀਮੈਂਟ ਵਿੱਚ ਪਾਸ ਕਰਨ ਤੋਂ ਸਰਕਾਰ ਮੁਨਕਰ ਹੋ ਗਈ ਹੈ।ਆਗੂਆਂ ਨੇ ਅੱਗੇ ਕਿਹਾ ਕਿ 1 ਸਤੰਬਰ ਦੀ ਕੌਮੀ ਰੈਲੀ ਮੋਦੀ ਸਰਕਾਰ ਨੂੰ ਲੋਕ ਪੱਖੀ ਫੈਸਲੇ ਲੈਣ ਲਈ ਮਜਬੂਰ ਕਰਨ ਵਾਸਤੇ ਕੀਤੀ ਜਾ ਰਹੀ ਹੈ।

ਆਗੂਆਂ ਨੇ ਐਲਾਨ ਕੀਤਾ ਕਿ 1 ਸਤੰਬਰ 2026 ਨੂੰ ਰਾਮ ਲੀਲਾ ਮੈਦਾਨ ਦਿੱਲੀ ਵਿਖੇ ਹੋ ਰਹੀ ਕੌਮੀ ਰੈਲੀ ਵਿੱਚ ਸ਼ਾਮਲ ਹੋਣ ਲਈ ਫਰੀਦਕੋਟ ਤੋਂ ਇੱਕ ਵੱਡਾ ਜੱਥਾ ਦਿੱਲੀ ਰੈਲੀ ਵਿੱਚ ਸ਼ਾਮਲ ਹੋਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰੇਸ਼ਮ ਸਿੰਘ ਜਿਉਣ ਵਾਲਾ, ਸੁਖਦਰਸ਼ਨ ਰਾਮ ਸ਼ਰਮਾ, ਸ਼ਿਵ ਕੁਮਾਰ ਸ਼ਰਮਾ ਔਲਖ, ਕੁਲਵੰਤ ਸਿੰਘ, ਬੂਟਾ ਸਿੰਘ ਡੀ ਸੀ, ਰੁਪਿੰਦਰ ਕੌਰ ਔਲਖ, ਪੈਨਸ਼ਨਰ ਆਗੂ ਕੁਲਵੰਤ ਸਿੰਘ ਚਾਨੀ, ਸੋਮ ਨਾਥ ਅਰੋੜਾ ਤੇ ਗੁਰਦੀਪ ਭੋਲਾ ਪੀ ਆਰ ਟੀ ਸੀ ਆਦਿ ਹਾਜ਼ਰ ਸਨ।

# ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਅਮਨ ਅਰੋੜਾ ਨੇ ਬੈਗ ਦੇਣ ਦੀ ਕੀਤੀ ਸ਼ੁਰੂਆਤ

- ਬਾਬੂ ਭਗਵਾਨ ਦਾਸ ਅਰੋੜਾ ਫਾਊਂਡੇਸ਼ਨ ਜ਼ਰੀਏ ਕੀਤਾ ਉਪਰਾਲਾ
- ਹੋਣਹਾਰਾਂ ਨੂੰ ਸਰਟੀਫਿਕੇਟ ਤੇ ਮੈਡਲਾਂ ਨਾਲ ਕੀਤਾ ਸਨਮਾਨਤ



ਸੁਨਾਮ/ਲੌਂਗੋਵਾਲ (ਅਸ਼ੋਕ ਬਾਂਸਲ, ਹਾਕਮ ਭੱਟੀ)-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਸੁਨਾਮ ਹਲਕੇ ਵਿੱਚ ਸਕੂਲੀ ਸਿੱਖਿਆ ਦੇ ਖੇਤਰ ਨੂੰ ਹੋਰ ਹੁਲਾਰਾ ਦੇਣ ਲਈ ਇਕ ਵਿਸ਼ੇਸ਼ ਉਪਰਾਲੇ ਤਹਿਤ ਹਲਕੇ ਦੇ 129 ਸਰਕਾਰੀ ਸਕੂਲਾਂ ਵਿੱਚ ਪੜ੍ਹਦੇ 19,886 ਵਿਦਿਆਰਥੀਆਂ ਨੂੰ ਸਕੂਲ ਬੈਗ ਮੁਹੱਈਆ ਕਰਵਾਉਣ ਦੀ ਸ਼ੁਰੂਆਤ 6ਵੀਂ ਤੋਂ 12ਵੀਂ ਜਮਾਤ ਤੱਕ ਦੀਆਂ 5,710 ਵਿਦਿਆਰਥਣਾਂ ਨੂੰ ਸਕੂਲ ਬੈਗ ਵੰਡ ਕੇ ਕੀਤੀ।ਇਸ ਮੌਕੇ ਸ੍ਰੀ ਅਰੋੜਾ ਦੀ ਧਰਮਪਤਨੀ ਸ਼੍ਰੀਮਤੀ ਸਬੀਨਾ ਅਰੋੜਾ ਵੀ ਉਨ੍ਹਾਂ ਦੇ ਨਾਲ ਸਨ।

ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਇਹ ਪਹਿਲ ਉਨ੍ਹਾਂ ਦੇ ਪਰਵਾਰ ਵੱਲੋਂ 'ਬਾਬੂ ਭਗਵਾਨ ਦਾਸ ਅਰੋੜਾ ਫਾਊਂਡੇਸ਼ਨ' ਰਾਹੀਂ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕੇ ਦੇ ਬਾਕੀ ਸਾਰੇ ਵਿਦਿਆਰਥੀਆਂ ਨੂੰ ਵੀ ਸਕੂਲ ਬੈਗ ਮੁਹੱਈਆ ਕਰਵਾਏ ਜਾਣਗੇ। ਕੈਬਨਿਟ ਮੰਤਰੀ ਨੇ ਕਿਹਾ ਕਿ ਆਰਥਿਕ ਤੌਰ 'ਤੇ ਕਮਜ਼ੋਰ ਤੇ ਲੋੜਵੰਦ ਪਰਵਾਰਾਂ ਦੇ ਬੱਚਿਆਂ ਨੂੰ ਪੜ੍ਹਾਈ ਨਾਲ ਸਬੰਧਤ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਇਸ ਪਹਿਲ ਦਾ ਮੰਤਵ ਵਿਦਿਆਰਥੀਆਂ ਨੂੰ ਸਹੂਲਤ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਪੜ੍ਹਾਈ ਪ੍ਰਤੀ ਉਤਸ਼ਾਹ ਤੇ ਆਤਮ-ਵਿਸ਼ਵਾਸ ਪੈਦਾ ਕਰਨਾ ਹੈ।

ਸ੍ਰੀ ਅਰੋੜਾ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਵਿੱਚ ਹੋਰ ਮਿਹਨਤ ਕਰਨ ਲਈ ਉਤਸ਼ਾਹਤ ਕਰਨ ਵਾਸਤੇ ਸੁਨਾਮ ਹਲਕੇ ਦੇ ਉਨ੍ਹਾਂ ਹੋਣਹਾਰ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਹੈ, ਜਿਨ੍ਹਾਂ ਨੇ ਐੱਨ.ਈ.ਈ.ਟੀ. ਤੇ ਜੇ.ਈ.ਈ. ਵਰਗੀਆਂ ਕੌਮੀ ਪੱਧਰ ਦੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸਫਲਤਾ ਹਾਸਲ ਕੀਤੀ ਹੈ।

ਇਸ ਤੋਂ ਇਲਾਵਾ ਆਪਣੀਆਂ ਜਮਾਤਾਂ ਵਿੱਚ ਪਹਿਲੀ, ਦੂਜੀ ਤੇ ਤੀਜੀ ਪੁਜ਼ੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਰਟੀਫਿਕੇਟ ਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ ਹੈ।ਸ੍ਰੀ ਅਰੋੜਾ ਨੇ ਕਿਹਾ ਕਿ ਵਿਦਿਆਰਥੀ ਦੇ ਰੌਸ਼ਨ ਭਵਿੱਖ ਲਈ ਲਗਾਤਾਰ ਯਤਨਸ਼ੀਲ ਹੈ ਤੇ ਸੰਬੰਧਤ ਦਾ ਮੰਤਵ ਹਰ ਬੱਚੇ ਨੂੰ ਗੁਣਵੱਤਾਪੂਰਨ ਸਿੱਖਿਆ ਦੇ ਮੌਕੇ ਪ੍ਰਦਾਨ ਕਰਕੇ ਉਸ ਦੇ ਉੱਜਵਲ ਭਵਿੱਖ ਦੀ ਨੀਂਹ ਮਜ਼ਬੂਤ ਕਰਨਾ ਹੈ।ਇਸ ਮੌਕੇ ਡਿਪਟੀ ਕਮਿਸ਼ਨਰ, ਜ਼ਿਲ੍ਹਾ ਪੁਲਸ ਮੁਖੀ, ਜ਼ਿਲ੍ਹਾ ਸਿੱਖਿਆ ਅਫ਼ਸਰ, ਰਸ਼ਪਾਲ ਕੌਰ ਪ੍ਰਧਾਨ ਨਗਰ ਕੌਂਸਲ ਤੇ ਕਰਮਜੀਤ ਕੌਰ ਮੀਤ ਪ੍ਰਧਾਨ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਤੇ ਵੱਡੀ ਗਿਣਤੀ ਵਿਦਿਆਰਥੀ ਤੇ ਮਾਪੇ ਅਤੇ ਨਗਰ ਨਿਵਾਸੀ ਹਾਜ਼ਰ ਸਨ।

# ਸਨੌਰ ਹਲਕੇ 'ਚ ਵਿਕਾਸ ਕਾਰਜਾਂ ਦੇ ਸਰਕਾਰੀ ਦਾਅਵੇ ਠੁੱਸ : ਰਾਕੇਸ਼ ਬੱਗਾ



ਸਨੌਰ/ਪਟਿਆਲਾ (ਰਜਿੰਦਰ ਸਿੰਘ ਥਿੰਦ)-ਵਿਧਾਨ ਸਭਾ ਹਲਕੇ ਸਨੌਰ ਅੰਦਰ ਵਿਕਾਸ ਨਾਂ ਦੀ ਕੋਈ ਚੀਜ਼ ਨਜ਼ਰ ਨਹੀਂ ਆ ਰਹੀ। ਸੜਕਾਂ ਟੁੱਟੀਆਂ ਪਈਆਂ ਹਨ, ਲੋਕ ਪ੍ਰੇਸ਼ਾਨ ਹਨ, ਆਮ ਆਦਮੀ ਪਾਰਟੀ ਦੇ ਆਗੂ ਸਿਰਫ ਨੀਂਹ ਪੱਥਰ ਰੱਖ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ। ਹਲਕਾ ਸਨੌਰ ਦੇ ਸੇਵਾਦਾਰ ਤੇ ਆਜ਼ਾਦ ਉਮੀਦਵਾਰ ਪਿੰਡ ਚੜ੍ਹਵੀ ਵਿਖੇ ਰਾਕੇਸ਼ ਬੱਗਾ ਨੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਣ ਤੋਂ ਬਾਅਦ ਇਸ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਪਿੰਡ ਦੀ ਪੰਜ ਮੈਂਬਰੀ ਕਮੇਟੀ ਵੱਲੋਂ ਉਨ੍ਹਾਂ ਦਾ ਅਤੇ ਸਤਪਾਲ ਸਿੰਘ, ਬਲਵੀਰ ਸਿੰਘ, ਧਰਮਪਾਲ ਸਿੰਘ, ਰਾਜੇਸ਼ ਬੱਗਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਸਮਾਗਮ ਦੌਰਾਨ ਹਾਜ਼ਰ ਲੋਕਾਂ ਨੇ ਰਾਕੇਸ਼ ਬੱਗਾ ਪ੍ਰਤੀ ਆਪਣਾ ਸਮਰਥਨ ਤੇ ਭਰੋਸਾ ਪ੍ਰਗਟ ਕੀਤਾ।ਇਸ ਮੌਕੇ ਰਾਕੇਸ਼ ਬੱਗਾ ਨੇ ਪੰਜ ਮੈਂਬਰੀ ਕਮੇਟੀ ਤੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਪਿਆਰ ਤੇ ਸਨਮਾਨ ਉਨ੍ਹਾਂ ਲਈ ਹੌਸਲੇ ਦੀ ਗੱਲ ਹੈ।ਉਨ੍ਹਾਂ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਤੇ ਇਲਾਕੇ ਦੀ ਬਿਹਤਰੀ ਲਈ ਯਤਨ ਜਾਰੀ ਰੱਖਣ ਦੀ ਗੱਲ ਕਹੀ।ਸਮਾਗਮ ਦੌਰਾਨ ਪਿੰਡ ਵਾਸੀ ਪਿਆਰਾ ਸਿੰਘ, ਜਸਮੇਰ ਸਿੰਘ, ਮਾਣਾ, ਗੱਬਰ, ਗੁਰਜੀਤ ਸਿੰਘ ਆਦਿ ਸ਼ਾਮਲ ਰਹੇ।

# ਸ਼ਹੀਦ ਕਿਰਨਜੀਤ ਕੌਰ ਦਾ 29ਵਾਂ ਯਾਦਗਾਰੀ ਸਮਾਗਮ ਅੱਜ, ਤਿਆਰੀਆਂ ਮੁਕੰਮਲ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸ਼ਹੀਦ ਕਿਰਨਜੀਤ ਕੌਰ ਮਹਿਲ ਕਲਾਂ ਦੇ 12 ਅਗਸਤ ਨੂੰ ਦਾਣਾ ਮੰਡੀ ਮਹਿਲ ਕਲਾਂ ਵਿਖੇ ਹੋ ਰਹੇ 29ਵੇਂ ਯਾਦਗਾਰੀ ਸਮਾਗਮ ਦੀਆਂ ਤਿਆਰੀਆਂ ਲਈ ਲਾਮਬੰਦੀ ਅੰਤਿਮ ਪੜਾਅ 'ਤੇ ਪਹੁੰਚ ਗਈ ਹੈ।ਭਾਕਿਯੂ ਡਕੌਂਦਾ-ਧਨੇਰ ਤੇ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਸ਼ੁਰੂ ਕੀਤੀ ਮੁਹਿੰਮ ਨੇ ਧਨੇਰ, ਮੂੰਮ, ਕਲਾਲਾ, ਰਾਏਸਰ, ਸਹਿਜੜਾ ਵੱਡੀਆਂ ਮੀਟਿੰਗਾਂ ਕਰਨ ਉਪਰੰਤ ਨੌਜਵਾਨ ਵਿਦਿਆਰਥੀਆਂ ਦੀ ਅਗਵਾਈ 'ਚ ਵਿਸ਼ਾਲ ਮੋਟਰਸਾਈਕਲ ਮਾਰਚ ਕੀਤਾ ਗਿਆ। ਇਸ ਮੁਹਿੰਮ ਦੀ ਵਿਸ਼ੇਸ਼ ਗੱਲ ਇਹ ਰਹੀ ਕਿ ਨੌਜਵਾਨ ਕੁੜੀਆਂ ਨੇ ਮੀਟਿੰਗਾਂ ਤੇ ਮੋਟਰਸਾਈਕਲ ਮਾਰਚ ਵਿੱਚ ਖੁਦ ਅਗਵਾਈ ਕੀਤੀ।ਪਿੰਡਾਂ ਦੀ ਮੁਹਿੰਮ ਸਮੇਂ ਸੰਬੋਧਨ ਕਰਦਿਆਂ ਆਗੂਆਂ ਮਨਜੀਤ ਸਿੰਘ ਧਨੇਰ, ਗੁਰਬਿੰਦਰ ਸਿੰਘ ਕਲਾਲਾ, ਗੁਰਦੇਵ ਸਿੰਘ ਮਾਂਗੇਵਾਲ, ਜਗਰਾਜ ਸਿੰਘ ਹਰਦਾਸਪੁਰਾ, ਹਰਪ੍ਰੀਤ ਮਲੂਕਪੁਰ, ਤਾਨੀਆ, ਸਹਿਜ ਦੀਪ, ਰੁਪਿੰਦਰ ਕੌਰ, ਦਰਸ਼ਨ ਸਿੰਘ ਦਸੌਂਦਾ ਸਿੰਘ ਵਾਲਾ, ਗੁਰਮੀਤ ਸੁਖਪੁਰਾ, ਸੁਖਵਿੰਦਰ ਠੀਕਰੀਵਾਲਾ, ਨਾਨਕ ਸਿੰਘ ਅਮਲਾ ਸਿੰਘ ਵਾਲਾ, ਸਤਨਾਮ ਸਿੰਘ ਮੂੰਮ, ਅਜਮੇਰ ਸਿੰਘ ਕਾਲਸਾਂ, ਮਨਪ੍ਰੀਤ ਠੀਕਰੀਵਾਲ, ਗੁਰਸ਼ਰਨ ਕੌਰ ਮਹਿਲ ਕਲਾਂ, ਪਵਿੱਤਰ ਸਿੰਘ ਰਾਏਸਰ, ਹਰਮਨਦੀਪ ਸਿੰਘ, ਪਰਮਜੀਤ ਸਿੰਘ ਦਰਦੀ, ਗੁਰਵਿੰਦਰ ਸਿੰਘ, ਜੋਬਨਦੀਪ ਸਿੰਘ ਨੇ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਮਹਿਲ ਕਲਾਂ ਲੋਕ ਘੋਲ ਦੇ ਵਿਗਿਆਨ ਬਾਰੇ ਵਿਸਥਾਰ ਵਿੱਚ ਚਾਨਣਾ ਪਾਇਆ।ਆਗੂਆਂ ਵੱਲੋਂ 12 ਅਗਸਤ ਨੂੰ ਸ਼ਹੀਦ ਕਿਰਨਜੀਤ ਕੌਰ ਦੇ ਬਰਸੀ ਸਮਾਗਮ ਲਈ ਹਰ ਸੰਭਵ ਸਹਿਯੋਗ ਦੀ ਅਪੀਲ ਕਰਦਿਆਂ ਪਰਵਾਰਾਂ ਸਮੇਤ ਕਾਫਲੇ ਬੰਨ੍ਹ ਕੇ ਪਹੁੰਚਣ ਦਾ ਸੱਦਾ ਦਿੱਤਾ ਗਿਆ।

## ਕਾਤਰਾਂ

### ਐੱਸ ਪੀ (ਡੀ) ਖੰਨਾ ਪਵਨਜੀਤ ਨੂੰ ਮਿਲੇਗਾ ਮੁੱਖ ਮੰਤਰੀ ਮੈਡਲ



ਦੋਰਾਹਾ (ਹਰਮਿੰਦਰ ਸੇਠ)-ਪੰਜਾਬ ਸਰਕਾਰ ਵੱਲੋਂ ਸੁਤੰਤਰਤਾ ਦਿਵਸ-2026 ਦੇ ਮੌਕੇ ਐਸ.ਪੀ. (ਡੀ) ਪਵਨਜੀਤ ਪੀ.ਪੀ.ਐਸ. ਨੂੰ ਉਨ੍ਹਾਂ ਦੀ ਸ਼ਾਨਦਾਰ ਪੁਲਿਸ ਸੇਵਾ, ਡਿਊਟੀ ਪ੍ਰਤੀ ਸਮਰਪਣ, ਤਨਦੇਹੀ ਤੇ ਬਿਹਤਰੀਨ ਕਾਰਗੁਜ਼ਾਰੀ ਲਈ ਵੱਕਾਰੀ ਮੁੱਖ ਮੰਤਰੀ ਮੈਡਲ ਨਾਲ ਸਨਮਾਨਤ ਕਰਨ ਦਾ ਐਲਾਨ ਕੀਤਾ ਗਿਆ ਹੈ।ਇਹ ਮਾਣਮੱਤੀ ਉਪਲਬਧੀ 'ਤੇ ਸੀਨੀਅਰ ਪੁਲਸ ਕਪਤਾਨ (ਐਸ.ਐਸ.ਪੀ.) ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਸ੍ਰੀ ਪਵਨਜੀਤ ਪੀ.ਪੀ.ਐਸ. ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਦੀ ਮਿਹਨਤ, ਫਰਜ਼ ਪ੍ਰਤੀ ਵਚਨਬੱਧਤਾ ਅਤੇ ਪੁਲਿਸ ਸੇਵਾ ਪ੍ਰਤੀ ਸਮਰਪਤ ਭਾਵਨਾ ਦੀ ਪ੍ਰਤੱਖ ਮਿਸਾਲ ਹੈ।ਡਾ. ਦਰਪਣ ਆਹਲੂਵਾਲੀਆ ਨੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੁਲਿਸ ਅਧਿਕਾਰੀ ਵੱਲੋਂ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦੇਣ ਨਾਲ ਪੁਲਸ ਫੋਰਸ ਦਾ ਮਨੋਬਲ ਹੋਰ ਉੱਚਾ ਹੁੰਦਾ ਹੈ।

### ਪੈਰਾ ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਵੱਲੋਂ ਧਰਨੇ ਦਾ ਨੋਟਿਸ


ਫ਼ਿਰੋਜ਼ਪੁਰ (ਗੁਰਬਚਨ ਸਿੰਘ)-ਪੈਰਾ ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਪੰਜਾਬ ਵੱਲੋਂ ਕੋਆਰਡੀਨੇਟਰ ਨਰਿੰਦਰ ਸ਼ਰਮਾ ਤੇ ਗੁਲਜ਼ਾਰ ਖਾਨ ਦੀ ਅਗਵਾਈ ਹੇਠ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਸਿਵਲ ਸਰਜਨ ਰਾਹੀਂ ਡਾਇਰੈਕਟਰ ਸਿਹਤ ਸੇਵਾਵਾਂ ਤੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਨੂੰ 20 ਅਗਸਤ ਨੂੰ ਧਰਨਾ ਦੇਣ ਸਬੰਧੀ ਨੋਟਿਸ ਦਿੱਤਾ ਗਿਆ।ਜਸਵਿੰਦਰ ਸਿੰਘ ਕੌੜਾ ਨੇ ਦੱਸਿਆ ਕਿ 23 ਜੁਲਾਈ ਨੂੰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਦੋਵੇਂ ਡਾਇਰੈਕਟਰਾਂ ਨੂੰ ਮੰਗ ਪੱਤਰ ਸੌਂਪ ਕੇ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਮੀਟਿੰਗ ਲਈ ਸਮਾਂ ਮੰਗਿਆ ਗਿਆ ਸੀ।ਉਨ੍ਹਾਂ ਕਿਹਾ ਕਿ ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਮੀਟਿੰਗ ਦਾ ਸਮਾਂ ਨਾ ਮਿਲਣ ਕਾਰਨ ਪੈਰਾ ਮੈਡੀਕਲ ਸਿਹਤ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸੰਘਰਸ਼ ਕਮੇਟੀ ਵੱਲੋਂ ਮੀਟਿੰਗ ਕਰਕੇ ਹੁਣ ਸਿਵਲ ਸਰਜਨ ਰਾਹੀਂ ਡਾਇਰੈਕਟਰ ਦਫ਼ਤਰ ਵਿਖੇ 20 ਅਗਸਤ ਦੇ ਧਰਨੇ ਦਾ ਨੋਟਿਸ ਦਿੱਤਾ ਗਿਆ ਹੈ।

### ਲੜਕੀ ਭੇਦਭਰੀ ਹਾਲਤ 'ਚ ਲਾਪਤਾ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਨਿਵਾਸੀ ਬਿੰਦੇਸਵਰ ਮਹਿਤੋ ਦੀ ਨੌਜਵਾਨ ਲੜਕੀ ਮਨੂ ਦੇਵੀ (18) ਭੇਤਭਰੇ ਢੰਗ ਨਾਲ ਲਾਪਤਾ ਹੋ ਗਈ ਹੈ। ਲੜਕੀ ਦੀ ਮਾਤਾ ਸੀਮਾ ਦੇਵੀ ਨੇ ਪੁਲਸ ਕੋਲ ਰਿਪੋਰਟ ਦਰਜ ਕਰਵਾਈ ਕਿ ਉਸ ਦੀ ਲੜਕੀ ਮਨੂ ਦੇਵੀ ਘਰੋਂ ਪਸ਼ੂਆਂ ਦਾ ਚਾਰਾ ਲੈਣ ਲਈ ਗਈ, ਪਰ ਮੁੜ ਕੇ ਵਾਪਸ ਨਾ ਪਰਤੀ। ਪਰਿਵਾਰ ਵੱਲੋਂ ਆਸਪਾਸ ਤੇ ਰਿਸ਼ਤੇਦਾਰਾਂ ਵਿੱਚ ਲੜਕੀ ਦੀ ਕਾਫ਼ੀ ਤਲਾਸ਼ ਕੀਤੀ ਗਈ, ਪਰ ਉਸ ਦਾ ਕੋਈ ਸੁਰਾਗ ਨਾ ਮਿਲਿਆ। ਪਰਿਵਾਰ ਨੇ ਸ਼ਿਕਾਇਤ ਵਿੱਚ ਅਗਵਾ ਹੋਣ ਜਾਂ ਕੋਈ ਹੋਰ ਸ਼ੰਕਾ ਜ਼ਾਹਰ ਨਹੀਂ ਕੀਤੀ। ਉਨ੍ਹਾਂ ਦੱਸਿਆ ਕਿ ਲੜਕੀ ਸੱਤਵੀਂ ਪਾਸ ਹੈ, ਜੋ ਕਿ ਪੰਜਾਬੀ ਤੇ ਹਿੰਦੀ ਦੋਵੇਂ ਭਾਸ਼ਾ ਬੋਲ ਲੈਂਦੀ ਹੈ।

# ਗੁਰੂ ਨਾਨਕ ਕਾਲਜ ਵਿਖੇ ਸਿਵਲ ਸੇਵਾਵਾਂ ਪ੍ਰੀਖਿਆ ਟੈਸਟ ਕਰਵਾਇਆ



ਮੋਗਾ (ਇਕਬਾਲ ਸਿੰਘ ਖਹਿਰਾ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ ਤੇ ਵਿੱਦਿਆ ਸਕੱਤਰ ਸੁਖਮਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਨਾਨਕ ਕਾਲਜ, ਮੋਗਾ ਵਿਖੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਸੀ.ਸੀ.ਐੱਲ.ਪੀ. ਪ੍ਰੋਗਰਾਮ ਰਾਹੀਂ, ਜੋ ਵਿਦਿਆਰਥੀ ਸਿਵਲ ਸੇਵਾਵਾਂ ਪ੍ਰੀਖਿਆ ਦੀ ਤਿਆਰੀ ਕਰਨਾ ਚਾਹੁੰਦੇ ਹਨ, ਉਨ੍ਹਾਂ ਲਈ ਕਾਲਜ ਪੱਧਰ 'ਤੇ ਇੱਕ ਟੈਸਟ ਲਿਆ ਗਿਆ।ਲੱਗਭੱਗ 68 ਵਿਦਿਆਰਥੀਆਂ ਨੇ ਇਹ ਟੈਸਟ ਦਿੱਤਾ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਸੀ.ਸੀ.ਐੱਲ.ਪੀ. ਦੇ ਨੋਡਲ ਅਫ਼ਸਰ ਡਾ. ਰਾਗਨੀ ਸ਼ਰਮਾ, ਅਸਿ. ਪ੍ਰੋ. (ਇਤਿਹਾਸ) ਨੇ ਦੱਸਿਆ ਕਿ ਜੋ ਵਿਦਿਆਰਥੀ ਇਸ ਟੈਸਟ ਵਿੱਚ ਪਾਸ ਹੋਣਗੇ, ਉਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੁਫ਼ਤ ਕੋਚਿੰਗ ਦਿੱਤੀ ਜਾਵੇਗੀ। ਡਾ. ਮਨਪ੍ਰੀਤ ਕੌਰ, ਅਸਿ. ਪ੍ਰੋ. (ਪੋਲ. ਸਾਇੰਸ) ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆਂ ਕਿ ਕਾਲਜ ਦੇ ਵਿਦਿਆਰਥੀਆਂ ਵਿੱਚ ਇਸ ਟੈਸਟ ਨੂੰ ਲੈ ਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਵਿਦਿਆਰਥੀਆਂ ਨੂੰ ਜੋ ਸਹੂਲਤ ਸੀ.ਸੀ.ਐੱਲ.ਪੀ. ਦੇ ਪ੍ਰੋਗਰਾਮ ਅਧੀਨ ਮਿਲ ਰਹੀ ਹੈ, ਉਸ ਦਾ ਵੱਧ ਤੋਂ ਵੱਧ ਫ਼ਾਇਦਾ ਲੈਣਾ ਚਾਹੀਦਾ ਹੈ।ਕਾਲਜ ਦੇ ਪ੍ਰਿੰਸੀਪਲ ਡਾ. ਗੁਰਿੰਦਰ ਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਸੀ.ਸੀ.ਐੱਲ.ਪੀ. ਪ੍ਰੋਗਰਾਮ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਹ ਬਹੁਤ ਹੀ ਸ਼ਲਾਘਾਯੋਗ ਕਦਮ ਚੁੱਕਿਆ ਹੈ।ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਇਸਦਾ ਫ਼ਾਇਦਾ ਉਠਾ ਕੇ ਆਪਣੇ ਵਰਤਮਾਨ ਦੀ ਸੁਚੱਜੇ ਢੰਗ ਨਾਲ ਵਰਤੋਂ ਕਰਕੇ ਭਵਿੱਖ ਨੂੰ ਸੰਵਾਰਨਾ ਚਾਹੀਦਾ ਹੈ।ਪ੍ਰਿੰਸੀਪਲ ਸਾਹਿਬ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਉਪਰਾਲਾ ਸਮਾਜ ਦੀ ਬਿਹਤਰੀ ਤੇ ਨੌਜਵਾਨਾਂ ਨੂੰ ਸਹੀ ਮਾਰਗ ਦਿਖਾਉਣ ਵਿੱਚ ਬਹੁਤ ਮਹੱਤਵਪੂਰਨ ਰੋਲ ਅਦਾ ਕਰੇਗਾ ਤੇ ਆਸ ਕਰਦੇ ਹਾਂ ਕਿ ਭਵਿੱਖ ਵਿੱਚ ਇਸ ਤੋਂ ਵੱਧ ਵਿਦਿਆਰਥੀ ਉਤਸ਼ਾਹ ਨਾਲ ਇਸ ਵਿੱਚ ਹਿੱਸਾ ਲੈਣਗੇ।

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਵਿਧਾਇਕ ਕੋਹਲੀ ਵੱਲੋਂ ਦੋ ਬੱਸਾਂ ਰਵਾਨਾ



ਪਟਿਆਲਾ (ਰਜਿੰਦਰ ਸਿੰਘ ਥਿੰਦ)

ਪੰਜਾਬ ਸਰਕਾਰ ਦੀ ਵਿਰਾਸਤ ਸੇਵਾ ਸੰਗਠਨ ਵੱਲੋਂ ਚੱਲ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਟਿਆਲਾ ਸ਼ਹਿਰ ਦੇ ਸੰਤ ਨਗਰ ਤੇ ਪੁਰਾਣਾ ਬੱਸ ਸਟੈਂਡ ਤੋਂ ਅੱਜ ਦੋ ਬੱਸਾਂ ਰਵਾਨਾ ਕੀਤੀਆਂ।ਇਸ ਮੌਕੇ ਹਲਕਾ ਕੋਆਰਡੀਨੇਟਰ ਹਰਵਿੰਦਰਪਾਲ ਸਿੰਘ ਵਿੰਟੀ, ਸੰਜੀਵ ਕੁਮਾਰ, ਵਾਰਡ ਨੰਬਰ 49 ਦੇ ਐੱਮ.ਸੀ. ਨੇਹਾ ਸਿੱਧੂ ਤੇ ਵਾਰਡ ਨੰਬਰ 50 ਦੇ ਐੱਮ.ਸੀ. ਹਰਮਨ ਸੰਧੂ ਵੀ ਮੌਜੂਦ ਸਨ।ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਹ ਯਾਤਰਾ ਤਿੰਨ ਦਿਨ ਲਈ ਹੈ, ਜਿੱਥੇ ਕਿ ਵਧੀਆ ਹੋਟਲ ਵਿਚ ਖਾਣਾ ਤੇ ਰਹਿਣ ਦਾ ਪ੍ਰਬੰਧ ਹੁੰਦਾ ਹੈ।ਇਹ ਜਲ੍ਹਿਆਂਵਾਲਾ ਬਾਗ, ਰਾਮ ਤੀਰਥ ਮੰਦਰ, ਦੁਰਗਿਆਨਾ ਮੰਦਰ ਤੇ ਵਾਹਗਾ ਬਾਰਡਰ ਵੀ ਜਾਂਦੀ ਹੈ।ਇਸ ਤੀਰਥ ਯਾਤਰਾ ਦਾ ਸਾਰਾ ਖਰਚ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ, ਕਿਸੇ ਵੀ ਸ਼ਰਧਾਲੂ ਤੋਂ ਕੋਈ ਪੈਸਾ ਨਹੀਂ ਲਿਆ ਜਾ ਰਿਹਾ। ਉਨ੍ਹਾਂ ਦੱਸਿਆ ਕਿ ਹੁਣ ਤੱਕ ਅਣਗਿਣਤ ਸ਼ਰਧਾਲੂ ਤੀਰਥ ਯਾਤਰਾ ਕਰ ਚੁੱਕੇ ਹਨ ਤੇ ਲੱਖਾਂ ਸ਼ਰਧਾਲੂ ਲਗਾਤਾਰ ਸਬੰਧਤ ਇਲਾਕੇ ਦੇ ਆਗੂਆਂ ਨਾਲ ਸੰਪਰਕ ਕਰ ਰਹੇ ਹਨ, ਜਿਨ੍ਹਾਂ ਨੂੰ ਇਹ ਯਾਤਰਾ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਸਰਕਾਰ ਨੇ ਇਸ ਉਪਰਾਲੇ ਦਾ ਸੂਬਾ ਵਾਸੀਆਂ ਵੱਲੋਂ ਸਹਿਯੋਗ ਕਰਨ ਦੇ ਨਾਲ ਨਾਲ ਧੰਨਵਾਦ ਵੀ ਕੀਤਾ ਜਾ ਰਿਹਾ ਹੈ।ਇਸ ਮੌਕੇ ਵਿਧਾਇਕ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਧਾਰਮਿਕ ਆਸਥਾ ਨਾਲ ਜੁੜੇ ਲੋਕਾਂ ਲਈ ਇੱਕ ਵੱਡਾ ਉਪਰਾਲਾ ਹੈ।ਉਨ੍ਹਾ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਦ ਤੇ ਮੰਗਲਮਈ ਯਾਤਰਾ ਦੀ ਕਾਮਨਾ ਕੀਤੀ। ਸ਼ਰਧਾਲੂਆਂ ਨੇ ਵੀ ਪੰਜਾਬ ਸਰਕਾਰ ਤੇ ਵਿਧਾਇਕ ਕੋਹਲੀ ਦਾ ਧੰਨਵਾਦ ਕਰਦਿਆਂ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ।

# ਆਈ ਡੀ ਪੀ ਡੀ ਵੱਲੋਂ ਮੈਡੀਕਲ ਕਾਲਜਾਂ ਦੀਆਂ ਵਧਾਈਆਂ ਫੀਸਾਂ ਵਾਪਸ ਲੈਣ ਦੀ ਮੰਗ



ਲੁਧਿਆਣਾ (ਐੱਮ ਐੱਸ ਭਾਟੀਆ)-ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ ਡੀ ਪੀ ਡੀ) ਨੇ ਪੰਜਾਬ ਸਰਕਾਰ ਵੱਲੋਂ ਮੈਡੀਕਲ ਕਾਲਜਾਂ ਦੀਆਂ ਐੱਮ ਬੀ ਬੀ ਐੱਸ ਫੀਸਾਂ ਵਿੱਚ ਕੀਤੇ ਗਏ ਲਗਾਤਾਰ ਵਾਧੇ ਦਾ ਵਿਰੋਧ ਕਰਦਿਆਂ ਸਰਕਾਰ ਦੇ ਇਸ ਫੈਸਲੇ ਨੂੰ ਵਾਪਸ ਲੈਣ ਦੀ ਮੰਗ ਕੀਤੀ ਹੈ।ਆਈ ਡੀ ਪੀ ਡੀ ਦੇ ਕੌਮੀ ਪ੍ਰਧਾਨ ਡਾ. ਅਰੁਣ ਮਿੱਤਰਾ ਤੇ ਕੇਂਦਰੀ ਕਮੇਟੀ ਮੈਂਬਰ ਡਾ. ਇੰਦਰਵੀਰ ਗਿੱਲ ਨੇ ਕਿਹਾ ਕਿ ਮੈਡੀਕਲ ਸਿੱਖਿਆ ਕੋਈ ਵਪਾਰਕ ਵਸਤੂ ਨਹੀਂ, ਸਗੋਂ ਸਮਾਜ ਦੀ ਸਿਹਤ-ਸੁਰੱਖਿਆ ਨਾਲ ਜੁੜੀ ਬੁਨਿਆਦੀ ਸਮਾਜਿਕ ਲੋੜ ਹੈ।ਸਰਕਾਰੀ ਮੈਡੀਕਲ ਕਾਲਜਾਂ ਦੀਆਂ ਫੀਸਾਂ ਵਿੱਚ ਲਗਾਤਾਰ ਵਾਧਾ ਗਰੀਬ, ਕਿਸਾਨ, ਮਜ਼ਦੂਰ ਤੇ ਮੱਧਵਰਗੀ ਪਰਵਾਰਾਂ ਦੇ ਹੋਣਹਾਰ ਵਿਦਿਆਰਥੀਆਂ ਲਈ ਡਾਕਟਰ ਬਣਨ ਦੇ ਰਸਤੇ ਨੂੰ ਹੋਰ ਔਖਾ ਕਰ ਰਿਹਾ ਹੈ।ਆਈ ਡੀ ਪੀ ਡੀ ਦਾ ਮੰਨਣਾ ਹੈ ਕਿ ਸਰਕਾਰੀ ਮੈਡੀਕਲ ਕਾਲਜਾਂ ਦਾ ਮਕਸਦ ਮੁਨਾਫ਼ਾ ਕਮਾਉਣਾ ਨਹੀਂ, ਸਗੋਂ ਸਮਾਜ ਦੀਆਂ ਲੋੜਾਂ ਅਨੁਸਾਰ ਯੋਗ ਡਾਕਟਰ ਤਿਆਰ ਕਰਨਾ ਹੈ।ਸਰਕਾਰ ਵੱਲੋਂ ਆਪਣੀ ਵਿੱਤੀ ਜ਼ਿੰਮੇਵਾਰੀ ਵਿਦਿਆਰਥੀਆਂ ਤੇ ਉਨ੍ਹਾਂ ਦੇ ਪਰਵਾਰਾਂ 'ਤੇ ਪਾਉਣਾ ਮੈਡੀਕਲ ਸਿੱਖਿਆ ਦੇ ਵਪਾਰੀਕਰਨ ਵੱਲ ਚਿੰਤਾਜਨਕ ਕਦਮ ਹੈ।ਉਨ੍ਹਾਂ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਮੈਡੀਕਲ ਸਿੱਖਿਆ ਦੇਸ਼ ਦੇ ਬਾਕੀ ਲਗਭਗ ਸਭ ਰਾਜਾਂ ਨਾਲੋਂ ਕਿਤੇ ਮਹਿੰਗੀ ਹੈ।ਪੰਜਾਬ ਦੇ ਮੈਡੀਕਲ ਕਾਲਜਾਂ ਵਿੱਚ ਟਿਊਸ਼ਨ ਫੀਸ ਪੱਛਮੀ ਬੰਗਾਲ ਦੇ ਮੁਕਾਬਲੇ 20 ਗੁਣਾ ਤੱਕ, ਮੌਲਾਨਾ ਆਜ਼ਾਦ ਮੈਡੀਕਲ ਕਾਲਜ, ਦਿੱਲੀ ਦੇ ਮੁਕਾਬਲੇ 43 ਗੁਣਾ ਤੇ ਤਾਮਿਲਨਾਡੂ ਦੇ ਮੁਕਾਬਲੇ 10 ਗੁਣਾ ਵੱਧ ਹੈ।ਆਈ ਡੀ ਪੀ ਡੀ ਪੰਜਾਬ ਸਰਕਾਰ ਤੋਂ ਮੰਗ ਕਰਦੀ ਹੈ ਕਿ ਵਧਾਈਆਂ ਗਈਆਂ ਐੱਮ ਬੀ ਬੀ ਐੱਸ ਫੀਸਾਂ ਤੁਰੰਤ ਵਾਪਸ ਲਈਆਂ ਜਾਣ, ਸਰਕਾਰੀ ਮੈਡੀਕਲ ਕਾਲਜਾਂ ਲਈ ਬਜਟ ਵਿੱਚ ਵਾਧਾ ਕੀਤਾ ਜਾਵੇ ਤੇ ਮੈਡੀਕਲ ਸਿੱਖਿਆ ਨੂੰ ਸਸਤੀ, ਬਰਾਬਰ ਤੇ ਹਰ ਯੋਗ ਵਿਦਿਆਰਥੀ ਦੀ ਪਹੁੰਚ ਵਿੱਚ ਰੱਖਿਆ ਜਾਵੇ।ਸਿਹਤ ਦਾ ਅਧਿਕਾਰ ਤੇ ਮੈਡੀਕਲ ਸਿੱਖਿਆ ਇੱਕ-ਦੂਜੇ ਨਾਲ ਗੂੜ੍ਹੇ ਤੌਰ 'ਤੇ ਜੁੜੇ ਹੋਏ ਹਨ।ਮੈਡੀਕਲ ਸਿੱਖਿਆ ਨੂੰ ਬਾਜ਼ਾਰ ਦੀ ਵਸਤੂ ਨਹੀਂ, ਸਮਾਜਿਕ ਜ਼ਿੰਮੇਵਾਰੀ ਸਮਝਿਆ ਜਾਣਾ ਚਾਹੀਦਾ ਹੈ।

# ਬੰਦੀ ਸਿੰਘਾਂ ਦੀ ਰਿਹਾਈ ਤੇ ਭਾਰਤ-ਅਮਰੀਕਾ ਵਪਾਰ ਸਮਝੌਤੇ ਖ਼ਿਲਾਫ਼ ਕਿਸਾਨਾਂ ਦਾ ਮੋਰਚਾ

## 15 ਨੂੰ ਚੰਡੀਗੜ੍ਹ 'ਚ ਰਾਜਪਾਲ ਦੀ ਕੋਠੀ ਦਾ ਤੇ ਫਿਰੋਜ਼ਪੁਰ 'ਚ ਮੁੱਖ ਮੰਤਰੀ ਦਾ ਕੀਤਾ ਜਾਵੇਗਾ ਘਿਰਾਓ : ਸੁਖਜਿੰਦਰ ਖੋਸਾ



ਮੋਗਾ (ਇਕਬਾਲ ਸਿੰਘ ਖਹਿਰਾ)

ਭਾਰਤੀ ਕਿਸਾਨ ਯੂਨੀਅਨ ਖੋਸਾ ਅਹਿਮ ਮੀਟਿੰਗ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਚੰਦ ਪੁਰਾਣਾ ਵਿਖੇ ਕੀਤੀ ਗਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਕੌਮੀ ਇਨਸਾਫ਼ ਮੋਰਚੇ ਵੱਲੋਂ 15 ਅਗਸਤ ਨੂੰ ਚੰਡੀਗੜ੍ਹ ਵਿੱਚ ਕੀਤੇ ਜਾ ਰਹੇ ਰੋਸ ਮਾਰਚ ਤੇ ਪੰਜਾਬ ਦੇ ਰਾਜਪਾਲ ਦੀ ਰਿਹਾਇਸ਼ ਦੇ ਘਿਰਾਓ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ, ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦਰਸ਼ਨ ਸਿੰਘ ਕਾਲੇਕੇ, ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਉਗੋਕੇ ਨੇ ਕਿਹਾ ਕਿ ਮੋਗਾ ਤੋਂ ਇਲਾਵਾ ਲੁਧਿਆਣਾ, ਜਲੰਧਰ, ਕਪੂਰਥਲਾ, ਰੋਪੜ, ਮੋਹਾਲੀ, ਪਟਿਆਲਾ ਸਮੇਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਹਜ਼ਾਰਾਂ ਲੋਕ ਚੰਡੀਗੜ੍ਹ ਪਹੁੰਚਣਗੇ।ਉਨ੍ਹਾਂ ਕਿਹਾ ਕਿ ਨੇੜਲੇ ਜ਼ਿਲ੍ਹਿਆਂ ਵੱਲੋਂ ਵੀ ਆਪੋ-ਆਪਣੇ ਪੱਧਰ 'ਤੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤੇ ਜਾਣਗੇ।15 ਅਗਸਤ ਨੂੰ ਇਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹੁਸੈਨੀਵਾਲਾ ਵਿਖੇ ਝੰਡਾ ਲਹਿਰਾਉਣ ਦੀ ਰਸਮ ਕੀਤੀ ਜਾ ਰਹੀ ਹੈ ਜਿਸ ਦੌਰਾਨ ਫਿਰੋਜ਼ਪੁਰ ਫਾਜ਼ਿਲਕਾ, ਤਰਨ ਤਾਰਨ ਤੇ ਮੋਗਾ ਦੇ ਵੱਡੀ ਗਿਣਤੀ ਵਿੱਚ ਕਿਸਾਨ ਉਨ੍ਹਾਂ ਦਾ ਘਿਰਾਓ ਕਰਨਗੇ।ਉਨ੍ਹਾਂ ਕਿਹਾ ਕਿ ਕਈ ਬੰਦੀ ਸਿੰਘ ਲੰਬਾ ਸਮਾਂ ਜੇਲ੍ਹਾਂ ਵਿੱਚ ਬਿਤਾਅ ਚੁੱਕੇ ਹਨ ਤੇ ਕਈਆਂ ਦੀਆਂ ਸਜ਼ਾਵਾਂ ਪੂਰੀਆਂ ਹੋਣ ਦੇ ਬਾਵਜੂਦ ਉਨ੍ਹਾਂ ਦੀ ਰਿਹਾਈ ਨਹੀਂ ਮਿਲੀ।ਉਨ੍ਹਾਂ ਖਾਸ ਤੌਰ 'ਤੇ ਭਾਈ ਜਗਤਾਰ ਸਿੰਘ ਹਵਾਰਾ ਤੇ ਹੋਰ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਸਰਕਾਰ ਤੋਂ ਮਨੁੱਖੀ ਤੇ ਕਾਨੂੰਨੀ ਪੱਖ ਨੂੰ ਧਿਆਨ ਵਿੱਚ ਰੱਖਦਿਆਂ ਰਿਹਾਈ ਦੀ ਮੰਗ ਕੀਤੀ।ਖੋਸਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੇਂਦਰ ਸਰਕਾਰ ਨੂੰ ਪੱਤਰ ਲਿਖੇ ਜਾਣ ਦੇ ਬਾਵਜੂਦ ਮਾਮਲੇ ਵਿੱਚ ਠੋਸ ਕਾਰਵਾਈ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੇ ਪਰਵਾਰ ਲੰਬੇ ਸਮੇਂ ਤੋਂ ਆਪਣੇ ਪਰਿਵਾਰਕ ਮੈਂਬਰਾਂ ਦੀ ਉਡੀਕ ਕਰ ਰਹੇ ਹਨ, ਇਸ ਲਈ ਸਰਕਾਰ ਨੂੰ ਇਸ ਮਾਮਲੇ 'ਤੇ ਸੰਵੇਦਨਸ਼ੀਲਤਾ ਨਾਲ ਫੈਸਲਾ ਲੈਣਾ ਚਾਹੀਦਾ ਹੈ।ਉਨ੍ਹਾਂ ਐਲਾਨ ਕੀਤਾ ਕਿ 14 ਅਗਸਤ ਤੋਂ ਮੋਗਾ ਸਮੇਤ ਵੱਖ-ਵੱਖ ਥਾਵਾਂ ਤੋਂ ਜਥੇ ਤੇ ਕਾਫਲੇ ਚੰਡੀਗੜ੍ਹ ਲਈ ਰਵਾਨਾ ਹੋਣੇ ਸ਼ੁਰੂ ਹੋ ਜਾਣਗੇ ਅਤੇ 15 ਅਗਸਤ ਨੂੰ ਕੌਮੀ ਇਨਸਾਫ਼ ਮੋਰਚੇ ਦੀ ਸਟੇਜ 'ਤੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

ਉਨ੍ਹਾਂ ਭਾਰਤ-ਅਮਰੀਕਾ ਵਪਾਰਕ ਸਮਝੌਤੇ 'ਤੇ ਵੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਵਿਦੇਸ਼ੀ ਸਾਮਾਨ ਭਾਰਤੀ ਬਾਜ਼ਾਰ ਵਿੱਚ ਵੱਡੇ ਪੱਧਰ 'ਤੇ ਆਇਆ ਤਾਂ ਇਸ ਦਾ ਸਿੱਧਾ ਪ੍ਰਭਾਵ ਕਿਸਾਨਾਂ, ਮਜ਼ਦੂਰਾਂ, ਛੋਟੇ ਦੁਕਾਨਦਾਰਾਂ, ਆੜ੍ਹਤੀਆਂ ਤੇ ਛੋਟੇ ਵਪਾਰੀਆਂ 'ਤੇ ਪਵੇਗਾ।ਉਨ੍ਹਾਂ ਕਿਹਾ ਕਿ ਕਿਸਾਨ ਜਥੇਬੰਦੀਆਂ ਇਸ ਮੁੱਦੇ 'ਤੇ ਵੀ ਲੋਕਾਂ ਨੂੰ ਜਾਗਰੂਕ ਕਰਨਗੀਆਂ।ਉਨ੍ਹਾਂ ਦਾਅਵਾ ਕੀਤਾ ਕਿ ਦੇਸ਼ ਦੀਆਂ 422 ਕਿਸਾਨ ਜਥੇਬੰਦੀਆਂ ਇਕਜੁੱਟ ਹੋ ਚੁੱਕੀਆਂ ਹਨ ਤੇ 2020 ਦੇ ਕਿਸਾਨ ਅੰਦੋਲਨ ਦੀ ਤਰ੍ਹਾਂ ਹੁਣ ਵੀ ਸਾਂਝੇ ਤੌਰ 'ਤੇ ਸੰਘਰਸ਼ ਲੜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸਾਨ ਆਪਣੇ ਹੱਕਾਂ ਲਈ ਵੱਡਾ ਸੰਘਰਸ਼ ਕਰਨ ਤੋਂ ਪਿੱਛੇ ਨਹੀਂ ਹਟਣਗੇ ਤੇ ਆਪਣੀਆਂ ਮੰਗਾਂ ਮਨਵਾ ਕੇ ਹੀ ਵਾਪਸ ਮੁੜਨਗੇ।ਉਨ੍ਹਾਂ ਕਿਹਾ ਕਿ ਇਸ ਰੋਸ ਮਾਰਚ ਵਿੱਚ ਵੱਖ-ਵੱਖ ਸਿੱਖ ਜਥੇਬੰਦੀਆਂ ਤੇ ਨਿਹੰਗ ਸਿੰਘ ਜਥੇਬੰਦੀਆਂ ਸਮੇਤ ਹੋਰ ਸੰਗਠਨ ਵੀ ਸ਼ਾਮਲ ਹੋਣਗੇ।ਇਸ ਮੀਟਿੰਗ ਦੌਰਾਨ ਸਟੇਜ ਦੀ ਕਾਰਵਾਈ ਕੋਮਲ ਆਲਮਵਾਲਾ ਨੇ ਨਿਭਾਈ।

# 50 ਲੱਖ ਦੀ ਮੰਗ ਕਰਨ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ 'ਤੇ ਮਾਮਲਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਮੋਬਾਇਲ ਫੋਨ ਤੇ 50 ਲੱਖ ਰੁਪਏ ਦੀ ਮੰਗ ਕਰਨ ਤੇ ਜਾਨੋਂ ਮਾਰਨ ਦੀ ਧਮਕੀਆਂ ਦੇਣ ਦੇ ਦੋਸ਼ ਵਿੱਚ ਅਣਪਛਾਤੇ ਵਿਅਕਤੀਆਂ ਵਿਰੁੱਧ ਪਰਚਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਗੁਰਦੇਵ ਰਾਜ ਨੇ ਦੱਸਿਆ ਕਿ ਸ਼ਿਕਾਇਤਕਰਤਾ ਕਰਮਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਫੱਤੂ ਵਾਲਾ ਹਾਲ ਅਬਾਦ ਦਸਮੇਸ਼ ਨਗਰ ਜਲਾਲਾਬਾਦ ਵੱਲੋਂ ਪੁਲਸ ਕੋਲ ਬਿਆਨ ਲਿਖਵਾਏ ਗਏ ਹਨ ਕਿ 8 ਅਗਸਤ 2026 ਨੂੰ ਸਵੇਰੇ ਕਰੀਬ 9 ਵਜੇ ਬਾਹਰਲੇ ਦੇਸ਼ ਦੇ ਮੋਬਾਇਲ ਨੰਬਰ +3197010580354 ਤੋਂ ਫੋਨ ਆਇਆ ਸੀ, ਜਿਸ ਵਿੱਚ 50 ਲੱਖ ਰੁਪਏ ਦੀ ਮੰਗ ਕੀਤੀ ਗਈ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ ਹਨ, ਜਿਸ 'ਤੇ ਪੁਲਸ ਵੱਲੋਂ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 143 ਮਿਤੀ 10 ਅਗਸਤ 2026 ਨੂੰ ਧਾਰਾ 308(4),351(2) ਬੀ.ਐਨ.ਐਸ. ਅਧੀਨ ਦਰਜ ਕੀਤਾ ਗਿਆ ਹੈ।

## ਵਿਸ਼ਾਲ ਪੰਥਕ ਮੀਟਿੰਗ 18 ਨੂੰ

ਭੀਖੀ (ਗੁਰਿੰਦਰ ਸਿੰਘ ਔਲਖ)-ਪੰਥਕ ਏਕਤਾ ਉਸਾਰ ਕੇ ਅਕਾਲੀ ਦਲ ਵਾਰਸ ਪੰਜਾਬ ਨੂੰ ਮਜਬੂਤ ਕਰਨ ਦੇ ਉਦੇਸ਼ ਨਾਲ ਵਿਸ਼ਾਲ ਪੰਥਕ ਮੀਟਿੰਗ 18 ਅਗਸਤ ਨੂੰ ਕੀਤੀ ਜਾ ਰਹੀ ਹੈ।ਪਾਰਟੀ ਦੇ ਸੀਨੀਅਰ ਆਗੂ ਪਰਮਜੀਤ ਸਿੰਘ ਭੀਖੀ ਨੇ ਦੱਸਿਆ ਕਿ ਭਾਈ ਅੰਮ੍ਰਿਤਪਾਲ ਪਾਲ ਸਿੰਘ ਖਾਲਸਾ ਦੀ ਅਗਵਾਈ ਹੇਠ ਇਹ ਪੰਥ ਇਕੱਤਰਤਾ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਸ ਮੌਕੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਔਲਖ ਮੈਂਬਰ ਧਰਮ ਪ੍ਰਚਾਰ ਕਮੇਟੀ ਐਸਜੀਪੀਸੀ ਮਨਜੀਤ ਸਿੰਘ ਬੱਬੀਆਣਾ ਦੀ ਅਗਵਾਈ ਹੇਠ ਜ਼ਿਲ੍ਹਾ ਮਾਨਸਾ ਦੇ ਅਕਾਲੀ ਦਲ ਪੁਨਰ ਸਰਬਜੀਤ ਦੇ ਮੈਂਬਰ ਆਪਣੀ ਪਾਰਟੀ ਨੂੰ ਛੱਡ ਕੇ ਅਕਾਲੀ ਦਲ ਵਾਰਸ ਪੰਜਾਬ ਵਿੱਚ ਸ਼ਾਮਲ ਹੋਣਗੇ।

# ਐੱਲ ਡੀ ਆਰ ਕਾਨਵੈਂਟ ਸਕੂਲ ਵਿਖੇ ਜ਼ੋਨ ਪੱਧਰੀ ਖੇਡਾਂ ਕਰਵਾਈਆਂ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਪੰਜਾਬ ਸਕੂਲ ਖੇਡਾਂ ਅਧੀਨ ਜ਼ੋਨ ਪੱਧਰ ਦੀਆਂ ਖੇਡਾਂ ਐੱਲ ਡੀ ਆਰ ਕੌਨਵੈਂਟ ਸਕੂਲ ਵਿਖੇ ਕਰਵਾਈਆਂ ਗਈਆਂ।ਇਨ੍ਹਾਂ ਖੇਡਾਂ ਵਿੱਚ ਕਬੱਡੀ, ਰੱਸਾਕਸੀ ਅਤੇ ਖੋ-ਖੋ ਦੇ ਮੁੰਡੇ ਤੇ ਕੁੜੀਆਂ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਐੱਲ ਡੀ ਆਰ ਦੇ ਬੱਚਿਆਂ ਨੇ ਖੋ ਖੋ-17 ਮੁੰਡੇ ਤੇ ਕੁੜੀਆਂ ਦੀਆਂ ਟੀਮਾਂ ਨੇ ਪਹਿਲਾ, ਖੋ ਖੋ-14 ਮੁੰਡੇ ਤੇ ਕੁੜੀਆਂ ਦੀਆਂ ਟੀਮਾਂ ਨੇ ਵੀ ਪਹਿਲਾ ਸਥਾਨ ਹਾਸਲ ਕੀਤਾ।ਕਬੱਡੀ ਨੈਸ਼ਨਲ ਸਟਾਈਲ ਵਿੱਚ ਵਰਗ-17 ਮੁੰਡਿਆਂ ਨੇ ਪਹਿਲਾ ਤੇ ਵਰਗ-14 ਮੁੰਡਿਆਂ ਨੇ ਦੂਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਰੱਸਾ ਕੱਸੀ ਵਿੱਚ ਵਰਗ-17 ਮੁੰਡਿਆਂ ਨੇ ਪਹਿਲਾ ਤੇ ਵਰਗ-14 ਮੁੰਡਿਆਂ ਨੇ ਦੂਜਾ ਸਥਾਨ ਹਾਸਲ ਕੀਤਾ।ਲੜਕੀਆਂ ਦੇ ਰੱਸਾਕਸੀ ਦੇ ਮੁਕਾਬਲੇ ਵਿੱਚ-14 ਕੁੜੀਆਂ ਨੇ ਪਹਿਲਾ ਸਥਾਨ ਹਾਸਲ ਕੀਤਾ ਤੇ ਵਰਗ-17 ਕੁੜੀਆਂ ਨੇ ਦੂਜਾ ਸਥਾਨ ਹਾਸਲ ਕੀਤਾ।ਇਸ ਮੌਕੇ ਸਕੂਲ ਦੇ ਚੇਅਰਮੈਨ ਅਜੈ ਅਰੋੜਾ ਤੇ ਪ੍ਰਿੰਸੀਪਲ ਮੈਡਮ ਗੁੰਜਨ ਵੱਲੋਂ ਪੀ ਟੀ ਆਈ ਟੀਚਰ ਗੁਰਜਿੰਦਰ ਸਿੰਘ ਤੇ ਸਮੂਹ ਵਿਦਿਅਰਥੀਆਂ ਨੂੰ ਇਸੇ ਤਰ੍ਹਾਂ ਭਵਿੱਖ ਵਿੱਚ ਹੋਰ ਵੀ ਤਰੱਕੀਆਂ ਕਰਨ ਦੀ ਪ੍ਰੇਰਨਾ ਦਿੱਤੀ।

# ਖਜ਼ਾਨਾ ਮੰਤਰੀ ਵੱਲੋਂ ਮੁਲਾਜ਼ਮਾਂ ਨੂੰ 'ਐਂਟੀ ਸਟੇਟ' ਕਹਿਣ 'ਤੇ ਭੜਕੇ ਮੁਲਾਜ਼ਮ

- ਸਿਵਲ ਸਰਜਨ ਦਫ਼ਤਰ ਵਿਖੇ ਗੇਟ ਰੈਲੀ ਕਰਕੇ ਕੀਤਾ ਰੋਸ ਪ੍ਰਦਰਸ਼ਨ
- ਭਲਕੇ ਵਿੱਤ ਮੰਤਰੀ ਦਾ ਪੁਤਲਾ ਫੂਕਣ ਤੇ 17-18 ਨੂੰ ਸਮੁੱਚੇ ਦਫ਼ਤਰਾਂ 'ਚ ਹੜਤਾਲ ਦਾ ਐਲਾਨ



ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਸਰਕਾਰੀ ਮੁਲਾਜ਼ਮਾਂ ਨੂੰ 'ਐਂਟੀ ਸਟੇਟ' (ਸੂਬਾ ਵਿਰੋਧੀ) ਕਹਿਣ ਦੇ ਵਿਰੋਧ 'ਚ ਜ਼ਿਲ੍ਹਾ ਮਾਨਸਾ ਦੇ ਮੁਲਾਜ਼ਮਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਇਸ ਦੇ ਖਿਲਾਫ ਮੰਗਲਵਾਰ ਸਿਵਲ ਸਰਜਨ ਦਫ਼ਤਰ ਮਾਨਸਾ ਵਿਖੇ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮਾਂ ਵੱਲੋਂ ਇਕੱਠੇ ਹੋ ਕੇ ਇੱਕ ਵਿਸ਼ਾਲ ਗੇਟ ਰੈਲੀ ਕੀਤੀ ਗਈ, ਜਿਸ 'ਚ ਮੁਲਾਜ਼ਮਾਂ ਵੱਲੋਂ ਤਿਰੰਗਾ ਝੰਡਾ ਲਹਿਰਾਉਂਦਿਆਂ ਬੰਦੇ ਮਾਤਰਮ ਭਾਰਤ ਮਾਤਾ ਕੀ ਜੈ, ਹਿੰਦੋਸਤਾਨ ਜ਼ਿੰਦਾਬਾਦ ਦੇ ਨਾਅਰੇ ਵੀ ਲਗਾਏ ਗਏ ਅਤੇ ਪੰਜਾਬ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਖੁਡਾਲ ਨੇ ਕਿਹਾ ਕਿ ਆਪਣੀਆਂ ਜਾਇਜ਼ ਤੇ ਲਟਕਦੀਆਂ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਆਵਾਜ਼ ਉਠਾਉਣ ਵਾਲੇ ਮੁਲਾਜ਼ਮਾਂ ਨੂੰ 'ਐਂਟੀ ਸਟੇਟ' ਗਰਦਾਨਣਾ ਸਰਕਾਰ ਦੀ ਬੌਖਲਾਹਟ ਦਾ ਪ੍ਰਤੱਖ ਸਬੂਤ ਹੈ।ਉਨ੍ਹਾਂ ਕਿਹਾ ਕਿ ਮੁਲਾਜ਼ਮ ਸੂਬੇ ਦੀ ਰੀੜ੍ਹ ਦੀ ਹੱਡੀ ਹਨ, ਉਨ੍ਹਾਂ ਬਾਰੇ ਅਜਿਹੀ ਸ਼ਬਦਾਵਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਡੀਸੀ ਦਫ਼ਤਰ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਤੇ ਸਟੇਟ ਕਾਨੂੰਨੀ ਸਲਾਹਕਾਰ ਹਰਪ੍ਰੀਤ ਸਿੰਘ ਨੇ ਅਗਲੇ ਸੰਘਰਸ਼ ਦਾ ਐਲਾਨ ਕਰਦਿਆਂ ਕਿਹਾ ਕਿ ਜੇਕਰ ਵਿੱਤ ਮੰਤਰੀ ਨੇ ਆਪਣੇ ਸ਼ਬਦ ਤੁਰੰਤ ਵਾਪਸ ਨਾ ਲਏ, ਤਾਂ 13 ਅਗਸਤ ਨੂੰ ਵਿੱਤ ਮੰਤਰੀ ਦਾ ਪੁਤਲਾ ਫੂਕਿਆ ਜਾਵੇਗਾ।ਇਸ ਤੋਂ ਇਲਾਵਾ ਜੇਕਰ 15 ਅਗਸਤ 2026 ਤੱਕ ਮੰਗਾਂ ਨਾ ਮੰਨੀਆਂ ਤਾਂ 17 ਤੇ 18 ਅਗਸਤ ਨੂੰ ਜ਼ਿਲ੍ਹਾ ਮਾਨਸਾ ਦੇ ਸਮੂਹ ਸਰਕਾਰੀ ਦਫ਼ਤਰਾਂ 'ਚ 'ਕਲਮ ਛੋੜ ਤੇ ਕੰਪਿਊਟਰ ਬੰਦ' ਹੜਤਾਲ ਕੀਤੀ ਜਾਵੇਗੀ, ਜਿਸ ਨਾਲ ਆਮ ਪਬਲਿਕ ਨੂੰ ਹੋਣ ਵਾਲੀ ਖ਼ੱਜਲ-ਖ਼ੁਆਰੀ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਇਸ ਰੈਲੀ 'ਚ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀ ਵੱਡੀ ਗਿਣਤੀ 'ਚ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਟ੍ਰੇਨਿੰਗ ਦੇਣ ਲਈ ਤੁਰੰਤ ਨੋਟੀਫਿਕੇਸ਼ਨ ਜਾਰੀ ਕਰੇ ਸਰਕਾਰ : ਧੂੜਕੋਟ



ਮੋਗਾ (ਇਕਬਾਲ ਸਿੰਘ ਖਹਿਰਾ)

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ (ਰਜਿ: 295) ਜ਼ਿਲ੍ਹਾ ਮੋਗਾ ਦੇ ਬਲਾਕ-1 ਦੀ ਮਹੀਨਾਵਾਰ ਮੀਟਿੰਗ ਪਿੰਡ ਸਿੰਘਾ ਵਾਲਾ ਵਿੱਚ ਗੁਰਦਵਾਰਾ ਬਾਬਾ ਮੋਹਰ ਸਿੰਘ ਦੇ ਧਰਮ ਅਸਥਾਨ ਵਿਖੇ ਫਾਊਡਰ ਆਗੂ ਡਾ. ਹਰਜੀਤ ਸਿੰਘ ਨੱਥੂਵਾਲਾ ਦੀ ਅਗਵਾਈ ਹੇਠ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਚੇਅਰਮੈਨ ਬਲਦੇਵ ਸਿੰਘ ਧੂੜਕੋਟ, ਜ਼ਿਲ੍ਹਾ ਕਮੇਟੀ ਮੈਂਬਰ ਡਾ. ਅਵਤਾਰ ਸਿੰਘ, ਗੁਲਸ਼ਨ ਝੰਡੇ ਵਾਲਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਭਰਾਤਰੀ ਜਥੇਬੰਦੀ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਮੋਗਾ-2 ਦੇ ਪ੍ਰਧਾਨ ਇਕਬਾਲ ਸਿੰਘ ਨੇ ਕਿਹਾ ਕਿ ਪਿਛਲੇ ਦਿਨੀਂ ਪਿੰਡ ਸਿੰਘਾਵਾਲਾ ਵਿਖੇ ਸਿਹਤ ਵਿਭਾਗ ਨੇ ਦੋ ਮੈਡੀਕਲ ਪ੍ਰੈਕਟੀਸ਼ਨਰਾਂ ਉੱਪਰ ਜਦੋਂ ਕਾਰਵਾਈ ਦਾ ਕਿਸਾਨ ਜਥੇਬੰਦੀ ਦੇ ਵਰਕਰਾਂ ਨੂੰ ਪਤਾ ਲੱਗਿਆ ਤਾਂ ਫੌਰਨ ਕਾਰਵਾਈ ਕਰਦਿਆਂ ਜਥੇਬੰਦੀ ਵੱਲੋਂ ਵਿਰੋਧ ਕੀਤਾ ਗਿਆ ਤੇ ਸ਼ਾਮਲ ਅਧਿਕਾਰੀਆਂ ਨੂੰ ਕੋਈ ਨਸ਼ੀਲੇ ਪਦਾਰਥਾਂ, ਕਿਸੇ ਮਰੀਜ਼ ਦਾ ਜਾਨੀ ਨੁਕਸਾਨ ਬਾਰੇ ਸਵਾਲ ਕੀਤੇ ਗਏ ਤਸੱਲੀ ਬਖਸ਼ ਜਵਾਬ ਨਾ ਦੇਣ ਤੇ ਆਈ ਟੀਮ ਦਾ ਘਿਰਾਓ ਕੀਤਾ।ਪੰਜਾਬ ਤੇ ਕੇਂਦਰ ਸਰਕਾਰ ਵੱਲੋਂ ਹਰ ਤਰ੍ਹਾਂ ਦੇ ਵੱਡੇ ਛੋਟੇ ਕਿੱਤਿਆਂ ਨੂੰ ਉਜਾੜਣ ਲਈ ਤੇ ਇਨ੍ਹਾਂ ਨੂੰ ਕਾਰਪੋਰੇਟਾਂ ਦੇ ਹਵਾਲੇ ਕਰਨ ਵਿਰੁੱਧ ਹਮਲਾ ਵਿੱਢਿਆ ਹੋਇਆ ਹੈ, ਜਿਸ ਖਿਲਾਫ ਇਕੱਠੇ ਹੋ ਕੇ ਲੜਨ ਦੀ ਜ਼ਰੂਰਤ ਹੈ।ਜੇਕਰ ਪੰਜਾਬ ਸਰਕਾਰ ਨੇ ਮੈਡੀਕਲ ਪ੍ਰੈਕਟੀਸ਼ਨਰਜ਼ ਨੂੰ ਤੰਗ ਪ੍ਰੇਸ਼ਾਨ ਕੀਤਾ ਤਾਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਇਨ੍ਹਾਂ ਦਾ ਨਾਲ ਡੱਟਵਾਂ ਸਾਥ ਦੇਵੇਗੀ।ਉਨ੍ਹਾਂ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਜਥੇਬੰਦੀ ਦਾ ਅੰਗ ਬਨਣ ਦੀ ਅਪੀਲ ਕੀਤੀ।ਜ਼ਿਲ੍ਹਾ ਚੇਅਰਮੈਨ ਡਾ. ਬਲਦੇਵ ਸਿੰਘ ਧੂੜਕੋਟ, ਬਲਾਕ ਪ੍ਰਧਾਨ ਅਵਤਾਰ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ ਸੂਬਾ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਜਾਰੀ ਪੱਤਰ ਮੁਤਾਬਕ ਬਲਾਕ ਮੋਗਾ ਵਨ ਵੱਲੋਂ ਪਿਛਲੇ ਦਿਨੀਂ ਸਵੈ ਘੋਸ਼ਣਾ ਪੱਤਰ ਤਜਰਬਾ ਯੋਗਤਾ ਤੇ ਲੋੜੀਂਦੇ ਡਾਕੂਮੈਂਟ ਸੀਨੀਅਰ ਮੈਡੀਕਲ ਅਫ਼ਸਰ ਪਾਸ ਸਬਮਿਟ ਕਰਵਾ ਦਿੱਤੇ ਗਏ ਹਨ।ਉਨ੍ਹਾਂ ਮੁੱਖ ਮੰਤਰੀ ਪੰਜਾਬ ਤੇ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਪਾਸੋਂ ਮੰਗ ਕੀਤੀ ਕਿ ਜਲਦੀ ਹੀ ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਟ੍ਰੇਨਿੰਗ ਦੇਣ ਲਈ ਕਾਨੂੰਨੀ ਅੜਚਨਾਂ ਦੂਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ।ਇਸ ਸਮੇਂ ਜਸਵੰਤ ਜੋਸਨ, ਜਗਸੀਰ ਸਿੰਘ ਡਾਲਾ, ਰਵੀ ਸਿੰਘ, ਸੁਖਜੀਤ ਸਿੰਘ, ਸਰਪੰਚ ਤੀਰਥ ਸਿੰਘ, ਕਾਲਾ ਚਰਣ ਸਿੰਘ ਚਰਣਾ ਨੇ ਪੰਜਾਬ ਸਰਕਾਰ ਨੂੰ ਆਪੀਲ ਕੀਤੀ ਕਿ ਪਿੰਡਾਂ ਤੇ ਸ਼ਹਿਰਾਂ ਵਿੱਚ ਮੁਢਲੀਆਂ ਸਿਹਤ ਸੇਵਾਵਾਂ ਪ੍ਰੋਵਾਈਡ ਕਰਾ ਰਹੇ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਟ੍ਰੇਨਿੰਗ ਦੇਣ ਦੇ ਅਮਲ ਰੂਪ ਵਿੱਚ ਪ੍ਰਬੰਧ ਕੀਤੇ ਜਾਣ।

# ਸਰਕਾਰ ਤੇ ਪੁਲਸ ਸਨੌਰ ਹਲਕੇ ਅੰਦਰ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ 'ਚ ਬੁਰੀ ਤਰ੍ਹਾਂ ਫੇਲ੍ਹ : ਗੌਰਵ ਸੰਧੂ

## ਨਿੱਤ ਹੋ ਰਹੇ ਕਤਲਾਂ, ਲੁੱਟਾਂ ਤੇ ਝਗੜਿਆਂ ਤੋਂ ਲੋਕਾਂ 'ਚ ਸਹਿਮ



ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਬੀਤੀ ਰਾਤ ਸਨੌਰ ਵਿਖੇ ਇੱਕ ਨੌਜਵਾਨ ਦੇ ਕੀਤੇ ਕਤਲ, ਪਰਵਾਸੀਆਂ 'ਚ ਸਰੇਆਮ ਸੜਕਾਂ ਤੇ ਹੋਈ ਲੜਾਈ ਤੇ ਰਾਤ ਸਮੇਂ ਦੁਕਾਨਾਂ ਦੇ ਜਿੰਦਰੇ ਤੋੜ ਕੇ ਲੁੱਟਣ ਦੇ ਨਾਲ ਨਾਲ ਰਾਤ ਸਮੇਂ ਦੁਕਾਨਾਂ ਨੂੰ ਲਗਾਈ ਅੱਗ ਦੀਆਂ ਘਟਨਾਵਾਂ ਆਮ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਸਨੌਰ ਪੁਲਸ ਦੀ ਘਟੀਆ ਕਾਰੁਜ਼ਗਾਰੀ 'ਤੇ ਪ੍ਰਸ਼ਨ ਲਗਾ ਰਹੀਆਂ ਹਨ। ਨਿੱਤ ਵਾਪਰ ਰਹੀਆਂ ਮੰਦਭਾਗੀ ਘਟਨਾਵਾਂ ਕਾਰਨ ਲੋਕਾਂ 'ਚ ਸਹਿਮ ਪਾਇਆ ਜਾ ਰਿਹਾ ਹੈ। ਕਾਂਗਰਸ ਦੇ ਨੌਜਵਾਨ ਆਗੂ ਤੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਉਪ ਪ੍ਰਧਾਨ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਇਸ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ 2027 ਵਿੱਚ ਕਾਂਗਰਸ ਦੀ ਸਰਕਾਰ ਬਣਨ 'ਤੇ ਮਾਈਨਿੰਗ ਮਾਫ਼ੀਆ ਨੂੰ ਖ਼ਤਮ ਕਰਕੇ ਪੰਜਾਬ ਦਾ ਰੇਤਾ ਲੋਕਾਂ ਨੂੰ ਮੁਫ਼ਤ ਮੁੱਹਈਆ ਕਰਵਾਇਆ ਜਾਵੇਗਾ।ਘਰ ਬਣਾਉਣ, ਘਰ ਦੀ ਮੁਰੰਮਤ, ਸਕੂਲਾਂ, ਸੜਕਾਂ ਤੇ ਹੋਰ ਜਨਤਕ ਵਿਕਾਸ ਕਾਰਜਾਂ ਲਈ ਕਾਨੂੰਨੀ ਤਰੀਕੇ ਨਾਲ ਕੱਢੀ ਗਈ ਰੇਤ ਆਮ ਲੋਕਾਂ ਨੂੰ ਮੁਫ਼ਤ ਮੁਹੱਈਆ ਕਰਵਾਈ ਜਾਵੇਗੀ।ਰਾਜੀਵ ਗਾਂਧੀ ਪੰਚਾਇਤੀ ਰਾਜ ਦੇ ਸੀਨੀਅਰ ਸੂਬਾ ਵਾਈਸ ਪ੍ਰਧਾਨ ਤੇ ਯੂਥ ਕਾਂਗਰਸ ਦੇ ਆਗੂ ਗੌਰਵ ਸੰਧੂ ਨੇ ਹਲਕਾ ਸਨੌਰ ਦੇ ਪਿੰਡਾਂ 'ਚ ਕਾਂਗਰਸ ਦੀ 2027 ਮਿਸ਼ਨ ਮੁਹਿੰਮ ਤਹਿਤ ਲੋਕਾਂ ਨੂੰ ਕਾਂਗਰਸ ਨਾਲ ਜੋੜਨ ਦੀ ਮੁਹਿੰਮ ਤਹਿਤ ਪਿੰਡਾਂ ਦਾ ਦੌਰਾ ਕਰਨ ਸਮੇਂ ਗੌਰਵ ਸੰਧੂ ਨੇ ਕਿਹਾ ਕਿ ਰੇਤ ਕੋਈ ਲਗਜ਼ਰੀ ਨਹੀਂ, ਹਰ ਪਰਵਾਰ ਦੀ ਲੋੜ ਹੈ।ਜਦੋਂ ਪੰਜਾਬ ਦੇ ਕੁਦਰਤੀ ਸਰੋਤ ਪੰਜਾਬ ਵਿੱਚ ਹੀ ਹਨ ਤਾਂ ਪੰਜਾਬ ਦੇ ਲੋਕਾਂ ਨੂੰ ਇਸ ਲਈ ਮਹਿੰਗੀ ਕੀਮਤ ਕਿਉਂ ਦੇਣੀ ਪਵੇ? ਗੌਰਵ ਸੰਧੂ ਨੇ ਕਿਹਾ ਕਿ ਪੰਜਾਬ ਅੰਦਰ ਕਾਂਗਰਸ ਦੀ ਸਰਕਾਰ ਬਣਨ 'ਤੇ ਪੰਜਾਬ ਅੰਦਰ ਗੈਰ-ਕਾਨੂੰਨੀ ਮਾਈਨਿੰਗ 'ਤੇ ਨੱਥ ਪਾ ਕੇ ਪਾਰਦਰਸ਼ੀ ਤੇ ਤਕਨੀਕ ਅਧਾਰਤ ਮਾਈਨਿੰਗ ਪ੍ਰਬੰਧ ਯਕੀਨੀ ਬਣਾਇਆ ਜਾਵੇਗਾ।

## ਨੰਨ੍ਹੇ-ਮੁੰਨੇ ਬੱਚਿਆਂ ਲਈ ਰੰਗਾਰੰਗ ਫਨ ਮੇਲਾ ਕਰਵਾਇਆ



**ਜਗਰਾਉਂ (ਅਮਿਤ ਖੰਨਾ/ਸੰਜੀਵ ਅਰੋੜਾ)**-ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵਿਖੇ ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਨੰਨ੍ਹੇ-ਮੁੰਨੇ ਬੱਚਿਆਂ ਲਈ ਇੱਕ ਵਿਸ਼ੇਸ਼ ਫਨ ਮੇਲੇ ਦਾ ਆਯੋਜਨ ਕੀਤਾ ਗਿਆ।ਇਸ ਮੇਲੇ ਦੌਰਾਨ ਸਕੂਲ ਕੈਂਪਸ ਵਿੱਚ ਬੱਚਿਆਂ ਲਈ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਤੇ ਰਾਈਡਜ਼ ਦਾ ਪ੍ਰਬੰਧ ਕੀਤਾ ਗਿਆ।ਮੇਲੇ ਵਿੱਚ ਝੂਲੇ, ਰਾਈਡਜ਼, ਟੈਟੂਜ਼, ਰੇਨਸ਼ਾਵਰ, ਜੰਪਿੰਗ ਰਾਈਡਜ਼, ਪੂਲ ਬੋਟ ਆਦਿ ਖ਼ਾਸ ਖਿੱਚ ਦਾ ਕੇਂਦਰ ਰਹੇ।ਬੱਚਿਆਂ ਨੇ ਇਨ੍ਹਾਂ ਗਤੀਵਿਧੀਆਂ ਦਾ ਖੂਬ ਆਨੰਦ ਮਾਣਿਆ ਤੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਬੱਚਿਆਂ ਲਈ ਸੰਗੀਤ ਤੇ ਡਾਂਸ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।ਮਨਮੋਹਕ ਸੰਗੀਤ ਦੀਆਂ ਧੁਨਾਂ 'ਤੇ ਬੱਚਿਆਂ ਨੇ ਖੂਬ ਡਾਂਸ ਕੀਤਾ ਅਤੇ ਮੇਲੇ ਦਾ ਮਾਹੌਲ ਖ਼ੁਸ਼ੀਆਂ ਨਾਲ ਭਰ ਦਿੱਤਾ।ਬੱਚਿਆਂ ਦੇ ਚਿਹਰਿਆਂ 'ਤੇ ਦਿਖਾਈ ਦੇ ਰਹੀ ਖ਼ੁਸ਼ੀ ਤੇ ਉਤਸ਼ਾਹ ਨੇ ਸਮਾਗਮ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ।ਸਕੂਲ ਦੀ ਪ੍ਰਿੰਸੀਪਲ ਗੀਤਾ ਜੈਦਿਕਾ ਤੇ ਵਾਈਸ ਪ੍ਰਿੰਸੀਪਲ ਬਲਜੀਤ ਬਾਵਾ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਮਿਲਵਰਤਨ ਤੇ ਖ਼ੁਸ਼ੀ ਦੀ ਭਾਵਨਾ ਪੈਦਾ ਕਰਦੀਆਂ ਹਨ।ਉਨ੍ਹਾਂ ਸਮੂਹ ਸਟਾਫ਼ ਵੱਲੋਂ ਕੀਤੇ ਯਤਨਾਂ ਦੀ ਸ਼ਲਾਘਾ ਕੀਤੀ।ਫਨ ਮੇਲੇ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡ, ਮਨੋਰੰਜਨ ਤੇ ਖ਼ੁਸ਼ੀਆਂ ਭਰਿਆ ਯਾਦਗਾਰ ਅਨੁਭਵ ਪ੍ਰਦਾਨ ਕੀਤਾ।

## ਦੇਸ਼ ਭਗਤ ਗਲੋਬਲ ਸਕੂਲ ਵਿਖੇ ਨੁੱਕੜ ਨਾਟਕ 'ਨਾਦਾਨ ਪਰਿੰਦੇ' ਦੀ ਪ੍ਰਭਾਵਸ਼ਾਲੀ ਪੇਸ਼ਕਾਰੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪ੍ਰਸ)**-ਦੇਸ਼ ਭਗਤ ਕੈਂਪਸ ਦੇ ਚੇਅਰਮੈਨ ਅਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਅਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ-ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਕੋਟਕਪੂਰਾ ਰੋਡ ਵਿੱਚ ਸਮਾਜਿਕ ਜਾਗਰੂਕਤਾ ਨੂੰ ਸਮਰਪਿਤ ਨੁੱਕੜ ਨਾਟਕ 'ਨਾਦਾਨ ਪਰਿੰਦੇ' ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਕੀਤੀ ਗਈ।

ਨਾਟਕ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ, ਗਲਤ ਸੰਗਤ ਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਅਤੇ ਸਹੀ ਰਸਤੇ 'ਤੇ ਚੱਲਣ ਦਾ ਸੰਦੇਸ਼ ਦਿੱਤਾ ਗਿਆ।ਵਿਦਿਆਰਥੀਆਂ ਦੀ ਦਮਦਾਰ ਅਦਾਕਾਰੀ ਅਤੇ ਪ੍ਰਭਾਵਸ਼ਾਲੀ ਸੰਵਾਦਾਂ ਨੇ ਦਰਸ਼ਕਾਂ ਨੂੰ ਭਾਵੁਕ ਕਰਨ ਦੇ ਨਾਲ-ਨਾਲ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਦਾ ਅਹਿਸਾਸ ਵੀ ਕਰਵਾਇਆ।ਸਕੂਲ ਦੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਕਿਹਾ ਕਿ ਨੁੱਕੜ ਨਾਟਕ ਵਰਗੇ ਸਿਰਜਣਾਤਮਕ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਸਮਾਜਿਕ ਚੇਤਨਾ, ਨੈਤਿਕ ਕਦਰਾਂ-ਕੀਮਤਾਂ ਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਰਾਹੀਂ ਵਿਦਿਆਰਥੀ ਸਮਾਜ ਨੂੰ ਸਕਾਰਾਤਮਕ ਸੰਦੇਸ਼ ਦੇਣ ਦੇ ਯੋਗ ਬਣਦੇ ਹਨ।ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ 'ਨਾਦਾਨ ਪਰਿੰਦੇ' ਵਰਗੇ ਨਾਟਕ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਪ੍ਰੇਰਿਤ ਕਰਨ ਦਾ ਪ੍ਰਭਾਵਸ਼ਾਲੀ ਮਾਧਿਅਮ ਹਨ।

# ਫੱਕ ਘੁਟਾਲਾ ਵਿਰੋਧੀ ਐਕਸ਼ਨ ਕਮੇਟੀ ਵੱਲੋਂ 25 ਨੂੰ ਡੀ ਐੱਸ ਪੀ ਦਫਤਰ ਦਾ ਘਿਰਾਓ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਫੱਕ ਘੁਟਾਲਾ ਵਿਰੋਧੀ ਐਕਸ਼ਨ ਕਮੇਟੀ ਵੱਲੋਂ ਇੱਥੇ ਰੇਲਵੇ ਪਾਰਕ ਵਿੱਚ ਇੱਕ ਵਿਸ਼ੇਸ਼ ਮੀਟਿੰਗ ਕਮੇਟੀ ਦੇ ਕਨਵੀਨਰ ਜ਼ੈਲ ਸਿੰਘ ਚੱਪਾੜਿੱਕੀ ਦੀ ਪ੍ਰਧਾਨਗੀ ਹੇਠ ਕੀਤੀ ਗਈ।ਇਸ ਮੌਕੇ ਗੰਭੀਰ ਵਿਚਾਰ ਚਰਚਾ ਉਪਰੰਤ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਚਰਚਿਤ ਫੱਕ ਘੁਟਾਲੇ ਦੇ ਦੋਸ਼ੀਆਂ ਖ਼ਿਲਾਫ਼ ਕਾਰਵਾਈ ਕਰਵਾਉਣ ਤੇ ਫੱਕ ਮਜ਼ਦੂਰ ਔਰਤਾਂ ਨੂੰ ਪੈਸੇ ਦਿਵਾਉਣ ਲਈ ਕੀਤਾ ਜਾ ਰਿਹਾ ਸੰਘਰਸ਼ ਹੁਣ ਆਰ-ਪਾਰ ਦੇ ਪੜਾਅ 'ਤੇ ਹੈ ਅਤੇ ਫੱਕ ਘੁਟਾਲਾ ਵਿਰੋਧੀ ਐਕਸ਼ਨ ਕਮੇਟੀ ਇਸ ਨੂੰ ਹੁਣ ਹੋਰ ਤਿੱਖਾ ਕਰਦਿਆਂ 25 ਅਗਸਤ ਨੂੰ ਗੁਰੂ ਹਰਸਹਾਏ ਪੁਲਸ ਤੇ ਡੀ. ਐੱਸ. ਪੀ. ਦੀ ਮਾੜੀ ਕਾਰਗੁਜ਼ਾਰੀ ਖਿਲਾਫ ਡੀ ਐੱਸ ਪੀ ਦਫਤਰ ਦਾ ਘਿਰਾਓ ਕੀਤਾ ਜਾਵੇਗਾ।ਆਗੂਆਂ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਉਕਤ ਮਸਲੇ ਦੇ ਹੱਲ ਲਈ ਫੱਕ ਘੁਟਾਲਾ ਵਿਰੋਧੀ ਐਕਸ਼ਨ ਕਮੇਟੀ ਦੇ ਵਫ਼ਦ ਵੱਲੋਂ ਵਾਰ ਵਾਰ ਐੱਸ. ਐੱਚ. ਓ. ਤੇ ਡੀ. ਐੱਸ. ਪੀ. ਨੂੰ ਮਿਲਿਆ ਗਿਆ, ਪਰ ਹਰ ਵਾਰ ਉਕਤ ਪੁਲਸ ਅਧਿਕਾਰੀਆਂ ਵੱਲੋਂ ਟਾਲ ਮਟੋਲ ਦੀ ਨੀਤੀ ਹੀ ਅਪਣਾਈ ਗਈ ਹੈ, ਜਿਸ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਉਕਤ ਪੁਲਸ ਅਧਿਕਾਰੀ ਸਿੱਧੇ ਤੌਰ 'ਤੇ ਦੋਸ਼ੀਆਂ ਨੂੰ ਬਚਾ ਰਹੇ ਹਨ।ਆਗੂਆਂ ਨੇ ਕਿਹਾ ਕਿ ਦੋਸ਼ੀਆਂ ਖ਼ਿਲਾਫ਼ ਸਿੱਧੇ ਤੇ ਪੱਕੇ ਸਬੂਤ ਹੋਣ ਦੇ ਬਾਵਜੂਦ ਅਤੇ ਦੋਸ਼ੀਆਂ ਦੇ ਕਰਿੰਦਿਆਂ ਵੱਲੋਂ ਇਕਬਾਲ ਕਰਨ ਦੇ ਬਾਵਜੂਦ ਉਨ੍ਹਾਂ ਖ਼ਿਲਾਫ਼ ਅਜੇ ਤੱਕ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ।ਉਨ੍ਹਾਂ ਸਰਕਾਰ ਤੇ ਪੁਲਸ ਦੇ ਉੱਚ ਅਧਿਕਾਰੀਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 25 ਅਗਸਤ ਤੱਕ ਦੋਸ਼ੀਆਂ ਖ਼ਿਲਾਫ਼ ਕਾਰਵਾਈ ਨਾ ਕੀਤੀ ਤੇ ਮਜ਼ਦੂਰਾਂ ਦੇ ਬਣਦੇ ਪੈਸੇ ਨਾ ਦਿਵਾਏ ਤਾਂ ਫੱਕ ਘੁਟਾਲਾ ਵਿਰੋਧੀ ਐਕਸ਼ਨ ਕਮੇਟੀ ਵੱਲੋਂ ਫੱਕ ਮਜ਼ਦੂਰਾਂ ਨੂੰ ਲਾਮਬੰਦ ਕਰਕੇ ਵਿਸ਼ਾਲ ਰੋਸ ਪ੍ਰਦਰਸ਼ਨ ਤੇ ਘਿਰਾਓ ਕੀਤਾ ਜਾਵੇਗਾ ਅਤੇ ਇਹ ਸੰਘਰਸ਼ ਓਦੋਂ ਤੱਕ ਜਾਰੀ ਰਹੇਗਾ, ਜਦੋਂ ਤੱਕ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਾ ਕੀਤਾ ਗਿਆ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕੁਲਦੀਪ ਮੋਠਾਂ ਵਾਲਾ, ਸਤਨਾਮ ਸਿੰਘ ਕਚੂਰਾ, ਪ੍ਰਵੀਨ ਕੌਰ ਬਾਜੇ ਕੇ, ਛਿੰਦਰ ਸਰੂਪੇ ਵਾਲਾ, ਜੰਗੀਰ ਸਿੰਘ ਤੇ ਚਰਨਜੀਤ ਸਿੰਘ ਛਾਂਗਾ ਰਾਏ ਹਾਜ਼ਰ ਸਨ।

## ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਦਾ ਜਗਰਾਉਂ ਪਹੁੰਚਣ 'ਤੇ ਕੀਤਾ ਸਨਮਾਨ



**ਜਗਰਾਉਂ (ਸੰਜੀਵ ਅਰੋੜਾ)**-ਫੂਡ ਐਂਡ ਅਲਾਈਡ ਵਰਕਜ਼ ਯੂਨੀਅਨ ਦੇ ਪ੍ਰਧਾਨ ਰਮੇਸ਼ ਕੁਮਾਰ ਮੇਸ਼ੀ ਸਹੋਤਾ ਵੱਲੋਂ ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਦੇ ਸਨਮਾਨ 'ਚ ਰੱਖਿਆ ਸਮਾਰੋਹ ਯਾਦਗਾਰੀ ਹੋ ਨਿੱਬੜਿਆ। ਸਮਾਗਮ ਦੌਰਾਨ ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਕਿਹਾ ਕਿ ਸੂਬੇ 'ਚ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਾਂਗਰਸ ਵੱਲੋਂ ਜਾਰੀ ਕੀਤੇ ਜਾਣ ਵਾਲੇ ਮੈਨੀਫੈਸਟੋ ਵਿੱਚ ਆਮ ਲੋਕਾਂ, ਮਜ਼ਦੂਰ, ਮੁਲਾਜ਼ਮ ਤੇ ਕੱਚੇ ਕਾਮਿਆਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਨ ਨੂੰ ਸ਼ਾਮਲ ਨਾ ਕੀਤਾ ਗਿਆ ਤਾਂ ਉਹ ਕਾਂਗਰਸ 'ਚ ਨਹੀਂ ਰਹਿਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਮੌਜੂਦਾ ਆਪ ਸਰਕਾਰ ਜਿਨ੍ਹਾਂ ਸਫ਼ਾਈ ਕਾਮਿਆਂ, ਮਨਰੇਗਾ ਵਰਕਰਾਂ, ਕਿਸਾਨ, ਮਜ਼ਦੂਰ, ਮੁਲਾਜ਼ਮ ਤੇ ਤਬਦੀਲ ਕਰ ਰਹੀ ਹੈ, ਉਨ੍ਹਾਂ ਦੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਉਹ ਕਾਂਗਰਸ ਦੇ ਚੋਣ ਮੈਨੀਫੈਸਟੋ 'ਚ ਉਸ ਨੂੰ ਦਰਜ ਕਰਵਾਉਣਗੇ ਤੇ ਸਰਕਾਰ ਬਨਣ 'ਤੇ ਲਾਗੂ ਕਰਵਾਉਣ ਦਾ ਵਾਅਦਾ ਕਰਦੇ ਹਨ। ਉਨ੍ਹਾਂ ਸਮਾਗਮ 'ਚ ਪ੍ਰਧਾਨ ਮੇਸ਼ੀ ਸਹੋਤਾ ਵੱਲ ਲੇਬਰ ਯੂਨੀਅਨ, ਸਫ਼ਾਈ ਕਾਮਿਆਂ, ਟਰੱਕ ਯੂਨੀਅਨ ਸਮੇਤ ਹੋਰ ਜਥੇਬੰਦੀਆਂ ਦੀਆਂ ਰੱਖੀਆਂ ਮੰਗਾਂ ਨੂੰ ਸਰਕਾਰ ਬਣਨ 'ਤੇ ਪ੍ਰਵਾਨ ਕਰਵਾਉਣ ਦਾ ਵਾਅਦਾ ਕੀਤਾ। ਸਮਾਗਮ ਦੌਰਾਨ ਫੂਡ ਐਂਡ ਅਲਾਈਡ ਵਰਕਰ ਯੂਨੀਅਨ ਪੰਜਾਬ ਵੱਲੋਂ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੂੰ ਕਾਰਜਕਾਰੀ ਪ੍ਰਧਾਨ ਬਣਾਉਣ 'ਤੇ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਪ੍ਰਧਾਨ ਮੇਸ਼ੀ ਸਹੋਤਾ ਨੇ ਸਮਾਗਮ 'ਚ ਸੂਬੇ ਭਰ ਤੋਂ ਇਲਾਵਾ ਇਲਾਕੇ 'ਚੋਂ ਹਰ ਪਾਰਟੀ ਤੇ ਹਰ ਜਥੇਬੰਦੀ ਤੋਂ ਇਲਾਵਾ ਸ਼ਹਿਰ ਦੀਆਂ ਨਾਮੀ ਸ਼ਖ਼ਸੀਅਤਾਂ ਦੇ ਸ਼ਿਰਕਤ ਕਰਨ 'ਤੇ ਧੰਨਵਾਦ ਕੀਤਾ। ਇਸ ਮੌਕੇ ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਕਰਨਜੀਤ ਸਿੰਘ ਸੋਨੀ ਗਾਲਿਬ, ਜੱਥੇਦਾਰ ਬਾਬਾ ਸੰਤੋਖ ਸਿੰਘ, ਬਾਬਾ ਮਨਦੀਪ ਸਿੰਘ, ਸਾਬਕਾ ਪ੍ਰਧਾਨ ਮੇਜਰ ਸਿੰਘ ਭੈਣੀ, ਐੱਸ.ਸੀ. ਵਿੰਗ ਦੇ ਵਾਈਸ ਚੇਅਰਮੈਨ ਰਾਜੇਸ਼ਇੰਦਰ ਸਿੱਧੂ, ਸ਼੍ਰੀ ਕ੍ਰਿਸ਼ਨਾ ਗਊਸ਼ਾਲਾ ਤੋਂ ਤੀਰਥ ਸਿੰਗਲਾ, ਸੋਨੂੰ ਮਲਹੋਤਰਾ, ਆੜ੍ਹਤੀਆ ਐਸੋਸੀਏਸ਼ਨ ਤੋਂ ਅੰਮ੍ਰਿਤਪਾਲ ਸਿੰਘ, ਸ਼ਹੀਦ ਊਧਮ ਸਿੰਘ ਯੂਨੀਅਨ ਜਗਰਾਉਂ ਜਸਵਿੰਦਰ ਸਿੰਘ ਦੀ ਟੀਮ, ਸਫਾਈ ਸੇਵਕ ਯੂਨੀਅਨ ਤੋਂ ਜ਼ਿਲਾ ਪ੍ਰਧਾਨ ਅਰੁਣ ਗਿੱਲ, ਡਾ: ਇਕਬਾਲ ਸਿੰਘ ਧਾਲੀਵਾਲ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕਾ ਨਿਵਾਸੀ ਹਾਜ਼ਰ ਸਨ।

## ਬੱਸ ਸਟੈਂਡ ਰੈਸਟ ਹਾਊਸ ਦੀ ਜ਼ਮੀਨ 'ਚ ਉਸਾਰਿਆ ਜਾਵੇ : ਪ੍ਰਧਾਨ ਬਾਲਿਓਂ



**ਸਮਰਾਲਾ (ਸੁਰਜੀਤ ਸਿੰਘ)**-ਲੋਕ ਹਿੱਤਾਂ ਲਈ ਸਰਗਰਮ ਸ਼ਹਿਰ ਦੀ ਸਮਾਜ ਸੇਵਾ ਨੂੰ ਪ੍ਰਣਾਈ ਭ੍ਰਿਸ਼ਟਾਚਾਰ ਵਿਰੋਧੀ ਫਰੰਟ (ਰਜਿ.) ਸੰਸਥਾ ਵੱਲੋਂ ਫਰੰਟ ਦੇ ਪ੍ਰਧਾਨ ਜਥੇਦਾਰ ਅਮਰਜੀਤ ਸਿੰਘ ਬਲਿਓਂ ਦੀ ਪ੍ਰਧਾਨਗੀ ਹੇਠ ਹੋਈ ਮਾਸਿਕ ਇਕੱਤਰਤਾ ਦੌਰਾਨ ਸ਼ਹਿਰ ਵਿਚ ਦਰਪੇਸ਼ ਮੁਸ਼ਕਿਲਾਂ ਬਾਰੇ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਫਰੰਟ ਦੇ ਬਾਨੀ ਅਤੇ ਸਰਪ੍ਰਸਤ ਕਮਾਡੈਂਟ ਰਸ਼ਪਾਲ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਹਾਜ਼ਰ ਮੈਂਬਰਾਂ ਨੇ ਵਿਚਾਰ ਪ੍ਰਗਟ ਕੀਤੇ ਕਿ ਸ਼ਹਿਰ ਵਿਚ ਕੋਈ ਯੋਗ ਬਸ ਅੱਡਾ ਨਹੀਂ ਹੈ, ਸਥਾਨਕ ਪ੍ਰਸ਼ਾਸਨ ਵਲੋਂ ਕੁੱਝ ਸਮਾਂ ਪਹਿਲਾਂ ਜੋ ਬਸ ਅੱਡਾ ਉਸਾਰਿਆ ਗਿਆ ਸੀ, ਉਹ ਸ਼ਹਿਰ ਤੋਂ ਦੂਰ ਹੋਣ ਕਾਰਨ ਯਾਤਰੂਆਂ ਲਈ ਅਸੁਵਿਧਾ ਦਾ ਸਬੱਬ ਬਣਦਾ ਹੈ, ਲਿਹਾਜ਼ਾ ਮੰਗ ਕੀਤੀ ਗਈ ਹੈ ਕਿ ਸ਼ਹਿਰ ਦੇ ਮੁੱਖ ਚੌਂਕ ਨੇੜੇ ਬੀਤੇ ਕਈ ਸਾਲਾਂ ਤੋਂ ਰੈਸਟ ਹਾਊਸ ਦੀ ਬੇਆਬਾਦ ਪਈ ਜ਼ਮੀਨ ਵਿਚ ਉਸਾਰਿਆ ਜਾਵੇ, ਜੋ ਲੋਕਾਂ ਲਈ ਬਹੁਤ ਹੀ ਸੁਵਿਧਾਜਨਕ ਰਹੇਗਾ।ਇਸ ਸਥਾਨ ਦਾ ਸੁੰਦਰੀਕਰਨ ਕਰਨ ਨਾਲ ਬਾਹਰੋਂ ਆਏ ਲੋਕਾਂ ਲਈ ਸ਼ਹਿਰ ਦੀ ਦਿੱਖ ਆਕਰਸ਼ਕ ਨਜ਼ਰ ਆਵੇਗੀ। ਸ਼ਹਿਰ ਵਿੱਚ ਆਵਾਰਾ ਘੁੰਮਦੇ ਪਸ਼ੂ ਆਮ ਲੋਕਾਂ ਤੇ ਵਾਹਨਾਂ ਲਈ ਵੱਡਾ ਖਤਰਾ ਸਾਬਤ ਹੋ ਰਹੇ ਹਨ। ਪ੍ਰਸ਼ਾਸਨ ਵੱਲੋਂ ਇਸ ਗੰਭੀਰ ਸਮੱਸਿਆ ਵੱਲ ਕੋਈ ਤਵੱਜੋ ਨਹੀਂ ਦਿੱਤੀ ਗਈ।ਲਿਹਾਜ਼ਾ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਅਵਾਰਾ ਪਸ਼ੂਆਂ ਨੂੰ ਖੰਨਾ ਰੋਡ ਵਾਲੀ ਗਾਊਸ਼ਾਲਾ ਦੇ ਹਵਾਲੇ ਕੀਤਾ ਜਾਵੇ, ਤਾਂ ਜੁ ਅਵਾਰਾ ਪਸ਼ੂਆਂ ਤੋਂ ਨਿਜ਼ਾਤ ਮਿਲ ਸਕੇ।ਇਸੇ ਦੌਰਾਨ ਚੰਡੀਗੜ੍ਹ ਰੋਡ 'ਤੇ ਸੀਵਰੇਜ ਪਾਈਪ ਲਾਈਨ ਵਿਛਾਉਣ ਲਈ ਪੁੱਟੀਆਂ ਗਈਆਂ ਖਾਈਆਂ ਨੂੰ ਪਾਈਪ ਲਾਈਨ ਵਿਛਾਉਣ ਉਪਰੰਤ ਸਹੀ ਢੰਗ ਨਾਲ ਨਹੀਂ ਢਕਿਆ ਗਿਆ, ਜਿਸ ਕਾਰਨ ਉਨ੍ਹਾਂ ਵਿੱਚ ਬਣੇ ਖੱਡਿਆਂ ਵਿਚ ਬਰਸਾਤ ਦਾ ਪਾਣੀ ਲੋਕਾਂ ਲਈ ਭਾਰੀ ਮੁਸੀਬਤ ਖੜੀ ਕਰ ਰਿਹਾ ਹੈ।

# ਮਹਿੰਗਾਈ ਭੱਤੇ 'ਤੇ ਅੜੀਅਲ ਵਤੀਰਾ ਸਰਕਾਰ ਨੂੰ ਚੋਣਾਂ 'ਚ ਮਹਿੰਗਾ ਪਵੇਗਾ : ਸਿਕੰਦਰ ਸਿੰਘ



**ਸਮਰਾਲਾ (ਸੁਰਜੀਤ ਸਿੰਘ)**-ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਸਮਰਾਲਾ ਦੀ ਮੀਟਿੰਗ ਸਿਕੰਦਰ ਸਿੰਘ ਮੰਡਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸਾਹਿਬ ਮੇਨ ਚੌਂਕ ਸਮਰਾਲਾ ਵਿਖੇ ਹੋਈ, ਜਿਸ ਵਿੱਚ ਪਿਛਲੇ ਅਰਸੇ ਦੌਰਾਨ ਪਾਵਰਕਾਮ ਪੈਨਸ਼ਨਰਾਂ ਵੱਲੋਂ ਕੀਤੇ ਸੰਘਰਸ਼ਾਂ ਦੀ ਪੜਚੋਲ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਹੁੰਦੇ ਹੋਏ ਸਿਕੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਨਾਲ ਦੁਸ਼ਮਣੀ ਭਰਿਆ ਵਤੀਰਾ ਕਰ ਰਹੀ ਹੈ।ਬਹੁਤ ਸਰਕਾਰਾਂ ਆਈਆਂ ਤੇ ਗਈਆਂ, ਪਰ ਕੋਈ ਵੀ ਸਰਕਾਰ ਆਪਣੇ ਮੁਲਾਜ਼ਮਾਂ ਖਿਲਾਫ ਅਦਾਲਤਾਂ ਵਿੱਚ ਵਿਰੋਧੀ ਧਿਰ ਬਣ ਕੇ ਨਹੀਂ ਖੜ੍ਹੀ।ਉਨ੍ਹਾਂ ਕਿਹਾ ਕਿ ਮਾਣਯੋਗ ਅਦਾਲਤ ਮੁਲਾਜ਼ਮਾਂ ਦੇ ਹੱਕ ਵਿੱਚ ਫੈਸਲੇ ਦੇ ਚੁੱਕੀ ਹੈ, ਪਰ ਫੇਰ ਵੀ ਸਰਕਾਰ ਬਿਨਾਂ ਵਜ੍ਹਾ ਮਾਣਯੋਗ ਅਦਾਲਤਾਂ ਦੇ ਫੈਸਲਿਆਂ ਵਿਰੁੱਧ ਰੀਵਿਊ ਅਪੀਲਾਂ ਦਾਇਰ ਕਰਕੇ ਮਾਣਯੋਗ ਅਦਾਲਤਾਂ ਦਾ ਕੀਮਤੀ ਵਕਤ ਬਰਬਾਦ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਵਿੱਤ ਮੰਤਰੀ ਹਰਪਾਲ ਚੀਮਾ ਮਾਣਯੋਗ ਅਦਾਲਤ ਦੇ ਫੈਸਲੇ 'ਤੇ ਹੀ ਟੀਕਾ ਟਿੱਪਣੀ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਵਿੱਤ ਮੰਤਰੀ ਨੇ ਅਦਾਲਤ ਵਿੱਚ ਗਲਤ ਅੰਕੜੇ ਪੇਸ਼ ਕਰਕੇ ਮਾਣਯੋਗ ਅਦਾਲਤ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਹੈ।ਉਨ੍ਹਾਂ ਕਿਹਾ ਕਿ ਸਾਂਝੇ ਫਰੰਟ ਵੱਲੋਂ 7 ਅਗਸਤ ਨੂੰ ਚੰਡੀਗੜ੍ਹ ਵਿਖੇ ਦਿੱਤੇ ਵਿਸ਼ਾਲ ਧਰਨੇ ਨੇ ਪੰਜਾਬ ਸਰਕਾਰ ਦੀ ਨੀਂਦ ਉਡਾ ਦਿੱਤੀ।ਇਸੇ ਕੜੀ ਤਹਿਤ 27 ਨੂੰ ਪੰਜਾਬ ਜਾਮ ਕਰਨ ਦੇ ਸੱਦੇ ਨੂੰ ਸਫਲ ਕਰਨ ਲਈ ਪੈਨਸ਼ਨਰਜ਼ ਐਸੋ: ਪਾਵਰਕਾਮ ਸਮਰਾਲਾ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰੇਗੀ।ਉਨ੍ਹਾਂ ਚੰਡੀਗੜ੍ਹ ਧਰਨੇ ਮੌਕੇ ਪੁਲਸ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਉੱਤੇ ਕੀਤੇ ਲਾਠੀਚਾਰਜ ਤੇ ਪਾਣੀ ਦੀ ਬੁਛਾੜਾਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਇਸ ਦਾ ਸਰਕਾਰ ਨੂੰ 2027 ਦੀਆਂ ਚੋਣਾਂ ਵਿੱਚ ਖਮਿਆਜ਼ਾ ਭੁਗਤਣਾ ਪਵੇਗਾ।ਮੀਟਿੰਗ ਨੂੰ ਇੰਜ: ਪ੍ਰੇਮ ਸਿੰਘ ਰਿਟਾ: ਐਸ. ਡੀ. ਓ., ਰਾਜਿੰਦਰਪਾਲ ਵਡੇਰਾ ਡਿਪਟੀ ਸੀ. ਏ. ਓ., ਜਗਤਾਰ ਸਿੰਘ ਪ੍ਰੈੱਸ ਸਕੱਤਰ, ਇੰਜ: ਦਰਸ਼ਨ ਸਿੰਘ ਵਿੱਤ ਸਕੱਤਰ, ਸੁਰਜੀਤ ਵਿਸ਼ਾਦ, ਦਰਸ਼ਨ ਸਿੰਘ ਕੋਟਾਲਾ, ਪ੍ਰੇਮ ਚੰਦ ਭਲਾ ਲੋਕ, ਜਸਵੰਤ ਸਿੰਘ ਢੰਡਾ, ਮਹੇਸ਼ ਕੁਮਾਰ ਖਮਾਣੋਂ, ਕਿਰਨ ਕਪੂਰ ਏ. ਓ., ਗੁਰਚਰਨ ਸਿੰਘ ਜੇ. ਈ., ਕੁਲਵੰਤ ਸਿੰਘ ਗੁਰਦੁਆਰਾ ਪ੍ਰਧਾਨ, ਜੰਗ ਸਿੰਘ ਗੜ੍ਹੀ ਆਦਿ ਨੇ ਸੰਬੋਧਨ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਇੰਜ: ਭਰਪੂਰ ਸਿੰਘ ਮਾਂਗਟ ਸਕੱਤਰ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।

## ਬੱਚਿਆਂ ਨੂੰ ਸਟੇਸ਼ਨਰੀ, ਬੂਟ ਤੇ ਕੋਟੀਆਂ ਵੰਡੀਆਂ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਨੇੜਲੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਮੀਮਸਾ ਵਿਖੇ ਦਿ ਐੱਜ ਫਾਊਂਡੇਸ਼ਨ ਧੂਰੀ ਵੱਲੋਂ ਸੰਸਥਾ ਦੇ ਪ੍ਰਧਾਨ ਜਗਸੀਰ ਸਿੰਘ ਜੱਗੀ ਢੀਂਡਸਾ ਦੀ ਅਗਵਾਈ 'ਚ ਸਕੂਲ ਦੇ ਬੱਚਿਆਂ ਨੂੰ ਸਟੇਸ਼ਨਰੀ ਸਮੱਗਰੀ ਵੰਡੀ ਗਈ।ਇਸ ਦੇ ਨਾਲ ਹੀ, ਕੈਨੇਡਾ ਨਿਵਾਸੀ ਜਸਵਿੰਦਰ ਸਿੰਘ ਰੰਧਾਵਾ ਦੇ ਪਰਵਾਰ ਵੱਲੋਂ ਵੱਡਾ ਉਪਰਾਲਾ ਕਰਦਿਆਂ ਸਕੂਲੀ ਬੱਚਿਆਂ ਨੂੰ ਬੂਟ ਤੇ ਆਉਣ ਵਾਲੀ ਸਰਦੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਕੋਟੀਆਂ ਵੰਡਣ ਦੀ ਸੇਵਾ ਨਿਭਾਈ ਗਈ।ਸਕੂਲ ਸਟਾਫ਼ ਤੇ ਪਿੰਡ ਵਾਸੀਆਂ ਵੱਲੋਂ ਦਿ ਐੱਜ ਫਾਊਂਡੇਸ਼ਨ ਤੇ ਰੰਧਾਵਾ ਪਰਵਾਰ ਦੇ ਇਸ ਨੇਕ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ।ਬੁਲਾਰਿਆਂ ਨੇ ਆਖਿਆ ਕਿ ਅਜਿਹੇ ਸਮਾਜ ਸੇਵੀ ਕਾਰਜਾਂ ਨਾਲ ਜਿੱਥੇ ਲੋੜਵੰਦ ਬੱਚਿਆਂ ਦਾ ਹੌਸਲਾ ਵਧਦਾ ਹੈ, ਉੱਥੇ ਹੀ ਉਨ੍ਹਾਂ ਨੂੰ ਪੜ੍ਹਾਈ ਵੱਲ ਹੋਰ ਪ੍ਰੇਰਿਤ ਹੋਣ ਦੀ ਵਧੀਆ ਦਿਸ਼ਾ ਮਿਲਦੀ ਹੈ।ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ।

## ਵਾਤਾਵਰਣ ਨੂੰ ਬਚਾਉਣ ਲਈ ਸਾਂਝਾ ਹੰਭਲਾ ਮਾਰਨ ਦੀ ਲੋੜ : ਬਿੱਟੂ ਸੋਫਤ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਦਿਨ-ਬ-ਦਿਨ ਪਲੀਤ ਹੋ ਰਹੇ ਕੁਦਰਤੀ ਚੌਗਿਰਦੇ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਵਪਾਰ ਮੰਡਲ ਪੰਜਾਬ ਦੇ ਸੂਬਾਈ ਆਗੂ ਵਿਜੈ ਕੁਮਾਰ ਬਿੱਟੂ ਸੋਫਤ ਨੇ ਆਖਿਆ ਕਿ ਜੇਕਰ ਅਸੀਂ ਹੁਣ ਵੀ ਗੰਭੀਰ ਨਾ ਹੋਏ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸ ਦੇ ਭਿਆਨਕ ਸਿੱਟੇ ਭੁਗਤਣੇ ਪੈਣਗੇ।ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਕੇਵਲ ਸਰਕਾਰਾਂ ਦਾ ਹੀ ਫ਼ਰਜ਼ ਨਹੀਂ, ਸਗੋਂ ਹਰ ਨਾਗਰਿਕ ਨੂੰ ਆਪਣੀ ਨੈਤਿਕ ਜ਼ਿੰਮੇਵਾਰੀ ਸਮਝਦਿਆਂ ਇਸ ਦਿਸ਼ਾ ਵਿੱਚ ਸਾਂਝਾ ਹੰਭਲਾ ਮਾਰਨ ਦੀ ਲੋੜ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਿੱਟੂ ਸੋਫਤ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਵਧਦੀ ਪ੍ਰਦੂਸ਼ਣ ਦੀ ਸਮੱਸਿਆ ਨੇ ਮਨੁੱਖੀ ਜੀਵਨ ਦੇ ਨਾਲ-ਨਾਲ ਸਮੁੱਚੇ ਜੀਵ-ਜੰਤੂਆਂ ਤੇ ਵਨਸਪਤੀ ਦੇ ਵਜੂਦ ਲਈ ਵੱਡਾ ਖ਼ਤਰਾ ਪੈਦਾ ਕਰ ਦਿੱਤਾ ਹੈ।ਹਵਾ, ਪਾਣੀ ਤੇ ਧਰਤੀ ਦਾ ਲਗਾਤਾਰ ਜ਼ਹਿਰੀਲੇ ਹੋਣਾ ਅਤਿ ਚਿੰਤਾਜਨਕ ਹੈ।ਉਨ੍ਹਾਂ ਕਿਹਾ ਕਿ ਉਦਯੋਗਿਕ ਵਿਕਾਸ ਦੀ ਦੌੜ ਵਿੱਚ ਕੁਦਰਤ ਨਾਲ ਕੀਤੀ ਗਈ ਛੇੜਛਾੜ ਕਾਰਨ ਮੌਸਮੀ ਚੱਕਰ ਵਿਗੜ ਚੁੱਕਾ ਹੈ ਤੇ ਭਿਆਨਕ ਬੀਮਾਰੀਆਂ ਆਮ ਹੁੰਦੀਆਂ ਜਾ ਰਹੀਆਂ ਹਨ।ਉਨ੍ਹਾਂ ਵਪਾਰੀ ਵਰਗ, ਸਮਾਜਿਕ ਸੰਸਥਾਵਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਵਾਤਾਵਰਣ ਨੂੰ ਹਰਾ-ਭਰਾ ਬਣਾਉਣ ਲਈ ਵੱਧ ਤੋਂ ਵੱਧ ਪੌਦੇ ਲਗਾਏ ਜਾਣ ਤੇ ਉਨ੍ਹਾਂ ਦੀ ਪਾਲਣ-ਪੋਸ਼ਣ ਬੱਚਿਆਂ ਵਾਂਗ ਕੀਤੀ ਜਾਵੇ।

## ਜੇ ਐੱਨ ਜੇ ਡੀ ਏ ਵੀ ਸੀਨੀਅਰ ਸੈਕੰਡਰੀ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਾਈਆਂ ਜਾਂਦੀਆਂ ਗਰਮ ਰੁੱਤ ਖੇਡਾਂ ਦੇ ਜ਼ੋਨ ਪੱਧਰੀ ਮੁਕਾਬਲਿਆਂ ਵਿੱਚ ਜੇਐਨਜੇ ਡੀਏਵੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਪ੍ਰਿੰ. ਗੁਰਦਾਸ ਸਿੰਘ ਮਾਨ ਨੇ ਦੱਸਿਆ ਕਿ ਇਨ੍ਹਾਂ ਜ਼ੋਨ ਪੱਧਰੀ ਖੇਡਾਂ ਵਿੱਚ ਸਕੂਲ ਨੇ ਕੇਵਲ 3 ਖੇਡਾਂ ਕ੍ਰਿਕੇਟ, ਬਾਸਕਟਬਾਲ ਅਤੇ ਸ਼ਤਰੰਜ ਵਿੱਚ ਭਾਗ ਲਿਆ ਅਤੇ ਤਿੰਨਾਂ ਹੀ ਖੇਡਾਂ ਵਿੱਚ ਜਿੱਤ ਪ੍ਰਾਪਤ ਕੀਤੀ ਹੈ।ਉਨ੍ਹਾਂ ਦੱਸਿਆ ਕਿ ਸ਼ਤਰੰਜ ਮੁਕਾਬਲਿਆਂ ਵਿੱਚ ਸਕੂਲ ਦੀਆਂ ਲੜਕੇ ਤੇ ਲੜਕੀਆਂ ਦੋਹਾਂ ਟੀਮਾਂ ਨੇ ਭਾਗ ਲਿਆ ਅਤੇ ਲੜਕੀਆਂ ਦੀ ਅੰਡਰ 17 ਅਤੇ ਅੰਡਰ 19 ਦੋਨਾਂ ਟੀਮਾਂ ਨੇ ਗੋਲਡ ਮੈਡਲ ਤੇ ਕਬਜ਼ਾ ਕੀਤਾ।ਇਸੇ ਤਰ੍ਹਾਂ ਲੜਕਿਆਂ ਦੀ ਅੰਡਰ 17 ਤੇ ਅੰਡਰ 19 ਟੀਮ ਨੇ ਗੋਲਡ ਅਤੇ ਅੰਡਰ 14 ਟੀਮ ਨੇ ਸਿਲਵਰ ਮੈਡਲ ਤੇ ਕਬਜ਼ਾ ਕੀਤਾ।ਉਨ੍ਹਾਂ ਦੱਸਿਆ ਕਿ ਲੜਕਿਆਂ ਦੀ ਕ੍ਰਿਕਟ ਵਿੱਚ ਅੰਡਰ 14 ਅੰਡਰ ਤੇ ਅੰਡਰ 17 ਦੋਨਾਂ ਵਰਗਾਂ ਵਿੱਚ ਭਾਗ ਲਿਆ ਤੇ ਗੋਲਡ ਮੈਡਲ ਹਾਸਲ ਕੀਤਾ, ਜਦੋਂਕਿ ਬਾਸਕਟਬਾਲ ਵਿੱਚ ਸਕੂਲ ਦੀ ਅੰਡਰ 17 ਲੜਕਿਆਂ ਦੀ ਟੀਮ ਨੇ ਕਾਂਸੇ ਦਾ ਮੈਡਲ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।

# ਭੁੱਚੋ ਮੰਡੀ ਜ਼ੋਨਲ ਖੇਡਾਂ 'ਚ ਸੰਤ ਕਬੀਰ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਭੁੱਚੋ ਮੰਡੀ ਜ਼ੋਨਲ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਖੇਡਾਂ ਵਿੱਚ ਪਹਿਲੇ, ਦੂਜੇ ਤੇ ਤੀਜੇ ਸਥਾਨ ਹਾਸਲ ਕਰਕੇ ਸਕੂਲ, ਮਾਪਿਆਂ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।

ਮੁਕਾਬਲਿਆਂ ਦੌਰਾਨ ਸਕੂਲ ਦੇ ਅੰਡਰ-17 ਲੜਕਿਆਂ ਨੇ ਬਾਸਕਟਬਾਲ, ਅੰਡਰ-19 ਲੜਕਿਆਂ ਨੇ ਕ੍ਰਿਕਟ, ਅੰਡਰ-19 ਲੜਕਿਆਂ ਨੇ ਬੈਡਮਿੰਟਨ, ਅੰਡਰ-14 ਤੇ ਅੰਡਰ-17 ਲੜਕੀਆਂ ਨੇ ਬੈਡਮਿੰਟਨ ਅਤੇ ਅੰਡਰ-14 ਲੜਕਿਆਂ ਨੇ ਰੱਸਾਕਸ਼ੀ ਵਿੱਚ ਪਹਿਲੇ ਸਥਾਨ ਤੋਂ ਇਲਾਵਾ ਅੰਡਰ-17 ਤੇ ਅੰਡਰ-19 ਲੜਕਿਆਂ ਨੇ ਰੱਸਾਕਸ਼ੀ, ਅੰਡਰ-14 ਤੇ ਅੰਡਰ-17 ਲੜਕਿਆਂ ਨੇ ਬੈਡਮਿੰਟਨ ਤੇ ਅੰਡਰ-14 ਲੜਕਿਆਂ ਨੇ ਕ੍ਰਿਕਟ ਵਿੱਚ ਦੂਜਾ ਸਥਾਨ, ਜਦਕਿ ਅੰਡਰ-17 ਲੜਕਿਆਂ ਨੇ ਕ੍ਰਿਕਟ ਤੇ ਫੁੱਟਬਾਲ ਵਿੱਚ ਤੀਜਾ ਸਥਾਨ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਸਕੂਲ ਦੇ ਮੈਨੇਜਿੰਗ ਡਾਇਰੈਕਟਰ ਪ੍ਰੋ. ਐੱਮ. ਐੱਲ. ਅਰੋੜਾ ਨੇ ਜੇਤੂ ਵਿਦਿਆਰਥੀਆਂ, ਕੋਚਾਂ ਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਰਿਹਾ ਹੈ। ਸਿੱਖਿਆ ਦੇ ਖੇਤਰ ਵਿੱਚ ਉੱਚ ਨਤੀਜਿਆਂ ਲਈ ਜਾਣਿਆ ਜਾਂਦਾ ਇਹ ਸਕੂਲ ਖੇਡਾਂ ਦੇ ਖੇਤਰ ਵਿੱਚ ਵੀ ਆਪਣੀ ਵਿਲੱਖਣ ਪਛਾਣ ਬਣਾਈ ਰੱਖ ਰਿਹਾ ਹੈ। ਉਨ੍ਹਾਂ ਕਿਹਾ ਕਿ ਸੰਸਥਾ ਦਾ ਉਦੇਸ਼ ਵਿਦਿਆਰਥੀਆਂ ਨੂੰ ਕੇਵਲ ਵਿੱਦਿਅਕ ਤੌਰ 'ਤੇ ਹੀ ਨਹੀਂ, ਸਗੋਂ ਖੇਡਾਂ, ਅਨੁਸ਼ਾਸਨ, ਲੀਡਰਸ਼ਿਪ ਤੇ ਨੈਤਿਕ ਕਦਰਾਂ-ਕੀਮਤਾਂ ਵਿੱਚ ਵੀ ਅੱਗੇ ਲਿਆਉਣਾ ਹੈ। ਡਾਇਰੈਕਟਰ ਡਾ. ਨੰਦਿਤਾ ਗਰੋਵਰ ਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਕਿਹਾ ਕਿ ਸਕੂਲ ਵਿੱਚ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਬਰਾਬਰ ਮਹੱਤਵ ਦਿੱਤਾ ਜਾਂਦਾ ਹੈ, ਜਿਸ ਦਾ ਨਤੀਜਾ ਹੈ ਕਿ ਵਿਦਿਆਰਥੀ ਹਰ ਖੇਤਰ ਵਿੱਚ ਨਵੀਆਂ ਉਚਾਈਆਂ ਨੂੰ ਛੂਹ ਰਹੇ ਹਨ।

## ਈਸੜੂ ਰੈਲੀ ਨੂੰ ਸਫਲ ਬਣਾਉਣ ਲਈ ਮੀਟਿੰਗ




**ਦੋਰਾਹਾ (ਹਰਮਿੰਦਰ ਸੇਠ)**-ਈਸੜੂ ਰੈਲੀ ਨੂੰ ਸਫਲ ਬਣਾਉਣ ਲਈ ਬਲਾਕ ਮਲੋਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਤੇ ਬਲਾਕ ਕਾਗਰਸ ਮਲੋਦ ਦੇ ਸ਼ਹਿਰੀ ਪ੍ਰਧਾਨ ਸੁਰਿੰਦਰ ਕੁਮਾਰ ਢੀਂਗਰਾ ਦੀ ਅਗਵਾਈ ਹੇਠ ਮਲੋਦ ਵਿਖੇ ਮੀਟਿੰਗ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਨੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਈਸੜੂ ਰੈਲੀ ਵਿੱਚ ਹੋਣ ਵਾਲਾ ਇਤਿਹਾਸਕ ਇਕੱਠ ਆਉਣ ਵਾਲੀ ਸਰਕਾਰ ਦੀ ਨੀਂਹ ਰੱਖੇਗਾ। ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਦੀ ਅਗਵਾਈ ਹੇਠ ਬਲਾਕ ਮਲੋਦ ਦੇ ਪਿੰਡਾਂ ਵਿੱਚ ਈਸੜੂ ਰੈਲੀ ਨੂੰ ਸਫਲ ਬਣਾਉਣ ਲਈ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।

## ਸ਼ਹਿਰ ਦੇ ਵਾਰਡਾਂ 'ਚ ਵਿਕਾਸ ਕਾਰਜਾਂ ਨੂੰ ਮਿਲੀ ਹੋਰ ਰਫ਼ਤਾਰ : ਪ੍ਰਿੰਸੀਪਲ ਬੁੱਧ ਰਾਮ

**ਬੁਢਲਾਡਾ (ਅਸ਼ੋਕ ਲਾਕੜਾ)**-ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਆਮ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ।ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਵਾਰਡ ਨੰਬਰ 19 ਦੀ ਬਾਜ਼ੀਗਰ ਬਸਤੀ ਵਿਖੇ ਲੋਕਾਂ ਦੀ ਸਹੂਲਤ ਲਈ ਇੱਕ ਨਵੇਂ ਸ਼ੈਡ ਦਾ ਨਿਰਮਾਣ ਕਰਾਇਆ ਗਿਆ ਹੈ, ਜਦਕਿ ਵਾਰਡ ਨੰਬਰ 18 ਵਿੱਚ ਪ੍ਰਜਾਪਤ ਧਰਮਸ਼ਾਲਾ ਨੂੰ



ਨਵਿਆਉਣ ਦਾ ਕੰਮ ਮੁਕੰਮਲ ਕੀਤਾ ਗਿਆ ਹੈ।ਇਨ੍ਹਾਂ ਵਿਕਾਸ ਕਾਰਜਾਂ ਦੇ ਮੁਕੰਮਲ ਹੋਣ ਨਾਲ ਦੋਵਾਂ ਵਾਰਡਾਂ ਦੇ ਵਸਨੀਕਾਂ ਨੂੰ ਸਮਾਜਿਕ, ਧਾਰਮਿਕ ਤੇ ਪਰਵਾਰਕ ਸਮਾਗਮਾਂ ਲਈ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ।ਇਨ੍ਹਾਂ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਵਿਕਾਸ ਕਾਰਜਾਂ ਦੇ ਮਾਮਲੇ ਵਿੱਚ ਕਿਸੇ ਵੀ ਵਾਰਡ ਨਾਲ ਕੋਈ ਵਿਤਕਰਾ ਨਹੀਂ ਕੀਤਾ ਜਾ ਰਿਹਾ ਤੇ ਲੋਕਾਂ ਵੱਲੋਂ ਲਿਆਦੀਆਂ ਜਾਂਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸੜਕਾਂ, ਗਲੀਆਂ, ਨਾਲੀਆਂ ਤੇ ਜਨਤਕ ਧਰਮਸ਼ਾਲਾਵਾਂ ਦੇ ਸੁਧਾਰ ਦਾ ਮਕਸਦ ਹਰ ਵਰਗ ਦੇ ਲੋਕਾਂ ਨੂੰ ਸੁਖਾਵਾਂ ਤੇ ਸਨਮਾਨਜਨਕ ਜੀਵਨ ਪੱਧਰ ਮੁਹੱਈਆ ਕਰਾਉਣਾ ਹੈ।ਨਗਰ ਕੌਂਸਲ ਦੇ ਪ੍ਰਧਾਨ ਸਤਨਾਮ ਸਿੰਘ ਖਨਾਲੀਆ, ਮਾਰਕੀਟ ਕਮੇਟੀ ਦੇ ਚੇਅਰਮੈਨ ਸਤੀਸ਼ ਸਿੰਗਲਾ, ਵਾਰਡ 18 ਤੋਂ ਐੱਮ.ਸੀ. ਸਤਿਨਾਮ ਦੁੱਗਲ, ਵਾਰਡ 19 ਤੋਂ ਐੱਮ.ਸੀ. ਮੈਡਮ ਕਰਮਜੀਤ ਕੌਰ, 'ਆਪ' ਦੇ ਬਲਾਕ ਪ੍ਰਧਾਨ ਕੁਲਦੀਪ ਸ਼ੀਮਾਰ, ਕੋਆਰਡੀਨੇਟਰ ਜਸਵੀਰ ਸਿੰਘ ਜੱਸੀ ਸੈਣੀ, ਟਰੱਕ ਯੂਨੀਅਨ ਪ੍ਰਧਾਨ ਗੁਰਮੀਤ ਸਿੰਘ, ਐੱਮ.ਸੀ. ਗੁਰਪ੍ਰੀਤ ਵਿਰਕ ਅਤੇ ਐੱਮ.ਸੀ. ਟਿੰਕੂ ਪੰਜਾਬ ਸਮੇਤ ਚੇਅਰਮੈਨ ਭੋਲਾ ਸਿੰਘ, ਚੇਅਰਮੈਨ ਗੁਰਚੰਦ ਸਿੰਘ, ਪਾਵਨ, ਜੀਤਾ ਮੰਤਰੀ, ਟਹਿਲ ਸਿੰਘ, ਘੁਕਰ ਸਿੰਘ, ਨੰਬਰ ਸਿੰਘ, ਸਿਕੰਦਰ ਸਿੰਘ ਅਤੇ ਨਾਜਰ ਸਿੰਘ ਆਦਿ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਮਾਨ ਸਰਕਾਰ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੁੱਚੇ ਕੈਦੀਆਂ ਦੀ ਰਿਹਾਈ ਲਈ ਕਰੇ ਯਤਨ : ਲਿਬਰੇਸ਼ਨ


**ਮਾਨਸਾ (ਆਤਮਾ ਸਿੰਘ ਪਮਾਰ)**-ਭਗਵੰਤ ਮਾਨ ਸਰਕਾਰ ਵੱਲੋਂ ਜਥੇਦਾਰ ਜਗਤਾਰ ਸਿੰਘ ਹਵਾਰਾ ਨੂੰ ਦਸ ਦਿਨ ਲਈ ਪੈਰੋਲ ਦੇਣ ਦੀ ਸਿਫ਼ਾਰਸ਼ ਕਰਨ ਬਾਰੇ ਟਿੱਪਣੀ ਕਰਦਿਆਂ ਸੀਪੀਆਈ ਐਮ ਐਲ ਲਿਬਰੇਸ਼ਨ ਦਾ ਕਹਿਣਾ ਹੈ ਕਿ ਕਈ ਸਿਆਸੀ ਗਿਣਤੀਆਂ ਮਿਣਤੀਆਂ 'ਚੋਂ ਲਿਆ ਮਾਨ ਸਰਕਾਰ ਦਾ ਇਹ ਫੈਸਲਾ ਅਧੂਰਾ ਤੇ ਊਣਾ ਹੈ।ਪਾਰਟੀ ਦੇ ਸੂਬਾਈ ਬੁਲਾਰੇ ਸੁਖਦਰਸ਼ਨ ਸਿੰਘ ਨੱਤ ਵੱਲੋਂ ਕਿਹਾ ਗਿਆ ਕਿ ਮੋਹਾਲੀ ਵਿਖੇ ਲੰਬੇ ਸਮੇਂ ਤੋਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਾਰੇ ਸਿੱਖ ਕੈਦੀਆਂ ਦੀ ਤੁਰੰਤ ਰਿਹਾਈ ਦੀ ਮੰਗ ਨੂੰ ਲੈਕੇ ਕੌਮੀ ਇਨਸਾਫ਼ ਮੋਰਚਾ ਚੱਲ ਰਿਹਾ ਹੈ, ਪਰ ਪੰਜਾਬ ਸਰਕਾਰ ਵੱਲੋਂ ਹਾਲੇ ਤੱਕ ਰਿਹਾਈ ਦੀ ਇਸ ਮੰਗ ਦਾ ਕੋਈ ਹੁੰਗਾਰਾ ਨਹੀਂ ਭਰਿਆ ਗਿਆ, ਜਦੋਂ ਕਿ ਸੰਸਾਰ ਭਰ ਦੇ ਮਨੁੱਖੀ ਮਨੋਵਿਗਿਆਨ ਦੇ ਮਾਹਿਰ ਇਸ ਸੁਆਲ ਬਾਰੇ ਇਕਮਤ ਹਨ ਕਿ ਜਵਾਨੀ ਦੇ ਜੋਸ਼ 'ਚ ਇਨਸਾਨ ਚਾਹੇ ਕਿਸੇ ਵੀ ਲਹਿਰ 'ਚ ਕੁੱਦ ਪਏ, ਪਰ ਲੰਮੀ ਕੈਦ ਤੇ ਇਕੱਲਤਾ ਨੂੰ ਭੋਗਣ ਅਤੇ ਉਮਰ ਦੇ ਵਧਣ ਨਾਲ ਅਕਸਰ ਹਰ ਵਿਅਕਤੀ ਦੀ ਸੋਚ 'ਚ ਵੱਡੀ ਤਬਦੀਲੀ ਆ ਜਾਂਦੀ ਹੈ।ਇਹ ਗੱਲ ਜਥੇਦਾਰ ਹਵਾਰਾ ਸਮੇਤ ਤਿੰਨ ਤਿੰਨ ਦਹਾਕਿਆਂ ਤੋਂ ਜੇਲ੍ਹਾਂ 'ਚ ਬੰਦ ਖਾਲਿਸਤਾਨੀ ਲਹਿਰ 'ਚ ਸਰਗਰਮ ਰਹੇ ਸਾਰੇ ਸਿੱਖ ਕੈਦੀਆਂ ਉਤੇ ਵੀ ਪੂਰੀ ਤਰ੍ਹਾਂ ਲਾਗੂ ਹੁੰਦੀ ਹੈ।ਇਸ ਲਈ ਭਗਵੰਤ ਮਾਨ ਨੂੰ ਚਾਹੀਦਾ ਹੈ ਕਿ ਉਹ ਇਕੱਲੇ ਜਥੇਦਾਰ ਹਵਾਰਾ ਨੂੰ 10 ਦਿਨਾਂ ਦੀ ਪੈਰੋਲ ਦੇਣ ਦੀ ਦਿਆਲਤਾ ਵਿਖਾਉਣ ਦੀ ਬਜਾਏ, ਸਿਆਸੀ ਪ੍ਰੱਪਕਤਾ ਦਾ ਸਬੂਤ ਦੇਣ ਅਤੇ ਕੇਂਦਰ ਸਰਕਾਰ ਤੋਂ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ 'ਚ ਬੰਦ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੁੱਚੇ ਕੈਦੀਆਂ ਦੀ ਰਿਹਾਈ ਲਈ ਜ਼ੋਰਦਾਰ ਢੰਗ ਨਾਲ ਮੰਗ ਕਰਨ।

## ਨਾਰੀ ਸ਼ਕਤੀ ਵੈੱਲਫੇਅਰ ਸੁਸਾਇਟੀ ਨੇ ਮਨਾਇਆ ਤੀਆਂ ਦਾ ਤਿਉਹਾਰ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਨਾਰੀ ਸ਼ਕਤੀ ਵੈਲਫੇਅਰ ਸੁਸਾਇਟੀ ਵੱਲੋਂ ਪ੍ਰਧਾਨ ਸੁਨੀਤਾ ਸ਼ਰਮਾ ਦੀ ਅਗਵਾਈ ਹੇਠ ਪੰਜਾਬੀ ਸੱਭਿਆਚਾਰ ਤੇ ਵਿਰਸੇ ਨਾਲ ਜੁੜਿਆ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਤੇ ਖ਼ੁਸ਼ੀ ਨਾਲ ਮਨਾਇਆ ਗਿਆ।ਸਮਾਗਮ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਪਤਨੀ ਸ਼ਬੀਨਾ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਅਤੇ ਕੌਂਸਲਰ ਆਸ਼ਾ ਬਜਾਜ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਸਮਾਗਮ ਦੌਰਾਨ ਵੱਡੀ ਗਿਣਤੀ 'ਚ ਔਰਤਾਂ ਨੇ ਉਤਸ਼ਾਹ ਨਾਲ ਭਾਗ ਲਿਆ।ਪੰਜਾਬੀ ਸੱਭਿਆਚਾਰ ਦੀਆਂ ਵੱਖ-ਵੱਖ ਝਲਕੀਆਂ ਪੇਸ਼ ਕੀਤੀਆਂ ਗਈਆਂ।ਪੰਜਾਬੀ ਵਿਰਸੇ ਨਾਲ ਸਬੰਧਤ ਰਵਾਇਤੀ ਵਸਤੂਆਂ, ਪਹਿਰਾਵੇ ਤੇ ਹੋਰ ਸੱਭਿਆਚਾਰਕ ਚੀਜ਼ਾਂ ਦੀ ਪ੍ਰਦਰਸ਼ਨੀ ਵੀ ਲਾਈ ਗਈ, ਜਿਸ ਨੇ ਹਾਜ਼ਰ ਔਰਤਾਂ ਦਾ ਵਿਸ਼ੇਸ਼ ਧਿਆਨ ਖਿੱਚਿਆ।ਤੀਆਂ ਦੇ ਤਿਉਹਾਰ ਦੀ ਰਵਾਇਤੀ ਰੌਣਕ ਨੂੰ ਕਾਇਮ ਰੱਖਦਿਆਂ ਔਰਤਾਂ ਨੇ ਪੰਜਾਬੀ ਸੱਭਿਆਚਾਰ ਨਾਲ ਜੁੜੀਆਂ ਗਤੀਵਿਧੀਆਂ ਵਿੱਚ ਹਿੱਸਾ ਲਿਆ।ਸਮਾਗਮ ਦੌਰਾਨ ਪੰਜਾਬੀ ਵਿਰਸੇ, ਲੋਕ-ਗੀਤਾਂ ਅਤੇ ਰਵਾਇਤੀ ਰਸਮਾਂ ਦੀਆਂ ਝਲਕੀਆਂ ਵੀ ਦੇਖਣ ਨੂੰ ਮਿਲੀਆਂ। ਪੂਰਾ ਮਾਹੌਲ ਪੰਜਾਬੀ ਸੱਭਿਆਚਾਰ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਮੁੱਖ ਮਹਿਮਾਨ ਸ਼ਬੀਨਾ ਅਰੋੜਾ ਨੇ ਤੀਆਂ ਦੇ ਤਿਉਹਾਰ ਦੀ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਸਮਾਗਮ ਸਾਡੀ ਨੌਜਵਾਨ ਪੀੜ੍ਹੀ ਨੂੰ ਪੰਜਾਬੀ ਸੱਭਿਆਚਾਰ ਤੇ ਅਮੀਰ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਔਰਤਾਂ ਨੂੰ ਆਪਣੇ ਸੱਭਿਆਚਾਰ, ਰਵਾਇਤਾਂ ਤੇ ਵਿਰਸੇ ਨਾਲ ਜੁੜੇ ਰਹਿਣ ਦੀ ਅਪੀਲ ਕੀਤੀ।

## ਨਗਰ ਕੌਂਸਲ ਦੇ ਸੀਨੀ: ਮੀਤ ਪ੍ਰਧਾਨ ਬਣਨ 'ਤੇ ਹਰਪ੍ਰੀਤ ਸਿੰਘ ਦਾ ਸਨਮਾਨ



**ਨਾਭਾ (ਅਮਨ ਗਰਗ)** - ਪਿਛਲੀਆਂ ਨਗਰ ਕੌਂਸਲ ਚੋਣਾਂ ਦੌਰਾਨ ਵਾਰਡ ਨੰਬਰ 3 ਤੋਂ ਆਪਣੇ ਵਿਰੋਧੀਆਂ ਨੂੰ ਕਰਾਰੀ ਹਾਰ ਦੇ ਕੇ ਲਗਾਤਾਰ ਚੌਥੀ ਵਾਰ ਸ਼ਾਨਦਾਰ ਜਿੱਤ ਦਰਜ ਕਰਨ ਤੇ ਨਗਰ ਕੌਂਸਲ ਨਾਭਾ ਦੇ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਹੋਣ 'ਤੇ ਸ੍ਰ. ਹਰਪ੍ਰੀਤ ਸਿੰਘ ਪ੍ਰੀਤ ਦਾ ਵਾਰਡ ਨੰਬਰ 3 ਦੇ ਵਸਨੀਕਾਂ ਤੇ ਬਾਬਾ ਅਜਾਪਾਲ ਸਿੰਘ ਸੇਵਾ ਸੋਸਾਇਟੀ ਨਾਭਾ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਸਤਿਗੁਰ ਸਿੰਘ ਨਰਮਾਣਾ ਪ੍ਰਧਾਨ, ਗੁਰਮੁੱਖ ਸਿੰਘ ਭੋਜੋ ਮਾਜਰੀ ਜਨਰਲ ਸਕੱਤਰ, ਹਰਮਿੰਦਰ ਸਿੰਘ ਨਾਭਾ ਸਰਪ੍ਰਸਤ ਬਾਬਾ ਅਜਾਪਾਲ ਸਿੰਘ ਸੇਵਾ ਸੋਸਾਇਟੀ ਤੇ ਜਤਿੰਦਰ ਸਿੰਘ ਪ੍ਰਧਾਨ ਗੁ: ਟਿੱਬੀ ਸਾਹਿਬ ਪ੍ਰਬੰਧਕ ਕਮੇਟੀ ਨੇ ਸਾਂਝੇ ਤੌਰ 'ਤੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ੍ਰ. ਹਰਪ੍ਰੀਤ ਸਿੰਘ ਪ੍ਰੀਤ ਵਰਗੇ ਪੜ੍ਹੇ-ਲਿਖੇ, ਮਿਲਾਪੜੇ ਸੁਭਾਅ ਵਾਲੇ ਤੇ ਇਮਾਨਦਾਰ ਵਿਅਕਤੀ ਦਾ ਨਗਰ ਕੌਂਸਲ ਨਾਭਾ ਦੇ ਸੀਨੀ: ਮੀਤ ਪ੍ਰਧਾਨ ਦੇ ਅਹੁਦੇ 'ਤੇ ਪਹੁੰਚਣਾ ਸ਼ਹਿਰ ਵਾਸੀਆਂ ਲਈ ਸ਼ੁਭ ਸੰਕੇਤ ਹੈ।ਸਨਮਾਨ ਪ੍ਰਾਪਤ ਕਰਨ ਉਪਰੰਤ ਹਰਪ੍ਰੀਤ ਸਿੰਘ ਪ੍ਰੀਤ ਨੇ ਬਾਬਾ ਅਜਾਪਾਲ ਸਿੰਘ ਸੇਵਾ ਸੁਸਾਇਟੀ ਦੇ ਸਮੁੱਚੇ ਮੈਂਬਰਾਂ ਤੇ ਵਾਰਡ ਨੰਬਰ 3 ਦੇ ਵਸਨੀਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਦਿੱਤਾ ਗਿਆ ਮਾਣ-ਸਨਮਾਨ ਉਨ੍ਹਾਂ ਲਈ ਬੇਹੱਦ ਕੀਮਤੀ ਹੈ ਤੇ ਉਹ ਇਸ ਦੇ ਹਮੇਸ਼ਾ ਰਿਣੀ ਰਹਿਣਗੇ।ਇਸ ਮੌਕੇ ਵਾਰਡ ਨੰਬਰ 3 ਦੇ ਵਸਨੀਕਾਂ ਤੇ ਬਾਬਾ ਅਜਾਪਾਲ ਸਿੰਘ ਸੇਵਾ ਸੋਸਾਇਟੀ ਦੇ ਮੈਂਬਰਾਂ ਵੱਲੋਂ ਸ੍ਰ. ਹਰਪ੍ਰੀਤ ਸਿੰਘ ਪ੍ਰੀਤ ਨੂੰ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

# ਮਾਲਵੇ ਦਾ ਸਭ ਤੋਂ ਵੱਡਾ ਸੱਭਿਆਚਾਰਕ ਮਹਾਂ-ਉਤਸਵ 'ਮੇਲਾ ਤੀਆਂ ਦਾ' ਮੋਗਾ 'ਚ ਲੱਗਿਆ

**ਵਿਧਾਇਕਾ ਡਾ. ਅਰੋੜਾ ਤੇ ਮੇਅਰ ਵਿਨੇ ਪਾਲ ਕੌਰ ਨੇ ਪੰਜਾਬੀ ਵਿਰਸੇ ਨੂੰ ਸੰਭਾਲਣ ਦਾ ਦਿੱਤਾ ਸੰਦੇਸ਼**



**ਮੋਗਾ (ਇਕਬਾਲ ਸਿੰਘ ਖਹਿਰਾ)**

ਮਾਲਵੇ ਦੇ ਪ੍ਰਸਿੱਧ ਸੱਭਿਆਚਾਰਕ ਮਹਾਂ-ਉਤਸਵ ਵਜੋਂ ਆਪਣੀ ਪਛਾਣ ਬਣਾ ਚੁੱਕੇ ਮੋਗਾ ਦੇ 21ਵੇਂ 'ਮੇਲਾ ਤੀਆਂ ਦਾ-2026' ਦਾ ਆਯੋਜਨ ਸ਼ਾਨੋ-ਸ਼ੌਕਤ ਨਾਲ ਕੀਤਾ ਗਿਆ।ਮੇਲੇ ਦੌਰਾਨ ਪੰਜਾਬੀ ਸੱਭਿਆਚਾਰ, ਲੋਕ ਰਵਾਇਤਾਂ, ਗਿੱਧਾ, ਬੋਲੀਆਂ ਤੇ ਪੰਜਾਬੀ ਵਿਰਸੇ ਦੇ ਰੰਗ ਦੇਖਣ ਨੂੰ ਮਿਲੇ।ਮਹਿਲਾਵਾਂ ਤੇ ਮੁਟਿਆਰਾਂ ਨੇ ਗਿੱਧੇ ਤੇ ਬੋਲੀਆਂ ਰਾਹੀਂ ਤੀਆਂ ਦੀ ਰੌਣਕ ਨੂੰ ਹੋਰ ਚਾਰ ਚੰਨ ਲਗਾ ਦਿੱਤੇ।ਪਿਛਲੇ 16 ਸਾਲਾਂ ਤੋਂ ਐਂਟੀ-ਕੁਰਪਸ਼ਨ ਅਵੇਅਰਨੈੱਸ ਆਰਗਨਾਈਜੇਸ਼ਨ ਪੰਜਾਬ ਵੱਲੋਂ ਲੋਕ ਹਿੱਤ, ਸਮਾਜ ਭਲਾਈ ਤੇ ਪੰਜਾਬੀ ਸੱਭਿਆਚਾਰ ਦੀ ਸੰਭਾਲ ਲਈ ਲਗਾਤਾਰ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਹਰ ਸਾਲ ਕਰਵਾਇਆ ਜਾਂਦਾ 'ਤੀਆਂ ਦਾ ਮੇਲਾ' ਅੱਜ ਮੋਗਾ ਹੀ ਨਹੀਂ, ਸਗੋਂ ਪੂਰੇ ਮਾਲਵੇ ਵਿੱਚ ਆਪਣੀ ਵਿਸ਼ੇਸ਼ ਪਛਾਣ ਬਣਾ ਚੁੱਕਾ ਹੈ।ਮੇਲੇ ਵਿੱਚ ਹਰ ਸਾਲ ਵੱਡੀ ਗਿਣਤੀ ਵਿੱਚ ਮਹਿਲਾਵਾਂ ਤੇ ਪਰਿਵਾਰ ਸ਼ਾਮਲ ਹੋ ਕੇ ਪੰਜਾਬੀ ਵਿਰਸੇ ਦੇ ਰੰਗਾਂ ਦਾ ਆਨੰਦ ਮਾਣਦੇ ਹਨ।ਸਮਾਗਮ ਵਿੱਚ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਤੇ ਮੋਗਾ ਨਗਰ ਨਿਗਮ ਦੀ ਮੇਅਰ ਵਿਨੇ ਪਾਲ ਕੌਰ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਮਹਿਲਾਵਾਂ ਵੱਲੋਂ ਪਾਈਆਂ ਜਾ ਰਹੀਆਂ ਬੋਲੀਆਂ ਤੇ ਗਿੱਧੇ ਨੂੰ ਦੇਖ ਕੇ ਦੋਵਾਂ ਨੇ ਵੀ ਮਹਿਲਾਵਾਂ ਦੇ ਨਾਲ ਨੱਚ ਕੇ ਤੀਆਂ ਦੀ ਖ਼ੁਸ਼ੀ ਸਾਂਝੀ ਕੀਤੀ।ਉਨ੍ਹਾਂ ਮਹਿਲਾਵਾਂ ਤੇ ਧੀਆਂ ਨੂੰ ਤੀਆਂ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਤੇ ਪੰਜਾਬੀ ਸੱਭਿਆਚਾਰ ਨੂੰ ਜਿਉਂਦਾ ਰੱਖਣ ਲਈ ਅਜਿਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨਵੀਂ ਪੀੜ੍ਹੀ ਨੂੰ ਆਪਣੇ ਅਮੀਰ ਸੱਭਿਆਚਾਰਕ ਵਿਰਸੇ ਤੇ ਲੋਕ ਪ੍ਰੰਪਰਾਵਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਮੇਲੇ ਦੌਰਾਨ ਮਹਿਲਾਵਾਂ ਨੇ ਗਿੱਧੇ ਦੀਆਂ ਪੇਸ਼ਕਾਰੀਆਂ ਅਤੇ ਬੋਲੀਆਂ ਨਾਲ ਖੂਬ ਰੰਗ ਬੰਨ੍ਹਿਆ।ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਤੇ ਮੇਅਰ ਵਿਨੇ ਪਾਲ ਕੌਰ ਵੱਲੋਂ ਮਹਿਲਾਵਾਂ ਨਾਲ ਮਿਲ ਕੇ ਨੱਚ ਕੇ ਖ਼ੁਸ਼ੀ ਸਾਂਝੀ ਕਰਨ ਦੇ ਦ੍ਰਿਸ਼ ਨੇ ਸਮਾਗਮ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ।


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

**ਨਿਵਿਦਾ ਸੂਚਨਾ ਪੱਤਰ ਨੰ.:** 81,82,83,84,85,86,87-2026-27-ADEN-LDH & 88-2026-27-SrDEN-I-FZR & 89,90,91- 2026-27-ADEN-JRC
**ਤਾਰੀਕ:** : 10.08.2026

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਿਲ ਵਾਲੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 31.08.2025 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁੱਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 06.08.2026 | 17.08.2026 | 31.08.2026 / 15:00 ਵਜੇ |

| ਲ. | ਨਿਵਿਦਾ ਸੰਖਿਆ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 81-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅਧਿਕਾਰ ਖੇਤਰ ਵਿਚ ਲੁਧਿਆਣਾ ਸਥਿਤ ਸਟੇਸ਼ਨ ਬਿਲਡਿੰਗ ਅਤੇ ਹੋਰ ਸਰਵਿਸ ਬਿਲਡਿੰਗ ਵਿਚ ਜੋਨ ਨੰਬਰ 1/2026-27 ਦੇ ਤਹਿਤ ਸਾਧਾਰਨ ਮੁਰੰਮਤ ਅਤੇ ਰਖਰਖਾਅ, ਨਾਲ ਹੀ ਨਵੇਂ ਕੰਮ, ਮੌਜੂਦਾ ਢਾਂਚੇ ਵਿਚ ਵਿਸਥਾਰ ਅਤੇ ਬਦਲਾਅ ਅਤੇ ਐਮਰਜੈਂਸੀ ਕੰਮ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 10999999.65 | 220000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: 'ਟ੍ਰੈਕ ਦੇ ਇਲਾਵਾ ਕੋਈ ਵੀ ਸਿਵਿਲ ਕੰਮ।' | | | |
| 2 | 82-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅਧਿਕਾਰ ਖੇਤਰ ਵਿਚ ਲੁਧਿਆਣਾ ਸਥਿਤ ਡੀਜਲ ਸ਼ੇਡ, RPF ਬੈਰਕ, RPSF ਬੈਰਕ ਅਤੇ ਲੋਕੋ ਦਫਤਰ ਆਦਿ ਵਿਚ ਜੋਨ ਨੰਬਰ 2/2026-27 ਦੇ ਤਹਿਤ ਸਾਧਾਰਨ ਮੁਰੰਮਤ ਅਤੇ ਰਖਰਖਾਅ, ਨਾਲ ਹੀ ਨਵੇਂ ਕੰਮ, ਮੌਜੂਦਾ ਢਾਂਚੇ ਵਿਚ ਵਿਸਥਾਰ ਅਤੇ ਬਦਲਾਅ ਅਤੇ ਐਮਰਜੈਂਸੀ ਕੰਮ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 8499925.04 | 170000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: 'ਟ੍ਰੈਕ ਦੇ ਇਲਾਵਾ ਕੋਈ ਵੀ ਸਿਵਿਲ ਕੰਮ।' | | | |
| 3 | 83-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਲੁਧਿਆਣਾ ਦੇ ਸੈਕਸ਼ਨ ਵਿਚ, ਲੁਧਿਆਣਾ (Ludhiana) ਵਿਚ ਲੁਧਿਆਣਾ (LUDHIANA) (ਇਸ ਨੂੰ ਛੱਡ ਕੇ)-ਸਾਹਨੇਵਾਲ (SANEHWAL) ਸੈਕਸ਼ਨ ਉਤੇ ਸਰਵਿਸ ਬਿਲਡਿੰਗ ਅਤੇ ਸਟਾਫ ਕਵਾਟਰਸ ਵਿਚ ਜੋਨ ਨੰਬਰ 3/2026-27 ਦੇ ਤਹਿਤ ਸਾਧਾਰ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਸਟ੍ਰਕਚਰ ਵਿਚ ਬਦਲਾਅ ਅਤੇ ਜਰੂਰੀ ਕੰਮ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 9999997.82 | 200000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: 'ਟ੍ਰੈਕ ਦੇ ਇਲਾਵਾ ਕੋਈ ਵੀ ਸਿਵਿਲ ਕੰਮ।' | | | |
| 4 | 84-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਲੁਧਿਆਣਾ ਦੇ ਸੈਕਸ਼ਨ ਵਿਚ, ਲੁਧਿਆਣਾ ਲੁਧਿਆਣਾ ਦੀ ਕਾਲੋਨੀ ਨੰਬਰ 1 ਤੋਂ 13 ਵਿਚ ਸਥਿਤ ਸਟਾਫ ਕਵਾਟਰਾਂ ਦੀ ਸਾਧਾਰਨ ਮੁਰੰਮਤ ਅਤੇ ਰਖਰਖਾਅ, ਨਾਲ ਹੀ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਵਿਸਥਾਰ ਅਤੇ ਬਦਲਾਅ, ਅਤੇ ਐਮਰਜੈਂਸੀ ਕੰਮ (ਜੋਨ ਨੰਬਰ 4/2026-27)। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 11999894.94 | 240000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: 'ਟ੍ਰੈਕ ਦੇ ਇਲਾਵਾ ਕੋਈ ਵੀ ਸਿਵਿਲ ਕੰਮ।' | | | |
| 5 | 85-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਫਗਵਾੜਾ ਸੈਕਸ਼ਨ ਵਿਚ ਸਟੇਸ਼. ਦੀਆਂ ਇਮਾਰਤਾਂ ਅਤੇ ਹੋਰ ਸਰਵਿਸ ਬਿਲਡਿੰਗਸ ਦੀ ਸਾਧਾਰਨ ਮੁਰੰਮਤ ਅਤੇ ਰਖਰਖਾਅ, ਨਾਲ ਹੀ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਬਦਲਾਅ ਅਤੇ ਜਰੂਰੀ ਕੰਮ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 12999994.71 | 260000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: 'ਟ੍ਰੈਕ ਦੇ ਇਲਾਵਾ ਕੋਈ ਵੀ ਸਿਵਿਲ ਕੰਮ।' | | | |
| 6 | 86-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅਧਿਕਾਰ ਖੇਤਰ ਵਿਚ ਲੁਧਿਆਣਾ ਸਥਿਤ ਇਲੈਕਟ੍ਰਿਕ ਸ਼ੇਡ ਅਤੇ ਟੀਆਰਡੀ ਦਫਤਰ ਆਦਿ ਵਿਚ ਜੋਨ ਨੰਬਰ 5/2026-27 ਦੇ ਤਹਿਤ ਸਾਧਾਰਨ ਮੁਰੰਮਤ ਅਤੇ ਰਖਰਖਾਅ, ਨਾਲ ਹੀ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਵਿਸਥਾਰ ਅਤੇ ਬਦਲਾਅ ਅਤੇ ਐਮਰਜੈਂਸੀ ਕੰਮ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 3999966.00 | 80000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: ਕੋਈ ਕੰਮ ਨਹੀਂ।' | | | |
| 7 | 87-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਫਗਵਾੜਾ ਸੈਕਸ਼ਨ ਵਿਚ ਐਚਐਚਸੀ ਦੇ ਆਰਸੀਸੀ ਬਾਕਸ ਅਤੇ ਰਿਟੇਨਿੰਗ ਵਾਲ ਦੇ ਜੋੜਾਂ ਵਿਚ ਅਪਾਕਸੀ ਗ੍ਰਾਊਟਿੰਗ ਜਿਹੇ ਡ੍ਰੇਨੇਜ ਸੁਧਾਰ ਦੇ ਕੰਮ ਅਤੇ ਵਖ-ਵਖ ਐਲਐਚਐਸ ਦੀਆਂ ਸੜਕਾਂ ਵਿਚ ਸੁਧਾਰ ਦਾ ਕੰਮ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 44834549.56 | 896700.00 | 60 ਦਿਨ | 06 ਮਹੀਨੇ |
| | | ਸਮਾਨ ਨੇਚਰ ਦਾ ਕੰਮ: 'ਅਪਾਕਸੀ ਜਾਂ ਅਪਾਕਸੀ-ਆਧਾਰਿਤ ਕੇਮਿਕਲਸ ਦਾ ਇਸਤੇਮਾਲ ਕਰਕੇ ਮੁਰੰਮਤ ਕਰੋ' | | | |
| 8 | 88-2026-27-SrDEN-I-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਸਾਹਨੇਵਾਲ-ਜਲੰਧਰ ਸਿਟੀ ਸੈਕਸ਼ਨ ਉਤੇ PQRS ਦੇ ਜਰੀਏ 34.797 km ਤਕ 'ਥਰੂ' ਸਲੀਪਰ ਰਿਨੂੰਅਲ (ਪੂਰੇ ਸਲੀਪਰ ਬਦਲਣ) ਦਾ ਕੰਮ ਕੀਤਾ ਜਾਵੇਗਾ। ਇਸ ਵਿਚ ਯੂਪੀ ਅਤੇ ਡੀਐਨ ਲਾਈਨਾਂ ਉਤੇ ਵਖ-ਵਖ ਥਾਵਾਂ ਤੇ ਬੇਸ ਡਿਪੋ /ਸਾਈਟ ਨਾਲ ਜੁੜੀਆਂ ਗਤੀਵਿਧੀਆਂ ਸ਼ਾਮਲ ਹਨ। ਮੌਜੂਦਾ ਟ੍ਰੈਕ ਵਿਚ 60 ਕਿਗ੍ਰਾ ਰੇਲ ਅਤੇ ਐਮ+7 ਡੇਂਸਿਟੀ ਵਾਲੇ ਪੀਐਸਸੀ-6 ਸਲੀਪਰ ਲਗੇ ਹਨ, ਜਿਨ੍ਹਾਂ ਨੂੰ ਐਮ+8 ਡੇਂਸਿਟੀ ਵਾਲੇ ਪ੍ਰਸਤਾਵਿਤ ਪੀਐਸਸੀ ਵਾਈਡਰ ਸਲੀਪਰ ਵਿਚ ਬਦਲਿਆ ਜਾਵੇਗਾ ਇਹ ਕੰਮ ਇਨ੍ਹਾਂ ਥਾਵਾਂ ਤੇ ਹੋਵੇਗਾ: ਡੀਐਨ ਲਾਈਨ (km 386.79 ਤੋਂ 388.97 ਅਤੇ 390.00 ਤੋਂ 401.14) ਅਤੇ ਯੂਪੀ ਲਾਈਨ (km 369.00 ਤੋਂ 374.50, 376.53 ਤੋਂ 377.53, 387.00 ਤੋਂ 388.97, 389.00 ਤੋਂ 398.00, 399.00 ਤੋਂ 399.98, 377.606 ਤੋਂ 380.00. 385.06 ਤੋਂ 385.60 ਅਤੇ 385.807 ਤੋਂ 385.90) | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 45368543.61 | 907400.00 | 60 ਦਿਨ | 10 ਮਹੀਨੇ |
| | | ਸਮਾਨ ਨੇਚਰ ਦਾ ਕੰਮ: ``CTR/TRR/TFR/TTR, ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ, ਸਕ੍ਰੀਨਿੰਗ, ਟ੍ਰੈਕ ਦਾ ਸਟ੍ਰੇਸ ਹਟਾਉਣਾ (destressing) ਅਤੇ ਟ੍ਰੈਕ ਮੈਂਟਨੈਂਸ ਮਸ਼ੀਨਾਂ (ਜਿਵੇਂ ਟੈਂਪਿੰਗ ਮਸ਼ੀਨ, ਬੈਲਾਸਟ ਸਕ੍ਰੀਨਿੰਗ/ ਰੇਗੂਲੇਟਿੰਗ ਮਸ਼ੀਨ) ਦੇ ਲਈ ਪ੍ਰੀ-ਅਤੇ ਪੋਸਟ-ਵਰਕ ਸ਼ਾਮਲ ਹਨ, ਨਾਲ ਹੀ ਟੀ28 ਅਤੇ ਟੀਟੀਆਰ ਕੰਮ ਵੀ ਸ਼ਾਮਲ ਹਨ। | | | |
| 9 | 89-2026-27-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਛਾਉਣੀ ਦੇ ਅਧਿਕਾਰ ਖੇਤਰ ਵਿਚ ਆਉਣ ਵਾਲੇ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਨਕੋਦਰ ਸੈਕਸ਼ਨ ਦੇ ਫਿਲੌਰ-ਲੋਹਿਯਨ ਖਾਸ ਅਤੇ ਜਲੰਧਰ ਸਿਟੀ-ਨਕੋਦਰ ਸੈਕਸ਼ਨ ਵਿਚ ਸਟੇਸ਼ਨ ਬਿਲਡਿੰਗ ਅਤੇ ਹੋਰ ਸਰਵਿਸ ਬਿਲਡਿੰਗ ਵਿਚ ਜੋਨ ਵਰਕ / 2026-27 ਦੇ ਤਹਿਤ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਬਦਲਾਅ ਅਤੇ ਜਰੂਰੀ ਕੰਮ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 9999995.60 | 200000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: 'ਟ੍ਰੈਕ ਦੇ ਇਲਾਵਾ ਕੋਈ ਵੀ ਸਿਵਿਲ ਕੰਮ।' | | | |
| 10 | 90-2026-27-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਛਾਉਣੀ ਦੇ ਤਹਿਤ ਆਉਣ ਵਾਲੇ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ ਜਲੰਧਰ ਛਾਉਣੀ ਸੈਕਸ਼ਨ ਵਿਚ ਦਸ ਸਾਲ 2026-27 ਦੇ ਲਈ ਸਾਧਾਰਨ ਮੁਰੰਮਤ ਅਤੇ ਰਖਰਖਾਅ ਨਾਲ ਹੀ ਮੌਜੂਦਾ ਢਾਂਚਿਆਂ ਵਿਚ ਨਵੇਂ ਕੰਮ, ਵਿਸਥਾਰ ਅਤੇ ਬਦਲਾਅ, ਅਤੇ ਸਰਵਿਸ ਬਿਲਡਿੰਗ ਤੇ ਸਟਾਫ ਕਵਾਟਰ ਨਾਲ ਜੁੜੇ ਐਮਰਜੈਂਸੀ ਕੰਮ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 13999999.41 | 280000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: 'ਟ੍ਰੈਕ ਦੇ ਇਲਾਵਾ ਕੋਈ ਵੀ ਸਿਵਿਲ ਕੰਮ।' | | | |
| 11 | 91-2026-27-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਛਾਉਣੀ ਦੇ ਤਹਿਤ ਆਉਣ ਵਾਲੇ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ ਨਕੋਦਰ ਅਤੇ ਫਿਲੌਰ-ਲੋਹਿਯਾਂ ਖਾਸ ਤੋਂ ਜਲੰਧਰ ਸ਼ਹਿਰ-ਨਕੋਦਰ ਸੈਕਸ਼ਨ ਵਿਚ ਐਲਐਚਸੀ ਦੀ ਡੀਵਾਟਰਿੰਗ | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 2999998.40 | 60000.00 | 60 ਦਿਨ | 04 ਮਹੀਨੇ |
| | | ਸਮਾਨ ਨੇਚਰ ਦਾ ਕੰਮ: ਕੋਈ ਕੰਮ ਨਹੀਂ।' | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨਹੀ ਮਾਨਯ ਹੋਣਗੇ।

2756/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਸਾਨਨ ਕਾਲੋਨੀ 'ਚ ਤੀਆਂ ਦਾ ਤਿਉਹਾਰ ਮਨਾਇਆ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਪੰਜਾਬੀ ਵਿਰਸੇ ਨੂੰ ਜਿਉਂਦਾ ਰੱਖਣ ਲਈ ਫਤਿਹਗੜ੍ਹ ਚੂੜੀਆਂ ਦੀ ਸਾਨਨ ਕਲੋਨੀ ਰੇਲਵੇ ਰੋਡ ਵਿਖੇ ਮੁਟਿਆਰਾਂ ਨੇ ਸਾਵਣ ਮਹੀਨੇ ਨੂੰ ਮੁੱਖ ਰੱਖਦਿਆਂ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ। ਇਸ ਪ੍ਰੋਗਰਾਮ ਨੂੰ ਸੰਦੀਪ ਕੌਰ ਵੱਲੋਂ ਉਲੀਕਿਆ ਗਿਆ, ਜਿਸ ਵਿੱਚ ਔਰਤਾਂ ਤੋਂ ਇਲਾਵਾ ਛੋਟੀਆਂ ਬੱਚੀਆਂ ਅਤੇ ਮੁਟਿਆਰਾਂ ਨੇ ਹਿੱਸਾ ਲਿਆ। ਇਸ ਮੌਕੇ ਔਰਤਾਂ ਵੱਲੋਂ ਵੱਖ-ਵੱਖ ਗੇਮਾਂ ਵੀ ਖੇਡੀਆਂ ਗਈਆਂ ਅਤੇ ਗਿੱਧਾ, ਭੰਗੜਾ, ਕੋਰੀਓਗ੍ਰਾਫੀ ਪੇਸ਼ ਕਰਕੇ ਇਸ ਤਿਉਹਾਰ ਦਾ ਆਨੰਦ ਮਾਣਿਆ। ਜਾਣਕਾਰੀ ਦਿੰਦਿਆਂ ਸੰਦੀਪ ਕੌਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਇਹ ਤਿਉਹਾਰ ਬੜੇ ਚਾਵਾਂ ਨਾਲ ਸਾਨਨ ਕਲੋਨੀ ਦੀਆਂ ਸਮੂਹ ਮੁਟਿਆਰਾਂ ਅਤੇ ਔਰਤਾਂ ਵੱਲੋਂ ਮਿਲ ਕੇ ਮਨਾਇਆ ਗਿਆ, ਜਿਸ ਵਿੱਚ ਵੱਖ ਵੱਖ ਪ੍ਰਕਾਰ ਦੀਆਂ ਗਤੀਵਿਧੀਆਂ ਗਿੱਧਾ, ਭੰਗੜਾ, ਕੋਰੀਓਗਰਾਫੀ ਆਦਿ ਪੇਸ਼ਕਾਰੀਆਂ ਔਰਤਾਂ ਤੇ ਮੁਟਿਆਰਾਂ ਵੱਲੋਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਮੌਕੇ ਖਾਣ ਪੀਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਡੋਲੀ ਭਿੰਡਰ, ਕੰਵਲਜੀਤ ਕੌਰ, ਆਂਚਲ, ਰਾਜ, ਨੀਰੂ, ਜੋਤੀ, ਪ੍ਰੀਤੀ ਸ਼ਰਮਾ, ਰਿਮਲ ਵਰਮਾ, ਚੰਚਲ ਨੰਦਾ, ਬਲਜੀਤ ਕੌਰ, ਰੀਤ ਕੌਰ, ਅੰਤਰਪ੍ਰੀਤ ਕੌਰ, ਕਿਰਨਦੀਪ ਕੌਰ, ਕਸ਼ਮੀਰ ਕੌਰ, ਰਾਧੀ, ਰਿਤੂ ਸ਼ਰਮਾ, ਰਾਜਪ੍ਰੀਤ ਕੌਰ, ਪ੍ਰਵਾਨਜੀਤ ਕੌਰ, ਸਮਾਰਟੀ ਜੋਸ਼ੀ, ਨਿਰਮਲ ਤਕਦੀਰ ਕੌਰ, ਕਮਲਜੀਤ ਕੌਰ ਆਦਿ ਹਾਜ਼ਰ ਰਹੇ।

# ਜੀ ਟੀ ਬੀ ਆਈ ਸਕੂਲ ਵਿਖੇ ਗੁਰੂ ਹਰਕ੍ਰਿਸ਼ਨ ਸਾਹਿਬ ਦਾ ਪ੍ਰਕਾਸ਼ ਪੁਰਬ ਮਨਾਇਆ



ਧਾਰੀਵਾਲ, (ਮਨਦੀਪ ਵਿੱਕੀ) ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀ ਟੀ ਬੀ ਆਈ) ਸਕੂਲ ਕੋਲਾਬਾਦਪੁਰ ਵਿਖੇ ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਗੁਰੂ ਹਰਕ੍ਰਿਸ਼ਨ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਸ਼ਰਧਾਪੂਰਵਕ ਮਨਾਇਆ ਗਿਆ। ਇਸ ਸਿਲਸਿਲੇ ਵਿੱਚ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਪ੍ਰਿਤਪਾਲ ਸਿੰਘ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਨੇ ਦੱਸਿਆ ਕਿ ਸਕੂਲ ਵਿੱਚ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਦੇ ਪ੍ਰਕਾਸ਼ ਪੁਰਬ ਮਨਾਉਣ ਦੇ ਹੋਏ ਸਮਾਗਮ ਦੌਰਾਨ ਸਕੂਲੀ ਬੱਚਿਆਂ ਨੇ ਜਪੁਜੀ ਸਾਹਿਬ ਦੇ ਪਾਠ ਦਾ ਸਿਮਰਨ ਕੀਤਾ ਅਤੇ ਛੇਵੀਂ ਜਮਾਤ ਦੇ ਬੱਚਿਆਂ ਅਰਮਨਪ੍ਰੀਤ ਕੌਰ, ਅਨਰੂਪਦੀਪ ਕੌਰ, ਏਕਮਜੋਤ ਕੌਰ, ਸੁਖਮਨਪ੍ਰੀਤ ਕੌਰ, ਦੀਵਾਂਸ਼ੀ, ਖੁਸ਼ਦੀਪ ਕੌਰ, ਦਿਲਪ੍ਰੀਤ ਕੌਰ, ਦ੍ਰਿਸ਼ਟੀ, ਰਿਧਿਮਾ, ਸਾਹਿਲਪ੍ਰੀਤ ਸਿੰਘ ਨੇ ਰਸਭਿੰਨਾ ਕੀਰਤਨ ਕੀਤਾ। ਧਾਰਮਿਕ ਅਧਿਆਪਕਾ ਕੁਲਵਿੰਦਰ ਕੌਰ ਨੇ ਬੱਚਿਆਂ ਨੂੰ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਦੇ ਜੀਵਨ 'ਤੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਚੇਅਰਮੈਨ ਸੁਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਗੁਰਬਾਣੀ ਨਾਲ ਜੁੜਨ ਅਤੇ ਗੁਰੂ ਸਾਹਿਬਾਨ ਦੇ ਸਿਧਾਂਤਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਅਤੇ ਧਾਰਮਿਕ ਅਧਿਆਪਕ ਦਾ ਯੋਗਦਾਨ ਲਈ ਵਿਸ਼ੇਸ਼ ਧੰਨਵਾਦ ਕੀਤਾ।

# ਡਿਪਟੀ ਕਮਿਸ਼ਨਰ ਦਫਤਰ ਵੱਲੋਂ ਮੰਗ ਪੱਤਰ ਲੈਣ ਸਮੇਂ ਨਾਂਹਪੱਖੀ ਵਤੀਰੇ ਦੀ ਜ਼ੋਰਦਾਰ ਨਿੰਦਾ



ਰਣਜੀਤ ਸਿੰਘ -ਸ਼ੇਰੋਂ' ਖੰਡ ਮਿੱਲ ਮੋਰਚੇ ਦੇ 83ਵੇਂ ਦਿਨ ਮੰਗਲਵਾਰ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਅਤੇ ਕਿਸਾਨ ਵਰਕਰਾਂ ਨੇ ਭਗਵੰਤ ਮਾਨ ਸਰਕਾਰ ਦੇ ਹੈਂਕੜ ਰਵੱਈਏ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਕੇ ਹਾਕਮਾਂ ਦਾ ਪਿੱਟ ਸਿਆਪਾ ਕੀਤਾ। ਇਸ ਮੌਕੇ ਹਾਜ਼ਰ ਆਗੂਆਂ ਹਰਜਿੰਦਰ ਸਿੰਘ ਟਾਂਡਾ, ਮਾਸਟਰ ਦਲਜੀਤ ਸਿੰਘ ਦਿਆਲਪੁਰ, ਨਛੱਤਰ ਸਿੰਘ ਪੰਨੂੰ, ਗੁਰਪ੍ਰੀਤ ਸਿੰਘ ਗੰਡੀਵਿੰਡ, ਤਰਸੇਮ ਸਿੰਘ ਲੁਹਾਰ, ਡਾਕਟਰ ਇੰਦਰਜੀਤ ਸਿੰਘ ਮਰਹਾਣਾ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਦੇ ਦਬਾਅ ਹੇਠ ਕੀਤੇ ਮੁਕਤ ਵਪਾਰ ਸਮਝੌਤੇ ਖਿਲਾਫ਼ ਸੰਯੁਕਤ ਕਿਸਾਨ ਮੋਰਚੇ ਅਤੇ ਕੇਂਦਰੀ ਟਰੇਡ ਯੂਨੀਅਨਾਂ ਦੇ ਦੇਸ਼ ਵਿਆਪੀ ਸੱਦੇ 'ਤੇ ਬੀਤੇ ਕੱਲ੍ਹ ਕੀਤੇ ਗਏ ਵਿਰੋਧ ਪ੍ਰਦਰਸ਼ਨ ਸਮੇਂ ਪੂਰੇ ਉਤਸ਼ਾਹ ਨਾਲ ਸ਼ਾਮਲ ਹੋਏ ਕਿਸਾਨਾਂ ਅਤੇ ਟਰੇਡ ਯੂਨੀਅਨ ਵਰਕਰਾਂ ਦਾ ਧੰਨਵਾਦ ਕੀਤਾ। ਆਗੂਆਂ ਨੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਰੋਸ ਪ੍ਰਦਰਸ਼ਨ ਕਰਨ ਸਮੇਂ ਡਿਪਟੀ ਕਮਿਸ਼ਨਰ ਦਫਤਰ ਦੇ ਬਾਹਰ ਮੰਗ ਪੱਤਰ ਲੈਣ ਸਮੇਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਧਾਰਨ ਕੀਤੇ ਨਾਂਹਪੱਖੀ ਵਤੀਰੇ ਦੀ ਜ਼ੋਰਦਾਰ ਨਿੰਦਾ ਕੀਤੀ। ਆਗੂਆਂ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਦਫਤਰ ਦੇ ਕਿਸੇ ਵੀ ਨੁਮਾਇੰਦੇ ਵੱਲੋਂ ਜਾਣਬੁੱਝ ਕੇ ਦੋ ਘੰਟੇ ਤੱਕ ਮੰਗ ਪੱਤਰ ਲੈਣ ਤੋਂ ਟਾਲਮਟੋਲ ਕਰਕੇ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੂੰ ਜਾਣਬੁੱਝ ਕੇ ਖੱਜਲ ਖਰਾਬ ਕੀਤਾ ਗਿਆ ਜੋ ਜ਼ਿਲ੍ਹਾ ਪ੍ਰਸ਼ਾਸਨ ਦੀ ਬੇਹੱਦ ਨਿਰਾਸ਼ ਕਰਨ ਵਾਲੀ ਕਾਰਵਾਈ ਹੈ। ਜਿਸ ਨੂੰ ਭਵਿੱਖ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਮਹਿੰਦਰਾ ਟ੍ਰੈਕਟਰਜ਼ ਨੇ 'ਦੁਨੀਆ ਵਿੱਚ ਇਕੋ ਲਲਕਾਰ' ਮੁਹਿੰਮ ਕੀਤੀ ਸ਼ੁਰੂ

ਜਲੰਧਰ-ਮਹਿੰਦਰਾ ਟ੍ਰੈਕਟਰਜ਼ ਨੇ ਪੰਜਾਬ-ਕੇਂਦਰਿਤ ਬ੍ਰਾਂਡ ਮੁਹਿੰਮ 'ਦੁਨੀਆ ਵਿੱਚ ਇਕੋ ਲਲਕਾਰ' ਦੀ ਸ਼ੁਰੂਆਤ ਕਰਦਿਆਂ ਚੰਡੀਗੜ੍ਹ ਵਿੱਚ ਹਾਈ-ਐਨਰਜੀ ਮਿਊਜ਼ਿਕ ਵੀਡੀਓ 'ਓਹ ਹੋ ਹੋ ਹੋ' ਲਾਂਚ ਕੀਤਾ। ਸੁਖਬੀਰ ਸਿੰਘ ਅਤੇ ਪਰਮੀਸ਼ ਵਰਮਾ ਦੀ ਵਿਸ਼ੇਸ਼ ਸ਼ਮੂਲੀਅਤ ਵਾਲਾ ਇਹ ਵੀਡੀਓ ਸੁਖਬੀਰ ਦੇ 1999 ਵਿੱਚ ਰਿਲੀਜ਼ ਹੋਏ ਮਸ਼ਹੂਰ ਗੀਤ 'ਇਸ਼ਕ ਤੇਰਾ ਤੜਪਾਵੇ' ਤੋਂ ਪ੍ਰੇਰਿਤ ਹੈ। ਵੀਡੀਓ ਰਾਹੀਂ ਪੰਜਾਬ ਦੀ ਸਿਨੇਮੈਟਿਕ ਯਾਤਰਾ ਦੌਰਾਨ ਮਹਿੰਦਰਾ ਟ੍ਰੈਕਟਰਜ਼ ਦੀ ਤਾਕਤ, ਆਧੁਨਿਕ ਤਕਨਾਲੋਜੀ ਅਤੇ ਪ੍ਰਦਰਸ਼ਨ ਨੂੰ ਦਰਸਾਇਆ ਗਿਆ ਹੈ। ਕੰਪਨੀ ਦੇ ਸੀਨੀਅਰ ਵਾਈਸ ਪ੍ਰੈਜ਼ੀਡੈਂਟ ਪਰੀਕਸ਼ਿਤ ਘੋਸ਼ ਨੇ ਕਿਹਾ ਕਿ ਇਹ ਮੁਹਿੰਮ ਮਹਿੰਦਰਾ ਟ੍ਰੈਕਟਰਜ਼ ਅਤੇ ਪੰਜਾਬੀ ਸੰਗੀਤ ਨਾਲ ਜੁੜੇ ਸਾਂਝੇ ਜਜ਼ਬੇ, ਆਤਮਵਿਸ਼ਵਾਸ ਅਤੇ ਵਿਸ਼ਵ ਪੱਧਰੀ ਪਛਾਣ ਦਾ ਜਸ਼ਨ ਹੈ।

## ਸ੍ਰੀ ਅਖੰਡ ਪਾਠਾਂ ਦੀ ਪਹਿਲੀ ਲੜੀ 31 ਤੋਂ ਸ਼ੁਰੂ

ਨਾਨਕਚੱਕ/ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਉਦਾਸੀਨਚਾਰਯ ਸ਼ਿਵ ਸਰੂਪ ਅਵਤਾਰ, ਮਹਾਨ ਤਪੱਸਵੀ, ਤਿਆਗ ਬਿਰਤੀ ਦੇ ਮਾਲਕ ਧੰਨ ਧੰਨ ਬਾਬਾ ਭਗਵਾਨ ਸ੍ਰੀਚੰਦ ਦਾ



532ਵਾਂ ਪ੍ਰਕਾਸ਼ ਉਤਸਵ ਤਪ ਅਸਥਾਨ ਮੰਦਰ ਭਗਵਾਨ ਬਾਬਾ ਸ੍ਰੀਚੰਦ ਪਿੰਡ ਨਾਨਕ ਚੱਕ ਨਜ਼ਦੀਕ ਅਲੀਵਾਲ ਜ਼ਿਲ੍ਹਾ ਗੁਰਦਾਸਪੁਰ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਮੌਜੂਦਾ ਗੱਦੀਨਸ਼ੀਨ ਸ੍ਰੀਮਾਨ ਮਹੰਤ ਹਰੀਕੁੰਭ ਦਾਸ ਉਦਾਸੀਨ ਅਤੇ ਸਮੂਹ ਸਾਧ ਸੰਗਤ ਤੇ ਸੇਵਾਦਾਰਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਮਹੰਤ ਜੀ ਨੇ ਦੱਸਿਆ ਕਿ ਬਾਬਾ ਸ੍ਰੀਚੰਦਰ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸ੍ਰੀ ਅਖੰਡ ਪਾਠਾਂ ਦੀ ਪਹਿਲੀ ਲੜੀ 31 ਅਗਸਤ ਤੋਂ ਸ਼ੁਰੂ ਹੋਵੇਗੀ।ਇਸ ਮੌਕੇ ਰਵਿੰਦਰ ਮੁਨੀ, ਦੁਰਗਾ ਦਾਸ, ਤਿਲਕ ਰਾਜ ਮਨੀ ਜਾਂਗਲਾ, ਰਾਜੂ ਬੇਦੀ, ਭਾਈ ਗੁਰਦੀਪ ਸਿੰਘ, ਮਾਸਟਰ ਸੰਦੀਪ ਸਿੰਘ ਜਾਂਗਲਾ, ਸੰਦੀਪ ਬੇਦੀ ਨਾਨਕਚੱਕ,ਰਣਜੀਤ ਸਿੰਘ ਰੰਮੀ ਅਲੀਵਾਲ, ਯਾਦਵਿੰਦਰ ਸਿੰਘ ਕਾਦੀਆਂ, ਇੰਦਰਜੀਤ ਸਿੰਘ ਨਾਨਕਚੱਕ, ਦੁਰਲੱਭਜੀਤ ਸਿੰਘ ਪੱਤੀ ਪਕੀਵਾਂ, ਰਣਜੀਤ ਸਿੰਘ ਕੋਟਲੀ ਥਾਬਲਾਂ, ਪ੍ਰਿੰਸ ਢੱਲਾ ਘਣੀਆ, ਧਰਮਬੀਰ ਸਿੰਘ ਘਣੀਆ, ਮਨਪ੍ਰੀਤ ਸਿੰਘ ਪਟਵਾਰੀ, ਗੁਰਵਿੰਦਰ ਸਿੰਘ ਪਟਵਾਰੀ, ਰਣਜੋਧ ਸਿੰਘ ਘਣੀਆ, ਭਗਵੰਤ ਸਿੰਘ ਹੈਪੀ, ਦੀਪੂ ਅਲੀਵਾਲ, ਜੋਬਨ ਡੁਲਟ, ਸਰਵਣ ਦੁਬੁਰਜੀ, ਅੰਮ੍ਰਿਤਪਾਲ ਸਿੰਘ ਸ਼ੈਕੀ ਕਾਲਾ ਅਫ਼ਗਾਨਾ, ਨੀਰਜ ਬੇਦੀ, ਜੱਸ ਲੋਧੀ ਨੰਗਲ, ਸਤਨਾਮ ਸਿੰਘ, ਹੈਪੀ ਨਾਨਕ ਚੱਕ, ਜੀਵਨ ਡੁੱਲਟ, ਜਸ਼ਨ ਜਾਂਗਲਾ, ਸਾਭਾ ਫ਼ਤਹਿਗੜ੍ਹ ਚੂੜੀਆਂ, ਗੁਰਲਾਲ ਸਿੰਘ ਫ਼ੌਜੀ, ਪਵਨ ਗੁੱਜਰਪੁਰਾ, ਜਸ਼ਨ ਪੰਨੂੰ, ਜੋਬਨ ਕੋਟਲਾ ਬਾਮਾ, ਰਮਨ ਬਾਜਵਾ, ਹਰਪ੍ਰੀਤ ਸਿੰਘ, ਕਰਨ ਕਿਲ੍ਹਾ, ਹਰਸ਼ ਸੀੜ੍ਹਾ, ਜੀਵਨ, ਹਰਮਨ ਘਣੀਆ, ਕਰਨ ਲੰਗਰਵਾਲ, ਗੁਰੀ ਅਰਮਾਨ, ਨਵਜੋਤ ਸਿੰਘ, ਪ੍ਰਿੰਸ ਕਾਦੀਆਂ ਤੇ ਬਲਵਿੰਦਰ ਸਿੰਘ ਛਿਛਰੇਵਾਲ ਤੇ ਹੋਰ ਸੇਵਾਦਾਰ ਹਾਜ਼ਰ ਸਨ।

## ਮਿਸ਼ੇਲਿਨ ਨੇ 5 ਪ੍ਰੀਮੀਅਮ ਟਾਇਰ ਕੀਤਾ ਲਾਂਚ

ਚੰਡੀਗੜ੍ਹ-ਪ੍ਰਮੁੱਖ ਟਾਇਰ ਤਕਨਾਲੋਜੀ ਕੰਪਨੀ ਮਿਸ਼ੇਲਿਨ ਨੇ ਭਾਰਤ ਵਿੱਚ ਪ੍ਰਾਈਮਸੀ 5 ਪ੍ਰੀਮੀਅਮ ਟਾਇਰ ਲਾਂਚ ਕੀਤਾ ਹੈ। ਸੇਡਾਨ ਅਤੇ ਐੱਸ ਯੂ ਵੀ ਲਈ ਤਿਆਰ ਕੀਤਾ ਗਿਆ। ਇਹ ਟਾਇਰ ਭਾਰਤ ਵਿੱਚ ਨਿਰਮਿਤ ਹੋਣ ਵਾਲਾ ਕੰਪਨੀ ਦਾ ਪਹਿਲਾ ਯਾਤਰੀ ਕਾਰ ਟਾਇਰ ਹੈ। ਪ੍ਰਾਈਮਸੀ 5 ਵਿੱਚ ਉੱਨਤ ਟ੍ਰੇਡ ਪੈਟਰਨ ਤੇ ਨਵੀਂ ਪੀੜ੍ਹੀ ਦੇ ਰਬੜ ਮਿਸ਼ਰਣ ਦੀ ਵਰਤੋਂ ਕੀਤੀ ਗਈ ਹੈ, ਜੋ ਸੁਰੱਖਿਆ, ਆਰਾਮ, ਹੈਂਡਲਿੰਗ ਅਤੇ ਊਰਜਾ ਕੁਸ਼ਲਤਾ 'ਤੇ ਕੇਂਦਰਿਤ ਹੈ।ਮਿਸ਼ੇਲਿਨ ਇੰਡੀਆ ਦੇ ਐੱਮ ਡੀ ਸ਼ਾਂਤਨੂ ਦੇਸ਼ਪਾਂਡੇ ਨੇ ਕਿਹਾ ਕਿ 'ਮੇਡ-ਇਨ-ਇੰਡੀਆ' ਪ੍ਰਾਈਮਸੀ 5 ਭਾਰਤੀ ਡਰਾਈਵਰਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਵਿਕਸਤ ਅਤੇ ਟੈਸਟ ਕੀਤਾ ਗਿਆ ਹੈ।

## ਸਾਉਣ 'ਤੇ ਲੰਗਰ ਵਰਤਾਇਆ



ਛੇਹਰਟਾ, (ਮਨੋਜ ਕੁਮਾਰ): ਸਾਉਣ ਦੇ ਮਹੀਨੇ ਦੇ ਸੰਬੰਧ ਵਿੱਚ ਪ੍ਰਤਾਪ ਬਾਜ਼ਾਰ ਵਿਚ ਖੀਰ ਤੇ ਪੂੜਿਆਂ ਦਾ ਲੰਗਰ ਲਗਾਇਆ ਗਿਆ। ਕੱਪੜਾ ਵਪਾਰੀਆਂ ਨੇ ਲੰਗਰ ਵਰਤਾਇਆ ਗਿਆ। ਇਸ ਮੌਕੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਵਾਈਸ ਪੈਟਰਨ ਸ਼ੰਕਰ ਅਰੋੜਾ, ਰੋਹਿਤ ਗੁਪਤਾ, ਰਾਜੂ, ਵਿਸ਼ਾਲ, ਰਵੀ, ਅਜੇ ਨੇ ਲੰਗਰ ਵਰਤਾਇਆ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Sandeep S/o Inderjit resident at Ward no.1, Mohalla Paharia, VPO Alawalpur-144301, Distt. Jalandhar (Punjab) have changed my name from Sandeep to Sandeep Janagal. Janagal is surname and Sandeep is given name. Concerned note.

I, Harpreet Singh Arora S/O Harjeet Singharora R/O House No. D-17/1212, Gali No. 2, Kartar Nagar, Chheharta, Amritsarhave Changed My Name From Harpreet Singh Arorato Harpreet Singh. All Concerned Note.

I, Gurinderjit Kaur W/o Hardeep Singh R/o 280, Garden Enclave, Bye Pass G.T Road, Amritsar have changed my name from Gurinderjit Kaur to Gurinderjeet Kaur.

I Jaswinder Singh S/O Amarjeet Singh R/O Majara Jattan Teh Balachaur Distt Sbs Nagar Punjab Have Changed My Name To Singh Jaswinder. Singh Is My Surname. All Please Note.

I Rohit S/o Naindip R/o V Mast Nagar Narangshah Pur Teh. Phagwara Distt. Kapurthala have changed my name from Rohit to Rohit Chumber.

I, Sandeep Kumar Chopra S/o Satpal Chopra, H. No. 158, Junjhghar Wali Gali, Ward No. 3, Reru, Jalandhar have changed my name to Sandeep Kumar.

I, Navdeep Singh S/O S. Sukhjinder Singh R/o Malave Di Kothi, Teh. Batala, Distt. Gurdaspur. I have changed my minor daughter's name from Amanatpreet Bhullar to Amanat Kaur . Please concerned note.

I, Rajwinder Singh S/O Sawinder Singh R/O VPO Waryam Nangal, Distt. Amritsar,Punjab have changed my name from Rajwinder Singh to Rajwinder as my Given Name and Singh as my Surname.

I, Gurnam S/O Chaman Lal R/O Vill. Begowal, Po. Phambra,Teh. Nawanshahr, Distt. S.b.s Nagar Pin. 144417, Punjab Have Changed My Name From Gurnam To Gurnam Mahi. (Surname As Mahi). All Concerned Please Note.

I, Kulvir Singh S/O Jarnail Singh R/O Vill- Hasan Munda, P.o. Kartarpur, Distt. Jalandhar, Punjab Have Changed My Name From Kulvir Singh To Kulbir Singh. All Concerned Note.

I, Jasbir Kaur W/o Bachittar Singh of Gidder Pindi,Tehsil Shahkot, Distt. Jalandhar, (Punjab), Kaur is to be surnamed.

I Punam Fnu W/O Gurjeet Singh R/O VPO Balher Khanpur, Distt Kapurthala Have Changed My Name From Punam Fnu to Punam Gharu. Concerned Plese Note.

I, Vimal Bagga S/o Vinod Kumar R/o 3737/19, Gali No.3, Akhara Kalu Da, Gate Bhagtan Wala, Amritsar, Punjab-143001 have changed my name from Vimal Bagga to Vimal Kumar.

I, Shivani D/o Vimal Kumar R/o 3737/19, Gali No.3, Kallu Da Akhara, Gate Bhagtan Wala, Amritsar, Punjab-143001 have changed my name from Shivani to Shivani Bagga.

I, Nagma, D/o Nathuni Rajak R/o Village Bahodipur, Post Office Virk, Tehsil Phillaur, District Jalandhar declare that my father's name is mentioned as "Nathni" in my 10th-grade school certificate, which is incorrect. My father's correct name is Nathuni Rajak. All Concerned please note .

I, Simranjit Kaur W/o Surjit Singh R/o M-33, Bhalla Colony, Chheharta, Amritsar have declare that my husband was known by two names Surjit Singh and Surjit Singh Pannu.

I, Sarbjit Singh S/o S. Mangal Singh R/o 21, Gali No. 8 Tarn Taran Road, Ishwar Nagar Amritsar have changed my name from Sarbjit Singh to Sarabjit Singh.

I Jatinderpal Singh S/O Hardeep Singh R/O Vill Lango Mahal, Po Chamyari Tehsil Ajnala Distt Amritsar. That Declare Singh Is My Surname And Jatinderpal Is My Given Name.

I, Promila Rani W/o Munshi Ram R/o H.No.67, Gali No.2, Near Virse Di Haveli, Mohkampura, Amritsar have changed my name from Parmila Devi to Promila Devi.

I, Hitherto Known as Parwinder Kaur W/o Harminder Singh R/o VPO. Jaja, Teh. Dasuya, Distt. Hoshiarpur, Punjab - 144212 have changed my name and shall hereafter be known as Kaur Parwinder.

I, Sarbjeet Singh s/o Datar Singh r/o Vill. Jahangir, Po. Tut Kalan, Tehsil Nakodar, Distt.Jalandhar have changed my Given name as Sarbjeet & Surname as Singh. All Please Note.

I, Harpreet Kaur w/o Sarbjeet Singh r/o Vill. Jahangir, Po. Tut Kalan, Tehsil Nakodar, Distt.Jalandhar have changed my Given name as Harpreet & Surname as Kaur. All Please Note.

I, Ishita Thakur d/o Davinder Singh w/o Ayush Vij r/o 1A, Cheema Nagar Extension, Mithapur Road, Jalandhar have changed my name from Ishita Thakur to Ishita Vij. All Please Note.

I, Sandeep Kaur w/o Jatinder Kumar r/o VPO. Beas Pind, Distt. Jalandhar have changed my Given name as Sandeep & Surname as Kaur. All Please Note.

## Change of Name

I, Harkaranbir Singh S/O Davinder Singh R/O Village Viram, P.O. Wadala Viram, Tehsil Majitha, District Have Changed My Given Name From Harkaranbir Singh To Surname As Singh And Given Name As Harkaranbir. Concerned May Please Be Noted.

I, Harpreet S/O Jaswinder, R/o Village Nangal, Phillaur, Jalandhar, Punjab- 144410, have changed my name and shall hereafter be Known as Harpreet Shemaar.

I, Sonu S/O Gulzar Singh, R/o H No. 114, Baba Mohan Dass Nagar, Jalandhar- I, PO: Grain Market, DIST: Jalandhar, Punjab- 144008, have changed my name and shall hereafter be Known as Sonu Sonu.

I, Neha Tandon W/O Rajan, R/o 12, Opposite Registrar Office, Kalka Ji Enclave, Haibowal Khurd, PO: Ludhiana, DIST: Ludhiana, Punjab-141001. have changed my name and shall hereafter be Known as Smridhi Awal.

I, Steephan Singh S/O Santokh Singh, R/o House Number 80, Bus Stand, Sarhali, Jalandhar, Punjab-144633, have changed my name and shall hereafter be Known as Steephan Singh Bassi.

I, Padari Palus S/o Modan Masih R/o H.No. 30, Guru Sant Nagar, PO: Basti Guzan, Jalandhar, Punjab-144002 have changed my name from Padari Palus to Padri Palus. All concerned please note.

I, Rekha Kumari W/O Satnam Singh, R/o House No 84, Ward No 2 Parjapat Mohalla, Dasuya, DIST: Hoshiarpur, Punjab- 144205. have changed my name and shall hereafter be Known as Rekha.

I, Parwinder Jeet Singh S/O Kashmir Singh, R/o P.O Jhinger Kalan Teh Dasuya, Nihalpur, DIST: Hoshiarpur, Punjab- 144205, have changed my name and shall hereafter be Known as Parwinder Kaushal.

I, Anil Kumar S/O Hans Raj, R/o House No 4131/8, Street No 4, New Madhopuri, Ludhiana, PO: Central Post Office, DIST: Ludhiana, Punjab-141008, have changed my name and shall hereafter be Known as Bhisham Kumar.

I, Pooja Arora W/O Bony, R/o Khun Khun Kalan, PO: Khunkhun Kalan, DIST: Hoshiarpur, Punjab-144305. have changed my name and shall hereafter be Known as Pooja.

I, Monika W/o Vipan Kumar R/o H.No. 57, Near Gujja Peer, Shashi Nagar, Jalandhar, Punjab-144004 have changed my name from Monika to Monika Bawa. All concerned please note.

I, Rupinder Kaur W/o Parmjot Singh R/o Vill. Bishniwal, PO. Aliwal, Tehsil Batala, Distt. Gurdaspur have changed my minor daughter's name from Upkar Kaur to Kaur Upkar (Kaur as Surname). Concerned Note.

I, Anmol S/o Kasturi Lal R/o Vill. Suchanian, PO: Naushera Majja Singh, Distt. Gurdaspur, Punjab have changed my name from Anmol to Anmol Sahota. Concerned Note.

## PUBLIC NOTICE

I, Hardeep Singh holder of PP No X9627020 Son of Ranjit Singh R/o VPO. Timmowal District Amritsar have declared that my father name was wrongly written as Ajit Singh in my passport Where as his correct name is Ranjit Singh.

I, Anokh Singh S/O Guljar Singh R/O Village Pandher Kalan, P.O. Kotla Gujran, Tehsil & District Amritsar Declare That My Late Father Known By Two Names As Gulzar Singh And Guljar Singh. Both Names Of My Late Father And He Was One And The Same Person. Concerned To Be Noted.

## ਨਾਂਅ ਦੀ ਬਦਲੀ

ਮੈਂ, ਰਘਵੀਰ ਸਿੰਘ ਪੁੱਤਰ ਅਮਰ ਸਿੰਘ ਪੁੱਤਰ ਗੋਪਾਲ ਸਿੰਘ ਵਾਸੀ ਪਿੰਡ ਉੜਾਪੜ ਤਹਿਸੀਲ ਔੜ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਆਪਣਾ ਨਾਂਅ ਬਦਲ ਕੇ ਬਲਬੀਰ ਸਿੰਘ ਕਰ ਲਿਆ ਹੈ।

ਮੈਂ ਕੁਲਵਿੰਦਰ ਕੌਰ ਪਤਨੀ ਪੱਪੂ ਵਾਸੀ ਪਿੰਡ ਬਸਰਾਏ ਤਹਿਸੀਲ ਬਟਾਲਾ ਜਿਲ੍ਹਾ ਗੁਰਦਾਸਪੁਰ । ਮੇਰੇ ਲੜਕੇ ਹਰਦੀਪ ਸਿੰਘ ਦੇ ਦਸਵੀਂ ਦੇ ਸਕੂਲ ਸਰਟੀਫਿਕੇਟ ਉੱਪਰ ਮੇਰਾ ਨਾਮ ਕਿੰਦਰ ਲਿਖਿਆ ਹੋਇਆ ਹੈ, ਜੋ ਕਿ ਗਲਤ ਹੈ ਮੇਰਾ ਸਹੀ ਨਾਮ ਕੁਲਵਿੰਦਰ ਕੌਰ ਹੈ । ਸਬੰਧਤ ਨੋਟ ਕੀਤਾ ਜਾਵੇ ।

ਮੈਂ ਰੁਕਮਣੀ ਸਹੋਤਾ ਪਤਨੀ ਕਮਲ, ਵਾਸੀ ਮਕਾਨ ਨੰਬਰ 185, ਬੰਦਾ ਬਹਾਦਰ ਨਗਰ, ਵਾਰਡ ਨੰ: 31,67 ਜਲੰਧਰ ਨੇ ਆਪਣਾ ਨਾਮ ਬਦਲ ਕੇ ਸੰਤੋਸ਼ ਕੁਮਾਰੀ ਰੱਖ ਲਿਆ ਹੈ।

ਮੈਂ ਪਰਮਜੀਤ ਪੁੱਤਰ ਹਰਬੰਸ ਸਿੰਘ,ਪਿੰਡ ਫੱਜੂਪੁਰ, ਡਾਕਖਾਨਾ ਧਾਰੀਵਾਲ, ਜ਼ਿਲ੍ਹਾ ਗੁਰਦਾਸਪੁਰ ਨੇ ਆਪਣਾ ਨਾਮ ਪਰਮਜੀਤ ਤੋਂ ਬਦਲ ਕੇ ਪਰਮਜੀਤ ਸਿੰਘ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਮਾਈਕਲ ਮਹੇ ਪੁੱਤਰ ਜੋਗਾ ਸਿੰਘ ਵਾਸੀ ਮਕਾਨ ਨੰ: ਈ ਐਸ-552, ਮੈਨ ਰੋਡ, ਅਬਾਦਪੁਰਾ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਮਾਈਕਲ ਤੋਂ ਬਦਲ ਕੇ ਮਾਈਕਲ ਮਹੇ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਬਲਜਿੰਦਰ ਸਿੰਘ ਪੁੱਤਰ ਕਰਤਾਰ ਸਿੰਘ, ਪਿੰਡ ਜਹਾਂਗੀਰ (ਸੰਗਰੂਰ) ਆਪਣੇ ਲੜਕੇ ਗੁਰਮੀਤ ਸਿੰਘ ਉਰਫ ਪਾਲੀ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖ਼ੁੱਦ ਜ਼ਿੰਮੇਵਾਰ ਹੋਣਗੇ।

ਮੈਂ ਊਸ਼ਾ ਕੁਮਾਰੀ ਪਤਨੀ ਸੁਭਾਸ਼ ਕੁਮਾਰ ਵਾਸੀ 11, ਪ੍ਰੀਤ ਨਗਰ ਭਾਰਤੀ ਦੀ ਬੰਬੀ, ਫੁੱਲਾਂ ਵਾਲਾ ਬਾਗ ਬਟਾਲਾ ਰੋਡ ਅੰਮ੍ਰਿਤਸਰ ਦੀ ਰਹਿਣ ਵਾਲੀ ਹਾਂ ਇਕ ਹਲਫੀਆ ਬਿਆਨ ਜਾਰੀ ਕਰ ਰਹੀ ਹਾਂ ਕਿ ਮੇਰਾ ਲੜਕਾ ਸੂਰਜ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ, ਜਿਸਨੂੰ ਮੈਂ ਆਪਣੀ ਚੱਲ ਅਚਲ ਜਾਇਦਾਦ ਤੋ ਬੇਦਖਲ ਕਰਦੀ ਹੈ ਤੇ ਇਸਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਬਲਵਿੰਦਰ ਸਿੰਘ ਪੁੱਤਰ ਸੰਪੂਰਨ ਸਿੰਘ ਵਾਸੀ ਲਹਿਰਾਗਾਗਾ, ਤਹਿਸੀਲ ਲਹਿਰਾ, ਜ਼ਿਲ੍ਹਾ ਸੰਗਰੂਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੋਨੂੰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ ਪੰਮਾ ਪੁੱਤਰ ਲਛਮਣ, ਕਾਂਤਾ ਪਤਨੀ ਪੰਮਾ ਵਾਸੀ ਅੱਲਾਦਿੱਤਾ ਮੋਠਾਂਵਾਲਾ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਬਾਦਲ ਅਤੇ ਉਸ ਦੀ ਪਤਨੀ ਸੱਸੀ ਪਤਨੀ ਬਾਦਲ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ, ਸਮਝਾਉਣ 'ਤੇ ਵੀ ਨਹੀਂ ਸਮਝਦੇ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸੁਖਵਿੰਦਰ ਕੌਰ ਵਿਧਵਾ ਲੇਟ ਮਨਜੀਤ ਸਿੰਘ ਵਾਸੀ ਡੇਰਾ ਖੂਨੀਆਂ ਦਾ, ਸੋਹੀਆਂ ਰੋਡ, ਮਜੀਠਾ, ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਰਨਬੀਰ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਕਮਲੇਸ਼ ਪਤਨੀ ਲੇਟ ਸ੍ਰੀ ਅਸ਼ੋਕ ਕੁਮਾਰ ਵਾਸੀ ਪਿੰਡ ਕਰਨਾਲਾ, ਡਾਕਖਾਨਾ ਬੇਗੇਵਾਲ, ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਸ਼ਬਾਨਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਜੁਗਲ ਕੁਮਾਰ ਪੁੱਤਰ ਦਲੀਪ ਚੰਦ, ਵਾਸੀ ਮਕਾਨ ਨੰਬਰ ਐੱਫ-13/2564, ਗੋਪਾਲ ਨਗਰ, ਨਹਿਰੂ ਕਾਲੋਨੀ, ਮਜੀਠਾ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅੰਸ਼ੂ ਮੱਟੂ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਬਲਜੀਤ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ 21 ਏ ਸਟਰੀਟ ਨੰਬਰ 1, ਪੇਚਾਂ ਵਾਲੀ ਗਲੀ, ਚੌਕ ਮਕਬੂਲਪੁਰਾ ਪੁਰਾਣੀ ਚੁੰਗੀ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਨਸੀਬ ਕੌਰ, ਮੇਰੇ ਬੱਚੇ ਕਰਨਦੀਪ ਸਿੰਘ ਲੜਕਾ (ਕੁਆਰਾ) ਅਤੇ ਸਿਮਰਨ ਕੌਰ ਲੜਕੀ (ਸ਼ਾਦੀਸ਼ੁਦਾ), ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਨੂੰ ਮਰਨ-ਮਾਰਨ ਦੀਆਂ ਧਮਕੀਆਂ ਦਿੰਦੇ ਹਨ। ਮੈਂ ਇਨ੍ਹਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਜਸਵਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਮਕਾਨ ਨੰ: 141/1468/1, ਗੁਰੂ ਨਾਨਕ ਗਲੀ, ਤਰਨ ਤਾਰਨ ਰੋਡ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਮੁਸਕਾਨ ਅਤੇ ਇਨ੍ਹਾਂ ਦੀ ਪੁੱਤਰੀ ਹਰਨੂਰ ਕੌਰ ਜੋ ਵੱਖ ਰਹਿੰਦੇ ਹਨ। ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਅਤੇ ਲੜਾਈ-ਝਗੜਾ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈ,ਹਰਦਿਆਲ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਪਿੰਡ :ਝਬਾਲ ਖੁਰਦ ਤਹਿ ਤੇ ਜਿਲ੍ਹਾ ਤਰਨਤਾਰਨ ਮੇਰਾ ਲੜਕਾ ਵੰਸ਼ਦੀਪ ਸਿੰਘ ਕੁਆਰਾ ਹੈ ਤੇ ਮੇਰੇ ਕਹਿਣੇ ਵਿੱਚ ਨਹੀ ਹੈ ਤੇ ਬੁਰੀ ਸੰਗਤ ਦਾ ਸਿਕਾਰ ਹੈ ਅਤੇ ਮੇਰੀ ਇੱਜਤ ਨਹੀ ਕਰਦਾ ਆਪਣੀ ਚੱਲ/ਅਚੱਲ ਸੰਪਤੀ ਹਰ ਕਿਸਮ ਤੋ ਬੇਦਖਲ ਕਰਦਾ ਇਸ ਨਾਲ ਲੈਣ ਦੇਣ ਕਰੇਗਾ ਖੁਦ ਜਿੰਮੇਵਾਰ ਹੋਏਗਾ।

ਅਸੀਂ ਗੁਰਮੀਤ ਲਾਲ ਪੁੱਤਰ ਸ੍ਰੀ ਦੌਲਤ ਰਾਮ ਅਤੇ ਪਰਮਜੀਤ ਪਤਨੀ ਗੁਰਮੀਤ ਲਾਲ, ਵਾਸੀਆਨ ਪਿੰਡ ਤੇ ਡਾਕ. ਬਜੂਹਾ ਖੁਰਦ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵਿਜੈ ਕੁਮਾਰ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਤਜਿੰਦਰ ਸਿੰਘ ਪੁੱਤਰ ਹਰਨਾਮ ਸਿੰਘ, ਵਾਸੀ ਮਕਾਨ ਨੰ: ਐੱਨ. ਐੱਮ-218, ਮੁਹੱਲਾ ਕਰਾਰ ਖਾਂ, ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗੁਰਕੀਰਤ ਸਿੰਘ ਅਤੇ ਨੂੰਹ ਹਰਮਨਪ੍ਰੀਤ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ, ਗੋਦਾ ਸਿੰਘ ਪੁੱਤਰ ਜੋਗਿੰਦਰ ਸਿੰਘ ਵਾ ਲਾਡੀ ਕੌਰ ਪਤਨੀ ਗੋਦਾ ਸਿੰਘ ਵਾਸੀਆਨ ਪਿੰਡ ਕੁਲਰੀਆਂ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਸੰਦੀਪ ਸਿੰਘ (ਸ਼ਾਦੀਸ਼ੁਦਾ) ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਸਾਡੀ ਕੋਈ ਗੱਲ ਨਹੀਂ ਸੁਣਦਾ।ਅਸੀਂ ਇਸ ਨੂੰ ਆਪਣੀ ਚੱਲ ਅਚੱਲ ਜ਼ਮੀਨ-ਜਾਇਦਾਦ, ਘਰ-ਬਾਰ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ।ਸਾਡਾ ਇਸ ਨਾਲ ਕੋਈ ਤਾਲੁਕ-ਵਾਸਤਾ ਨਹੀਂ।

ਮੈਂ, ਲਖਵਿੰਦਰ ਰਾਮ ਪੁੱਤਰ ਸੋਹਣ ਲਾਲ ਵਾਸੀ ਪਿੰਡ ਸਰਗੂੰਦੀ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਲਖਵਿੰਦਰ ਕੌਰ ਅਤੇ ਮੇਰੇ ਦੋ ਬੱਚੇ 1) ਰਾਧਿਕਾ ਹੀਰ (ਲੜਕੀ) 2) ਅੰਸ਼ਿਕਾ ਹੀਰ (ਲੜਕੀ) ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਕਾਲਾ ਸਿੰਘ ਪੁੱਤਰ ਰਣਜੀਤ ਸਿੰਘ ਵਾਸੀ ਪਿੰਡ ਗੁਰਨੇ ਕਲਾਂ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸੁਖਵੀਰ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਸ ਨਾਲ ਕੋਈ ਸੰਬੰਧ ਨਹੀਂ ਹੈ।

ਅਸੀਂ, ਜਪਾਨ ਸਿੰਘ ਪੁੱਤਰ ਕਪੂਰ ਸਿੰਘ ਅਤੇ ਸਤਨਾਮ ਕੌਰ ਪਤਨੀ ਜਪਾਨ ਸਿੰਘ ਵਾਸੀਆਨ ਮਕਾਨ ਨੰਬਰ 28, ਕਲੱਬ ਵਾਲੀ ਗਲੀ, ਕਾਲੇ ਰੋਡ, ਹਰਪਾਲ ਐਵੀਨਿਊ, ਡਾਕਖਾਨਾ ਛੇਹਰਟਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਨੂੰਹ ਰਾਜਵਿੰਦਰ ਕੌਰ ਵਿਧਵਾ ਹਰਮੋਲਕ ਸਿੰਘ ਪੁੱਤਰ ਕਪੂਰ ਸਿੰਘ, ਜੋ ਸਾਡੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਅਤੇ ਸਾਨੂੰ ਤੰਗ-ਪ੍ਰੇਸ਼ਾਨ ਕਰਦੀ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਮਮਤਾ ਰਾਣੀ ਪਤਨੀ ਵਰਿੰਦਰ ਕੁਮਾਰ ਵਾਸੀ ਮਕਾਨ ਨੰ: ਬੀ6/46, ਨਿਊ ਗੋਬਿੰਦ ਨਗਰ, ਡਾਕ: ਇੰਡਸਟਰੀਅਲ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰੋਹਿਤ, ਉਸਦੀ ਪਤਨੀ ਮਨੀਸ਼ਾ ਅਤੇ ਇਨ੍ਹਾਂ ਦਾ ਲੜਕਾ ਕੋਹਿਨੂਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਨਿਰਮਲ ਸਿੰਘ ਪੁੱਤਰ ਸ੍ਰੀ ਸਵਰਨ ਸਿੰਘ ਵਾਸੀ ਪਿੰਡ ਵਾਰਡ ਨੰਬਰ 2, ਟਿੱਬੀ ਮੁਹੱਲਾ, ਅਹਿਆਪੁਰ, ਉੜਮੁੜ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਸੁਖਦੇਵ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਜਸਵੀਰ ਕੌਰ ਪਤਨੀ ਸ਼ੇਰ ਸਿੰਘ ਵਾਸੀ ਮਕਾਨ ਨੰ: 324, ਰਾਜਾ ਗਾਰਡਨ, ਬਸਤੀ ਬਾਵਾ ਖੇਲ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਮਨਜੀਤ ਕੌਰ ਪੁੱਤਰੀ ਸ਼ੇਰ ਸਿੰਘ ਤੇ ਉਸ ਦਾ ਪੁੱਤਰ ਇਲਾਏਪ੍ਰੀਤ ਸਿੰਘ (ਦੋਤਰਾ) ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਨਿਰਮਲਜੀਤ ਸਿੰਘ ਪੁੱਤਰ ਕਰਮ ਸਿੰਘ ਅਤੇ ਕਵਲਜੀਤ ਕੌਰ ਪਤਨੀ ਨਿਰਮਲਜੀਤ ਸਿੰਘ ਵਾਸੀ ਮਕਾਨ ਨੰ: 582, ਅਕਾਸ਼ ਐਵੇਨਿਊ, ਫਤਹਿਗੜ੍ਹ ਚੂੜੀਆਂ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਕਰਨ ਬੀਰ ਸਿੰਘ ਅਤੇ ਉਸ ਦੀ ਪਤਨੀ ਜੈ ਰੂਪ ਕੌਰ, ਜੋ ਜਰਮਨੀ ਵਿਚ ਰਹਿੰਦੇ ਹਨ। ਇਹ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਸਾਡੀ ਬੁਢਾਪੇ ਵਿਚ ਦੇਖ-ਭਾਲ ਨਹੀਂ ਕਰਦੇ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈ ਅਮਰੀਕ ਸਿੰਘ ਪੁੱਤਰ ਬਲਬੀਰ ਸਿੰਘ ਵਾਸੀ ਧਾਰੀਵਾਲ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਗੁਰਜੰਟ ਸਿੰਘ ਤੇ ਇਸਦੀ ਪਤਨੀ ਸੰਦੀਪ ਕੌਰ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਆਪਣੇ ਪੁੱਤਰ ਤੇ ਨੂੰਹ ਦੋਹਾਂ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ।ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

## ਆਮ ਸੂਚਨਾ

ਮੈਂ, ਫੁੰਮਨ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਮਕਾਨ ਨੰ: 23 ਬੀ, 262, ਜੈਮਲ ਨਗਰ, ਜਲੰਧਰ, ਪੰਜਾਬ-144009 ਸੂਚਿਤ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਤੇਜਵੀਰ ਸਿੰਘ ਅਤੇ ਉਸਦੀ ਪਤਨੀ ਸਿਮਰਨ ਕੋਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਤੇਜਵੀਰ ਸਿੰਘ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਉਸਦੀ ਬੇਦਖਲੀ ਵਾਪਿਸ ਲੈਂਦਾ ਹਾਂ। ਸੰਬੰਧਿਤ ਨੋਟ ਕਰਨ।

ਮੈਂ, ਨਿਰਮਲ ਕੌਰ ਪਤਨੀ ਸਰੂਪ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਜੇਠੂਵਾਲ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੇ ਲੜਕੇ ਰਾਜਵਿੰਦਰ ਸਿੰਘ (27.10.2024) ਪੁੱਤਰ ਸਰੂਪ ਸਿੰਘ ਦਾ ਆਧਾਰ ਕਾਰਡ ਨਹੀਂ ਬਣਿਆ ਹੈ। ਮੇਰੇ ਲੜਕੇ ਦਾ ਆਧਾਰ ਕਾਰਡ ਬਣਾ ਕੇ ਦਿੱਤਾ ਜਾਵੇ ਕਿਉਂਕਿ ਮੈਂ ਆਪਣੇ ਲੜਕੇ ਰਾਜਵਿੰਦਰ ਸਿੰਘ ਨੂੰ ਅਡਾਪਟ ਕੀਤਾ ਹੈ।

ਮੈਂ, ਕੰਵਲਜੀਤ ਕੌਰ ਉਰਫ ਕਮਲਜੀਤ ਕੌਰ ਪਤਨੀ ਕੁਲਵੰਤ ਸਿੰਘ ਵਾਸੀ ਸੁਧਾਰਾ, ਤਹਿ. ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਦੀ ਹਾਂ। ਮੇਰਾ ਪੇਕੇ ਪਿੰਡ ਦਾ ਨਾਂਅ ਕਮਲਜੀਤ ਕੌਰ (Kamaljeet Kaur) ਹੈ ਤੇ ਸਹੁਰੇ ਪਿੰਡ ਦਾ ਨਾਂਅ ਕੰਵਲਜੀਤ ਕੌਰ (Kanwaljeet Kaur) ਹੈ। ਇਹ ਦੋਨੋਂ ਨਾਂਅ ਮੇਰੇ ਹਨ। ਮੈਨੂੰ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ।

ਮੈਂ, ਗੁਰਵਿੰਦਰ ਸਿੰਘ ਪੁੱਤਰ ਕੁਲਵਿੰਦਰ ਸਿੰਘ, ਪਿੰਡ ਮੀਆਂਪੁਰ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰੀ ਜ਼ਮੀਨ ਵਾਕਿਆ ਰਕਬਾ ਮੀਆਂਪੁਰ ਸਬ ਤਹਿਸੀਲ ਝਬਾਲ ਕਲਾਂ, ਜ਼ਿਲ੍ਹਾ ਤਰਨ ਤਾਰਨ ਵਿਚ ਮੇਰਾ ਨਾਂਅ ਗੁਰਿਦਰ ਸਿੰਘ ਪੁੱਤਰ ਕੁਲਵਿੰਦਰ ਸਿੰਘ ਪੁੱਤਰ ਸੰਪੂਰਨ ਸਿੰਘ ਗਲਤ ਚੱਲ ਰਿਹਾ ਹੈ। ਮਾਲ ਰਿਕਾਰਡ ਵਿਚ ਮੇਰਾ ਸਹੀ ਨਾਂਅ ਗੁਰਵਿੰਦਰ ਸਿੰਘ ਪੁੱਤਰ ਕੁਲਵਿੰਦਰ ਸਿੰਘ ਪੁੱਤਰ ਸੰਪੂਰਨ ਸਿੰਘ ਕੀਤਾ ਜਾਵੇ।

ਮੈਂ, ਸ਼ੀਲ ਕੌਰ ਉਰਫ ਸੁਰਜੀਤ ਕੌਰ ਪੁੱਤਰੀ ਸ੍ਰੀ ਸੂਰਤ ਸਿੰਘ ਹਾਲ ਪਤਨੀ ਕਰਨੈਲ ਸਿੰਘ, ਵਾਸੀ ਪਿੰਡ ਚੌਹਾਨ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੀ ਹਾਂ ਕਿ ਮੇਰੀ ਜ਼ਮੀਨ ਵਾਕਿਆ ਪਿੰਡ ਚੌਹਾਨ ਹੱਦਬਸਤ ਨੰ:-527 ਦੀ ਜਮ੍ਹਾਂਬੰਦੀ ਵਿਚ ਮੇਰਾ ਪੁਰਾਣਾ ਨਾਂਅ ਸ਼ੀਲ ਕੌਰ ਪੁੱਤਰੀ ਸੂਰਤ ਸਿੰਘ ਦਰਜ ਹੈ। ਵਿਆਹ ਤੋਂ ਬਾਅਦ ਮੇਰਾ ਨਾਂਅ ਸ਼ੀਲ ਕੌਰ ਤੋਂ ਬਦਲ ਕੇ ਮੇਰੇ ਪੈਨ ਕਾਰਡ, ਆਧਾਰ ਕਾਰਡ ਵਿਚ ਸੁਰਜੀਤ ਕੌਰ ਦਰਜ ਹੈ। ਕ੍ਰਿਪਾ ਕਰਕੇ ਮਾਲ ਰਿਕਾਰਡ ਵਿਚ ਮੇਰਾ ਸਹੀ ਨਾਂਅ ਸ਼ੀਲ ਕੌਰ ਉਰਫ ਸੁਰਜੀਤ ਕੌਰ ਪੁੱਤਰੀ ਸ੍ਰੀ ਸੂਰਤ ਸਿੰਘ ਦਰੁਸਤ ਦਰਜ ਕੀਤਾ ਜਾਵੇ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: 4885686000 ਸ੍ਰੀ ਰਾਜਬੀਰ ਸਿੰਘ ਪੁੱਤਰ ਸ੍ਰੀ ਸੁਖਵੰਤ ਸਿੰਘ ਪਿੰਡ ਭੋਏਵਾਲੀ ਦੇ ਨਾਂਅ 'ਤੇ ਚੱਲਦਾ ਹੈ। ਇਸ ਕੁਨੈਕਸ਼ਨ ਦੀ ਨਾਂਅ ਦੀ ਬਦਲੀ ਕਰਨ ਵਾਸਤੇ ਸ੍ਰੀਮਤੀ ਹਰਜੀਤ ਕੌਰ ਪਤਨੀ ਸ੍ਰੀ ਬਿਕਰਮਜੀਤ ਸਿੰਘ ਪਿੰਡ ਭਿੰਡੀ ਔਲਖ ਖੁਰਦ ਨੇ ਉਪ ਮੰਡਲ ਜਸਤਰਵਾਲ ਨੂੰ ਬੇਨਤੀ ਪੱਤਰ ਦਿੱਤਾ ਹੈ। ਇਸ ਕੁਨੈਕਸ਼ਨ ਦੀ ਤਬਦੀਲੀ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਸ/ਡ ਜਸਤਰਵਾਲ ਵਿਖੇ ਆ ਕੇ ਸ਼ਿਕਾਇਤ ਕਰੋ, ਨਹੀਂ ਤਾਂ ਇਸ ਕੁਨੈਕਸ਼ਨ ਦੀ ਨਾਂਅ ਦੀ ਬਦਲੀ ਕਰ ਦਿੱਤੀ ਜਾਵੇਗੀ। ਬਾਅਦ ਵਿਚ ਕੋਈ ਇਤਰਾਜ਼ ਸਵੀਕਾਰ ਨਹੀਂ ਕੀਤਾ ਜਾਵੇਗਾ ਅਤੇ ਮਹਿਕਮੇ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 36/629 ਅਜੀਤ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਝੁਗੀਆਂ ਤੋਂ ਨਾਂਅ ਬਦਲੀ ਕਰਕੇ ਗੁਰਵੀਰ ਸਿੰਘ ਅਤੇ ਅੰਮ੍ਰਿਤਪਾਲ ਸਿੰਘ ਪਿੰਡ ਝੁਗੀਆਂ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਲਿਖਤੀ ਦਰਜ ਕਰਵਾ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 17/1210 ਹਾਕਮ ਸਿੰਘ ਪੁੱਤਰ ਮੰਗਤ ਸਿੰਘ ਵਾਸੀ ਗੋਸੂਵਾਲ ਤੋਂ ਨਾਂਅ ਬਦਲੀ ਕਰਕੇ ਮੁਖਤਿਆਰ ਸਿੰਘ ਪੁੱਤਰ ਊਧਮ ਸਿੰਘ ਵਾਸੀ ਮੱਧੇਪੁਰ ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਲਿਖਤੀ ਦਰਜ ਕਰਵਾ ਸਕਦਾ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਕਾਗਜ਼ਾਤ ਗੁੰਮ

ਮੈਂ ਸਵਿਤਾ ਬੇਹਰਾ ਪਤਨੀ ਨਾਰਾਇਣ ਬੇਹਰਾ ਵਾਸੀ ਪਿੰਡ ਤੇ ਡਾਕ. ਚੋਮੋਂ, ਜ਼ਿਲ੍ਹਾ ਜਲੰਧਰ ਘੋਸ਼ਣਾ ਕਰਦੀ ਹਾਂ ਕਿ ਮੇਰੀ ਜਾਇਦਾਦ ਪਲਾਟ ਦੇ ਅਸਲ ਦਸਤਾਵੇਜ਼ ਵਸੀਕਾ ਨੰ. 2022-23/1//1/1259 ਮਿਤੀ 28.03.2023 ਅਤੇ ਵਸੀਕਾ ਨੰ. 2023-24/1/1/143 ਮਿਤੀ 12.05.2023 ਪਿੰਡ ਚੋਮੋਂ, ਜ਼ਿਲ੍ਹਾ ਜਲੰਧਰ ਹੱਦਬਸਤ ਨੰ. 58, ਸਾਈਜ਼ ਅੰਦਾਜ਼ਨ 5.38 ਮਰਲਾ ਕਿੱਧਰੇ ਗੁਆਚ ਗਏ ਹਨ। ਮੈਂ ਇਨ੍ਹਾਂ ਨੂੰ ਲੱਭਣ ਦੀ ਬਹੁਤ ਕੋਸ਼ਿਸ਼ ਕੀਤੀ, ਪਰ ਮਿਲੇ ਨਹੀਂ। ਜੇਕਰ ਕਿਸੇ ਨੂੰ ਇਹ ਦਸਤਾਵੇਜ਼ ਮਿਲਦੇ ਹਨ ਜਾਂ ਇਨ੍ਹਾਂ ਬਾਰੇ ਕੋਈ ਜਾਣਕਾਰੀ ਹੈ ਤਾਂ ਕਿਰਪਾ ਕਰਕੇ ਹੇਠਾਂ ਲਿਖੇ ਪਤੇ 'ਤੇ 7 ਦਿਨਾਂ ਦੇ ਅੰਦਰ-ਅੰਦਰ ਸੰਪਰਕ ਕਰੇ। ਇਸ ਤੋਂ ਬਾਅਦ ਇਨ੍ਹਾਂ ਗੁੰਮ ਹੋਏ ਦਸਤਾਵੇਜ਼ਾਂ ਦੀ ਕਾਨੂੰਨੀ ਵੈਧਤਾ ਨਹੀਂ ਰਹੇਗੀ।
ਐਡਵੋਕੇਟ ਰਵੀ ਕਾਂਤ, ਐੱਮ ਏ, ਐੱਲ ਐੱਲ ਬੀ, ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੈਂਬਰ ਨੰ. 330/ਏ, ਨਵੀਂ ਕਚਹਿਰੀ ਕੰਪਲੈਕਸ, ਜਲੰਧਰ, ਫੋਨ : 98721-27527

## COURT NOTICE

(U/o 5 Rule 20 CPC)
In the Court of Sh. Vijay Kumar
Principal Judge Family Court,
Fatehgarh Sahib
CNR No. PBFG01-003986-2025
Next Date:- 07-09-2026

Neeta Rani W/o Gurpreet Bhalla and D/o Ramanand R/O Village Mullanpur Khurd, Teh. and Distt. Fatehgarh Sahib Now at 1187, Ward No. 5, Mohalla Behlan Wala Sirhind City Tehsil and Distt. Fatehgarh Sahib

Vs.

Gurpreet Bhalla S/o Late Pawan Bhalla R/o Village Mullanpur Khurd, Tehsil and Distt. Fatehgarh Sahib
Publication Issued To:
Gurpreet Bhalla
Father : Late Pawan Bhalla, R/o Village Mullanpur Khurd Tehsil and Distt. Fatehgarh Sahib

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 07-09-2026 at 10:00 a.m.

For details logon to https://highcourtchd.gov.in/?trs=district_notice&district=fatehgarh

Principal Judge Family Court,
Fatehgarh Sahib
Dated this day of 05-08-2026

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ : ਆਸ਼ਾ ਰਾਣੀ | ਪਿਤਾ/ਪਤੀ ਦਾ ਨਾਮ : ਮੇਹਰ ਚੰਦ

ਪਤਾ: Vill Karari Po Kishangarh Distt Jalandhar, Village - Karari / Tehsil - Sub-tehsil Adampur / District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।

ਨਾਮ: ਸੁਰਿੰਦਰ ਕੁਮਾਰ ਪੱਕਾ ਪਤਾ: Vill Karari Po Kishangarh Distt Jalandhar, Karari Sub-tehsil Adampur, Jalandhar, Punjab ਵਿਦੇਸ਼ੀ ਪਤਾ: 2 Themidos 2571 Nisou Nicosia Cyprus / 2 ਥੀਮੀਡੋਸ 2571 ਨਿਸੌ ਨਿਕੋਸੀਆ ਸਾਈਪ੍ਰਸ | ਉਮਰ/ਜਨਮ ਮਿਤੀ: 27-(05/09/1998)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।

ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 03-08-2026 ਨੂੰ ਜਾਰੀ ਹੋਇਆ।

ਨੰਬਰ 57 /ਨੰਬਰ/ਰੀਡਰ | ਮਤੀ 03.08.2026 | ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ : ਸਤਨਾਮ ਸਿੰਘ | ਪਿਤਾ/ਪਤੀ ਦਾ ਨਾਮ : ਜਰਨੈਲ ਸਿੰਘ

ਪਤਾ: H No 220/01 Bagichi Mohalla Adampur , Tehsil - Adampur/District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।

ਨਾਮ: ਨੇਹਾ ਪੱਕਾ ਪਤਾ: H No 220/01 Bagichi Mohalla Adampur , Adampur, Jalandhar, Punjab ਵਿਦੇਸ਼ੀ ਪਤਾ: 2, THEMIDOS 2571 NISOU NICOSIA CYPRUS / 2 ਥੀਮੀਡੋਸ 2571 ਨਿਸੌ ਨਿਕੋਸੀਆ ਸਾਈਪ੍ਰਸ | ਉਮਰ/ਜਨਮ ਮਿਤੀ: 31-(10/04/1995)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।

ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 03-08-2026 ਨੂੰ ਜਾਰੀ ਹੋਇਆ।

ਨੰਬਰ 58 /ਨੰਬਰ/ਰੀਡਰ | ਮਤੀ 03.08.2026 | ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ


## ਵੱਲਭ ਸਟੀਲਜ਼ ਲਿਮਟਿਡ

ਰਜਿਸਟਰਡ ਦਫ਼ਤਰ ਜੀ.ਟੀ. ਰੋਡ, ਪਿੰਡ ਪਾਵਾ, ਸਾਹਨੇਵਾਲ, ਲੁਧਿਆਣਾ-141 120 (ਪੰਜਾਬ), ਭਾਰਤ,
ਸੀ ਆਈ ਐਨ: ਐੱਲ 27109 ਪੀ ਬੀ 1980 ਪੀ ਐੱਲ ਸੀ 004327, ਟੈਲੀਫ਼ੋਨ:+91-161-2511413, ਫੈਕਸ: +91-161-2511414, ਈ-ਮੇਲ: fin.ho@vallabhgroup.com ਵੈੱਬਸਾਈਟ: www.vallabhsteelsltd.in

### 30 ਜੂਨ, 2026 ਨੂੰ ਖਤਮ ਹੋਈ ਤਿਮਾਹੀ ਲਈ ਅਣ-ਪੜਤਾਲੇ ਸਟੈਂਡਅਲੋਨ ਵਿੱਤੀ ਨਤੀਜੇ

30 ਜੂਨ, 2026 ਨੂੰ ਖਤਮ ਹੋਈ ਤਿਮਾਹੀ ਲਈ ਵੱਲਭ ਸਟੀਲਜ਼ ਲਿਮਟਿਡ ('ਕੰਪਨੀ') ਦੇ ਅਣ-ਪੜਤਾਲੇ ਸਟੈਂਡਅਲੋਨ ਵਿੱਤੀ ਨਤੀਜਿਆਂ ਨੂੰ ਕੰਪਨੀ ਦੇ ਡਾਇਰੈਕਟਰ ਬੋਰਡ ਨੇ ਮੰਗਲਵਾਰ, 11 ਅਗਸਤ, 2026 ਨੂੰ ਹੋਈ ਆਪਣੀ ਮੀਟਿੰਗ ਵਿੱਚ ਸੇਬੀ (ਲਿਸਟਿੰਗ ਆਬਲੀਕੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ), ਰੈਗੂਲੇਸ਼ਨ 2015 ਦੇ ਰੈਗੂਲੇਸ਼ਨ 33 ਦੇ ਅਨੁਸਾਰ ਮਨਜ਼ੂਰੀ ਦਿੱਤੀ। ਉਪਰੋਕਤ ਵਿੱਤੀ ਨਤੀਜੇ ਅਤੇ ਇਸ 'ਤੇ ਸੀਮਤ ਨਜ਼ਰਸਾਨੀ ਰਿਪੋਰਟਾਂ ਕੰਪਨੀ ਦੀ ਵੈੱਬਸਾਈਟ (www.vallabhsteelsltd.in) ਅਤੇ ਬੀ ਐੱਸ ਈ ਲਿਮਟਿਡ (www.bseindia.com) 'ਤੇ ਉਪਲੱਬਧ ਹਨ। ਕੰਪਨੀ ਦੀ ਵੈੱਬਸਾਈਟ 'ਤੇ ਨਤੀਜੇ ਦੇਖਣ ਲਈ ਹੇਠਾਂ ਦਿੱਤੇ ਕਿਊ ਆਰ ਕੋਡ ਨੂੰ ਸਕੈਨ ਕਰਕੇ ਇਸ ਤੱਕ ਪਹੁੰਚ ਕੀਤੀ ਜਾ ਸਕਦੀ ਹੈ:

ਸਥਾਨ : ਲੁਧਿਆਣਾ
ਮਿਤੀ : 11-08-2026

ਵਾਸਤੇ ਵੱਲਭ ਸਟੀਲਜ਼ ਲਿਮਟਿਡ
ਸਹੀ/-
(ਨੀਲਮ ਸ਼ਰਮਾ)
ਡਾਇਰੈਕਟਰ



## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜ਼ਪੁਰ ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟੀਲ ਵਾਲੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 03.09.2026 ns/ 07.09ਏ2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂਅਲ ਪ੍ਰਸਤਾਵ ਦੀ ਇਜਾਜ਼ਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜ਼ਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂਅਲ ਭੁਗਤਾਨ ਦੀ ਇਜਾਜ਼ਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਖੁੱਲਾ | ਨਿਵਿਦਾ ਅਨੁਭਾਗ | ਕੰਮ | ਪੈਕੇਟ ਪ੍ਰਣਾਲੀ | ਸਿੰਗਲ ਪੈਕੇਟ ਪ੍ਰਣਾਲੀ |
|---|---|---|---|---|---|
| ਨਿਵਿਦਾ ਅਪਲੋਡ ਕਰਨ ਦੀ ਮਿਤੀ | 10.08.2026 | ਬੋਲੀ ਸ਼ੁਰੂ ਦੀ ਮਿਤੀ | 20.08.2026 & 24.08.2026 | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ | 03.09.2026 & 07.09.2026 15:00 ਵਜੇ |

| ਲ.ਨੰ. | ਨਿਵਿਦਾ ਨੰ. ਮਿਤੀ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1. | 77-2026-27-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ ਦੇ ਤਹਿਤ ਲੁਧਿਆਣਾ-ਫਿਰੋਜ਼ਪੁਰ ਸੈਕਸ਼ਨ ਵਿਚ ਲੁਧਿਆਣਾ-ਬਦੋਵਾਲ ਬਲਾਕ ਵਿਚ ਨਜਾਇਜ਼ ਕਬਜ਼ੇ ਦੇ ਸੰਭਾਵਿਤ ਥਾਵਾਂ ਤੇ ਬਾਊਂਡਰੀ ਵਾਲ ਦੀ ਉਸਾਰੀ | | | |
| | ਵਿਗਿਆਪਨ ਮੁੱਲ | ਬਿਆਨਾ ਰਾਸ਼ੀ | ਆਫਰ ਦੀ ਵੈਲੀਡਿਟੀ | ਸਮਾਪਨ ਦੀ ਅਵਧੀ | |
| | ₹4,25,84,278.44 | ₹8,51,700/- | 60 ਦਿਨ | 12 ਮਹੀਨੇ | |
| | ਸਮਾਨ ਨੇਚਰ ਦਾ ਕੰਮ: "ਪ੍ਰੀਕਾਸਟ ਜਾਂ ਕਾਸਟ-ਇਨ-ਸਿਟੂ RCC/PSC ਦਾ ਕੰਮ ਜਾਂ RCC ਬਾਊਂਡਰੀ ਵਾਲ ਦੀ ਉਸਾਰੀ" | | | | |
| 2. | 78-2026-27-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ ਦੇ ਤਹਿਤ ਬਦੋਵਾਲ-ਮੁੱਲਾਂਪੁਰ ਸੈਕਸ਼ਨ ਤੇ ਨਜਾਇਜ਼ ਕਬਜ਼ੇ ਰੋਕਣ ਦੇ ਉਪਾਅ ਦੇ ਤੌਰ ਤੇ ਵੱਡੇ ਸ਼ਹਿਰਾਂ ਅਤੇ ਉਨ੍ਹਾਂ ਕਸਬਿਆਂ ਦੇ ਨੇੜੇ ਬਾਊਂਡਰੀ ਵਾਲ ਦੀ ਉਸਾਰੀ। | | | |
| | ਵਿਗਿਆਪਨ ਮੁੱਲ | ਬਿਆਨਾ ਰਾਸ਼ੀ | ਆਫਰ ਦੀ ਵੈਲੀਡਿਟੀ | ਸਮਾਪਨ ਦੀ ਅਵਧੀ | |
| | ₹4,69,04,895.41 | ₹9,38,100/- | 60 ਦਿਨ | 12 ਮਹੀਨੇ | |
| | ਸਮਾਨ ਨੇਚਰ ਦਾ ਕੰਮ: "ਪ੍ਰੀਕਾਸਟ ਜਾਂ ਕਾਸਟ-ਇਨ-ਸਿਟੂ RCC/PSC ਦਾ ਕੰਮ ਜਾਂ RCC ਬਾਊਂਡਰੀ ਵਾਲ ਦੀ ਉਸਾਰੀ" | | | | |
| 3. | 93-2026-27-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ (2026-2027) ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ ਵਰਕਸ/ਫਿਰੋਜ਼ਪੁਰ ਸੈਕਸ਼ਨ ਵਿਚ ਫਿਰੋਜ਼ਪੁਰ (ਜੋਨ ਨੰਬਰ 1) ਦੀ ਕਾਲੋਨੀ ਨੰਬਰ 1 ਅਤੇ 2 ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਵ ਦੇ ਨਾਲ-ਨਾਲ ਕੱਚੇ ਕੰਮ, ਮੌਜੂਦਾ ਢਾਂਚੇ ਵਿਚ ਵਿਸ਼ੇਸ਼ ਬਦਲਾਅ ਅਤੇ ਜਰੂਰੀ ਕੰਮ। | | | |
| | ਵਿਗਿਆਪਨ ਮੁੱਲ | ਬਿਆਨਾ ਰਾਸ਼ੀ | ਆਫਰ ਦੀ ਵੈਲੀਡਿਟੀ | ਸਮਾਪਨ ਦੀ ਅਵਧੀ | |
| | ₹89,98,367.70 | ₹1,80,000/- | 60 ਦਿਨ | 12 ਮਹੀਨੇ | |
| | ਸਮਾਨ ਨੇਚਰ ਦਾ ਕੰਮ: "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |

ਨੋਟ : 1. ਨਿਵਿਦਾ ਖੁੱਲ੍ਹਣ ਤੋਂ ਪਹਿਲਾਂ ਨਿਵਿਦਾਕਾਰ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗਰੇਜ਼ੀ ਸੰਸਕਰਣ ਦਾ ਅਵਲੋਕਨ ਕਰੋ, ਅਤੇ ਅੰਗਰੇਜ਼ੀ ਸੰਸਕਰਣ ਹੀ ਮਾਨਯ ਹੋਵੇਗਾ।

ਨਿਵਿਦਾ ਨੰਬਰ:-: 77, 78 & 93-2026-27-ADEN-1-FZR ਤਾਰੀਕ : 11.08.2026 | 2778/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## PAOS INDUSTRIES LTD.

REGD. & CORPORATE OFFICE: VILLAGE PAWA, G.T. ROAD, LUDHIANA-141120
CIN: L24100PB1990PLC049032, Ph: +91-161-5220000.
Email: paosindustriesltd@gmail.com, Website: www.paosindustries.in

### 30 ਜੂਨ 2026 ਨੂੰ ਖਤਮ ਹੋਈ ਤਿਮਾਹੀ ਦੇ ਸਟੈਂਡ ਅਲੋਨ ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ (ਰਾਸ਼ੀ ਲੱਖਾਂ 'ਚ)

| ਵੇਰਵੇ | ਤਿਮਾਹੀ ਖਤਮ 30.06.2026 (ਅਣ-ਪੜਤਾਲੇ) | ਤਿਮਾਹੀ ਖਤਮ 30.06.2025 (ਅਣ-ਪੜਤਾਲੇ) | ਤਿਮਾਹੀ ਖਤਮ 31.03.2026 (ਪੜਤਾਲੇ) | ਸਾਲ ਖਤਮ 31.03.2026 (ਪੜਤਾਲੇ) |
|---|---|---|---|---|
| ਕਾਰੋਬਾਰਾਂ ਤੋਂ ਕੁੱਲ ਆਮਦਨ | 2390.23 | 2261.36 | 1859.66 | 8803.89 |
| ਹੋਰ ਆਮਦਨ | 8.76 | 9.51 | 10.01 | 33.53 |
| ਸਮੇਂ ਲਈ ਸ਼ੁੱਧ ਲਾਭ/(ਹਾਨੀ) ਟੈਕਸ ਤੋਂ ਪਹਿਲਾਂ, ਗੈਰ-ਮਾਮੂਲੀ ਅਤੇ/ਜਾਂ | 129.26 | 41.55 | (65.36) | (194.17) |
| ਅਸਧਾਰਨ ਆਈਟਮਾਂ | 114.98 | 46.98 | (120.32) | (211.15) |
| ਸਮੇਂ ਲਈ ਕੁੱਲ ਵਿਆਪਕ ਆਮਦਨ/(ਹਾਨੀ) (ਸ਼ਾਮਲ ਸਮੇਂ ਲਈ ਲਾਭ (ਟੈਕਸ ਤੋਂ ਬਾਅਦ ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ) | 114.98 | 46.98 | (120.32) | (211.15) |
| ਇਕੁਇਟੀ ਸ਼ੇਅਰ ਕੈਪੀਟਲ ਪ੍ਰਤੀ ਸ਼ੇਅਰ ਦੀ 10/-ਰੁਪਏ ਦੀ ਫੇਸ ਵੈਲਯੂ | 610.36 | 610.36 | 610.36 | 610.36 |
| ਰਿਜ਼ਵਰਵਜ਼ (ਰੈਵੇਲਿਊਏਸ਼ਨ ਰਿਜ਼ਰਵ ਤੋਂ ਬਗੈਰ) | | | | (2407.22) |
| ਅੰਤਮ ਪੜਤਾਲੇ ਐੱਫ ਐੱਸ (31/03/2026) ਅਨੁਸਾਰ ਪ੍ਰਤੀ ਸ਼ੇਅਰ ਕਮਾਈ (10/- ਰੁਪਏ ਹਰੇਕ) (ਚਾਲੂ ਅਤੇ ਸਮਾਪਤ ਕਾਰੋਬਾਰਾਂ ਵਾਸਤੇ) | | | | |
| (ਏ) ਬੇਸਿਕ | 1.88 | 0.77 | (1.97) | (3.46) |
| (ਬੀ) ਡਿਲਿਊਟਿਡ | 1.88 | 0.77 | (1.97) | (3.46) |

ਟਿੱਪਣੀ (ਏ) ਉਪਰੋਕਤ ਸਟੈਂਡਅਲੋਨ ਵਿੱਤੀ ਨਤੀਜੇ ਡਾਇਰੈਕਟਰਾਂ ਦੇ ਬੋਰਡ ਦੀ 11 ਅਗਸਤ 2026 ਨੂੰ ਹੋਈ ਮੀਟਿੰਗ 'ਚ ਪੜਤਾਲੀਆ ਕਮੇਟੀ ਵੱਲੋਂ ਮੁੜ ਨਜ਼ਰਸਾਨੀ ਅਤੇ ਡਾਇਰੈਕਟਰਾਂ ਦੇ ਬੋਰਡ ਵੱਲੋਂ ਪ੍ਰਵਾਨ ਕੀਤੇ ਗਏ ਸਨ ਅਤੇ ਇਹ ਵਿਧਾਨਕ ਆਡੀਟਰਾਂ ਵੱਲੋਂ ਵੀ ਨਜ਼ਰਸਾਨੀ ਕੀਤੇ ਗਏ ਅਤੇ ਆਡੀਟਰਾਂ ਦੀ ਰਿਪੋਰਟ 'ਚ ਇਸ ਦੇ ਵਿਰੋਧ 'ਚ ਕੋਈ ਟਿੱਪਣੀ ਨਹੀਂ ਕੀਤੀ ਗਈ। ਸਟੈਂਡਅਲੋਨ ਪੜਤਾਲੇ ਵਿੱਤੀ ਨਤੀਜਿਆਂ ਦੇ ਵਿੱਤੀ ਅੰਕੜਿਆਂ ਵਜੋਂ ਇਹ ਸਿੰਗਲ ਟੈਬੂਲਰ ਕਾਲਮ ਜਾਣਕਾਰੀ ਦੋਵਾਂ ਨੂੰ ਮੁਹੱਈਆ ਕਰਵਾਈ ਗਈ। (ਬੀ) ਜਿਥੇ ਕਿਤੇ ਵੀ ਜ਼ਰੂਰੀ ਹੋਵੇ ਪਹਿਲੇ ਅੰਕੜਿਆਂ ਨੂੰ ਮੁੜ ਵਰਗੀਕ੍ਰਿਤ ਕੀਤਾ ਗਿਆ ਅਤੇ ਰੀਗਰੁੱਪ ਕੀਤਾ ਗਿਆ। (ਸੀ) ਉਪਰੋਕਤ 30 ਜੂਨ 2026 ਨੂੰ ਖਤਮ ਹੋਈ ਤਿਮਾਹੀ ਦੇ ਵਿੱਤੀ ਨਤੀਜਿਆਂ ਦੇ ਵਿਸਤ੍ਰਤ ਫਾਰਮੈਟ ਦਾ ਸਾਰ ਹੈ, ਜੋ ਕਿ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਰੈਗੂਲੇਸ਼ਨਜ਼ 2015 ਦੇ ਰੈਗੂਲੇਸ਼ਨ 33 ਅਧੀਨ ਸਟਾਕ ਐਕਸਚੇਂਜ ਕੋਲ ਦਰਜ ਕੀਤਾ ਗਿਆ ਹੈ। ਉਕਤ ਵਿੱਤੀ ਨਤੀਜਿਆਂ ਦਾ ਮੁਕੰਮਲ ਫਾਰਮੈਟ ਸਟਾਕ ਐਕਸਚੇਂਜ ਦੀ ਵੈੱਬਸਾਈਟ www.bseindia.com ਅਤੇ ਕੰਪਨੀ ਦੀ ਵੈੱਬਸਾਈਟ www.paosindustries.in 'ਤੇ ਉਪਲਬਧ ਹੈ।

ਮਿਤੀ 11-08-2026
ਸਥਾਨ : ਲੁਧਿਆਣਾ

ਵਾਸਤੇ ਪਾਓਸ ਇੰਡਸਟ੍ਰੀਜ਼ ਲਿਮਟਿਡ
ਸਹੀ/-
ਸਾਗਰ ਧਨਰਾਜ
ਕੁੱਲਵਕਤੀ ਡਾਇਰੈਕਟਰ (ਡੀ ਆਈ ਐਨ: 11220136)

# ਕਲਾਊਡ 'ਵਰਸਿਟੀ ਬਿੱਲ ਪਾਸ ਹੋਣਾ ਹੁਸ਼ਿਆਰਪੁਰ ਲਈ ਵੱਡੀ ਪ੍ਰਾਪਤੀ : ਇਸ਼ਾਂਕ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)-** ਵਿਧਾਇਕ ਡਾ. ਈਸ਼ਾਂਕ ਕੁਮਾਰ ਚੱਬੇਵਾਲ ਨੇ ਵਿਧਾਨ ਸਭਾ ਦੇ ਚੱਲ ਰਹੇ ਸੈਸ਼ਨ ਦੌਰਾਨ ਪੇਸ਼ ਕੀਤੇ ਗਏ ਮਹੱਤਵਪੂਰਨ ਬਿੱਲਾਂ, ਖਾਸ ਤੌਰ 'ਤੇ ਕਲਾਊਡ ਯੂਨੀਵਰਸਿਟੀ, ਹੁਸ਼ਿਆਰਪੁਰ ਬਿੱਲ, 2026 ਦੇ ਪਾਸ ਹੋਣ ਨੂੰ ਹੁਸ਼ਿਆਰਪੁਰ ਅਤੇ ਇਲਾਕੇ ਦੇ ਨੌਜਵਾਨਾਂ ਲਈ ਇੱਕ ਮਹੱਤਵਪੂਰਨ ਪ੍ਰਾਪਤੀ ਦੱਸਿਆ। ਉਨ੍ਹਾਂ ਕਿਹਾ ਕਿ ਇਸ ਨਾਲ ਜ਼ਿਲ੍ਹੇ ਦੇ ਉੱਚ ਸਿੱਖਿਆ ਖੇਤਰ ਨੂੰ ਇੱਕ ਨਵਾਂ ਆਯਾਮ ਮਿਲੇਗਾ। ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਬਿੱਲ ਪਾਸ ਹੋਣ ਨਾਲ ਕਲਾਊਡ ਯੂਨੀਵਰਸਿਟੀ ਹੁਸ਼ਿਆਰਪੁਰ ਦੀ ਸਥਾਪਨਾ ਦਾ ਰਾਹ ਸਾਫ਼ ਹੋ ਗਿਆ ਹੈ। ਇਹ ਇੱਕ ਸੈਲਫ-ਫਾਈਨੈਂਸਡ ਪ੍ਰਾਈਵੇਟ ਡਿਜੀਟਲ ਯੂਨੀਵਰਸਿਟੀ ਹੋਵੇਗੀ, ਜਿਸ ਦਾ ਮੁੱਖ ਦਫ਼ਤਰ ਪਿੰਡ ਬੋਹਣ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਹੋਵੇਗਾ। ਇਹ ਯੂਨੀਵਰਸਿਟੀ ਰਿਆਤ ਐਂਡ ਬਾਹਰਾ ਗਰੁੱਪ ਆਫ਼ ਇੰਸਟੀਚਿਊਟਸ—ਐਨ ਐਜੂਕੇਸ਼ਨਲ ਐਂਡ ਚੈਰੀਟੇਬਲ ਸੋਸਾਇਟੀ ਵੱਲੋਂ ਚਲਾਈ ਅਤੇ ਪ੍ਰਬੰਧਿਤ ਕੀਤੀ ਜਾਵੇਗੀ, ਜਿਸ ਵੱਲੋਂ ਪੰਜਾਬ ਪ੍ਰਾਈਵੇਟ ਡਿਜੀਟਲ ਓਪਨ ਯੂਨੀਵਰਸਿਟੀਜ਼ ਪਾਲਿਸੀ, 2026 ਤਹਿਤ ਯੂਨੀਵਰਸਿਟੀ ਸਥਾਪਿਤ ਕਰਨ ਦਾ ਪ੍ਰਸਤਾਵ ਦਿੱਤਾ ਗਿਆ ਸੀ। ਵਿਧਾਇਕ ਨੇ ਕਿਹਾ ਕਿ ਹੁਸ਼ਿਆਰਪੁਰ ਪਹਿਲਾਂ ਹੀ ਸਿੱਖਿਆ ਦੇ ਖੇਤਰ ਵਿੱਚ ਆਪਣੀ ਮਹੱਤਵਪੂਰਨ ਪਛਾਣ ਰੱਖਦਾ ਹੈ ਅਤੇ ਕਲਾਊਡ ਯੂਨੀਵਰਸਿਟੀ ਦੀ ਸਥਾਪਨਾ ਨਾਲ ਜ਼ਿਲ੍ਹੇ ਦੇ ਇਸ ਸਿੱਖਿਅਕ ਈਕੋਸਿਸਟਮ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਡਿਜੀਟਲ, ਆਨਲਾਈਨ ਅਤੇ ਟੈਕਨਾਲੋਜੀ ਅਧਾਰਿਤ ਉੱਚ ਸਿੱਖਿਆ 'ਤੇ ਵਿਸ਼ੇਸ਼ ਧਿਆਨ ਦੇਣ ਵਾਲੀ ਇਹ ਯੂਨੀਵਰਸਿਟੀ ਹੁਸ਼ਿਆਰਪੁਰ ਵਿੱਚ ਸਿੱਖਿਆ ਦੇ ਖੇਤਰ ਨੂੰ ਇੱਕ ਨਵੀਂ ਦਿਸ਼ਾ ਦੇਵੇਗੀ।



ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਵਿੱਚ ਅੰਡਰਗ੍ਰੈਜੂਏਟ, ਪੋਸਟਗ੍ਰੈਜੂਏਟ ਅਤੇ ਪ੍ਰੋਫੈਸ਼ਨਲ ਪੱਧਰ ਦੇ ਪ੍ਰੋਗਰਾਮ, ਸਮਕਾਲੀ ਆਨਲਾਈਨ ਸਿੱਖਿਆ, ਡਿਜੀਟਲ ਅਸੈਸਮੈਂਟ, ਵਰਚੁਅਲ ਲੈਬੋਰੇਟਰੀਜ਼ ਅਤੇ ਹੋਰ ਟੈਕਨਾਲੋਜੀ ਅਧਾਰਿਤ ਸਾਧਨਾਂ ਰਾਹੀਂ ਉਪਲਬਧ ਕਰਵਾਉਣ ਦੀ ਵਿਵਸਥਾ ਕੀਤੀ ਗਈ ਹੈ। ਬਿੱਲ ਵਿੱਚ ਇੰਜੀਨੀਅਰਿੰਗ, ਮੈਡੀਕਲ, ਪੈਰਾ-ਮੈਡੀਕਲ ਸਾਇੰਸਜ਼, ਸਾਇੰਸਜ਼, ਸੋਸ਼ਲ ਸਾਇੰਸਜ਼, ਲਾਈਫ ਸਾਇੰਸਜ਼, ਹਿਊਮੈਨਿਟੀਜ਼, ਲਿਬਰਲ ਆਰਟਸ ਅਤੇ ਮੈਨੇਜਮੈਂਟ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸਿੱਖਿਆ ਅਤੇ ਖੋਜ ਦੇ ਨਾਲ-ਨਾਲ ਈ-ਲਰਨਿੰਗ ਅਤੇ ਆਨਲਾਈਨ ਸਿੱਖਿਆ ਤੇ ਟ੍ਰੇਨਿੰਗ ਦੀ ਵਿਵਸਥਾ ਕੀਤੀ ਗਈ ਹੈ।

# ਚੋਰ 40,000 ਦੀ ਨਗਦੀ ਲੈ ਕੇ ਫਰਾਰ

**ਨਵਾਂਸ਼ਹਿਰ (ਮਨੋਜ ਲਾਡੀ)** ਅੱਜ ਪੁਲਿਸ ਥਾਣਾ ਸਿਟੀ ਨਵਾਂਸ਼ਹਿਰ ਦੇ ਅਧੀਨ ਆਉਂਦੇ ਮੁਹੱਲਾ ਲੜੋਈਆਂ ਵਿਖੇ ਅਣਪਛਾਤੇ ਚੋਰਾਂ ਵੱਲੋਂ ਇਕ ਘਰ ਵਿਚ ਵੜ ਕੇ 40000 ਦੀ ਨਗਦੀ ਚੋਰੀ ਕਰਕੇ ਫਰਾਰ ਹੋ ਗਏ ਹਨ। ਪੀੜਤ ਸਮੀਰ ਨੇ ਦੱਸਿਆ ਕਿ ਉਹ ਸਵੇਰੇ 4 ਵਜੇ ਆਪਣੇ ਕੰਮ ਕਰਨ ਲਈ ਕਾਰਖਾਨੇ ਗਏ। ਚੋਰੀ ਹੋਣ ਸੰਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਵਾ ਚਾਰ ਵਜੇ ਘਰ ਵਾਲੀ ਦਾ ਫੋਨ ਆਇਆ ਕਿ ਆਪਣੇ ਘਰ ਦੀ ਛੱਤ ਤੇ ਬਣੇ ਕਮਰੇ ਵਿਚ ਕੋਈ ਅਣਪਛਾਤੇ ਚੋਰ ਵੜ ਆਏ ਹਨ। ਜਦੋਂ ਉਨ੍ਹਾਂ ਨੇ ਗੁਆਂਢੀਆਂ ਨੂੰ ਮਦਦ ਲਈ ਪੁਕਾਰਿਆ ਤਾਂ ਅਣਪਛਾਤੇ ਲੁਟੇਰੇ ਮੌਕੇ ਤੋਂ ਫਰਾਰ ਹੋ ਗਏ। ਸਮੀਰ ਨੇ ਦੱਸਿਆ ਕਿ ਉਨ੍ਹਾਂ ਦੀ ਕੰਧ ਦੇ ਨਾਲ ਕੌਸ਼ਲਿਆ ਦੇਵੀ ਸਕੂਲ ਦੀ ਕੰਧ ਲਗਦੀ ਹੈ ਜਿਥੋਂ ਅਣਪਛਾਤੇ ਚੋਰ ਘਰ ਵਿਚ ਦਾਖਲ ਹੁੰਦੇ ਹਨ। ਉਨ੍ਹਾਂ ਕਿਹਾ ਕਿ ਉਹ ਸਕੂਲ ਦੇ ਨਾਲ ਲੱਗਦੀ ਕੰਧ ਨੂੰ ਉੱਚਾ ਚੁੱਕਣ ਦੇ ਉਪਰਾਲੇ ਕਰਨਗੇ ਜਾਂ ਬਿਜਲੀ ਦੀ ਤਾਰ ਨਾਲ ਕਰੰਟ ਪਾਸ ਕਰਨ ਦੇ ਪ੍ਰਬੰਧ ਕਰਨਗੇ, ਤਾਂ ਜੋ ਅਣਪਛਾਤੇ ਚੋਰਾਂ ਨੂੰ ਕਰੰਟ ਲੱਗਣ ਨਾਲ ਸਬਕ ਮਿਲ ਸਕੇ।

# ਸਾਂਝੀ ਤਾਲਮੇਲ ਕਮੇਟੀ ਦੀ ਮੀਟਿੰਗ 16 ਨੂੰ

**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਆਨਲਾਈਨ ਵਰਚੁਅਲ ਮੀਟਿੰਗ ਸਾਂਝਾ ਫਰੰਟ ਦੇ ਕਨਵੀਨਰ ਮਨਜੀਤ ਸਿੰਘ ਬਾਸਰਕੇ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੇ ਫੈਸਲਿਆਂ ਬਾਰੇ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਕਨਵੀਨਰਜ਼ ਸਤੀਸ਼ ਰਾਣਾ, ਧਨਵੰਤ ਸਿੰਘ ਭੱਠਲ, ਕਰਮ ਸਿੰਘ ਧਨੋਆ, ਰਣਜੀਤ ਸਿੰਘ ਰਾਣਵਾ, ਜਰਮਨਜੀਤ ਸਿੰਘ, ਕੁਲਵਿੰਦਰ ਸਿੰਘ ਢਿੱਲੋਂ, ਗਗਨਦੀਪ ਸਿੰਘ ਭੁੱਲਰ, ਸੁਖਦੇਵ ਸਿੰਘ ਸੈਣੀ, ਅਮਰੀਕ ਸਿੰਘ ਕੰਗ, ਸੁਰਿੰਦਰ ਰਾਮ ਕੁਸਾ, ਕੋ-ਕਨਵੀਨਰਜ਼ ਜਗਦੀਸ਼ ਸਿੰਘ ਚਾਹਲ, ਜਸਵੀਰ ਸਿੰਘ ਤਲਵਾੜਾ, ਅਵਤਾਰ ਸਿੰਘ ਕੈਂਥ, ਰਾਧੇ ਸ਼ਾਮ, ਦਿਗਵਿਜੇ ਪਾਲ ਸ਼ਰਮਾ, ਸੁਰਜੀਤ ਸਿੰਘ ਗਗੜਾ, ਮੈਂਬਰਾਂ ਕਰਮਜੀਤ ਸਿੰਘ ਬੀਹਲਾ, ਬੋਬਿੰਦਰ ਸਿੰਘ ਅਤੇ ਸ਼ਿਵ ਕੁਮਾਰ ਤਿਵਾੜੀ ਨੇ ਆਖਿਆ ਕਿ ਮੀਟਿੰਗ ਦੌਰਾਨ ਆਗੂਆਂ ਆਖਿਆ ਕਿ ਇਸ ਮੀਟਿੰਗ ਵਿੱਚ 'ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ' ਅਤੇ 'ਸਾਂਝਾ ਮੁਲਾਜ਼ਮ ਮੰਚ, ਪੰਜਾਬ' ਤੇ ਅਧਾਰਤ ਬਣੀ ਕੋਆਰਡੀਨੇਸ਼ਨ ਕਮੇਟੀ ਦੇ ਸੱਦੇ 'ਤੇ 07 ਅਗਸਤ ਨੂੰ ਚੰਡੀਗੜ੍ਹ ਵਿਖੇ ਹੋਈ ਮਹਾਂ ਰੈਲੀ ਅਤੇ ਪੰਜਾਬ ਵਿਧਾਨ ਸਭਾ ਵੱਲ ਮਾਰਚ ਨੂੰ ਇੱਕ ਇਤਿਹਾਸਿਕ ਇਕੱਠ ਕਰਾਰ ਦਿੱਤਾ। ਮੰਗਾਂ ਸਬੰਧੀ ਸਾਂਝੀ ਤਾਲਮੇਲ ਕਮੇਟੀ ਨੂੰ 27 ਅਗਸਤ ਦੀ ਜੋ ਮੀਟਿੰਗ ਦਿੱਤੀ ਹੈ, ਉਹ ਬਹੁਤ ਦੂਰ ਹੈ, ਉਸ ਨੂੰ 27 ਤੋਂ ਪਹਿਲਾਂ ਕਰਕੇ ਮੰਗਾਂ ਦਾ ਨਿਪਟਾਰਾ ਕੀਤਾ ਜਾਵੇ।ਨਹੀਂ ਤਾਂ ਸਾਂਝੀ ਤਾਲਮੇਲ ਕਮੇਟੀ ਵੱਲੋਂ ਪਹਿਲਾਂ ਤੋਂ ਐਲਾਨ ਕੀਤੇ ਐਕਸ਼ਨ ਤੇ ਪਹਿਰਾ ਦਿੰਦੇ ਹੋਏ 27 ਅਗਸਤ ਨੂੰ ਪੰਜਾਬ ਦੇ ਸਮੁੱਚੇ ਮੁਲਾਜ਼ਮ ਸਮੂਹਿਕ ਛੁੱਟੀ 'ਤੇ ਜਾਣਗੇ। ਆਗੂਆਂ ਆਖਿਆ ਕਿ ਮਹਿੰਗਾਈ ਭੱਤੇ ਸਬੰਧੀ ਮਾਨਯੋਗ ਹਾਈ ਕੋਰਟ ਤੇ ਹੁਕਮਾਂ ਨੂੰ ਲਾਗੂ ਕਰਾਉਣ ਹਿੱਤ 17 ਤੇ 18 ਅਗਸਤ ਨੂੰ ਸਾਂਝਾ ਫਰੰਟ ਵੱਲੋਂ ਬਾਕੀ ਧਿਰਾਂ ਨਾਲ ਤਾਲਮੇਲ ਕਰਕੇ ਤਹਿਸੀਲ/ਜ਼ਿਲ੍ਹਾ ਕੇਂਦਰਾਂ ਤੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ।ਸਾਂਝਾ ਫਰੰਟ ਦੇ ਉਕਤ ਆਗੂਆਂ ਵੱਲੋਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਾਂਝੀ ਤਾਲਮੇਲ ਕਮੇਟੀ ਦੀ ਮੀਟਿੰਗ 16 ਅਗਸਤ ਨੂੰ ਲੁਧਿਆਣਾ ਵਿਖੇ ਹੋ ਰਹੀ ਹੈ। ਮੀਟਿੰਗ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਵੱਲੋਂ 23 ਅਗਸਤ ਨੂੰ ਮੁੱਖ ਮੰਤਰੀ ਦੇ ਪਿੰਡ ਸਤੋਜ ਵਿਖੇ ਕੀਤੀ ਜਾ ਰਹੀ ਰੈਲੀ ਦਾ ਵੀ ਸਮਰਥਨ ਕੀਤਾ।



# ਕਿਰਤੀ ਕਿਸਾਨ ਯੂਨੀਅਨ ਚੱਬੇਵਾਲ ਦਾ ਡੈਲੀਗੇਟ ਅਜਲਾਸ ਸੰਪੰਨ



**ਮਾਹਿਲਪੁਰ (ਜਗਤਾਰ ਸਿੰਘ ਭੁੰਗਰਨੀ)-** ਕਿਰਤੀ ਕਿਸਾਨ ਯੂਨੀਅਨ ਦਾ ਚੱਬੇਵਾਲ ਜ਼ਿਲ੍ਹਾ ਹੁਸ਼ਿਆਰਪੁਰ ਦਾ ਡੈਲੀਗੇਟ ਅਜਲਾਸ [illegible] ਵਿਖੇ ਹੋਇਆ ਜਿਸ ਦੀ ਸ਼ੁਰੂਆਤ ਸ਼ਹੀਦ ਕਿਸਾਨਾਂ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ। ਜਥੇਬੰਦੀ ਦੇ ਪਿਛਲੇ ਸਮੇਂ ਵਿੱਚ ਕੀਤੀਆਂ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ ਗਈ [illegible]। ਇਸ ਸਮੇਂ ਨਵੀਂ 12 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ [illegible] ਸੁਖਵਿੰਦਰ ਸਿੰਘ [illegible], ਪ੍ਰਧਾਨ ਅਮਰਜੀਤ ਸਿੰਘ [illegible], ਸਕੱਤਰ ਮਨਜੀਤ ਸਿੰਘ [illegible], ਬਲਜੀਤ ਸਿੰਘ ਠੱਕਰਵਾਲ, ਸਤਨਾਮ ਸਿੰਘ [illegible], ਹਰਜਿੰਦਰ ਸਿੰਘ ਪੰਡੋਰੀ [illegible], ਅਵਤਾਰ ਸਿੰਘ, ਕਪੂਰ, ਨਿਰਮਲ ਸਿੰਘ, [illegible] ਪੰਡੋਰੀ ਬੀਬੀ, ਜਗਤਾਰ ਸਿੰਘ ਭਿੰਡਰ, ਸਤਨਾਮ ਸਿੰਘ [illegible] ਮੈਂਬਰ ਚੁਣੇ ਗਏ।

# ਐੱਸ ਕੇ ਐੱਮ ਦੇ ਸੱਦੇ 'ਤੇ ਰਾਸ਼ਟਰਪਤੀ ਦੇ ਨਾਂਅ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)** ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 10 ਅਗਸਤ ਨੂੰ ਦੇਸ਼ਵਿਆਪੀ 'ਜੇਲ੍ਹ ਭਰੋ' ਅਤੇ ਹੋਰ ਵਿਰੋਧ ਪ੍ਰਦਰਸ਼ਨਾਂ ਤਹਿਤ ਟਾਂਡਾ ਵਿੱਚ ਕਿਸਾਨ ਜਥੇਬੰਦੀਆਂ ਨੇ ਕੇਂਦਰ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕੀਤਾ। ਸੰਯੁਕਤ ਮੋਰਚੇ ਦੇ ਸੱਦੇ 'ਤੇ ਦੋਆਬਾ ਕਿਸਾਨ ਕਮੇਟੀ ਪੰਜਾਬ ਦੇ ਪ੍ਰਧਾਨ ਜੰਗਵੀਰ ਸਿੰਘ ਚੌਹਾਨ ਦੀ ਅਗਵਾਈ ਹੇਠ ਕਮੇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਰਾਸ਼ਟਰਪਤੀ ਦੇ ਨਾਂ ਮੰਗ ਪੱਤਰ ਐਸਡੀਐਮ ਟਾਂਡਾ [illegible] ਨੂੰ ਸੌਂਪਿਆ। ਇਸ ਵਿੱਚ ਕਿਸਾਨਾਂ, ਖੇਤ ਮਜ਼ਦੂਰਾਂ ਅਤੇ ਹੋਰ ਮਿਹਨਤਕਸ਼ ਵਰਗਾਂ ਨਾਲ ਜੁੜੇ ਮੁੱਦਿਆਂ 'ਤੇ ਕੇਂਦਰ ਸਰਕਾਰ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ ਗਈ। ਮੰਗ ਪੱਤਰ ਵਿੱਚ ਕਿਹਾ ਗਿਆ ਕਿ ਦਿੱਲੀ ਦੀਆਂ ਸਰਹੱਦਾਂ 'ਤੇ ਚੱਲੇ ਇਤਿਹਾਸਿਕ ਕਿਸਾਨ ਅੰਦੋਲਨ ਤੋਂ ਬਾਅਦ 9 ਦਸੰਬਰ 2021 ਨੂੰ ਕੇਂਦਰ ਸਰਕਾਰ ਨੇ ਸੰਯੁਕਤ ਕਿਸਾਨ ਮੋਰਚੇ ਨਾਲ ਐੱਮ ਐੱਸ ਪੀ, ਕਰਜ਼ਾ ਮੁਆਫ਼ੀ, ਬਿਜਲੀ ਦੇ ਨਿੱਜੀਕਰਨ [illegible] ਸਮੇਤ ਕਈ ਮੁੱਦਿਆਂ 'ਤੇ ਲਿਖਤੀ ਸਮਝੌਤਾ ਕੀਤਾ ਸੀ। ਕਿਸਾਨ ਜਥੇਬੰਦੀਆਂ ਨੇ ਕਿਹਾ ਕਿ ਇਨ੍ਹਾਂ ਵਾਅਦਿਆਂ ਨੂੰ ਪੂਰੀ ਤਰ੍ਹਾਂ ਲਾਗੂ ਨਹੀਂ ਕੀਤਾ ਗਿਆ। ਉਨ੍ਹਾਂ ਰਾਸ਼ਟਰਪਤੀ ਤੋਂ [illegible] ਕੇਂਦਰ ਸਰਕਾਰ 'ਤੇ ਇਨ੍ਹਾਂ ਮੰਗਾਂ ਨੂੰ ਲਾਗੂ ਕਰਨ ਲਈ ਦਬਾਅ ਬਣਾਉਣ ਦੀ ਅਪੀਲ ਕੀਤੀ।



# ਆਜ਼ਾਦੀ ਦਿਹਾੜੇ ਨੂੰ ਸਮਰਪਤ ਕੀਤੀ ਪੌਦੇ ਲਗਾਉਣ ਦੀ ਸ਼ੁਰੂਆਤ

**ਭਲਾਣ ਨੰਗਲ (ਹਰਭਜਨ ਸਿੰਘ ਢਿੱਲੋਂ)-** ਸਤਲੁਜ ਪ੍ਰੈਸ ਕਲੱਬ (ਰਜਿ.) ਸ੍ਰੀ ਆਨੰਦਪੁਰ ਸਾਹਿਬ ਵੱਲੋਂ 15 ਅਗਸਤ ਆਜ਼ਾਦੀ ਦਿਹਾੜੇ ਨੂੰ ਸਮਰਪਿਤ ਵਾਤਾਵਰਨ ਸੰਭਾਲ ਮੁਹਿੰਮ ਤਹਿਤ ਵੱਖ-ਵੱਖ ਤਰ੍ਹਾਂ ਦੇ [illegible] ਪੌਦੇ [illegible] ਲਗਾਏ ਗਏ। [illegible]



[illegible] ਵਿਚ ਵੀ ਅਹਿਮ ਯੋਗਦਾਨ ਪਾ ਰਹੇ ਹਨ।ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਅੱਜ ਸਮੇਂ ਦੀ ਮੁੱਖ ਲੋੜ ਹੈ, ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜੀਵਨ ਦੇ ਹਰ ਖੁਸ਼ੀ ਦੇ ਮੌਕੇ 'ਤੇ ਘੱਟੋ-ਘੱਟ ਇੱਕ ਪੌਦਾ ਜ਼ਰੂਰ ਲਗਾਉਣ। ਇਸ ਮੌਕੇ ਮਧੂ ਬਾਲਾ ਸਰਪੰਚ, ਚੌਧਰੀ ਧਰਮ ਪਾਲ, ਹਰਭਜਨ ਸਿੰਘ ਢਿੱਲੋਂ, ਅਜੇ ਕੁਮਾਰ, ਜੁਝਾਰ ਸਿੰਘ, ਅਸ਼ਵਨੀ ਸੈਣੀ, ਸੁਧੀਰ ਸ਼ਰਮਾ, ਨੰ. ਸੁਜੇ ਬਾਰਡਾ, ਸਾਬਕਾ ਪੰਚ ਤਿਲਕ ਰਾਜ, ਗੁਰਦਿਆਲ ਸਿੰਘ, ਹਰੀਸ਼ ਚੰਦਰ, ਅਸ਼ਵਨੀ ਕੁਮਾਰ ਹੈਪੀ ਤੋਂ ਇਲਾਵਾ ਪਿੰਡ ਦੇ ਮੋਹਤਬਰ ਪਤਵੰਤੇ ਹਾਜ਼ਰ ਸਨ।

# ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ 'ਤੇ ਕਬਜਾ ਕਰਨ ਵਾਲਿਆਂ ਦੀ ਸੌੜੀ ਸੋਚ : ਜਥੇਬੰਦੀਆਂ

**ਸ਼ਾਹਕੋਟ (ਗਿਆਨ ਸੈਦਪੁਰੀ)** ਚੋਟੀ ਦੇ ਇੰਨਕਲਾਬੀ ਕਵੀ ਅਵਤਾਰ ਪਾਸ਼ ਤੇ ਉਸ ਦੇ ਦੋਸਤ ਹੰਸ ਰਾਜ ਦੀ ਯਾਦ ਵਿਚ [illegible] ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਹੈ ਜਿਸ ਨੂੰ ਸ਼ਹੀਦਾਂ ਦੇ ਵਾਰਿਸ਼ ਕਦੇ ਵੀ ਬਰਦਾਸਤ ਨਹੀ ਕਰਨਗੇ। ਜਨਤਕ ਜਥੇਬੰਦੀਆਂ, ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਅਤੇ ਪਾਸ਼-ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ ਵੱਲੋਂ 9 ਸਤੰਬਰ ਨੂੰ ਤਲਵੰਡੀ ਸਲੇਮ ਵਿਚ ਪਾਸ਼ ਦੇ ਮਨਾਏ ਜਾ ਰਹੇ ਜਨਮ ਦਿਨ ਨਾਲ ਉਨ੍ਹਾਂ ਸਹਿਮਤੀ ਪ੍ਰਗਟ ਕਰਦਿਆ ਇਸ ਵਿਚ ਭਰਵੀਂ ਸਮੂਲੀਅਤ ਕਰਨ ਦਾ ਐਲਾਨ ਕੀਤਾ।

# ਪ੍ਰਵਾਸੀ ਪੰਜਾਬੀ ਨੇ ਮਾਂ ਦੀ ਯਾਦ 'ਚ ਗੁਰੂ ਘਰ ਨੂੰ ਭੇਟ ਕੀਤੀ 2 ਕਨਾਲ ਜ਼ਮੀਨ

**ਅੱਡਾ ਸਰਾਂ (ਜਸਵੀਰ ਕਾਜਲ)-** ਪਿੰਡ ਸਹਿਬਾਜ਼ਪੁਰ ਦੇ ਵਸਨੀਕ ਅਤੇ ਪਿਛਲੇ ਲੰਬੇ ਸਮੇਂ ਤੋਂ [illegible] ਵੱਡੀ ਪਹਿਲਕਦਮੀ ਕਰਦਿਆਂ ਪਿੰਡ ਦੇ ਗੁਰਦੁਆਰਾ ਸਾਹਿਬ ਲਈ ਆਪਣੀ 2 ਕਨਾਲ ਜ਼ਮੀਨ ਭੇਟ ਕੀਤੀ ਹੈ। ਹਰਿੰਦਰ ਸਿੰਘ ਚੌਹਾਨ ਵੱਲੋਂ ਗੁਰੂ ਘਰ ਲਈ ਕੀਤੀ ਇਸ ਸੇਵਾ ਨੂੰ ਪਿੰਡ ਵਾਸੀਆਂ ਵੱਲੋਂ ਸਤਿਕਾਰ ਨਾਲ ਦੇਖਿਆ ਜਾ ਰਿਹਾ ਹੈ। ਗੁਰੂ ਘਰ ਵਿਚ ਕਰਵਾਏ ਗਏ ਸਮਾਗਮ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੇਵਾਦਾਰਾਂ, ਗ੍ਰਾਮ ਪੰਚਾਇਤ ਅਤੇ ਪਿੰਡ ਦੇ ਪਤਵੰਤਿਆਂ ਵੱਲੋਂ ਹਰਿੰਦਰ ਸਿੰਘ ਚੌਹਾਨ ਵੱਲੋਂ ਕੀਤੀ ਇਸ ਸੇਵਾ ਦੀ ਸ਼ਲਾਘਾ ਕੀਤੀ ਗਈ ਅਤੇ [illegible] ਲਈ ਵੀ ਪ੍ਰੇਰਨਾ ਦਾ ਸਰੋਤ ਬਣਦੀ ਹੈ। ਬਾਬਾ ਜਸਵਿੰਦਰ ਸਿੰਘ ਨੇ ਕਿਹਾ ਕਿ ਹਰਿੰਦਰ ਸਿੰਘ ਚੌਹਾਨ ਵੱਲੋਂ ਆਪਣੀ ਮਾਤਾ ਦੀ ਯਾਦ ਵਿਚ ਗੁਰੂ ਘਰ ਲਈ ਜ਼ਮੀਨ ਭੇਟ ਕਰਨਾ ਸਿਰਫ਼ ਇਕ ਦਾਨ ਨਹੀਂ, ਸਗੋਂ ਆਪਣੀਆਂ ਜੜ੍ਹਾਂ, ਗੁਰੂ ਘਰ ਅਤੇ ਪਿੰਡ ਨਾਲ ਜੁੜੀ ਹੋਈ ਸ਼ਰਧਾ ਅਤੇ ਸੇਵਾ ਦੀ ਭਾਵਨਾ ਦਾ ਪ੍ਰਗਟਾਵਾ ਹੈ।



# 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ ਜਾਗਰੂਕਤਾ ਪ੍ਰੋਗਰਾਮ

**ਖਰੜ (ਹਰਨਾਮ ਸਿੰਘ ਡੱਲਾ)-** ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਬ੍ਰਹਮਾ ਕੁਮਾਰੀਜ਼ ਮਿਸ਼ਨ, ਸੁੱਖ ਸ਼ਾਂਤੀ ਭਵਨ ਮੋਹਾਲੀ, ਸਬ-ਸੈਂਟਰ ਡਿਵਾਈਨ ਵਰਲਡ, ਸੈਕਟਰ-115, ਮੋਹਾਲੀ ਵੱਲੋਂ ਸਰਕਾਰੀ ਬਹੁਤਕਨੀਕੀ ਕਾਲਜ ਖੂਨੀ ਮਾਜਰਾ ਦੇ [illegible] ਪ੍ਰਭਾਵਾਂ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਨਸ਼ਾ ਮੁਕਤੀ ਸਹੁੰ ਵੀ ਚੁਕਾਈ ਗਈ। ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਕਾਲਜ ਦੀ ਪ੍ਰਿੰਸੀਪਲ ਰਕਸ਼ਾ ਕਿਰਨ ਨੇ ਪਹੁੰਚੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਬਚਾਉਣ ਲਈ ਸਿੱਖਿਆ ਸੰਸਥਾਵਾਂ ਅਤੇ ਸਮਾਜ ਦੇ ਹਰੇਕ ਵਰਗ ਦੀ ਸਾਂਝੀ ਜ਼ਿੰਮੇਵਾਰੀ ਹੈ। ਪ੍ਰੋਗਰਾਮ ਦੌਰਾਨ ਮੁੱਖ ਬੁਲਾਰੇ ਸਿਸਟਰ ਰੇਖਾ ਨੇ ਵਿਦਿਆਰਥੀਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ 'ਨਸ਼ਾ ਮੁਕਤ ਭਾਰਤ ਅਭਿਆਨ' ਦੇ ਉਦੇਸ਼ਾਂ ਅਤੇ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਜੀਵਨ 'ਤੇ ਪੈਂਦੇ ਮਾੜੇ [illegible] ਪ੍ਰੋਫੈਸਰ ਗੁਰਬਖਸ਼ਿਸ਼ ਸਿੰਘ ਅੰਟਾਲ ਨੇ ਵਿਦਿਆਰਥੀਆਂ ਨੂੰ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਸਰਗਰਮ ਯੋਗਦਾਨ ਪਾਉਣ ਦੀ ਅਪੀਲ ਕੀਤੀ।ਇਸ ਮੌਕੇ ਸ੍ਰੀ ਰਵਿੰਦਰ ਸਿੰਘ ਵਾਲੀਆ, ਮੁਖੀ ਵਿਭਾਗ, ਕੰਪਿਊਟਰ ਇੰਜੀਨੀਅਰਿੰਗ, ਸੰਜੀਵ ਜਿੰਦਲ, ਮੁਖੀ ਵਿਭਾਗ, ਮਕੈਨੀਕਲ ਇੰਜੀਨੀਅਰਿੰਗ, ਬ੍ਰਦਰ ਬਾਲਕ੍ਰਿਸ਼ਨ, ਕ੍ਰਿਸ਼ਨ ਕੁਮਾਰ ਅਤੇ ਸੁੱਖ ਸ਼ਾਂਤੀ ਭਵਨ ਮੋਹਾਲੀ ਵੱਲੋਂ ਅਰਵਿੰਦਰ ਰਾਏ ਸਮੇਤ ਕਾਲਜ ਦੇ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।



# ਕੈਬਨਿਟ ਮੰਤਰੀ ਨੇ ਲਵਲੀਨ ਕੌਰ ਨੂੰ ਕੀਤਾ ਸਨਮਾਨਤ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)** ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਵਿਧਾਇਕ ਤੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਨੰਗਲ ਦੇ ਵਾਰਡ ਨੰਬਰ 10, ਰਾਜਨਗਰ ਵਿਖੇ ਗੋਲਡ ਮੈਡਲ ਜੇਤੂ ਹੋਣਹਾਰ ਖਿਡਾਰਨ ਲਵਲੀਨ ਕੌਰ ਦੇ ਗ੍ਰਹਿ ਵਿਖੇ ਪਹੁੰਚ ਕੇ ਉਸ ਨੂੰ ਸ਼ਾਨਦਾਰ ਖੇਡ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਉਨ੍ਹਾਂ ਲਵਲੀਨ ਕੌਰ ਅਤੇ ਉਸ ਦੇ ਪਰਵਾਰ ਨਾਲ ਮੁਲਾਕਾਤ ਕਰਦਿਆਂ ਉਸ ਦੀ ਖੇਡ ਪ੍ਰਤੀ ਮਿਹਨਤ, ਲਗਨ ਅਤੇ ਸਮਰਪਣ ਦੀ ਸ਼ਲਾਘਾ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਨੌਜਵਾਨ ਸਾਡੇ ਦੇਸ਼ ਦਾ ਭਵਿੱਖ ਹਨ ਅਤੇ ਖੇਡਾਂ ਵਿੱਚ ਮਿਹਨਤ ਕਰਕੇ ਸੂਬੇ ਅਤੇ ਦੇਸ਼ ਦਾ ਨਾਂਅ ਰੌਸ਼ਨ ਕਰਨ ਵਾਲੇ ਖਿਡਾਰੀ ਸਾਡੇ ਸਾਰਿਆਂ ਲਈ ਮਾਣ ਦਾ ਵਿਸ਼ਾ ਹਨ। ਉਨ੍ਹਾਂ ਕਿਹਾ ਕਿ ਲਵਲੀਨ ਕੌਰ ਦੀ ਇਹ ਪ੍ਰਾਪਤੀ ਹੋਰ ਨੌਜਵਾਨਾਂ ਨੂੰ ਵੀ ਖੇਡਾਂ ਨਾਲ ਜੁੜਨ ਅਤੇ ਆਪਣੀ ਪ੍ਰਤਿਭਾ ਨੂੰ ਨਿਖਾਰਨ ਲਈ ਪ੍ਰੇਰਿਤ ਕਰੇਗੀ। ਇਸ ਮੌਕੇ ਸ. ਹਰਜੋਤ ਸਿੰਘ ਬੈਂਸ ਨੇ ਲਵਲੀਨ ਕੌਰ ਦੀਆਂ ਹੁਣ ਤੱਕ ਦੀਆਂ ਖੇਡ ਪ੍ਰਾਪਤੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ ਅਤੇ ਉਸ ਵੱਲੋਂ ਹਾਸਲ ਕੀਤੇ ਸਰਟੀਫਿਕੇਟਾਂ ਅਤੇ ਮੈਡਲਾਂ ਨੂੰ ਵੀ ਵੇਖਿਆ। ਉਨ੍ਹਾਂ ਲਵਲੀਨ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਅਨੁਸ਼ਾਸਨ, ਮਿਹਨਤ, ਸਬਰ ਅਤੇ ਟੀਮ ਭਾਵਨਾ ਸਿਖਾਉਂਦੀਆਂ ਹਨ।



# ਪੰਜਾਬ ਦੇ ਹਮਾਇਤੀਆਂ ਨੂੰ ਇਕੱਠਾ ਕਰਕੇ ਜਲਦ ਬਣਾਵਾਂਗੇ ਨਵਾਂ ਸਿਆਸੀ ਫਰੰਟ : ਡਾ. ਚੱਬੇਵਾਲ

**ਚੱਬੇਵਾਲ (ਪਰਮਜੀਤ ਨੌਰੰਗਾਬਾਦੀ):** ਰਾਜਨੀਤਕ ਪਾਰਟੀ ਆਮ ਆਦਮੀ ਪਾਰਟੀ ਅਤੇ ਆਪਣਾ ਪੰਜਾਬ ਪਾਰਟੀ ਵਿੱਚ ਸਟੇਟ ਲੈਵਲ 'ਤੇ ਵੱਖ-ਵੱਖ ਅਹੁਦਿਆਂ 'ਤੇ ਰਹਿ ਚੁੱਕੇ ਡਾ. ਕੁਲਵੰਤ ਸਿੰਘ ਚੱਬੇਵਾਲ ਨੇ ਕਿਹਾ ਕਿ ਪੰਜਾਬ ਦੇ ਹਿਮਾਇਤੀਆਂ ਨਾਲ ਰਲ ਕੇ ਜਲਦ ਹੀ ਇੱਕ ਨਵਾਂ ਸਿਆਸੀ ਫਰੰਟ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਨਵੇਂ ਫਰੰਟ ਦਾ ਨਾਮ 'ਆਵਾਜ਼ ਏ ਪੰਜਾਬ' ਹੋਵੇਗਾ, ਜੋ ਪੰਜਾਬ ਦੇ ਲੋਕਾਂ ਦੇ ਹੱਕਾਂ ਅਤੇ ਹਿੱਤਾਂ ਲਈ ਆਵਾਜ਼ ਬੁਲੰਦ ਕਰੇਗਾ।ਡਾ. ਚੱਬੇਵਾਲ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਵਿੱਚ ਦਿੱਲੀ ਤੋਂ ਚੱਲਣ ਵਾਲੀਆਂ ਪਾਰਟੀਆਂ ਤੋਂ ਮੋਹ ਭੰਗ ਹੋ ਚੁੱਕਾ ਹੈ ਅਤੇ ਹੁਣ ਪੰਜਾਬ ਦੇ ਲੋਕਾਂ ਨੂੰ ਆਪਣੀ ਧਰਤੀ ਤੋਂ ਪੰਜਾਬ ਦੇ ਮੁੱਦਿਆਂ ਦੀ ਗੱਲ ਕਰਨ ਵਾਲੇ ਮਜ਼ਬੂਤ ਸਿਆਸੀ ਮੰਚ ਦੀ ਲੋੜ ਮਹਿਸੂਸ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਸਮੱਸਿਆਵਾਂ ਨੂੰ ਪੰਜਾਬ ਦੀ ਸੋਚ ਅਤੇ ਪੰਜਾਬ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਹੀ ਹੱਲ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ 'ਆਵਾਜ਼ ਏ ਪੰਜਾਬ' ਪੰਜਾਬ ਵਿੱਚ ਫੈਲੇਭ੍ਰਿਸ਼ਟਾਚਾਰ, ਬੇਰੁਜ਼ਗਾਰੀ ਅਤੇ ਨਸ਼ਾਖੋਰੀ ਦੇ ਖ਼ਿਲਾਫ਼ ਲੜਾਈ ਲੜੇਗਾ। ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨਾ, ਨਸ਼ੇ ਦੀ ਸਮੱਸਿਆ ਨੂੰ ਖ਼ਤਮ ਕਰਨ ਲਈ ਆਵਾਜ਼ ਉਠਾਉਣਾ, ਭ੍ਰਿਸ਼ਟਾਚਾਰ ਦੇ ਖ਼ਿਲਾਫ਼ ਸੰਘਰਸ਼ ਕਰਨਾ ਅਤੇ ਪੰਜਾਬ ਦੇ ਹੱਕਾਂ ਦੀ ਰਾਖੀ ਕਰਨਾ ਫਰੰਟ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੋਵੇਗਾ।ਇਸ ਮੌਕੇ ਡਾ. ਚੱਬੇਵਾਲ ਨੇ ਐਲਾਨ ਕੀਤਾ ਕਿ ਨਿਰਮਲ ਸਿੰਘ ਹਕੂਮਤਪੁਰੀ 'ਆਵਾਜ਼ ਏ ਪੰਜਾਬ' ਦੇ ਵਾਈਸ ਪ੍ਰੈਜ਼ੀਡੈਂਟ ਹੋਣਗੇ। ਉਨ੍ਹਾਂ ਕਿਹਾ ਕਿ ਫਰੰਟ ਨਾਲ ਹੋਰ ਪੰਜਾਬ ਹਿਤੈਸ਼ੀ ਆਗੂਆਂ ਅਤੇ ਲੋਕਾਂ ਨੂੰ ਜੋੜਨ ਦੀ ਪ੍ਰਕਿਰਿਆ ਵੀ ਜਲਦ ਸ਼ੁਰੂ ਕੀਤੀ ਜਾਵੇਗੀ।ਇਸ ਮੌਕੇ 'ਤੇ ਚਰਨਜੀਤ ਸਿੰਘ, ਹਰਬੰਸ ਸਿੰਘ, ਰਵਿੰਦਰ ਸਿੰਘ, ਅਨਮੋਲ ਚੱਬੇਵਾਲ, ਅਵਤਾਰ ਸਿੰਘ, ਰਾਮਧਨ, ਅਜੀਤ ਸਿੰਘ ਸਮੇਤ ਹੋਰ ਸਾਥੀ ਹਾਜ਼ਰ ਸਨ।



# ਮੇਹਰ ਚੰਦ ਪੌਲੀਟੈਕਨਿਕ ਕਾਲਜ 'ਚ ਇੰਡਕਸ਼ਨ ਪ੍ਰੋਗਰਾਮ 2026-27 ਸੰਪੰਨ

**ਜਲੰਧਰ (ਸ਼ੈਲੀ ਐਲਬਰਟ)** ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਵਿਖੇ ਨਵੇਂ ਸੈਸ਼ਨ 2026-27 ਦੇ ਇੰਡਕਸ਼ਨ ਪ੍ਰੋਗਰਾਮ ਦੀ ਸ਼ੁਰੂਆਤ 30 ਜੁਲਾਈ 2026 ਨੂੰ ਕਾਲਜ ਦੇ ਆਡੀਟੋਰੀਅਮ ਵਿੱਚ ਸ਼ੁਰੂਆਤ ਹੋਈ ਸੀ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਕਾਲਜ ਜੀਵਨ ਦਾ ਪੂਰਾ ਲਾਭ ਉਠਾਉਣ, ਅਨੁਸ਼ਾਸਨ ਬਣਾਈ ਰੱਖਣ, ਆਪਣੇ ਹੁਨਰਾਂ ਦਾ ਵਿਕਾਸ ਕਰਨ ਅਤੇ ਅਕਾਦਮਿਕ ਉੱਤਮਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਇੰਡਕਸ਼ਨ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਕਾਲਜ ਦੇ ਅਕੈਡਮਿਕ ਕੈਲੰਡਰ, ਨਿਯਮਾਂ, ਵੱਖ-ਵੱਖ ਗਤੀਵਿਧੀਆਂ ਅਤੇ ਉਪਲਬਧ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ।

ਲੈਕਚਰਾਰ ਅਭਿਸ਼ੇਕ ਸ਼ਰਮਾ ਨੇ ਵਿਦਿਆਰਥੀਆਂ ਨੂੰ ਐਨ ਸੀ ਸੀ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਾ. ਸੁਰਜੀਤ, ਸਕੱਤਰ, ਲਾਇਨਜ਼ ਕਲੱਬ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਅਤੇ ਜੀਵਨ ਵਿੱਚ ਉੱਚੇ ਟੀਚੇ ਨਿਰਧਾਰਤ ਕਰਨ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਲਈ ਕਵਿਤਾ, ਗਾਇਨ, ਨਾਚ, ਬੈਸਟ ਆਊਟ ਆਫ਼ ਵੇਸਟ ਅਤੇ ਪੇਪਰ ਕ੍ਰਾਫਟਿੰਗ ਸਮੇਤ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਆਉਂਦੇ ਤਿੰਨ ਸਾਲ ਪੂਰੀ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ, ਤਾਂ ਜੋ ਉਨ੍ਹਾਂ ਦੇ ਭਵਿੱਖ ਦੇ 40 ਸਾਲ ਸੁਰੱਖਿਅਤ ਅਤੇ ਸੁਨਹਿਰੇ ਬਣ ਸਕਣ।

ਇੰਡਕਸ਼ਨ ਪ੍ਰੋਗਰਾਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਸ਼੍ਰੀ ਅੰਕੁਸ਼ ਸ਼ਰਮਾ (ਇੰਚਾਰਜ) ਦੀ ਅਗਵਾਈ ਹੇਠ ਸ੍ਰੀਮਤੀ ਪ੍ਰਤਿਭਾ, ਸ੍ਰੀਮਤੀ ਅੰਜੂ, ਸ਼੍ਰੀ ਕਮਲ ਕਾਂਤ, ਸ੍ਰੀਮਤੀ ਰੀਆ, ਸ੍ਰੀਮਤੀ ਰੇਨੂ, ਸ੍ਰੀਮਤੀ ਅਰਪਣਾ, ਸ਼ਿਵੇਸ਼ ਅਤੇ ਸ਼੍ਰੀਪਤ ਨੇ ਅਹਿਮ ਭੂਮਿਕਾ ਨਿਭਾਈ।



# ਮੁਹੰਮਦ ਸ਼ਹਿਜ਼ਾਦ ਨੂੰ ਬਣਾਇਆ ਜ਼ਿਲ੍ਹਾ ਸ਼ਹਿਰੀ ਮੀਤ ਪ੍ਰਧਾਨ



**ਜਲੰਧਰ (ਲਖਵਿੰਦਰ ਸਿੰਘ ਆਧੀ)** ਐਂਟੀ ਕ੍ਰਾਈਮ ਸਮਾਜ ਸੁਰੱਖਿਆ ਸੈੱਲ ਪੰਜਾਬ ਨੇ ਸੰਗਠਨ ਦੇ ਵਿਸਥਾਰ ਅਤੇ ਸਮਾਜ ਸੇਵਾ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਫ਼ੈਸਲਾ ਲੈਂਦਿਆਂ ਮੁਹੰਮਦ ਸ਼ਹਜ਼ਾਦ ਨੂੰ ਜ਼ਿਲ੍ਹਾ ਸ਼ਹਿਰੀ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ।ਇਹ ਨਿਯੁਕਤੀ ਪੰਜਾਬ ਚੇਅਰਮੈਨ ਸੁਭਾਸ਼ ਗੋਰੀਆ ਅਤੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਫਹੀਮ ਅਹਿਮਦ ਦੀ ਮੌਜੂਦਗੀ ਵਿੱਚ ਕੀਤੀ ਗਈ।

ਨਵ-ਨਿਯੁਕਤ ਜ਼ਿਲ੍ਹਾ ਸ਼ਹਿਰੀ ਮੀਤ ਪ੍ਰਧਾਨ ਮੁਹੰਮਦ ਸ਼ਹਜ਼ਾਦ ਨੇ ਸੰਗਠਨ ਦੇ ਚੋਟੀ ਦੇ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੂਰੀ ਇਮਾਨਦਾਰੀ, ਨਿਸ਼ਠਾ ਅਤੇ ਸਮਰਪਣ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣਗੇ ਅਤੇ ਸਮਾਜ ਸੇਵਾ ਤੇ ਜਨਹਿਤ ਦੇ ਕਾਰਜਾਂ ਨੂੰ ਨਵੀਂ ਰਫ਼ਤਾਰ ਦੇਣਗੇ।

# ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਸੰਜੀਵ ਮਿਨਹਾਸ ਸਨਮਾਨਤ

**ਦਸੂਹਾ (ਕਰਨੈਲ ਮਾਂਗਟ)-** ਭਾਜਪਾ ਮੰਡਲ ਬਡਲਾ ਦੀ ਜਨਰਲ ਸਕੱਤਰ ਡਿੰਕੀ ਰਾਣਾ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਨੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਸੰਜੀਵ ਮਿਨਹਾਸ ਦਾ ਸਨਮਾਨ ਕੀਤਾ। ਇਸ ਮੌਕੇ ਸੰਜੀਵ ਮਨਹਾਸ ਨੇ ਕਿਹਾ ਕਿ ਜ਼ਿਲ੍ਹਾ ਭਰ ਵਿਚ ਬੂਥ ਲੈਵਲ ਤੇ ਸਗੰਠਨ ਨੂੰ ਮਜਬੂਤ ਕੀਤਾ ਜਾਵੇਗਾ। ਇਸ ਮੌਕੇ ਤੇ ਵਿਧਾਨ ਸਭਾ ਹਲਕਾ ਇੰਚਾਰਜ ਰਘੂਨਾਥ ਸਿੰਘ ਰਾਣਾ, ਸਾਬਕਾ ਮੰਡਲ ਪ੍ਰਧਾਨ ਕੈਪਟਨ ਸ਼ਾਮ ਸਿੰਘ, ਸਾਬਕਾ ਮੰਡਲ ਪ੍ਰਧਾਨ ਸ਼ਿਵ ਪਾਲ, ਜੁਗਲ ਕਿਸ਼ੋਰ, ਠਾਕੁਰ ਮੰਗਲ ਸਿੰਘ, ਸੁਮਿਤ ਰਾਣਾ, ਸੱਜਣ ਸਿੰਘ, ਰਜਿੰਦਰ ਸਿੰਘ, ਓਮ ਪ੍ਰਕਾਸ਼, ਨਵਦੀਪ ਸਿੰਘ, ਬੂਥ ਹੈੱਡ ਸ਼ਿਵ ਕੁਮਾਰ, ਸੁਰੇਸ਼ ਰਾਣਾ, ਕੈਪਟਨ ਜਤਿੰਦਰ ਸਿੰਘ ਰਾਣਾ, ਪੱਪੂ ਕੁਮਾਰ ਚੰਦ, ਸਪੁੱਤਰ ਚੰਦ, ਸਪੁੱਤਰ ਚੰਦ, ਐੱਫ ਸਿੰਘ, ਜਤਿੰਦਰ ਕੁਮਾਰ ਆਦਿ ਹਾਜ਼ਰ ਸਨ।



# ਅਕਸ਼ਿਤ ਬੇਹਰਾ ਨੇ ਨੈਸ਼ਨਲ ਅਥਲੈਟਿਕ ਮੀਟ ਲਈ ਕੀਤਾ ਕੁਆਲੀਫਾਈ



**ਕਪੂਰਥਲਾ (ਹਨੀ)-** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਅਕਸ਼ਿਤ ਬੇਹਰਾ ਨੇ ਸੀ ਬੀ ਐਸ ਈ ਕਲਸਟਰ 18 ਅਥਲੈਟਿਕ ਮੀਟ ਅੰਡਰ 14 ਵਿੱਚ ਸੋ ਮੀਟਰ ਦੌੜ ਤੇ ਲੋਂਗ ਜੰਪ ਵਿੱਚ ਦੂਜਾ ਸਥਾਨ ਹਾਸਲ ਕੀਤਾ ਅਤੇ ਸੀ ਬੀ ਐਸ ਈ ਨੈਸ਼ਨਲ ਅਥਲੈਟਿਕ ਮੀਟ ਲਈ ਕੁਆਲੀਫਾਈ ਕਰਕੇ ਆਪਣਾ ਅਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਨੇ ਹੋਣਹਾਰ ਵਿਦਿਆਰਥੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਦਾ ਵਿਦਿਆਰਥੀ ਜੀਵਨ ਵਿਚ ਬਹੁਤ ਮਹੱਤਵ ਹੈ। ਉਹਨਾਂ ਕਿਹਾ ਕਿ ਖੇਡਾਂ ਵਿਚ ਪ੍ਰਾਪਤੀਆਂ ਬੱਚਿਆਂ ਤੇ ਕੋਚ ਦੀ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਅਕਸ਼ਿਤ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ, ਡਾਇਰੈਕਟਰ ਇੰਜ. ਹਰਨਿਆਮਤ ਕੌਰ ਤੇ ਪ੍ਰਸ਼ਾਸਕ ਇੰਜ. ਨਿਮਰਤਾ ਕੌਰ ਨੇ ਵਿਦਿਆਰਥੀ, ਉਹਨਾਂ ਦੇ ਕੋਚ ਅਤੇ ਸਮੂਹ ਸਟਾਫ ਨੂੰ ਇਸ ਉਪਲਬਧੀ ਤੇ ਵਧਾਈ ਦਿੱਤੀ।

# ਸਿਸੋਦੀਆ ਨੇ ਜਲੰਧਰ 'ਚ ਬੂਥ ਪੱਧਰੀ ਤਿਆਰੀਆਂ ਦੀ ਕੀਤੀ ਸਮੀਖਿਆ

**ਜਲੰਧਰ (ਸ਼ੈਲੀ ਐਲਬਰਟ):** ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਸੋਮਵਾਰ ਨੂੰ ਜਲੰਧਰ ਵਿੱਚ ਬੂਥ ਇੰਚਾਰਜਾਂ ਅਤੇ ਬਲਾਕ ਪ੍ਰਧਾਨਾਂ ਨਾਲ ਮੀਟਿੰਗ ਕਰਕੇ ਪਾਰਟੀ ਦੇ ਬੂਥ ਪੱਧਰੀ ਸੰਗਠਨਾਤਮਕ ਕੰਮ ਦੀ ਸਮੀਖਿਆ ਕੀਤੀ।ਮੀਟਿੰਗ ਵਿੱਚ ਜਲੰਧਰ ਸੈਂਟਰਲ ਹਲਕਾ ਇੰਚਾਰਜ ਨਿਤਿਨ ਕੋਹਲੀ ਵੀ ਮੌਜੂਦ ਰਹੇ।ਮੀਟਿੰਗ ਦੌਰਾਨ ਬੂਥ ਪੱਧਰ 'ਤੇ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ, ਹੁਣ ਤੱਕ ਕੀਤੇ ਗਏ ਕੰਮਾਂ ਦੀ ਸਮੀਖਿਆ ਕਰਨ ਅਤੇ ਆਉਣ ਵਾਲੀਆਂ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ 'ਤੇ ਚਰਚਾ ਕੀਤੀ ਗਈ। ਸਿਸੋਦੀਆ ਨੇ ਬੂਥ ਇੰਚਾਰਜਾਂ ਅਤੇ ਬਲਾਕ ਪ੍ਰਧਾਨਾਂ ਨਾਲ ਗੱਲਬਾਤ ਕੀਤੀ ਅਤੇ ਜ਼ਮੀਨੀ ਪੱਧਰ ਦੀਆਂ ਗਤੀਵਿਧੀਆਂ ਅਤੇ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਵਿਚਾਰ ਕੀਤਾ।ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਸਿਸੋਦੀਆ ਨੇ ਕਿਹਾ ਕਿ ਬੂਥ ਪੱਧਰੀ ਸੰਗਠਨ ਇੱਕ ਮਜ਼ਬੂਤ ਸਿਆਸੀ ਪਾਰਟੀ ਦੀ ਨੀਂਹ ਹੈ। ਉਨ੍ਹਾਂ ਕਿਹਾ ਕਿ ਹਰ ਬੂਥ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਨ ਨਾਲ ਪਾਰਟੀ ਦੀ ਪਹੁੰਚ ਵਧੇਗੀ ਅਤੇ ਸੰਗਠਨ ਹੋਰ ਮਜ਼ਬੂਤ ਹੋਵੇਗਾ। ਸਿਸੋਦੀਆ ਨੇ ਜਲੰਧਰ ਸੈਂਟਰਲ ਹਲਕਾ ਇੰਚਾਰਜ ਵਜੋਂ ਨਿਤਿਨ ਕੋਹਲੀ ਦੇ ਕੰਮ ਅਤੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਨੇ ਬੂਥ ਪੱਧਰ 'ਤੇ ਕੀਤੇ ਜਾ ਰਹੇ ਕੰਮ 'ਤੇ ਸੰਤੁਸ਼ਟੀ ਪ੍ਰਗਟਾਈ ਅਤੇ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਭਲਾਈ ਯੋਜਨਾਵਾਂ ਨਾਲ ਜੋੜਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।



# ਸੀ ਟੀ ਪਬਲਿਕ ਸਕੂਲ ਨੇ ਕਰਵਾਈ ਏ ਆਈ ਕਾਨਕਲੇਵ

**ਜਲੰਧਰ (ਸ਼ੈਲੀ ਐਲਬਰਟ)** ਸੀਟੀ ਪਬਲਿਕ ਸਕੂਲ, ਜਲੰਧਰ ਨੇ ਏ ਆਈ ਕਾਨਕਲੇਵ 2026 ਦਾ ਸਫਲਤਾਪੂਰਵਕ ਆਯੋਜਨ ਕੀਤਾ।ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ, ਅਧਿਆਪਕਾਂ, ਵਿਦਵਾਨਾਂ ਅਤੇ ਤਕਨਾਲੋਜੀ ਪੇਸ਼ੇਵਰਾਂ ਨੂੰ ਇੱਕ ਸਾਂਝੇ ਮੰਚ 'ਤੇ ਲਿਆ ਕੇ ਆਰਟੀਫਿਸ਼ੀਅਲ ਇੰਟੈਲੀਜੈਂਸ ਅਤੇ ਉਭਰਦੀਆਂ ਤਕਨੀਕਾਂ ਦੀ ਦੁਨੀਆ ਨਾਲ ਜਾਣ-ਪਛਾਣ ਕਰਵਾਈ ਗਈ।ਕਾਨਕਲੇਵ ਦਾ ਮਕਸਦ ਨਵਾਚਾਰ, ਰਚਨਾਤਮਕਤਾ, ਆਲੋਚਨਾਤਮਕ ਸੋਚ ਅਤੇ ਤਕਨਾਲੋਜੀ-ਅਧਾਰਿਤ ਸਿੱਖਿਆ ਨੂੰ ਉਤਸ਼ਾਹਿਤ ਕਰਨਾ ਸੀ।ਵੱਖ-ਵੱਖ ਮੁਕਾਬਲਿਆਂ, ਪ੍ਰਦਰਸ਼ਨੀਆਂ ਅਤੇ ਗੱਲਬਾਤੀ ਸੈਸ਼ਨਾਂ ਰਾਹੀਂ ਵਿਦਿਆਰਥੀਆਂ ਨੂੰ ਏਆਈ ਅਤੇ ਇਸ ਦੀਆਂ ਅਸਲੀ ਦੁਨੀਆ ਦੀਆਂ ਐਪਲੀਕੇਸ਼ਨਾਂ ਬਾਰੇ ਜਾਣਨ ਦਾ ਮੌਕਾ ਮਿਲਿਆ।ਮੁੱਖ ਮਹਿਮਾਨ ਵਜੋਂ ਡਾ. ਅਨੀਸ਼ ਕੁਮਾਰ ਸਚਦੇਵਾ, ਪ੍ਰੋਫੈਸਰ ਅਤੇ ਰਜਿਸਟਰਾਰ, ਡਾ. ਬੀ.ਆਰ. ਅੰਬੇਡਕਰ ਰਾਸ਼ਟਰੀ ਤਕਨਾਲੋਜੀ ਇੰਸਟੀਚਿਊਟ (ਐਨ ਆਈ ਟੀ) ਜਲੰਧਰ ਹਾਜ਼ਰ ਸਨ। ਵਿਸ਼ੇਸ਼ ਪੈਨਲ ਵਿੱਚ ਡਾ. ਅਮ੍ਰਿਤ ਪਾਲ ਸਿੰਘ (ਐਨ ਆਈ ਟੀ ਜਲੰਧਰ), ਸ਼ਿਵਆਦਿਤਿਆ ਚੰਦਰ ਮੁਕੇਸ਼ (ਐਸੋਸੀਏਟ ਏਆਈ ਇੰਜੀਨੀਅਰ, ਡਿਜੀਮੰਤਰਾ) ਅਤੇ ਰਾਕੇਸ਼ ਸ਼ਰਮਾ (ਪ੍ਰਿੰਸੀਪਲ, ਸੈਨ ਦਾਸ ਐਂਗਲੋ ਸੰਸਕ੍ਰਿਤ ਸੀਨੀਅਰ ਸੈਕੰਡਰੀ ਸਕੂਲ) ਸ਼ਾਮਲ ਸਨ। ਸਨਮਾਨਿਤ ਮਹਿਮਾਨਾਂ ਵਿੱਚ ਡਾ. ਕ੍ਰਿਸ਼ਨਾ ਪਾਲ ਸ਼ਰਮਾ, ਡਾ. ਸ਼ੈਲੇਂਦਰ ਬਾਜਪਈ, ਸ਼੍ਰੀ ਵੀ.ਐਨ. ਖੰਨਾ ਅਤੇ ਡਾ. ਪੁਨੀਤ ਕੁਮਾਰ ਜੈਨ (ਐਨਆਈਟੀ ਜਲੰਧਰ) ਸਨ। ਮੁੱਖ ਭਾਸ਼ਣ ਡਾ. ਆਸ਼ੀਸ਼ ਅਰੋੜਾ (ਪ੍ਰੋਫੈਸਰ ਅਤੇ ਹੈੱਡ, ਯੂਨੀਵਰਸਿਟੀ ਬਿਜ਼ਨਸ ਸਕੂਲ, ਗੁਰੂ ਨਾਨਕ ਦੇਵ ਯੂਨੀਵਰਸਿਟੀ) ਅਤੇ ਸ਼੍ਰੀ ਵਿਸ਼ਾਲ ਅਰੋੜਾ (ਕਾਰਪੋਰੇਟ ਕਮਿਊਨੀਕੇਸ਼ਨ ਅਤੇ ਮਾਰਕੀਟਿੰਗ ਪੇਸ਼ੇਵਰ) ਨੇ ਦਿੱਤੇ। ਉਨ੍ਹਾਂ ਨੇ ਏਆਈ ਕਵਿਜ਼, ਪ੍ਰਾਂਪਟ ਇੰਜੀਨੀਅਰਿੰਗ, ਕੋਡਿੰਗ ਚੈਲੇਂਜ, ਵੀਡੀਓ ਮੇਕਿੰਗ, ਏਆਈ ਐਗਜ਼ੀਬਿਸ਼ਨ ਅਤੇ ਟੈਕਨਾਲੋਜੀ ਥਰੂ ਦ ਏਜਜ਼ ਥੀਮ ਵਾਲੇ ਫੈਸ਼ਨ ਸ਼ੋ ਵਿੱਚ ਆਪਣੀ ਪ੍ਰਤਿਭਾ ਦਿਖਾਈ। ਸ਼੍ਰੀਮਤੀ ਮਨੀਸ਼ਾ ਬਸਨੇਟ (ਪ੍ਰਿੰਸੀਪਲ, ਸੀਟੀ ਪਬਲਿਕ ਸਕੂਲ) ਅਤੇ ਸ਼੍ਰੀਮਤੀ ਸੁਮਨ ਭੱਲਾ (ਕਿੰਡਰਗਾਰਟਨ ਕੋਆਰਡੀਨੇਟਰ) ਦੇ ਸਹਿਯੋਗ ਨਾਲ ਇਹ ਆਯੋਜਨ ਸਫਲ ਰਿਹਾ। ਏਆਈ ਕਵਿਜ਼: ਪਹਿਲਾ - ਸਟੇਟ ਪਬਲਿਕ ਸਕੂਲ; ਦੂਜਾ - ਸੀਟੀ ਵਰਲਡ ਸਕੂਲ; ਤੀਜਾ - ਸੇਠ ਹੁਕਮ ਚੰਦ ਸਕੂਲ, ਵੀਡੀਓ ਮੇਕਿੰਗ: ਪਹਿਲਾ - ਕੈਮਬ੍ਰਿਜ ਇੰਟਰਨੈਸ਼ਨਲ ਸਕੂਲ; ਦੂਜਾ - ਐਸਆਰਐਸ ਏਮਸ ਪਬਲਿਕ ਸਕੂਲ; ਤੀਜਾ - ਸੀਟੀ ਪਬਲਿਕ ਸਕੂਲ ਪ੍ਰਾਂਪਟ ਇੰਜੀਨੀਅਰਿੰਗ: ਪਹਿਲਾ - ਐਮਜੀਐਨ ਪਬਲਿਕ ਸਕੂਲ; ਦੂਜਾ - ਏਕਲਵਿਆ ਸਕੂਲ; ਤੀਜਾ - ਸਟੇਟ ਪਬਲਿਕ ਸਕੂਲ,ਕੋਡਿੰਗ ਚੈਲੇਂਜ: ਪਹਿਲਾ - ਐਮਜੀਐਨ ਪਬਲਿਕ ਸਕੂਲ; ਦੂਜਾ - ਸੀਟੀ ਪਬਲਿਕ ਸਕੂਲ; ਤੀਜਾ - ਕੈਮਬ੍ਰਿਜ ਇੰਟਰਨੈਸ਼ਨਲ ਸਕੂਲ,ਏਆਈ ਐਗਜ਼ੀਬਿਸ਼ਨ: ਪਹਿਲਾ - ਸੇਠ ਹੁਕਮ ਚੰਦ ਸਕੂਲ (ਸਮਾਰਟ ਵ੍ਹੀਲਚੇਅਰ); ਦੂਜਾ - ਸੀਟੀ ਪਬਲਿਕ ਸਕੂਲ (ਸਟੈਮੀਫਾਈ); ਤੀਜਾ - ਸਟੇਟ ਪਬਲਿਕ ਸਕੂਲ (ਸਪਾਈਨ ਡਿਸਆਰਡਰ) ਫੈਸ਼ਨ ਸ਼ੋ: ਪਹਿਲਾ, ਦੂਜਾ ਅਤੇ ਤੀਜਾ - ਏਕਲਵਿਆ ਸਕੂਲ, ਸਕੂਲ ਨੇ ਮੁੱਖ ਮਹਿਮਾਨ, ਪੈਨਲਿਸਟਾਂ, ਮੁੱਖ ਵਕਤਾਵਾਂ, ਸਰੋਤ ਵਿਅਕਤੀਆਂ, ਭਾਗ ਲੈਣ ਵਾਲੇ ਸਕੂਲਾਂ, ਜੱਜਾਂ ਅਤੇ ਆਯੋਜਨ ਟੀਮ ਦਾ ਧੰਨਵਾਦ ਕੀਤਾ।




# ਕਾਂਵੜ ਲੈ ਕੇ ਪਹੁੰਚੇ ਸ਼ਿਵ ਭਗਤਾਂ ਦਾ ਭਰਵਾਂ ਸਵਾਗਤ

**ਜ਼ੀਰਕਪੁਰ (ਜਤਿੰਦਰ ਕੁਮਾਰ)-** ਮਹਾਸ਼ਿਵਰਾਤਰੀ ਦੇ ਪਾਵਨ ਮੌਕੇ 'ਤੇ ਭਗਵਾਨ ਸ਼ਿਵ ਦੀ ਭਗਤੀ ਅਤੇ ਆਸਥਾ ਦਾ ਖੂਬਸੂਰਤ ਨਜ਼ਾਰਾ ਦੇਖਣ ਨੂੰ ਮਿਲਿਆ। ਹਰਿਦੁਆਰ ਤੋਂ ਪੈਦਲ ਕਾਂਵੜ ਯਾਤਰਾ ਕਰਕੇ ਭਾਈ ਵਿਜੇ ਪੁਨੀਆ, ਸਵੀਟੀ ਪੁਨੀਆ ਅਤੇ ਉਨ੍ਹਾਂ ਦੇ ਭਰਾ ਵਿਜੇਂਦਰ ਪੁਨੀਆ ਕਾਂਵੜ ਲੈ ਕੇ ਗ੍ਰੀਨ ਸਿਟੀ ਦੇ ਵਾਰਡ ਨੰਬਰ 6 ਸਥਿਤ ਸ਼ਿਵ ਮੰਦਰ ਵਿਖੇ ਪਹੁੰਚੇ। ਸ਼ਰਧਾਲੂਆਂ ਨੇ ਪੂਰੀ ਸ਼ਰਧਾ ਅਤੇ ਵਿਸ਼ਵਾਸ ਨਾਲ ਆਪਣੀ ਪੈਦਲ ਯਾਤਰਾ ਪੂਰੀ ਕਰਦਿਆਂ ਭਗਵਾਨ ਸ਼ਿਵ ਨੂੰ ਸਮਰਪਿਤ ਕਾਂਵੜ ਮੰਦਰ ਵਿੱਚ ਪਹੁੰਚਾਈ। ਸ਼ਰਧਾਲੂਆਂ ਦੇ ਗ੍ਰੀਨ ਸਿਟੀ ਪਹੁੰਚਣ 'ਤੇ ਵਾਰਡ ਨੰਬਰ 6 ਦੇ ਵਸਨੀਕਾਂ ਵੱਲੋਂ ਫੁੱਲਾਂ ਦੀ ਵਰਖਾ ਅਤੇ ਜੈਕਾਰਿਆਂ ਨਾਲ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਦੌਰਾਨ ਪੂਰਾ ਇਲਾਕਾ 'ਹਰ-ਹਰ ਮਹਾਦੇਵ' ਦੇ ਜੈਕਾਰਿਆਂ ਨਾਲ ਗੂੰਜ ਉੱਠਿਆ ਅਤੇ ਮਾਹੌਲ ਪੂਰੀ ਤਰ੍ਹਾਂ ਭਗਤੀਮਈ ਹੋ ਗਿਆ। ਸਥਾਨਕ ਲੋਕਾਂ ਨੇ ਕਾਂਵੜ ਯਾਤਰਾ ਕਰਕੇ ਮੰਦਰ ਪਹੁੰਚੇ ਸ਼ਿਵ ਭਗਤਾਂ ਦੀ ਸ਼ਰਧਾ ਅਤੇ ਭਗਤੀ ਦੀ ਸ਼ਲਾਘਾ ਕੀਤੀ। ਇਸ ਮੌਕੇ ਚੇਅਰਮੈਨ ਮੁਕੇਸ਼ ਸੇਨ ਅਤੇ ਐਮ.ਸੀ. ਸ੍ਰੀਮਤੀ ਸੁਮਨ ਸੇਨ ਸਮੇਤ ਵਾਰਡ ਨੰਬਰ 6 ਦੇ ਵੱਡੀ ਗਿਣਤੀ ਵਿੱਚ ਵਸਨੀਕ ਮੌਜੂਦ ਰਹੇ। ਉਨ੍ਹਾਂ ਨੇ ਕਾਂਵੜੀਆਂ ਦਾ ਸਨਮਾਨ ਕਰਦਿਆਂ ਉਨ੍ਹਾਂ ਦਾ ਉਤਸ਼ਾਹ ਵਧਾਇਆ। ਕਾਂਵੜ ਯਾਤਰਾ ਕਰਕੇ ਮੰਦਰ ਪਹੁੰਚੇ ਸ਼ਰਧਾਲੂਆਂ ਨੇ ਦੱਸਿਆ ਕਿ ਭਗਵਾਨ ਸ਼ਿਵ ਪ੍ਰਤੀ ਅਟੁੱਟ ਸ਼ਰਧਾ ਅਤੇ ਵਿਸ਼ਵਾਸ ਹੀ ਉਨ੍ਹਾਂ ਨੂੰ ਇਹ ਪੈਦਲ ਯਾਤਰਾ ਕਰਨ ਲਈ ਪ੍ਰੇਰਿਤ ਕਰਦਾ ਹੈ।



# ਮੇਰੀ ਰਸੋਈ ਸਕੀਮ ਤਹਿਤ ਰਾਸ਼ਨ ਕਿੱਟਾਂ ਵੰਡੀਆਂ

**ਦੁਸਾਂਝ ਕਲਾਂ, (ਸੁਰਿੰਦਰਪਾਲ ਕੁੱਕੂ)-** ਪੰਜਾਬ ਸਰਕਾਰ ਦੀ ਲੋਕ ਭਲਾਈ ਯੋਜਨਾ 'ਮੇਰੀ ਰਸੋਈ' ਸਕੀਮ ਤਹਿਤ ਪਿੰਡ ਦੁਸਾਂਝ ਕਲਾਂ ਵਿਖੇ ਸਰਪੰਚ ਨਿਰਮਲ ਕੁਮਾਰ ਨਵੀਂ ਅਤੇ ਬਲਾਕ ਸੰਮਤੀ ਮੈਂਬਰ ਗੁਰਪ੍ਰੀਤ ਕੌਰ ਰਾਸ਼ਨ ਕਾਰਡ ਧਾਰਕ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਦੀ ਵੰਡ ਕੀਤੀ ਗਈ। ਇਸ ਮੌਕੇ ਲਾਭਪਾਤਰੀਆਂ ਨੂੰ ਸਰਕਾਰ ਵੱਲੋਂ ਦਿੱਤੀ ਜਾ ਰਹੀ ਸਹਾਇਤਾ ਦਾ ਲਾਭ ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਮੁਹੱਈਆ ਕਰਵਾਇਆ ਗਿਆ। ਸਰਪੰਚ ਨਿਰਮਲ ਕੁਮਾਰ ਨਵੀਂ ਅਤੇ ਬਲਾਕ ਸੰਮਤੀ ਮੈਂਬਰ ਗੁਰਪ੍ਰੀਤ ਕੌਰ ਨੇ ਰਾਸ਼ਨ ਕਿੱਟਾਂ ਦੀ ਵੰਡ ਦੌਰਾਨ ਲਾਭਪਾਤਰੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸਕੀਮ ਲੋੜਵੰਦ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋ ਰਹੀ ਹੈ। ਉਨ੍ਹਾਂ ਨੇ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਲੋਕ ਭਲਾਈ ਯੋਜਨਾਵਾਂ ਨਾਲ ਆਮ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਇਸ ਮੌਕੇ ਸਰਪੰਚ ਨਿਰਮਲ ਕੁਮਾਰ ਨਵੀਂ, ਬਲਾਕ ਸੰਮਤੀ ਮੈਂਬਰ ਗੁਰਪ੍ਰੀਤ ਕੌਰ, ਬਲਜਿੰਦਰ ਕੌਰ, ਸੰਤੋਖ ਸਿੰਘ ਤੋਂ ਇਲਾਵਾ ਡੀਪੂ ਹੋਲਡਰ ਅਸ਼ੋਕ ਕੁਮਾਰ ਆਦਿ ਹਾਜ਼ਰ ਸਨ।



# ਮੈਡਮ ਅੱਛਰ ਕੌਰ ਨੂੰ ਸ਼ਰਧਾਂਜਲੀਆਂ ਭੇਟ

**ਮੋਰਿੰਡਾ (ਨਿਹਾਲ ਸਿੰਘ ਕਲਸੀ)-** ਪੰਜਾਬ ਰਾਜ ਪੈਨਸ਼ਨਰਜ ਮਹਾਂ ਸੰਘ ਦੀ ਮੀਟਿੰਗ ਸਥਾਨਕ ਹਿੰਦੂ ਧਰਮਸ਼ਾਲਾ ਵਿਖੇ ਪ੍ਰਧਾਨ ਸ੍ਰੀ ਰਾਜ ਕੁਮਾਰ ਮੈਂਗੀ ਦੀ ਪ੍ਰਧਾਨਗੀ ਹੇਠ ਹੋਈ। ਸਭ ਤੋਂ ਪਹਿਲਾਂ ਸਰਦਾਰ ਬਾਵਾ ਸਿੰਘ ਲੱਧੜ ਪ੍ਰਿੰਸੀਪਲ ਦੀ ਧਰਮਪਤਨੀ ਸ੍ਰੀਮਤੀ ਅੱਛਰ ਕੌਰ ਦੀ ਅਚਾਨਕ ਹੋਈ ਮੌਤ ਤੇ ਦੁੱਖ ਪ੍ਰਗਟ ਕੀਤਾ ਗਿਆ ਅਤੇ ਦੋ ਮਿੰਟ ਲਈ ਖੜੇ ਹੋ ਕੇ ਸ਼ਰਧਾਜਲੀ ਦਿੱਤੀ ਗਈ। ਇਸ ਮੌਕੇ ਮੀਟਿੰਗ ਵਿੱਚ ਗੁਰਦੇਵ ਸਿੰਘ ਹੈਡ ਮਾਸਟਰ, ਭੁਪਿੰਦਰ ਸਿੰਘ ਪਟਵਾਰੀ, ਨਛੱਤਰ ਸਿੰਘ ਧਰਮ ਸਿੰਘ ਸੁਪਰਡੈਂਟ ਅਤੇ ਰਾਜ ਕੁਮਾਰ ਮੈਂਗੀ ਵਲੋਂ ਪੈਨਸਨਰਾਂ/ ਮੁਲਾਜਮਾਂ ਦੇ ਡੀ ਏ ਕੱਚੇ ਮੁਲਾਜਮਾਂ ਪੱਕੇ ਕਰਨਾ ਪੁਰਾਣੀ ਪੈਨਸਨ ਲਾਗੂ ਕਰਨ ਅਤੇ ਹੋਰ ਸਾਰੀਆਂ ਮੰਗਾਂ ਬਾਰੇ ਵਿਚਾਰ ਸਾਂਝੇ ਕੀਤੇ ਗਏ ਅਤੇ ਇਹ ਦੱਸਿਆ ਗਿਆ ਕਿ ਸਰਕਾਰ ਵਲੋਂ ਕੋਈ ਵੀ ਮੰਗ ਅਜੇ ਤੱਕ ਨਹੀਂ ਮੰਨੀ ਗਈ ਅਤੇ ਮੀਟਿੰਗਾਂ ਲਈ ਸਮਾਂ ਦੇ ਕੇ ਮੁਲਤਵੀ ਹੀ ਕੀਤੀਆਂ ਗਈਆਂ ਹਨ। ਜਿਸ ਕਰਕੇ ਪੈਨਸਨਰਾਂ/ ਮੁਲਾਜ਼ਮਾਂ ਨੂੰ ਮਾਣਯੋਗ ਹਾਈਕੋਰਟ ਵਿੱਚ ਜਾਣ ਲਈ ਮਜਬੂਰ ਹੋਣਾ ਪਿਆ।ਹੁਣ ਸਰਕਾਰ ਨੂੰ ਹਾਈਕੋਰਟ ਵੱਲੋਂ ਡੀ ਏ ਅਤੇ ਬਕਾਏ ਦੇਣ ਸੰਬੰਧੀ ਜੋ ਫੈਸਲਾ ਦਿੱਤਾ ਗਿਆ ਹੈ ਉਸ ਨੂੰ ਹੁਣ ਹੂ ਬ ਹੂ ਲਾਗੂ ਕੀਤਾ ਜਾਵੇ।ਮੀਟਿੰਗ ਵਿੱਚ ਜਗਦੀਸ਼ ਕੁਮਾਰ ਵਰਮਾ, ਮਾਸਟਰ ਹਾਕਮ ਸਿੰਘ ਕਾਝਲਾ, ਗੁਰਨਾਮ ਸਿੰਘ ਸਲਾਹਕਾਰ, ਜਰਨੈਲ ਸਿੰਘ ਕੈਸ਼ੀਅਰ, ਅਮਰਜੀਤ ਸਿੰਘ ਕੰਗ, ਗੁਰਨਾਮ ਸਿੰਘ ਬਿਜਲੀ, ਅਮਰਜੀਤ ਸਿੰਘ, ਗੁਰਦੇਵ ਸਿੰਘ ਹੈੱਡ-ਮਾਸਟਰ, ਭੁਪਿੰਦਰ ਸਿੰਘ, ਸਾਧੂ ਸਿੰਘ, ਬਰਜਿੰਦਰ ਕੁਮਾਰ, ਸੁਰੇਸ਼ ਕੁਮਾਰ, ਸਰਵਨ ਸਿੰਘ, ਮਨਜੀਤ ਸਿੰਘ, ਬਲਜਿੰਦਰ ਸਿੰਘ ,ਰਘਬੀਰ ਸਿੰਘ, ਜਰਨੈਲ ਸਿੰਘ, ਅਮਰਜੀਤ ਸਿੰਘ ਸੁਪਰਡੈਂਟ , ਹਰੀਸ਼ ਕੁਮਾਰ, ਬਲਦੇਵ ਸਿੰਘ, ਭਾਗ ਸਿੰਘ, ਕੁਲਵੀਰ ਸਿੰਘ, ਕੇਸਰ ਸਿੰਘ, ਸੇਵਾ ਸਿੰਘ, ਭੂਸਨ ਦੱਤ, ਗੁਰਨਾਮ ਸਿੰਘ, ਚਮਨ ਲਾਲ ਆਦਿ ਹਾਜ਼ਰ ਸਨ।



# ਸੜਕ 'ਤੇ ਪਏ ਪੱਥਰ ਕਾਰਨ ਜ਼ਖਮੀ ਹੋ ਰਹੇ ਲੋਕਾਂ ਨੇ ਸਰਕਾਰ ਖਿਲਾਫ ਕੀਤੀ ਨਾਅਰੇਬਾਜ਼ੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)-** ਬਲਾਕ ਟਾਂਡਾ 'ਚ ਪੈਂਦੇ ਪਿੰਡ ਸ਼ਹਿਬਾਜ਼ਪੁਰ ਤੋਂ ਪਿੰਡ ਅਵਾਨ ਘੋੜੇ ਸ਼ਾਹ ਤੱਕ ਜਾਂਦੀ ਸੜਕ ਤੇ ਪਏ ਪੱਥਰ ਤੇ ਮਿੱਟੀ ਕਾਰਨ ਆਏ ਦਿਨ ਜ਼ਖ਼ਮੀ ਹੋ ਰਹੀ ਅਤੇ ਪਰੇਸ਼ਾਨੀਆਂ ਨਾਲ ਜੂਝ ਰਹੀ ਆਮ ਜਨਤਾ ਨੂੰ ਰਾਹਤ ਦਿਵਾਉਣ ਲਈ ਕੁੰਭਕਰਨੀ ਨੀਂਦੇ ਸੁੱਤੇ ਪਏ ਸਬੰਧਿਤ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ ਸਰਕਾਰ ਨੂੰ ਜਗਾਉਣ ਅਤੇ ਰੋਸ ਦਾ ਪ੍ਰਗਟਾਵਾ ਕਰਨ ਸੰਬੰਧੀ ਵਿਚਾਰ ਵਟਾਂਦਰਾ ਕਰਨ ਲਈ ਸ਼ਿਵ ਸੈਨਾ ਪੰਜਾਬ ਦੇ ਬੇਟ ਏਰੀਆ ਤੇ ਯੂਵਾ ਜਲੰਧਰ ਇੰਚਾਰਜ ਗਗਨ ਪਰੋਜ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਇਲਾਕੇ ਦੀਆਂ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸਵੈ ਸੇਵੀ ਸੰਸਥਾਵਾਂ ਦੇ ਆਗੂਆਂ ਨੇ ਭਾਗ ਲਿਆ। ਮੀਟਿੰਗ 'ਚ ਸ਼ਾਮਿਲ ਭਗਵਾਨ ਵਾਲਮੀਕਿ ਮੰਦਿਰ ਫਿਰੋਜ ਰੋਲੀਆ ਦੇ ਮੁੱਖ ਸੇਵਾਦਾਰ ਸੁਖਦੇਵ ਸਿੰਘ, ਯੁਵਾ ਨੇਤਾ ਪ੍ਰਿੰਸ, ਹਿਰਮਨ, ਸਮਾਜ ਸੇਵੀ ਮਹਿਮ, ਜਸ਼ਨ, ਸਮਾਜ ਸੇਵੀ ਗੋਰਾ ਫਿਰੋਜ, ਯੁਵਾ ਨੇਤਾ ਸ਼ੀਰਾ, ਰਾਜਾ ਰੋਲੀਆ, ਆਕਾਸ਼, ਜੋਸ਼ ਨੱਥੂਪੁਰ, ਗਿੰਦਾ ਪਰੋਜ ਤੋਂ ਇਲਾਵਾ ਹੋਰ ਵੱਖ-ਵੱਖ ਸੰਸਥਾਵਾਂ ਦੇ ਨੇਤਾਵਾਂ ਨੇ ਸੜਕ ਨੂੰ ਮੁਕੰਮਲ ਨਾ ਬਣਾਉਣ ਦੇ ਰੋਸ ਵਜੋਂ ਸਰਕਾਰ ਅਤੇ ਸੰਬੰਧਤ ਵਿਭਾਗ ਦੇ ਅਧਿਕਾਰੀਆਂ ਖਿਲਾਫ਼ ਰੋਸ ਦਾ ਪ੍ਰਗਟਾਵਾ ਕਰਦੇ ਹੋਏ ਨਾਅਰੇਬਾਜ਼ੀ ਕੀਤੀ। ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਗਗਨ ਪਰੋਜ ਨੇ ਕਿਹਾ ਕਿ ਬਲਾਕ ਟਾਂਡਾ 'ਚ ਪੈਂਦੀ ਸ਼ਹਿਬਾਜ਼ਪੁਰ ਤੋਂ ਪਿੰਡ ਅਵਾਨ ਘੋੜੇ ਸ਼ਾਹ ਤੱਕ ਜਾਂਦੀ ਸੜਕ ਨੂੰ ਟੁੱਟੀ ਹੋਈ ਕਰੀਬ 3-4 ਸਾਲ ਬੀਤ ਗਏ ਹਨ ਅਤੇ ਇਸ ਸੜਕ ਦੀ ਮੁਰੰਮਤ ਲਈ ਸਰਕਾਰ ਨੂੰ ਵਾਰ ਵਾਰ ਅਪੀਲਾਂ ਕਰਨ ਤੇ ਸਾਲ 2025 ਵਿੱਚ ਸਬੰਧਿਤ ਵਿਭਾਗ ਵੱਲੋਂ ਇਸ ਸੜਕ ਦੀ ਮੁਰੰਮਤ ਦਾ ਕੰਮ ਕਾਰਜ ਸ਼ੁਰੂ ਕਰਕੇ ਇਸ ਸੜਕ ਤੇ ਪੱਥਰ ਅਤੇ ਮਿੱਟੀ ਪਾ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ ਇੱਕ ਸਾਲ ਬੀਤ ਜਾਣ ਤੇ ਵੀ ਅੱਜ ਤੱਕ ਇਸ ਸੜਕ ਤੇ ਲੁਕ ਪਾ ਕੇ ਇਸ ਨੂੰ ਮੁਕੰਮਲ ਨਹੀਂ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਇਸ ਸੜਕ ਤੇ ਪਿੰਡ ਸ਼ਹਿਬਾਜ਼ਪੁਰ, ਫਿਰੋਜ਼ ਰੋਲੀਆ, ਫਿਰੋਜ਼ ਕੋਠੇ, ਨੱਥੂਪੁਰ, ਡੂਮਾਣਾ, ਰਾਣੀ ਪਿੰਡ ਅਤੇ ਅਵਾਨ ਘੋੜੇ ਸ਼ਾਹ ਆਦਿ ਪੈਂਦੇ ਪਿੰਡਾਂ ਦੇ ਬੱਚੇ ਰੋਜਾਨਾ ਸਕੂਲ ਆਉਂਦੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸੜਕ ਤੇ ਪਏ ਪੱਥਰ ਹੁਣ ਉੱਖੜ ਗਏ ਹਨ ਅਤੇ ਜਦ ਵੀ ਕੋਈ ਵਾਹਨ ਇਸ ਸੜਕ ਤੋਂ ਗੁਜਰਦਾ ਹੈ ਤਾਂ ਇਨ੍ਹਾਂ ਪੱਥਰਾਂ ਦੇ ਉੱਡਣ ਕਾਰਨ ਸਕੂਲੀ ਬੱਚਿਆਂ ਤੋਂ ਇਲਾਵਾ ਕਈ ਰਾਹਗੀਰ ਜ਼ਖਮੀ ਹੋ ਰਹੇ ਹਨ।



# ਜ਼ਿਲ੍ਹਾ ਪੁਲਸ ਮੁਖੀਆਂ ਨੂੰ ਗਸ਼ਤ ਤੇ ਨਿਗਰਾਨੀ ਵਧਾਉਣ ਦੇ ਨਿਰਦੇਸ਼

**ਜਲੰਧਰ (ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ)-** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਆਜ਼ਾਦੀ ਦਿਹਾੜੇ-2026 ਦੇ ਜਸ਼ਨਾਂ ਨੂੰ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚਾੜ੍ਹਨਾ ਯਕੀਨੀ ਬਣਾਉਣ ਲਈ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਸੰਵੇਦਨਸ਼ੀਲ ਇਲਾਕਿਆਂ, ਲੋਕਾਂ ਦੇ ਇਕੱਠ ਵਾਲੀਆਂ ਪ੍ਰਮੁੱਖ ਥਾਵਾਂ, ਪ੍ਰਮੁੱਖ ਸ਼ਹਿਰੀ ਸਥਾਨਾਂ ਅਤੇ ਅਦਾਰਿਆਂ ਵਿੱਚ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਤੋਂ ਇਲਾਵਾ ਉਨ੍ਹਾਂ ਨੇ ਸਰਹੱਦੀ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਅੰਤਰ-ਜ਼ਿਲ੍ਹਾ ਤਾਲਮੇਲ, ਸਖ਼ਤ ਨਾਕਾਬੰਦੀ ਅਤੇ 24 ਘੰਟੇ ਨਿਗਰਾਨੀ ਦੇ ਨਿਰਦੇਸ਼ ਵੀ ਦਿੱਤੇ ਗਏ ਹਨ। ਡੀ ਜੀ ਪੀ ਪੰਜਾਬ ਨੇ ਆਪਣੇ ਤੂਫ਼ਾਨੀ ਦੌਰੇ ਦੌਰਾਨ ਅੰਮ੍ਰਿਤਸਰ, ਜਲੰਧਰ ਅਤੇ ਲੁਧਿਆਣਾ ਕਮਿਸ਼ਨਰੇਟਾਂ ਅਤੇ ਬਾਰਡਰ, ਜਲੰਧਰ ਤੇ ਲੁਧਿਆਣਾ ਪੁਲਸ ਰੇਂਜਾਂ ਦੇ ਅਧਿਕਾਰੀਆਂ ਨਾਲ ਮੀਟਿੰਗਾਂ ਕਰਕੇ ਅਮਨ-ਕਾਨੂੰਨ ਦੀ ਸਥਿਤੀ ਦੀ ਸਮੀਖਿਆ ਕੀਤੀ। ਅੰਮ੍ਰਿਤਸਰ ਤੋਂ ਆਪਣੇ ਦੌਰੇ ਦੀ ਸ਼ੁਰੂਆਤ ਕਰਦਿਆਂ ਡੀ ਜੀ ਪੀ ਗੌਰਵ ਯਾਦਵ ਨੇ ਸੰਵੇਦਨਸ਼ੀਲ ਸਰਹੱਦੀ ਖੇਤਰਾਂ ਵਿੱਚ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕੀਤੀ ਅਤੇ ਸਮੂਹ ਯੂਨਿਟਾਂ ਨੂੰ ਸਖ਼ਤ ਚੌਕਸੀ ਬਣਾਏ ਰੱਖਣ, ਰੋਕਥਾਮ ਵਾਲੇ ਉਪਾਵਾਂ 'ਚ ਤੇਜ਼ੀ ਲਿਆਉਣ, ਗਸ਼ਤ ਅਤੇ ਨਿਗਰਾਨੀ ਗਤੀਵਿਧੀਆਂ ਨੂੰ ਮਜ਼ਬੂਤ ਕਰਨ ਅਤੇ ਭੀੜ ਵਾਲੇ ਇਲਾਕਿਆਂ ਦੇ ਸੁਚਾਰੂ ਪ੍ਰਬੰਧਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

# ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)-** ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਜ਼ਿਲ੍ਹਾ ਰੋਡ ਸੇਫ਼ਟੀ ਕਮੇਟੀ ਦੀ ਮੀਟਿੰਗ ਹੋਈ ਜਿਸ ਵਿੱਚ ਸੜਕ ਸੁਰੱਖਿਆ ਨਾਲ ਸਬੰਧਤ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ ਅਤੇ ਸੜਕ ਹਾਦਸਿਆਂ ਦੀ ਰੋਕਥਾਮ, ਟਰੈਫਿਕ ਪ੍ਰਬੰਧਾਂ ਤੇ ਸੁਪਰੀਮ ਕੋਰਟ ਅਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਸੜਕਾਂ 'ਤੇ ਪਸ਼ੂਆਂ ਦੀ ਆਵਾਜਾਈ, ਬੇਸਹਾਰਾ ਪਸ਼ੂਆਂ ਦੇ ਪ੍ਰਬੰਧਨ, ਸੜਕ ਹਾਦਸਿਆਂ ਦੀ ਰੋਕਥਾਮ ਸਬੰਧੀ ਹਦਾਇਤਾਂ ਦੀ ਪਾਲਣਾ ਬਾਰੇ ਸਬੰਧਤ ਵਿਭਾਗਾਂ ਤੋਂ ਰਿਪੋਰਟ ਪ੍ਰਾਪਤ ਕੀਤੀ ਗਈ।

ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਪੀ ਐਮ ਰਾਹਤ ਸਕੀਮ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਸੰਬੰਧਿਤ ਵਿਭਾਗ ਦੇ ਅਧਿਕਾਰੀਆ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ। ਉਹਨਾ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਇਸ ਸਕੀਮ ਸੰਬਧੀ ਆਪਣੇ ਵਿਭਾਗ ਦਾ ਨੋਡਲ ਅਫ਼ਸਰ ਤੈਨਾਤ ਕਰਨ ਤਾਂ ਜੋ ਇਸ ਸਕੀਮ ਨੂੰ ਜ਼ਮੀਨੀ ਪੱਧਰ 'ਤੇ ਸੁਚਾਰੂ ਢੰਗ ਨਾਲ ਲਾਗੂ ਕੀਤਾ ਜਾ ਸਕੇ। ਇਸ ਤੋਂ ਇਲਾਵਾ ਮੀਟਿੰਗ ਦੌਰਾਨ ਈ-ਡਾਰ (ਇਲੈਕਟ੍ਰਾਨਿਕ ਡਿਟੇਲਡ ਐਕਸੀਡੈਂਟ ਰਿਪੋਰਟ) ਪੋਰਟਲ 'ਤੇ ਹਾਦਸਿਆਂ ਦੀ ਸਮੇਂ ਸਿਰ ਐਂਟਰੀ, ਰਾਹਵੀਰ ਸਕੀਮ, ਫਰਿਸ਼ਤੇ ਸਕੀਮ ਅਤੇ ਸੜਕ ਸੁਰੱਖਿਆ ਮਿੱਤਰ ਸਕੀਮ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਗਈ। ਉਹਨਾਂ ਜਿਲ੍ਹਾ ਸੂਚਨਾ ਅਫ਼ਸਰ ਨੂੰ ਕਿਹਾ ਕਿ ਉਹ ਜ਼ਿਲ੍ਹੇ ਦੀ ਵੈੱਬਸਾਈਟ ਤੇ ਇਹਨਾ ਸਕੀਮਾਂ ਸੰਬੰਧੀ ਪੂਰੀ ਜਾਣਕਾਰੀ ਅੱਪਲੋਡ ਕਰਨ ਨੂੰ ਯਕੀਨੀ ਬਣਾਉਣ।



## ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਅਰੋੜਾ ਕਲੋਨੀ, ਕੱਕੋਂ ਦੀਆਂ ਔਰਤਾਂ ਵੱਲੋਂ ਸਾਵਣ ਮਹੀਨੇ ਦਾ ਪਵਿੱਤਰ ਤਿਉਹਾਰ 'ਤੀਆਂ' ਹੋਟਲ ਰੋਯਲ ਪਲਾਜ਼ਾ ਹੁਸ਼ਿਆਰਪੁਰ ਵਿਖੇ ਬੜੀ ਹੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਰੰਗਾ-ਰੰਗ ਸਮਾਗਮ ਦਾ ਆਯੋਜਨ ਪਿੰਡ ਕੱਕੋਂ ਦੀ ਸਰਪੰਚ ਸ੍ਰੀਮਤੀ ਅਨੀਤਾ ਰਾਣੀ ਵੱਲੋਂ ਵਿਸ਼ੇਸ਼ ਤੌਰ 'ਤੇ ਕਰਵਾਇਆ ਗਿਆ। ਸਮਾਗਮ ਦੌਰਾਨ ਅਰੋੜਾ ਕਲੋਨੀ ਦੀਆਂ ਔਰਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।



ਇਸ ਮੌਕੇ ਪੰਜਾਬੀ ਸੱਭਿਆਚਾਰ ਦਾ ਸੁਮੇਲ ਦੇਖਣ ਨੂੰ ਮਿਲਿਆ, ਜਿੱਥੇ ਔਰਤਾਂ ਅਤੇ ਮੁਟਿਆਰਾਂ ਨੇ ਪਰੰਪਰਾਗਤ ਪੁਸ਼ਾਕਾਂ ਪਹਿਨ ਕੇ ਵੱਖ-ਵੱਖ ਪ੍ਰਕਾਰ ਦੀਆਂ ਖੇਡਾਂ, ਲੋਕ-ਗੀਤਾਂ ਅਤੇ ਰਵਾਇਤੀ ਗੀਤਾਂ ਦਾ ਭਰਪੂਰ ਆਨੰਦ ਮਾਣਿਆ। ਸਮਾਗਮ ਦੇ ਅਖੀਰ ਵਿੱਚ ਔਰਤਾਂ ਵੱਲੋਂ ਢੋਲ ਦੀ ਥਾਪ 'ਤੇ ਗਿੱਧਾ ਪਾ ਕੇ ਸਮਾਂ ਬੰਨ੍ਹ ਦਿੱਤਾ। ਸਰਪੰਚ ਸ੍ਰੀਮਤੀ ਅਨੀਤਾ ਰਾਣੀ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਆਯੋਜਨ ਸਾਡੇ ਅਮੀਰ ਵਿਰਸੇ ਨੂੰ ਜਿਊਂਦਾ ਰੱਖਣ ਅਤੇ ਆਪਸੀ ਸਾਂਝ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ। ਸਮਾਗਮ ਦੇ ਅੰਤ ਵਿੱਚ ਸਭ ਲਈ ਵਿਸ਼ੇਸ਼ ਖਾਣ-ਪੀਣ ਦਾ ਪ੍ਰਬੰਧ ਵੀ ਕੀਤਾ ਗਿਆ। ਇਸ ਮੌਕੇ ਰਾਜ ਚਾਵਲਾ, ਅੰਜੂ ਗੁਪਤਾ, ਅਨੀਤਾ ਰਾਣੀ, ਰਾਜ ਸਿੱਧੂ, ਰਾਜ, ਸ਼ਬਨਮ ਕੁਮਾਰੀ, ਗੁਰਵਿੰਦਰ ਕੌਰ, ਅੰਜੂ ਸ਼ਰਮਾ, ਰਿਧਿਮਾ ਸ਼ਰਮਾ, ਸੋਨਿਕਾ ਤਿਵਾੜੀ, ਜੋਤੀ, ਮੋਨਿਕਾ ਦੱਤਾ, ਰਿਤਿਕਾ ਭਾਰਦਵਾਜ, ਅਨੀਤਾ ਰਾਣੀ, ਯੁਵਿਕਾ, ਭਾਵਿਕਾ, ਪੂਨਮ, ਈਸ਼ਾ, ਲਵਲੀ ਅਨੂ, ਪ੍ਰਿਯਾ, ਕੋਮਲ, ਰੰਜਨਾ, ਸੁਨੀਤਾ, ਰੂਚੀ ਆਦਿ ਵੀ ਮੌਜੂਦ ਸਨ।

## ਇਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ 'ਪ੍ਰਤਿਭਾ ਮੰਚ' ਟੈਲੇਂਟ ਹੰਟ-2026 ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**-ਇਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀ ਕਲਚਰਲ ਕਮੇਟੀ ਨੇ ਸਾਰੇ ਵਰਗਾਂ ਦੇ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਦੇ ਨਿੱਘਾ ਸਵਾਗਤ ਕਰਨ ਅਤੇ ਉਨ੍ਹਾਂ ਦੀਆਂ ਅੰਦਰੂਨੀ ਯੋਗਤਾਵਾਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਜੀਵੰਤ ਪਲੇਟਫਾਰਮ ਪ੍ਰਦਾਨ ਕਰਨ ਲਈ ਬਹੁਤ-ਉਮੀਦ ਕੀਤੇ 'ਪ੍ਰਤੀਭਾ ਮੰਚ' ਟੈਲੇਂਟ ਹੰਟ-2026 ਦਾ ਸਫਲਤਾਪੂਰਵਕ ਆਯੋਜਨ ਕੀਤਾ। ਇਸ ਸਮਾਗਮ ਵਿੱਚ ਕਲਾ ਅਤੇ ਸ਼ਿਲਪਕਾਰੀ, ਸਾਹਿਤਕ ਯਤਨਾਂ ਅਤੇ ਦਿਲਚਸਪ ਗਤੀਵਿਧੀਆਂ ਵਰਗੀਆਂ ਸ਼੍ਰੇਣੀਆਂ ਦੇ ਤਹਿਤ ਪ੍ਰਦਰਸ਼ਨਾਂ ਅਤੇ ਮੁਕਾਬਲਿਆਂ ਦੀ ਇੱਕ ਵਿਭਿੰਨ ਸ਼੍ਰੇਣੀ ਪੇਸ਼ ਕੀਤੀ ਗਈ, ਜਿਸ ਨੇ ਨਵੇਂ ਵਿਦਿਆਰਥੀਆਂ ਦੇ ਉਤਸ਼ਾਹ ਅਤੇ ਸਿਰਜਣਾਤਮਕਤਾ ਨੂੰ ਉਜਾਗਰ ਕੀਤਾ। ਡਾ. ਗਗਨਦੀਪ ਕੌਰ ਧੰਜੂ, ਡਾਇਰੈਕਟਰ (ਅਕਾਦਮਿਕ) ਤੇ ਰਾਹੁਲ ਜੈਨ, ਡਾਇਰੈਕਟਰ (ਓਪਰੇਸ਼ਨ) ਨੇ ਆਪਣੀ ਮੌਜੂਦਗੀ ਨਾਲ ਸਮਾਗਮ ਨੂੰ ਸ਼ੋਭਾ ਦਿੱਤੀ ਤੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ। ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਦੀ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ



ਦਰਜ ਕੀਤੀ। ਗਰੁੱਪ ਡਾਂਸ ਮੁਕਾਬਲੇ ਵਿੱਚ ਐਮ ਐਲ ਐਸ ਦੀਆਂ ਦੀਆ ਪੰਖੁੜਿਆ, ਅਨਜੰਤ ਕੌਰ, ਜਸਪ੍ਰੀਤ ਕੌਰ, ਯਿਮੀਸ਼ੀ, ਜਸਦੀਪ ਕੌਰ ਅਤੇ ਪ੍ਰਭਲੀਨ ਕੌਰ ਨੇ ਆਪਣੇ ਸ਼ਾਨਦਾਰ ਪੇਸ਼ਕਾਰੀ ਨਾਲ ਮੁਕਾਬਲਾ ਆਪਣੇ ਨਾਮ ਕੀਤਾ। ਕਾਜਲ ਨੇ ਆਪਣੀ ਸੁਰੀਲੀ ਅਤੇ ਮਧੁਰ ਆਵਾਜ਼ ਨਾਲ ਸੋਲੋ ਸਿੰਗਿੰਗ ਮੁਕਾਬਲੇ ਵਿੱਚ ਜਿੱਤ ਹਾਸਲ ਕੀਤੀ। ਡਰਾਇੰਗ ਤੇ ਵਿਸ਼ਨਵਰ ਸਾਇੰਸ ਐਕਸਪੀਰੀਅੰਸ ਗਤੀਵਿਧੀ ਵਿੱਚ ਐਮ ਐਲ ਐਸ ਦੀ ਅਮਿਤ ਗਤੀਵਿਧੀ ਅਤੇ ਸਮਰ ਨੇ ਆਪਣੀ ਵਿਗਿਆਨਕ ਜਿਗਿਆਸਾ ਅਤੇ ਪ੍ਰਯੋਗਾਤਮਕ ਕੌਸ਼ਲ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜਿੱਤ ਦਰਜ ਕੀਤੀ। ਅਬਦੁਲ ਸਮਦ ਨੇ ਸੋਲੋ ਡਾਂਸ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਬੀ ਕਾਮ ਦੀ ਨਿਹਾਰਿਕਾ ਅਤੇ ਪ੍ਰਭਜੋਤ ਨੇ ਡੂਇਟ ਡਾਂਸ ਮੁਕਾਬਲੇ ਵਿੱਚ ਜਿੱਤ ਹਾਸਲ ਕੀਤੀ। ਬੀ ਕਾਮ ਦੀ ਨਿਹਾਰਿਕਾ ਨੇ ਆਪਣੀ ਰਚਨਾਤਮਕਤਾ ਅਤੇ ਸ਼ਾਨਦਾਰ ਅਭਿਵਿਅਕਤੀ ਨਾਲ ਕਵਿਤਾ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਸਿਮਰਨਜੀਤ ਕੌਰ ਨੇ ਭਾਸ਼ਣ ਮੁਕਾਬਲੇ ਵਿੱਚ ਜਿੱਤ ਪ੍ਰਾਪਤ ਕੀਤੀ। ਫਾਸਟੈਸਟ ਫਿੰਗਰ ਫਸਟ ਮੁਕਾਬਲੇ ਵਿੱਚ ਜਸਦੀਪ ਕੌਰ ਨੇ ਆਪਣੀ ਤੇਜ਼ ਸੋਚ ਅਤੇ ਸਹੀ ਜਵਾਬ ਦੇਣ ਦੀ ਕਾਬਲੀਅਤ ਨਾਲ ਜਿੱਤ ਹਾਸਲ ਕੀਤੀ। ਸਕੈਵੇਂਜਰ ਹੰਟ ਮੁਕਾਬਲਾ ਬੀ ਬੀ ਏ ਦੀ ਉਤਸ਼ਾਹੀ ਟੀਮ ਨੇ ਜਿੱਤਿਆ, ਜਿਸ ਵਿੱਚ ਮੁਸਕਾਨ ਧੀਮਾਨ, ਦਿਲਪ੍ਰੀਤ ਕੌਰ, ਅਰਸ਼ਦੀਪ ਕੌਰ, ਸੁਪ੍ਰੀਤ ਕੌਰ, ਸੁਖਮੀਤ ਕੌਰ ਅਤੇ ਰਾਹੁਲ ਸ਼ਾਮਲ ਸਨ। ਐਮ ਬੀ ਏ ਦੀ ਮਹਿਕ ਭਾਗੀ ਨੇ ਆਪਣੀ ਰਚਨਾਤਮਕਤਾ ਅਤੇ ਕਲਾਤਮਕ ਹੁਨਰ ਨਾਲ ਓਰਿਗਾਮੀ ਆਰਟ ਮੁਕਾਬਲੇ ਵਿੱਚ ਜਿੱਤ ਹਾਸਲ ਕੀਤੀ, ਜਦਕਿ ਐਮ ਐਲ ਐਸ ਦੀ ਮੈਸੀ ਨੇ ਆਪਣੀ ਸ਼ਾਨਦਾਰ ਕਲਾਤਮਕ ਕਾਬਲੀਅਤ ਨਾਲ ਮਹਿੰਦੀ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।

## ਕਮਲਜੀਤ ਬੰਗਾ ਤੇ ਬਿਮਲਾ ਬੰਗਾ ਵੱਲੋਂ ਕਾਂਗਰਸੀ ਵਰਕਰਾਂ ਦਾ ਧੰਨਵਾਦ



**ਬੰਗਾ (ਅਵਤਾਰ ਕਲੇਰ)**-ਬੀਤੇ ਦਿਨੀਂ ਬਲਾਚੌਰ ਵਿਖੇ ਕਾਂਗਰਸ ਪਾਰਟੀ ਵੱਲੋਂ ਜ਼ਿਲ੍ਹਾ ਪੱਧਰੀ ਰੈਲੀ ਕੀਤੀ ਗਈ। ਇਸ ਰੈਲੀ ਵਿੱਚ ਜ਼ਿਲ੍ਹੇ ਭਰ ਤੋਂ ਖਾਸ ਕਰਕੇ ਬੰਗਾ ਹਲਕੇ ਤੋਂ ਵੱਡੀ ਗਿਣਤੀ 'ਚ ਪਾਰਟੀ ਆਗੂ ਅਤੇ ਵਰਕਰ ਸ਼ਾਮਲ ਹੋਏ। ਇਸ ਰੈਲੀ 'ਚ ਬੰਗਾ ਹਲਕੇ ਤੋਂ ਪਾਰਟੀ ਵਰਕਰਾਂ ਦੇ ਵੱਡੀ ਗਿਣਤੀ 'ਚ ਪਹੁੰਚਣ ਲਈ ਬਹੁਤ ਬਹੁਤ ਧੰਨਵਾਦ ਕਰਦੇ ਹਾਂ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਿਸਾਨ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਕਮਲਜੀਤ ਬੰਗਾ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਅਤੇ ਮੈਡਮ ਬਿਮਲਾ ਬੰਗਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਨੇ ਪੱਤਰਕਾਰਾਂ ਨਾਲ ਕੀਤਾ। ਕਮਲਜੀਤ ਬੰਗਾ ਨੇ ਕਿਹਾ ਕਿ ਆਉਣ ਵਾਲੀ ਸਰਕਾਰ ਕਾਂਗਰਸ ਪਾਰਟੀ ਦੀ ਹੋਵੇਗੀ। ਪੰਜਾਬ ਵਿੱਚ ਕਾਂਗਰਸ ਸਰਕਾਰ ਬਣਾਉਣ ਲਈ ਐਸ ਸੀ ਭਾਈਚਾਰਾ ਅਹਿਮ ਰੋਲ ਨਿਭਾਵੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਤ ਹੋਈ ਹੈ। ਪੰਜਾਬ ਵਿੱਚ ਕਨੂੰਨ ਵਿਵਸਥਾ ਪੂਰੀ ਤਰ੍ਹਾਂ ਵਿਗੜੀ ਹੋਈ ਹੈ। ਇਸ ਮੌਕੇ ਕਮਲਜੀਤ ਬੰਗਾ, ਬਿਮਲਾ ਬੰਗਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਹਰਭਜਨ ਸਿੰਘ ਭਰੋਲੀ, ਸਾਬਾ ਮਾਂਗਟ, ਸੁਰਿੰਦਰ ਕੁਮਾਰ, ਰਾਜ ਕੁਮਾਰ, ਰਾਜੂ ਢੱਢਾ, ਸੁਰਿੰਦਰ ਪਾਲ ਜਗਿਆਲੀ ਸਰਪੰਚ, ਪ੍ਰੇਮ ਚੰਦ ਮਹੋਲੀ, ਮੱਖਣ ਸਿੰਘ ਪੀਪਾ ਰੰਗੀ, ਹਾਕਮ ਚੰਦ, ਬਲਜਿੰਦਰ ਸਿੰਘ, ਮਨਦੀਪ ਸਿੰਘ, ਧਰਮ ਪਾਲ, ਬਿੱਟੂ ਬੰਗਾ, ਭੁਪਿੰਦਰ ਸਿੰਘ, ਰਣਜੀਤ ਕੁਮਾਰ, ਸੁਖਵਿੰਦਰ ਸਿੰਘ, ਬਿੱਲਾ ਗਿੱਲ, ਗੋਪੀ ਗਿੱਲ, ਗੁਰਦੀਪ ਪੰਚ, ਨਰਿੰਦਰ ਕੁਮਾਰ, ਕਮਲਜੀਤ ਬਾਬਾ, ਰਣਜੀਤ ਸਿੰਘ ਅਤੇ ਕਾਂਗਰਸੀ ਵਰਕਰ ਹਾਜ਼ਰ ਸਨ।

## ਆਜ਼ਾਦੀ ਦਿਹਾੜੇ 'ਤੇ ਡਾ. ਰਵਜੋਤ ਸਿੰਘ ਲਹਿਰਾਉਣਗੇ ਕੌਮੀ ਝੰਡਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**-ਪੰਜਾਬ ਦੇ ਸਥਾਨਕ ਸਰਕਾਰਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ 80ਵੇਂ ਆਜ਼ਾਦੀ ਦਿਹਾੜੇ ਮੌਕੇ ਸਥਾਨਕ ਪੁਲਿਸ ਲਾਈਨ ਵਿਖੇ ਹੋਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣਗੇ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਪੁਲਿਸ ਲਾਈਨ ਵਿਖੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਤਿਆਰੀਆਂ ਅਤੇ ਪ੍ਰਬੰਧਾਂ ਬਾਰੇ ਵਿਚਾਰਾਂ ਕਰਦਿਆਂ ਕਿਹਾ ਕਿ ਸਾਰਿਆਂ ਨੂੰ ਆਜ਼ਾਦੀ ਦਿਹਾੜੇ ਦੇ ਸਮਾਗਮ ਵਿੱਚ ਪੂਰੇ ਉਤਸ਼ਾਹ ਨਾਲ ਸ਼ਿਰਕਤ ਕਰਨੀ ਚਾਹੀਦੀ ਹੈ।



ਉਨ੍ਹਾਂ ਕਿਹਾ ਕਿ ਲੋੜੀਂਦੀਆਂ ਤਿਆਰੀਆਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਜ਼ਿਲ੍ਹਾ ਪੱਧਰੀ ਸਮਾਗਮ ਦੇਸ਼ ਭਗਤੀ ਦੇ ਜਜ਼ਬੇ ਅਤੇ ਜੋਸ਼ ਨਾਲ ਮਨਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਵੱਖ-ਵੱਖ ਟੁਕੜੀਆਂ ਵੱਲੋਂ ਪਰੇਡ ਵਿਚ ਸ਼ਾਮਲ ਹੋ ਕੇ ਮਾਰਚ ਪਾਸਟ ਕੀਤਾ ਜਾਵੇਗਾ ਅਤੇ ਵੱਖ-ਵੱਖ ਵਿਭਾਗਾਂ ਦੀਆਂ ਝਾਕੀਆਂ ਵੱਲੋਂ ਆਪਣੀਆਂ ਪ੍ਰਾਪਤੀਆਂ ਦੀ ਪੇਸ਼ਕਾਰੀ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਪੁਲਿਸ ਅਧਿਕਾਰੀਆਂ ਨੂੰ ਟਰੈਫਿਕ ਅਤੇ ਸੁਰੱਖਿਆ ਦੇ ਲੋੜੀਂਦੇ ਪ੍ਰਬੰਧ ਅਮਲ ਵਿਚ ਲਿਆਉਣ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਸ਼ਹਿਰ ਵਿਚ ਸਫਾਈ ਅਤੇ ਸਾਫ਼-ਸਫ਼ਾਈ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ 13 ਅਗਸਤ ਨੂੰ ਫੁੱਲ ਡਰੈਸ ਰਿਹਰਸਲ ਹੋਵੇਗੀ ਜਿਸ ਦੀਆਂ ਤਿਆਰੀਆਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾਵੇ। ਸਮਾਗਮ ਦੌਰਾਨ ਵੱਖ-ਵੱਖ ਸਕੂਲੀ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤਾਂ 'ਤੇ ਆਧਾਰਤ ਕੋਰੀਓਗ੍ਰਾਫੀ ਪੇਸ਼ ਕੀਤੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਰਾਕੇਸ਼ ਕੁਮਾਰ ਮੀਣਾ, ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਵੱਲੋਂ ਉਦਯੋਗਿਕ ਓਰੀਐਂਟੇਸ਼ਨ ਤੇ ਮਾਹਰ ਸੈਸ਼ਨਾਂ ਦਾ ਆਯੋਜਨ

**ਆਦਮਪੁਰ (ਪਰਮਜੀਤ ਸਿੰਘ)**- ਸੰਤਾਂ ਦੇ ਆਸ਼ੀਰਵਾਦ ਸਦਕਾ ਕੁਲਪਤੀ ਸੰਤ ਮਨਮੋਹਨ ਸਿੰਘ, ਉਪ-ਕੁਲਪਤੀ ਪ੍ਰੋ. ਪਰਵਿੰਦਰ ਸਿੰਘ ਦੀ ਅਗਵਾਈ ਹੇਠ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਵੱਲੋਂ ਅਕਾਦਮਿਕ ਸਿੱਖਿਆ ਅਤੇ ਉਦਯੋਗਿਕ ਤਕਨੀਕੀ ਅਭਿਆਸ ਵਿਚਕਾਰ ਪਾੜਾ ਮਿਟਾਉਣ ਦੇ ਮਕਸਦ ਨਾਲ ਵਿਦਿਆਰਥੀਆਂ ਲਈ ਉਦਯੋਗਿਕ ਓਰੀਐਂਟੇਸ਼ਨ ਅਤੇ ਮਾਹਰ ਸੈਸ਼ਨਾਂ ਦੀ ਲੜੀ ਦਾ ਆਯੋਜਨ ਕੀਤਾ ਗਿਆ। ਟ੍ਰਾਂਸ ਨਿਊਰੋਨ ਟੈਕਨਾਲੋਜੀਜ਼ ਪ੍ਰਾਈਵੇਟ ਲਿਮਟਿਡ (ਆਈ.ਬੀ.ਐਮ. ਪਾਰਟਨਰ) ਦੇ



ਨੁਮਾਇੰਦੇ ਐਸ. ਸਰਬਜੀਤ ਸਿੰਘ ਦੁਆਰਾ ਆਈ.ਬੀ.ਐਮ. ਪਾਠਕ੍ਰਮ 'ਤੇ ਇੱਕ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ, ਜਿਸ ਨਾਲ ਵਿਦਿਆਰਥੀਆਂ ਨੂੰ ਉਦਯੋਗ-ਅਨੁਕੂਲ ਪਾਠਕ੍ਰਮ ਅਤੇ ਹੁਨਰ-ਨਿਰਮਾਣ ਦੇ ਮੌਕਿਆਂ ਬਾਰੇ ਜਾਣਕਾਰੀ ਮਿਲੀ। ਇਸ ਮੌਕੇ ਐਸ ਇਨਫੋਟੈਕ ਦੇ ਸੰਸਥਾਪਕ ਆਸ਼ਿਸ਼ ਜਲੋਟਾ ਨੇ ਆਪਣੇ ਉਦਯੋਗਿਕ ਤਜਰਬੇ ਅਤੇ ਆਈ.ਟੀ. ਖੇਤਰ ਵਿੱਚ ਉੱਭਰ ਰਹੀ ਤਕਨਾਲੋਜੀ ਤੇ ਰੁਜ਼ਗਾਰ ਦੇ ਮੌਕਿਆਂ ਬਾਰੇ ਵਿਚਾਰ ਸਾਂਝੇ ਕੀਤੇ।ਕੰਪਿਊਟਰ ਸਾਇੰਸ ਵਿਭਾਗ ਦੇ ਸਹਾਇਕ ਪ੍ਰੋਫੈਸਰ ਅਤੇ ਯੂਨੀਵਰਸਿਟੀ ਵੈੱਬਸਾਈਟ ਇੰਚਾਰਜ ਇੰਜ. ਅਰਸ਼ਦੀਪ ਸਿੰਘ ਰਾਣਾ ਨੇ (ਸਿਮ-1 ਪੋਰਟਲ) ਨਾਂ ਦੀ ਇੱਕ ਵਿਆਪਕ ਵੈੱਬਸਾਈਟ-ਕਮ-ਐਪ ਤਿਆਰ ਕੀਤੀ ਜੋ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਬਣਾਈ ਗਈ।ਇਸ ਰਾਹੀਂ ਵਿਦਿਆਰਥੀ ਸਮਾਂ-ਸਾਰਣੀ, ਯੂਨੀਵਰਸਿਟੀ ਸੈਮਰ, ਪ੍ਰੀਖਿਆ ਨਮੂਨੇ, ਪਾਠਕ੍ਰਮ ਅਤੇ ਵਿਸ਼ਾ ਅਧਿਆਪਕਾਂ ਦੇ ਵੇਰਵਿਆਂ ਤੱਕ ਆਸਾਨੀ ਨਾਲ ਪਹੁੰਚ ਕਰ ਕੇ ਕੈਂਪਸ ਜੀਵਨ ਨਾਲ ਸੁਚਾਰੂ ਰੂਪ ਵਿੱਚ ਜੁੜ ਸਕਦੇ ਹਨ।ਕਲੋਕਰ ਡ੍ਰਗਸ, ਮੋਹਾਲੀ ਦੇ ਡਾਇਰੈਕਟਰ ਅਤੇ ਸੰਸਥਾਪਕ ਗੁਰਮਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸਾਈਬਰ ਸੁਰੱਖਿਆ ਅਭਿਆਸਾਂ ਅਤੇ ਇਸ ਖੇਤਰ ਵਿੱਚ ਕਰੀਅਰ ਬਾਰੇ ਜਾਣਕਾਰੀ ਸਾਂਝੀ ਕੀਤੀ। ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਦੇ ਡੀਨ ਅਤੇ ਮੁਖੀ ਪ੍ਰੋ. (ਡਾ.) ਵਿਜੇ ਧੀਰ ਨੇ ਆਏ ਹੋਏ ਮਹਿਮਾਨਾਂ, ਪ੍ਰੋ. ਸਹਿਬਾਨ ਦੇ ਯੋਗਦਾਨ ਦੀ ਸ਼ਲਾਘਾ ਕੀਤੀ।

## ਮੰਦਰ ਦੇ ਸਾਹਮਣੇ ਠੇਕੇ ਖ਼ਿਲਾਫ਼ ਸ਼ਿਵ ਸੈਨਾ ਦਾ ਮੋਰਚਾ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**-ਮਾਤਾ ਚਿੰਤਪੁਰਨੀ ਰੋਡ ਸਥਿਤ ਪਿੰਡ ਮੈਗੋਵਾਲ ਵਿੱਚ ਹਨੂੰਮਾਨ ਮੰਦਰ ਦੇ ਸਾਹਮਣੇ ਖੁੱਲ੍ਹੇ ਸ਼ਰਾਬ ਦੇ ਠੇਕੇ ਨੂੰ ਲੈ ਕੇ ਸ਼ਿਵਸੈਨਾ ਹਿੰਦੁਸਤਾਨ ਨੇ ਆਬਕਾਰੀ ਵਿਭਾਗ ਖ਼ਿਲਾਫ਼ ਸੰਘਰਸ਼ ਦਾ ਐਲਾਨ ਕੀਤਾ ਹੈ। ਸ਼ਨੀਵਾਰ ਨੂੰ ਯੁਵਾ ਆਗੂ ਰਾਜੂ ਖੋਸਲਾ ਅਤੇ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ ਦੀ ਦੇਖ-ਰੇਖ ਹੇਠ ਹੋਈ ਮੀਟਿੰਗ ਵਿੱਚ ਪੰਜਾਬ ਯੁਵਾ ਪ੍ਰਧਾਨ ਰਾਹੁਲ ਖੰਨਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਦੌਰਾਨ ਮੰਦਰ ਦੇ ਸਾਹਮਣੇ ਸ਼ਰਾਬ ਦਾ ਠੇਕਾ ਖੋਲ੍ਹੇ ਜਾਣ ਨੂੰ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਮਾਮਲਾ ਦੱਸਦਿਆਂ ਇਸ ਨੂੰ ਹਟਾਉਣ ਦੀ ਮੰਗ ਕੀਤੀ ਗਈ।ਰਾਹੁਲ ਖੰਨਾ ਨੇ ਦੋਸ਼ ਲਗਾਇਆ ਕਿ ਮੰਦਰ ਦੇ ਸਾਹਮਣੇ ਸ਼ਰਾਬ ਦਾ ਠੇਕਾ ਚੱਲ ਰਿਹਾ ਹੈ, ਪਰ ਸ਼ਿਕਾਇਤਾਂ ਦੇ ਬਾਵਜੂਦ ਆਬਕਾਰੀ ਵਿਭਾਗ ਦੇ ਅਧਿਕਾਰੀ ਕੋਈ ਠੋਸ ਕਾਰਵਾਈ ਨਹੀਂ ਕਰ ਰਹੇ। ਉਨ੍ਹਾਂ ਕਿਹਾ ਕਿ ਸੰਗਠਨ ਦੇ ਸੂਬਾ ਉਪ ਪ੍ਰਧਾਨ ਰਾਜਿੰਦਰ ਰਾਣਾ ਪਹਿਲਾਂ ਤੋਂ ਹੀ ਠੇਕੇ ਦੇ ਵਿਰੋਧ ਵਿੱਚ ਸੰਘਰਸ਼ ਕਰ ਰਹੇ ਹਨ। ਹੁਣ ਸ਼ਿਵਸੈਨਾ ਹਿੰਦੁਸਤਾਨ ਵੱਲੋਂ ਕੱਲ੍ਹ ਤੋਂ ਠੇਕੇ ਦੇ ਬਾਹਰ ਧਰਨਾ ਸ਼ੁਰੂ ਕੀਤਾ ਜਾਵੇਗਾ। ਇਸ ਦੇ ਬਾਵਜੂਦ ਕਾਰਵਾਈ ਨਾ ਹੋਈ ਤਾਂ ਸੰਗਠਨ ਦੇ ਆਗੂ ਭੁੱਖ ਹੜਤਾਲ 'ਤੇ ਬੈਠਣਗੇ। ਮੀਟਿੰਗ ਵਿੱਚ ਸ਼ਿਵਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ ਦੀ ਸੁਰੱਖਿਆ ਬਹਾਲ ਕਰਨ ਦਾ ਮੁੱਦਾ ਵੀ ਪ੍ਰਮੁੱਖਤਾ ਨਾਲ ਉਠਾਇਆ ਗਿਆ। ਰਾਹੁਲ ਖੰਨਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪਵਨ ਗੁਪਤਾ ਦੀ ਸੁਰੱਖਿਆ ਜਲਦ ਬਹਾਲ ਕੀਤੀ ਜਾਵੇ।ਸੰਗਠਨ ਦਾ ਕਹਿਣਾ ਹੈ ਕਿ ਸੁਰੱਖਿਆ ਵਾਪਸ ਲਏ ਜਾਣ ਕਾਰਨ ਵਰਕਰਾਂ ਵਿੱਚ ਚਿੰਤਾ ਹੈ।ਮੀਟਿੰਗ ਵਿੱਚ ਯੁਵਾ ਆਗੂ ਰਾਜੂ ਖੋਸਲਾ, ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਯੁਵਾ ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਯੁਵਾ ਜ਼ਿਲ੍ਹਾ ਪ੍ਰਧਾਨ ਪੁਨੀਤ ਢੀਂਗਰਾ, ਜ਼ਿਲ੍ਹਾ ਵਾਈਸ ਚੇਅਰਮੈਨ ਸੰਜੀਵ ਖੰਨਾ, ਸਮਾਜਸੇਵੀ ਪਰਮਜੀਤ ਬਾਬੂ, ਗੁਰਨਾਮ ਸਿੰਘ ਗੋਨੀ, ਸੁਰਜੀਤ, ਬਲਰਾਮ ਸੈਣੀ ਅਤੇ ਸੀਨੀਅਰ ਸਿਟੀ ਪ੍ਰਧਾਨ ਰਾਜੀਵ ਖੰਨਾ ਸਮੇਤ ਹੋਰ ਅਹੁਦੇਦਾਰ ਮੌਜੂਦ ਰਹੇ।

## ਪੈਨਸ਼ਨਰ ਐਸੋਸੀਏਸ਼ਨ ਰਜਿਸਟਰਡ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਮੰਡਲ ਅਨੰਦਪੁਰ ਸਾਹਿਬ ਦੀ ਮੀਟਿੰਗ


**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੈਨਸ਼ਨਰ ਐਸੋਸੀਏਸ਼ਨ ਰਜਿਸਟਰਡ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਮੰਡਲ ਸ੍ਰੀ ਅਨੰਦਪੁਰ ਸਾਹਿਬ ਦੀ ਮੀਟਿੰਗ ਮੰਡਲ ਦਫ਼ਤਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੀਤੀ ਗਈ। ਜਿਸ ਵਿੱਚ ਬੁਲਾਰੇ ਸਾਥੀਆ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਤੇ ਪਾਵਰਕੌਮ ਵੱਲੋਂ ਪੈਨਸ਼ਨਰਾਂ ਤੇ ਮੁਲਾਜ਼ਮਾਂ ਦਾ 18% ਡੀ ਏ ਨਹੀਂ ਦਿੱਤਾ ਜਾ ਰਿਹਾ, ਪੈਨਸ਼ਨਰਾਂ ਦਾ 2.59 ਫੈਕਟਰ 01-01-2016 ਨਹੀਂ ਲਾਗੂ ਕੀਤਾ ਜਾ ਰਿਹਾ, 2018 ਤੋਂ ਪਹਿਲਾਂ ਰਿਟਾਇਰ ਸਾਥੀਆਂ ਨੂੰ 23 ਸਾਲਾਂ ਲਾਗੂ ਨਹੀਂ ਕੀਤਾ ਜਾ ਰਿਹਾ, ਪੁਰਾਣੀ ਪੈਨਸ਼ਨ ਸਕੀਮ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ 'ਤੇ ਲਾਗੂ ਨਹੀਂ ਕੀਤੀ ਜਾ ਰਹੀ, ਕੱਚੇ ਕਾਮੇ ਪੱਕੇ ਨਹੀਂ ਕੀਤੇ ਜਾ ਰਹੇ। ਇਸ ਤੋਂ ਇਲਾਵਾ ਪਾਵਰਕੌਮ ਦੀ ਮੈਨੇਜਮੈਂਟ ਨਾਲ ਕੀਤੇ ਸਮਝੌਤੇ



ਅਨੁਸਾਰ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ। ਜਿਸ ਸੰਬੰਧੀ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਅਤੇ ਪੰਜਾਬ ਸਰਕਾਰ ਤੇ ਬਿਜਲੀ ਬੋਰਡ ਦੀ ਮੈਨੇਜਮੈਂਟ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ। ਇਸ ਤੋਂ ਇਲਾਵਾ ਜੋ ਪੰਜਾਬ ਸਾਂਝਾ ਮੁਲਾਜ਼ਮ ਫਰੰਟ ਵੱਲੋਂ 7 ਅਗਸਤ ਨੂੰ ਸੂਬਾ ਪੱਧਰੀ ਰੈਲੀ ਕੀਤੀ ਗਈ, ਉਸ ਵਿੱਚ ਪੈਨਸ਼ਨਰ ਸਾਥੀਆਂ ਵੱਲੋਂ ਵੱਡੀ ਸ਼ਮੂਲੀਅਤ ਕੀਤੀ ਗਈ, ਜਿਸ 'ਤੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ ਅਤੇ ਆਉਣ ਵਾਲੇ ਸੰਘਰਸ਼ਾਂ ਲਈ ਤਿਆਰ ਰਹਿਣ ਲਈ ਕਿਹਾ ਗਿਆ। ਪੈਨਸ਼ਨ ਸਾਥੀਆਂ ਵੱਲੋਂ ਚੇਤਾਵਨੀ ਦਿੱਤੀ ਗਈ ਕਿ ਜੇਕਰ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਦੀ ਮੈਨੇਜਮੈਂਟ ਜਾਇਜ਼ ਮੰਗਾਂ ਦਾ ਹੱਲ ਨਹੀਂ ਕਰਦੀ ਤਾਂ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਦੀ ਮੈਨੇਜਮੈਂਟ ਵਿਰੁੱਧ ਤਿੱਖਾ ਸੰਘਰਸ਼ ਕੀਤਾ ਜਾਵੇਗਾ।ਮੀਟਿੰਗ ਦੀ ਪ੍ਰਧਾਨਗੀ ਭਾਗ ਸਿੰਘ ਭਾਓਵਾਲ ਵੱਲੋਂ ਕੀਤੀ ਗਈ। ਸਕੱਤਰ ਦੀ ਭੂਮਿਕਾ ਰਕੇਸ਼ ਬਾਲੀ ਕਲਸੇੜਾ ਵੱਲੋਂ ਕੀਤੀ ਗਈ। ਇਸ ਮੌਕੇ ਬੁਲਾਰੇ ਸਾਥੀ ਦਲਜੀਤ ਸਿੰਘ ਰਾਏਪੁਰ, ਸਤਨਾਮ ਸਿੰਘ ਭੈਣੀ, ਹਰਦੇਵ ਸਿੰਘ, ਪ੍ਰੀਤਮ ਸਿੰਘ ਰਾਏਪੁਰ, ਰੋਸ਼ਨ ਸਿੰਘ ਮੋਠਾਂਪੁਰ, ਬਲਵੰਤ ਸਿੰਘ ਅਨੰਦਪੁਰ ਸਾਹਿਬ ਆਦਿ ਨੇ ਸਾਥੀਆਂ ਨੂੰ ਸੰਬੋਧਨ ਕੀਤਾ। ਇਸ ਤੋਂ ਇਲਾਵਾ ਹੋਰ ਵੀ ਕਾਫੀ ਗਿਣਤੀ ਵਿੱਚ ਪੈਨਸ਼ਨਰ ਸਾਥੀ ਹਾਜ਼ਰ ਸਨ।

## ਇੰਗਲਿਸ਼ ਮੀਡੀਅਮ ਸਮਾਗਮ ਕਰਵਾਇਆ

**ਫਗਵਾੜਾ (ਡਾ. ਰਮਨ)**-ਸੰਤ ਨਿਰੰਕਾਰੀ ਸਤਸੰਗ ਭਵਨ ਫਗਵਾੜਾ ਵਿਖੇ ਕਪੂਰਥਲਾ ਜ਼ੋਨ ਦਾ ਇੰਗਲਿਸ਼ ਮੀਡੀਅਮ ਸਮਾਗਮ ਸ਼ਰਧਾ, ਉਤਸ਼ਾਹ ਅਤੇ ਭਗਤੀ ਭਾਵਨਾ ਨਾਲ ਆਯੋਜਿਤ ਕੀਤਾ ਗਿਆ। ਸਮਾਗਮ ਦੌਰਾਨ ਵੱਖ-ਵੱਖ ਉਮਰ ਵਰਗਾਂ ਦੇ ਬੱਚਿਆਂ, ਨੌਜਵਾਨਾਂ ਅਤੇ ਵੱਡਿਆਂ ਨੇ ਉਤਸ਼ਾਹਪੂਰਵਕ ਭਾਗ ਲਿਆ ਅਤੇ ਸਤਿਗੁਰੂ ਦੇ ਸੰਦੇਸ਼ ਨੂੰ ਆਪਣੀਆਂ ਪੇਸ਼ਕਾਰੀਆਂ ਰਾਹੀਂ ਬਹੁਤ ਹੀ ਸੁੰਦਰ ਢੰਗ ਨਾਲ ਪੇਸ਼ ਕੀਤਾ।ਇਸ ਮੌਕੇ ਚੰਡੀਗੜ੍ਹ ਤੋਂ ਪਧਾਰੇ ਨਰਲੇਪ ਸਿੰਘ ਨੇ ਆਪਣੇ ਪ੍ਰਵਚਨਾਂ ਵਿੱਚ ਪਰਮ ਪੂਜਯ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦਾ ਧੰਨਵਾਦ ਕਰਦਿਆਂ ਕਿਹਾ ਕਿ




ਸਤਿਗੁਰੂ ਦੀ ਅਸੀਮ ਕਿਰਪਾ ਅਤੇ ਦਿਵਯ ਆਸ਼ੀਰਵਾਦ ਸਦਕਾ ਇਸ ਆਨੰਦਮਈ ਪ੍ਰੋਗਰਾਮ ਨੂੰ ਸਰਵਣ ਕਰਨ ਅਤੇ ਅਧਿਆਤਮਿਕ ਆਨੰਦ ਪ੍ਰਾਪਤ ਕਰਨ ਦਾ ਸੁਭਾਗ ਮਿਲਿਆ ਹੈ।ਉਨ੍ਹਾਂ ਨੇ ਸਮਾਗਮ ਵਿੱਚ ਭਾਗ ਲੈਣ ਵਾਲੇ ਸਾਰੇ ਸਹਿਭਾਗੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚਿਆਂ ਤੋਂ ਲੈ ਕੇ ਵੱਡਿਆਂ ਤੱਕ ਹਰ ਵਰਗ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਸਾਰੇ ਸਹਿਭਾਗੀਆਂ ਨੇ ਭਗਤੀ ਦੇ ਵੱਖ-ਵੱਖ ਪੱਖਾਂ ਨੂੰ ਆਪਣੀਆਂ ਪੇਸ਼ਕਾਰੀਆਂ ਰਾਹੀਂ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਹਰ ਪੇਸ਼ਕਾਰੀ ਵਿੱਚ ਨਵੀਂ ਸੋਚ, ਵਿਭਿੰਨਤਾ ਅਤੇ ਗਹਿਰਾਈ ਦੇਖਣ ਨੂੰ ਮਿਲੀ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਇਸ ਗੱਲ ਦੀ ਪ੍ਰਸ਼ੰਸਾ ਕੀਤੀ ਕਿ ਕਿਸੇ ਵੀ ਸਹਿਭਾਗੀ ਨੇ ਆਪਣੀ ਪੇਸ਼ਕਾਰੀ ਦੌਰਾਨ ਮੋਬਾਈਲ ਫੋਨ ਦਾ ਸਹਾਰਾ ਨਹੀਂ ਲਿਆ। ਸਾਰਿਆਂ ਨੇ ਪੂਰੀ ਤਿਆਰੀ, ਆਤਮ-ਵਿਸ਼ਵਾਸ ਅਤੇ ਸਮਰਪਣ ਨਾਲ ਮੰਚ ਉੱਤੇ ਆਪਣੇ ਵਿਚਾਰ ਪੇਸ਼ ਕੀਤੇ।ਆਪਣੇ ਵਿਚਾਰਾਂ ਨੂੰ ਅੱਗੇ ਵਧਾਉਂਦਿਆਂ ਉਨ੍ਹਾਂ ਕਿਹਾ ਕਿ ਦਾਸ ਦੇ ਜੀਵਨ ਵਿੱਚ ਜੇ ਕੁਝ ਹੈ ਤਾਂ ਉਹ ਕੇਵਲ ਸਤਿਗੁਰੂ ਦੀ ਕਿਰਪਾ ਹੈ। ਉਨ੍ਹਾਂ ਇੱਕ ਸੁੰਦਰ ਵਿਚਾਰ ਸਾਂਝਾ ਕਰਦਿਆਂ ਕਿਹਾ ਕਿ ਮਨੁੱਖ ਉਸ ਸਮੇਂ ਸੱਚਾ ਇਨਸਾਨ ਬਣਦਾ ਹੈ ਜਦੋਂ ਉਹ ਆਪਣੀਆਂ ਗਲਤੀਆਂ ਨੂੰ ਪਛਾਣਨਾ ਸ਼ੁਰੂ ਕਰਦਾ ਹੈ ਅਤੇ ਉਨ੍ਹਾਂ ਨੂੰ ਸੁਧਾਰਨ ਲਈ ਯਤਨਸ਼ੀਲ ਹੁੰਦਾ ਹੈ।

## 'ਵਰਸਿਟੀ ਕਾਲਜ ਦੇ ਕਾਮਰਸ ਵਿਭਾਗ ਦਾ ਸ਼ਾਨਦਾਰ ਨਤੀਜਾ

**ਫਿਲੌਰ (ਨਿਰਮਲ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਦੇ ਕਾਮਰਸ ਵਿਭਾਗ ਦੇ ਐਮ.ਕਾਮ. ਚੌਥੇ ਸਮੈਸਟਰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਕਾਰਗੁਜ਼ਾਰੀ ਦਾ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਂਅ ਰੌਸ਼ਨ ਕੀਤਾ। ਯੂਨੀਵਰਸਿਟੀ ਵੱਲੋਂ ਐਲਾਨੇ



ਨਤੀਜਿਆਂ ਵਿੱਚ ਸੁਮਨ ਨੇ 7.42 ਸੀ.ਜੀ.ਪੀ.ਏ. ਹਾਸਲ ਕਰਕੇ ਕਾਲਜ ਪੱਧਰ 'ਤੇ ਪਹਿਲਾ, ਪਾਹੁਲਪ੍ਰੀਤ ਸਿੰਘ ਨੇ 6.53 ਸੀ.ਜੀ.ਪੀ.ਏ. ਨਾਲ ਦੂਜਾ ਅਤੇ ਕਰਨ ਰਾਜ ਨੇ 6.52 ਸੀ.ਜੀ.ਪੀ.ਏ. ਨਾਲ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਕਾਲਜ ਦੇ ਓ.ਐੱਸ.ਡੀ. ਡਾ. ਰਾਜਵਿੰਦਰ ਕੌਰ ਹੁੰਦਲ ਨੇ ਸਫਲ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਸਫਲਤਾ ਉਨ੍ਹਾਂ ਦੀ ਮਿਹਨਤ, ਲਗਨ, ਅਨੁਸ਼ਾਸਨ ਅਤੇ ਨਿਰੰਤਰ ਯਤਨਾਂ ਦਾ ਨਤੀਜਾ ਹੈ ।ਓ.ਐੱਸ.ਡੀ. ਡਾ. ਹੁੰਦਲ ਨੇ ਕਾਮਰਸ ਵਿਭਾਗ ਦੇ ਅਧਿਆਪਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਸਹੀ ਮਾਰਗਦਰਸ਼ਨ, ਵਿਸ਼ੇ ਨਾਲ ਸੰਬੰਧਤ ਗਿਆਨ ਅਤੇ ਨਿਰੰਤਰ ਸਹਿਯੋਗ ਪ੍ਰਦਾਨ ਕੀਤਾ ਜਾਂਦਾ ਹੈ। ਅਧਿਆਪਕਾਂ ਦੀ ਮਿਹਨਤ ਅਤੇ ਵਿਦਿਆਰਥੀਆਂ ਦੀ ਲਗਨ ਦੇ ਸਾਂਝੇ ਯਤਨਾਂ ਸਦਕਾ ਵਿਦਿਆਰਥੀ ਅਕਾਦਮਿਕ ਖੇਤਰ ਵਿੱਚ ਨਵੀਆਂ ਉਚਾਈਆਂ ਹਾਸਲ ਕਰ ਰਹੇ ਹਨ।

## ਪੋਸਟਰ ਮੇਕਿੰਗ ਮੁਕਾਬਲੇ ਕਰਵਾਏ

**ਗੁਰਾਇਆ (ਬਿੰਦਰ ਸੁਮਨ)**- ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ, ਗੋਰਾਇਆ ਦੇ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਅਤੇ ਰਚਨਾਤਮਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਹੋਦਿਆ ਜਲੰਧਰ ਇੰਟਰ ਸਕੂਲ



ਪੋਸਟਰ ਮੇਕਿੰਗ ਮੁਕਾਬਲੇ ਵਿੱਚ ਸਕੂਲ ਦਾ ਨਾਂਅ ਰੌਸ਼ਨ ਕੀਤਾ।ਇਹ ਮੁਕਾਬਲਾ ਸੰਤ ਪ੍ਰਾਨਪਾਲ ਸਿੰਘ ਕਾਨਵੈਂਟ ਸਕੂਲ ਭੋਗਪੁਰ ਵਿਖੇ ਆਯੋਜਿਤ ਕੀਤਾ ਗਿਆ, ਜਿਸ ਵਿੱਚ ਕੁੱਲ 43 ਟੀਮਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੁਕਾਬਲੇ ਵਿੱਚ ਕਲਾਸ ਅੱਠਵੀਂ ਦੇ ਵਿਦਿਆਰਥੀਆਂ ਅਗ੍ਰਿਆ ਅਤੇ ਸੁਵ੍ਰਤ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤੀਜਾ ਸਥਾਨ ਹਾਸਲ ਕੀਤਾ। ਵਿਦਿਆਰਥੀਆਂ ਨੇ ਆਪਣੀ ਕਲਾਤਮਕ ਪ੍ਰਤਿਭਾ, ਰਚਨਾਤਮਕ ਸੋਚ ਅਤੇ ਪ੍ਰਭਾਵਸ਼ਾਲੀ ਪੇਸ਼ਕਾਰੀ ਨਾਲ ਜੱਜਾਂ ਨੂੰ ਪ੍ਰਭਾਵਿਤ ਕੀਤਾ।ਇਸ ਉਪਲਬਧੀ ਦਾ ਸਿਹਰਾ ਵਿਦਿਆਰਥੀਆਂ ਦੀ ਮਿਹਨਤ ਅਤੇ ਸਮਰਪਣ ਦੇ ਨਾਲ-ਨਾਲ ਸਕੂਲ ਦੀ ਕਲਾ ਅਧਿਆਪਕਾ ਜਸਵਿੰਦਰ ਦੇ ਕੁਸ਼ਲ ਮਾਰਗਦਰਸ਼ਨ ਅਤੇ ਨਿਰੰਤਰ ਪ੍ਰੇਰਣਾ ਨੂੰ ਜਾਂਦਾ ਹੈ।ਸਕੂਲ ਦੀ ਪ੍ਰਿੰਸੀਪਲ ਆਰਤੀ ਸੋਬਤੀ ਨੇ ਜੇਤੂ ਵਿਦਿਆਰਥੀਆਂ ਨੂੰ ਹਾਰਦਿਕ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਰਚਨਾਤਮਕ ਸਮਰੱਥਾ ਨੂੰ ਨਿਖਾਰਨ ਅਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਨ ਦਾ ਇੱਕ ਸਸ਼ਕਤ ਮਾਧਿਅਮ ਹਨ। ਉਨ੍ਹਾਂ ਨੇ ਜਸਵਿੰਦਰ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਉਨ੍ਹਾਂ ਦੇ ਨਿਰੰਤਰ ਸਹਿਯੋਗ ਅਤੇ ਪ੍ਰੋਤਸਾਹਨ ਲਈ ਵਧਾਈ ਦਿੱਤੀ।

## ਬਰਕਤ ਹਵੇਲੀ ਬਕਾਪੁਰ ਵਿਖੇ ਮਨਾਇਆ ਤੀਆਂ ਦਾ ਤਿਉਹਾਰ

**ਫ਼ਿਲੌਰ (ਨਿਰਮਲ)**-ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨਾਲ ਜੁੜੇ ਤੀਆਂ ਦੇ ਤਿਉਹਾਰ ਨੂੰ ਸਮਰਪਤ ਵਿਸ਼ੇਸ਼ ਸਮਾਗਮ ਬਰਕਤ ਹਵੇਲੀ ਬਕਾਪੁਰ ਵਿਖੇ ਹਰਦੀਪ ਕੌਰ ਸ਼ੇਰਗਿੱਲ ਦੀ ਅਗਵਾਈ ਹੇਠ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਮੁਟਿਆਰਾਂ ਅਤੇ ਔਰਤਾਂ ਨੇ ਪੰਜਾਬੀ ਪਹਿਰਾਵੇ ਵਿੱਚ ਸਜ-ਧਜ ਕੇ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ



ਪੰਜਾਬੀ ਸੱਭਿਆਚਾਰ ਦੀਆਂ ਰਵਾਇਤੀ ਝਲਕੀਆਂ ਪੇਸ਼ ਕੀਤੀਆਂ। ਸਮਾਗਮ ਦੌਰਾਨ ਗਿੱਧਾ, ਬੋਲੀਆਂ ਅਤੇ ਲੋਕ ਗੀਤਾਂ ਦੀਆਂ ਪੇਸ਼ਕਾਰੀਆਂ ਨੇ ਮਾਹੌਲ ਨੂੰ ਰੰਗੀਨ ਬਣਾ ਦਿੱਤਾ। ਇਸ ਮੌਕੇ ਪੁਰਾਤਨ ਪੰਜਾਬੀ ਰਵਾਇਤਾਂ ਨੂੰ ਦਰਸਾਉਂਦੀਆਂ ਵੱਖ-ਵੱਖ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਇਸ ਮੌਕੇ ਜਸਵਿੰਦਰ ਕੌਰ, ਮਧੂ ਸ਼ਰਮਾ, ਸੀਮਾ ਆਂਚਲ, ਕੰਚਨ, ਰੀਨਾ, ਸੋਨਾ, ਕੁਲਵਿੰਦਰ ਕੌਰ ਕਲਸੀ ਹਾਜ਼ਰ ਔਰਤਾਂ ਨੇ ਤੀਆਂ ਦੇ ਤਿਉਹਾਰ ਨਾਲ ਜੁੜੀਆਂ ਪੁਰਾਣੀਆਂ ਯਾਦਾਂ ਅਤੇ ਪੰਜਾਬੀ ਵਿਰਸੇ ਨੂੰ ਸਾਂਝਾ ਕਰਦਿਆਂ ਖੁਸ਼ੀ ਦਾ ਪ੍ਰਗਟਾਵਾ ਕੀਤਾ।ਸਮਾਗਮ ਦੇ ਪ੍ਰਬੰਧਕ ਡਾਕਟਰ ਸਤਵਰਗ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਤੀਆਂ ਦਾ ਤਿਉਹਾਰ ਪੰਜਾਬੀ ਸੱਭਿਆਚਾਰ ਦੀ ਅਮੀਰ ਵਿਰਾਸਤ ਦਾ ਅਹਿਮ ਹਿੱਸਾ ਹੈ। ਇਸ ਮੌਕੇ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਔਰਤਾਂ ਅਤੇ ਮੁਟਿਆਰਾਂ ਨੇ ਰਵਾਇਤੀ ਪੰਜਾਬੀ ਗੀਤਾਂ 'ਤੇ ਗਿੱਧਾ ਪਾ ਕੇ ਤੀਆਂ ਦੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।

## ਬਾਬਾ ਸੁਖਵਿੰਦਰ ਕੌਰ ਤੇ ਗ੍ਰਾਮ ਪੰਚਾਇਤ ਵੱਡੀ ਗਿਣਤੀ 'ਚ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



**ਆਦਮਪੁਰ (ਪਰਮਜੀਤ ਸਿੰਘ)**- ਪਿੰਡ ਕੋਟਲੀ ਅਰਾਈਆਂ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ ਜਦੋਂ ਬਾਬਾ ਸੁਖਵਿੰਦਰ ਕੌਰ ਅਤੇ ਪਿੰਡ ਦੀ ਪੰਚਾਇਤ ਸਮੇਤ ਕਾਂਗਰਸ ਨਾਲ ਜੁੜੇ ਵੱਡੀ ਗਿਣਤੀ ਵਿੱਚ ਸਾਥੀਆਂ ਨੇ ਕਾਂਗਰਸ ਨੂੰ ਛੱਡ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ।ਇਸ ਮੌਕੇ ਸਰਪੰਚ ਮਨਜੀਤ ਕੌਰ, ਰਾਮ ਚੰਦ, ਮੁਖਤਿਆਰ ਸਿੰਘ, ਸ਼ਾਦੀ ਲਾਲ ਪੰਚ, ਸੋਹਣ ਲਾਲ ਪੰਚ, ਪਰਮਜੀਤ ਕੌਰ ਪੰਚ ਸਮੇਤ ਹੋਰ ਸਾਥੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਹਰਕੀਤ ਸਿੰਘ ਨਿੱਝਰ ਹਲਕਾ ਕੋਆਰਡੀਨੇਟਰ ਕਿਸਾਨ ਵਿੰਗ ਅਤੇ ਲਖਵੀਰ ਸਿੰਘ ਹਜ਼ਾਰਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਕਿਸਾਨ ਵਿੰਗ ਬਲਾਕ ਪ੍ਰਧਾਨ ਲਖਵੀਰ ਸਿੰਘ ਸਾਰੋਬਾਦ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਨਵੇਂ ਸ਼ਾਮਲ ਹੋਏ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਪਿੰਡਾਂ ਵਿੱਚ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਤ ਹੋ ਕੇ ਲੋਕ ਲਗਾਤਾਰ ਪਾਰਟੀ ਨਾਲ ਜੁੜ ਰਹੇ ਹਨ। ਪਾਰਟੀ ਆਗੂਆਂ ਵੱਲੋਂ ਨਵੇਂ ਸਾਥੀਆਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿੱਤਾ ਗਿਆ ਅਤੇ ਆਉਣ ਵਾਲੇ ਸਮੇਂ ਵਿੱਚ ਪਿੰਡ ਦੇ ਵਿਕਾਸ ਲਈ ਮਿਲਜੁਲ ਕੇ ਕੰਮ ਕਰਨ ਦਾ ਸੱਦਾ ਦਿੱਤਾ ਗਿਆ। ਕੋਟਲੀ ਅਰਾਈਆਂ ਵਿੱਚ ਹੋਈ ਇਹ ਸ਼ਮੂਲੀਅਤ ਆਮ ਆਦਮੀ ਪਾਰਟੀ ਲਈ ਸਥਾਨਕ ਪੱਧਰ 'ਤੇ ਇੱਕ ਹੋਰ ਮਜ਼ਬੂਤੀ ਵਜੋਂ ਦੇਖੀ ਜਾ ਰਹੀ ਹੈ।

## ਪੰਜਾਬੀ ਸਾਹਿਤ ਚੇਤਨਾ ਮੰਚ ਬੰਗਾ ਵੱਲੋਂ ਰੂਬਰੂ ਸਮਾਗਮ

**ਬੰਗਾ (ਅਵਤਾਰ ਕਲੇਰ)**-ਪੰਜਾਬੀ ਸਾਹਿਤ ਚੇਤਨਾ ਮੰਚ ਬੰਗਾ ਵੱਲੋਂ ਸ਼ਹੀਦ ਭਗਤ ਸਿੰਘ ਕਾਲਜ ਵਿਖੇ ਰੂਬਰੂ ਸਮਾਗਮ ਕਰਵਾਇਆ ਗਿਆ। ਜਿਸ ਦੀ ਪ੍ਰਧਾਨਗੀ ਡਾ ਸੋਮਾ ਸਭਲੋਕ ਵੱਲੋਂ ਕੀਤੀ ਗਈ। ਇਸ ਸਮਾਗਮ ਵਿੱਚ ਗੁਰਪ੍ਰੀਤ ਸਿੰਘ ਪਸ਼ੌਰੀਆ ਨੂੰ ਦਰਸ਼ਕਾਂ ਦੇ ਰੂਬਰੂ ਕਰਵਾਇਆ ਗਿਆ। ਜਿਹੜੇ ਕਿ ਇਤਿਹਾਸਕ, ਪੁਰਾਤੱਤਵ, ਵਿਰਾਸਤੀ ਇਮਾਰਤਾਂ ਬਾਰੇ ਖੋਜ ਯਾਤਰਾਵਾਂ ਕਰਦੇ ਰਹਿੰਦੇ ਹਨ । ਉਨ੍ਹਾਂ ਆਪਣੇ ਖੋਜ ਸਫਰ ਬਾਰੇ ਦਿਲਚਸਪ ਤਜਰਬੇ ਸਾਂਝੇ ਕੀਤੇ । ਉਨ੍ਹਾਂ ਕਿਹਾ ਕਿ ਮਨਮੋਹਨ ਸਿੰਘ ਬਾਵਾ ਦੇ ਸਫਰਨਾਮਿਆਂ ਤੋਂ ਪ੍ਰਭਾਵਤ ਹੋ ਕੇ ਇਹ ਖੇਤਰ



ਚੁਣਿਆ ਹੈ। ਕਿਸੇ ਵੀ ਇਲਾਕੇ ਵਿੱਚ ਯਾਤਰਾ ਕਰਦੇ ਸਮੇਂ ਸਹੀ ਜਾਣਕਾਰੀ ਲੈਣ ਲਈ ਆਮ ਲੋਕਾਂ ਨੂੰ ਮਿਲਣਾ ਜ਼ਰੂਰੀ ਹੈ । ਉਨ੍ਹਾਂ ਵਲੋਂ ਸਾਥੀਆਂ ਨਾਲ ਮਿਲ ਕੇ ਘੁਮੱਕੜਨਾਮਾ ਰਸਾਲੇ ਦੀ ਸ਼ੁਰੂਆਤ ਵੀ ਕੀਤੀ ਗਈ ਹੈ। ਜਿਸ ਵਿੱਚ ਸੈਰ ਸਫਰ ਨਾਲ ਸੰਬੰਧਤ ਸਾਹਿਤ ਛਾਪਿਆ ਜਾਂਦਾ ਹੈ। ਉਨ੍ਹਾ ਪਿੰਡ ਪਿਪਲਾਂਤਰੀ (ਰਾਜਸਥਾਨ) ਦਾ ਵਿਸ਼ੇਸ਼ ਜ਼ਿਕਰ ਵੀ ਕੀਤਾ, ਜਿੱਥੇ ਕੁੜੀ ਪੈਦਾ ਹੋਣ 'ਤੇ 111 ਰੁੱਖ ਲਾਏ ਜਾਂਦੇ ਹਨ। ਜਿਸ ਦਾ ਸਿੱਟਾ ਉਹ ਪਿੰਡ ਮਾਰੂਥਲ ਵਿੱਚ ਨਖਲਿਸਤਾਨ ਬਣ ਚੁੱਕਾ ਹੈ। ਉਨ੍ਹਾਂ ਦੇ ਸੈਰ ਸਫਰ ਸੰਬੰਧੀ ਚਰਚਾ ਵਿੱਚ ਪ੍ਰਿੰਸੀਪਲ ਹਰਭਜਨ ਸਿੰਘ ਕਰਨਾਣਾ (ਭਾਰਤ ਵਿਭੂਬਣ), ਗੁਰਦੀਪ ਸੈਣੀ, ਪ੍ਰੋ. ਹਰਜਿੰਦਰ ਗਾਥਲ, ਗੁਰਨਾਮ ਬਾਵਾ ਨਾਵਲਕਾਰ, ਪ੍ਰੋ. ਸਾਹਿਬਾਂ ਜੀਟਨ ਕੌਰ, ਲੈਕਚਰਾਰ ਸਾਗ ਸੁੰਦਰ ਆਦਿ ਨੇ ਹਿੱਸਾ ਲਿਆ।ਗੁਰਪ੍ਰੀਤ ਖਿਸਰੀਆ ਵਲੋਂ ਸਵਾਲਾਂ ਦੇ ਜਵਾਬ ਦਿੱਤੇ ਗਏ। ਸੁਰੇਸ਼ ਚੌਹਾਨ ਕਰਨਾਣਾ ਨੇ ਸਭ ਨੂੰ ਸਮੇਂ ਨੂੰ ਅਹਿਮੀਅਤ ਦੇਣ ਦੀ ਅਪੀਲ ਕੀਤੀ । ਇਨ੍ਹਾਂ ਤੋਂ ਇਲਾਵਾ ਕਲਵਿੰਦਰ ਕੁੱਲਾ, ਸੁਖਦੇਵ ਗੱਚਵਾਂ, ਦੀਪ ਜਗਤਪੁਰੀ, ਮਾਸਟਰ ਸੁੱਚਾ ਰਾਮ, ਅਮਰਜੀਤ ਅਮਰੀ (ਪਾਲ ਕਦੀਮ), ਗੁਰਦੀਪ ਸਿੰਘ ਮੁਕੱਦਮ, ਵਿਨੇ ਸ਼ਰਮਾ, ਗਗਨ ਜੋਸ਼ੀ, ਆਨੰਦ ਬਾਲਿਆਂਵਾਲੀ, ਸੁਖਜਿੰਦਰ ਖੋਖਰ, ਗੁਰਮੀਤ ਸੇਖੂਵਾਲ, ਗਗਨ ਆਦਿ ਨੇ ਸ਼ਮੂਲੀਅਤ ਕੀਤੀ । ਇਸ ਮੌਕੇ ਸੈਥੀ ਰਾਣਾ, ਮੈਡਮ ਰਜਨੀ ਸ਼ਰਮਾ, ਰਣਜੀਤ ਬੋਸੀ, ਹਰਜਿੰਦਰ ਜਿੰਦੀ ਆਦਿ ਨੇ ਆਪਣੀਆਂ ਭਾਵਪੂਰਕ ਰਚਨਾਵਾਂ ਪੇਸ਼ ਕੀਤੀਆਂ। ਡਾ ਸੋਮਾ ਸਭਲੋਕ ਨੇ ਧੰਨਵਾਦੀ ਸ਼ਬਦ ਬੋਲਦਿਆਂ ਕਿਹਾ ਅਜੇ ਮੰਚ ਦੀ ਸ਼ੁਰੂਆਤ ਹੀ ਹੈ । ਐਪਰ ਹਰ ਮੀਟਿੰਗ ਇੱਕ ਸਮਾਗਮ ਦਾ ਰੂਪ ਧਾਰ ਜਾਂਦੀ ਹੈ । ਸਮਾਗਮ ਦੀ ਸਮੁੱਚੀ ਕਾਰਵਾਈ ਇੰਜੀ. ਜਸਵੀਰ ਸਿੰਘ ਖੱਤੋਂ ਵੱਲੋਂ ਨਿਭਾਈ ਗਈ।

## ਕਾਹਲਵਾਂ ਦੋਨਾ ਦੇ ਸੰਨਿਆਸ ਆਸ਼ਰਮ ਵਿਖੇ ਸਲਾਨਾ ਗੁਰੂ ਪੂੰਨਿਆ ਮੇਲੇ ਦੀ ਸਫਲਤਾ ਉਪਰੰਤ ਇੱਕ ਵਿਸ਼ੇਸ਼ ਮੀਟਿੰਗ



**ਜਲੰਧਰ (ਲਖਵਿੰਦਰ ਸਿੰਘ ਆਧੀ)**- ਪਿੰਡ ਕਾਹਲਵਾਂ ਦੋਨਾ ਵਖੇ ਸਥਿਤ 'ਸੰਨਿਆਸ ਆਸ਼ਰਮ' ਵਿਖੇ ਸਰਵ ਸਮਰੱਥ ਸਦਗੁਰੂਦੇਵ ਮਹਾਂ ਮੰਡਲੇਸ਼ਵਰ ਸ਼੍ਰੀ ਸ਼੍ਰੀ 1008 ਸਵਾਮੀ ਪਰਕਾਸ਼ਾ ਨੰਦ ਮਹਾਰਾਜ ਦੇ ਅਸ਼ੀਰਵਾਦ ਅਤੇ ਸਵਾਮੀ ਪੂਰਨਾ ਨੰਦ ਜੀ ਤੇ ਸਵਾਮੀ ਪ੍ਰਦੀਪਾ ਨੰਦ ਮਹਾਰਾਜ ਦੀ ਰਹਿਨੁਮਾਈ ਹੇਠ ਮਣਾਏ ਗਏ ਸਲਾਨਾ ਗੁਰੂ ਪੂੰਨਿਆ ਮੇਲੇ ਦੀ ਸਫਲਤਾ ਉਪਰੰਤ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੇਲੇ ਦੌਰਾਨ ਨਿਸ਼ਕਾਮ ਸੇਵਾ ਨਿਭਾਉਣ ਵਾਲੇ ਸਮੂਹ ਸੇਵਾਦਾਰਾਂ ਨੂੰ ਸਿਰੋਪੇ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਆਸ਼ਰਮ ਵਿਖੇ ਸੰਨਿਆਸ ਆਸ਼ਰਮ ਸੇਵਾ ਸੰਮਤੀ ਦੇ ਪ੍ਰਧਾਨ ਲਾਭ ਚੰਦ ਥਿਗਲੀ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਪਿੰਡ ਦੇ ਸਰਪੰਚ ਬਲਵਿੰਦਰ ਸਿੰਘ ਬਲੱਗਣ, ਪ੍ਰਸਿੱਧ ਲੇਖਕ ਅਤੇ ਸਾਬਕਾ ਸਰਪੰਚ ਕੁਲਵੰਤ ਰਾਏ ਭੱਲਾ ਅਤੇ ਆਸ਼ਰਮ ਦੇ ਸਮੂਹ ਸੇਵਾਦਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਵਿਚਾਰ-ਚਰਚਾ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਗੁਰੂ ਪੂੰਨਿਆ ਮੇਲਾ ਸਿਰਫ਼ ਇੱਕ ਧਾਰਮਿਕ ਸਮਾਗਮ ਨਹੀਂ, ਬਲਕਿ ਸ਼ਰਧਾ, ਸੇਵਾ, ਸੰਗਤ ਅਤੇ ਮਨੁੱਖਤਾ ਦੇ ਸਾਂਝੇ ਰੰਗਾਂ ਵਿੱਚ ਰੰਗਿਆ ਇੱਕ ਮਹਾਂਉਤਸਵ ਹੈ। ਮੇਲੇ ਵਿੱਚ ਸੇਵਾਦਾਰਾਂ ਨੇ ਲੰਗਰ ਅਤੇ ਹੋਰ ਪ੍ਰਬੰਧਾਂ ਵਿੱਚ ਤਨਦੇਹੀ ਨਾਲ ਸੇਵਾ ਨਿਭਾਈ। ਮੀਟਿੰਗ ਦੌਰਾਨ ਮਾਘੀ ਮੇਲੇ ਦੀਆਂ ਤਿਆਰੀਆਂ ਦੀ ਰੂਪ-ਰੇਖਾ ਵੀ ਉਲੀਕੀ ਗਈ। ਇਸ ਦੌਰਾਨ ਸਰਵਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਮਾਘੀ ਮੇਲੇ ਮੌਕੇ ਨਵੀਂ ਪੀੜ੍ਹੀ ਅਤੇ ਬੱਚਿਆਂ ਨੂੰ ਰਵਾਇਤੀ ਖੇਡਾਂ ਨਾਲ ਜੋੜਨ ਲਈ ਬੱਚਿਆਂ ਦੀਆਂ ਗੱਦਿਆਂ 'ਤੇ ਕੁਸ਼ਤੀਆਂ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਵਿਸ਼ੇਸ਼ ਦੰਗਲ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਰਪੰਚ ਸੇਵਾ ਸਿੰਘ ਬਡਿਆਲ ਨੂੰ ਦੰਗਲ ਦਾ ਇੰਚਾਰਜ ਨਿਯੁਕਤ ਕੀਤਾ ਗਿਆ। ਉਪਰੰਤ ਸਮੂਹ ਹਾਜ਼ਰੀਨ ਨੇ ਬਰਾਬਰੀ ਅਤੇ ਸਾਂਝ ਦੇ ਪ੍ਰਤੀਕ ਪੰਗਤ ਵਿੱਚ ਬੈਠ ਕੇ ਲੰਗਰ ਛਕਿਆ।

## ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰਤਵ ਅਭਿਆਨ ਤਹਿਤ ਗਰਭਵਤੀ ਔਰਤਾਂ ਦੀ ਕੀਤੀ ਵਿਸ਼ੇਸ਼ ਜਾਂਚ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਸਿਹਤ ਵਿਭਾਗ ਪੰਜਾਬ ਵੱਲੋਂ ਸਿਵਲ ਸਰਜਨ ਰੂਪਨਗਰ ਡਾ. ਬੌਬੀ ਗੁਲਾਟੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਦੇ ਸੀਨੀਅਰ ਮੈਡੀਕਲ ਅਫਸਰ ਡਾ. ਹਰਿੰਦਰ ਸਿੰਘ ਦੀ ਅਗਵਾਈ ਹੇਠ ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰਤਵ ਅਭਿਆਨ ਤਹਿਤ ਵਿਸ਼ੇਸ਼ ਸਿਹਤ ਜਾਂਚ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਗਰਭਵਤੀ ਔਰਤਾਂ ਦੀ ਡਾਕਟਰੀ ਜਾਂਚ ਕਰਕੇ ਉਨ੍ਹਾਂ ਨੂੰ ਗਰਭ ਅਵਸਥਾ ਦੌਰਾਨ ਲੋੜੀਂਦੀਆਂ ਸਿਹਤ ਸੇਵਾਵਾਂ ਅਤੇ ਸਾਵਧਾਨੀਆਂ ਸਬੰਧੀ ਜਾਣਕਾਰੀ ਦਿੱਤੀ ਗਈ।ਔਰਤਾਂ ਦੇ ਰੋਗਾਂ ਦੇ ਮਾਹਿਰ ਡਾ. ਸੁਨੈਨਾ ਗੁਪਤਾ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰਤਵ ਅਭਿਆਨ ਤਹਿਤ ਹਰ ਮਹੀਨੇ ਦੀ 9 ਤਾਰੀਖ਼ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿਖੇ ਗਰਭਵਤੀ ਔਰਤਾਂ ਦੀ ਵਿਸ਼ੇਸ਼ ਜਾਂਚ ਕੀਤੀ ਜਾਂਦੀ ਹੈ। ਇਸ ਦੌਰਾਨ ਬਲੱਡ ਪ੍ਰੈਸ਼ਰ, ਖ਼ੂਨ, ਭਾਰ, ਸ਼ੂਗਰ ਸਮੇਤ ਹੋਰ ਜ਼ਰੂਰੀ ਜਾਂਚਾਂ ਕੀਤੀਆਂ ਜਾਂਦੀਆਂ ਹਨ। ਲੋੜ ਅਨੁਸਾਰ ਮਾਹਿਰ ਡਾਕਟਰਾਂ ਵੱਲੋਂ ਸਲਾਹ, ਇਲਾਜ ਅਤੇ ਜ਼ਰੂਰੀ ਦਵਾਈਆਂ ਵੀ ਮੁਹੱਈਆ ਕਰਵਾਈਆਂ ਜਾਂਦੀਆਂ ਹਨ।ਡਾ. ਸੁਨੈਨਾ ਗੁਪਤਾ ਨੇ ਕਿਹਾ ਕਿ ਗਰਭ ਅਵਸਥਾ ਦੌਰਾਨ ਨਿਯਮਤ ਸਿਹਤ ਜਾਂਚ ਮਾਂ ਅਤੇ ਬੱਚੇ ਦੋਵਾਂ ਦੀ ਸਿਹਤ ਲਈ ਬੇਹੱਦ ਮਹੱਤਵਪੂਰਨ ਹੈ। ਹਾਈ ਬਲੱਡ ਪ੍ਰੈਸ਼ਰ, ਅਨੀਮੀਆ, ਸ਼ੂਗਰ ਅਤੇ ਹੋਰ ਉੱਚ-ਖ਼ਤਰੇ ਵਾਲੀਆਂ ਸਥਿਤੀਆਂ ਦੀ ਸਮੇਂ ਸਿਰ ਪਛਾਣ ਹੋਣ ਨਾਲ ਸੰਭਾਵਿਤ ਜਟਿਲਤਾਵਾਂ ਤੋਂ ਬਚਾਅ ਕੀਤਾ ਜਾ ਸਕਦਾ ਹੈ ਅਤੇ ਮਾਂ ਤੇ ਬੱਚੇ ਦੀ ਸੁਰੱਖਿਆ ਲਈ ਸਮੇਂ ਸਿਰ ਲੋੜੀਂਦੇ ਕਦਮ ਚੁੱਕੇ ਜਾ ਸਕਦੇ ਹਨ।ਸਿਹਤ ਵਿਭਾਗ ਵੱਲੋਂ ਗਰਭਵਤੀ ਔਰਤਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਅਪੀਲ ਕੀਤੀ ਗਈ ਕਿ ਉਹ ਹਰ ਮਹੀਨੇ ਦੀ 9 ਤਾਰੀਖ ਨੂੰ ਨੇੜੇ ਦੀ ਸਰਕਾਰੀ ਸਿਹਤ ਸੰਸਥਾ ਵਿਖੇ ਪਹੁੰਚ ਕੇ ਆਪਣੀ ਗਰਭ ਅਵਸਥਾ ਦੀ ਜਾਂਚ ਜ਼ਰੂਰ ਕਰਵਾਉਣ ਅਤੇ ਡਾਕਟਰਾਂ ਵੱਲੋਂ ਦਿੱਤੀਆਂ ਸਿਹਤ ਸਬੰਧੀ ਹਦਾਇਤਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਨ। ਇਸ ਮੌਕੇ ਡਾ. ਅਪਰਾਜਿਤਾ ਧਰਮਾਣੀ, ਸੀਮਾ ਦੇਵੀ ਐਲ.ਐਚ.ਵੀ., ਕੁਲਵਿੰਦਰ ਕੌਰ ਏ.ਐਨ.ਐਮ. ਅਤੇ ਸਮੂਹ ਆਸ਼ਾ ਵਰਕਰ ਵੀ ਹਾਜ਼ਰ ਸਨ ।

## ਕਵੀ ਦਰਬਾਰ ਅੱਜ



**ਚੰਡੀਗੜ੍ਹ (ਸੁਰਜੀਤ ਸੁਮਨ)**- ਚੰਡੀਗੜ੍ਹ ਸਾਹਿਤ ਅਕਾਦਮੀ ਵੱਲੋਂ 80ਵੇਂ ਆਜ਼ਾਦੀ ਦਿਵਸ ਦੇ ਮੌਕੇ 12 ਅਗਸਤ ਨੂੰ ਬਾਅਦ ਦੁਪਹਿਰ 3.30 ਵਜੇ ਰਾਣੀ ਲਕਸ਼ਮੀ ਬਾਈ ਭਵਨ ਸੈਕਟਰ 38 ਸੀ ਚੰਡੀਗੜ੍ਹ ਦੇ ਆਡੀਟੋਰੀਅਮ ਵਿਚ ਪੰਜ ਭਾਸ਼ਾਈ ਕਵੀ ਦਰਬਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਅਕਾਦਮੀ ਦੇ ਚੇਅਰਮੈਨ ਡਾ. ਮਨਮੋਹਨ ਨੇ ਕਿਹਾ ਕਿ ਇਸ ਕਵੀ ਦਰਬਾਰ ਵਿਚ ਹਿੰਦੀ, ਉਰਦੂ, ਪੰਜਾਬੀ, ਸੰਸਕ੍ਰਿਤ ਤੇ ਅੰਗਰੇਜ਼ੀ ਭਾਸ਼ਾਵਾਂ ਵਿਚ ਕਵੀ ਆਪਣੀਆਂ ਰਚਨਾਵਾਂ ਸੁਣਾਉਣਗੇ। ਉਹਨਾਂ ਕਿਹਾ ਕਿ ਇਹ ਰਚਨਾਵਾਂ ਦੇਸ਼ ਭਗਤੀ, ਸਮਾਜਿਕ ਸਰੋਕਾਰਾਂ ਅਤੇ ਸਮਕਾਲੀ ਵਿਸ਼ਿਆਂ ਨਾਲ ਸੰਬੰਧਿਤ ਹੋਣਗੀਆਂ। ਉਹਨਾਂ ਹੋਰ ਕਿਹਾ ਕਿ ਇਸ ਸਮਾਗਮ ਵਿਚ ਮੁਕੇਸ਼ ਆਲਮ, ਸ਼ਮਸ਼ ਤਬਰੇਜ਼ੀ, ਵਿਜੈ ਕਪੂਰ, ਜਗਦੀਪ ਸਿੱਧੂ, ਸੁਮੀਤ ਮਦਾਨ, ਸਵਰਨਜੀਤ ਸਵੀ, ਸ਼ਮਸ਼ੇਰ ਸਾਹਿਲ, ਰਾਮ ਕੁਮਾਰ, ਸੰਦੀਪ ਸ਼ਰਮਾ, ਸੰਦੀਪ ਸਿੰਘ, ਮਨਜੀਤ ਪੁਰੀ, ਸਨੀ ਕਬੀਰ, ਮੱਖਣ ਮਾਨ, ਮਹੇਸ਼ਵਰ ਸਿੰਘ, ਅਰਸ਼ ਬਿੰਦੂ, ਮਨਜੀਤ ਪਾਲ ਸਿੰਘ, ਤੇਜਿੰਦਰ ਅਦਾ ਆਦਿ ਨਾਮਵਰ ਕਵੀ ਸ਼ਮੂਲੀਅਤ ਕਰਨਗੇ।

## ਲਾਇਲਪੁਰ ਖ਼ਾਲਸਾ ਕਾਲਜ ਆਰਮੀ ਵਿੰਗ ਵੱਲੋਂ ਐੱਨ ਸੀ ਸੀ ਕੈਡਿਟਾਂ ਦੇ ਨਵੇਂ ਬੈਚ ਦੀ ਭਰਤੀ



**ਜਲੰਧਰ (ਸ਼ੈਲੀ ਐਲਬਰਟ)**-ਲਾਇਲਪੁਰ ਖ਼ਾਲਸਾ ਕਾਲਜ ਦੇ ਨੈਸ਼ਨਲ ਕੈਡਿਟ ਕੋਰ (ਐੱਨ.ਸੀ.ਸੀ.) ਆਰਮੀ ਵਿੰਗ ਵੱਲੋਂ ਅਕਾਦਮਿਕ ਸੈਸ਼ਨ 2026-27 ਲਈ ਨਵੇਂ ਕੈਡਿਟਾਂ ਦੀ ਭਰਤੀ ਮੁਹਿੰਮ ਕਰਵਾਈ ਗਈ। ਇਹ ਭਰਤੀ 2 ਪੰਜਾਬ ਐੱਨ.ਸੀ.ਸੀ. ਬਟਾਲੀਅਨ ਜਲੰਧਰ ਦੇ ਅਧੀਨ ਕਰਵਾਈ ਗਈ। ਇਸ ਮੌਕੇ ਨਵੇਂ ਕੈਡਿਟਾਂ ਦੀ ਚੋਣ ਲਈ ਕਈ ਪੜਾਵਾਂ ਵਿੱਚ ਪ੍ਰਕਿਰਿਆ ਪੂਰੀ ਕੀਤੀ ਗਈ। ਇਸ ਦੌਰਾਨ ਵਿਦਿਆਰਥੀਆਂ ਦੀ ਸਰੀਰਕ ਤੰਦਰੁਸਤੀ, ਮਾਨਸਿਕ ਚੁਸਤੀ ਅਤੇ ਆਮ ਯੋਗਤਾ ਦੀ ਜਾਂਚ ਕੀਤੀ ਗਈ। ਪੂਰੀ ਭਰਤੀ ਪ੍ਰਕਿਰਿਆ ਦੀ ਨਿਗਰਾਨੀ ਕਾਲਜ ਦੇ ਐੱਨ.ਸੀ.ਸੀ. ਇੰਚਾਰਜ ਡਾ. ਕਰਨਬੀਰ ਸਿੰਘ ਨੇ ਕੀਤੀ । ਇਸ ਟੀਮ ਵਿੱਚ ਨਾਇਬ ਸੂਬੇਦਾਰ ਸਤਪਾਲ ਸਿੰਘ ਅਤੇ ਹਵਲਦਾਰ ਮੁਕੇਸ਼ ਕੁਮਾਰ ਸ਼ਾਮਲ ਸਨ। ਉਨ੍ਹਾਂ ਦੀ ਅਗਵਾਈ ਅਤੇ ਸਹਿਯੋਗ ਨਾਲ ਪੂਰੀ ਚੋਣ ਪ੍ਰਕਿਰਿਆ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਸੰਪੰਨ ਹੋਈ।ਭਰਤੀ ਦੇ ਦਿਨ ਕਾਲਜ ਕੈਂਪਸ ਵਿੱਚ ਵਿਦਿਆਰਥੀਆਂ ਵਿੱਚ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ। ਪਹਿਲੇ ਸਾਲ ਦੇ ਵਿਦਿਆਰਥੀ ਆਪਣੇ ਨਾਮ ਦਰਜ ਕਰਵਾਉਣ ਲਈ ਕਤਾਰਾਂ ਵਿੱਚ ਖੜ੍ਹੇ ਰਹੇ। ਨਵੇਂ ਚੁਣੇ ਗਏ ਕੈਡਿਟਾਂ ਨੂੰ ਵਧਾਈ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਡਾ.ਗੁਰਪਾਲ ਸਿੰਘ ਸੰਧੂ ਨੇ ਕਿਹਾ ਕਿ ਐੱਨ.ਸੀ.ਸੀ. ਵਿਦਿਆਰਥੀਆਂ ਦੀ ਨਿੱਜੀ ਅਤੇ ਪੇਸ਼ੇਵਰ ਜ਼ਿੰਦਗੀ ਨੂੰ ਬਿਹਤਰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਆਪਣੇ ਸੰਦੇਸ਼ ਵਿੱਚ ਡਾ. ਸੰਧੂ ਨੇ ਕਿਹਾ ਲਾਇਲਪੁਰ ਖਾਲਸਾ ਕਾਲਜ ਵਿੱਚ ਅਸੀਂ ਹਮੇਸ਼ਾ ਆਪਣੇ ਵਿਦਿਆਰਥੀਆਂ ਨੂੰ ਐੱਨ.ਸੀ.ਸੀ. ਦੀਆਂ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਉਤਸ਼ਾਹਿਤ ਕਰਦੇ ਹਾਂ, ਤਾਂ ਜੋ ਉਹ ਆਪਣੇ ਆਪ ਨੂੰ ਭਵਿੱਖ ਦੇ ਜ਼ਿੰਮੇਵਾਰ ਅਤੇ ਆਤਮ-ਵਿਸ਼ਵਾਸੀ ਨਾਗਰਿਕ ਵਜੋਂ ਤਿਆਰ ਕਰ ਸਕਣ।

## ਪਰਲ ਪੀੜਤ 27 ਸਤੰਬਰ ਨੂੰ ਲੁਧਿਆਣਾ 'ਚ ਕਰਨਗੇ ਵਿਸ਼ਾਲ ਰੋਸ ਮੁਜ਼ਾਹਰਾ : ਡਾ. ਪਰਮਜੀਤ ਸਿੰਘ

**ਫਗਵਾੜਾ (ਡਾ. ਰਮਨ )**-ਪਰਲ ਕੰਪਨੀ ਵਿੱਚ ਆਪਣੀ ਜ਼ਿੰਦਗੀ ਭਰ ਦੀ ਕਮਾਈ ਨਿਵੇਸ਼ ਕਰਕੇ ਪੈਸਾ ਗੁਆ ਚੁੱਕੇ ਨਿਵੇਸ਼ਕਾਂ ਦੇ ਮਸਲੇ ਨੂੰ ਲੈ ਕੇ ਇਨਸਾਫ਼ ਦੀ ਆਵਾਜ਼ ਜਥੇਬੰਦੀ ਵੱਲੋਂ 27 ਸਤੰਬਰ ਨੂੰ ਲੁਧਿਆਣਾ ਵਿਖੇ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ। ਇਸ ਸੰਬੰਧੀ ਜਥੇਬੰਦੀ ਦੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਤੇ ਜਲੰਧਰ ਇਕਾਈ ਦੀ ਸਾਂਝੀ ਮੀਟਿੰਗ ਦੁਆਬੇ ਦੇ ਪਿੰਡ ਵਿਰਕਾਂ ਵਿਖੇ ਹੋਈ, ਜਿਸ ਵਿੱਚ ਕਰੀਬ



100 ਪਰਲ ਨਿਵੇਸ਼ਕਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੀ ਪ੍ਰਧਾਨਗੀ ਪੰਜਾਬ ਸਟੇਟ ਦੇ ਵਿੱਤ ਸਕੱਤਰ ਅਤੇ ਦੁਆਬਾ ਜ਼ੋਨ ਦੇ ਇੰਚਾਰਜ ਗੁਰਦੀਪ ਸਿੰਘ ਝਿੱਕਾ ਅਤੇ ਜ਼ਿਲ੍ਹਾ ਕਪੂਰਥਲਾ ਪ੍ਰਧਾਨ ਡਾ. ਪਰਮਜੀਤ ਸਿੰਘ ਫਗਵਾੜਾ ਵਲੋਂ ਸਾਂਝੇ ਤੌਰ 'ਤੇ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਦੀਪ ਸਿੰਘ ਝਿੱਕਾ, ਡਾ. ਪਰਮਜੀਤ ਸਿੰਘ ਫਗਵਾੜਾ, ਅਮਰੀਕ ਸਿੰਘ ਪਠਲਾਵਾ, ਡਾ. ਕੁਲਦੀਪ ਰਾਜ ਬੰਗਾ ਅਤੇ ਸਟੇਟ ਕਮੇਟੀ ਮੈਂਬਰ ਲੈਕਚਰਾਰ ਤਰਸੇਮ ਪਠਲਾਵਾ ਨੇ ਕਿਹਾ ਕਿ ਨਿਵੇਸ਼ਕਾਂ ਨੂੰ ਉਨ੍ਹਾਂ ਦੀ ਪੂਰੀ ਰਕਮ ਵਾਪਸ ਮਿਲਣੀ ਚਾਹੀਦੀ ਹੈ। ਬੁਲਾਰਿਆਂ ਨੇ ਕਿਹਾ ਕਿ ਲੋਢਾ ਕਮੇਟੀ ਵੱਲੋਂ ਨਿਵੇਸ਼ਕਾਂ ਦੇ ਖਾਤਿਆਂ ਵਿੱਚ ਆਨਲਾਈਨ ਭੁਗਤਾਨ ਕੀਤਾ ਜਾ ਰਿਹਾ ਹੈ, ਪਰ ਨਿਵੇਸ਼ਕਾਂ ਨੂੰ ਬਿਨਾਂ ਵਿਆਜ ਰਕਮ ਵਾਪਸ ਕੀਤੇ ਜਾਣ ਨਾਲ ਉਨ੍ਹਾਂ ਵਿੱਚ ਰੋਸ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਹਰ ਨਿਵੇਸ਼ਕ ਦੀ ਰਕਮ ਵਾਪਸ ਨਹੀਂ ਹੁੰਦੀ, ਜਥੇਬੰਦੀ ਵੱਲੋਂ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਡਾ. ਪਰਮਜੀਤ ਸਿੰਘ ਫਗਵਾੜਾ ਨੇ ਕਿਹਾ ਕਿ ਜਥੇਬੰਦੀ ਵੱਲੋਂ ਕੇਂਦਰ ਸਰਕਾਰ 'ਤੇ ਲਗਾਤਾਰ ਦਬਾਅ ਬਣਾਇਆ ਜਾ ਰਿਹਾ ਹੈ ਤਾਂ ਜੋ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪਰਲ ਪੀੜਤਾਂ ਦੀ ਰਕਮ ਉਨ੍ਹਾਂ ਦੇ ਖਾਤਿਆਂ ਵਿੱਚ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਪੀੜਤਾਂ ਦਾ ਪੈਸਾ ਜਲਦ ਵਾਪਸ ਨਾ ਕੀਤਾ ਤਾਂ ਆਉਣ ਵਾਲੀਆਂ ਚੋਣਾਂ ਵਿੱਚ ਸਰਕਾਰਾਂ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ। ਗੁਰਦੀਪ ਸਿੰਘ ਝਿੱਕਾ ਨੇ ਨਿਵੇਸ਼ਕਾਂ ਨੂੰ ਜਥੇਬੰਦੀ ਨਾਲ ਵੱਧ ਤੋਂ ਵੱਧ ਜੁੜਨ ਦੀ ਅਪੀਲ ਕਰਦਿਆਂ ਕਿਹਾ ਕਿ ਆਨਲਾਈਨ ਮੈਂਬਰ ਬਣ ਕੇ ਵੀ ਜਥੇਬੰਦੀ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਡਾ. ਕੁਲਦੀਪ ਰਾਜ ਬੰਗਾ ਨੇ ਪੋਰਟਲ ਰਾਹੀਂ ਮੈਂਬਰਸ਼ਿਪ ਅਤੇ ਪਾਲਿਸੀਆਂ ਅਪਲੋਡ ਕਰਨ ਸੰਬੰਧੀ ਜਾਣਕਾਰੀ ਦਿੱਤੀ। ਅਖੀਰ ਵਿੱਚ ਡਾ. ਪਰਮਜੀਤ ਸਿੰਘ ਫਗਵਾੜਾ ਅਤੇ ਗੁਰਦੀਪ ਸਿੰਘ ਝਿੱਕਾ ਨੇ ਨਿਵੇਸ਼ਕਾਂ ਨੂੰ 27 ਸਤੰਬਰ ਨੂੰ ਲੁਧਿਆਣਾ ਵਿਖੇ ਹੋਣ ਵਾਲੀ ਵਿਸ਼ਾਲ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਕੁਲਵੀਰ ਸਿੰਘ ਕਲਿਆਣ, ਬਿਮਲਾ ਦੇਵੀ ਚੱਕ ਹਕੀਮ, ਸੱਤਿਆ ਦੇਵੀ ਖਾਟੀ, ਡਾ. ਕੁਲਵਿੰਦਰ ਭਾਖੜੀਆਣਾ, ਡਾ. ਓਮ ਪ੍ਰਕਾਸ਼ ਦੁਸਾਂਝ ਕਲਾਂ, ਮਨਜੀਤ ਕੌਰ ਮਾਣਕ, ਡਾ. ਸੋਢੀ ਜਗਜੀਤਪੁਰ, ਨਰੇਸ਼ ਕੁਮਾਰ ਨੰਗਲ, ਮਲਕੀਤ ਸਿੰਘ ਖਮਾਚੋ, ਨਿਰਮਲ ਸਿੰਘ ਅੌਜਲਾ ਸਮੇਤ ਵੱਖ-ਵੱਖ ਪਿੰਡਾਂ ਦੇ ਕਰੀਬ 200 ਜਥੇਬੰਦਕ ਮੈਂਬਰ ਹਾਜ਼ਰ ਸਨ।

## ਸਰਕਾਰੀ ਕਾਲਜ 'ਚ ਭਾਰਤੀ ਹਥਿਆਰਬੰਦ ਸੈਨਾਵਾਂ 'ਚ ਕੈਰੀਅਰ ਦੇ ਮੌਕਿਆਂ 'ਤੇ ਵਿਚਾਰ-ਚਰਚਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਰਕਾਰੀ ਕਾਲਜ ਹੁਸ਼ਿਆਰਪੁਰ ਦੇ ਕਰੀਅਰ ਕਾਊਂਸਲਿੰਗ ਅਤੇ ਪਲੇਸਮੈਂਟ ਸੈੱਲ ਵੱਲੋਂ ਐਨ.ਸੀ.ਸੀ. ਕੈਡਿਟਾਂ ਅਤੇ ਆਰਟਸ, ਕਾਮਰਸ ਤੇ ਸਾਇੰਸ ਵਿਭਾਗਾਂ ਦੇ ਅੰਤਿਮ ਸਾਲ ਦੇ ਵਿਦਿਆਰਥੀਆਂ ਲਈ 'ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਕਰੀਅਰ ਦੇ ਮੌਕੇ' ਵਿਸ਼ੇ 'ਤੇ ਇੱਕ ਵਿਚਾਰ-ਚਰਚਾ ਸੈਸ਼ਨ ਕੀਤਾ ਗਿਆ। ਇਸ ਸੈਸ਼ਨ ਲਈ ਮੁੱਖ ਬੁਲਾਰੇ ਵਜੋਂ ਲੈਫਟੀਨੈਂਟ ਕਮਾਂਡਰ ਨਿਤੇਸ਼ (ਸੇਵਾ-ਮੁਕਤ) ਸ਼ਾਮਲ ਹੋਏ।ਉਹ ਵਰਤਮਾਨ ਵਿੱਚ ਸਰਦਾਰ ਬਹਾਦਰ ਅਮੀਨ ਚੰਦ ਸੋਨੀ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਬਜਵਾੜਾ (ਹੁਸ਼ਿਆਰਪੁਰ) ਵਿਖੇ ਕੋਰਸ ਮੈਂਟਰ ਵਜੋਂ ਸੇਵਾਵਾਂ ਨਿਭਾ ਰਹੇ ਹਨ। ਪ੍ਰਿੰਸੀਪਲ ਡਾ. ਸਵਿਤਾ ਗੁਪਤਾ ਨੇ ਮੁੱਖ ਬੁਲਾਰੇ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਇੱਕ ਪੌਦਾ ਭੇਟ ਕੀਤਾ। ਸੈਸ਼ਨ ਦੌਰਾਨ ਲੈਫਟੀਨੈਂਟ ਕਮਾਂਡਰ ਨਿਤੇਸ਼ ਨੇ ਵਿਦਿਆਰਥੀਆਂ ਨੂੰ ਹਥਿਆਰਬੰਦ ਸੈਨਾਵਾਂ ਨੂੰ ਇੱਕ ਲਾਹੇਵੰਦ ਕਰੀਅਰ ਵਜੋਂ ਅਪਣਾਉਣ ਲਈ ਉਤਸ਼ਾਹਿਤ ਕੀਤਾ ਅਤੇ



ਅਧਿਕਾਰੀ ਵਰਗੇ ਗੁਣਾਂ ਜਿਵੇਂ ਕਿ ਪੇਸ਼ੇਵਰ ਯੋਗਤਾ, ਲੀਡਰਸ਼ਿਪ ਸਮਰੱਥਾ, ਉੱਚ-ਆਚਰਣ ਅਤੇ ਪ੍ਰੇਰਣਾ ਦੇ ਵਿਕਾਸ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਲੜਾਕੂ, ਤਕਨੀਕੀ ਅਤੇ ਆਈ.ਟੀ. ਸ਼ਾਖਾਵਾਂ ਦੇ ਨਾਲ-ਨਾਲ ਇੰਟੈਲੀਜੈਂਸ, ਏਵੀਏਸ਼ਨ ਅਤੇ ਅਧਿਆਪਨ ਵਰਗੇ ਵਿਸ਼ੇਸ਼ ਖੇਤਰਾਂ ਵਿੱਚ ਕਰੀਅਰ ਦੇ ਵੱਖ-ਵੱਖ ਮੌਕਿਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਵਿਦਿਆਰਥੀ 10+2 ਅਤੇ ਗ੍ਰੈਜੂਏਸ਼ਨ ਤੋਂ ਬਾਅਦ ਹਥਿਆਰਬੰਦ ਸੈਨਾਵਾਂ ਵਿੱਚ ਕਿਵੇਂ ਸ਼ਾਮਲ ਹੋ ਸਕਦੇ ਹਨ। ਉਨ੍ਹਾਂ ਨੇ ਯੋਗਤਾ ਅਤੇ ਉਮਰ ਦੀਆਂ ਸ਼ਰਤਾਂ, ਸਮੁੱਚੀ ਚੋਣ ਪ੍ਰਕਿਰਿਆ ਅਤੇ ਇੰਟਰਵਿਊ ਤੇ ਮੁਲਾਂਕਣ ਪ੍ਰਕਿਰਿਆ ਦੇ ਵੱਖ-ਵੱਖ ਪੜਾਵਾਂ ਬਾਰੇ ਵੀ ਚਰਚਾ ਕੀਤੀ। ਵਿਦਿਆਰਥੀਆਂ ਨੂੰ ਪੰਜਾਬ ਵਿੱਚ ਵਿਸ਼ੇਸ਼ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਨਾਲ ਵੀ ਜਾਣੂ ਕਰਵਾਇਆ ਗਿਆ । ਸਰਦਾਰ ਬਹਾਦਰ ਅਮੀਨ ਚੰਦ ਸੋਨੀ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਹੁਸ਼ਿਆਰਪੁਰ ਦੇ ਵਿਸ਼ੇਸ਼ ਹਵਾਲੇ ਨਾਲ, ਉਨ੍ਹਾਂ ਨੇ ਉਪਲਬਧ ਕੋਰਸਾਂ, ਸਹੂਲਤਾਂ ਅਤੇ ਅਰਜ਼ੀ ਪ੍ਰਕਿਰਿਆ ਬਾਰੇ ਦੱਸਿਆ। ਪ੍ਰਿਆ ਕੌਸ਼ਲ ਨੇ ਕਾਰਵਾਈ ਨੂੰ ਕੁਸ਼ਲਤਾ ਨਾਲ ਸੰਚਾਲਿਤ ਕੀਤਾ, ਜਦੋਂ ਕਿ ਮਿਸ ਰੰਜਨਾ ਜੀੜ, ਨੋਡਲ ਅਫਸਰ, ਕਰੀਅਰ ਕਾਊਂਸਲਿੰਗ ਅਤੇ ਪਲੇਸਮੈਂਟ ਸੈੱਲ ਨੇ ਪ੍ਰੋਗਰਾਮ ਦਾ ਤਾਲਮੇਲ ਕੀਤਾ।

## ਗੱਤਕਾ ਕੋਚ ਤਲਵਿੰਦਰ ਸਿੰਘ ਨੇ ਲਾਤਵੀਆ 'ਚ ਭਾਰਤ ਦੀ ਕੀਤੀ ਨੁਮਾਇੰਦਗੀ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਗੱਤਕਾ ਕੋਚ ਤਲਵਿੰਦਰ ਸਿੰਘ ਨੇ ਲਾਤਵੀਆ ਵਿਖੇ 28 ਜੁਲਾਈ ਤੋਂ 4 ਅਗਸਤ 2026 ਤੱਕ ਕਰਵਾਏ ਗਏ ਲਿਪਾ ਕੁਸਟ ਇੰਟਰਨੈਸ਼ਨਲ ਕਲਚਰ ਫੈਸਟੀਵਲ ਵਿੱਚ ਭਾਰਤ ਦੀ ਨੁਮਾਇੰਦਗੀ ਕਰਦਿਆਂ ਸਿੱਖ ਮਾਰਸ਼ਲ ਆਰਟ ਗੱਤਕੇ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ।ਉਨ੍ਹਾਂ ਦੇ ਨਾਲ ਗੱਤਕਾ ਖਿਡਾਰੀ ਲਵਵੀਰ ਸਿੰਘ ਨੇ ਵੀ ਭਾਗ ਲਿਆ।ਅੰਤਰਰਾਸ਼ਟਰੀ ਸੱਭਿਆਚਾਰਕ ਮੇਲੇ ਵਿੱਚ ਵੱਖ-ਵੱਖ ਦੇਸ਼ਾਂ ਦੀਆਂ ਟੀਮਾਂ ਨੇ ਆਪਣੇ ਦੇਸ਼ਾਂ ਦੀ ਕਲਾ, ਸੱਭਿਆਚਾਰ ਤੇ ਵਿਰਾਸਤ ਨੂੰ ਪੇਸ਼ ਕੀਤਾ।ਭਾਰਤੀ ਟੀਮ ਵੱਲੋਂ ਗੱਤਕੇ ਦੇ ਜੌਹਰ ਦਿਖਾਉਣ ਦੇ ਨਾਲ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਵੀ ਵਿਦੇਸ਼ੀ ਧਰਤੀ 'ਤੇ ਪੇਸ਼ ਕੀਤਾ ਗਿਆ।ਲੋਕ ਨਾਚ ਸੋਸਾਇਟੀ, ਪਟਿਆਲਾ ਦੇ ਡਾਇਰੈਕਟਰ ਰਵੀ ਕੁਨਰ ਤੇ ਢੋਲ ਉਸਤਾਦ ਰਾਜ ਕੁਮਾਰ ਦੀ ਅਗਵਾਈ ਹੇਠ ਭੰਗੜੇ ਤੇ ਪੰਜਾਬੀ ਲੋਕ ਸਾਜ਼ਾਂ ਦੀ ਪੇਸ਼ਕਾਰੀ ਵੀ ਕੀਤੀ ਗਈ।ਭਾਰਤੀ ਟੀਮ ਦੇ ਕੁੱਲ 12 ਮੈਂਬਰਾਂ ਨੇ ਭਾਗ ਲਿਆ ਤੇ ਪ੍ਰਬੰਧਕਾਂ ਵੱਲੋਂ ਸਮੁੱਚੀ ਟੀਮ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਉਪਲਬਧੀ 'ਤੇ ਵਾਈਸ ਚਾਂਸਲਰ ਪ੍ਰੋ. ਡਾ. ਪ੍ਰਿਤਪਾਲ ਸਿੰਘ ਨੇ ਤਲਵਿੰਦਰ ਸਿੰਘ ਨੂੰ ਮੁਬਾਰਕਬਾਦ ਦਿੱਤੀ।

## ਸਵਨਾ ਨੇ ਸੜਕ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਦੇ ਵਿਧਾਇਕ ਸ੍ਰ. ਨਰਿੰਦਰਪਾਲ ਸਿੰਘ ਸਵਨਾ ਨੇ ਹਲਕੇ ਦੇ ਪਿੰਡ ਰਾਣਾ ਤੋਂ ਲੈ ਕੇ ਫਾਜ਼ਿਲਕਾ-ਫ਼ਿਰੋਜ਼ਪੁਰ ਰੋਡ ਵਾਲੀ ਸੜਕ ਦੇ ਨਵੀਨੀਕਰਨ ਦਾ 84 ਲੱਖ 29 ਹਜ਼ਾਰ ਦੀ ਲਾਗਤ ਨਾਲ ਨੀਂਹ ਪੱਥਰ ਰੱਖਿਆ ਤੇ ਕੰਮ ਸ਼ੁਰੂ ਕਰਵਾਇਆ।ਇਸ ਮੌਕੇ ਬੋਲਦਿਆਂ ਵਿਧਾਇਕ ਸਵਨਾ ਨੇ ਕਿਹਾ ਕਿ ਪਿੰਡ ਰਾਣਾ, ਨਵਾਂ ਰਾਣਾ, ਹਸਤਾ ਕਲਾਂ, ਮਿਆਣੀ ਬਸਤੀ ਤੇ ਜੱਟ ਵਾਲੀ ਦੇ ਲੋਕਾਂ ਦੀ ਬਹੁਤ ਲੰਬੇ ਸਮੇਂ ਤੋਂ ਮੰਗ ਸੀ ਕਿ ਇਸ ਸੜਕ ਦਾ ਨਵੀਨੀਕਰਨ ਕੀਤਾ ਜਾਵੇ ਤੇ ਅੱਜ ਇਸ ਸੜਕ ਦਾ ਨੀਂਹ ਪੱਥਰ ਰੱਖ ਕੇ ਕੰਮ ਦੀ ਸ਼ੁਰੂਆਤ ਕਰਵਾ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਕੁੱਝ ਮਹੀਨਿਆਂ ਵਿੱਚ ਇਹ ਸੜਕ ਬਣ ਕੇ ਤਿਆਰ ਹੋ ਜਾਵੇਗੀ।ਉਨ੍ਹਾਂ ਕਿਹਾ ਕਿ ਇਸ ਸੜਕ ਦੀ ਹਾਲਤ ਕਾਫੀ ਖ਼ਰਾਬ ਹੋਣ ਦੇ ਨਾਲ-ਨਾਲ ਇਸ ਸੜਕ 'ਤੇ ਥਾਂ-ਥਾਂ ਪਏ ਖੱਡਿਆਂ ਕਾਰਨ ਲੋਕਾਂ ਨੂੰ ਸਫਰ ਕਰਨ ਵਿੱਚ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਤੇ ਕਈ ਦੁਰਘਟਨਾ ਹੋਣ ਦਾ ਵੀ ਡਰ ਬਣਿਆ ਰਹਿੰਦਾ ਹੈ।ਉਨ੍ਹਾਂ ਕਿਹਾ ਕਿ ਇਹ ਸੜਕ ਫਿਰੋਜ਼ਪੁਰ-ਫਾਜ਼ਿਲਕਾ ਰੋਡ ਤੋਂ ਪਿੰਡ ਜੱਟਵਾਲੀ, ਪਿੰਡ ਰਾਣਾ ਆਦਿ ਪਿੰਡਾਂ ਦੇ ਲੋਕਾਂ ਦੀ ਲੰਬੀ ਮੰਗ ਪੂਰੀ ਹੋਈ ਤੇ ਹੁਣ ਇਹ ਸੜਕ ਬਣਨ ਜਾ ਰਹੀ ਹੈ।ਇਸ ਮੌਕੇ ਬਲਾਕ ਸੰਮਤੀ ਦੇ ਵਾਈਸ ਚੇਅਰਪਰਸਨ ਦੇ ਪਤੀ ਸੁਰਿੰਦਰ ਕੰਬੋਜ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਮਿਤ ਰਿਨਵਾ, ਬਲਾਕ ਪ੍ਰਧਾਨ ਕਰਨ ਕੰਬੋਜ, ਸਰਪੰਚ ਗੁਰਮੀਤ ਸਿੰਘ, ਸਰਪੰਚ ਡਿਸਕੋ, ਸਰਪੰਚ ਖੁਸ਼ਹਾਲ ਚੰਦ, ਸਰਪੰਚ ਹਰਵਿੰਦਰ ਸਿੰਘ, ਸਰਪੰਚ ਗੁਰਜੀਤ ਸਿੰਘ, ਸਾਬਕਾ ਸਰਪੰਚ ਰਾਜੇਸ਼ ਬੱਬਰ, ਸਰਪੰਚ ਮਨਦੀਪ ਸਿੰਘ ਸਮੇਤ ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਸਾਹਿਤ ਸਭਾ ਦੀ ਮਾਸਿਕ ਮੀਟਿੰਗ



**ਜਲਾਲਾਬਾਦ (ਬਲਵਿੰਦਰ ਸਿੰਘ)**-ਸਾਹਿਤ ਸਭਾ (ਰਜਿ:) ਦੀ ਮਾਸਕ ਮੀਟਿੰਗ ਐਫੀਸ਼ੈਂਟ ਕਾਲਜ ਬਾਹਮਣੀ ਵਾਲਾ ਰੋਡ ਵਿਖੇ ਸਭਾ ਦੇ ਪ੍ਰਧਾਨ ਐਡਵੋਕੇਟ ਸੰਦੀਪ ਝਾਂਬ ਦੀ ਅਗਵਾਈ ਹੇਠ ਹੋਈ।ਉਨ੍ਹਾਂ ਨੇ ਆਏ ਹੋਏ ਸਾਹਿਤਕਾਰਾਂ ਨੂੰ ਜੀ ਆਇਆਂ ਆਖਿਆ ਤੇ ਇੱਕ ਰੂਬਰੂ ਤੇ ਸਨਮਾਨ ਪ੍ਰੋਗਰਾਮ ਭੋਲਾ ਯਮਲਾ ਦੇ ਨਾਲ 16 ਅਗਸਤ ਨੂੰ ਕਰਾਉਣ ਦੇ ਸਬੰਧ 'ਚ ਜਾਣਕਾਰੀ ਦਿੱਤੀ।ਮੰਚ ਦਾ ਸੰਚਾਲਨ ਕਰ ਰਹੀ ਹਰਸ਼ਦੀਪ ਬੋਪਾਰਾਏ ਨੇ ਵੱਖ-ਵੱਖ ਸਹਿਤਕਾਰਾਂ ਨੂੰ ਮੰਚ 'ਤੇ ਬੁਲਾਉਂਦਿਆਂ ਉਨ੍ਹਾਂ ਵੱਲੋਂ ਕੀਤੀ ਗਈ ਸ਼ਾਇਰੋ-ਸ਼ਾਇਰੀ ਨੇ ਖੂਬ ਰੰਗ ਬੰਨ੍ਹਿਆ, ਸਾਹਿਤਕਾਰ ਊਸ਼ਾ ਝਾਂਬ ਵੱਲੋਂ ਨਸ਼ਿਆਂ ਦੇ ਸਬੰਧ ਵਿੱਚ ਪੇਸ਼ ਕੀਤੀ ਗਈ ਰਚਨਾ ਨਾਲ ਸਾਰੇ ਸਾਹਿਤਕਾਰਾਂ ਦੀਆਂ ਅੱਖਾਂ ਨਮ ਹੋ ਗਈਆਂ।ਉਨ੍ਹਾਂ ਆਪਣੀ ਰਚਨਾ ਵਿੱਚ ਆਖਿਆ ਕਿ ਪੰਜਾਬ ਵਿੱਚ ਪਹਿਲਾਂ ਪੰਜ ਦਰਿਆ ਵਗ ਰਹੇ ਸਨ, ਪਰ ਹੁਣ ਛੇਵਾਂ ਦਰਿਆ ਜੋ ਨਸ਼ਿਆਂ ਦਾ ਵਗ ਰਿਹਾ ਹੈ।ਉਸ ਵਿੱਚ ਸਾਡੀ ਨੌਜਵਾਨ ਪੀੜ੍ਹੀ ਡੁੱਬ ਰਹੀ ਹੈ, ਜਿਸ ਕਾਰਨ ਮਾਂ-ਬਾਪ ਦੇ ਇਕਲੌਤੇ ਬੱਚੇ ਹੋਣ ਕਾਰਨ ਘਰਾਂ ਦੇ ਘਰ ਖਤਮ ਹੋ ਰਹੇ ਹਨ।ਸਾਹਿਤਕਾਰ ਤਿਲਕ ਰਾਜ ਕਾਹਲ ਅਤੇ ਮੀਨਾ ਮਹਿਰੋਕ ਦੀਆਂ ਕਵਿਤਾਵਾਂ ਨੌਜਵਾਨਾਂ ਨੂੰ ਚੰਗੇ ਮਾਰਗ ਤੇ ਚੱਲਣ ਲਈ ਆਦੇਸ਼ ਦੇ ਰਹੀਆਂ ਸਨ।ਸਾਹਿਤ ਸਭਾ ਦੇ ਕੈਸ਼ੀਅਰ ਦੀਪਕ ਨਾਰੰਗ ਵੱਲੋਂ ਸਾਹਿਤ ਸਭਾ ਦੇ ਮੈਂਬਰ ਪ੍ਰਵੇਸ਼ ਖੰਨਾ ਨੂੰ ਉਨ੍ਹਾਂ ਦੇ ਜਨਮਦਿਨ 'ਤੇ ਵਧਾਈ ਦਿੰਦਿਆਂ ਕੇਕ ਕੱਟਣ ਦੀ ਰਸਮ ਕੀਤੀ।ਉਨ੍ਹਾਂ ਕਿਹਾ ਕਿ ਸ੍ਰੀ ਪ੍ਰਵੇਸ਼ ਖੰਨਾ ਸਾਹਿਤ ਸਭਾ ਦੇ ਮੁੱਢਲੇ ਮੈਂਬਰਾਂ ਵਿੱਚੋਂ ਇੱਕ ਹਨ, ਜਿਨ੍ਹਾਂ ਦੀ ਸਾਹਿਤ ਸਭਾ ਨੂੰ ਵਡਮੁੱਲੀ ਦੇਣ ਹੈ।

## ਇਲੈਕਟ੍ਰੀਕਲ ਐਸੋਸੀਏਸ਼ਨ ਦੀ ਚੋਣ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਇਲੈਕਟ੍ਰੀਕਲ ਐਸੋਸੀਏਸ਼ਨ ਦੀ ਚੋਣ ਸਿਟੀ ਹੋਟਲ 'ਚ ਸਰਬਸੰਮਤੀ ਨਾਲ ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਬਾਂਸਲ ਤੇ ਜਨਰਲ ਸਕੱਤਰ ਦੇਸ ਰਾਜ ਤਨੇਜਾ ਦੀ ਦੇਖ-ਰੇਖ ਹੇਠ ਹੋਈ, ਜਿਸ ਵਿੱਚ ਰਾਜੇਸ਼ ਕੁੱਕੜ ਨੂੰ ਚੇਅਰਮੈਨ ਅਤੇ ਪਵਨ ਕੁਮਾਰ ਨੂੰ ਸਰਪ੍ਰਸਤ ਚੁਣਿਆ ਗਿਆ।ਜਦਕਿ ਸੰਜੀਵ ਕੁਮਾਰ ਬਾਂਸਲ ਨੂੰ ਪ੍ਰਧਾਨ ਚੁਣਿਆ ਗਿਆ।ਇਸ ਤੋਂ ਇਲਾਵਾ ਅਰਵਿੰਦਰ ਸਿੰਘ ਮੀਤ ਪ੍ਰਧਾਨ, ਉਮੇਸ਼ ਗਰਗ ਸਕੱਤਰ ਅਤੇ ਵਿਜੇ ਕੁਮਾਰ ਕੈਸ਼ੀਅਰ ਚੁਣੇ ਗਏ। ਅਮਨਦੀਪ ਸਿੰਘ, ਪ੍ਰਿੰਸ ਅਰੋੜਾ ਤੇ ਅਮਰਜੀਤ ਸਿੰਘ ਨੂੰ ਬਤੌਰ ਸਲਾਹਕਾਰ (ਐਡਵਾਈਜ਼ਰ) ਮੈਂਬਰ ਲਿਆ ਗਿਆ ਹੈ।ਇਸ ਮੌਕੇ ਗੁਰਵਿੰਦਰ ਸਿੰਘ, ਸ਼ੁਭਮ, ਅਜੈ, ਅਭੀ, ਚਿਮਨ ਲਾਲ, ਮਨਜੀਤ ਸਿੰਘ, ਸ਼ੈਲੇਸ਼ ਨਾਰੰਗ, ਨਰੇਸ਼ ਕੁਮਾਰ, ਸਾਜਨ ਆਹੂਜਾ, ਨਿਤੀਸ਼ ਝਾਂਬ, ਅਭੀ ਕੁਮਾਰ, ਰਾਜਿੰਦਰ ਕੁਮਾਰ, ਅਸ਼ੋਕ ਕੁਮਾਰ ਆਦਿ ਵੀ ਮੌਜੂਦ ਸਨ।

## ਗਲੋਬਲ ਸਕੂਲ ਵਿਖੇ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਭੀਖੀ (ਧਰਮਵੀਰ ਸ਼ਰਮਾ)**-ਦਿ ਰੌਇਲ ਗਲੋਬਲ ਸਕੂਲ ਵਿਖੇ ਤੀਜ ਦਾ ਤਿਉਹਾਰ ਬੜੇ ਉਤਸ਼ਾਹ, ਖੁਸ਼ੀ ਤੇ ਰਵਾਇਤੀ ਜੋਸ਼ ਨਾਲ ਮਨਾਇਆ ਗਿਆ। ਇਸ ਸਮਾਗਮ ਦੌਰਾਨ ਪੰਜਾਬੀ ਸੱਭਿਆਚਾਰ ਤੇ ਲੋਕ ਪ੍ਰੰਪਰਾਵਾਂ ਦੀ ਮਨਮੋਹਕ ਝਲਕ ਦੇਖਣ ਨੂੰ ਮਿਲੀ। ਸਮਾਗਮ ਦੀ ਸ਼ੁਰੂਆਤ ਦੀਪ ਜਲਾ ਕੇ ਕੀਤੀ ਗਈ। ਉਪਰੰਤ ਜੂਨੀਅਰ ਵਿੰਗ (ਕਲਾਸ ਪਹਿਲੀ ਤੋਂ ਪੰਜਵੀਂ) ਤੇ ਸੀਨੀਅਰ ਵਿੰਗ (ਕਲਾਸ ਛੇਵੀਂ ਤੋਂ ਗਿਆਰਵੀਂ) ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ। ਵਿਦਿਆਰਥੀਆਂ ਨੇ ਗਿੱਧਾ, ਭੰਗੜਾ, ਕਿੱਕਲੀ, ਲੋਕ ਗੀਤ, ਸੁਹਾਗ, ਸਿੱਠਣੀਆਂ ਤੇ ਪੰਜਾਬੀ ਕਵਿਤਾ ਦੀਆਂ ਪੇਸ਼ਕਾਰੀਆਂ ਰਾਹੀਂ ਦਰਸ਼ਕਾਂ ਦਾ ਮਨ ਮੋਹ ਲਿਆ। ਸਮਾਗਮ ਦੌਰਾਨ ਮਹਿੰਦੀ ਮੁਕਾਬਲਾ ਤੇ ਮਿਸ ਤੀਜ ਮੁਕਾਬਲਾ ਕਰਵਾਇਆ ਗਿਆ। ਵਿਦਿਆਰਥਣਾਂ ਨੇ ਆਪਣੀ ਰਚਨਾਤਮਕਤਾ, ਆਤਮ-ਵਿਸ਼ਵਾਸ, ਪ੍ਰਤਿਭਾ ਤੇ ਰਵਾਇਤੀ ਪਹਿਰਾਵੇ ਦਾ ਖੂਬਸੂਰਤ ਪ੍ਰਦਰਸ਼ਨ ਕੀਤਾ। ਮਿਸ ਤੀਜ ਮੁਕਾਬਲੇ ਵਿੱਚ ਨਵਜੋਤ ਕੌਰ ਨੇ ਪਹਿਲਾ, ਦਮਨਪ੍ਰੀਤ ਕੌਰ ਨੇ ਦੂਜਾ ਤੇ ਸਹਿਜਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਮੁੱਖ ਮਹਿਮਾਨ ਸ੍ਰੀਮਤੀ ਨੈਨਾ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਸਕੂਲ ਨੂੰ ਇਸ ਸੁੰਦਰ ਸਮਾਗਮ ਦੇ ਆਯੋਜਨ ਲਈ ਵਧਾਈ ਦਿੱਤੀ ਤੇ ਵਿਦਿਆਰਥੀਆਂ ਦੇ ਉੱਜਵਲ ਤੇ ਸਫਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ। ਸਕੂਲ ਦੇ ਪ੍ਰਿੰਸੀਪਲ ਡਾ. ਆਸ਼ੀਸ਼ ਕੁਮਾਰ ਸ਼ਰਮਾ ਤੇ ਸਕੂਲ ਦੀ ਡਾਇਰੈਕਟਰ ਡਾ. ਸਰਬਜੀਤ ਕੌਰ ਸੋਹਲ ਨੇ ਵੀ ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਪ੍ਰੋਗਰਾਮ ਵਿਦਿਆਰਥੀਆਂ ਨੂੰ ਆਪਣੀਆਂ ਪ੍ਰੰਪਰਾਵਾਂ ਨਾਲ ਜੋੜਨ ਲਈ ਬਹੁਤ ਮਹੱਤਵਪੂਰਨ ਹਨ। ਸਮਾਗਮ ਦੀ ਸਮਾਪਤੀ ਧੰਨਵਾਦੀ ਭਾਸ਼ਣ ਨਾਲ ਹੋਈ।

## ਕੀਰਤਨੀਏ ਭਾਈ ਹੀਰਾ ਸਿੰਘ ਨਿਮਾਣਾ ਦਾ ਵਿਸ਼ੇਸ਼ ਸਨਮਾਨ



**ਜਗਰਾਉਂ (ਸੰਜੀਵ ਅਰੋੜਾ)**-ਮਾਤਾ ਗੁਜਰੀ ਜੀ ਸੇਵਾ ਸੁਸਾਇਟੀ ਵੱਲੋਂ ਧਾਰਮਿਕ ਤੇ ਸਮਾਜਿਕ ਖੇਤਰ ਵਿੱਚ ਵਡਮੁੱਲੀਆਂ ਸੇਵਾਵਾਂ ਨਿਭਾਉਣ ਵਾਲੇ ਗੁਰਦੁਆਰਾ ਗੁਰੂ ਨਾਨਕਪੁਰਾ ਮੋਰੀ ਗੇਟ ਦੇ ਪ੍ਰਮੁੱਖ ਕੀਰਤਨੀਏ ਭਾਈ ਹੀਰਾ ਸਿੰਘ ਨਿਮਾਣਾ ਨੂੰ ਉਚੇਚੇ ਤੌਰ 'ਤੇ ਸਨਮਾਨਤ ਕੀਤਾ ਗਿਆ। ਅਪਣੀ ਮਿੱਠੀ ਤੇ ਸੁਰੀਲੀ ਆਵਾਜ਼ ਦੇ ਮਾਲਕ ਭਾਈ ਹੀਰਾ ਸਿੰਘ ਨਿਮਾਣਾ ਪਿਛਲੇ ਲੰਮੇ ਸਮੇਂ ਤੋਂ ਗੁਰਦੁਆਰਾ ਗੁਰੂ ਨਾਨਕਪੁਰਾ (ਮੋਰੀ ਗੇਟ) ਵਿਖੇ ਬਤੌਰ ਕੀਰਤਨੀਏ ਨਿਰੰਤਰ ਸੇਵਾਵਾਂ ਨਿਭਾਅ ਰਹੇ ਹਨ। ਗੁਰਬਾਣੀ ਜਸ ਰਾਹੀਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਨ ਦੇ ਨਾਲ-ਨਾਲ ਉਹ ਨਵੀਂ ਪੀੜ੍ਹੀ ਤੇ ਬੱਚਿਆਂ ਨੂੰ ਗੁਰਮਤਿ ਸੰਗੀਤ/ਕੀਰਤਨ ਦੀ ਸੰਥਿਆ ਵੀ ਦਿੰਦੇ ਹਨ ਤਾਂ ਜੋ ਬੱਚੇ ਅਪਣੇ ਵਿਰਸੇ ਤੇ ਗੁਰਬਾਣੀ ਨਾਲ ਜੁੜ ਸਕਣ। ਉਨ੍ਹਾਂ ਦੀਆਂ ਇਨ੍ਹਾਂ ਨਿਸ਼ਕਾਮ ਤੇ ਸ਼ਲਾਘਾਯੋਗ ਸੇਵਾਵਾਂ ਨੂੰ ਦੇਖਦਿਆਂ ਮਾਤਾ ਗੁਜਰੀ ਜੀ ਸੇਵਾ ਸੁਸਾਇਟੀ ਦੇ ਅਹੁਦੇਦਾਰਾਂ ਵੱਲੋਂ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੁਸਾਇਟੀ ਦੇ ਮੈਂਬਰਾਂ ਨੇ ਭਾਈ ਸਾਹਿਬ ਦੇ ਉੱਜਵਲ ਭਵਿੱਖ ਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਪ੍ਰਿੰ: ਚਰਨਜੀਤ ਸਿੰਘ ਭੰਡਾਰੀ, ਖਜ਼ਾਨਚੀ ਇੰਦਰਪਾਲ ਸਿੰਘ ਵਛੇਰ, ਚੇਅਰਮੈਨ ਤਿਰਲੋਕ ਸਿੰਘ ਸਿਡਾਣਾ, ਹਿਮਾਂਸ਼ੂ ਮਲਿਕ, ਰਾਜਵਿੰਦਰ ਸਿੰਘ ਗੋਲਡੀ, ਗੁਰਮੀਤ ਸਿੰਘ ਮੀਤਾ, ਰਮਨਜੋਤ ਸਿੰਘ, ਮਨਪ੍ਰੀਤ ਸਿੰਘ, ਗੁਰਿੰਦਰ ਸਿੰਘ, ਪਰਮਿੰਦਰ ਸਿੰਘ ਭੁੱਲਰ, ਇੰਦਰਪ੍ਰੀਤ ਸਿੰਘ, ਅਵਤਾਰ ਸਿੰਘ ਆਦਿ ਹਾਜ਼ਰ ਸਨ।

## ਤਿੰਨ ਦਿਨਾ ਪੁਸਤਕ ਪ੍ਰਦਰਸ਼ਨੀ 'ਚ ਵੱਧ ਤੋਂ ਵੱਧ ਸ਼ਮੂਲੀਅਤ ਕਰੋ : ਤਰਕਸ਼ੀਲ

**ਸੰਗਰੂਰ (ਪ੍ਰਵੀਨ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੁਨਾਮ ਦੀ ਵਿਸ਼ੇਸ਼ ਮੀਟਿੰਗ ਜ਼ੋਨ ਆਗੂ ਪਰਮਵੇਦ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਸਟੇਟ ਕਮੇਟੀ ਵੱਲੋਂ ਤਰਕਸ਼ੀਲ ਮੈਗਜ਼ੀਨ ਦੇ ਸੰਪਾਦਕ ਰਾਜਪਾਲ ਨੇ ਤਰਕਸ਼ੀਲ ਲਹਿਰ ਨੂੰ ਦਰਪੇਸ਼ ਚੁਣੌਤੀਆਂ ਦੇ ਮੱਦੇਨਜ਼ਰ ਸੁਸਾਇਟੀ ਨੂੰ ਬਦਲਵੇਂ ਢੰਗ ਨਾਲ ਗਤੀਵਿਧੀਆਂ ਵਿਉਂਤਣ ਤੇ ਆਧੁਨਿਕ ਤਕਨੀਕਾਂ ਨੂੰ ਵਰਤਦੇ ਹੋਏ ਸਮਾਜ ਨੂੰ ਵਿਗਿਆਨਕ ਵਿਚਾਰਾਂ ਨਾਲ ਚੇਤੰਨ ਕਰਨ 'ਤੇ ਜ਼ੋਰ ਦਿੱਤਾ।ਉਨ੍ਹਾਂ ਬਰਨਾਲਾ ਵਿਖੇ 21 ਤੋਂ 23 ਅਗਸਤ 2026 ਤੱਕ ਲੱਗ ਰਹੇ ਤਿੰਨ ਰੋਜ਼ਾ ਪੁਸਤਕ ਮੇਲੇ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਵਾਉਣ ਲਈ ਪ੍ਰੇਰਿਤ ਕੀਤਾ।ਤਰਕਸ਼ੀਲ ਇਕਾਈ ਸੁਨਾਮ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੀ ਸਰਗਰਮੀਆਂ ਦਾ ਲੇਖਾ ਜੋਖਾ ਕਰਦਿਆਂ ਮੈਗਜ਼ੀਨ ਦੇ ਸਾਲਾਨਾ ਪਾਠਕਾਂ ਦੀ ਗਿਣਤੀ ਵਧਾਉਣ ਲਈ ਕਿਹਾ। ਜ਼ੋਨ ਆਗੂ ਪਰਮਵੇਦ ਨੇ ਤਰਕਸ਼ੀਲ ਸੁਸਾਇਟੀ ਦੀ ਸੁਨਾਮ ਇਕਾਈ ਵੱਲੋਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਨੂੰ ਸੁਚੱਜੇ ਢੰਗ ਨਾਲ ਕਰਵਾਉਣ ਤੇ ਸਟੇਟ ਕਮੇਟੀ ਵੱਲੋਂ ਉਲੀਕੇ ਪ੍ਰੋਗਰਾਮਾਂ ਨੂੰ ਸਮਰਪਤ ਹੋ ਕੇ ਕਰਵਾਉਣ ਲਈ ਵਧਾਈ ਦਿੱਤੀ।ਸੁਖਿੰਦਰ ਨੇ ਆਪਣੇ ਲਿਖੇ ਗੀਤ ਸੁਣਾ ਕੇ ਰੰਗ ਬੰਨ੍ਹਿਆ।ਦਵਿੰਦਰ ਸਿੰਘ, ਅਨਿਲ ਕੁਮਾਰ, ਪਵਨ ਕੁਮਾਰ, ਰਾਮ ਸਰੂਪ ਢੈਪਈ ਤੇ ਦਾਤਾ ਸਿੰਘ ਨੇ ਵਿਚਾਰ ਪੇਸ਼ ਕਰਕੇ ਚਰਚਾ 'ਚ ਭਾਗ ਲਿਆ।ਜਥੇਬੰਦਕ ਮੁਖੀ ਵਿਸ਼ਵਕਾਂਤ ਨੇ ਸਭ ਦਾ ਧੰਨਵਾਦ ਕੀਤਾ।ਉਪਰੋਕਤ ਤੋਂ ਇਲਾਵਾ ਜ਼ੋਨ ਮੀਡੀਆ ਮੁਖੀ ਸੀਤਾ ਰਾਮ, ਪਦਮ ਕੁਮਾਰ, ਧੰਨਾ ਸਿੰਘ, ਦਾਰਾ ਸਿੰਘ, ਹਰਿੰਦਰ ਸਿੰਘ, ਦਰਸ਼ਨ ਸਿੰਘ ਹਾਜ਼ਰ ਰਹੇ।ਗੁਰਮੇਲ ਸਿੰਘ ਤੇ ਸੰਜੀਵ ਕੁਮਾਰ ਨੇ ਪ੍ਰਬੰਧਕੀ ਜ਼ਿੰਮੇਵਾਰੀਆਂ ਬਾਖੂਬੀ ਨਿਭਾਉਂਦੇ ਹੋਏ ਖਾਣੇ ਦੀ ਸੇਵਾ ਵੀ ਨਿਭਾਈ।

## ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਬਾਈਪਾਸ ਰੋਡ ਬਣਿਆ ਚਿੱਕੜ ਦਾ ਤਲਾਬ

### ਅੱਕੇ ਲੋਕਾਂ ਬਾਈਪਾਸ ਸੜਕ ਕੀਤੀ ਬੰਦ



**ਭੀਖੀ (ਧਰਮਵੀਰ ਸ਼ਰਮਾ)**-ਪਾਣੀ ਦੀ ਨਿਕਾਸੀ ਦਾ ਕੋਈ ਢੁੱਕਵਾਂ ਪ੍ਰਬੰਧ ਨਾ ਹੋਣ ਕਾਰਨ ਭੀਖੀ ਦੇ ਬਾਈਪਾਸ ਰੋਡ ਦੀ ਹਾਲਤ ਬੇਹੱਦ ਖਸਤਾ ਹੋ ਗਈ ਹੈ, ਜਿਸ ਕਾਰਨ ਅੱਕੇ ਲੋਕਾਂ ਨੇ ਬਾਈਪਾਸ ਸੜਕ ਬੰਦ ਕਰਕੇ ਪੰਜਾਬ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਪਿਛਲੇ ਲਗਭਗ ਇੱਕ ਸਾਲ ਤੋਂ ਸੀਵਰੇਜ ਤੇ ਬਰਸਾਤੀ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਸੜਕ 'ਤੇ ਪਾਣੀ ਖੜ੍ਹਾ ਰਹਿਣ ਦੇ ਨਾਲ-ਨਾਲ ਚਿੱਕੜ ਜੰਮਿਆ ਹੋਇਆ ਹੈ, ਜਿਸ ਕਾਰਨ ਰਾਹਗੀਰਾਂ ਤੇ ਵਾਹਨ ਚਾਲਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੜਕ 'ਤੇ ਲਗਾਤਾਰ ਜਮ੍ਹਾਂ ਰਹਿੰਦੇ ਪਾਣੀ ਕਾਰਨ ਹਾਲਾਤ ਇਹ ਬਣ ਗਏ ਹਨ ਕਿ ਬਾਈਪਾਸ ਰੋਡ ਤੋਂ ਲੰਘਣਾ ਲੋਕਾਂ ਲਈ ਮੁਸ਼ਕਲ ਹੋ ਗਿਆ ਹੈ। ਦੋਪਹੀਆ ਵਾਹਨ ਚਾਲਕਾਂ ਦੇ ਤਿਲਕਣ ਤੇ ਹਾਦਸਿਆਂ ਦਾ ਖ਼ਤਰਾ ਬਣਿਆ ਹੋਇਆ ਹੈ, ਜਦਕਿ ਪੈਦਲ ਲੰਘਣ ਵਾਲੇ ਲੋਕਾਂ ਨੂੰ ਵੀ ਗੰਦੇ ਪਾਣੀ ਤੇ ਚਿੱਕੜ ਵਿੱਚੋਂ ਲੰਘਣਾ ਪੈ ਰਿਹਾ ਹੈ। ਇੱਥੋਂ ਦੇ ਵਸਨੀਕ ਜੀਤੂ ਖੁਰਮੀ, ਸੋਨੀ ਗਰਗ, ਸਤੀਸ਼ ਚੱਕੀ ਵਾਲੇ, ਤੋਤੀ, ਕਾਲਾ ਸਿੰਘ, ਗੱਗੀ, ਸੰਦੀਪ, ਰਵੀ, ਡੋਗਰ ਭੀਖੀ ਆਦਿ ਨੇ ਕਿਹਾ ਕਿ ਉਹ ਪਿਛਲੇ ਲੱਗਭੱਗ ਇੱਕ ਸਾਲ ਤੋਂ ਇਸ ਸਮੱਸਿਆ ਦਾ ਸੰਤਾਪ ਹੰਢਾ ਰਹੇ ਹਨ।

ਵਾਰ-ਵਾਰ ਮਾਮਲਾ ਸਬੰਧਤ ਵਿਭਾਗਾਂ ਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ ਦੇ ਬਾਵਜੂਦ ਸਮੱਸਿਆ ਦਾ ਕੋਈ ਸਥਾਈ ਹੱਲ ਨਹੀਂ ਕੀਤਾ ਗਿਆ। ਬਰਸਾਤ ਪੈਣ ਤੋਂ ਬਾਅਦ ਸਥਿਤੀ ਹੋਰ ਵੀ ਗੰਭੀਰ ਹੋ ਜਾਂਦੀ ਹੈ ਤੇ ਸੜਕ 'ਤੇ ਕਈ-ਕਈ ਦਿਨ ਪਾਣੀ ਖੜ੍ਹਾ ਰਹਿੰਦਾ ਹੈ ਤੇ ਆਲੇ ਦੁਆਲੇ ਦੀਆਂ ਗਲੀਆਂ ਵਿੱਚ ਗੰਦਾ ਪਾਣੀ ਜਮ੍ਹਾਂ ਹੋ ਜਾਂਦਾ ਹੈ, ਜਿਸ ਕਾਰਨ ਭਿਆਨਕ ਬਿਮਾਰੀ ਫੈਲਣ ਦਾ ਖਦਸ਼ਾ ਹੈ। ਉਨ੍ਹਾਂ ਕਿਹਾ ਕਿ ਇਸ ਸਮੱਸਿਆ ਦਾ ਹੱਲ ਨਾ ਹੋਣ ਤੋਂ ਅੱਕ ਕੇ ਉਨ੍ਹਾਂ ਰੋਸ ਵਜੋਂ ਬਾਈਪਾਸ ਸੜਕ ਨੂੰ ਹੀ ਬੰਦ ਕਰ ਦਿੱਤਾ। ਉਨ੍ਹਾਂ ਕਿਹਾ ਕਿ ਜਦੋਂ ਸੜਕ ਤੋਂ ਲੰਘਣਾ ਹੀ ਮੁਸ਼ਕਲ ਹੋ ਗਿਆ ਹੈ ਤੇ ਲੰਮੇ ਸਮੇਂ ਤੋਂ ਉਨ੍ਹਾਂ ਦੀ ਸਮੱਸਿਆ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਤਾਂ ਉਹ ਆਪਣੀ ਆਵਾਜ਼ ਪ੍ਰਸ਼ਾਸਨ ਤੱਕ ਪਹੁੰਚਾਉਣ ਲਈ ਇਹ ਕਦਮ ਚੁੱਕਣ ਲਈ ਮਜਬੂਰ ਹੋਏ ਹਨ। ਉਨ੍ਹਾਂ ਮੰਗ ਕੀਤੀ ਕਿ ਬਾਈਪਾਸ ਰੋਡ ਤੋਂ ਤੁਰੰਤ ਪਾਣੀ ਦੀ ਨਿਕਾਸੀ ਕਰਵਾਈ ਜਾਵੇ, ਸੀਵਰੇਜ ਦੀ ਸਮੱਸਿਆ ਦਾ ਸਥਾਈ ਹੱਲ ਕੀਤਾ ਜਾਵੇ ਤੇ ਸੜਕ ਦੀ ਮੁਰੰਮਤ ਕਰਵਾ ਕੇ ਇਸ ਨੂੰ ਆਵਾਜਾਈ ਯੋਗ ਬਣਾਇਆ ਜਾਵੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਜਲਦ ਕੋਈ ਠੋਸ ਕਾਰਵਾਈ ਨਾ ਕੀਤੀ ਗਈ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## 2 ਲੱਖ 44 ਹਜ਼ਾਰ ਬੱਚਿਆਂ ਨੂੰ ਡੀ ਵਾਰਮਿੰਗ ਡੇਅ ਮੌਕੇ ਦਵਾਈ ਖਵਾਈ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਤੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਅਮਰਜੀਤ ਕੌਰ ਦੀ ਅਗਵਾਈ ਹੇਠ ਸੁਤੰਤਰਤਾ ਸੰਗਰਾਮੀ ਜਥੇਦਾਰ ਕਰਤਾਰ ਸਿੰਘ ਦਰਵੇਸ਼ ਸਕੂਲ ਆਫ਼ ਐਮੀਨੈਂਸ (ਰਾਜ ਹਾਈ) ਵਿਖੇ ਕੌਮੀ ਡੀ-ਵਾਰਮਿੰਗ ਡੇਅ ਮਨਾਇਆ ਗਿਆ।ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਅੰਜੂ ਸਿੰਗਲਾ ਨੇ ਬੱਚਿਆਂ ਨੂੰ ਐਲਬੈਂਡਾਜ਼ੋਲ ਦੀਆਂ ਗੋਲੀਆਂ ਦਿੱਤੀਆਂ ਤੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਜ਼ਿਲ੍ਹੇ ਵਿਚ ਮਨਾਏ ਜਾ ਰਹੇ ਨੈਸ਼ਨਲ ਡੀ ਵਾਰਮਿੰਗ ਡੇਅ ਤਹਿਤ ਜ਼ਿਲ੍ਹੇ ਦੇ ਵੱਖ ਵੱਖ ਸਰਕਾਰੀ, ਅਰਧ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਸਮੇਤ ਆਂਗਣਵਾੜੀ ਕੇਂਦਰਾਂ ਵਿਚ ਲਗਭਗ 2 ਲੱਖ 44 ਹਜ਼ਾਰ ਬੱਚਿਆਂ ਨੂੰ ਪੇਟ ਦੇ ਕੀੜਿਆਂ ਤੋਂ ਬਚਾਅ ਲਈ ਦਵਾਈ ਖਵਾਈ ਗਈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸੰਗਰੂਰ ਦੇ ਸਾਰੇ ਆਂਗਣਵਾੜੀ ਸੈਂਟਰਾਂ ਵਿੱਚ ਰਜਿਸਟਰਡ ਬੱਚੇ ਜਿਨ੍ਹਾਂ ਦੀ ਉਮਰ 1-2 ਸਾਲ ਹੈ ਉਹਨੂੰ ਐਲਬੈਂਡਾਜ਼ੋਲ ਦਾ ਸਿਰਪ ਜਾਂ ਅਲਬੈਂਡਾਜ਼ੋਲ ਦੀ ਅੱਧੀ ਗੋਲੀ ਦਿੱਤੀ ਜਾ ਰਹੀ ਹੈ ਅਤੇ ਜੋ ਬੱਚੇ 2-19 ਸਾਲ ਦੀ ਉਮਰ ਤੱਕ ਦੇ ਹਨ, ਉਨ੍ਹਾਂ ਨੂੰ ਸਿਹਤ ਵਿਭਾਗ ਵੱਲੋਂ ਦਿੱਤੀ ਗਈ 400 ਮਿਲੀਗ੍ਰਾਮ ਦੀ ਇਹ ਪੂਰੀ ਗੋਲੀ ਖਵਾਈ ਜਾ ਰਹੀ ਹੈ।

## ਸੇਵਾ ਕੇਂਦਰਾਂ 'ਚ ਸਰਕਾਰੀ ਦਾਅਵਿਆਂ ਦੀ ਫੂਕ ਨਿਕਲੀ



**ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਸੂਬਾ ਸਰਕਾਰ ਵੱਲੋਂ ਆਮ ਲੋਕਾਂ ਨੂੰ ਇੱਕੋ ਛੱਤ ਹੇਠ ਸਰਕਾਰੀ ਸੁਵਿਧਾਵਾਂ ਦੇਣ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਜ਼ਮੀਨੀ ਹਕੀਕਤ ਇਸ ਤੋਂ ਬਿਲਕੁਲ ਉਲਟ ਨਜ਼ਰ ਆ ਰਹੀ ਹੈ।ਸੇਵਾ ਕੇਂਦਰਾਂ ਦੇ ਬਾਹਰ ਰੋਜ਼ਾਨਾ ਸੁਬਾਹ ਤੋਂ ਹੀ ਭਾਰੀ ਭੀੜ ਤੇ ਲੰਮੀਆਂ ਕਤਾਰਾਂ ਦੇਖਣ ਨੂੰ ਮਿਲ ਰਹੀਆਂ ਹਨ। ਸੇਵਾ ਕੇਂਦਰ ਖੁੱਲ੍ਹਣ ਦਾ ਸਮਾਂ ਸੁਬ੍ਹਾ 9:00 ਵਜੇ ਦਾ ਹੈ, ਪਰ ਵਾਰੀ ਪਹਿਲਾਂ ਆਉਣ ਦੇ ਚੱਕਰ ਵਿੱਚ ਲੋਕ ਸੁਬ੍ਹਾ 7:00 ਵਜੇ ਹੀ ਆ ਕੇ ਕਤਾਰਾਂ ਵਿੱਚ ਖੜ ਜਾਂਦੇ ਹਨ।ਇਹ ਸਥਿਤੀ ਬਹੁਤ ਹੀ ਚਿੰਤਾਜਨਕ ਹੈ, ਕਿਉਂਕਿ ਕੋਈ 10 ਤੋਂ 20 ਕਿਲੋਮੀਟਰ ਦੂਰ ਪਿੰਡਾਂ ਤੋਂ ਚੱਲ ਕੇ ਪਹੁੰਚ ਰਿਹਾ ਹੈ, ਕੋਈ ਛੋਟੇ-ਛੋਟੇ ਬੱਚਿਆਂ ਨੂੰ ਗੋਦੀ ਵਿੱਚ ਚੁੱਕ ਕੇ ਲਾਈਨਾਂ 'ਚ ਖੜਨ ਲਈ ਮਜ਼ਬੂਰ ਹੈ ਤੇ 80-80 ਸਾਲ ਦੇ ਬਜ਼ੁਰਗ ਵੀ ਇਸ ਖੱਜਲ-ਖੁਆਰੀ ਦਾ ਸ਼ਿਕਾਰ ਹੋ ਰਹੇ ਹਨ।ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਜ਼ਿਆਦਾਤਰ ਸਰਕਾਰੀ ਕੰਮ ਜਿਵੇਂ ਆਧਾਰ ਕਾਰਡ, ਕਿਰਤ ਵਿਭਾਗ (ਲੇਬਰ ਕਾਰਡ), ਰਿਹਾਇਸ਼ੀ ਸਰਟੀਫਿਕੇਟ, ਜਾਤੀ ਸਰਟੀਫਿਕੇਟ ਤੇ ਜਨਮ-ਮੌਤ ਦੇ ਸਰਟੀਫਿਕੇਟ ਸੇਵਾ ਕੇਂਦਰਾਂ ਰਾਹੀਂ ਹੀ ਕੀਤੇ ਜਾ ਰਹੇ ਹਨ, [illegible] ਸੇਵਾ ਕੇਂਦਰਾਂ ਵਿੱਚ ਸਟਾਫ ਦੀ ਘਾਟ ਕਾਰਨ ਬਹੁਤ ਸਾਰੇ ਲੋਕਾਂ ਦਾ ਕੰਮ ਪੂਰੇ ਦਿਨ ਵਿੱਚ ਵੀ ਨਹੀਂ ਹੋ ਪਾਉਂਦਾ। [illegible] ਕਈ ਪੀੜਤਾਂ ਨੇ ਦੱਸਿਆ ਕਿ ਉਹ 5-5, 6-6 ਵਾਰੀ ਸਾਰਾ-ਸਾਰਾ ਦਿਨ ਦਿਹਾੜੀ ਭੰਨ ਕੇ ਲਾਈਨਾਂ ਵਿੱਚ ਖੜਦੇ ਹਨ, ਪਰ ਸਾਨੂੰ ਬਿਨਾਂ ਕੰਮ ਹੋਏ ਖਾਲੀ ਹੱਥ ਮੁੜਨਾ ਪੈਂਦਾ ਹੈ।

## ਸ਼ਮਸ਼ੇਰ ਸਿੰਘ ਮੱਲ੍ਹੀ ਨਾਲ ਰੂਬਰੂ ਸਮਾਗਮ ਯਾਦਗਾਰੀ ਹੋ ਨਿੱਬੜਿਆ



**ਭਵਾਨੀਗੜ੍ਹ (ਰਾਜ ਖੁਰਮੀ)**-ਸਾਹਿਤ ਸਿਰਜਣਾ ਮੰਚ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੁੜੀਆਂ) ਵਿਖੇ ਵਿਅੰਗ ਲੇਖਕ ਸ਼ਮਸ਼ੇਰ ਸਿੰਘ ਮੱਲ੍ਹੀ ਨਾਲ ਰੂਬਰੂ ਸਮਾਗਮ ਕਰਾਇਆ ਗਿਆ।ਸਮਾਗਮ ਵਿੱਚ ਸਾਹਿਤਕਾਰਾਂ, ਲੇਖਕਾਂ, ਸ਼ਾਇਰਾਂ ਤੇ ਪਾਠਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਤੇ ਇਹ ਸਮਾਗਮ ਸਾਹਿਤਕ ਪੱਖੋਂ ਯਾਦਗਾਰੀ ਹੋ ਨਿੱਬੜਿਆ।ਸਮਾਗਮ ਦੀ ਪ੍ਰਧਾਨਗੀ ਉੱਘੇ ਗਲਪਕਾਰ ਅਨੋਖ ਸਿੰਘ ਵਿਰਕ ਨੇ ਕੀਤੀ।ਇਸ ਮੌਕੇ ਸ਼ਮਸ਼ੇਰ ਸਿੰਘ ਮੱਲ੍ਹੀ ਦੇ ਸਾਹਿਤਕ ਤੇ ਕਲਾਤਮਕ ਸਫ਼ਰ ਬਾਰੇ ਚਰਚਾ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਉਨ੍ਹਾਂ ਨੇ ਵਿਅੰਗ, ਕਮੇਡੀ, ਗੀਤ ਤੇ ਫਿਲਮਾਂ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾਈ ਹੈ।ਮੱਲ੍ਹੀ ਵੱਲੋਂ 150 ਤੋਂ ਵੱਧ ਟੈਲੀ ਸ਼ਾਰਟ ਫਿਲਮਾਂ, 5 ਵੱਡੀਆਂ ਫੀਚਰ ਫਿਲਮਾਂ ਤੇ ਟੀ.ਵੀ. ਸੀਰੀਅਲਾਂ ਵਿੱਚ ਯੋਗਦਾਨ ਪਾਇਆ ਗਿਆ ਹੈ।ਇਸ ਤੋਂ ਇਲਾਵਾ ਉਨ੍ਹਾਂ ਦੀਆਂ 5000 ਤੋਂ ਵੱਧ ਕਮੇਡੀ ਤੇ ਵਿਅੰਗ ਰਚਨਾਵਾਂ ਅਤੇ 100 ਦੇ ਕਰੀਬ ਲੜੀਵਾਰ ਗੱਪ-ਵਿਅੰਗ ਰਚਨਾਵਾਂ ਸਾਹਿਤਕ ਖੇਤਰ ਵਿੱਚ ਚਰਚਿਤ ਰਹੀਆਂ ਹਨ।ਉਨ੍ਹਾਂ ਦੀ ਪੁਸਤਕ 'ਚਿੱਟੀ ਸਿਉਂਕ' ਨੇ ਵੀ ਪੰਜਾਬੀ ਸਾਹਿਤਕ ਹਲਕਿਆਂ ਵਿੱਚ ਵਿਸ਼ੇਸ਼ ਚਰਚਾ ਹਾਸਲ ਕੀਤੀ ਹੈ। ਤਰਨਤਾਰਨ ਵਿਖੇ ਉਨ੍ਹਾਂ ਨੂੰ ਕਮੇਡੀਅਨ ਮੇਹਰ ਮਿੱਤਲ ਐਵਾਰਡ ਨਾਲ ਸਨਮਾਨਤ ਕੀਤਾ ਜਾ ਚੁੱਕਾ ਹੈ।ਸ਼ਮਸ਼ੇਰ ਸਿੰਘ ਮੱਲ੍ਹੀ ਆਮ ਤੌਰ 'ਤੇ ਆਪਣੀਆਂ ਰਚਨਾਵਾਂ ਰਾਹੀਂ ਸਮਾਜਿਕ ਬੁਰਾਈਆਂ, ਪਖੰਡਵਾਦ, ਮੌਜੂਦਾ ਸਮਾਜਿਕ ਮੁੱਦਿਆਂ ਅਤੇ ਹਾਸਰਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਦੇ ਹਨ। [illegible] ਇਸ ਮੌਕੇ ਗਜ਼ਲਗੋ ਰਣਜੀਤ ਸਿੰਘ ਧੂਰੀ, ਜੰਗ ਸਿੰਘ ਫੱਟੜ ਅਤੇ ਸਾਹਿਤ ਸਦਨ ਸੰਗਰੂਰ ਵੱਲੋਂ ਸੁਖਵਿੰਦਰ ਸਿੰਘ ਫੁੱਲ, ਕੁਲਵੰਤ ਸਿੰਘ ਕਸਕ ਤੇ ਬਲਵੰਤ ਸਿੰਘ ਜੋਗਾ ਨੇ ਵੀ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਾਹਿਤਕਾਰਾਂ, ਸ਼ਾਇਰਾਂ ਅਤੇ ਸਾਹਿਤ ਪ੍ਰੇਮੀਆਂ ਨੇ ਸਮਾਗਮ ਵਿੱਚ ਹਾਜ਼ਰੀ ਭਰੀ।ਸਮਾਗਮ ਦੌਰਾਨ ਲੋਕ ਕਲਾਕਾਰ ਗੁਣਤਾਜ, ਨਾਜ਼ਦੀਪ ਕੌਰ, ਭਗਤ ਸਿੰਘ, ਲਕਸ਼ਿਤਾ ਸ਼ਰਮਾ ਤੇ ਖੁਸ਼ਲੀਨ ਸ਼ਰਮਾ ਨੇ ਆਪਣੀਆਂ ਰਚਨਾਵਾਂ ਪੇਸ਼ ਕਰਕੇ ਸਰੋਤਿਆਂ ਦੀ ਖੂਬ ਵਾਹ-ਵਾਹ ਖੱਟੀ ਅਤੇ ਸਮਾਗਮ ਨੂੰ ਰੰਗੀਨ ਬਣਾ ਦਿੱਤਾ।

## ਡਕੈਤੀ 48 ਘੰਟਿਆਂ 'ਚ ਟਰੇਸ, 3 ਗ੍ਰਿਫ਼ਤਾਰ

**ਸੰਗਰੂਰ (ਪ੍ਰਵੀਨ ਸਿੰਘ)**-ਡਾ. ਰਵਜੋਤ ਗਰੇਵਾਲ ਐਸ.ਐਸ.ਪੀ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤਕਾਰਵਾਈ ਕਰਦੇ ਹੋਏ ਥਾਣਾ ਸਿਟੀ-1 ਸੰਗਰੂਰ ਦੇ ਏਰੀਆ ਅੰਦਰ ਹੋਈ ਡਕੈਤੀ ਨੂੰ 48 ਘੰਟਿਆਂ ਦੇਅੰਦਰ ਟਰੇਸ ਕਰਕੇ 03 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ ਵਾਰਦਾਤ ਸਮੇਂਵਰਤਿਆ ਮੋਟਰਸਾਈਕਲ, 01 ਖਿਡੌਣਾ ਪਿਸਤੌਲ, 04 ਮੋਬਾਇਲ ਫੋਨ, ਚਾਂਦੀ ਦੀਆ ਝਾਂਜਰਾ, 01 ਸੋਨੇ ਦੀ ਚੈਨ, 02 ਕੜੇ ਸੋਨਾ, 01 ਮੁੰਦਰੀ ਸੋਨਾ, 3 ਜੋੜੇ ਟੌਪਸ ਤੇ 02 ਬਨਾਵਟੀ ਹਾਰ ਬਰਾਮਦ ਕਰਾਏ ਗਏ।ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ 08.08.2026 ਨੂੰ ਥਾਣਾ ਸਿਟੀ-1 ਸੰਗਰੂਰ ਦੀ ਪੁਲਿਸ ਨੂੰ ਇਤਲਾਹ ਮਿਲੀ ਕਿ ਸਿਮਰਜੀਤ ਕੌਰ ਪਤਨੀ ਲੇਟ ਦਰਸ਼ਨ ਸਿੰਘ ਵਾਸੀ ਗਲੀ ਨੰਬਰ 2, ਸੁੰਦਰ ਬਸਤੀ ਸੰਗਰੂਰ ਨੇ ਆਪਣੀ ਦੇਖਭਾਲ ਲਈ ਗੁਰਬਚਨ ਸਿੰਘ ਪੁੱਤਰ ਜਗਦੇਵ ਸਿੰਘ ਵਾਸੀ ਸਾਰਾ ਪੱਤੀ ਛਾਹੜ ਨੂੰ ਆਪਣੇ ਪਰਵਾਰ ਸਮੇਤ ਆਪਣੇ ਘਰ ਵਿੱਚ ਰੱਖਿਆ ਹੋਇਆ ਸੀ।07.08.2026 ਨੂੰ ਸਿਮਰਜੀਤ ਕੌਰ ਤੇ ਗੁਰਬਚਨ ਸਿੰਘ ਸਮੇਤ ਪਰਵਾਰ ਘਰ ਵਿੱਚ ਹਾਜ਼ਰ ਸਨ ਤਾਂ ਰਾਤ ਨੂੰ ਵਕਤ ਕਰੀਬ 09:30 ਵਜੇ ਮੇਨ ਗੇਟ ਖੜਕਿਆ ਤਾਂ ਗੁਰਬਚਨ ਸਿੰਘ ਨੇ ਗੇਟ ਖੋਲ੍ਹਿਆ ਤਾਂ 02 ਨਾ-ਮਾਲੂਮ ਵਿਅਕਤੀਆਂ ਨੇ ਘਰ ਅੰਦਰ ਦਾਖਲ ਹੋ ਕੇ ਪਿਸਤੌਲ ਵਰਗੀ ਚੀਜ਼ ਦਿਖਾ ਕੇ ਡਰਾਵੇ ਨਾਲ ਘਰੋਂ ਕਰੀਬ 4 ਤੋਲੇ ਸੋਨਾ, ਕਰੀਬ 10 ਤੋਲੇ ਚਾਂਦੀ ਦੇ ਗਹਿਣੇ ਤੇ ਨਕਦੀ ਕਰੀਬ 2600/- ਰੁਪਏ ਲੈ ਗਏ ਤੇ ਜਾਂਦੇ ਸਮੇਂ ਘਰ ਵਿੱਚ ਲੱਗੇ ਸੀ.ਸੀ.ਟੀ.ਵੀ ਕੈਮਰਾ ਤੋੜ ਕੇ ਆਪਣੇ ਨਾਲ ਲੈ ਕੇ ਭੱਜ ਗਏ, ਜਿਸ ਸਬੰਧੀ ਮੁਕੱਦਮਾ ਨੰਬਰ 115 ਮਿਤੀ 08.08.2026 ਅ/ਧ 331(4),309 (4), 351(2), 3 (5), 127(2) ਤੇ 25/54/59 ਅਸਲਾ ਐਕਟ ਥਾਣਾ ਸਿਟੀ-1 ਸੰਗਰੂਰ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।

## ਪਿੰਡਾਂ ਦੇ ਹੋ ਰਹੇ ਵਿਕਾਸ ਕੰਮਾਂ ਤੋਂ ਲੋਕ ਖੁਸ਼ : ਬਰਸਟ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੇ ਲੋਕ ਭਲਾਈ ਦੇ ਕੰਮਾਂ 'ਤੇ ਸੂਬੇ ਦੇ ਲੋਕ ਬਹੁਤ ਖੁਸ਼ ਹਨ [illegible] ਬਰਸਟ ਨੇ ਲੋਕ ਮਿਲਣੀ ਦੌਰਾਨ ਕੀਤਾ।ਬਰਸਟ ਵੱਲੋਂ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਤੇ ਆਮ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਲੋਕਾਂ ਤੇ ਪੰਚਾਇਤਾਂ ਵੱਲੋਂ ਆਪਣੇ ਪਿੰਡਾਂ ਨਾਲ ਸਬੰਧਤ ਵਿਕਾਸ ਕਾਰਜਾਂ, ਸਮੱਸਿਆਵਾਂ, ਮੰਗਾਂ ਅਤੇ ਸੁਝਾਵਾਂ ਬਾਰੇ ਬਰਸਟ ਨੂੰ ਜਾਣੂ ਕਰਾਇਆ ਗਿਆ।ਬਰਸਟ ਨੇ ਲੋਕਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਨੂੰ ਬੜੇ ਧਿਆਨ ਨਾਲ ਸੁਣਿਆ ਅਤੇ ਸਬੰਧਤ ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਦੌਰਾਨ ਹਲਕਾ ਸਮਾਣਾ ਦੇ ਸਰਵਪੱਖੀ ਵਿਕਾਸ ਨੂੰ ਹੋਰ ਤੇਜ਼ ਕਰਨ ਸਬੰਧੀ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਚੇਅਰਮੈਨ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦੀ ਨੁਹਾਰ ਬਦਲਣਾ ਤੇ ਹਰ ਨਾਗਰਿਕ ਤੱਕ ਸਰਕਾਰੀ ਯੋਜਨਾਵਾਂ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਪੁਚਾਉਣਾ ਹੈ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਵਿਕਾਸ ਅਤੇ ਲੋਕ ਭਲਾਈ ਨੂੰ ਸਭ ਤੋਂ ਵੱਧ ਤਰਜ਼ੀਹ ਦਿੱਤੀ ਜਾ ਰਹੀ ਹੈ।ਸੂਬਾ ਸਰਕਾਰ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਬਰਸਟ ਨੇ ਦੱਸਿਆ ਕਿ ਪੰਜਾਬ ਸਰਕਾਰ ਇਮਾਨਦਾਰੀ, ਪਾਰਦਰਸ਼ਤਾ ਤੇ ਦ੍ਰਿੜ੍ਹਤਾ ਨਾਲ ਨਿਰੰਤਰ ਕਾਰਜ ਕਰ ਰਹੀ ਹੈ।

## ਰੀਡਰ ਰਾਜ ਕੁਮਾਰ ਪਦ-ਉੱਨਤ ਹੋ ਕੇ ਬਣੇ ਥਾਣੇਦਾਰ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸਥਾਨਕ ਡੀ.ਐੱਸ.ਪੀ. ਦਫ਼ਤਰ ਵਿਖੇ ਆਪਣੀਆਂ ਸੇਵਾਵਾਂ ਨਿਭਾਅ ਰਹੇ ਰੀਡਰ ਰਾਜ ਕੁਮਾਰ ਨੂੰ ਪੰਜਾਬ ਸਰਕਾਰ ਤੇ ਪੁਲਸ ਵਿਭਾਗ ਵੱਲੋਂ ਤਰੱਕੀ ਦਿੰਦਿਆਂ ਥਾਣੇਦਾਰ ਦੇ ਅਹੁਦੇ 'ਤੇ ਪਦ-ਉੱਨਤ ਕੀਤਾ ਗਿਆ ਹੈ।ਉਨ੍ਹਾਂ ਦੀ ਇਸ ਤਰੱਕੀ ਨਾਲ ਇਲਾਕੇ ਤੇ ਪੁਲਸ ਮਹਿਕਮੇ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ।ਐੱਸ.ਐੱਸ.ਪੀ. ਸੰਗਰੂਰ ਡਾ. ਰਵਜੋਤ ਗਰੇਵਾਲ, ਕਪਤਾਨ ਪੁਲਸ ਦਵਿੰਦਰ ਅੱਤਰੀ ਤੇ ਰਾਜੇਸ਼ ਛਿੱਬਰ ਨੇ ਰਾਜ ਕੁਮਾਰ ਦੇ ਮੋਢਿਆਂ 'ਤੇ ਸਟਾਰ ਲਗਾਉਣ ਦੀ ਰਸਮ ਨਿਭਾਈ।ਅਧਿਕਾਰੀਆਂ ਨੇ ਉਨ੍ਹਾਂ ਦੀ ਮਿਹਨਤ ਤੇ ਨਿਸ਼ਠਾ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਇਮਾਨਦਾਰੀ ਨਾਲ ਸੇਵਾ ਨਿਭਾਉਣ ਲਈ ਪ੍ਰੇਰਿਤ ਕੀਤਾ।ਇਸ ਦੌਰਾਨ ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਨੇ ਨਵ-ਨਿਯੁਕਤ ਥਾਣੇਦਾਰ ਰਾਜ ਕੁਮਾਰ ਨੂੰ ਵਿਸ਼ੇਸ਼ ਤੌਰ 'ਤੇ ਮੁਬਾਰਕਬਾਦ ਦਿੱਤੀ।ਇਸ ਮੌਕੇ ਸਮੂਹ ਸਟਾਫ਼ ਤੇ ਸਥਾਨਕ ਪੁਲਸ ਕਰਮਚਾਰੀਆਂ ਨੇ ਵੀ ਰਾਜ ਕੁਮਾਰ ਨੂੰ ਤਰੱਕੀ ਮਿਲਣ 'ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਸੇਂਟ ਥੈਰੇਸਾ ਕਾਨਵੈਂਟ ਨੇ ਕਰਾਟੇ 'ਚ 15 ਸੋਨੇ ਤੇ 7 ਚਾਂਦੀ ਦੇ ਤਮਗੇ ਜਿੱਤੇ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸੇਂਟ ਥੈਰੇਸਾ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ 70ਵੀਆਂ ਪੰਜਾਬ ਸਕੂਲ ਖੇਡਾਂ ਦੇ ਜ਼ੋਨ ਪੱਧਰ 'ਤੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਕੂਲ ਦੇ ਵਿਦਿਆਰਥੀਆਂ ਨੇ ਕਰਾਟੇ, ਸ਼ਤਰੰਜ ਤੇ ਬਾਸਕਟਬਾਲ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਬਿਹਤਰੀਨ ਪ੍ਰਦਰਸ਼ਨ ਕਰਦਿਆਂ ਕਈ ਤਮਗੇ ਅਤੇ ਉਪਲਬਧੀਆਂ ਹਾਸਲ ਕੀਤੀਆਂ।ਕਰਾਟੇ ਮੁਕਾਬਲਿਆਂ 'ਚ ਸਕੂਲ ਦੇ ਲੜਕਿਆਂ ਨੇ ਅੰਡਰ-14 ਤੇ ਅੰਡਰ-17 ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 8 ਸੋਨੇ ਅਤੇ 3 ਚਾਂਦੀ ਦੇ ਤਮਗੇ ਜਿੱਤੇ।8 ਸੋਨੇ ਦੇ ਤਮਗੇ ਜਿੱਤਣ ਵਾਲੇ ਖਿਡਾਰੀਆਂ ਦੀ ਚੋਣ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਹੋਈ ਹੈ।ਇਸੇ ਤਰ੍ਹਾਂ ਸਕੂਲ ਦੀਆਂ ਲੜਕੀਆਂ ਨੇ ਵੀ ਕਰਾਟੇ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ 7 ਸੋਨੇ ਅਤੇ 4 ਚਾਂਦੀ ਦੇ ਤਮਗੇ ਆਪਣੇ ਨਾਂਅ ਕੀਤੇ।7 ਸੋਨੇ ਦੇ ਤਮਗਾ ਜੇਤੂ ਖਿਡਾਰਨਾਂ ਦੀ ਚੋਣ ਵੀ ਜ਼ਿਲ੍ਹਾ ਪੱਧਰ ਲਈ ਹੋਈ ਹੈ।ਇਸ ਸ਼ਾਨਦਾਰ ਪ੍ਰਾਪਤੀ ਨਾਲ ਸਕੂਲ ਦੇ ਨਾਲ-ਨਾਲ ਵਿਦਿਆਰਥੀਆਂ ਦੇ ਮਾਪਿਆਂ ਤੇ ਅਧਿਆਪਕਾਂ ਵਿੱਚ ਵੀ ਖੁਸ਼ੀ ਦੀ ਲਹਿਰ ਹੈ।ਸ਼ਤਰੰਜ ਮੁਕਾਬਲੇ ਵਿੱਚ ਸਕੂਲ ਦੀਆਂ ਵਿਦਿਆਰਥਣਾਂ ਨੇ ਰਣਨੀਤਕ ਸਮਰੱਥਾ ਤੇ ਖੇਡ ਕੌਸ਼ਲ ਦਾ ਬਿਹਤਰੀਨ ਪ੍ਰਦਰਸ਼ਨ ਕਰਦਿਆਂ ਅੰਡਰ-14 ਗਰਲਜ਼ ਵਰਗ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਇਸ ਮੁਕਾਬਲੇ ਵਿੱਚ ਸਕੂਲ ਦੇ 3 ਵਿਦਿਆਰਥੀਆਂ ਦੀ ਚੋਣ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਹੋਈ।ਲੜਕਿਆਂ ਦੇ ਵਰਗ ਵਿੱਚ ਅਸੀਮ ਸੂਦ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹਾ ਪੱਧਰ ਲਈ ਆਪਣੀ ਜਗ੍ਹਾ ਪੱਕੀ ਕੀਤੀ।ਬਾਸਕਟਬਾਲ ਮੁਕਾਬਲੇ ਵਿੱਚ ਵੀ ਸਕੂਲ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ।ਟੀਮ ਦੀਆਂ 4 ਖਿਡਾਰਨਾਂ ਦੀ ਚੋਣ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਹੋਈ ਹੈ।ਖਿਡਾਰੀਆਂ ਨੇ ਪੂਰੇ ਟੂਰਨਾਮੈਂਟ ਦੌਰਾਨ ਅਨੁਸ਼ਾਸਨ, ਟੀਮ ਭਾਵਨਾ ਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਕੂਲ ਦੀ ਪ੍ਰਿੰਸੀਪਲ ਸਿਸਟਰ ਰੌਸ਼ਨੀ ਨੇ ਸਾਰੇ ਜੇਤੂ ਖਿਡਾਰੀਆਂ ਨੂੰ ਹਾਰਦਿਕ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।

## ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ



**ਸੰਗਰੂਰ (ਪ੍ਰਵੀਨ ਸਿੰਘ)**-ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਸੰਗਰੂਰ 'ਚ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਆਂਗਣਵਾੜੀ ਵਰਕਰਾਂ ਵੱਲੋਂ ਪਿੰਡ ਪੱਧਰ 'ਤੇ ਵਿਸ਼ੇਸ਼ ਜਾਗਰੂਕਤਾ ਗਤੀਵਿਧੀਆਂ ਕਰਾਈਆਂ ਜਾ ਰਹੀਆਂ ਹਨ।ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਲਵਲੀਨ ਬੜਿੰਗ ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪਰਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਆਂਗਣਵਾੜੀ ਵਰਕਰਾਂ ਨੂੰ 'ਨਸ਼ਾ ਮੁਕਤ ਮਿੱਤਰ' ਵਜੋਂ ਸਰਗਰਮ ਕਰਦਿਆਂ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੁਹਿੰਮ ਤਹਿਤ ਆਂਗਣਵਾੜੀ ਵਰਕਰਾਂ ਵੱਲੋਂ ਆਪਣੇ-ਆਪਣੇ ਇਲਾਕਿਆਂ ਵਿੱਚ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਨਸ਼ਿਆਂ ਦੇ ਸਰੀਰਕ, ਮਾਨਸਿਕ, ਪਰਿਵਾਰਕ ਤੇ ਸਮਾਜਿਕ ਜੀਵਨ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾ ਰਹੀ ਹੈ।ਲੋਕਾਂ ਨੂੰ ਸਮਝਾਇਆ ਜਾ ਰਿਹਾ ਹੈ ਕਿ ਨਸ਼ੇ ਦੀ ਆਦਤ ਵਿਅਕਤੀ ਦੀ ਸਿਹਤ ਤੇ ਭਵਿੱਖ ਨੂੰ ਪ੍ਰਭਾਵਿਤ ਕਰਨ ਦੇ ਨਾਲ-ਨਾਲ ਪਰਿਵਾਰਕ ਮਾਹੌਲ ਤੇ ਸਮਾਜਿਕ ਜੀਵਨ 'ਤੇ ਵੀ ਗੰਭੀਰ ਮਾੜਾ ਪ੍ਰਭਾਵ ਪਾਉਂਦੀ ਹੈ। ਆਂਗਣਵਾੜੀ ਵਰਕਰਾਂ ਵੱਲੋਂ ਮਾਪਿਆਂ ਤੇ ਸਮਾਜ ਦੇ ਹੋਰ ਮੈਂਬਰਾਂ ਨੂੰ ਬੱਚਿਆਂ ਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਇਸ ਦੇ ਨਾਲ ਹੀ ਨੌਜਵਾਨਾਂ ਨੂੰ ਸਿੱਖਿਆ, ਖੇਡਾਂ ਤੇ ਹੋਰ ਸਿਹਤਮੰਦ ਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ।ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪਰਦੀਪ ਸਿੰਘ ਗਿੱਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨਾ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਦਾ ਪਿੰਡ ਪੱਧਰ 'ਤੇ ਪਰਵਾਰਾਂ ਨਾਲ ਨਜ਼ਦੀਕੀ ਸੰਪਰਕ ਹੁੰਦਾ ਹੈ, ਜਿਸ ਕਰਕੇ ਉਹ ਨਸ਼ਾ ਮੁਕਤ ਭਾਰਤ ਅਭਿਆਨ ਦਾ ਸੰਦੇਸ਼ ਘਰ-ਘਰ ਤੱਕ ਪੁਚਾਉਣ ਵਿੱਚ ਅਹਿਮ ਭੂਮਿਕਾ ਨਿਭਾਅ ਰਹੀਆਂ ਹਨ।

## ਨਿਸ਼ਚੈ ਕੋਚਿੰਗ ਅਕੈਡਮੀ ਭਵਿੱਖ ਨਿਰਮਾਣ ਲਈ ਵਿਲੱਖਣ ਉਪਰਾਲਾ : ਡਾ. ਰਜਿੰਦਰ ਕੌਰ



**ਸਮਰਾਲਾ (ਸੁਰਜੀਤ ਸਿੰਘ)**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੁਖਮਿੰਦਰ ਸਿੰਘ (ਸਕੱਤਰ ਵਿੱਦਿਆ) ਦੀ ਰਹਿਨੁਮਾਈ ਤੇ ਦਿਸ਼ਾ-ਨਿਰਦੇਸ਼ ਅਨੁਸਾਰ ਨਿਸ਼ਚੈ ਸਿਵਲ ਸਰਵਿਸਿਜ਼ ਕੋਚਿੰਗ ਅਕੈਡਮੀ ਚੰਡੀਗੜ੍ਹ ਵੱਲੋਂ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੇ ਯੋਗ ਬਣਾਉਣ ਲਈ ਸੀ.ਸੀ.ਐਲ.ਪੀ. ਰਾਹੀਂ ਮੁੱਫਤ ਕੋਚਿੰਗ ਦਿੱਤੀ ਜਾ ਰਹੀ ਹੈ।ਕਾਲਜ ਪ੍ਰਿੰਸੀਪਲ ਅਤੇ ਡਿਪਟੀ ਡਾਇਰੈਕਟਰ ਨਿਸ਼ਚੈ ਅਕੈਡਮੀ ਡਾ. ਰਜਿੰਦਰ ਕੌਰ ਨੇ ਇਹ ਦੱਸਦੇ ਹੋਏ ਖੁਸ਼ੀ ਪ੍ਰਗਟ ਕੀਤੀ ਕਿ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੇ ਯੋਗ ਬਣਾਉਣ ਲਈ ਸੀ.ਸੀ.ਐਲ.ਪੀ (ਕੰਪਰੀਹੈਂਸਿਵ ਕੰਪੀਟਿਟਿਵ ਲਰਨਿੰਗ ਪ੍ਰੋਗਰਾਮ) ਰਾਹੀਂ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਵਿਖੇ ਯੂ.ਪੀ.ਐਸ.ਸੀ. ਪ੍ਰੀਖਿਆ ਲਈ ਮੁੱਫਤ ਕੋਚਿੰਗ ਦਿੱਤੀ ਜਾਵੇਗੀ।

ਵਿਦਿਆਰਥੀਆਂ ਦੇ ਭਵਿੱਖ ਨੂੰ ਉੱਜਵਲ ਬਣਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਸਾਹਿਬ ਅਤੇ ਸਕੱਤਰ (ਵਿੱਦਿਆ) ਦੀ ਦੂਰ ਅੰਦੇਸ਼ੀ ਸੋਚ ਤੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਇਹ ਯੋਗ ਉਪਰਾਲਾ ਕੀਤਾ ਗਿਆ ਹੈ। ਜਿਸ ਅਧੀਨ ਗਰੈਜੂਏਸ਼ਨ ਦੇ ਵਿਦਿਆਰਥੀ ਅਕਾਦਮਿਕ ਪੜ੍ਹਾਈ ਦੇ ਨਾਲ ਨਾਲ ਸਿਵਲ ਸਰਵਿਸ ਪ੍ਰੀਖਿਆਵਾਂ, ਉੱਚ ਸਰਕਾਰੀ ਨੌਕਰੀਆਂ ਤੇ ਹੋਰ ਮੁਕਾਬਲਿਆਂ ਦੇ ਇਮਤਿਹਾਨਾਂ ਨੂੰ ਪਾਸ ਕਰਨ ਦੇ ਯੋਗ ਬਣ ਸਕਣਗੇ।ਨਿਸ਼ਚੈ ਅਕਾਦਮੀ ਵੱਲੋਂ ਸੀ.ਸੀ.ਐਲ.ਪੀ.ਰਾਹੀਂ ਕਰਵਾਈ ਜਾਣ ਵਾਲੀ ਇਸ ਤਿਆਰੀ ਸਬੰਧੀ ਯੋਜਨਾ ਦਾ ਉਦੇਸ਼ ਵਿਦਿਆਰਥੀਆਂ ਨੂੰ ਰਾਜ ਪੱਧਰੀ ਅਤੇ ਰਾਸ਼ਟਰੀ ਪੱਧਰ ਦੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਤਿਆਰ ਕਰਨਾ ਹੈ ਤਾਂ ਜੁ ਉਹ ਉੱਚ ਨੌਕਰੀਆਂ ਪ੍ਰਾਪਤ ਕਰਕੇ ਸਮਾਜ ਨੂੰ ਆਪਣੀਆਂ ਬੇਹਤਰ ਸੇਵਾਵਾਂ ਦੇ ਸਕਣ।ਇਹ ਉਪਰਾਲਾ ਵਿਦਿਆਰਥੀਆਂ ਲਈ ਬੇਹੱਦ ਲਾਹੇਵੰਦ ਸਾਬਤ ਹੋਵੇਗਾ।ਸ਼੍ਰੋਮਣੀ ਕਮੇਟੀ ਵੱਲੋਂ ਪਿਛਲੇ ਤਿੰਨ ਸਾਲਾਂ ਤੋਂ ਵਿਦਿਆਰਥਣਾਂ ਨੂੰ ਨਿਸ਼ਚੈ ਅਕੈਡਮੀ ਵਿੱਚ ਮੁੱਫਤ ਕੋਚਿੰਗ ਦੇ ਨਾਲ ਨਾਲ ਰਿਹਾਇਸ਼ ਤੇ ਭੋਜਨ ਦੀਆਂ ਸਾਰੀਆਂ ਸੁਵਿਧਾਵਾਂ ਵੀ ਬਗੈਰ ਅਦਾਇਗੀ ਤੋਂ ਉਪਲੱਬਧ ਕੀਤੀਆਂ ਜਾ ਰਹੀਆਂ ਹਨ ਅਤੇ ਨਾਲ ਹੀ ਪੜ੍ਹਾਈ ਯੋਗ ਵਾਤਾਵਰਨ ਉਪਲੱਬਧ ਕੀਤਾ ਗਿਆ ਹੈ।ਨਿਸ਼ਚੈ ਸਿਵਲ ਸਰਵਿਸਿਜ਼ ਕੋਚਿੰਗ ਅਕੈਡਮੀ ਵੱਲੋਂ ਬੈਚਲਰ ਡਿਗਰੀ ਦੇ ਵਿਦਿਆਰਥੀਆਂ ਦਾ ਟੈਸਟ ਲਿਆ ਗਿਆ, ਜਿਸ ਵਿੱਚ ਝਾੜ ਸਾਹਿਬ ਕਾਲਜ ਦੀਆਂ ਵਿਦਿਆਰਥਣਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।ਪ੍ਰੋਗਰਾਮ ਦੇ ਕਨਵੀਨਰ ਡਾ.ਸੁਨੀਤਾ ਕੌਸ਼ਲ ਨੇ ਕਿਹਾ ਕਿ ਇਸ ਮੁਫ਼ਤ ਕੋਚਿੰਗ ਰਾਹੀਂ ਵਿਦਿਆਰਥਣਾਂ ਨੂੰ ਨਵੀਆਂ ਦਿਸ਼ਾਵਾਂ ਅਤੇ ਭਵਿੱਖ ਮੁਖੀ ਸੁਨਹਿਰੀ ਮੌਕੇ ਪ੍ਰਾਪਤ ਹੋਣਗੇ।

## ਇੱਕ ਕਿੱਲੋ ਅਫੀਮ ਸਮੇਤ ਕਾਬੂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਨੇ ਇੱਕ ਵਿਅਕਤੀ ਬਲਵਿੰਦਰ ਸਿੰਘ ਉਰਫ਼ ਗੋਲੂ ਵਾਸੀ ਮਾਛੀਵਾੜਾ ਨੂੰ ਇੱਕ ਕਿੱਲੋ ਅਫੀਮ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਡੀ.ਐੱਸ.ਪੀ. ਸਮਰਾਲਾ ਪ੍ਰਿਤਪਾਲ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਨਸ਼ਾ ਤਸਕਰਾਂ ਖਿਲਾਫ਼ ਵਿੱਢੀ ਮੁਹਿੰਮ ਨੂੰ ਉਸ ਸਮੇਂ ਸਫ਼ਲਤਾ ਮਿਲੀ, ਜਦੋਂ ਸਹਾਇਕ ਥਾਣੇਦਾਰ ਸੁਖਵਿੰਦਰ ਸਿੰਘ ਵੱਲੋਂ ਅਢਿਆਣਾ ਰੋਡ 'ਤੇ ਨਾਕਾਬੰਦੀ ਦੌਰਾਨ ਸ਼ੱਕ ਦੇ ਆਧਾਰ 'ਤੇ ਇੱਕ ਵਿਅਕਤੀ ਨੂੰ ਰੋਕਿਆ ਗਿਆ। ਇਸ ਵਿਅਕਤੀ ਨੇ ਆਪਣਾ ਨਾਮ ਬਲਵਿੰਦਰ ਸਿੰਘ ਉਰਫ਼ ਗੋਲੂ ਦੱਸਿਆ ਤੇ ਤਲਾਸ਼ੀ ਦੌਰਾਨ ਉਸ ਕੋਲੋਂ 1 ਕਿੱਲੋ ਅਫ਼ੀਮ ਬਰਾਮਦ ਹੋਈ। ਪੁਲਸ ਵੱਲੋਂ ਉਕਤ ਵਿਅਕਤੀ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ ਅਤੇ ਜਾਂਚ ਕੀਤੀ ਜਾ ਰਹੀ ਹੈ।

## ਸ੍ਰੀ ਮਾਤਾ ਨੈਣਾ ਦੇਵੀ ਲੰਗਰ ਲਾਉਣ ਲਈ ਟਰੱਕ ਰਵਾਨਾ



**ਧੂਰੀ (ਬਿੰਨੀ ਗਰਗ)**-ਸਰਬ ਭਾਰਤੀਯ ਸੇਵਾ ਸੰਮਤੀ ਨੇ ਇੱਕ ਟਰੱਕ ਰਾਸ਼ਨ ਦਾ ਪ੍ਰਧਾਨ ਸ੍ਰੀ ਰਾਕੇਸ਼ ਕੁਮਾਰ ਦੀ ਪ੍ਰਧਾਨਗੀ ਹੇਠ ਮਾਤਾ ਸ੍ਰੀ ਨੈਨਾਂ ਦੇਵੀ ਜੀ ਚਾਲਾ ਸਾਉਣ ਅਸ਼ਟਮੀ 2026 ਸ੍ਰੀ ਦੁਰਗਾ ਸੇਵਾ ਦਲ ਪੰਜਾਬ ਦੇ ਸਹਿਯੋਗ ਲਈ ਭੇਜਿਆ।ਜਨਰਲ ਸਕੱਤਰ ਪਿਆਰ ਚੰਦ ਸੰਖਿਆਣ ਨੇ ਦੱਸਿਆ ਕਿ ਮੱਖਣ ਲਾਲ ਬਾਲੀਆਂ ਵਾਲੇ ਦੁਆਰਾ ਕੰਜਕ ਪੂਰਨ ਕਰਕੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਉਨ੍ਹਾਂ ਦੱਸਿਆ ਕਿ 54 ਵਾਂ ਵਿਸ਼ਾਲ ਭੰਡਾਰਾ ਲਾਇਆ ਜਾ ਰਿਹਾ ਹੈ ਅਤੇ 24 ਘੰਟੇ ਭੰਡਰਾ ਚੱਲੇਗਾ ਤੇ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਲਈ ਵਲੰਟੀਅਰ ਸੇਵਾ ਤੇ ਆਮ ਯਾਤਰੀਆਂ ਦੇ ਸੇਵਾ ਲਈ ਮੈਡੀਕਲ ਕੈਂਪ ਮੁਫਤ ਲਾਇਆ ਜਾਵੇਗਾ।ਕੈਂਪ ਵਿੱਚ 13 ਤੋਂ 20 ਅਗਸਤ ਤੱਕ ਵਲੰਟੀਅਰਜ਼ ਭਾਗ ਲੈਣਗੇ।

## ਮਾਊਂਟ ਇੰਟਰਨੈਸ਼ਨਲ ਸਕੂਲ ਵੱਲੋਂ ਵਿਦਿਆਰਥੀਆਂ ਦਾ ਬਲੂ ਆਈ ਵਾਟਰ ਪਾਰਕ ਟ੍ਰਿੱਪ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਮਾਊਂਟ ਇੰਟਰਨੈਸ਼ਨਲ ਸਕੂਲ ਬਾਘਾ ਪੁਰਾਣਾ ਵੱਲੋਂ ਵਿਦਿਆਰਥੀਆਂ ਨੂੰ ਮੋਗਾ ਵਿਖੇ ਸਥਿਤ ਬਲੂ ਆਈ ਵਾਟਰ ਪਾਰਕ ਵਿਖੇ ਇੱਕ ਵਿਸ਼ੇਸ਼ ਮਨੋਰੰਜਕ ਟ੍ਰਿੱਪ 'ਤੇ ਲਿਜਾਇਆ ਗਿਆ।ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਜਲ ਕ੍ਰੀੜਾਵਾਂ ਤੇ ਮਨੋਰੰਜਨਕ ਗਤੀਵਿਧੀਆਂ ਦਾ ਭਰਪੂਰ ਆਨੰਦ ਮਾਣਿਆ।ਬੱਚਿਆਂ ਵਿੱਚ ਇਸ ਟ੍ਰਿੱਪ ਨੂੰ ਲੈ ਕੇ ਬੇਹੱਦ ਉਤਸ਼ਾਹ ਤੇ ਖੁਸ਼ੀ ਦੇਖਣ ਨੂੰ ਮਿਲੀ।ਇਸ ਮੌਕੇ ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਨੇ ਕਿਹਾ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕਲਾਸਰੂਮ ਸਿੱਖਿਆ ਦੇ ਨਾਲ-ਨਾਲ ਮਨੋਰੰਜਨਕ ਤੇ ਵਿਹਾਰਕ ਗਤੀਵਿਧੀਆਂ ਵੀ ਜ਼ਰੂਰੀ ਹਨ।ਅਜਿਹੀਆਂ ਟ੍ਰਿੱਪਾਂ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਆਪਸੀ ਸਾਂਝ ਤੇ ਟੀਮ ਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ।ਹੈੱਡ ਮੈਡਮ ਖੁਸ਼ਪ੍ਰੀਤ ਕੌਰ ਨੇ ਕਿਹਾ ਕਿ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਸਾਰੀਆਂ ਗਤੀਵਿਧੀਆਂ ਵਿੱਚ ਭਾਗ ਲਿਆ ਤੇ ਇਸ ਟ੍ਰਿੱਪ ਦਾ ਖੂਬ ਆਨੰਦ ਮਾਣਿਆ।ਪ੍ਰਿੰਸੀਪਲ ਪਰਮਿੰਦਰ ਕੌਰ, ਕਿਡਜ਼ੀ ਪ੍ਰੀ-ਸਕੂਲ ਦੀ ਡਾਇਰੈਕਟਰ ਮੈਡਮ ਸੁਧਾ ਮਹਿਤਾ ਨੇ ਕਿਹਾ ਕਿ ਬੱਚਿਆਂ ਲਈ ਖੁਸ਼ੀ ਤੇ ਸਿੱਖਣ ਨੂੰ ਇਕੱਠੇ ਲੈ ਕੇ ਚੱਲਣਾ ਬਹੁਤ ਮਹੱਤਵਪੂਰਨ ਹੈ।ਇਸ ਮੌਕੇ ਕੋਆਰਡੀਨੇਟਰ ਮੈਡਮ ਨੇਹਾ ਮੋਲੜੀ ਨੇ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ, ਸੁਵਿਧਾ ਤੇ ਖੁਸ਼ੀ ਨੂੰ ਧਿਆਨ ਵਿੱਚ ਰੱਖਦਿਆਂ ਟ੍ਰਿੱਪ ਦੇ ਸਾਰੇ ਪ੍ਰਬੰਧ ਪਹਿਲਾਂ ਹੀ ਸੁਚੱਜੇ ਢੰਗ ਨਾਲ ਕੀਤੇ ਗਏ ਸਨ।ਅੰਤ ਵਿੱਚ ਪ੍ਰਿੰਸੀਪਲ ਸੰਦੀਪ ਮਹਿਤਾ ਵੱਲੋਂ ਸਮੂਹ ਅਧਿਆਪਕਾਂ ਤੇ ਸਟਾਫ਼ ਦਾ ਧੰਨਵਾਦ ਕੀਤਾ ਗਿਆ।

## ਬੈਡਮਿੰਟਨ 'ਚ ਸੈਂਟਨਰੀ ਸਕੂਲ ਨੇ ਗੱਡੇ ਜਿੱਤ ਦੇ ਝੰਡੇ



**ਜਗਰਾਉਂ (ਅਮਿਤ ਖੰਨਾ/ਸੰਜੀਵ ਅਰੋੜਾ)**
ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਦੇ ਪ੍ਰਿੰਸੀਪਲ ਡਾ. ਵੇਦ ਵਰਤ ਪਲਾਹ ਨੇ ਦੱਸਿਆ ਕਿ ਪੰਜਾਬ ਸਕੂਲ 70ਵੀਆਂ ਜ਼ੋਨਲ ਪੱਧਰ ਦੀਆਂ ਖੇਡਾਂ ਵਿੱਚ ਸਕੂਲ ਦੇ ਬੈਡਮਿੰਟਨ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਵਰਆਲ ਚੈਂਪੀਅਨਸ਼ਿਪ ਆਪਣੇ ਨਾਂਅ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਵਿਦਿਆਰਥੀਆਂ ਨੇ ਆਪਣੀ ਮਿਹਨਤ, ਲਗਨ, ਅਨੁਸ਼ਾਸਨ ਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਉਮਰ ਵਰਗਾਂ ਵਿੱਚ ਸ਼ਾਨਦਾਰ ਜਿੱਤਾਂ ਦਰਜ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ।ਅੰਡਰ-17 ਸਾਲਾਂ ਲੜਕੀਆਂ ਦੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਟੀਮ ਵਿੱਚ ਓਮੀਸ਼ਾ ਸ਼ਰਮਾ, ਅਰਸ਼ਦੀਪ ਕੌਰ, ਰਵਲੀਨ ਕੌਰ ਤੇ ਤੇਨੁਸਕਾ ਕੰਨਾਰ ਨੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ।ਇਸੇ ਤਰ੍ਹਾਂ ਅੰਡਰ-17 ਸਾਲਾਂ ਲੜਕਿਆਂ ਦੀ ਟੀਮ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕੀਤਾ।ਟੀਮ ਦੇ ਖਿਡਾਰੀ ਰਾਘਵ ਬਾਂਸਲ, ਵੰਸ਼ ਮਾਨਿਕ, ਸੁਗਣ ਝਾਜੀ, ਪੁਖਰਾਜ ਸਿੰਘ ਅਤੇ ਦਕਸ਼ ਅਰੋੜਾ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ।ਅੰਡਰ-14 ਸਾਲਾਂ ਲੜਕਿਆਂ ਦੀ ਟੀਮ ਨੇ ਵੀ ਆਪਣੀ ਕਾਬਲੀਅਤ ਸਾਬਤ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਟੀਮ ਵਿੱਚ ਗੁਰਨੂਰ ਸਿੰਘ ਰੱਖਰਾ, ਪਾਰਸਿਵ ਚੋਪੜਾ, ਡਿਵੈਨ ਸਿੰਗਲਾ, ਕਿਸ਼ਨ ਕੰਨਾਰ ਤੇ ਜੈਅੰਤ ਗੁਪਤਾ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਸ਼ਾਨਦਾਰ ਜਿੱਤ ਤੋਂ ਬਾਅਦ ਸਕੂਲ ਦੇ ਹੋਣਹਾਰ ਖਿਡਾਰੀ ਹੁਣ ਜ਼ਿਲ੍ਹਾ ਪੱਧਰੀ ਬੈਡਮਿੰਟਨ ਮੁਕਾਬਲਿਆਂ ਵਿੱਚ ਹਿੱਸਾ ਲੈਣਗੇ।ਸਕੂਲ ਪ੍ਰਬੰਧਕਾਂ ਅਤੇ ਸਮੂਹ ਅਧਿਆਪਕਾਂ ਨੇ ਖਿਡਾਰੀਆਂ ਨੂੰ ਉਨ੍ਹਾਂ ਦੀ ਇਸ ਉਪਲਬਧੀ ਲਈ ਵਧਾਈ ਦਿੰਦਿਆਂ ਆਉਣ ਵਾਲੇ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।ਪ੍ਰਿੰਸੀਪਲ ਡਾ. ਵੇਦ ਵਰਤ ਪਲਾਹ ਤੇ ਡੀ ਪੀ ਹਰਦੀਪ ਸਿੰਘ ਬਿੰਜਲ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ ਵਿਸ਼ਵਾਸ, ਟੀਮ ਭਾਵਨਾ ਤੇ ਨੈਤਿਕਤਾ ਦੇ ਗੁਣ ਪੈਦਾ ਕਰਨ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

## ਜ਼ੋਨ ਪੱਧਰੀ ਬੈਡਮਿੰਟਨ 'ਚ ਡਿਪਸ ਵੱਲੋਂ ਜਿੱਤ ਦੀ ਹੈਟ੍ਰਿਕ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਜ਼ੋਨ ਪੱਧਰੀ ਬੈਡਮਿੰਟਨ ਖੇਡਾਂ 'ਚ ਦਸਮੇਸ਼ ਇੰਟਰਨੈਸ਼ਨਲ ਪਬਲਿਕ ਸਕੂਲ ਥੇੜੀ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇਤਿਹਾਸਕ ਸਫਲਤਾ ਹਾਸਲ ਕੀਤੀ।ਸਕੂਲ ਦੀ ਪ੍ਰਿੰ. ਮੋਨਿਕਾ ਸ਼ਰਮਾਂ ਨੇ ਦੱਸਿਆ ਕਿ ਸਕੂਲ ਦੀਆਂ ਅੰਡਰ-14, ਅੰਡਰ-17 ਤੇ ਅੰਡਰ-19 ਬੈਡਮਿੰਟਨ ਟੀਮਾਂ ਨੇ ਆਪਣੇ-ਆਪਣੇ ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਜੇਤੂ ਟਰਾਫੀਆਂ ਆਪਣੇ ਨਾਂਅ ਕੀਤੀਆਂ ਤੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਕੁਆਲੀਫਾਈ ਕੀਤਾ।

# ਭਾਰਤ ਛੱਡੋ ਅੰਦੋਲਨ ਦੀ 84ਵੀਂ ਵਰ੍ਹੇਗੰਢ ਇਨਕਲਾਬੀ ਜੋਸ਼ੋ-ਖਰੋਸ਼ ਨਾਲ ਮਨਾਈ



ਅਜਨਾਲਾ (ਸੁਖਜਿੰਦਰ ਸਿੰਘ ਰਾਜੂ)-ਸੰਯੁਕਤ ਕਿਸਾਨ ਮੋਰਚਾ ਅਤੇ ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਇਥੇ ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਪੰਜਾਬ ਕਿਸਾਨ ਯੂਨੀਅਨ ਦੀ ਅਗਵਾਈ 'ਚ ਸੈਂਕੜੇ ਕਿਸਾਨਾਂ, ਮਜ਼ਦੂਰਾਂ ਅਤੇ ਹੋਰ ਮਿਹਨਤਕਸ਼ਾਂ ਨੇ ਭਾਰਤ ਛੱਡੋ ਅੰਦੋਲਨ ਦੀ 84ਵੀਂ ਵਰ੍ਹੇਗੰਢ ਇਨਕਲਾਬੀ ਜੋਸ਼ੋ ਖਰੋਸ਼ ਨਾਲ ਮਨਾਈ। ਇਸ ਸਮੇਂ ਕਿਸਾਨ ਮਜ਼ਦੂਰ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਕੁਲਵੰਤ ਸਿੰਘ ਮੱਲੂਨੰਗਲ, ਸੁਰਜੀਤ ਸਿੰਘ ਭੂਰੇਗਿੱਲ ਤੇ ਹਰਦੀਪ ਸਿੰਘ ਬੱਗਾ ਦੀ ਪ੍ਰਧਾਨਗੀ ਹੇਠ ਰੋਹ ਭਰਿਆ ਮੁਜ਼ਾਹਰਾ ਕੀਤਾ ਜਿਸ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਤੇ ਪੰਜਾਬ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਮੰਗਲ ਸਿੰਘ ਧਰਮਕੋਟ ਨੇ ਕਿਹਾ ਕਿ ਆਰ ਐਸ ਐਸ ਦੀ ਵਿਚਾਰਧਾਰਾ 'ਤੇ ਕੰਮ ਕਰਦੀ ਮੋਦੀ ਸਰਕਾਰ ਸਾਡੇ ਦੇਸ਼ ਭਾਰਤ ਦੇ ਹਿਤਾਂ ਨੂੰ ਅਣਗੌਲਿਆਂ ਕਰਕੇ ਅਮਰੀਕਾ ਦੀ ਟਰੰਪ ਸਰਕਾਰ ਅੱਗੇ ਅੰਦਰਖਾਤੇ ਖੇਤੀ ਅਤੇ ਪ੍ਰਚੂਨ ਵਪਾਰ ਨੂੰ ਤਬਾਹ ਕਰਨ ਵਾਲਾ ਕਰ ਮੁਕਤ ਸਮਝੌਤਾ ਕਰਨ ਜਾ ਰਹੀ ਹੈ। ਅਜਿਹਾ ਹੋਣ ਨਾਲ ਸਾਡੇ ਦੇਸ਼ ਦੀ ਖੇਤੀ ਫਲ, ਸਬਜ਼ੀਆਂ, ਮੱਛੀ ਪਾਲਣ ਤੇ ਦੁੱਧ ਉਤਪਾਦਕਾਂ ਅਤੇ ਪ੍ਰਚੂਨ ਵਪਾਰੀਆਂ ਦਾ ਧੰਦਾ ਚੌਪਟ ਹੋ ਜਾਵੇਗਾ। ਇਹਨਾਂ ਆਗੂਆਂ ਨੇ ਦੱਸਿਆ ਕਿ ਅਜਿਹਾ ਸਮਝੌਤਾ ਹੋਣ ਨਾਲ ਸਾਡੇ ਦੇਸ਼ ਵਿੱਚ ਕੋਈ ਪੰਜ ਲੱਖ ਬਿਲੀਅਨ ਡਾਲਰ ਅਮਰੀਕਾ ਦੇ ਖੇਤੀ ਉਤਪਾਦਾਂ ਮੱਕਾ, ਸੋਇਆਬੀਨ, ਡੇਅਰੀ ਵਸਤਾਂ, ਪ੍ਰੋਸੈਸਡ ਮੀਟ ਪੋਟਰੀ ਆਦਿ ਵਸਤੂਆਂ ਦਾ ਹੜ੍ਹ ਆ ਜਾਵੇਗਾ। ਸਾਡੀਆਂ ਖੇਤੀ ਜਿਣਸਾਂ ਇਨ੍ਹਾਂ ਅੱਗੇ ਟਿਕ ਨਹੀਂ ਸਕਣਗੀਆਂ। ਉਕਤ ਆਗੂਆਂ ਨੇ ਕਿਹਾ ਕਿ ਇਸੇ ਤਰ੍ਹਾਂ ਪ੍ਰਚੂਨ ਵਪਾਰ ਨੂੰ ਡਾਢਾ ਧੱਕਾ ਵੱਜੇਗਾ। ਮੁਜ਼ਾਹਰੇ 'ਚ ਇਹ ਵੀ ਮੰਗ ਕੀਤੀ ਗਈ ਕਿ ਸਾਡੇ ਦੇਸ਼ ਦੇ ਖੇਤੀ ਸੰਕਟ ਨੂੰ ਦੂਰ ਕਰਨ ਅਤੇ ਆਤਮ ਹੱਤਿਆਵਾਂ ਨੂੰ ਰੋਕਣ ਲਈ ਸਮੂਹ ਫਸਲਾਂ ਸਮੇਤ ਬਾਸਮਤੀ, ਸਬਜ਼ੀਆਂ, ਦੁੱਧ ਤੇ ਲੱਕੜੀ ਦੀ ਐਮ ਐਸ ਪੀ ਡਾ. ਸਵਾਮੀਨਾਥਨ ਦੇ ਫਾਰਮੂਲੇ ਅਨੁਸਾਰ ਦੇਣ ਦੀ ਕਾਨੂੰਨੀ ਗਰੰਟੀ ਦਿੱਤੀ ਜਾਵੇ, ਕਿਸਾਨਾਂ ਮਜ਼ਦੂਰਾਂ ਸਿਰ ਚੜ੍ਹਿਆ ਸਾਰੇ ਕਰਜ਼ਾ ਰੱਦ ਕੀਤਾ ਜਾਵੇ ਅਤੇ ਖ਼ੁਦਕਸ਼ੀ ਪੀੜਿਤ ਕਿਸਾਨ/ ਮਜ਼ਦੂਰ ਪਰਵਾਰਾਂ ਨੂੰ 25 ਲੱਖ ਮੁਆਵਜ਼ਾ ਅਤੇ ਮੁੜ ਵਸੇਬਾ ਪ੍ਰਦਾਨ ਕੀਤਾ ਜਾਵੇ। ਇਸ ਮੌਕੇ ਮਜ਼ਦੂਰ ਆਗੂਆਂ ਨੇ ਇਹ ਵੀ ਮੰਗ ਕੀਤੀ ਕਿ ਮਨਰੇਗਾ ਕਾਨੂੰਨ ਨੂੰ ਬਹਾਲ ਕਰੋ, ਸਾਲ ਵਿੱਚ 200 ਦਿਨ ਦੀ ਗਰੰਟੀ ਅਤੇ 700 ਰੁਪਏ ਦਿਹਾੜੀ ਪ੍ਰਤੀ ਦਿਨ ਘੱਟੋ ਘੱਟ ਉਜਰਤ ਯਕੀਨੀ ਬਣਾਈ ਜਾਵੇ ਅਤੇ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕੀਤੇ ਜਾਣ। ਸੀਨੀਅਰ ਕਿਸਾਨ ਆਗੂਆਂ ਲਖਬੀਰ ਸਿੰਘ ਤੇੜਾ ਰਾਜਪੂਤਾਂ, ਬਲਕਾਰ ਸਿੰਘ ਗੁਲਗੜ੍ਹ, ਸਤਵਿੰਦਰ ਸਿੰਘ ਉਠੀਆ ਤੇ ਰਸ਼ਪਾਲ ਸਿੰਘ ਬੱਲ ਲਵੇ ਦਰਿਆ, ਜਤਿੰਦਰ ਸਿੰਘ ਜਾਫਰਕੋਟ ਨੇ ਮੰਗ ਕੀਤੀ ਕਿ ਲੋਕ ਵਿਰੋਧੀ ਕਾਲੇ ਕਾਨੂੰਨ ਬਿਜਲੀ ਸੋਧ ਬਿੱਲ ਤੇ ਬੀਜ ਬਿੱਲ 2025 ਵਾਪਸ ਲਏ ਜਾਣ। ਇਸ ਸਮੇਂ ਹੋਰਨਾਂ ਤੋਂ ਇਲਾਵਾ ਨੌਜਵਾਨ ਆਗੂ ਜੱਗਾ ਸਿੰਘ ਡੱਲਾ, ਰੇਸ਼ਮ ਸਿੰਘ ਅਜਨਾਲਾ, ਸਾਬਕਾ ਸਰਪੰਚ ਲਖਬੀਰ ਸਿੰਘ ਤੇੜਾਂ ਰਾਜਪੂਤਾਂ, ਕਰਨੈਲ ਸਿੰਘ ਭਿੰਡੀ ਸੈਦਾਂ, ਸਰਪੰਚ ਬਲਕਾਰ ਸਿੰਘ ਜੋਸ਼, ਬਲਤੇਜ ਸਿੰਘ ਦਿਆਲਪੁਰਾ, ਗਾਇਕ ਗੁਰਪਾਲ ਗਿੱਲ ਸੈਦਪੁਰ ਖ਼ੁਰਦ, ਰਸ਼ਪਾਲ ਸਿੰਘ ਸਾਹੋਵਾਲ, ਔਰਤ ਮੁਕਤੀ ਮੋਰਚਾ ਦੀ ਪ੍ਰਮੁੱਖ ਆਗੂ ਸਰਬਜੀਤ ਕੌਰ ਜਸਰਾਊਰ, ਗੁਰਭੇਜ ਸਿੰਘ ਮਾਕੋਵਾਲ, ਚਰਨਜੀਤ ਸਿੰਘ ਤਲਵੰਡੀ ਰਾਏ ਦਾਦੂ , ਜਸਪਾਲ ਸਿੰਘ ਚੱਕ ਡੋਗਰਾਂ, ਮਨਪ੍ਰੀਤ ਸਿੰਘ ਜੋਸ਼, ਗੁਰਵੰਤ ਸਿੰਘ ਰਾਏਪੁਰ ਕਲਾਂ, ਸਾ. ਸਰਪੰਚ ਦਵਿੰਦਰ ਸਿੰਘ ਗੁੱਝਾਪੀਰ, ਸਾ. ਸਰਪੰਚ ਗੁਰਵਿੰਦਰ ਸਿੰਘ ਹਾਸਮਪੁਰਾ ਆਦਿ ਸਮੂਹ ਬੁਲਾਰਿਆਂ ਨੇ ਇਸ ਮੁੱਦੇ ਨੂੰ ਜ਼ੋਰ ਨਾਲ ਦੁਹਰਾਇਆ ਕਿ ਜੇਕਰ ਖੇਤੀ ਤੇ ਪ੍ਰਚੂਨ ਵਪਾਰ ਨੂੰ ਕਰ ਮੁਕਤ ਸਮਝੌਤੇ ਵਿੱਚੋਂ ਬਾਹਰ ਨਾ ਕੱਢਿਆ ਤਾਂ ਅਸੀਂ ਲੰਬਾ ਜ਼ੋਰਦਾਰ ਸੰਘਰਸ਼ ਕਰਾਂਗੇ। ਮੁਜ਼ਾਹਰੇ ਉਪਰੰਤ ਅਜਨਾਲਾ ਦੇ ਮੁੱਖ ਬਜ਼ਾਰਾਂ 'ਚ ਹੱਥਾਂ 'ਚ ਬੈਨਰ ਤੇ ਮੰਗਾਂ ਦੀਆਂ ਤਖ਼ਤੀਆਂ ਲੈ ਕੇ ਆਪਣੇ ਵਾਹਨਾਂ ਤੇ ਐਸ ਡੀ ਐਮ ਅਜਨਾਲਾ ਦੇ ਦਫ਼ਤਰ ਤੱਕ 3 ਕਿਲੋਮੀਟਰ ਲੰਬਾ ਜਲੂਸ ਕੱਢਿਆ ਜਿੱਥੇ ਕੇਂਦਰ ਤੇ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਉੱਥੇ ਪੁੱਜ ਕੇ ਦ੍ਰੋਪਦੀ ਮੁਰਮੂ ਰਾਸ਼ਟਰਪਤੀ ਭਾਰਤ ਸਰਕਾਰ ਦੇ ਨਾਂਅ ਮੰਗ ਪੱਤਰ ਐਸ ਡੀ ਐਮ ਡਾਕਟਰ ਚਾਰੂਮਿੱਤਾ ਨੂੰ ਦਿੱਤਾ ਗਿਆ।

## ਜਾਣੀਆਂ 'ਚ ਚੈਰੀਟੇਬਲ ਲੈਬੋਰਟਰੀ ਦਾ ਮੁਫ਼ਤ ਕੈਂਪ 16 ਨੂੰ

ਬਿਆਸ (ਪਰਮਜੀਤ ਸਿੰਘ ਰੱਖੜਾ)-ਪਿੰਡ ਜਾਣੀਆਂ ਦੇ ਵੱਡਾ ਗੁਰਦੁਆਰਾ ਸਾਹਿਬ ਵਿਖੇ 'ਮਿਸ਼ਨ ਸਿਹਤਮੰਦ ਪੰਜਾਬ' ਲਾਈਫ ਕੇਅਰ ਫਾਊਂਡੇਸ਼ਨ ਵੱਲੋਂ 16 ਅਗਸਤ ਨੂੰ ਚੈਰੀਟੇਬਲ ਲੈਬੋਰਟਰੀ ਕੈਂਪ ਲਗਾਇਆ ਜਾ ਰਿਹਾ ਹੈ।

ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਰਜਿੰਦਰ ਸਿੰਘ ਨੇ ਦੱਸਿਆ ਕਿ ਇਹ ਕੈਂਪ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਲਗੇਗਾ। ਇਸ ਕੈਂਪ ਵਿੱਚ ਕਿਡਨੀ ਦੇ 6 ਟੈਸਟ ਜਿਵੇਂ ਕਿ ਬਲੱਡ ਯੂਰੀਆ, ਬਲੱਡ ਯੂਰੀਆ ਨਾਈਟ੍ਰੋਜਨ, ਕ੍ਰਿਏਟੀਨਿਨ, ਬਲੱਡ ਯੂਰੀਆ ਕਿਏਟੀਨਿਨ ਰੇਸ਼ੋ, ਗੁਰਦਿਆਂ ਦੇ ਟੈਸਟ, ਯੂਰਿਕ ਐਸਿਡ ਦਾ ਇੱਕ ਟੈਸਟ, ਬਲੱਡ ਗਲੂਕੋਜ / ਸ਼ੂਗਰ ਦਾ ਇੱਕ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਣਗੇ ਅਤੇ ਬਾਕੀ ਟੈਸਟਾਂ ਵੀ 75 ਪ੍ਰਤੀਸ਼ਤ ਘੱਟ ਰੇਟ 'ਤੇ ਕੀਤੇ ਜਾਣਗੇ। ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਰਜਿੰਦਰ ਸਿੰਘ ਨੇ ਅਪੀਲ ਕੀਤੀ ਹੈ ਕਿ ਟੈਸਟ ਕਰਾਉਣ ਲਈ ਖ਼ਾਲੀ ਪੇਟ ਹੀ ਆਇਆ ਜਾਵੇ।

# ਦੇਸ਼ ਦੀ ਸੱਤਾ 'ਤੇ ਬਦਲਾਅ ਜ਼ਰੂਰੀ : ਸੋਹਲ

### ਕਮਿਊਨਿਸਟ ਪਾਰਟੀ ਦੀ ਦਿੱਲੀ ਰੈਲੀ ਸੰਬੰਧੀ ਜਨ ਸੰਪਰਕ ਮੁਹਿੰਮ



ਝਬਾਲ (ਹਰਜਿੰਦਰ ਸਿੰਘ ਸੋਨੀ/ਮੱਖਣ ਮਨੋਜ)-ਭਾਰਤੀ ਕਮਿਊਨਿਸਟ ਪਾਰਟੀ ਵੱਲੋਂ 'ਬਦਲਾਅ ਜ਼ਰੂਰੀ ਹੈ' ਰੈਲੀ ਪਹਿਲੀ ਸਤੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਮੈਦਾਨ ਵਿੱਚ ਕੀਤੀ ਜਾ ਰਹੀ ਹੈ। ਇਸ ਦੀ ਤਿਆਰੀ ਸਬੰਧੀ ਲਾਮਬੰਦੀ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਦਵਿੰਦਰ ਸੋਹਲ ਅਤੇ ਬਲਕਾਰ ਸਿੰਘ ਵਲਟੋਹਾ ਨੇ ਝਬਾਲ ਨੇੜਲੇ ਪਿੰਡਾਂ ਗੰਡੀਵਿੰਡ ਤੇ ਮੰਨਣ ਵਿਖੇ ਭਰਵੀਆਂ ਜਨਤਕ ਮੀਟਿੰਗਾਂ ਕੀਤੀਆਂ।ਇਹਨਾਂ ਮੀਟਿੰਗਾਂ ਵਿੱਚ ਕਮਿਊਨਿਸਟ ਆਗੂਆਂ ਨੇ ਕਿਹਾ ਕਿ ਅੱਜ ਦੇਸ਼ ਦੀ ਭਾਜਪਾ ਸਰਕਾਰ ਦੇਸ਼ ਨੂੰ ਅਮਰੀਕਾ ਸਾਮਰਾਜ ਕੋਲ ਗਹਿਣੇ ਪਾਉਣ ਜਾ ਰਹੀ ਹੈ। ਜੇਕਰ ਅਮਰੀਕਾ ਸਾਮਰਾਜ ਨਾਲ ਮੁਕਤ ਵਪਾਰ ਸਮਝੌਤਾ ਹੋ ਗਿਆ ਤਾਂ ਭਾਰਤ ਦੇ ਮਜ਼ਦੂਰਾਂ ਕਿਸਾਨਾਂ ਦੇ ਨਾਲ ਨਾਲ ਛੋਟੇ ਕਾਰੋਬਾਰੀਆਂ ਦੀ ਤਬਾਹੀ ਵੀ ਲਾਜ਼ਮੀ ਹੈ। ਉਹਨਾਂ ਕਿਹਾ ਕਿ ਬੇਰੁਜ਼ਗਾਰੀ ਅੱਜ ਦੇਸ਼ ਦੀ ਸਭ ਤੋਂ ਵੱਡੀ ਸਮੱਸਿਆ ਹੈ। ਬੇਰੁਜ਼ਗਾਰੀ ਕਰਕੇ ਹੀ ਸਾਡੇ ਨੌਜਵਾਨ ਮੁੰਡੇ ਕੁੜੀਆਂ ਨਸ਼ਿਆਂ, ਚੋਰੀਆਂ, ਡਾਕਿਆਂ, ਠੱਗੀਆਂ ਤੇ ਗੈਂਗਸਟਰਵਾਦ ਦੇ ਰਾਹ ਪਏ ਰਹੇ ਹਨ।ਕਮਿਊਨਿਸਟ ਪਾਰਟੀ ਮੰਗ ਕਰਦੀ ਹੈ ਕਿ ਹਰ ਨੌਜਵਾਨ ਮੁੰਡੇ ਕੁੜੀਆਂ ਨੂੰ ਰੁਜ਼ਗਾਰ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ।ਹਰ ਫ਼ਸਲ ਤੇ ਐਮ ਐਸ ਪੀ ਦੀ ਕਾਨੂੰਨੀ ਗਰੰਟੀ ਹੋਵੇ। ਕਿਸਾਨਾਂ ਮਜ਼ਦੂਰਾਂ ਤੇ ਹੋਰ ਹੇਠਲੇ ਵਰਗ ਦੇ ਕਰਜ਼ੇ ਮੁਆਫ਼ ਕੀਤੇ ਜਾਣ।ਹਰ ਮਿਹਨਤਕਸ਼ ਲਈ ਬੁਢਾਪਾ ਪੈਨਸ਼ਨ ਘੱਟੋ ਘੱਟ 10000/- ਰੁਪਏ ਮਹੀਨਾ ਦਿੱਤੀ ਜਾਵੇ। ਸਿੱਖਿਆ ਤੇ ਸਿਹਤ ਦੀ ਗਰੰਟੀ ਹੋਵੇ। ਮਜ਼ਦੂਰਾਂ ਵਿਰੁੱਧ ਬਣਾਏ ਚਾਰੇ ਲੇਬਰ ਕੋਡ ਵਾਪਸ ਲਏ ਜਾਣ। ਨਰੇਗਾ ਕਾਨੂੰਨ ਮੁੜ ਬਹਾਲ ਕਰਕੇ 200 ਦਿਨ ਕੰਮ ਤੇ 700/- ਰੁਪਏ ਮਜ਼ਦੂਰੀ ਦੀ ਗਰੰਟੀ ਹੋਵੇ। ਦੇਸ਼ ਵਿੱਚ ਫ਼ਿਰਕਾਪ੍ਰਸਤੀ ਦੀ ਸਿਆਸਤ ਖ਼ਤਮ ਹੋਵੇ। ਪੰਜਾਬ ਦੇ ਪਾਣੀ ਤੇ ਰਾਜਧਾਨੀ ਚੰਡੀਗੜ੍ਹ ਪੰਜਾਬ ਹਵਾਲੇ ਕੀਤੇ ਜਾਣ। ਅਰਬ ਦੇਸ਼ਾਂ ਨਾਲ ਵਪਾਰ ਲਈ ਅਟਾਰੀ ਤੇ ਹੁਸੈਨੀਵਾਲਾ ਸਰਹੱਦ ਖੋਲੀ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਸੁਲੱਖਣ ਸਿੰਘ ਗੰਡੀਵਿੰਡ, ਪਰਮਜੀਤ ਸਿੰਘ ਗੰਡੀਵਿੰਡ, ਜਗਜੀਤ ਸਿੰਘ ਮੰਨਣ, ਸੁੱਖਾ ਸਿੰਘ ਮੰਨਣ, ਬਲਵੰਤ ਸਿੰਘ, ਹਰਜਿੰਦਰ ਸਿੰਘ ਨੰਬਰਦਾਰ, ਪ੍ਰੀਤਮ ਸਿੰਘ, ਘੁੱਕ ਸਿੰਘ ਸਰਾਂ, ਲਖਵਿੰਦਰ ਸਿੰਘ ਸਰਾਂ, ਸਾਹਿਬ ਸਿੰਘ ਮੰਨਣ, ਮੋਟਾ ਗੰਡਿਵਿੰਡੀਆ, ਕੁਲਦੀਪ ਕੌਰ, ਬੀਰ ਕੌਰ ਵੀ ਹਾਜ਼ਰ ਸਨ।

## ਨਸ਼ਾ ਪੀਂਦੇ ਦੋ ਕਾਬੂ

ਢਿਲਵਾਂ (ਪਲਵਿੰਦਰ ਸਿੰਘ)- ਢਿਲਵਾਂ ਪੁਲਿਸ ਨੇ ਦੋ ਵਿਅਕਤੀਆਂ ਨੂੰ ਨਸ਼ਾ ਪੀਂਦੇ ਕਾਬੂ ਕੀਤਾ ਹੈ। ਥਾਣਾ ਮੁਖੀ ਢਿਲਵਾਂ ਹਰਜਿੰਦਰ ਸਿੰਘ ਨੇ ਦੱਸਿਆ ਕਿ ਸਬ ਇੰਸਪੈਕਟਰ ਕੁਲਦੀਪ ਸਿੰਘ ਦੀ ਅਗਵਾਈ 'ਚ ਪੁਲਿਸ ਪਾਰਟੀ ਨੇ ਵਰਿੰਦਰ ਸਿੰਘ ਅਤੇ ਰਾਜਾ ਬਾਬੂ ਵਾਸੀ ਢਿੱਲਵਾਂ ਨੂੰ ਮੌਕੇ 'ਤੇ ਕਾਬੂ ਕਰਕੇ ਉਹਨਾਂ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

## ਸਾਉਣ ਮਹਾਂਉਤਸਵ ਧੂਮਧਾਮ ਨਾਲ ਮਨਾਇਆ



ਛੇਹਰਟਾ (ਮਨੋਜ ਕੁਮਾਰ) : ਸ਼ਿਵਾਲਾ ਸ੍ਰੀ ਸ਼ਿਆਮ ਧਾਮ ਮੰਦਰ ਵਿਰੰਦਾਵਨ ਗਾਰਡਨ ਵਿਖੇ ਸਾਉਣ ਮਹਾਂਉਤਸਵ ਬੜੀ ਧੂਮਧਾਮ ਨਾਲ ਮਨਾਇਆ ਗਿਆ। ਕੀਰਤਨ ਮਾਸਟਰ ਨਰੂ ਮਹਿਰਾ ਤੇ ਪਾਰਟੀ ਨੇ ਸ਼ਾਮ 7 ਵਜੇ ਤੋਂ ਰਾਤ 9:30 ਵਜੇ ਤਕ ਕੀਰਤਨ ਕੀਤਾ। ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਵਿਸ਼ੇਸ਼ ਤੌਰ 'ਤੇ ਪ੍ਰੋਗਰਾਮ ਵਿਚ ਸ਼ਿਰਕਤ ਕੀਤੀ। ਤ੍ਰਿਲੋਚਨ ਕਮੇਟੀ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਜੇ ਸਿੰਘਾਨੀਆ, ਰਮੇਸ਼ ਮਿੱਤਲ, ਪ੍ਰੇਮ ਹਰਲਾਲਕਾ, ਸਚਿਨ ਸੁਰੇਕਾ, ਅਰੁਣ ਮੰਗਲ, ਨਰੇਸ਼ ਪੋਦਾਰ, ਸੁਨੀਲ ਸਰਾਫ਼, ਨਰੇਸ਼ ਸਰਾਫ਼, ਪਵਨ ਬਾਗੜੀਆ, ਭਾਰਤ ਭੂਸ਼ਣ, ਉਮੇਸ਼ ਮਲਿਕ, ਗੋਪਾਲ ਸਰਾਫ ਵੀ ਹਾਜ਼ਰ ਸਨ।

## ਔਰਤਾਂ ਦੇ ਫਾਰਮ ਭਰਨ ਲਈ ਵਿਸ਼ੇਸ਼ ਕੈਂਪ ਲੱਗਾ



ਬਟਾਲਾ ( ਡਾਕਟਰ ਮਲਵਿੰਦਰ ਸਿੰਘ ) - ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਅਤੇ ਆਰਥਿਕ ਸਸ਼ਕਤੀਕਰਨ ਲਈ ਚਲਾਈ ਜਾ ਰਹੀ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਫਾਰਮ ਭਰਨ ਲਈ ਨਹਿਰੂ ਗੇਟ ਬਟਾਲਾ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ ਤਾਂ ਜੋ ਲੋੜਵੰਦ ਲਾਭਪਾਤਰੀਆਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਇਸ ਸਬੰਧੀ ਗੱਲਬਾਤ ਕਰਦਿਆਂ ਮਾਨਿਕ ਮਹਿਤਾ, ਚੇਅਰਮੈਨ ਮਾਰਕਿਟ ਕਮੇਟੀ ਬਟਾਲਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਇਹ ਯੋਜਨਾ ਮਹਿਲਾਵਾਂ ਦੇ ਸਨਮਾਨ ਅਤੇ ਉਨ੍ਹਾਂ ਦੀ ਆਰਥਿਕ ਮਜ਼ਬੂਤੀ ਲਈ ਇਕ ਮਹੱਤਵਪੂਰਨ ਕਦਮ ਹੈ। ਆਂਗਣਵਾੜੀ ਵਰਕਰਾਂ ਅਤੇ ਵਿਭਾਗੀ ਟੀਮਾਂ ਵੱਲੋਂ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਫਾਰਮ ਭਰਨ ਲਈ ਪ੍ਰੇਰਿਤ ਕੀਤਾ ਗਿਆ।

## ਸੀਤਾਰਮਨ ਨੂੰ ਮਿਲੇ ਔਜਲਾ, ਵਿਸ਼ੇਸ਼ ਵਿੱਤੀ ਪੈਕੇਜ ਦੀ ਮੰਗ



ਅੰਮ੍ਰਿਤਸਰ/ਜੈਂਤੀਪੁਰ ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ/ਸਿੱਧੂ ਜੈਂਤੀਪੁਰ): ਅੰਮ੍ਰਿਤਸਰ ਦੇ ਸਰਹੱਦੀ ਖੇਤਰ ਦੇ ਆਰਥਿਕ ਵਿਕਾਸ ਤੇ ਵਪਾਰ ਨੂੰ ਮੁੜ ਲੀਹ 'ਤੇ ਲਿਆਉਣ ਲਈ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਮੰਗਲਵਾਰ ਨੂੰ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਅੰਮ੍ਰਿਤਸਰ ਦੀ ਸਰਹੱਦੀ ਪੱਟੀ ਲਈ ਵਿਸ਼ੇਸ਼ ਵਿੱਤੀ ਪੈਕੇਜ ਦੀ ਮੰਗ ਕਰਦਿਆਂ ਵਿੱਤ ਮੰਤਰੀ ਨੂੰ ਮੰਗ ਪੱਤਰ ਸੌਂਪਿਆ। ਔਜਲਾ ਨੇ ਮੰਗ ਪੱਤਰ ਵਿਚ ਕਿਹਾ ਕਿ ਅਟਾਰੀ, ਅਜਨਾਲਾ, ਰਮਦਾਸ ਤੇ ਆਸ-ਪਾਸ ਦੇ ਸਰਹੱਦੀ ਪਿੰਡ ਲੰਮੇ ਸਮੇਂ ਤੋਂ ਆਰਥਿਕ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ। ਭਾਰਤ-ਪਾਕਿਸਤਾਨ ਦਰਮਿਆਨ ਸਰਹੱਦੀ ਵਪਾਰ ਬੰਦ ਹੋਣ ਦਾ ਸਭ ਤੋਂ ਵੱਧ ਅਸਰ ਟਰਾਂਸਪੋਰਟਰਾਂ, ਕਲੀਅਰਿੰਗ ਏਜੰਟਾਂ, ਮਜ਼ਦੂਰਾਂ, ਵਪਾਰੀਆਂ, ਵੇਅਰਹਾਊਸਿੰਗ ਤੇ ਸਰਹੱਦੀ ਵਪਾਰ ਨਾਲ ਸਿੱਧੇ ਜਾਂ ਅਸਿੱਧੇ ਤੌਰ 'ਤੇ ਜੁੜੇ ਹਜ਼ਾਰਾਂ ਪਰਿਵਾਰਾਂ 'ਤੇ ਪਿਆ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿਚ ਉਦਯੋਗਿਕ ਨਿਵੇਸ਼ ਤੇ ਰੁਜ਼ਗਾਰ ਦੇ ਮੌਕੇ ਵੀ ਲੋੜੀਂਦੇ ਪੱਧਰ 'ਤੇ ਨਹੀਂ ਹਨ, ਜਿਸ ਕਾਰਨ ਨੌਜਵਾਨਾਂ ਨੂੰ ਰੁਜ਼ਗਾਰ ਤੇ ਨਿਵੇਸ਼ ਗੁਆਂਢੀ ਸੂਬਿਆਂ ਵੱਲ ਜਾ ਰਹੇ ਹਨ। ਔਜਲਾ ਨੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਤੇ ਅਟਾਰੀ-ਵਾਹਗਾ ਸਰਹੱਦ ਕਾਰਨ ਅੰਮ੍ਰਿਤਸਰ ਦੇਸ਼ ਦੇ ਪ੍ਰਮੁੱਖ ਅੰਤਰਰਾਸ਼ਟਰੀ ਸੈਰ-ਸਪਾਟਾ ਕੇਂਦਰਾਂ ਵਿਚ ਸ਼ਾਮਲ ਹੈ ਪਰ ਇਸ ਦੇ ਬਾਵਜੂਦ ਸਰਹੱਦੀ ਪੱਟੀ ਵਿਚ ਇਸ ਦੀ ਰਣਨੀਤਕ ਤੇ ਆਰਥਿਕ ਮਹੱਤਤਾ ਦੇ ਅਨੁਸਾਰ ਵਿਕਾਸ ਨਹੀਂ ਹੋ ਸਕਿਆ। ਔਜਲਾ ਨੇ ਕੇਂਦਰ ਸਰਕਾਰ ਤੋਂ ਵਿਸ਼ੇਸ਼ ਵਿੱਤੀ ਪੈਕੇਜ਼ ਦੀ ਮੰਗ ਕਰਦਿਆਂ ਵਿੱਤ ਮੰਤਰੀ ਤੋਂ ਇਸ ਮਾਮਲੇ ਵਿਚ ਨਿੱਜੀ ਦਖ਼ਲ ਦੇਣ ਦੀ ਅਪੀਲ ਕੀਤੀ।

## ਨਿਰਮਾਣ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਕੀਤਾ ਰੋਸ ਪ੍ਰਦਰਸ਼ਨ



ਪਠਾਨਕੋਟ ( ਦਵਿੰਦਰ ਸਿੰਘ )-ਨਿਰਮਾਣ ਮਜ਼ਦੂਰਾਂ ਦੀਆਂ ਪੰਜਾਬ ਸਰਕਾਰ ਸਬੰਧਤ ਮੰਗਾਂ ਅਤੇ ਲੋਕਲ ਪੱਧਰ 'ਤੇ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਲੈ ਕੇ ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਦੇ ਆਗੂ ਸਾਥੀ ਰਾਮ ਬਿਲਾਸ ਠਾਕੁਰ ਅਤੇ ਤਿਲਕ ਰਾਜ ਜਿਆਣੀ ਦੀ ਅਗਵਾਈ ਹੇਠ ਜ਼ਿਲ੍ਹਾ ਹੈੱਡਕੁਆਰਟਰ ਪਠਾਨਕੋਟ ਵਿਖੇ ਵਿਸ਼ਾਲ ਧਰਨਾ-ਪ੍ਰਦਰਸ਼ਨ ਕਰਕੇ ਮੁੱਖ ਮੰਤਰੀ ਪੰਜਾਬ, ਪ੍ਰਿੰਸੀਪਲ ਸਕੱਤਰ ਕਿਰਤ ਵਿਭਾਗ ਅਤੇ ਲੇਬਰ ਕਮਿਸ਼ਨਰ-ਕਮ-ਸਕੱਤਰ, ਪੰਜਾਬ ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਐਸ ਏ ਐਸ ਨਗਰ ਮੁਹਾਲੀ ਨੂੰ ਲੇਬਰ ਇਨਫੋਰਸਮੈਂਟ ਅਫਸਰ ਨਵਦੀਪ ਸਿੰਘ ਪਠਾਨਕੋਟ ਰਾਹੀਂ ਮੰਗ ਪੱਤਰ ਭੇਜਿਆ ਗਿਆ। ਧਰਨੇ 'ਚ ਸੀ ਟੀ ਯੂ ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਰਘਬੀਰ ਸਿੰਘ ਰੰਧਾਵਾ ਨੇ ਕਿਹਾ ਕਿ ਜਦੋਂ ਤੋਂ ਪੰਜਾਬ ਸਰਕਾਰ ਨੇ ਨਿਰਮਾਣ ਮਜ਼ਦੂਰਾਂ ਦੀ ਨਵੀਂ ਰਜਿਸਟ੍ਰੇਸ਼ਨ ਅਤੇ ਲਾਭਪਾਤਰ ਸਕੀਮਾਂ ਦਾ ਕੰਮ ਆਨਲਾਈਨ ਕੀਤਾ ਗਿਆ ਮਜ਼ਦੂਰਾਂ ਦੀ ਰਜਿਸਟ੍ਰੇਸ਼ਨ ਜੋ ਸਾਲ 2017 ਵਿੱਚ ਸਾਢੇ ਸੱਤ ਲੱਖ ਦੀ ਕਰੀਬ ਸੀ ਐਸ ਘਟ ਕੇ ਦੋ ਲੱਖ ਦੇ ਨੇੜੇ ਰਹਿ ਗਈ ਹੈ। ਮਜ਼ਦੂਰਾਂ ਦੀ ਖੱਜਲ ਖੁਆਰੀ ਨੂੰ ਘਟਾਉਣ ਲਈ ਆਨਲਾਈਨ ਸਿਸਟਮ ਦੇ ਨਾਲ ਆਫਲਾਈਨ ਸਿਸਟਮ ਚਾਲੂ ਕੀਤਾ ਜਾਵੇ ਅਤੇ ਦੁਬਾਰਾ ਪਿੰਡਾਂ ਤੇ ਸ਼ਹਿਰੀ ਮੁਹੱਲਿਆਂ ਵਿੱਚ ਕੈਂਪ ਲਗਾ ਕੇ ਰਜਿਸਟ੍ਰੇਸ਼ਨ ਕੀਤੀ ਜਾਵੇ। ਸੇਵਾ ਕੇਂਦਰਾਂ ਦੀ ਬਜਾਏ ਨਿਰਮਾਣ ਮਜ਼ਦੂਰਾਂ ਦਾ ਸਾਰਾ ਕੰਮ ਪੰਜਾਬ ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਵੱਲੋਂ ਹੀ ਕੀਤਾ ਜਾਵੇ। ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਉਸਾਰੀ ਕੰਮਾਂ 'ਤੇ ਹੋਣ ਵਾਲੇ ਸੈਸ ਦੀ ਲਿਮਟ 10 ਲੱਖ ਤੱਕ ਹੀ ਰੱਖੀ ਜਾਵੇ, ਐਕਸ ਗ੍ਰੇਸ਼ੀਆ ਗ੍ਰਾਂਟ 10 ਲੱਖ ਰੁਪਏ, ਦੁਰਘਟਨਾ ਵਿਚ ਮੌਤ ਹੋਣ 'ਤੇ 20 ਲੱਖ, ਪ੍ਰਸੂਤਾ ਲਾਭ 20 ਹਜ਼ਾਰ ਰੁਪਏ, ਸ਼ਗਨ ਸਕੀਮ ਇੱਕ ਲੱਖ ਰੁਪਏ ਅਤੇ ਵਜ਼ੀਫ਼ੇ ਦਰਾਂ ਵਿੱਚ ਵਾਧਾ ਕਰਾਉਣ ਸਮੇਤ ਲੋਲਾਂ ਮੰਗਾਂ ਦਾ ਮੰਗ ਪੱਤਰ ਦਿੰਦੇ ਹੋਏ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਮੰਗਾਂ ਨੂੰ ਪ੍ਰਵਾਨ ਨਾ ਕੀਤਾ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ ਅਤੇ ਮਜ਼ਦੂਰਾਂ ਨੂੰ ਸੰਘਰਸ਼ ਵਿਚ ਵੱਧ ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ। ਇਕੱਠ ਨੂੰ ਸੰਬੋਧਨ ਕਰਦਿਆਂ ਕਾਮਰੇਡ ਸ਼ਿਵ ਕੁਮਾਰ ਨੇ ਮਜ਼ਦੂਰਾਂ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਕਿਹਾ ਆਪਣੀਆਂ ਮੰਗਾਂ ਦੇ ਨਾਲ ਨਾਲ ਲੋਕਾਂ ਦੀਆਂ ਸਾਂਝੀਆਂ ਮੰਗਾਂ ਸਿਹਤ ਸਿੱਖਿਆ ਤੇ ਰੁਜ਼ਗਾਰ ਦੇ ਹੱਕ ਲਈ ਵੀ ਜੱਦੋਜਹਿਦ ਵਿੱਚ ਬਰਾਬਰ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਉਪਰੋਕਤ ਤੋਂ ਇਲਾਵਾ ਕਾਮਰੇਡ ਦੇਵ ਰਾਜ, ਸੋਹਨ ਲਾਲ, ਨਰੋਤਮ ਸਿੰਘ, ਕੁਲਦੀਪ ਰਾਜ, ਰਘਬੀਰ ਸਿੰਘ, ਹਰਜਿੰਦਰ ਸਿੰਘ, ਸੁਖਦੇਵ ਰਾਜ, ਸਵੰਰਨ ਕਰੋਲੀ ਅਤੇ ਹੋਰ ਆਗੂ ਹਾਜ਼ਰ ਸਨ।

## ਰੋਟਰੀ ਕਲੱਬ ਨੇ ਬੱਚਿਆਂ ਨਾਲ ਮਨਾਇਆ ਤੀਜ ਦਾ ਤਿਉਹਾਰ



ਅੰਮ੍ਰਿਤਸਰ (ਅਰੋੜਾ) : ਰੋਟਰੀ ਕਲੱਬ ਕੈਂਟ ਵੱਲੋਂ ਕਲੱਬ ਦੇ ਪ੍ਰਧਾਨ ਐਡਵੋਕੇਟ ਅੰਕੁਰ ਗੁਪਤਾ ਸਕੱਤਰ ਮਮਤਾ ਪੁਰੀ ਦੀ ਪ੍ਰਧਾਨਗੀ ਵਿੱਚ ਇੱਕ ਬੰਧਣ ਸ਼ਲਾਘਾਯੋਗ ਪ੍ਰਾਜੈਕਟ ਨੂੰ ਅੰਜਾਮ ਦਿੰਦੇ ਹੋਏ ਰਾਮ ਬਾਗ ਸਥਿਤ ਸਰਵਿਸ ਕਲੱਬ ਵਿਖੇ ਤੀਆਂ ਤੀਜ ਦੀਆਂ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਾਉਣ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਬੱਚਿਆਂ ਅਤੇ ਲੜਕੀਆਂ ਨੂੰ ਖਾਸ ਤੌਰ 'ਤੇ ਬੁਲਾਇਆ ਗਿਆ। ਇਸ ਦਾ ਆਯੋਜਨ ਆਯੂਸ਼ ਹਿੰਦੋਸ਼ਿਆ ਰੈਡਮ ਸੋਸਾਇਟੀ ਫਾਰ ਸਪੈਸ਼ਲ ਚਿਲਡਰਨ ਦੇ ਸਹਿਯੋਗ ਨਾਲ ਕੀਤਾ ਗਿਆ। ਆਯੂਸ਼ ਦੀਆਂ ਲੜਕੀਆਂ ਨੇ ਗਿੱਧਾ ਅਤੇ ਹੋਰ ਕਈ ਤਰ੍ਹਾਂ ਦੀ ਪੇਸ਼ਕਾਰੀ ਕੀਤੀ। ਸਮਾਗਮ ਦੇ ਮਹਿਮਾਨ ਜਸਕਰਨ ਸਿੰਘ, ਕਮਾਂਡੈਂਟ ਪੰਜਾਬ ਹੋਮ ਗਾਰਡ ਅਤੇ ਸੀ ਡੀ ਸਨ। ਸ੍ਰੀ ਪਾਰਸ ਜੋਸ਼ੀ ਸਾਬਕਾ ਕੈਬਨਿਟ ਮੰਤਰੀ ਪੰਜਾਬ ਸ੍ਰੀ ਅਨਿਲ ਜੋਸ਼ੀ ਨੇ ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਦੇ ਪਰਿਵਾਰ ਵਿੱਚ ਨਵੇਂ ਮੈਂਬਰ ਦੇ ਰੂਪ ਵਿੱਚ ਪ੍ਰਵੇਸ਼ ਕੀਤਾ। ਇਸ ਮੌਕੇ ਸਾਬਕਾ ਪ੍ਰਧਾਨ ਡਾ. ਅਮਰਜੀਤ ਸਚਦੇਵਾ, ਪ੍ਰਿੰਸੀਪਲ ਰੀਪੂ ਦਮਨ ਮਲਹੋਤਰਾ, ਉਪਕਾਰ ਸਿੰਘ ਛਾਬੜਾ, ਏ.ਐਸ ਤੁਲੀ, ਦੀਪਕ ਮੇਹਰਾ, ਰੋਟੇਰੀਅਨ ਕਟਾਰੀਆ, ਕੁਲਵਿੰਦਰ ਸਿੰਘ, ਡਾ. ਅਰਪਿਤਾ ਕਾਂਸਲ, ਡਾ. ਦੀਰਦੇ ਕੌਰ, ਰਾਧਿਕਾ ਮਹਾਜਨ, ਮੈਡਮ ਗਿਲਗਿਲਾ, ਵਰੁਣਦੀਪ ਕੌਰ ਸਹਿਤ ਰੋਟਰੀ ਕਲੱਬ ਕੈਂਟ ਦੇ ਸਮੂਹ ਮੈਂਬਰ ਮੌਜੂਦ ਸਨ।

# ਪੰਚਾਇਤ ਨੂੰ ਸੋਲਿਡ ਵੇਸਟ ਮੈਨੇਜਮੈਂਟ ਸੰਬੰਧੀ ਵੱਖਰੀ ਕਮੇਟੀ ਬਣਾਉਣ ਦੇ ਨਿਰਦੇਸ਼



ਬਿਆਸ (ਪਰਮਜੀਤ ਸਿੰਘ ਰੱਖੜਾ) ਪਿੰਡਾਂ ਨੂੰ ਸਾਫ-ਸੁਥਰਾ, ਸਵੱਛ ਅਤੇ ਵਾਤਾਵਰਣ ਪੱਖੋਂ ਸਿਹਤਮੰਦ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੋਲਿਡ ਵੇਸਟ ਮੈਨੇਜਮੈਂਟ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਸੁਰਿੰਦਰ ਸਿੰਘ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਅੰਮ੍ਰਿਤਸਰ ਵੱਲੋਂ ਬਲਾਕ ਰਈਆ ਅਧੀਨ ਪਿੰਡ ਫੇਰੂਮਾਨ ਵਿਖੇ ਚੱਲ ਰਹੇ ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਦਾ ਦੌਰਾ ਕਰਕੇ ਇਸ ਦੀ ਪ੍ਰਗਤੀ ਅਤੇ ਮੌਕੇ 'ਤੇ ਕੀਤੇ ਜਾ ਰਹੇ ਕੰਮਾਂ ਦਾ ਜਾਇਜ਼ਾ ਲਿਆ ਗਿਆ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਗ੍ਰਾਮ ਪੰਚਾਇਤ, ਪਿੰਡ ਵਾਸੀਆਂ ਅਤੇ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਠੋਸ ਕੂੜੇ ਦੇ ਸੁਚੱਜੇ ਪ੍ਰਬੰਧਨ ਲਈ ਸਭ ਤੋਂ ਪਹਿਲਾਂ ਘਰ-ਘਰ ਪੱਧਰ 'ਤੇ ਹੀ ਕੂੜੇ ਦੀ ਸਹੀ ਸੈਗਰੀਗੇਸ਼ਨ ਯਕੀਨੀ ਬਣਾਉਣਾ ਜ਼ਰੂਰੀ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਗਿੱਲਾ ਕੂੜਾ, ਸੁੱਕਾ ਕੂੜਾ, ਸੈਨੇਟਰੀ ਵੇਸਟ ਅਤੇ ਖਤਰਨਾਕ ਕੂੜਾ ਵੱਖ-ਵੱਖ ਰੱਖਿਆ ਜਾਵੇ, ਤਾਂ ਜੋ ਇਸ ਦਾ ਨਿਪਟਾਰਾ ਵਿਗਿਆਨਕ ਅਤੇ ਵਾਤਾਵਰਣ ਪੱਖੋਂ ਸੁਰੱਖਿਅਤ ਢੰਗ ਨਾਲ ਕੀਤਾ ਜਾ ਸਕੇ।

ਇਸ ਮੌਕੇ ਉਹਨਾ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਅਤੇ ਪੰਚਾਇਤ ਸਕੱਤਰ ਨੂੰ ਹਦਾਇਤ ਕੀਤੀ ਕਿ ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਦੀ ਚਾਰਦੀਵਾਰੀ ਅਤੇ ਸੈਗਰੀਗੇਸ਼ਨ ਸ਼ੈੱਡ ਬਣਾਉਣ ਦੀ ਕਾਰਵਾਈ ਨੂੰ ਤਰਜੀਹ ਦੇ ਆਧਾਰ 'ਤੇ ਮੁਕੰਮਲ ਕੀਤਾ ਜਾਵੇ, ਤਾਂ ਜੋ ਪ੍ਰੋਜੈਕਟ ਵਿੱਚ ਗਿੱਲੇ ਅਤੇ ਸੁੱਕੇ ਕੂੜੇ ਨੂੰ ਸੁਚੱਜੇ ਢੰਗ ਨਾਲ ਵੱਖ-ਵੱਖ ਕਰਨ ਅਤੇ ਅਗਲੇਰੀ ਪ੍ਰੋਸੈਸਿੰਗ ਲਈ ਲੋੜੀਂਦੀਆਂ ਸਹੂਲਤਾਂ ਉਪਲੱਬਧ ਹੋ ਸਕਣ।

ਇਸ ਮੌਕੇ ਰਾਊਂਡ ਗਲਾਸ ਫਾਊਂਡੇਸ਼ਨ ਦੇ ਕੋਆਰਡੀਨੇਟਰ ਰੇਸ਼ਮ ਸਿੰਘ ਨੇ ਦੱਸਿਆ ਕਿ ਫਾਊਂਡੇਸ਼ਨ ਵੱਲੋਂ ਪਿੰਡ ਵਿੱਚ ਗਿੱਲੇ ਅਤੇ ਸੁੱਕੇ ਕੂੜੇ ਨੂੰ ਘਰ ਪੱਧਰ 'ਤੇ ਹੀ ਵੱਖ-ਵੱਖ ਰੱਖਣ ਲਈ ਹਰੇਕ ਘਰ ਨੂੰ ਡਸਟਬਿਨ ਮੁਹੱਈਆ ਕਰਵਾਏ ਗਏ ਹਨ। ਇਸ ਦੌਰਾਨ ਪਿੰਡ ਦੇ ਸਰਪੰਚ ਕਰਮਜੀਤ ਸਿੰਘ ਨੂੰ ਹਦਾਇਤ ਕੀਤੀ ਕਿ ਸੋਲਿਡ ਵੇਸਟ ਮੈਨੇਜਮੈਂਟ ਨਾਲ ਸੰਬੰਧਤ ਗਤੀਵਿਧੀਆਂ ਦੀ ਨਿਗਰਾਨੀ ਲਈ ਪਿੰਡ ਪੱਧਰ 'ਤੇ ਇੱਕ ਵੱਖਰੀ ਕਮੇਟੀ ਦਾ ਗਠਨ ਕੀਤਾ ਜਾਵੇ।

ਇਸ ਮੌਕੇ ਸਰਬਜੀਤ ਸਿੰਘ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਰਈਆ, ਸੁੱਖਪਾਲ ਸਿੰਘ ਪੰਚਾਇਤ ਸਕੱਤਰ, ਸ੍ਰੀਮਤੀ ਵਿਭੂਤੀ ਸ਼ਰਮਾ ਸੀ ਡੀ ਐੱਸ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਮੁਕੇਸ਼ ਕੁਮਾਰ ਜੂਨੀਅਰ ਇੰਜੀਨੀਅਰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਸ੍ਰੀਮਤੀ ਰਾਧਿਕਾ ਅਤੇ ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਦਾ ਫੀਲਡ ਸਟਾਫ, ਸਰਵਣ ਸਿੰਘ ਮਾਨ ਤੋਂ ਇਲਾਵਾ ਪਿੰਡ ਦੇ ਪਤਵੰਤੇ ਸੱਜਣ, ਗ੍ਰਾਮ ਪੰਚਾਇਤ ਦੇ ਨੁਮਾਇੰਦੇ ਅਤੇ ਹੋਰ ਸੰਬੰਧਤ ਅਧਿਕਾਰੀ ਹਾਜ਼ਰ ਸਨ।

## ਨਿਯੁਕਤੀ ਦੇ 23 ਦਿਨਾਂ ਬਾਅਦ ਵੀ ਕੁਰਸੀ ਖਾਲੀ : ਰਾਜੂ ਜੂਡੋ



ਛੇਹਰਟਾ (ਮਨੋਜ ਕੁਮਾਰ) : ਭਾਰਤ ਭਾਰਤੀ ਦੇ ਸੂਬਾ ਪ੍ਰਧਾਨ ਰਾਜ ਕੁਮਾਰ ਰਾਜੂ ਜੂਡੋ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਸਰਬਜੋਤ ਸਿੰਘ ਧੰਜਲ ਨੂੰ ਇੰਪਰੂਵਮੈਂਟ ਟਰੱਸਟ ਅੰਮ੍ਰਿਤਸਰ ਦਾ ਚੇਅਰਮੈਨ ਨਿਯੁਕਤ ਕਰਨ ਦੇ 23 ਦਿਨਾਂ ਬਾਅਦ ਵੀ ਉਨ੍ਹਾਂ ਦੀ ਤਾਜਪੋਸ਼ੀ ਨਾ ਹੋਣ ਲਈ ਪੰਜਾਬ ਸਰਕਾਰ ਦੀ ਸਖ਼ਤ ਅਲੋਚਨਾ ਕੀਤੀ ਹੈ।

ਉਨ੍ਹਾਂ ਕਿਹਾ ਕਿ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਦੀ ਕੁਰਸੀ ਖਾਲੀ ਰਹਿਣ ਕਾਰਨ ਅਫ਼ਵਾਹਾਂ ਫ਼ੈਲ ਰਹੀਆਂ ਹਨ ਕਿ ਸੂਬਾ ਸਰਕਾਰ ਵੱਲੋਂ ਧੰਜਲ ਨੂੰ ਕੋਈ ਹੋਰ ਚੇਅਰਮੈਨੀ ਦੇਣ ਦੀ ਯੋਜਨਾ ਬਣਾਈ ਜਾ ਰਹੀ ਹੈ। ਰਾਜੂ ਜੂਡੋ ਨੇ ਕਿਹਾ ਕਿ ਸ਼ਹਿਰ ਵਿਚ ਇਹ ਵੀ ਚਰਚਾ ਹੈ ਕਿ ਕਰਮਜੀਤ ਸਿੰਘ ਰਿੰਟੂ ਚੇਅਰਮੈਨ ਦੇ ਅਹੁਦੇ ਤੋਂ ਹਟਾਏ ਜਾਣ 'ਤੇ ਨਾਰਾਜ਼ ਹਨ, ਜਦੋਂ ਕਿ ਪੰਜਾਬ ਸਰਕਾਰ ਨੇ ਅਜੇ ਤਕ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਹੈ, ਇਸ ਲਈ ਲੱਗਦਾ ਹੈ ਕਿ ਕੁਝ ਗੜਬੜ ਜ਼ਰੂਰ ਹੈ।

## ਕਿਸਾਨ ਮਜ਼ਦੂਰ ਯੂਨੀਅਨ ਡੇਰਾ ਬਾਬਾ ਨਾਨਕ ਇਲਾਕਾ ਕਮੇਟੀ ਦੀ ਮੀਟਿੰਗ 'ਚ ਅਹਿਮ ਵਿਚਾਰਾਂ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) -ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਬਾਡੀ ਡੇਰਾ ਬਾਬਾ ਨਾਨਕ ਇਲਾਕਾ ਕਮੇਟੀ ਦੀ ਇਕ ਅਹਿਮ ਮੀਟਿੰਗ ਜੋਗਿੰਦਰ ਸਿੰਘ ਖੰਨਾ ਚਮਾਰਾਂ ਦੀ ਪ੍ਰਧਾਨਗੀ ਹੇਠ ਜਥੇਬੰਦੀ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਸਾਬਕਾ ਸਰਪੰਚ ਦੇ ਗ੍ਰਹਿ ਪਿੰਡ ਤਲਵੰਡੀ ਹਿੰਦੂਆਂ ਵਿਖੇ ਹੋਈ । ਮੀਟਿੰਗ ਵਿੱਚ ਇਲਾਕੇ ਅੰਦਰ ਮਜ਼ਦੂਰਾਂ-ਕਿਸਾਨਾਂ ਸਮੇਤ ਹੋਰ ਸਭ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ-ਸਮੱਸਿਆਵਾਂ ਬਾਰੇ ਵਿਸਥਾਰ -ਸਹਿਤ ਚਰਚਾ ਕਰਕੇ ਕਈ ਫੈਸਲੇ ਕੀਤੇ ਗਏ । ਮੀਟਿੰਗ ਦੀ ਕਾਰਵਾਈ ਸੰਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰੈਸ ਸਕੱਤਰ ਸ:ਸਤਬੀਰ ਸਿੰਘ ਖੋਦੇ ਬੇਟ ਨੇ ਦੱਸਿਆ ਕਿ ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ 12 ਅਗਸਤ ਦਿਨ ਬੁੱਧਵਾਰ ਨੂੰ ਡੇਰਾ ਬਾਬਾ ਨਾਨਕ ਦੇ ਐਸ.ਡੀ.ਐਮ ਨੂੰ ਇੱਕ ਵੱਡੇ ਜਨਤਕ ਵਫਦ ਦੇ ਰੂਪ ਵਿੱਚ ਮਿਲ ਕੇ ਇਲਾਕੇ ਦੇ ਲੋਕਾਂ ਦੀਆਂ ਮੰਗਾਂ-ਮੁਸ਼ਕਲਾਂ ਬਾਰੇ ਇੱਕ ਮੰਗ -ਪੱਤਰ ਦਿੱਤਾ ਜਾਵੇਗਾ । ਉਨ੍ਹਾਂ ਦੱਸਿਆ ਕਿ ਮੰਗ-ਪੱਤਰ ਵਿੱਚ ਵਿਸ਼ੇਸ਼ ਤੌਰ 'ਤੇ ਇਲਾਕੇ ਦੇ ਪਿੰਡ ਗੁਰਚੱਕ ਦੀ ਉਪਜਾਊ ਜਮੀਨ ਨੂੰ ਦਰਿਆ ਰਾਵੀ ਵੱਲੋਂ ਲਗਾਈ ਜਾ ਰਹੀ ਢਾਹ ਨੂੰ ਤੁਰੰਤ ਰੋਕਣ ਦਾ ਪ੍ਰਬੰਧ ਕਰਨ ਅਤੇ ਨਾਲ ਲੱਗਦੇ ਪਿੰਡ ਘੋਣੇਵਾਲਾ ਵਿਖੇ ਦਰਿਆ ਉੱਪਰ ਬਣੇ ਪੁੱਲ ਦੇ ਲਾਗੇ ਦਰਿਆ ਦੇ ਵਹਿਣ ਵਿੱਚ ਵੱਡੀ ਰੁਕਾਵਟ ਬਣੇ ਟਾਪੂ -ਨੁਮਾ ਖੇਤਰ ਦੀ ਤੁਰੰਤ ਸਫਾਈ ਕਰਵਾਉਣ ਦੀ ਮੰਗ ਕੀਤੀ ਜਾਵੇਗੀ ਤਾਂ ਜੋ ਦਰਿਆ ਵਿੱਚ ਜਿਆਦਾ ਪਾਣੀ ਆਉਣ ਦੀ ਸੂਰਤ ਵਿੱਚ ਪੁਲ ਹੇਠ ਦੀ ਇਸ ਦਾ ਨਿਕਾਸ ਹੋ ਸਕੇ । ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਧਾਨਗੀ ਮੰਡਲ ਮੈਂਬਰ ਬਲਬੀਰ ਸਿੰਘ ਰੰਧਾਵਾ, ਸਰਬਜੀਤ ਸਿੰਘ ਤਲਵੰਡੀ ਹਿੰਦੂਆਂ, ਮਾ: ਬਲਕਾਰ ਸਿੰਘ ਹਰਦੋਰਵਾਲ, ਮਾ: ਤਰਸੇਮ ਸਿੰਘ ਧਰਮਕੋਟ ਪੱਤਨ, ਹਰਜੀਤ ਸਿੰਘ ਠੇਠਰਕੇ,ਮੋਹਣ ਸਿੰਘ ਸਾਬਕਾ ਸਰਪੰਚ ਧਰਮਕੋਟ ਰੰਧਾਵਾ, ਗੁਰਮੀਤ ਸਿੰਘ ਮੇਘਾ, ਦਲੇਰ ਸਿੰਘ ਰਤੜ ਛੱਤੜ, ਅਵਤਾਰ ਸਿੰਘ ਸਿੰਘਪੁਰਾ, ਗੁਰਮੁਖ ਸਿੰਘ ਸਰਪੰਚ ਗੁਰਚੱਕ,ਕੰਵਲ ਬੀਰ ਸਿੰਘ ਲਾਡੀ ਧਰਮਕੋਟ ਰੰਧਾਵਾ, ਬਲਰਾਜ ਸਿੰਘ ਗੁਰਚੱਕ,ਮਾਸਟਰ ਸੁੱਚਾ ਸਿੰਘ ਰਾਮ ਦੀਵਾਲੀ, ਸ਼ਮਸ਼ੇਰ ਸਿੰਘ ਖਾਸਾਵਾਲੀ,ਹਰਪਾਲ ਸਿੰਘ ਕੋਟ ਮੌਲਵੀ, ਰੋਬਨ ਸਾਹਿਬਜ਼ਾਦਾ, ਅਮਰੀਕ ਸਿੰਘ ਕੋਟ ਮੌਲਵੀ ਅਤੇ ਕਿਸ਼ਨ ਸਿੰਘ ਸਹਿਜਾਦਾ ਆਦਿ ਆਗੂ ਹਾਜ਼ਰ ਸਨ ।

## ਸਹਿਣੇਵਾਲੀ ਤੋਂ ਸ੍ਰੀ ਹਜ਼ੂਰ ਸਾਹਿਬ ਦੀ ਯਾਤਰਾ ਲਈ ਸੰਗਤ ਲੈ ਕੇ ਟਰੱਕ ਰਵਾਨਾ



ਜੈਂਤੀਪੁਰ (ਸਿੱਧੂ ਜੈਂਤੀਪੁਰ)-ਸ੍ਰੀ ਹਜ਼ੂਰ ਸਾਹਿਬ ਤੇ ਹੋਰ ਵੱਖ ਵੱਖ ਗੁਰਧਾਮਾਂ ਦੇ ਦਰਸ਼ਨਾਂ ਲਈ ਸੰਗਤ ਲੈ ਕੇ ਟਰੱਕ ਰਵਾਨਾ ਹੋਇਆ। ਇਸ ਸਬੰਧੀ ਸਰਪੰਚ ਰਜਵਿੰਦਰ ਕੌਰ ਰੰਧਾਵਾ ਤੇ ਉਸ ਦੇ ਪਤੀ ਅਰਬਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ ਅੱਜ ਸੰਗਤ ਵਾਲਾ ਟਰੱਕ ਸਾਡੇ ਨਗਰ ਤੋਂ ਸੰਗਤਾਂ ਨੂੰ ਸ੍ਰੀ ਹਜ਼ੂਰ ਸਾਹਿਬ ਤੇ ਹੋਰ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨ ਕਰਾ ਕੇ ਲੈ ਆਉਣਗੇ। ਇਸ ਮੌਕੇ ਸਰਪੰਚ ਅਰਬਿੰਦਰ ਸਿੰਘ, ਜਥੇ. ਗੁਰਮੀਤ ਸਿੰਘ, ਬਿੱਲੂ ਵੈਲਡਿੰਗ, ਕਾਲਾ ਵੈਲਡਿੰਗ, ਜੱਸ ਡਰਾਈਵਰ, ਹਰਪਾਲ ਸਿੰਘ ਡਰਾਈਵਰ, ਸੁੱਖਾ ਭਗਤ, ਬੀਰਾ ਭਗਤ, ਕੁਲਵੰਤ ਸਿੰਘ, ਜੱਸੀ ਝੰਡੇ, ਰਾਜੂ ਝੰਡੇ, ਬਿੱਕਾ ਝੰਡੇ, ਮਲਕੀਤ ਸਿੰਘ, ਜਸਬੀਰ ਸਿੰਘ ਗ੍ਰੰਥੀ ਸਿੰਘ, ਦੇਸਾ ਸਿੰਘ, ਗੁਰਵਿੰਦਰ ਸਿੰਘ ਬੇਦੀ, ਆਦਿ ਸੰਗਤਾਂ ਹਾਜ਼ਰ ਸਨ ।

## ਬਸੰਤ ਐਵੇਨਿਊ ਮਾਰਕੀਟ 'ਚ 'ਹੂਰ ਬੁਟੀਕ' ਦੀ ਸ਼ੁਰੂਆਤ



ਅੰਮ੍ਰਿਤਸਰ (ਜਗਦੀਸ਼ ਕਮਲੇਸ਼) - ਬਸੰਤ ਐਵੇਨਿਊ ਮਾਰਕੀਟ ਵਿਖੇ ਨਵੇਂ ਖੁੱਲ੍ਹੇ 'ਹੂਰ ਬੁਟੀਕ' ਦਾ ਉਦਘਾਟਨ ਸੀਨੀਅਰ ਕਾਂਗਰਸੀ ਆਗੂ ਮਮਤਾ ਦੱਤਾ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਬੁਟੀਕ ਦੀ ਮਾਲਕ ਰਾਖੀ ਮੋਹਨ ਨੂੰ ਨਵੇਂ ਕਾਰੋਬਾਰ ਦੀ ਸ਼ੁਰੂਆਤ ਲਈ ਵਧਾਈ ਦਿੱਤੀ। ਉਦਘਾਟਨ ਮੌਕੇ ਮਮਤਾ ਦੱਤਾ ਨੇ ਕਿਹਾ ਕਿ ਅੰਮ੍ਰਿਤਸਰ ਵਾਸੀ ਜਿੱਥੇ ਖਾਣ-ਪੀਣ ਦੇ ਮਾਮਲੇ ਵਿੱਚ ਆਪਣੀ ਵਿਲੱਖਣ ਪਸੰਦ ਲਈ ਜਾਣੇ ਜਾਂਦੇ ਹਨ, ਉੱਥੇ ਹੀ ਵਧੀਆ ਅਤੇ ਨਵੇਂ ਫੈਸ਼ਨ ਦੇ ਕੱਪੜੇ ਪਹਿਨਣ ਦੇ ਵੀ ਕਾਫ਼ੀ ਸ਼ੌਕੀਨ ਹਨ।ਉਨ੍ਹਾਂ ਦੱਸਿਆ ਕਿ 'ਹੂਰ ਬੁਟੀਕ' ਵਿੱਚ ਵੈਸਟਰਨ ਡਰੈੱਸਾਂ ਦੇ ਨਾਲ-ਨਾਲ ਵੱਖ-ਵੱਖ ਤਰ੍ਹਾਂ ਦੇ ਸੂਟ ਅਤੇ ਬਿਹਤਰ ਸਿਲਾਈ ਦੀ ਸਹੂਲਤ ਉਪਲਬਧ ਹੋਵੇਗੀ। ਇਸ ਮੌਕੇ ਬੁਟੀਕ ਦੀ ਮਾਲਕ ਰਾਖੀ ਮੋਹਨ ਨੇ ਦੱਸਿਆ ਕਿ ਉਨ੍ਹਾਂ ਨੂੰ ਸਿਲਾਈ ਦੇ ਖੇਤਰ ਵਿੱਚ 25 ਸਾਲ ਤੋਂ ਵੱਧ ਦਾ ਤਜਰਬਾ ਹੈ। ਉਨ੍ਹਾਂ ਕਿਹਾ ਕਿ ਗਾਹਕਾਂ ਦੀ ਪਸੰਦ ਅਤੇ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਬਿਹਤਰ ਸਿਲਾਈ ਅਤੇ ਡਿਜ਼ਾਈਨ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਪਹਿਲ ਰਹੇਗੀ।

## ਸ਼ਿਗਾਰਮਾ ਤੇ ਜਲਾਲੀਆ ਦਰਿਆ 'ਤੇ ਦੋ ਵੱਡੇ ਪੁਲਾਂ ਦੀ ਉਸਾਰੀ ਨੂੰ ਮਨਜ਼ੂਰੀ



ਪਠਾਨਕੋਟ ( ਦਵਿੰਦਰ ਸਿੰਘ) — ਵਿਧਾਨ ਸਭਾ ਹਲਕਾ ਭੋਆ ਦੇ ਲੋਕਾਂ ਨੂੰ ਵੱਡੀ ਸੌਗਾਤ ਦਿੰਦਿਆਂ ਪੰਜਾਬ ਸਰਕਾਰ ਵੱਲੋਂ ਸ਼ਿਗਾਰਮਾ ਅਤੇ ਜਲਾਲੀਆ ਦਰਿਆ 'ਤੇ ਦੋ ਵੱਡੇ ਪੁਲਾਂ ਦੀ ਉਸਾਰੀ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਨ੍ਹਾਂ ਦੋਵੇਂ ਪੁਲਾਂ ਦੀ ਉਸਾਰੀ 'ਤੇ ਕੁੱਲ ਕਰੀਬ 40 ਕਰੋੜ 18 ਲੱਖ ਰੁਪਏ ਦੀ ਲਾਗਤ ਆਵੇਗੀ। ਦੋਵੇਂ ਪੁਲਾਂ ਦੇ ਟੈਂਡਰ ਖੁੱਲ੍ਹ ਚੁੱਕੇ ਹਨ ਅਤੇ ਕੰਮ ਕੰਪਨੀਆਂ ਨੂੰ ਅਲਾਟ ਕਰ ਦਿੱਤਾ ਗਿਆ ਹੈ। ਇਨ੍ਹਾਂ ਪੁਲਾਂ ਦਾ ਉਸਾਰੀ ਕਾਰਜ ਜਲਦ ਹੀ, ਇਸੇ ਮਹੀਨੇ ਸ਼ੁਰੂ ਕਰ ਦਿੱਤਾ ਜਾਵੇਗਾ।ਇਹ ਜਾਣਕਾਰੀ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਨੇ ਵਿਧਾਨ ਸਭਾ ਹਲਕਾ ਭੋਆ ਦੇ ਸ਼ਿਗਾਰਮਾ ਅਤੇ ਜਲਾਲੀਆ ਦਰਿਆ ਦਾ ਵਿਸ਼ੇਸ਼ ਦੌਰਾ ਕਰਨ ਉਪਰੰਤ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਇਲਾਕੇ ਦੇ ਲੋਕਾਂ ਵੱਲੋਂ ਇਨ੍ਹਾਂ ਥਾਵਾਂ 'ਤੇ ਪੁਲਾਂ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਪੰਜਾਬ ਸਰਕਾਰ ਵੱਲੋਂ ਪੂਰਾ ਕਰਦਿਆਂ ਇਨ੍ਹਾਂ ਮਹੱਤਵਪੂਰਨ ਪੁਲਾਂ ਦੀ ਉਸਾਰੀ ਨੂੰ ਮਨਜ਼ੂਰੀ ਦਿੱਤੀ ਗਈ ਹੈ। ਕਟਾਰੂਚੱਕ ਨੇ ਕਿਹਾ ਕਿ ਹਲਕਾ ਭੋਆ ਵਿੱਚ ਪਿਛਲੇ ਲੰਮੇ ਸਮੇਂ ਤੋਂ ਰੁਕੇ ਹੋਏ ਸੜਕ ਨਿਰਮਾਣ ਕਾਰਜਾਂ ਨੂੰ ਹੁਣ ਜੰਗੀ ਪੱਧਰ 'ਤੇ ਮੁਕੰਮਲ ਕੀਤਾ ਜਾ ਰਿਹਾ ਹੈ। ਕਈ ਸੜਕਾਂ ਦੇ ਕੰਮ ਮੁਕੰਮਲ ਹੋ ਚੁੱਕੇ ਹਨ, ਜਦਕਿ ਬਾਕੀ ਰਹਿੰਦੇ ਵਿਕਾਸ ਕਾਰਜ ਵੀ ਆਉਣ ਵਾਲੇ ਦਿਨਾਂ ਵਿੱਚ ਮੁਕੰਮਲ ਕਰ ਦਿੱਤੇ ਜਾਣਗੇ। ਕੈਬਨਿਟ ਮੰਤਰੀ ਨੇ ਇਸ ਮੌਕੇ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਹਲਕਾ ਭੋਆ ਦੇ ਵਿਕਾਸ ਲਈ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ।ਇਸ ਮੌਕੇ ਬਲਾਕ ਪ੍ਰਧਾਨ ਰਵੀ ਕੁਮਾਰ ਜਗਤਪੁਰ, ਸਰਪੰਚ ਦੀਪਕ ਕੁਮਾਰ ਗਤੋਰਾ, ਸਰਪੰਚ ਅਮਰਜੀਤ ਸੈਣੀ ਜਗਤਪੁਰ, ਸਰਪੰਚ ਜਗਦੇਵ ਸਿੰਘ ਨਵਾਲਾ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ ਅਤੇ ਇਲਾਕਾ ਵਾਸੀ ਹਾਜ਼ਰ ਸਨ।

## ਦੁਕਾਨਾਂ ਦੀ ਚੈਕਿੰਗ 'ਚ ਡੇਂਗੂ ਜਾਗਰੂਕਤਾ ਐਕਟੀਵਿਟੀ

ਢਿਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)-ਸੀਨੀਅਰ ਮੈਡੀਕਲ ਅਫਸਰ ਡਾਕਟਰ ਪ੍ਰੇਮ ਕੁਮਾਰ ਦੀ ਯੋਗ ਅਗਵਾਈ ਹੇਠ ਪੀ ਐਚ ਸੀ ਢਿਲਵਾਂ ਅਧੀਨ ਦੁਕਾਨਾਂ ਦੀ ਚੈਕਿੰਗ ਵਿੱਚ ਡੇਂਗੂ ਜਾਗਰੂਕਤਾ ਐਕਟੀਵਿਟੀ ਕੀਤੀ ਗਈ। ਸੀਨੀਅਰ ਮੈਡੀਕਲ ਅਫਸਰ ਡਾਕਟਰ ਪ੍ਰੇਮ ਕੁਮਾਰ ਨੇ ਦੱਸਿਆ ਕਿ ਚੱਲ ਰਹੀ ਡੇਂਗੂ ਵਿਰੋਧੀ ਮੁਹਿੰਮ ਵਿੱਚ ਟਾਇਰਾਂ ਦੀਆਂ ਦੁਕਾਨਾਂ, ਰੋਡਵੇਜ਼ ਵਰਕਸ਼ਾਪਾਂ, ਉਸਾਰੀ ਵਾਲੀਆਂ ਥਾਂਵਾਂ, ਵਾਹਨ ਡੰਪ, ਯਾਰਡ ਵਿੱਚ ਸਿਹਤ ਕਰਮੀਆਂ ਵੱਲੋਂ ਖਾਸ ਤੌਰ 'ਤੇ ਚੈਕਿੰਗ ਕੀਤੀ ਗਈ।

ਉਹਨਾ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ਼ ਖੜ੍ਹੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦਾ ਹੈ। ਇਸ ਲਈ ਹਫ਼ਤੇ ਵਿੱਚ ਇਕ ਵਾਰ ਕੂਲਰਾਂ ਦਾ ਪਾਣੀ ਬਦਲਣਾ ਬੇਹੱਦ ਜ਼ਰੂਰੀ ਹੈ।ਤੇਜ਼ ਬੁਖਾਰ, ਸਿਰਦਰਦ, ਮਾਸਪੇਸ਼ੀਆਂ ਵਿੱਚ ਦਰਦ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਚਮੜੀ ਤੇ ਦਾਣੇ, ਮਸੂੜੇ ਅਤੇ ਨੱਕ ਵਿੱਚੋਂ ਖ਼ੂਨ ਦਾ ਵਹਾਅ ਆਦਿ ਇਸ ਦੇ ਲੱਛਣਾਂ ਵਿੱਚ ਗਿਣੇ ਜਾਂਦੇ ਹਨ।

ਡੇਂਗੂ ਤੋਂ ਬਚਣ ਲਈ ਕੂਲਰਾਂ,ਗਮਲਿਆਂ ਅਤੇ ਫਰਿੱਜਾ ਵਿੱਚ ਖੜ੍ਹੇ ਪਾਣੀ ਨੂੰ ਸਾਫ਼ ਕਰਦੇ ਰਹੋ, ਪੂਰੀ ਬਾਂਹ ਦੇ ਕੱਪੜੇ ਪਾਓ,ਆਲ ਆਓਟ ਦਾ ਪ੍ਰਯੋਗ ਕਰੋ ਅਤੇ ਲੋੜ ਪੈਣ ਤੇ ਨਜ਼ਦੀਕੀ ਸਰਕਾਰੀ ਹਸਪਤਾਲ ਵਿੱਚ ਡਾਕਟਰ ਤੋਂ ਜਾਂਚ ਕਰਵਾਓ ।ਇਸ ਮੌਕੇ ਡਾਕਟਰ ਸਰਵਲੀਨ ਕੌਰ, ਡਾ. ਗੌਰਵ, ਜਸਵਿੰਦਰ ਸਿੰਘ, ਪ੍ਰਗਟ ਸਿੰਘ, ਸਰਬਜੀਤ ਸਿੰਘ ਐਸ ਆਈ, ਆਦਿ ਹਾਜ਼ਰ ਸਨ ।

## ਡੀ ਸੀ ਵੱਲੋਂ ਆਜ਼ਾਦੀ ਦਿਵਸ ਸਮਾਗਮ ਸੰਬੰਧੀ ਅਧਿਕਾਰੀਆਂ ਨਾਲ ਮੀਟਿੰਗ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਵੱਲੋਂ 15 ਅਗਸਤ ਨੂੰ ਮਨਾਏ ਜਾ ਰਹੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਸੰਬੰਧੀ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲੈਫ. ਸ਼ਹੀਦ ਨਵਦੀਪ ਸਿੰਘ (ਅਸ਼ੋਕ ਚੱਕਰ) ਖੇਡ ਸਟੇਡੀਅਮ ਗੁਰਦਾਸਪੁਰ ਵਿਖੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਸਿਮਰਨ ਸਿੰਘ ਢਿੱਲੋਂ, ਮੈਡਮ ਅਦੀਬਾ ਅਨਮ ਅਸ਼ਫਾਕ ਅਹਿਮਦ, ਆਈ ਏ ਐੱਸ, ਅੰਡਰ ਟਰੇਨਿੰਗ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਗੁਰਪ੍ਰੀਤ ਸਿੰਘ ਗਿੱਲ, ਕੁਲਦੀਪ ਚੰਦ ਸਹਾਇਕ ਕਮਿਸ਼ਨਰ (ਜ), ਜੁਗਰਾਜ ਸਿੰਘ ਐੱਸ ਪੀ (ਐੱਚ) ਗੁਰਦਾਸਪੁਰ, ਅਸ਼ੋਕ ਕੁਮਾਰ ਐੱਸ ਡੀ ਐੱਮ ਗੁਰਦਾਸਪੁਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਕਿਹਾ ਕਿ ਜ਼ਿਲ੍ਹਾ ਪੱਧਰ ਦਾ ਆਜ਼ਾਦੀ ਦਿਵਸ ਸਮਾਰੋਹ ਪੂਰੇ ਉਤਸ਼ਾਹ ਨਾਲ ਲੈਫ. ਸ਼ਹੀਦ ਨਵਦੀਪ ਸਿੰਘ (ਅਸ਼ੋਕ ਚੱਕਰ) ਖੇਡ ਸਟੇਡੀਅਮ ਗੁਰਦਾਸਪੁਰ ਵਿਖੇ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਡਿਪਟੀ ਕਮਿਸ਼ਨਰ ਨੇ ਸੰਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਸਟੇਡੀਅਮ ਦੀ ਸਾਫ-ਸਫਾਈ, ਸਜਾਵਟ, ਬੈਠਣ ਦੇ ਪ੍ਰਬੰਧ, ਪੀਣ ਵਾਲਾ ਪਾਣੀ, ਨਿਰਵਿਘਨ ਬਿਜਲੀ ਸਪਲਾਈ, ਫਾਇਰ ਬ੍ਰਿਗੇਡ, ਆਰਜ਼ੀ ਪਖਾਨੇ ਆਦਿ ਸਮੇਤ ਸਮੁੱਚੇ ਇੰਤਜ਼ਾਮ ਸਮੇਂ ਸਿਰ ਮੁਕੰਮਲ ਹੋਣੇ ਚਾਹੀਦੇ ਹਨ। ਮੀਟਿੰਗ ਦੌਰਾਨ ਬੱਚਿਆਂ ਲਈ ਰਿਫ੍ਰੈਸ਼ਮੈਂਟ ਦੇ ਪ੍ਰਬੰਧਾਂ ਸਬੰਧੀ ਵੀ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ। 15 ਅਗਸਤ ਨੂੰ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਰੋਹ ਮੌਕੇ ਸਕੂਲੀ ਬੱਚਿਆਂ ਵੱਲੋਂ ਦੇਸ਼-ਭਗਤੀ ਨਾਲ ਭਰਪੂਰ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਫੁੱਲ ਡਰੈਸ ਰਿਹਰਸਲ 13 ਅਗਸਤ ਨੂੰ ਸਵੇਰੇ 9 ਵਜੇ ਕਰਵਾਈ ਜਾਵੇਗੀ। ਮੀਟਿੰਗ ਵਿਚ ਪ੍ਰੋਫੈਸਰ ਰਾਜ ਕੁਮਾਰ ਸ਼ਰਮਾ, ਜੋਬਨਜੀਤ ਕੌਰ ਆਰ.ਟੀ.ਏ, ਗੁਰਦਾਸਪੁਰ, ਡੀ ਐੱਸ ਪੀ ਸ਼ਾਹਬਾਜ ਸਿੰਘ, ਹਰਪ੍ਰੀਤ ਸਿੰਘ ਡੀ.ਡੀ.ਪੀ.ਓ, ਡਾ.ਰਮੇਸ਼ ਅੱਤਰੀ ਡੀ ਐੱਮ ਸੀ, ਰਾਜੇਸ਼ ਕੁਮਾਰ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ (ਸ), ਪ੍ਰਿੰਸੀਪਲ ਪ੍ਰੋਫੈਸਰ ਅਸ਼ਵਨੀ ਭੱਲਾ, ਸਰਬਜੀਤ ਸਿੰਘ ਮੱਲੀ, ਸਰਬਜੀਤ ਮੁਲਤਾਨੀ, ਮੁਲਖ ਰਾਜ ਆਦਿ ਹਾਜ਼ਰ ਸਨ।

## ਅਕਾਲ ਅਕੈਡਮੀ ਨੇ 550 ਬੂਟੇ ਵੰਡ ਕੇ ਵਾਤਾਵਰਣ ਸੰਭਾਲ ਦਾ ਦਿੱਤਾ ਸੁਨੇਹਾ



ਧਾਰੀਵਾਲ (ਮਨਦੀਪ ਵਿੱਕੀ)-ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਅਕਾਲ ਅਕੈਡਮੀ ਤਿੱਬੜ ਵਿਖੇ ਵਾਤਾਵਰਣ ਨੂੰ ਹਰਿਆ-ਭਰਿਆ ਬਣਾਉਣ ਲਈ ਕੀਤੇ ਵਿਸ਼ੇਸ਼ ਉਪਰਾਲੇ ਤਹਿਤ ਪ੍ਰਿੰਸੀਪਲ ਗੁਰਵਿੰਦਰ ਸਿੰਘ ਦੀ ਅਗਵਾਈ ਹੇਠ ਸਮੂਹ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਲਗਭਗ 550 ਵੱਖ-ਵੱਖ ਕਿਸਮਾਂ ਦੇ ਫਲਦਾਰ, ਫੁੱਲਦਾਰ ਅਤੇ ਛਾਂਦਾਰ ਬੂਟੇ ਵੰਡੇ ਗਏ। ਇਨ੍ਹਾਂ ਵਿੱਚ ਅਮਰੂਦ, ਜਾਮੁਨ, ਆਮਲਾ, ਅਨਾਰ, ਲੂਚਾ, ਗੁਲਾਬ, ਵਾਈਟ ਕੇਸਰ, ਬੋਤਲ ਬੁਰਸ਼, ਤੁਲਸੀ, ਯੈਲੋ ਕਨੇਰ, ਰੈੱਡ ਕਨੇਰ, ਅਰਜੁਨ, ਅਮਲਤਾਸ ਅਤੇ ਬਾਂਸ ਆਦਿ ਦੇ ਬੂਟੇ ਸ਼ਾਮਲ ਹਨ। ਇਸ ਮੌਕੇ ਪ੍ਰਿੰਸੀਪਲ ਗੁਰਵਿੰਦਰ ਸਿੰਘ ਨੇ ਸਟਾਫ਼ ਨੂੰ ਬੂਟਿਆਂ ਦੀ ਸੰਭਾਲ ਕਰਨ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਲਈ ਹਰ ਵਿਅਕਤੀ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਸਟਾਫ਼ ਮੈਂਬਰਾਂ ਨੇ ਵਾਤਾਵਰਣ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਦਾ ਸੰਕਲਪ ਲਿਆ।

## ਇਕਬਾਲ ਸਿੰਘ ਪਹੁੰਚੇ ਕਾਂਗਰਸ ਭਵਨ

ਜਲੰਧਰ (ਇਕਬਾਲ ਸਿੰਘ ਉਭੀ)-ਸਾਬਕਾ ਐਮ ਪੀ ਅਤੇ ਪੁਡੂਚੇਰੀ ਦੇ ਸਾਬਕਾ ਲੈਫਟੀਨੇਟ ਗਵਰਨਰ ਇਕਬਾਲ ਸਿੰਘ ਸਥਾਨਕ ਕਾਂਗਰਸ ਭਵਨ ਪਹੁੰਚੇ।ਇਸ ਮੌਕੇ ਉਨਾਂ ਨੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਰਜਿੰਦਰ ਬੇਰੀ ਤੇ ਕਾਂਗਰਸੀ ਅਹੁਦੇਦਾਰਾਂ ਨਾਲ ਮੁਲਾਕਾਤ ਕੀਤੀ ਅਤੇ ਪੁਰਾਣੀਆਂ ਯਾਦਾਂ ਸਾਂਝੀਆਂ ਕੀਤੀਆਂ।ਉਨ੍ਹਾਂ ਨੇ ਜਲੰਧਰ ਕਾਂਗਰਸ ਦੇ ਮੌਜੂਦਾਂ ਹਾਲਾਤਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਅਤੇ ਭਵਿੱਖ ਵਿੱਚ ਕਾਂਗਰਸ ਦੀ ਮਜ਼ਬੂਤੀ ਲਈ ਇਕੱਠੇ ਹੋ ਕੇ ਕੰਮ ਕਰਨ ਲਈ ਕਿਹਾ।ਇਸ ਮੌਕੇ ਤੇ ਮੁਖਤਿਆਰ ਅਹਿਮਦ ਅੰਸਾਰੀ , ਸਮੀਰ ਚਿਸ਼ਤੀ, ਰਾਜਿੰਦਰ ਸਹਿਗਲ, ਰਮੇਸ਼ ਕੁਮਾਰ ਮੌਜੂਦ ਸਨ।

## 4 ਘਰਾਂ 'ਚੋਂ ਡੇਂਗੂ ਦਾ ਲਾਰਵਾ ਕੀਤਾ ਨਸ਼ਟ

ਫਗਵਾੜਾ (ਡਾ. ਰਮਨ)-ਸਿਵਲ ਸਰਜਨ ਕਪੂਰਥਲਾ ਡਾਕਟਰ ਰਾਜੀਵ ਪਰਾਸ਼ਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਡੇਂਗੂ ਤੋਂ ਲੋਕਾਂ ਦੇ ਬਚਾਅ ਲਈ ਸਿਹਤ ਵਿਭਾਗ ਕਪੂਰਥਲਾ ਦੀ ਟੀਮ ਵੱਲੋਂ ਚੂਹੜਵਾਲ ਪਿੰਡ ਵਿਖੇ ਜਾਗਰੂਕਤਾ ਕੀਤੀ ਗਈ। ਇਸ ਮੌਕੇ ਜਿਲਾ ਐਪੀਡੀਮੋਲੋਜਿਸਟ ਡਾਕਟਰ ਨੰਦੀਕਾ ਖੁੱਲਰ ਤੇ ਉਹਨਾਂ ਦੀ ਟੀਮ ਵੱਲੋਂ 270 ਘਰਾਂ ਦੀ ਚੈਕਿੰਗ ਕੀਤੀ ਗਈ ,ਜਿਸ ਦੌਰਾਨ 4 ਘਰਾਂ ਵਿੱਚੋਂ ਡੇਂਗੂ ਦਾ ਲਾਰਵਾ ਪਾਇਆ ਗਿਆ ਜਿਸ ਨੂੰ ਮੌਕੇ ਤੇ ਹੀ ਟੀਮ ਵੱਲੋਂ ਨਸ਼ਟ ਕੀਤਾ ਗਿਆ। ਇਨਡੋਰ ਸਪਰੇਅ ਵੀ ਟੀਮ ਵੱਲੋਂ ਕੀਤੀ ਗਈ।ਸਿਵਲ ਸਰਜਨ ਕਪੂਰਥਲਾ ਡਾਕਟਰ ਰਾਜੀਵ ਪਰਾਸ਼ਰ ਨੇ ਕਿਹਾ ਕਿ ਸਿਹਤ ਵਿਭਾਗ ਲੋਕਾਂ ਦੀ ਸਿਹਤ ਨੂੰ ਲੇ ਕੇ ਫ਼ਿਕਰਮੰਦ ਹੈ।

## ਆਮ ਆਦਮੀ ਪਾਰਟੀ ਨੇ ਐੱਸ ਸੀ ਵਿੰਗ ਦਾ ਦਫ਼ਤਰ ਖੋਲ੍ਹਿਆ



ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਆਮ ਆਦਮੀ ਪਾਰਟੀ ਐੱਸ.ਸੀ ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰ ਪਾਲ ਵੱਲੋਂ ਆਮ ਆਦਮੀ ਪਾਰਟੀ ਐੱਸ ਸੀ ਵਿੰਗ ਦਾ ਦਫ਼ਤਰ ਰਾਮ ਤੀਰਥ ਰੋਡ, ਨਿਊ ਕਾਲੋਨੀ ਨੇੜੇ ਡੀ.ਟੀ.ਓ ਦਫ਼ਤਰ ਖੋਲ੍ਹਿਆ ਗਿਆ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਆਮ ਆਦਮੀ ਪਾਰਟੀ ਦੇ ਸਾਬਕਾ ਚੇਅਰਮੈਨ ਇੰਮਪਰੂਵਮੈਂਟ ਟਰੱਸਟ ਅਸ਼ੋਕ ਤਲਵਾਰ, ਇਕਬਾਲ ਸਿੰਘ ਭੁੱਲਰ, ਕੌਂਸਲਰ ਵਿਰਾਟ ਦੇਵਗਨ, ਬੀ.ਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਹਰੀਸ਼ ਬੱਬਰ, ਸਨਾਤਨ ਧਰਮ ਦੇ ਆਗੂ ਗੌਰਵ ਅਗਰਵਾਲ, ਸੋਹਨ ਸਿੰਘ ਨਾਗੀ, ਰਮਨ ਕੁਮਾਰ ਸਹਿਗਲ, ਹਲਕਾ ਪੱਛਮੀ ਦੇ ਸੰਗਠਨ ਇੰਚਾਰਜ਼ ਰਮਨ ਕੁਮਾਰ, ਬਲਾਕ ਪ੍ਰਧਾਨ ਜਨਕ ਰਾਜ ਗੁਮਟਾਲਾ, ਜਗਜੀਤ ਸਿੰਘ, ਵਿਨੈਪਾਲ, ਤ੍ਰਿਲੋਕ ਨਾਥ, ਵਰੁਣ ਰਾਣਾ, ਸਤਨਾਮ ਸਿੰਘ ਮਠਾੜੂ, ਵਿਕਰਮ ਸਿੰਘ, ਸਰਬਜੀਤ ਸਿੰਘ ਸੰਧੂ, ਅਖਤਿਆਰ ਸਿੰਘ ਢਿੱਲੋਂ, ਜਗੀਰ ਸਿੰਘ ਵਡਾਲੀ, ਪਰਮਜੀਤ ਸਿੰਘ, ਹੀਰਾ ਸਿੰਘ, ਦੇਸ ਰਾਜ ਪਹਿਲਵਾਨ, ਰਾਜ ਕਰਨ, ਟੀਟੂ ਸ਼ਰਮਾ, ਪਵਨ ਦਰਾਵਿੜ, ਵਿਸ਼ਵ, ਕੇਵਲ ਅਟਵਾਲ, ਰਮੇਸ਼ ਥਾਪਾ, ਹਰਸ਼ ਅਰੋੜਾ, ਸਤਵਿੰਦਰ ਸਿੰਘ ਜੌਹਲ, ਮੁਖਤਿਆਰ ਸਿੰਘ, ਕੌਂਸਲਰ ਲਖਵਿੰਦਰ ਸਿੰਘ, ਰਵਿੰਦਰ ਸਿੰਘ ਐਡਵੋਕੇਟ, ਮਾਸਟਰ ਬਲਜੀਤ ਸਿੰਘ, ਸਾਹਿਬ ਸਿੰਘ, ਹਰਸ਼ ਮਜੀਠੀਆ ਅਤੇ ਹਲਕਾ ਪੱਛਮੀ ਦੇ ਵਰਕਰਾਂ ਨੇ ਡਾਕਟਰ ਇੰਦਰ ਪਾਲ

## ਆਰ ਡੀ ਖੋਸਲਾ ਡੀ ਏ ਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ 'ਚ ਵਿਸ਼ੇਸ਼ ਤੀਜ ਪ੍ਰੋਗਰਾਮ



ਬਟਾਲਾ (ਡਾ. ਮਲਵਿੰਦਰ ਸਿੰਘ)-ਆਰ.ਡੀ.ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿੱਚ ਹਰਿਆਲੀ ਤੀਜ ਦਾ ਇੱਕ ਵਿਸ਼ੇਸ਼ ਪ੍ਰੋਗਰਾਮ ਪ੍ਰਿੰਸੀਪਲ ਡਾਕਟਰ ਬਿੰਦੂ ਭੱਲਾ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ । ਇਸ ਮੌਕੇ ਦੇ ਵਿਸ਼ੇਸ਼ ਮਹਿਮਾਨ ਪ੍ਰਬੰਧਕੀ ਕਮੇਟੀ ਦੇ ਮੈਂਬਰ ਮੋਨਿਕਾ ਖੋਸਲਾ ਤੇ ਮਨੀਸ਼ਾ ਖੋਸਲਾ ਸਨ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਆਪਣੇ ਲੋਕ ਗੀਤਾਂ ਅਤੇ ਲੋਕ ਨਾਚ ਗਿੱਧੇ ਨਾਲ ਸਾਰਿਆਂ ਨੂੰ ਮੋਹਿਤ ਕੀਤਾ। ਚਾਰੇ ਪਾਸੇ ਹਰਿਆਲੀ ਹੋਣ ਕਰਕੇ ਇਸ ਨੂੰ ਹਰਿਆਲੀ ਤੀਜ ਕਿਹਾ ਜਾਂਦਾ ਹੈ। ਔਰਤਾਂ ਇਸ ਨੂੰ ਵਿਸ਼ੇਸ਼ ਸਜਾਵਟ ਨਾਲ ਮਨਾਉਂਦੀਆਂ ਹਨ।

ਇਹ ਤਿਉਹਾਰ ਖੁਸ਼ੀ ਦਾ ਪ੍ਰਤੀਕ ਹੈ, ਜਿਸ ਵਿੱਚ ਕੁੜੀਆਂ ਅਤੇ ਔਰਤਾਂ ਲੋਕ ਗੀਤਾਂ ਅਤੇ ਨਾਚਾਂ ਰਾਹੀਂ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਨ ਲਈ ਇਕੱਠੀਆਂ ਹੁੰਦੀਆਂ ਹਨ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ, ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਤੀਜ ਦੇ ਸ਼ੁੱਭ ਮੌਕੇ 'ਤੇ ਸਾਰਿਆਂ ਨੂੰ ਵਧਾਈਆਂ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਮਹਿੰਦੀ ਅਤੇ ਹਰੀਆਂ ਚੂੜੀਆਂ ਦਾ ਇੱਕ ਵਿਸ਼ੇਸ਼ ਸਟਾਲ ਲਗਾਇਆ ਗਿਆ ਸੀ ।

## ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਵਿਖੇ ਗੁਰਮਤਿ ਸਮਾਗਮ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਭਾਈ ਸੁੱਖਾ ਸਿੰਘ ਮਾੜੀ ਕੰਬੋਕੇ ਅਤੇ ਭਾਈ ਮਹਿਤਾਬ ਸਿੰਘ ਮੀਰਾਂਕੋਟ ਵੱਲੋਂ ਮੱਸੇ ਰੰਘੜ ਨੂੰ ਸੋਧਣ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਜਗਰੂਪ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ।

ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸਰਵਣ ਕਰਵਾਇਆ।ਇਸ ਮੌਕੇ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤ ਨਾਲ ਇਤਿਹਾਸ ਦੀ ਵਿਚਾਰ ਕਰਦਿਆਂ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਨੇ ਕਈ ਵਾਰ ਸਿੱਖ ਕੌਮ ਦੇ ਕੇਂਦਰੀ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਾਵਨ ਮਰਯਾਦਾ ਨੂੰ ਭੰਗ ਕਰਨ ਦੇ ਯਤਨ ਕੀਤੇ। ਜ਼ਕਰੀਆ ਖਾਨ ਦੀ ਹਕੂਮਤ ਸਮੇਂ ਮੱਸੇ ਰੰਘੜ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਕੀਤੀ, ਜਿਸ ਦਾ ਬਦਲਾ ਭਾਈ ਸੁੱਖਾ ਸਿੰਘ ਤੇ ਭਾਈ ਮਹਿਤਾਬ ਸਿੰਘ ਨੇ ਮੱਸੇ ਰੰਘੜ ਨੂੰ ਸੋਧ ਕੇ ਲਿਆ।

ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਇਕਬਾਲ ਸਿੰਘ ਮੁਖੀ, ਬਿਕਰਮਜੀਤ ਸਿੰਘ ਝੰਗੀ ਅਤੇ ਸੰਗਤਾਂ ਮੌਜੂਦ ਸਨ।

# ਸੈਣੀ ਨੇ ਐੱਮ ਐੱਸ ਐੱਮ ਈ ਤੇ ਐਕਸਪੋਰਟ ਪ੍ਰਮੋਸ਼ਨ ਪਾਲਿਸੀ-2026 ਦਾ ਕੀਤਾ ਵਿਮੋਚਨ



**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਹਰਿਆਣਾ ਦੇ ਵਿਕਾਸ ਦੇ 60 ਗੌਰਵਸ਼ਾਲੀ ਸਾਲ ਪੂਰੇ ਹੋਣ ਦੇ ਮੌਕੇ ਵਿੱਚ ਸੂਬਾ ਸਰਕਾਰ ਵੱਲੋਂ ਆਯੋਜਿਤ ਵਿਸ਼ੇਸ਼ ਪ੍ਰੋਗਰਾਮ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਰਨਾਲ ਵਿੱਚ ਹਰਿਆਣਾ ਪ੍ਰੋਗਰੈਸਿਵ ਐੱਮ ਐੱਸ ਐੱਮ ਈ ਅਤੇ ਐਕਸਪੋਰਟ ਪ੍ਰਮੋਸ਼ਨ ਪਾਲਿਸੀ-2026 ਦਾ ਵਿਮੋਚਨ ਕੀਤਾ। ਇਸ ਮੌਕੇ ਉਨ੍ਹਾਂ ਨੇ ਸੂਬੇ ਦੇ ਉਦਯੋਗਪਤੀਆਂ ਨੂੰ ਸ਼ੁਭਕਾਮਨਾਵਾਂ ਅਤੇ ਵਧਾਈਆਂ ਦਿੱਤੀਆਂ। ਇਸ ਮੌਕੇ ਹਰਿਆਣਾ ਵਿਧਾਨ ਸਭਾ ਦੇ ਸਪੀਕਰ ਹਰਵਿੰਦਰ ਕਲਿਆਣ, ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਸਮੇਤ ਜਨ ਪ੍ਰਤੀਨਿਧੀ, ਉਦਯੋਗ ਜਗਤ ਦੇ ਪ੍ਰਤੀਨਿਧੀ, ਐੱਮ.ਐੱਸ.ਐੱਮ.ਈ., ਨਿਰਯਾਤਕ, ਵਿੱਤੀ ਸੰਸਥਾਵਾਂ ਅਤੇ ਉਦਯੋਗ ਸੰਘਾਂ ਦੇ ਪ੍ਰਤੀਨਿਧੀ ਅਤੇ ਹਰਿਆਣਾ ਦੇ ਗੁਆਂਢੀ ਰਾਜਾਂ ਤੋਂ ਆਏ ਉਦਯੋਗਪਤੀ ਮੌਜੂਦ ਰਹੇ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਪ੍ਰੋਗਰੈਸਿਵ ਐੱਮ ਐੱਸ ਐੱਮ ਈ ਅਤੇ ਐਕਸਪੋਰਟ ਪ੍ਰਮੋਸ਼ਨ ਪਾਲਿਸੀ-2026 ਸੂਬੇ ਦੇ ਐੱਮ ਐੱਸ ਐੱਮ ਈ ਖੇਤਰ ਨੂੰ ਨਵੀਂ ਦਿਸ਼ਾ ਦੇਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਹੈ।

# ਖਾਲਸਾ ਏਡ ਤੇ ਲਾਇਨਜ਼ ਕਲੱਬ ਇੰਟਰਨੈਸ਼ਨਲ ਵੱਲੋਂ ਵਾਤਾਵਰਣ ਦੀ ਸੰਭਾਲ ਲਈ ਪੌਦੇ ਲਗਾਉਣ ਦੀ ਸੇਵਾ



**ਜਲੰਧਰ (ਨ ਜ਼ ਸ)-** ਵਾਤਾਵਰਣ ਦੀ ਸੰਭਾਲ ਅਤੇ ਹਰਿਆਵਲ ਨੂੰ ਵਧਾਉਣ ਲਈ ਕੀਤੇ ਜਾ ਰਹੇ ਸਾਂਝੇ ਉਪਰਾਲਿਆਂ ਤਹਿਤ ਖਾਲਸਾ ਏਡ ਅਤੇ ਲਾਇਨਜ਼ ਕਲੱਬ ਇੰਟਰਨੈਸ਼ਨਲ ਵੱਲੋਂ ਪੌਦੇ ਲਗਾਉਣ ਦੀ ਸੇਵਾ ਕੀਤੀ ਗਈ। ਇਸ ਸੇਵਾ ਦੌਰਾਨ ਸੰਸਥਾਵਾਂ ਦੇ ਨਾਲ ਜੁੜੇ ਵਾਲੰਟੀਅਰਾਂ ਅਤੇ ਅਹੁਦੇਦਾਰਾਂ ਨੇ ਵੱਧ-ਚੜ੍ਹ ਕੇ ਸ਼ਮੂਲੀਅਤ ਕੀਤੀ ਅਤੇ ਵੱਖ-ਵੱਖ ਕਿਸਮਾਂ ਦੇ ਫਲਦਾਰ ਅਤੇ ਛਾਂਦਾਰ ਪੌਦੇ ਲਗਾਏ। [illegible]

# ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਰਜਿਸਟ੍ਰੇਸ਼ਨ 15 ਤੱਕ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਭਾਰਤ ਸਰਕਾਰ ਦੇ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ ਵੱਲੋਂ [illegible] ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ [illegible] 15 ਅਗਸਤ ਤੱਕ [illegible] https://awards.gov.in 'ਤੇ ਆਪਣੀ ਰਜਿਸਟ੍ਰੇਸ਼ਨ ਕਰ ਸਕਦੇ ਹਨ [illegible] 15 ਅਗਸਤ ਹੈ।



ਮੁਖਤਾਰ ਸਿੰਘ ਚੰਦੀ ਪਿਛਲੇ ਦਿਨੀਂ 'ਨਵਾਂ ਜ਼ਮਾਨਾ' ਦੇ ਦਫ਼ਤਰ ਆਏ। ਉਨ੍ਹਾਂ ਨੇ ਆਪਣੀ ਪੁਸਤਕ 'ਗੁਰਦੁਆਰਾ ਦਮਦਮਾ ਸਾਹਿਬ ਠੱਟਾ ਇਤਿਹਾਸ, ਪਰੰਪਰਾ ਅਤੇ ਮਹਾਂਪੁਰਖਾਂ ਦੇ ਪਰਉਪਕਾਰੀ ਜੀਵਨ' ਨਵਾਂ ਜ਼ਮਾਨਾ ਦੇ ਸੰਪਾਦਕ ਚੰਦ ਫਤਿਹਪੁਰੀ ਨੂੰ ਸਤਿਕਾਰ ਸਹਿਤ ਭੇਟ ਕੀਤੀ। ਉਨ੍ਹਾਂ ਦੇ ਨਾਲ ਹਨ, ਐਡਵੋਕੇਟ ਰਜਿੰਦਰ ਸਿੰਘ ਰਾਣਾ, ਐਡਵੋਕੇਟ ਬਲਵੀਰ ਸ਼ੇਰਪੁਰੀ ਉੱਘੇ ਗਾਇਕ ਅਤੇ ਸੁਖਵਿੰਦਰ ਸਿੰਘ ਸੰਨ੍ਹੀ। (ਫੋਟੋ ਤੇ ਵੇਰਵਾ : ਗਿਆਨ ਸੈਦਪੁਰੀ)

# ਤੀਆਂ ਦਾ ਤਿਉਹਾਰ ਮਨਾਇਆ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੰਗੋਵਾਲ)** [illegible] ਤੀਆਂ ਦਾ ਤਿਉਹਾਰ ਮਨਾਇਆ ਗਿਆ [illegible]

# ਤੀਆਂ ਮਨਾਈਆ



**ਮੋਰਿੰਡਾ (ਨਿਹਾਲ ਸਿੰਘ ਕਲਸੀ)-** [illegible] ਤੀਆਂ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ। [illegible] ਹਰਦੀਪ ਕੌਰ, ਪ੍ਰਭਜੋਤ ਕੌਰ, ਸਾਬਕਾ ਪੰਚਾਇਤ ਮੈਂਬਰ ਮਲਕੀਤ ਕੌਰ, ਪ੍ਰਧਾਨ ਕਲਜੀਤ ਕੌਰ, ਹਰਪ੍ਰੀਤ ਕੌਰ, ਪਰਮਜੀਤ ਕੌਰ, ਕੁਲਦੀਪ ਕੌਰ, ਸ਼ਿੰਦਰ ਕੌਰ, ਕਰਮਜੀਤ ਕੌਰ, ਬਲਜੀਤ ਕੌਰ, ਜਸਬੀਰ ਕੌਰ, ਖੁਸ਼ਪ੍ਰੀਤ ਕੌਰ, ਸਰਬਜੀਤ ਕੌਰ, ਕਰਨੈਲ ਕੌਰ ਤੇ ਚਰਨ ਕੌਰ ਸਮੇਤ ਹੋਰ ਵੀ ਅਨੇਕਾਂ ਔਰਤਾਂ ਹਾਜ਼ਰ ਸਨ।

# ਐੱਮ ਕਾਮ ਵਿਦਿਆਰਥੀਆਂ ਨੇ 'ਵਰਸਿਟੀ ਨਤੀਜਿਆਂ 'ਚ ਮਾਰੀਆਂ ਮੱਲਾਂ



**ਜਲੰਧਰ (ਨ ਜ਼ ਸ)-** ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਦੇ ਐੱਮ ਕਾਮ ਪ੍ਰੋਗਰਾਮ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਹਾਲ ਹੀ ਵਿੱਚ ਐਲਾਨੇ ਗਏ [illegible] ਯੂਨੀਵਰਸਿਟੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 8.53 ਸੀ ਜੀ ਪੀ ਏ ਦੇ ਨਾਲ ਯੂਨੀਵਰਸਿਟੀ ਵਿੱਚ ਪੰਜਵਾਂ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਕਾਲਜ ਪੱਧਰ 'ਤੇ ਵੀ ਐੱਮ ਕਾਮ ਦੇ ਵਿਦਿਆਰਥੀਆਂ ਨੇ ਬਿਹਤਰੀਨ ਨਤੀਜੇ ਹਾਸਲ ਕੀਤੇ। ਮੁਸਕਾਨ ਨੇ 8.32 ਸੀ ਜੀ ਪੀ ਏ ਨਾਲ ਕਾਲਜ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਮਾਨਸੀ ਨੇ 8.02 ਸੀ ਜੀ ਪੀ ਏ ਨਾਲ ਤੀਜਾ ਸਥਾਨ ਹਾਸਲ ਕਰਕੇ ਆਪਣੀ ਅਕਾਦਮਿਕ ਯੋਗਤਾ ਦਾ [illegible] ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਜਲੰਧਰ ਹਮੇਸ਼ਾ ਆਪਣੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇਣ ਅਤੇ ਉਨ੍ਹਾਂ ਨੂੰ ਅਕਾਦਮਿਕ ਖੇਤਰ ਵਿੱਚ ਉਤਕ੍ਰਿਸ਼ਟਤਾ ਹਾਸਲ ਕਰਨ ਲਈ ਪ੍ਰੇਰਿਤ ਕਰਨ ਵਾਸਤੇ ਵਚਨਬੱਧ ਹੈ।ਇਸ ਮੌਕੇ ਤੇ ਉਨ੍ਹਾਂ ਵੱਲੋਂ ਡਾ. ਸੋਨੀਆ ਕੁੰਦਰਾ ਅਤੇ ਹੋਰ ਫੈਕਟੀ ਮੈਂਬਰਾਂ ਨੂੰ ਮੁਬਾਰਕਬਾਦ ਦਿੰਦਿਆਂ ਭਵਿੱਖ ਵਿੱਚ ਵੀ ਵਿਦਿਆਰਥੀਆਂ ਦੀ ਸੁਯੋਗ ਅਗਵਾਈ ਕਰਨ ਦਾ ਜ਼ੋਰ ਦਿੱਤਾ ਗਿਆ।

# ਰੇਲਵੇ ਫਾਟਕ ਬੰਦ ਹੋਣ ਕਾਰਨ ਲੋਕ ਹੋਏ ਖੱਜਲ-ਖੁਆਰ





**ਅਲਾਵਲਪੁਰ (ਮਦਨ ਬੰਗੜ)-** [illegible] ਸਮੇਂ ਫਾਟਕ ਬੰਦ ਕਰਕੇ ਰਿਪੇਅਰ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਸੀ। ਫਾਟਕ ਬੰਦ ਹੋਣ ਕਾਰਨ ਲੋਕਾਂ ਨੂੰ ਮੌਕੇ ਤੋਂ ਵਾਪਸ ਮੁੜ ਕੇ ਬਦਲਵੇਂ ਰਸਤੇ ਰਾਹੀਂ ਆਪਣੀ ਮੰਜ਼ਿਲ ਤੱਕ ਪਹੁੰਚਣਾ ਪਿਆ, ਜਿਸ ਲਈ ਉਨ੍ਹਾਂ ਨੂੰ ਕਰੀਬ 5 ਤੋਂ 6 ਕਿਲੋਮੀਟਰ ਦਾ ਵਾਧੂ ਸਫ਼ਰ ਤੈਅ ਕਰਨਾ ਪਿਆ। ਲੋਕਾਂ ਦਾ ਕਹਿਣਾ ਸੀ ਕਿ ਫਾਟਕ ਬੰਦ ਕਰਨ ਸਬੰਧੀ ਨਾ ਤਾਂ ਪਹਿਲਾਂ ਕੋਈ ਸੂਚਨਾ ਦਿੱਤੀ ਗਈ ਅਤੇ ਨਾ ਹੀ ਮੌਕੇ 'ਤੇ ਸੂਚਨਾ ਬੋਰਡ ਜਾਂ ਬਦਲਵੇਂ ਰਸਤੇ ਸਬੰਧੀ ਦਿਸ਼ਾ-ਨਿਰਦੇਸ਼ ਲਗਾਏ ਗਏ ਸਨ। ਕਿਤੇ ਵੀ ਕੋਈ ਸੂਚਨਾ ਨਹੀਂ ਲਿਖੀ ਹੋਈ, ਕਦੋਂ ਤੋਂ ਕਦੋਂ ਤੱਕ ਬੰਦ ਰਹੇਗਾ।

# ਡੀਵਾਰਮਿੰਗ ਡੇਅ ਮਨਾਇਆ ਗਿਆ



**ਨਕੋਦਰ (ਮਨਜੀਤ ਮਾਨ)-** [illegible] ਅਗਵਾਈ ਵਿੱਚ ਡਾ. ਰਾਜਦੀਪ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੱਚਿਆਂ ਦੀ ਸਿਹਤਮੰਦ ਵਾਧੇ ਅਤੇ ਵਿਕਾਸ ਲਈ ਪੇਟ ਦੇ ਕੀੜਿਆਂ ਤੋਂ ਬਚਾਅ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਿੱਜੀ ਸਫ਼ਾਈ, ਹੱਥ ਧੋਣ, ਸਾਫ਼ ਪਾਣੀ ਪੀਣ ਅਤੇ ਸਾਫ਼-ਸੁਥਰਾ ਭੋਜਨ ਖਾਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ [illegible] ਇਸ ਮੌਕੇ ਸਕੂਲ ਦਾ ਸਮੂਹ ਸਟਾਫ਼, ਸਿਹਤ ਵਿਭਾਗ ਦੇ ਕਰਮਚਾਰੀ ਡਾ ਮਨਜੀਤ ਕੌਰ,ਤਰੁਨ ਕੁਮਾਰ ਅਤੇ ਵਿਦਿਆਰਥੀ ਹਾਜ਼ਰ ਸਨ।ਡਾ. ਸੰਤਮੀਤ ਸਿੰਘ, ਸੀਨੀਅਰ ਮੈਡੀਕਲ ਅਫ਼ਸਰ ਨੇ ਬੱਚਿਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਸਫ਼ਾਈ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਅਹਿਮ ਹਿੱਸਾ ਬਣਾਉਣ ਦੀ ਅਪੀਲ ਕੀਤੀ।

# ਪਾਰਲੀਮੈਂਟੇਰੀਅਨਜ਼ ਬੈਡਮਿੰਟਨ ਚੈਂਪੀਅਨਸ਼ਿਪ, ਮੀਤ ਹੇਅਰ ਨੇ ਜਿੱਤੇ ਤਿੰਨ ਖ਼ਿਤਾਬ

**ਚੰਡੀਗੜ੍ਹ (ਨ ਜ਼ ਸ)-** ਨਵੀਂ ਦਿੱਲੀ ਦੇ ਕੰਸਟੀਚਿਊਸ਼ਨ ਕਲੱਬ ਆਫ ਇੰਡੀਆ ਵਿਖੇ ਖੇਡੀ ਗਈ ਛੇਵੀਂ ਨੈਸ਼ਨਲ ਪਾਰਲੀਮੈਂਟੇਰੀਅਨਜ਼ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਸੰਗਰੂਰ ਤੋਂ ਆਮ



ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਤਿੰਨ ਵਰਗਾਂ ਦੇ ਖਿਤਾਬ ਜਿੱਤੇ ਜਦੋਂਕਿ ਇੱਕ ਵਰਗ ਵਿੱਚ ਉਪ ਜੇਤੂ ਰਿਹਾ। ਮੀਤ ਹੇਅਰ ਨੇ ਸੰਸਦ ਮੈਂਬਰ ਪੁਰਸ਼ ਸਿੰਗਲਜ਼ ਦੇ ਫ਼ਾਈਨਲ ਵਿੱਚ ਉਦੈ ਸ੍ਰੀਨਿਵਾਸ ਨੂੰ 11-21, 21-17 ਤੇ 22-20 ਨਾਲ ਹਰਾ ਕੇ ਖਿਤਾਬ ਜਿੱਤਿਆ। ਸੰਸਦ ਮੈਂਬਰ ਪੁਰਸ਼ ਡਬਲਜ਼ ਦੇ ਫ਼ਾਈਨਲ ਵਿੱਚ ਮੀਤ ਹੇਅਰ ਨੇ ਕੇ ਡੀ ਸਿੰਘ ਨਾਲ ਮਿਲ ਕੇ ਆਗਾ ਸਈਅਦ ਰੁਹੇਲਾ ਤੇ ਮੇਧਾ ਰਘੂਨੰਦੀ ਰੈਡੀ ਨੂੰ 21-13, 18-21 ਤੇ 21-14 ਨਾਲ ਹਰਾ ਕੇ ਖਿਤਾਬ ਜਿੱਤਿਆ। ਸੰਸਦ ਮੈਂਬਰ ਅਤੇ ਪਾਰਟਨਰਜ਼ ਡਬਲਜ਼ ਦੇ ਫ਼ਾਈਨਲ ਵਿੱਚ ਮੀਤ ਹੇਅਰ ਤੇ ਬਿਪਲਬ ਮਿਸ਼ਰਾ ਨੇ ਅਰਸ਼ਦ ਖਾਨ ਤੇ ਰਾਜੀਵ ਪ੍ਰਤਾਪ ਰੂਡੀ ਨੂੰ 21-10 ਤੇ 21-16 ਨਾਲ ਹਰਾਇਆ। ਸੰਸਦ ਮੈਂਬਰ ਮਿਕਸਡ ਡਬਲਜ਼ ਵਿੱਚ ਮੀਤ ਹੇਅਰ ਤੇ ਰੰਜੀਤਾ ਰੰਜਨ ਉਪ-ਜੇਤੂ ਰਹੇ। ਮੀਤ ਹੇਅਰ ਨੇ ਦੱਸਿਆ ਕਿ ਇਹ ਚੈਂਪੀਅਨਸ਼ਿਪ ਸੰਸਦ ਮੈਂਬਰਾਂ ਲਈ ਖੇਡਾਂ ਨਾਲ ਜੁੜਨ, ਆਪਸੀ ਸਾਂਝ ਵਧਾਉਣ ਅਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਦਾ ਇੱਕ ਸ਼ਾਨਦਾਰ ਮੌਕਾ ਸੀ। ਇਸ ਯਾਦਗਾਰ ਖੇਡ ਸਮਾਗਮ ਦਾ ਹਿੱਸਾ ਬਣ ਕੇ ਬੇਹੱਦ ਖੁਸ਼ੀ ਅਤੇ ਮਾਣ ਮਹਿਸੂਸ ਹੋਇਆ। ਜ਼ਿਕਰਯੋਗ ਹੈ ਕਿ ਪਿਛਲੇ ਸਾਲ ਚੈਂਪੀਅਨਸ਼ਿਪ ਵਿੱਚ ਵੀ ਮੀਤ ਹੇਅਰ ਨੇ ਪੰਜ ਖਿਤਾਬ ਜਿੱਤੇ ਸਨ।

# ਦੋ ਏ ਐੱਸ ਆਈ ਬਣੇ ਸਬ-ਇੰਸਪੈਕਟਰ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-** ਪੰਜਾਬ ਪੁਲਿਸ ਵੱਲੋਂ ਪੁਲਿਸ ਮੁਲਾਜ਼ਮਾਂ ਨੂੰ ਤਰੱਕੀਆਂ ਦਿੱਤੇ ਜਾਣ ਤਹਿਤ ਸ੍ਰੀ ਅਨੰਦਪੁਰ ਸਾਹਿਬ ਪੁਲਿਸ ਚੌਂਕੀ ਸਿਟੀ ਦੇ ਇੰਚਾਰਜ ਜਸਮੇਰ ਸਿੰਘ ਅਤੇ ਥਾਣਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਤਾਇਨਾਤ ਏਐੱਸਆਈ ਲੇਖਾ ਸਿੰਘ ਨੂੰ ਤਰੱਕੀ ਮਿਲੀ ਹੈ। ਦੋਵਾਂ ਨੂੰ ਏ ਐੱਸ ਆਈ ਦੇ ਅਹੁਦੇ ਤੋਂ ਤਰੱਕੀ ਦੇ ਕੇ ਸਬ-ਇੰਸਪੈਕਟਰ ਬਣਾਇਆ ਗਿਆ ਹੈ। ਇਹ ਤਰੱਕੀਆਂ ਐੱਸਐੱਸਪੀ ਰੂਪਨਗਰ ਮਨਿੰਦਰ ਸਿੰਘ ਆਈ ਪੀ ਐੱਸ ਅਤੇ ਐੱਸਪੀ-ਹੈੱਡਕੁਆਰਟਰ ਰੂਪਨਗਰ ਅਰਵਿੰਦ ਮੀਨਾ ਆਈ ਪੀ ਐੱਸ ਦੀ ਅਗਵਾਈ ਹੇਠ ਪੁਲਿਸ ਵਿਭਾਗ ਵੱਲੋਂ ਕੀਤੀਆਂ ਗਈਆਂ ਹਨ। ਚੌਂਕੀ ਸਿਟੀ ਦੇ ਇੰਚਾਰਜ ਜਸਮੇਰ ਸਿੰਘ ਅਤੇ ਥਾਣਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਤਾਇਨਾਤ ਲੇਖਾ ਸਿੰਘ ਨੇ ਪੁਲਿਸ ਵਿਭਾਗ ਵਿੱਚ ਆਪਣੀਆਂ ਸੇਵਾਵਾਂ ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਨਿਭਾਈਆਂ ਹਨ।

# ਮਹਿਲਾਵਾਂ ਨੇ ਰਵਾਇਤੀ ਪਹਿਰਾਵੇ 'ਚ ਮਨਾਇਆ ਤੀਆਂ ਦਾ ਤਿਉਹਾਰ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)-** ਟਾਂਡਾ ਵਿੱਚ ਸਾਬਕਾ ਕੌਂਸਲਰ ਸੁਮਨ ਖੋਸਲਾ ਦੀ ਅਗਵਾਈ ਹੇਠ ਤੀਆਂ ਦਾ ਤਿਉਹਾਰ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਦੇ ਰੰਗ ਵਿੱਚ ਧੂਮਧਾਮ ਨਾਲ ਮਨਾਇਆ ਗਿਆ। ਸਮਾਗਮ ਵਿੱਚ ਮਹਿਲਾਵਾਂ ਰੰਗ-ਬਿਰੰਗੇ ਪੰਜਾਬੀ ਸੂਟ, ਫੁਲਕਾਰੀ ਦੁਪੱਟੇ, ਪਰਾਂਦੇ ਅਤੇ ਰਵਾਇਤੀ ਗਹਿਣੇ ਪਹਿਨ ਕੇ ਪਹੁੰਚੀਆਂ।



ਸੱਜ-ਧੱਜ ਕੇ ਆਈਆਂ ਮਹਿਲਾਵਾਂ ਨੇ ਗਿੱਧਾ ਪਾਉਂਦਿਆਂ ਬੋਲੀਆਂ ਪਾਈਆਂ ਤਾਂ ਪੂਰਾ ਮਾਹੌਲ ਪੰਜਾਬੀ ਲੋਕ ਸੱਭਿਆਚਾਰ ਦੇ ਰੰਗ ਵਿੱਚ ਰੰਗਿਆ ਗਿਆ। ਤਾੜੀਆਂ ਦੀ ਗੂੰਜ ਅਤੇ ਹਾਸੇ-ਖੁਸ਼ੀ ਦੇ ਮਾਹੌਲ ਵਿੱਚ ਮਹਿਲਾਵਾਂ ਨੇ ਇੱਕ-ਦੂਜੇ ਨੂੰ ਤੀਆਂ ਦੀਆਂ ਵਧਾਈਆਂ ਦਿੱਤੀਆਂ। ਸਮਾਗਮ ਵਿੱਚ ਵਿਧਾਇਕ ਜਸਵੀਰ ਸਿੰਘ ਰਾਜਾ ਦੀ ਪਤਨੀ ਰਮਨਦੀਪ ਕੌਰ ਅਤੇ ਥਾਣਾ ਟਾਂਡਾ ਦੀ ਇੰਚਾਰਜ ਅਮਰਜੀਤ ਕੌਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਈਆਂ। ਰਮਨਦੀਪ ਕੌਰ ਨੇ ਕਿਹਾ ਕਿ ਤੀਆਂ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਪੰਜਾਬ ਦੀ ਅਮੀਰ ਲੋਕ ਪਰੰਪਰਾਵਾਂ ਅਤੇ ਮਹਿਲਾਵਾਂ ਦੀ ਸੱਭਿਆਚਾਰਕ ਪਛਾਣ ਨਾਲ ਜੁੜਿਆ ਵਿਰਾਸਤੀ ਤਿਉਹਾਰ ਹੈ। ਗਿੱਧਾ, ਬੋਲੀਆਂ, ਫੁਲਕਾਰੀ ਅਤੇ ਰਵਾਇਤੀ ਪਹਿਰਾਵਾ ਸਾਡੀ ਸੱਭਿਆਚਾਰਕ ਪਛਾਣ ਹਨ। ਅਜਿਹੇ ਸਮਾਗਮ ਨਵੀਂ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਅਤੇ ਪੰਜਾਬੀ ਸੱਭਿਆਚਾਰ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਕੌਂਸਲਰ ਸੁਮਨ ਖੋਸਲਾ ਨੇ ਕਿਹਾ ਕਿ ਤੀਆਂ ਵਰਗੇ ਸਮਾਗਮ ਮਹਿਲਾਵਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨ ਦੇ ਨਾਲ-ਨਾਲ ਪੰਜਾਬੀ ਲੋਕ ਸੱਭਿਆਚਾਰ ਅਤੇ ਪੁਰਾਣੀਆਂ ਰਵਾਇਤਾਂ ਨੂੰ ਜਿਉਂਦਾ ਰੱਖਣ ਦਾ ਕੰਮ ਕਰਦੇ ਹਨ। ਇਸ ਮੌਕੇ ਕ੍ਰਿਤਿਕਾ ਗਰਗ, ਸੀਮਾ ਸੈਣੀ, ਕੇਸਰੀ ਖੋਸਲਾ, ਅਰੁਣਾ ਸੈਣੀ, ਮਨਜੀਤ ਕੌਰ, ਸੁਮਨ ਲਤਾ, ਜੈਸਮਿਨ, ਹਰਜੀਤ ਕੌਰ, ਐੱਮਸੀ ਪਰਮਿੰਦਰ ਕੌਰ, ਐੱਮਸੀ ਮਨਜੀਤ ਕੌਰ, ਅੰਜਨਾ ਖੋਸਲਾ, ਮੀਨੂ ਖੋਸਲਾ, ਪਿੰਕੀ, ਹੀਨਾ ਅਰੋੜਾ, ਵੰਦਨਾ ਖੰਨਾ, ਰਾਧਾ ਖੰਨਾ, ਟਵਿੰਕਲ ਖੰਨਾ, ਰੂਪਲ ਰਾਜ, ਮਨਦੀਪ ਕੌਰ, ਸ਼੍ਰਿਸ਼ਟੀ ਖੋਸਲਾ, ਹੈਵਨ, ਮੰਨਤ ਅਰੋੜਾ, ਤਨੁ ਖੋਸਲਾ ਅਤੇ ਸੋਨੀਆ ਸਮੇਤ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਭਾਗ ਲਿਆ।

# ਸਨੀ ਐਨਕਲੇਵ 'ਚ ਫੈਲੀ ਗੰਦਗੀ ਖਿਲਾਫ ਲੋਕ ਇਕੱਠੇ ਹੋਏ

**ਚੰਡੀਗੜ੍ਹ (ਸੁਰਜੀਤ ਸੁਮਨ)-** ਸੰਨੀ ਇਨਕਲੇਵ ਦੇ ਸੈਕਟਰ 125 ਦੇ ਜਾਗਰੂਕ ਨਾਗਰਿਕਾਂ ਦੀ ਅਹਿਮ ਤੇ ਭਾਰੀ ਇਕੱਤਰਤਾ ਰਾਜ ਕੰਪਲੈਕਸ ਵਿੱਚ ਹੋਈ, ਜਿਸ ਵਿੱਚ ਸਨੀ ਐਨਕਲੇਵ ਦੇ ਬਲਾਕ ਬੀ ਤੇ ਬਲਾਕ ਸੀ ਦੇ ਫਿਕਰਮੰਦ ਲੋਕਾਂ ਨੇ ਭਾਗ ਲਿਆ। ਮੀਟਿੰਗ ਵਿੱਚ ਸਰਬਸੰਮਤੀ ਨਾਲ ਪਾਸ ਮਤੇ ਰਾਹੀਂ ਦੇਸੂ ਮਾਜਰਾ, ਫਤਿਹਉਲਾਪੁਰ ਤੋਂ ਸੰਨੀ ਇਨਕਲੇਵ ਸੈਕਟਰ 125 ਨਾਲ ਜੁੜਦੀ ਗਲੀ ਦੀ ਬੱਦਤਰ ਹਾਲਤ 'ਤੇ ਗਹਿਰੀ ਚਿੰਤਾ ਜਤਾਈ ਗਈ, ਜਿਸ ਵਿੱਚ ਕੁਝ ਗ਼ੈਰ-ਜ਼ਿੰਮੇਵਾਰ ਲੋਕ ਰੋਜ਼ਾਨਾ ਆਪਣੇ ਘਰਾਂ ਦਾ ਕੂੜਾ-ਕਰਕਟ ਆਦਿ ਸੁੱਟ ਕੇ ਲੋਕਾਂ ਦੀ ਜਾਨ ਨਾਲ ਖਿਲਵਾੜ ਕਰ ਰਹੇ ਹਨ। ਅਜਿਹਾ ਕਰਨ ਨਾਲ ਬਰਸਾਤੀ ਮੌਸਮ ਵਿੱਚ ਬਿਮਾਰੀਆਂ ਦੇ ਫੈਲਣ ਦਾ ਡਰ ਪੈਦਾ ਹੋ ਗਿਆ ਹੈ। ਇਸ ਤੋਂ ਇਲਾਵਾ ਸੀਵਰੇਜ ਦਾ ਗੰਦਾ ਪਾਣੀ ਗਲੀ ਵਿੱਚ ਓਵਰਫਲੋਅ ਹੋ ਕੇ ਲੋਕਾਂ ਦੇ ਘਰਾਂ ਅੱਗੇ ਇਸ ਤਰ੍ਹਾਂ ਚੱਲ ਰਿਹਾ ਹੈ, ਜਿਵੇਂ ਇਹ ਕੂੜੇ ਦਾ ਡੰਪ ਹੋਵੇ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਨੂੰ ਵੀ ਇਸ ਪਾਸੇ ਵਿਸ਼ੇਸ਼ ਧਿਆਨ ਦੇਣ ਦੀ ਜ਼ਰੂਰਤ ਹੈ। ਇਸ ਮੀਟਿੰਗ ਵਿੱਚ ਸ਼ਾਮਲ ਵਿਅਕਤੀਆਂ ਨੇ ਇੱਕਸੁਰ ਵਿੱਚ ਸੰਬੰਧਤ ਵਿਅਕਤੀਆਂ ਖਿਲਾਫ ਕਾਨੂੰਨੀ ਕਾਰਵਾਈ ਕਰਵਾਉਣ ਸਬੰਧੀ ਸਹਿਮਤੀ ਜਤਾਈ, ਜਿਹੜੇ ਆਪਣੀ ਗ਼ੈਰ-ਜ਼ਿੰਮੇਵਾਰਾਨਾ ਹਰਕਤ ਰਾਹੀਂ ਆਪਣੇ ਘਰਾਂ ਦਾ ਕੂੜਾ-ਕਰਕਟ ਕਿਸੇ ਹੋਰ ਦੇ ਘਰ ਅੱਗੇ ਬੇਕਿਰਕੀ ਨਾਲ ਸੁੱਟ ਰਹੇ ਹਨ। ਮੀਟਿੰਗ ਵਿੱਚ ਸਰਬ-ਸੰਮਤੀ ਨਾਲ ਐਸੋਸੀਏਸ਼ਨ ਬਣਾਉਣ ਅਤੇ ਸਫਾਈ ਪ੍ਰਬੰਧਾਂ ਦੀ ਨਿਗਰਾਨੀ ਲਈ ਲੋੜੀਂਦੇ ਕਦਮ ਚੁੱਕਣ ਬਾਰੇ ਵੀ ਸਹਿਮਤੀ ਬਣੀ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕੁਲਜੀਤ ਸਿੰਘ ਸੈਣੀ,



ਐਡਵੋਕੇਟ ਨੋਟਰੀ ਤਜਿੰਦਰ ਕੌਰ, ਐੱਚ ਐੱਸ ਵੇਰਕਾ, ਐਡਵੋਕੇਟ ਜਾਨਸ਼ੀਨ ਸਚਦੇਵਾ, ਰਜਿੰਦਰ ਕੁਮਾਰ, ਉਪਕਾਰ ਸਿੰਘ, ਹਰਮਨਪ੍ਰੀਤ ਸਿੰਘ, ਪੀ ਕੇ ਗਰਗ, ਜਤਿੰਦਰ ਸਿੰਘ, ਰੋਹਿਤ ਬਾਂਸਲ, ਕ੍ਰਿਸ਼ਨ ਸੈਣੀ, ਰਾਕੇਸ਼ ਰਾਣਾ, ਸਤਵਿੰਦਰ ਸਿੰਘ, ਅੰਕੁਸ਼ ਸੂਦ, ਜਸਵਿੰਦਰ ਸਿੰਘ, ਕੁਨਾਲ ਨਾਹਰ, ਸਤਿੰਦਰ ਸਿੰਘ, ਰਾਕੇਸ਼ ਕੁਮਾਰ, ਲਖਵੀਰ ਸਿੰਘ, ਅਮਨਦੀਪ ਸਿੰਘ, ਅਮਰੀਕ ਸਿੰਘ ਮਾਨ, ਪਰਮਜੀਤ ਸਿੰਘ ਅਤੇ ਹੋਰ ਵੀ ਬਹੁਤ ਸਾਰੇ ਜ਼ਿੰਮੇਵਾਰ ਵਿਅਕਤੀ ਸ਼ਾਮਲ ਸਨ।

# ਸੁਸ਼ੀਲ ਸ਼ਰਮਾ ਦੀ ਅਗਵਾਈ ਹੇਠ ਅੱਜ ਨਿਕਲੇਗੀ ਤਿਰੰਗਾ ਯਾਤਰਾ

**ਜਲੰਧਰ (ਇਕਬਾਲ ਸਿੰਘ ਉਭੀ)-** ਭਾਰਤੀ ਜਨਤਾ ਪਾਰਟੀ ਵੱਲੋਂ ਆਜ਼ਾਦੀ ਦਿਵਸ ਮੌਕੇ ਆਯੋਜਿਤ ਕੀਤੇ ਜਾ ਰਹੇ ਤਿਰੰਗਾ ਯਾਤਰਾ ਅਭਿਆਨ ਤਹਿਤ 12 ਅਗਸਤ ਨੂੰ ਮਾਈ ਹੀਰਾ ਗੇਟ ਮੰਡਲ ਵਿੱਚ ਭਵਿਆ ਤਿਰੰਗਾ ਯਾਤਰਾ ਸਾਬਕਾ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ ਦੀ ਅਗਵਾਈ ਹੇਠ ਕੱਢੀ ਜਾਵੇਗੀ। ਤਿਰੰਗਾ ਯਾਤਰਾ ਨੂੰ ਸਫਲ ਅਤੇ ਇਤਿਹਾਸਕ ਬਣਾਉਣ ਦੇ ਉਦੇਸ਼ ਨਾਲ ਭਾਜਪਾ ਦਫ਼ਤਰ ਵਿੱਚ ਮੰਡਲ ਅਹੁਦੇਦਾਰਾਂ ਅਤੇ ਕਾਰਕੁਨਾਂ ਦੀ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਯਾਤਰਾ ਦੀਆਂ ਤਿਆਰੀਆਂ, ਰੂਟ, ਜਨ ਸੰਪਰਕ ਮੁਹਿੰਮ ਅਤੇ ਮੈਂਬਰਾਂ ਦੀਆਂ ਜ਼ਿੰਮੇਵਾਰੀਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਬਕਾ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ ਨੇ ਕਿਹਾ ਕਿ ਤਿਰੰਗਾ ਸਿਰਫ਼ ਇੱਕ ਝੰਡਾ ਨਹੀਂ, ਸਗੋਂ ਦੇਸ਼ ਦੀ ਏਕਤਾ, ਅਖੰਡਤਾ ਅਤੇ ਕਰੋੜਾਂ ਭਾਰਤੀਆਂ ਦੇ ਮਾਣ ਦਾ ਪ੍ਰਤੀਕ ਹੈ। ਮੰਡਲ ਪ੍ਰਧਾਨ ਆਸ਼ੀਸ਼ ਸਹਿਗਲ ਨੇ ਕਿਹਾ ਕਿ ਮਾਈ ਹੀਰਾ ਗੇਟ ਮੰਡਲ ਦੇ ਸਾਰੇ ਮੈਂਬਰ ਤਿਆਰੀਆਂ ਵਿੱਚ ਜੁਟੇ ਹੋਏ ਹਨ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ, ਨੌਜਵਾਨ ਅਤੇ ਮਹਿਲਾਵਾਂ ਵੀ ਤਿਰੰਗਾ ਯਾਤਰਾ ਵਿੱਚ ਸ਼ਾਮਲ ਹੋਣਗੀਆਂ। ਇਸ ਮੌਕੇ ਰਮਨ ਪੱਬੀ, ਮੰਡਲ ਪ੍ਰਧਾਨ ਆਸ਼ੀਸ਼ ਸਹਿਗਲ, ਹੇਮੰਤ ਖੰਨਾ, ਅਨੁਜ ਸ਼ਾਰਦਾ, ਬ੍ਰਿਜ ਮੋਹਨ ਗੁਪਤਾ, ਹਰੀਸ਼ ਮਹਿੰਦਰੂ, ਵਿਜੈ ਚੱਢਾ, ਰਾਹੁਲ ਗਰੋਵਰ, ਸਤਪਾਲ ਬਠਲਾ, ਅਕਬਰ ਸਲਮਾਨੀ, ਵਿਸ਼ੂ ਖੰਨਾ, ਪੁਨੀਤ ਕੈਪਟਨ, ਵਿਵੇਕ ਭੰਡਾਰੀ, ਅਸ਼ੋਕ ਸ਼ਰਮਾ, ਵਿਪਨ ਸ਼ਰਮਾ, ਗੋਪਾਲ ਕੰਬੋਜ, ਅਨਿਲ ਮਹਿੰਦਰੂ, ਮੋਨੂ ਮਲਹੋਤਰਾ, ਅਸ਼ਵਨੀ ਖੰਨਾ ਅਤੇ ਓਮ ਜੀ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਕਾਰਕੁਨ ਅਤੇ ਅਹੁਦੇਦਾਰ ਹਾਜ਼ਰ ਸਨ।

# ਟਕਾਰਲਾ 'ਚ ਲੋਕ ਮਿਲਣੀ ਕਰਵਾਈ



**ਬਲਾਚੌਰ, (ਜਸਵਿੰਦਰ ਬੈਂਸ)-** ਸਾਬਕਾ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ ਵੱਲੋਂ ਪਿੰਡ ਟਕਾਰਲਾ ਵਿਖੇ ਇੱਕ ਵਿਸ਼ੇਸ਼ 'ਲੋਕ ਮਿਲਣੀ' ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਜੁੜੇ ਭਾਰੀ ਇਕੱਠ ਦਰਮਿਆਨ ਉਨ੍ਹਾਂ ਵੱਡੀ ਗਿਣਤੀ ਵਿੱਚ ਪਹੁੰਚੇ ਪਿੰਡ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਨਾਲ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ। ਲੋਕ ਮਿਲਣੀ ਦੌਰਾਨ ਸਤਨਾਮ ਜਲਾਲਪੁਰ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦੀਆਂ ਮੁੱਖ ਸਮੱਸਿਆਵਾਂ, ਖਾਸ ਕਰਕੇ ਪੀਣ ਵਾਲੇ ਸਾਫ਼ ਪਾਣੀ, ਗਲੀਆਂ-ਨਾਲੀਆਂ ਦੀ ਮੁਰੰਮਤ ਅਤੇ ਪਿੰਡ ਦੇ ਹੋਰ ਅਧੂਰੇ ਵਿਕਾਸ ਕਾਰਜਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਪਿੰਡ ਦੀ ਪੀਣ ਵਾਲੇ ਪਾਣੀ ਦੀ ਸਮੱਸਿਆ ਅਤੇ ਹੋਰ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ। ਇਸ ਮੌਕੇ ਗੱਲਬਾਤ ਕਰਦਿਆਂ ਸਤਨਾਮ ਜਲਾਲਪੁਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਜਨ-ਕਲਿਆਣਕਾਰੀ ਯੋਜਨਾਵਾਂ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ?ਇਸ ਮੌਕੇ ਪਿੰਡ ਦੇ ਠੇਕੇਦਾਰ ਪੁਰਸ਼ੋਤਮ ਲਾਲ ਜੀ ਦੇ ਨਿਵਾਸ ਸਥਾਨ ਤੇ ਹੋਈ ਲੋਕ ਮਿਲਣੀ ਜਿਸ ਵਿੱਚ ਸੈਂਕੜੇ ਪਿੰਡ ਵਾਸੀ ਤੇ ਇਲਾਕਾ ਨਿਵਾਸੀ ਸ਼ਾਮਿਲ ਹੋਏ। ਚੇਅਰਮੈਨ ਬਲਵੀਰ ਸਿਆਣ, ਬਲਾਕ ਪ੍ਰਧਾਨ ਬਲਵੀਰ ਮੀਲੂ, ਪੁਰਸ਼ੋਤਮ ਠੇਕੇਦਾਰ, ਯਸ਼ਪਾਲ ਸਰਪੰਚ, ਸੁਭਾਸ਼ ਲੰਬੜਦਾਰ, ਭਜਨ ਲਾਲ, ਮਹਾਵੀਰ ਸਰਪੰਚ, ਅਸ਼ੋਕ ਸਰਪੰਚ, ਰਤਨ ਕਸਾਣਾ, ਸ਼ਿੰਦੀ ਠੇਕੇਦਾਰ, ਮਹਿੰਦਰ ਪਾਲ ਠੇਕੇਦਾਰ, ਬਲਬੀਰ ਚੰਦ, ਧਰਮ ਚੰਦ ਅਤੇ ਪੁਰਸ਼ੋਤਮ ਮਾਸਟਰ ਨੇ ਸਤਨਾਮ ਜਲਾਲਪੁਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਲੋਕ ਮਿਲਣੀ ਪ੍ਰੋਗਰਾਮਾਂ ਨਾਲ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸਮਝਣ ਅਤੇ ਉਨ੍ਹਾਂ ਦਾ ਹੱਲ ਕਰਨ ਵਿੱਚ ਵੱਡੀ ਮਦਦ ਮਿਲਦੀ ਹੈ।

# ਖ਼ੂਨਦਾਨ ਕੈਂਪ ਲਗਾਇਆ

**ਮੋਹਾਲੀ, (ਗੁਰਜੀਤ ਬਿੱਲਾ)-** ਹਸਪਤਾਲਾਂ ਵਿੱਚ ਖੂਨ ਦੀ ਲੋੜ ਨੂੰ ਪੂਰਾ ਕਰਨ ਅਤੇ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਕਰਨ ਦੇ ਉਦੇਸ਼ ਨਾਲ ਗੁਰਦੇਵ ਸਵਾਮੀ ਵਿਸ਼ਵਾਸ ਜੀ ਦੇ ਆਸ਼ੀਰਵਾਦ ਸਦਕਾ ਵਿਸ਼ਵਾਸ ਫਾਉਂਡੇਸ਼ਨ, ਪੰਚਕੂਲਾ ਵੱਲੋਂ ਮਾਰਕੀਟ ਫੇਜ਼-5, ਮੋਹਾਲੀ ਵਿਖੇ ਸਵੈਇੱਛਕ ਖੂਨਦਾਨ ਕੈਂਪ ਲਗਾਇਆ ਗਿਆ। ਇਹ ਕੈਂਪ ਇੰਡੀਅਨ ਰੈੱਡ ਕਰਾਸ ਸੋਸਾਇਟੀ, ਜ਼ਿਲ੍ਹਾ ਸ਼ਾਖਾ ਐੱਸ.ਏ.ਐੱਸ. ਨਗਰ ਅਤੇ ਐਡੀਸਨ ਹਸਪਤਾਲ ਬਲੱਡ ਸੈਂਟਰ, ਮੋਹਾਲੀ ਦੇ ਸਹਿਯੋਗ ਨਾਲ ਲਗਾਇਆ ਗਿਆ। ਕੈਂਪ ਦੌਰਾਨ ਕੁੱਲ 44 ਖੂਨਦਾਨੀਆਂ ਨੇ ਸਵੈਇੱਛਾ ਨਾਲ ਖੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ। ਕੈਂਪ ਦੌਰਾਨ ਐਡੀਸਨ ਹਸਪਤਾਲ ਬਲੱਡ ਸੈਂਟਰ, ਮੋਹਾਲੀ ਦੀ ਟੀਮ ਨੇ ਡਾ. ਗੁਲਿੰਦਰ ਦੀ ਦੇਖ-ਰੇਖ ਹੇਠ ਖੂਨ ਇਕੱਠਾ ਕੀਤਾ। ਬਲੱਡ ਬੈਂਕ ਟੀਮ ਵੱਲੋਂ ਮਨੋਜ ਕੁਮਾਰ ਅਤੇ ਵਰੁਣ ਸ਼ਰਮਾ ਨੇ ਕੈਂਪ ਦੇ ਸਫਲ ਸੰਚਾਲਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਖੂਨਦਾਨੀਆਂ ਨੇ ਉਤਸ਼ਾਹ ਨਾਲ ਕੈਂਪ ਵਿੱਚ ਹਿੱਸਾ ਲੈਂਦਿਆਂ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਈ। ਵਿਸ਼ਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸ਼ਵਾਸ ਨੇ ਕਿਹਾ ਕਿ ਖੂਨਦਾਨ ਸਿਰਫ਼ ਇੱਕ ਸਮਾਜਿਕ ਜ਼ਿੰਮੇਵਾਰੀ ਹੀ ਨਹੀਂ, ਸਗੋਂ ਕਿਸੇ ਅਣਜਾਣ ਵਿਅਕਤੀ ਨੂੰ ਨਵਾਂ ਜੀਵਨ ਦੇਣ ਦਾ ਮਹਾਨ ਸੰਕਲਪ ਹੈ। ਵਿਸ਼ਵਾਸ ਫਾਊਂਡੇਸ਼ਨ ਵੱਲੋਂ ਸ਼ਿਸ਼ੁਪਾਲ ਪਠਾਨੀਆ, ਅਤੇ ਅਨਿਰੁੱਧ ਪਠਾਨੀਆ ਨੇ ਖੂਨਦਾਨੀਆਂ ਅਤੇ ਬਲੱਡ ਬੈਂਕ ਦੀ ਟੀਮ ਦਾ ਧੰਨਵਾਦ ਕੀਤਾ। ਆਯੋਜਕਾਂ ਨੇ ਸਾਰੇ





ਤੰਦਰੁਸਤ ਨੌਜਵਾਨਾਂ ਨੂੰ ਨਿਯਮਿਤ ਤੌਰ 'ਤੇ ਖੂਨਦਾਨ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਇੱਕ ਤੰਦਰੁਸਤ ਵਿਅਕਤੀ ਵੱਲੋਂ ਕੀਤਾ ਗਿਆ ਖੂਨਦਾਨ ਕਿਸੇ ਗੰਭੀਰ ਮਰੀਜ਼, ਹਾਦਸਾਗ੍ਰਸਤ ਵਿਅਕਤੀ ਜਾਂ ਹੋਰ ਲੋੜਵੰਦ ਲਈ ਜੀਵਨਦਾਨ ਸਾਬਤ ਹੋ ਸਕਦਾ ਹੈ। ਕੈਂਪ ਦੇ ਸਮਾਪਨ ਮੌਕੇ ਸਾਰੇ ਖੂਨਦਾਨੀਆਂ ਨੂੰ ਪ੍ਰਸ਼ੰਸਾ-ਪੱਤਰ ਅਤੇ ਗਿਫ਼ਟ ਦੇ ਕੇ ਸਨਮਾਨਤ ਕੀਤਾ ਗਿਆ।

# ਪੰਜਾਬੀ ਸਾਹਿਤ ਸਭਾ ਦੁਸਾਂਝ ਕਲਾਂ ਦੀ ਚੋਣ

**ਦੁਸਾਂਝ ਕਲਾਂ (ਸੁਰਿੰਦਰਪਾਲ ਕੁੱਕੂ)-** ਬੀਤੇ ਦਿਨ ਪੰਜਾਬੀ ਸਾਹਿਤ ਸਭਾ (ਰਜਿ.) ਦੀ ਮੀਟਿੰਗ ਬਲਬੀਰ ਸਿੰਘ ਦੁਸਾਂਝ ਦੀ ਪ੍ਰਧਾਨਗੀ ਹੇਠ ਸਭਾ ਦਫ਼ਤਰ ਦੇਸ਼ ਭਗਤ ਪਬਲਿਕ ਲਾਇਬ੍ਰੇਰੀ ਵਿਖੇ ਹੋਈ। ਇਸ ਵਿੱਚ ਸਭਾ ਦੇ ਜਨਰਲ ਸਕੱਤਰ ਰਾਮ ਪ੍ਰਕਾਸ਼ ਟੋਨੀ ਨੇ 31 ਜੁਲਾਈ ਤੱਕ ਦੀ ਮੈਂਬਰਸ਼ਿਪ ਨਵੀਨੀਕਰਨ ਅਤੇ ਨਵੀਂ ਭਰਤੀ ਮੁਹਿੰਮ ਸਬੰਧੀ ਰਿਪੋਰਟ ਪੇਸ਼ ਕਰਦਿਆਂ ਸੰਤੁਸ਼ਟੀ ਪ੍ਰਗਟਾਈ। ਸਭਾ ਮੁੱਖ ਸਰਪ੍ਰਸਤ ਪ੍ਰਿ. ਗਿਆਨ ਸਿੰਘ ਦੁਸਾਂਝ ਨੇ ਅਗਾਮੀ ਤਿੰਨ ਸਾਲਾਂ ਚੋਣ ਦੀ ਪ੍ਰਕਿਰਿਆ ਸ਼ਪੱਸ਼ਟ ਕਰਦਿਆਂ ਕਿਹਾ ਕਿ ਜਿਹੜੇ ਮੈਂਬਰ ਕਿਸੇ ਜ਼ਰੂਰੀ ਕਾਰਨਾ ਕਰਕੇ ਛੁੱਟੀ ਤੇ ਹਨ। ਉਨ੍ਹਾਂ ਨੇ ਸੁਝਾਅ ਭੇਜੇ ਹਨ ਅਤੇ ਪਿਛਲੀ ਤਿੰਨ ਸਾਲਾਂ ਦੀ ਕਾਰਗੁਜ਼ਾਰੀ ਦਾ ਲੇਖਾ ਜੋਖਾ ਕਰਕੇ ਹੀ ਨਵੀਂ ਚੋਣ ਕੀਤੀ ਜਾਵੇ। ਸਭਾ ਮੀਟਿੰਗ ਨੇ ਫੈਸਲਾ ਕੀਤਾ ਬਲਬੀਰ ਸਿੰਘ ਦੁਸਾਂਝ ਨੂੰ ਨਵਾਂ ਕਾਰਜਕਾਰੀ ਪ੍ਰਧਾਨ, ਸੁਰਿੰਦਰਪਾਲ ਕੁੱਕੂ ਨੂੰ ਨਵਾਂ ਕਾਰਜਕਾਰੀ ਜਨਰਲ ਸਕੱਤਰ ਅਤੇ ਪਰਮਿੰਦਰ ਸਿੰਘ ਨੂੰ ਨਵਾਂ ਸਭਾ ਖਾਤਾਧਾਰਕ ਨਿਯੁਕਤ ਕੀਤਾ ਜਾਂਦਾ ਹੈ ਕਿਉਂਕਿ ਪ੍ਰਿ. ਗਿਆਨ ਸਿੰਘ ਦੁਸਾਂਝ ਨੇ 41 ਸਾਲ ਦੀ ਸੇਵਾ ਉਪਰੰਤ ਇਸ ਪਦ ਤੋਂ ਤਿਆਗ ਪੱਤਰ ਦੇ ਦਿੱਤਾ ਹੈ। ਸਭਾ ਨੇ ਮੀਟਿੰਗ ਸਰਪ੍ਰਸਤ ਮੰਡਲ ਵਿਚ ਵੀ ਲੋੜੀਂਦਾ ਵਾਧਾ ਕੀਤਾ ਤੇ ਬਾਕੀ ਅਹੁਦੇਦਾਰਾਂ ਨੂੰ ਬਰਕਰਾਰ ਰੱਖਿਆ ਗਿਆ ਹੈ। ਮਤਾ ਪਾਸ ਕਰਕੇ ਕੇਂਦਰੀ ਪੰਜਾਬੀ ਲੇਖਕ ਸਭਾ ਰਜਿ. ਸੇਖੋਂ ਦੇ ਪ੍ਰਧਾਨ ਪਵਨ ਹਰਚੰਦਪੁਰੀ ਦੀ ਸੁਪਤਨੀ ਪੁਸ਼ਪਾ ਸ਼ਰਮਾ ਅਤੇ ਅਜੋਕੇ ਵਿਦਿਆਰਥੀਆਂ ਸੰਘਰਸ਼ ਦੌਰਾਨ ਪੇਪਰ ਲੀਕੇਜ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਆਪਾਂ ਵਾਰਨ ਵਾਲੇ 22 ਵਿਦਿਆਰਥੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਤੇ ਪੀੜਿਤ ਪਰਵਾਰਾਂ ਦਾ ਦੁੱਖ ਵੰਡਾਇਆ ਗਿਆ। ਸਭਾ ਦਾ 42ਵਾਂ ਸਥਾਪਨਾ ਦਿਵਸ 18 ਅਗਸਤ ਨੂੰ ਮਨਾਇਆ ਜਾਵੇਗਾ। ਸਮਾਗਮ ਸਮੇਂ ਕੇਂਦਰੀ ਪੰਜਾਬੀ ਲੇਖਕ ਸਭਾ ਰਜਿ. ਦੇ ਜਨਰਲ ਸਕੱਤਰ ਸਾਥੀ ਸੁਸ਼ੀਲ ਦੁਸਾਂਝ ਸੰਬੋਧਨ ਕਰਨਗੇ ਅਤੇ ਕਵੀ ਦਰਬਾਰ ਕਰਵਾਇਆ ਜਾਵੇਗਾ। ਇਸ ਮੌਕੇ ਪ੍ਰਿ. ਗਿਆਨ ਸਿੰਘ ਦੁਸਾਂਝ, ਬਲਬੀਰ ਸਿੰਘ ਦੁਸਾਂਝ, ਰਾਮ ਪ੍ਰਕਾਸ਼ ਟੋਨੀ, ਸੁਰਿੰਦਰਪਾਲ ਕੁੱਕੂ, ਰਵਿੰਦਰ ਸਿੰਘ ਸੋਢੀ, ਪਰਮਿੰਦਰ ਸਿੰਘ ਦੁਸਾਂਝ, ਪਲਵਿੰਦਰ ਸਿੰਘ ਦੁਸਾਂਝ ਆਦਿ ਹਾਜ਼ਰ ਸਨ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ 15 ਬੱਸਾਂ ਰਵਾਨਾ ਹੋਣਗੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)-** ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਬੁੱਧਵਾਰ ਨੂੰ ਸਥਾਨਕ ਰੌਸ਼ਨ ਗਰਾਊਂਡ ਤੋਂ ਸ਼ਰਧਾਲੂਆਂ ਲਈ ਸ੍ਰੀ ਖਾਟੂ ਸ਼ਯਾਮ-ਸਾਲਾਸਰ ਬਾਲਾਜੀ, ਮਥੁਰਾ-ਵਰਿੰਦਾਵਨ ਅਤੇ ਹਰਿਦੁਆਰ-ਰਿਸ਼ੀਕੇਸ਼ ਲਈ ਬੱਸਾਂ ਨੂੰ ਝੰਡੀ ਦੇ ਕੇ ਰਵਾਨਾ ਕਰਨਗੇ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਸ਼ਾਮ ਰੌਸ਼ਨ ਗਰਾਊਂਡ ਵਿਖੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਹੁਸ਼ਿਆਰਪੁਰ ਤੋਂ 15 ਬੱਸਾਂ ਸ੍ਰੀ ਖਾਟੂ ਸ਼ਯਾਮ -ਸਾਲਾਸਰ ਬਾਲਾਜੀ, ਮਥੁਰਾ-ਵਰਿੰਦਾਵਨ ਅਤੇ ਹਰਿਦੁਆਰ-ਰਿਸ਼ੀਕੇਸ਼ ਲਈ ਰਵਾਨਾ ਹੋਣਗੀਆਂ। ਉਨ੍ਹਾਂ ਦੱਸਿਆ ਕਿ ਇਨ੍ਹਾਂ ਬੱਸਾਂ ਵਿਚ ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਪਠਾਨਕੋਟ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਤੋਂ ਬੱਸਾਂ ਸ਼ਰਧਾਲੂਆਂ ਨੂੰ ਲੈ ਕੇ ਇਨ੍ਹਾਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਜਾਣਗੀਆਂ। ਉਨ੍ਹਾਂ ਦੱਸਿਆ ਕਿ ਰੌਸ਼ਨ ਗਰਾਊਂਡ ਪਹੁੰਚਣ 'ਤੇ ਸ਼ਰਧਾਲੂਆਂ ਵਲੋਂ ਭਜਨ ਸੰਧਿਆ ਵਿਚ ਹਾਜ਼ਰੀ ਭਰਨ ਉਪਰੰਤ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਗੀ ਲਈ ਜਾਵੇਗੀ ਜਿਸ ਸਬੰਧੀ ਸਮੂਚੇ ਪ੍ਰਬੰਧਾਂ ਨੂੰ ਅਮਲੀ ਰੂਪ ਦਿੱਤਾ ਜਾ ਰਿਹਾ ਹੈ।

## ਜਨਮ ਦਿਨ ਮੁਬਾਰਕ



ਹਰਪ੍ਰੀਤ ਸਿੰਘ



ਗੁਰ ਅਗਮ ਸਿੰਘ ਆਸਟ੍ਰੇਲੀਆ

## ਵਰ੍ਹੇਗੰਢ ਮੁਬਾਰਕ



ਕੁਲਦੀਪ ਵਤਰਾਣਾ ਅਤੇ ਡਿੰਪਲ ਵਤਰਾਣਾ ਗਿੱਦੜਬਾਹਾ ਨੇ ਵਿਆਹ ਦੀ 33ਵੀਂ ਵਰ੍ਹੇਗੰਢ ਮਨਾਈ।

# ਖਿਡਾਰੀਆਂ ਲਈ ਪਸੰਦੀਦਾ ਮੰਜ਼ਲ ਵਜੋਂ ਉੱਭਰਿਆ ਸੇਂਟ ਸੋਲਜਰ ਲਾਅ ਕਾਲਜ



**ਜਲੰਧਰ (ਇਕਬਾਲ ਸਿੰਘ ਉਭੀ)-** ਸੇਂਟ ਸੋਲਜਰ ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਇੱਕ ਵਾਰ ਫਿਰ ਅਕਾਦਮਿਕ ਖੇਤਰ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਆਪਣੀ ਸ਼ਾਨਦਾਰ ਪਛਾਣ ਕਾਇਮ ਕੀਤੀ ਹੈ।

ਕਾਲਜ ਦੇ ਡਾਇਰੈਕਟਰ ਡਾ. ਐੱਸ ਸੀ ਸ਼ਰਮਾ ਨੇ ਦੱਸਿਆ ਕਿ ਮੌਜੂਦਾ ਸਮੇਂ ਲਾਅ ਕਾਲਜ ਵਿੱਚ ਇੱਕ ਓਲੰਪੀਅਨ, ਦੋ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਅਤੇ ਛੇ ਕੌਮੀ ਪੱਧਰ ਦੇ ਨਿਸ਼ਾਨੇਬਾਜ਼ ਕਾਨੂੰਨ ਦੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਇਹ ਸੰਸਥਾ ਦੀ ਅਕਾਦਮਿਕ ਉੱਤਮਤਾ ਅਤੇ ਖੇਡ ਪ੍ਰਤਿਭਾ ਦੇ ਵਿਲੱਖਣ ਸੁਮੇਲ ਨੂੰ ਦਰਸਾਉਂਦਾ ਹੈ। ਸੇਂਟ ਸੋਲਜਰ ਲਾਅ ਕਾਲਜ ਵਿੱਚ ਕਾਨੂੰਨ ਦੀ ਪੜ੍ਹਾਈ ਕਰ ਰਹੀਆਂ ਪ੍ਰਮੁੱਖ ਖਿਡਾਰਨਾਂ ਵਿੱਚ ਸ਼ਿਫਟ ਕੌਰ ਸਮਰਾ ਸ਼ਾਮਲ ਹਨ, ਜਿਨ੍ਹਾਂ ਨੇ ਪੈਰਿਸ ਓਲੰਪਿਕ 2024 ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ ਅਤੇ ਸਾਲ 2025 ਵਿੱਚ ਏਸ਼ੀਆਈ ਪੱਧਰ 'ਤੇ ਸੋਨੇ ਦਾ ਤਮਗਾ ਜਿੱਤਿਆ। ਇੱਕ ਹੋਰ ਉੱਘੇ ਖਿਡਾਰੀ ਅਭੈ ਸਿੰਘ ਸੇਖੋਂ ਨੇ ਅੰਤਰਰਾਸ਼ਟਰੀ ਪੱਧਰ 'ਤੇ ਭਾਰਤ ਦੀ ਨੁਮਾਇੰਦਗੀ ਕਰਦਿਆਂ 2025 ਵਿੱਚ ਏਸ਼ੀਆਈ ਕਾਂਸੀ ਦਾ ਤਮਗਾ ਹਾਸਲ ਕੀਤਾ। ਇਸੇ ਤਰ੍ਹਾਂ ਗੁਰਸਿਦਕ ਕੌਰ ਖੋਸਾ ਨੇ ਆਈ ਐੱਸ ਐੱਸ ਐੱਫ ਜੂਨੀਅਰ ਵਰਲਡ ਕੱਪ 2026 ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ ਹੈ।

ਲਾਅ ਕਾਲਜ ਨੂੰ ਕੌਮੀ ਪੱਧਰ ਦੇ ਪ੍ਰਤਿਭਾਸ਼ਾਲੀ ਨਿਸ਼ਾਨੇਬਾਜ਼ਾਂ ਦੀ ਮੌਜੂਦਗੀ 'ਤੇ ਵੀ ਮਾਣ ਹੈ। ਸ਼ੁਕਲਾ ਅਤੇ ਅਨੁਸ਼ਕਾ ਲੋਵਾਂਸ਼ੀ ਨੇ ਆਲ ਇੰਡੀਆ ਜੀ.ਵੀ. ਮਾਵਲਾਂਕਰ ਸ਼ੂਟਿੰਗ ਚੈਂਪੀਅਨਸ਼ਿਪ 2025 ਵਿੱਚ ਕਾਂਸੀ ਦੇ ਤਮਗੇ ਜਿੱਤੇ। ਨੰਦਨੀ ਪਰਾਸ਼ਰ ਨੇ ਨੈਸ਼ਨਲ ਸ਼ੂਟਿੰਗ ਚੈਂਪੀਅਨਸ਼ਿਪ 2026 ਵਿੱਚ ਕਾਂਸੀ ਦਾ ਤਮਗਾ ਹਾਸਲ ਕੀਤਾ। ਇਸੇ ਤਰ੍ਹਾਂ ਦੇਵ ਬੰਧੂ ਨੇ ਨੈਸ਼ਨਲ ਪਿਸਟਲ ਚੈਂਪੀਅਨਸ਼ਿਪ 2026 ਵਿੱਚ ਭਾਗ ਲਿਆ।

ਅਮ੍ਰਿਤਪਾਲ ਸਿੰਘ ਨੇ ਨੈਸ਼ਨਲ ਸ਼ੂਟਿੰਗ ਚੈਂਪੀਅਨਸ਼ਿਪ 2025 ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ, ਜਦਕਿ ਮ੍ਰਿਦੁਲ ਕੇਸ਼ਵ ਨੇ ਨੈਸ਼ਨਲ ਓਪਨ ਪਿਸਟਲ ਚੈਂਪੀਅਨਸ਼ਿਪ 2026 ਵਿੱਚ ਭਾਗ ਲਿਆ। ਗਰੁੱਪ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਇਨ੍ਹਾਂ ਸਾਰੇ ਵਿਦਿਆਰਥੀਆਂ ਦੀਆਂ ਉਪਲਬਧੀਆਂ 'ਤੇ ਮਾਣ ਪ੍ਰਗਟ ਕਰਦਿਆਂ ਕਿਹਾ ਕਿ ਸੰਸਥਾ ਨੌਜਵਾਨ ਖਿਡਾਰੀਆਂ ਨੂੰ ਉੱਚ ਸਿੱਖਿਆ ਪ੍ਰਾਪਤ ਕਰਨ ਦੇ ਨਾਲ-ਨਾਲ ਆਪਣੀ ਖੇਡ ਪ੍ਰਤਿਭਾ ਨੂੰ ਜਾਰੀ ਰੱਖਣ ਲਈ ਹਰ ਸੰਭਵ ਮੌਕਾ ਅਤੇ ਸਹਿਯੋਗ ਪ੍ਰਦਾਨ ਕਰਨ ਲਈ ਵਚਨਬੱਧ ਹੈ।

# ਇੰਪੀਰੀਅਲ ਸਕੂਲ ਨੇ ਬੈਡਮਿੰਟਨ 'ਚ ਸੋਨ ਤਗਮੇ ਜਿੱਤੇ

**ਆਦਮਪੁਰ (ਪਰਮਜੀਤ ਸਿੰਘ)-** ਇੰਪੀਰੀਅਲ ਸਕੂਲ ਗ੍ਰੀਨ ਕੈਂਪਸ ਆਦਮਪੁਰ ਨੇ ਖੇਡਾਂ ਵਿੱਚ ਆਪਣੀ ਉੱਤਮਤਾ ਦਾ ਪ੍ਰਦਰਸ਼ਨ ਕੀਤਾ, ਪੰਜਾਬ ਸਕੂਲ ਗੇਮਜ਼ ਬੈਡਮਿੰਟਨ ਜ਼ੋਨਲ ਟੂਰਨਾਮੈਂਟ 2026-27 ਵਿੱਚ ਸ਼ਾਨਦਾਰ ਸਫਲਤਾ ਪ੍ਰਾਪਤ ਕੀਤੀ। ਸਕੂਲ ਵਿੱਚ ਹੋਏ ਇਸ ਵੱਕਾਰੀ ਮੁਕਾਬਲੇ ਵਿੱਚ, ਇੰਪੀਰੀਅਲ ਸਕੂਲ ਦੀਆਂ ਕੁੜੀਆਂ ਦੀ ਟੀਮ ਨੇ ਤਿੰਨੋਂ ਉਮਰ ਸਮੂਹਾਂ:



ਅੰਡਰ-14, ਅੰਡਰ-17 ਅਤੇ ਅੰਡਰ-19 ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਵੱਖ-ਵੱਖ ਸਕੂਲਾਂ ਦੀਆਂ ਖਿਡਾਰੀਆਂ ਨੇ ਮੁਕਾਬਲੇ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇੰਪੀਰੀਅਲ ਸਕੂਲ ਦੀਆਂ ਜੇਤੂ ਟੀਮਾਂ ਨੇ ਆਪਣੇ ਸ਼ਾਨਦਾਰ ਐਥਲੈਟਿਕ ਹੁਨਰ, ਆਤਮਵਿਸ਼ਵਾਸ ਅਤੇ ਸਖ਼ਤ ਮਿਹਨਤ ਦਾ ਪ੍ਰਦਰਸ਼ਨ ਕਰਦੇ ਹੋਏ ਸਾਰੇ ਉਮਰ ਸਮੂਹਾਂ ਵਿੱਚ ਜਿੱਤ ਪ੍ਰਾਪਤ ਕੀਤੀ।ਅੰਡਰ-14 ਕੁੜੀਆਂ ਦੀ ਜੇਤੂ ਟੀਮ: ਖੁਸ਼ੀ ਜੰਗੀਰ, ਮਾਨਯਤਾ, ਅਕਸ਼ਿਤਾ, ਸਮਰਿਧੀ ਅਤੇ ਸਾਚੀ। ਅੰਡਰ-17 ਕੁੜੀਆਂ ਦੀ ਜੇਤੂ ਟੀਮ:ਚਾਹਕ ਤੰਵਰ, ਰੁਜੁਲਾ ਜੋਸ਼ੀ, ਸ਼ਗੁਨੀਤ ਕੌਰ, ਪ੍ਰਾਚੀ ਟੰਡਨ, ਅਤੇ ਸਾਂਝਾ ਗੇਰਾ। ਅੰਡਰ-19 ਕੁੜੀਆਂ ਦੀ ਜੇਤੂ ਟੀਮ: ਜਾਨਵੀ, ਮੁਸਕਾਨ ਗੁਪਤਾ, ਬਾਣੀ ਗੁਪਤਾ, ਅਸ਼ਮਨਜੋਤ ਕੌਰ, ਅਤੇ ਅਮਾਨਤ ਕੌਰ।ਹੋਰ ਸਕੂਲਾਂ ਵਿੱਚੋਂ, ਜੀ ਐੱਮ ਐੱਸ ਧੀਪੁਰ ਨੇ ਅੰਡਰ-14 ਵਰਗ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਏਐੱਨਐੱਸ ਅਤੇ ਕੈਂਬਰਿਜ ਇੰਟਰਨੈਸ਼ਨਲ ਸਕੂਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-17 ਵਰਗ ਵਿੱਚ, ਜੀ ਐੱਸ ਐੱਸ ਸਕੂਲ ਮਸਾਣੀਆਂ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਜੀਐੱਸਐੱਸ ਸਕੂਲ ਡਰੋਲੀ ਕਲਾਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-19 ਵਰਗ ਵਿੱਚ, ਜੀਐੱਸਐੱਸ ਸਕੂਲ ਮਸਾਣੀਆਂ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਐੱਸਓਈ ਆਦਮਪੁਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਚੇਅਰਮੈਨ ਜਗਦੀਸ਼ ਲਾਲ, ਡਾਇਰੈਕਟਰ ਜਗਮੋਹਨ ਅਰੋੜਾ, ਸੁਖਦੇਵ ਅਰੋੜਾ, ਪ੍ਰਿੰਸੀਪਲ ਰਾਜਵਿੰਦਰ ਪਾਲ ਤੇ ਵਾਈਸ ਪ੍ਰਿੰਸੀਪਲ ਪੂਜਾ ਠਾਕੁਰ ਨੇ ਸਾਰੇ ਜੇਤੂ ਖਿਡਾਰੀਆਂ ਅਤੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਫਿਲੌਰ ਦੇ ਕਾਮਰਸ ਵਿਭਾਗ ਦਾ ਸ਼ਾਨਦਾਰ ਨਤੀਜਾ



**ਫਿਲੌਰ, ਨੂਰਮਹਿਲ (ਨਿਰਮਲ, ਬਾਲ ਕ੍ਰਿਸ਼ਨ ਬਾਲੀ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਦੇ ਕਾਮਰਸ ਵਿਭਾਗ ਦੇ ਐੱਮ.ਕਾਮ. ਚੌਥੇ ਸਮੈਸਟਰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਕਾਰਗੁਜ਼ਾਰੀ ਦਾ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਮ ਰੌਸ਼ਨ ਕੀਤਾ।ਯੂਨੀਵਰਸਿਟੀ ਵੱਲੋਂ ਐਲਾਨੇ ਨਤੀਜਿਆਂ ਵਿੱਚ ਸੁਮਨ ਨੇ 7.42 ਸੀ ਜੀ ਪੀ ਏ ਹਾਸਲ ਕਰਕੇ ਕਾਲਜ ਪੱਧਰ 'ਤੇ ਪਹਿਲਾ ਸਥਾਨ, ਪਾਹੁਲਪ੍ਰੀਤ ਸਿੰਘ ਨੇ 6.53 ਸੀ ਜੀ ਪੀ ਏ ਨਾਲ ਦੂਜਾ ਸਥਾਨ ਅਤੇ ਕਰਨ ਰਾਜ ਨੇ 6.52 ਸੀ ਜੀ ਪੀ ਏ ਨਾਲ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਕਾਲਜ ਦੇ ਓ ਐੱਸ ਡੀ ਡਾ. ਰਾਜਵਿੰਦਰ ਕੌਰ ਹੁੰਦਲ ਨੇ ਸਫਲ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਓ ਐੱਸ ਡੀ ਡਾ. ਰਾਜਵਿੰਦਰ ਕੌਰ ਹੁੰਦਲ ਨੇ ਕਾਮਰਸ ਵਿਭਾਗ ਦੇ ਅਧਿਆਪਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਸਹੀ ਮਾਰਗਦਰਸ਼ਨ, ਵਿਸ਼ੇ ਨਾਲ ਸਬੰਧਤ ਗਿਆਨ ਅਤੇ ਨਿਰੰਤਰ ਸਹਿਯੋਗ ਪ੍ਰਦਾਨ ਕੀਤਾ ਜਾਂਦਾ ਹੈ।